9-JUNE-PAGE-1.qxd 6/8/2025 9:16 PM Page 1


ਸੋਮਵਾਰ, 9 ਜੂਨ, 2025

27 ਜੇਠ { ਨਾਨਕਸ਼ਾਹੀ 557 / ਬਿਕਰਮੀ 2082

ਜਿਲਦ/VOL. : 74

ਅੰਕ/NO. : 8

ਰੋਜ਼ਾਨਾ

# ਨਵਾਂ ਜ਼ਮਾਨਾ

DAILY NAWAN ZAMANA • MONDAY, 9 JUNE, 2025

ਜਲੰਧਰ

‘ਨਵਾਂ ਜ਼ਮਾਨਾ’ ਦੇ ਫ਼ੋਨ ਨੰਬਰ


| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

You Tube nawan zamana TV

ਕੀਮਤ/PRICE : 5.00 ਰੁਪਏ  Regd. No : L-4/Pb-JL-0023/2024-26, (R.N.I.)-00068/57  E-mail : nawanzamana@gmail.com  www.nawanzamana.in  ਸਫ਼ੇ : 12


# ਮਨੀਪੁਰ ਫਿਰ ਲਪਟਾਂ ’ਚ

## ਪੰਜ ਜ਼ਿਲ੍ਹਿਆਂ ’ਚ ਕਰਫਿਊ, ਇੰਟਰਨੈੱਟ ਬੰਦ



**ਇੰਫਾਲ** : ਮਨੀਪੁਰ ਵਿੱਚ ਮੇਤੇਈ ਜਥੇਬੰਦੀ ਅਰਮਬਈ ਤੇਂਗੋਲ ਦੇ ਇੱਕ ਆਗੂ ਦੀ ਗ੍ਰਿਫਤਾਰੀ ਨੂੰ ਲੈ ਕੇ ਹਿੰਸਕ ਪ੍ਰਦਰਸ਼ਨਾਂ ਤੋਂ ਇੱਕ ਦਿਨ ਬਾਅਦ ਐਤਵਾਰ ਸਥਿਤੀ ਤਣਾਅਪੂਰਨ ਬਣੀ ਰਹੀ ਅਤੇ ਪ੍ਰਸ਼ਾਸਨ ਨੇ ਇੰਫਾਲ ਘਾਟੀ ਦੇ ਪੰਜ ਜ਼ਿਲ੍ਹਿਆਂ ਵਿੱਚ ਕਰਫਿਊ ਲਾ ਦਿੱਤਾ ਤੇ ਇੰਟਰਨੈੱਟ ਸੇਵਾਵਾਂ ਮੁਅੱਤਲ ਕਰ ਦਿੱਤੀਆਂ। ਮੈਤੇਈ ਜਥੇਬੰਦੀ ਦੇ ਆਗੂ ਕਰਨ ਸਿੰਘ ਨੂੰ ਸੀ ਬੀ ਆਈ ਨੇ 2023 ਵਿੱਚ ਹਿੰਸਾ ਭੜਕਾਉਣ ਦੇ ਦੋਸ਼ ਵਿੱਚ ਗ੍ਰਿਫਤਾਰ ਕੀਤਾ ਹੈ।

ਪੁਲਸ ਨੇ ਦੱਸਿਆ ਕਿ ਇੰਫਾਲ ਪੱਛਮੀ, ਇੰਫਾਲ ਪੂਰਬੀ, ਥੌਬਲ, ਬਿਸ਼ਨੂਪੁਰ ਅਤੇ ਕਾਕਚਿੰਗ ਜ਼ਿਲ੍ਹਿਆਂ ਵਿੱਚ ਇਹਤਿਆਤ ਵਜੋਂ ਕਰਫਿਊ ਲਾਇਆ ਗਿਆ ਹੈ।

ਪ੍ਰਦਰਸ਼ਨਕਾਰੀਆਂ ਨੇ ਆਗੂ ਦੀ ਰਿਹਾਈ ਦੀ ਮੰਗ ਕਰਦਿਆਂ ਕਵਾਕੀਥੇਲ ਤੇ ਉਰੀਪੋਕ ’ਚ ਸੜਕ ’ਤੇ ਟਾਇਰਾਂ ਅਤੇ ਪੁਰਾਣੇ ਫਰਨੀਚਰ ਨੂੰ ਅੱਗ ਲਾ ਦਿੱਤੀ। ਸੂਬੇ ਦੀ ਰਾਜਧਾਨੀ ਵਿੱਚ ਇੰਫਾਲ ’ਚ ਸ਼ਨਿੱਚਰਵਾਰ ਰਾਤ ਵੱਖ-ਵੱਖ ਥਾਵਾਂ ’ਤੇ ਪ੍ਰਦਰਸ਼ਨਕਾਰੀਆਂ ਅਤੇ ਸੁਰੱਖਿਆ ਬਲਾਂ ਵਿਚਾਲੇ ਝੜਪਾਂ ਹੋਈਆਂ। ਇੰਫਾਲ ਪੂਰਬੀ ਜ਼ਿਲ੍ਹੇ ਦੇ ਖੁਰਾਈ ਲਾਮਲੋਂਗ ਵਿੱਚ ਗੁੱਸੇ ਵਿੱਚ ਆਈ ਭੀੜ ਨੇ ਬੱਸ ਨੂੰ ਅੱਗ ਲਗਾ ਦਿੱਤੀ। ਪ੍ਰਦਰਸ਼ਨਕਾਰੀਆਂ ਨੇ ਖੁਦ ’ਤੇ ਪੈਟਰੋਲ ਪਾ ਕੇ ਅੱਗ ਲਾਉਣ ਦੀ ਵੀ ਕੋਸ਼ਿਸ਼ ਕੀਤੀ। ਸੁਰੱਖਿਆ ਬਲਾਂ ਨੇ ਇੱਥੇ ਰਾਜ ਭਵਨ ਤੋਂ ਲੱਗਭੱਗ 200 ਮੀਟਰ ਦੂਰ ਕਾਂਗਲਾ ਗੇਟ ਦੇ ਸਾਹਮਣੇ ਪ੍ਰਦਰਸ਼ਨਕਾਰੀਆਂ ਨੂੰ ਖਦੇੜਨ ਲਈ ਅੱਥਰੂ ਗੈਸ ਦੇ ਗੋਲਿਆਂ ਦੀ ਵਰਤੋਂ ਕੀਤੀ। ਰਾਜ ਭਵਨ ਵੱਲ ਜਾਣ ਵਾਲੀਆਂ ਸੜਕਾਂ ’ਤੇ ਸੁਰੱਖਿਆ ਵਧਾ ਦਿੱਤੀ ਗਈ ਹੈ ਅਤੇ ਕੇਂਦਰੀ ਬਲਾਂ ਦੇ ਜਵਾਨਾਂ ਦੀ ਵਾਧੂ ਤਾਇਨਾਤੀ ਕੀਤੀ ਗਈ ਹੈ। ਗੜਬੜਜ਼ਦਾ ਉੱਤਰ-ਪੂਰਬੀ ਰਾਜ ਵਿੱਚ ਵਿਰੋਧ ਪ੍ਰਦਰਸ਼ਨਾਂ ਦੇ ਮੱਦੇਨਜ਼ਰ, ਇੰਫਾਲ ਪੱਛਮੀ ਜ਼ਿਲ੍ਹਾ ਮੈਜਿਸਟਰੇਟ ਵੱਲੋਂ ਜਾਰੀ ਇੱਕ ਆਦੇਸ਼ ਵਿੱਚ ਕਿਹਾ ਗਿਆ ਹੈ, “ਇੰਫਾਲ ਪੱਛਮੀ ਦੇ ਪੁਲਸ ਸੁਪਰਡੈਂਟ ਨੇ ਸਮਾਜ ਵਿਰੋਧੀ ਅਨਸਰਾਂ ਦੀਆਂ ਗੈਰ-ਕਾਨੂੰਨੀ ਗਤੀਵਿਧੀਆਂ ਕਾਰਨ ਖੇਤਰ ਵਿੱਚ ਸ਼ਾਂਤੀ ਦੀ ਗੰਭੀਰ ਉਲੰਘਣਾ, ਜਨਤਕ ਸ਼ਾਂਤੀ ਵਿਗੜਨ, ਦੰਗੇ ਜਾਂ ਝਗੜਿਆਂ ਤੇ ਮਨੁੱਖੀ ਜਾਨ-ਮਾਲ ਨੂੰ ਗੰਭੀਰ ਖਤਰਾ ਹੋਣ ਦੀ ਰਿਪੋਰਟ ਦਿੱਤੀ ਹੈ। ਜ਼ਿਲ੍ਹਾ ਪ੍ਰਸ਼ਾਸਨ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ ਦੀ ਧਾਰਾ 163 ਦੀ ਉਪ-ਧਾਰਾ ਦੋ ਤਹਿਤ ਪੰਜ ਜਾਂ ਵੱਧ ਲੋਕਾਂ ਦੇ ਇਕੱਠੇ ਹੋਣ ਅਤੇ ਡੰਡੇ, ਪੱਥਰ, ਹਥਿਆਰ ਜਾਂ ਤਿੱਖੇ ਹਥਿਆਰ ਲੈ ਕੇ ਜਾਣ ’ਤੇ ਪਾਬੰਦੀ ਲਾਈ ਹੈ।” ਪੁਲਸ ਨੇ ਕਿਹਾ ਕਿ ਥੌਬਲ ਅਤੇ ਕਾਕਚਿੰਗ ਜ਼ਿਲ੍ਹਿਆਂ ਵਿੱਚ ਵੀ ਇਸੇ ਤਰ੍ਹਾਂ ਦੇ ਸਾਵਧਾਨੀ ਉਪਾਅ ਕੀਤੇ ਗਏ ਹਨ। ਇੰਫਾਲ ਪੂਰਬੀ ਅਤੇ ਬਿਸ਼ਨੂਪੁਰ ਜ਼ਿਲ੍ਹਿਆਂ ਵਿੱਚ ਲੋਕਾਂ ਨੂੰ ਸ਼ਨਿਚਰਵਾਰ ਰਾਤ 10 ਵਜੇ ਤੋਂ ਧਾਰਾ 163 ਦੀ ਉਪ-ਧਾਰਾ ਇੱਕ ਦੇ ਤਹਿਤ ਅਗਲੇ ਆਦੇਸ਼ਾਂ ਤੱਕ ਆਪਣੇ ਘਰਾਂ ਤੋਂ ਬਾਹਰ ਨਿਕਲਣ ਦੀ ਮਨਾਹੀ ਕੀਤੀ ਗਈ ਹੈ। ਇੱਕ ਪੁਲਸ ਅਧਿਕਾਰੀ ਨੇ ਕਿਹਾ ਕਿ ਆਗੂ ਦੀ ਗ੍ਰਿਫਤਾਰੀ ਤੋਂ ਬਾਅਦ ਹਿੰਸਕ ਵਿਰੋਧ ਪ੍ਰਦਰਸ਼ਨ ਸ਼ੁਰੂ ਹੋ ਗਏ।

ਪ੍ਰਦਰਸ਼ਨਕਾਰੀਆਂ ਅਤੇ ਪੁਲਸ ਵਾਲਿਆਂ ਵਿਚਕਾਰ ਝੜਪ ਵਿੱਚ ਤਿੰਨ ਲੋਕ ਜ਼ਖਮੀ ਹੋ ਗਏ। ਸਾਰੇ ਸਾਵਧਾਨੀ ਉਪਾਅ ਕੀਤੇ ਜਾ ਰਹੇ ਹਨ। 3 ਮਈ 2023 ਨੂੰ ਕੁੱਕੀ ਤੇ ਮੈਤੇਈ ਭਾਈਚਾਰਿਆਂ ਵਿਚਾਲੇ ਸ਼ੁਰੂ ਹੋਏ ਸੰਘਰਸ਼ ਤੋਂ ਹੁਣ ਤਕ ਮਨੀਪੁਰ ਵਿੱਚ 300 ਤੋਂ ਵੱਧ ਲੋਕ ਮਾਰੇ ਜਾ ਚੁੱਕੇ ਹਨ ਤੇ 1500 ਤੋਂ ਵੱਧ ਜ਼ਖਮੀ ਹੋਏ ਹਨ। 70 ਹਜ਼ਾਰ ਤੋਂ ਵੱਧ ਲੋਕਾਂ ਨੂੰ ਬੇਘਰ ਹੋਣਾ ਪਿਆ ਹੈ।

# ਪ੍ਰਧਾਨ ਮੰਤਰੀ ਮਨੀਪੁਰੀਆਂ ਦੀ ਪੀੜ ਪ੍ਰਤੀ ਅਸੰਵੇਦਨਸ਼ੀਲ : ਕਾਂਗਰਸ

**ਨਵੀਂ ਦਿੱਲੀ** : ਕਾਂਗਰਸ ਨੇ ਮਨੀਪੁਰ ਦੇ ਕੁਝ ਹਿੱਸਿਆਂ ’ਚ ਹਿੰਸਕ ਘਟਨਾਵਾਂ ਮੁੜ ਸਾਹਮਣੇ ਆਉਣ ’ਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ’ਤੇ ਸੂਬੇ ਦੇ ਲੋਕਾਂ ਦੀ ਪੀੜ ਪ੍ਰਤੀ ‘ਅਸੰਵੇਦਨਸ਼ੀਲ’ ਹੋਣ ਦਾ ਦੋਸ਼ ਲਾਇਆ।

ਕਾਂਗਰਸ ਦੇ ਜਨਰਲ ਸਕੱਤਰ ਜੈਰਾਮ ਰਮੇਸ਼ ਨੇ ‘ਐਕਸ’ ਉੱਤੇ ਪੋਸਟ ਵਿੱਚ ਕਿਹਾ ਕਿ ਮਨੀਪੁਰ ਦੇ ਲੋਕਾਂ ਦਾ ਦਰਦ, ਦੁੱਖ ਅਤੇ ਬੇਵੱਸੀ ਖਤਮ ਹੋਣ ਦਾ ਕੋਈ ਸੰਕੇਤ ਨਹੀਂ ਮਿਲ ਰਿਹਾ ਹੈ ਕਿਉਂਕਿ ਲੰਘੇ 24 ਘੰਟਿਆਂ ਵਿੱਚ ਸੂਬੇ ਦੇ ਪੰਜ ਜ਼ਿਲ੍ਹੇ ਮੁੜ ਹਿੰਸਾ ਦੀ ਮਾਰ ਹੇਠ ਆ ਗਏ ਹਨ।

ਉਨ੍ਹਾ ਕਿਹਾ, “ਫਰਵਰੀ 2022 ਵਿੱਚ ਹੋਈਆਂ ਵਿਧਾਨ ਸਭਾ ਚੋਣਾਂ ਵਿੱਚ ਭਾਜਪਾ ਨੇ ਬਹੁਮਤ ਹਾਸਲ ਕੀਤਾ। ਪਰ ਉਸ ਫ਼ਤਵੇ ਤੋਂ ਸਿਰਫ਼ ਪੰਦਰਾਂ ਮਹੀਨੇ ਬਾਅਦ 3 ਮਈ 2023 ਦੀ ਰਾਤ ਤੋਂ ਮਨੀਪੁਰ ਨੂੰ ਸੜਨ ਲਈ ਛੱਡ ਦਿੱਤਾ ਗਿਆ। ਸੈਂਕੜੇ ਬੇਕਸੂਰ ਆਦਮੀ, ਔਰਤਾਂ ਅਤੇ ਬੱਚੇ ਮਾਰੇ ਗਏ। ਹਜ਼ਾਰਾਂ ਲੋਕ ਬੇਘਰ ਹੋ ਗਏ। ਪੂਜਾ ਸਥਾਨ ਤਬਾਹ ਕਰ ਦਿੱਤੇ ਗਏ। ਕੇਂਦਰੀ ਗ੍ਰਹਿ ਮੰਤਰੀ ਨੇ ਮਨੀਪੁਰ ਦਾ ਦੌਰਾ ਕੀਤਾ ਪਰ ਪ੍ਰਧਾਨ ਮੰਤਰੀ ਨੇ ਪੂਰੀ ਤਰ੍ਹਾਂ ਚੁੱਪ ਵੱਟੀ ਰੱਖੀ ਅਤੇ ਕੁਝ ਵੀ ਕਹਿਣ ਜਾਂ ਸੂਬੇ ਦੇ ਕਿਸੇ ਵੀ ਵਿਅਕਤੀ ਨੂੰ ਮਿਲਣ ਤੋਂ ਇਨਕਾਰ ਕਰ ਦਿੱਤਾ।”

ਰਮੇਸ਼ ਨੇ ਕਿਹਾ, “ਕਾਂਗਰਸ ਨੇ ਸ਼ੁਰੂ ਤੋਂ ਹੀ ਰਾਸ਼ਟਰਪਤੀ ਸ਼ਾਸਨ ਦੀ ਮੰਗ ਕੀਤੀ ਸੀ, ਪਰ ਇਸ ਨੂੰ ਉਦੋਂ ਤੱਕ ਨਜ਼ਰਅੰਦਾਜ਼ ਕੀਤਾ ਗਿਆ ਜਦੋਂ ਤੱਕ ਕਾਂਗਰਸ ਨੇ 10 ਫਰਵਰੀ 2025 ਤੋਂ ਸ਼ੁਰੂ ਹੋਣ ਵਾਲੇ ਵਿਧਾਨ ਸਭਾ ਸੈਸ਼ਨ ਵਿੱਚ ਮੁੱਖ ਮੰਤਰੀ ਵਿਰੁੱਧ ਬੇਭਰੋਸਗੀ ਮਤਾ ਲਿਆਉਣ ਦਾ ਐਲਾਨ ਨਹੀਂ ਕੀਤਾ। ਭਾਜਪਾ ਨੇ 9 ਫਰਵਰੀ ਦੀ ਰਾਤ ਨੂੰ ਹਕੀਕਤ ਨੂੰ ਸਮਝਦਿਆਂ ਮੁੱਖ ਮੰਤਰੀ ਤੋਂ ਅਸਤੀਫਾ ਦਿਵਾਇਆ ਅਤੇ ਅਖੀਰ ਵਿੱਚ 13 ਫਰਵਰੀ, 2025 ਨੂੰ ਰਾਸ਼ਟਰਪਤੀ ਸ਼ਾਸਨ ਲਾਗੂ ਕਰ ਦਿੱਤਾ ਗਿਆ। ਹਾਲਾਂਕਿ, ਰਾਸ਼ਟਰਪਤੀ ਸ਼ਾਸਨ ਨਾਲ ਕੋਈ ਫ਼ਰਕ ਨਹੀਂ ਪਿਆ ਹੈ।”

## ਮੋਦੀ ’ਚ ਪੱਤਰਕਾਰਾਂ ਦਾ ਸਾਹਮਣਾ ਕਰਨ ਦਾ ਹੌਸਲਾ ਨਹੀਂ : ਜੈਰਾਮ


**ਨਵੀਂ ਦਿੱਲੀ** : ਕਾਂਗਰਸ ਨੇ ਦੋਸ਼ ਲਗਾਇਆ ਹੈ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵਿੱਚ ਪਾਰਟੀ ਦੇ ਪਹਿਲੇ ਆਗੂਆਂ ਵਾਂਗ ਪ੍ਰੈੱਸ ਦੇ ਸਿੱਧੇ ਸਵਾਲਾਂ ਦਾ ਸਾਹਮਣਾ ਕਰਨ ਦਾ ਹੌਸਲਾ ਨਹੀਂ ਹੈ। ਕਾਂਗਰਸ ਦੇ ਜਨਰਲ ਸਕੱਤਰ ਜੈਰਾਮ ਰਮੇਸ਼ ਨੇ ਕਿਹਾ, “ਹਰੇਕ ਦੇਸ਼ ਦੀ ਸਰਕਾਰ ਦੇ ਮੁਖੀ ਸਮੇਂ-ਸਮੇਂ ’ਤੇ ਪ੍ਰੈੱਸ ਕਾਨਫਰੰਸ ਕਰਦੇ ਹਨ ਪਰ ਸਾਡੇ ਪ੍ਰਧਾਨ ਮੰਤਰੀ ਨੂੰ ਪ੍ਰੈੱਸ ਦੇ ਸਿੱਧੇ ਸਵਾਲਾਂ ਦਾ ਸਾਹਮਣਾ ਕੀਤੇ ਹੋਏ 11 ਸਾਲ ਹੋ ਚੁੱਕੇ ਹਨ। ਪਿਛਲੇ ਸਾਲ ਚੋਣ ਪ੍ਰਚਾਰ ਦੌਰਾਨ ਨਰਿੰਦਰ ਮੋਦੀ ਨੇ ਮੀਡੀਆ ਨਾਲ ਗੱਲਬਾਤ ਨੂੰ ਇਕ ਸ਼ੋਅ ਵਾਂਗ ਪ੍ਰੋਡਿਊਸ, ਡਾਇਰੈਕਟ ਅਤੇ ਸਕ੍ਰਿਪਟ ਕੀਤਾ, ਜਿਸ ਵਿੱਚ ਉਨ੍ਹਾ ਨੇ ਖੁਦ ਨੂੰ ‘ਨਾਨ-ਬਾਇਲੌਜੀਕਲ’ ਦੱਸਣ ਵਾਲਾ ਚਰਚਿਤ ਦਾਅਵਾ ਵੀ ਕੀਤਾ ਸੀ ਪਰ ਹੁਣ ਤੱਕ ਉਨ੍ਹਾਂ ਨੇ ਕਦੇ ਵੀ ਬਿਨਾਂ ਐਡੀਟਿੰਗ, ਬਿਨਾਂ ਸਕ੍ਰਿਪਟ ਵਾਲੀ ਇਕ ਵੀ ਅਸਲੀ ਪ੍ਰੈੱਸ ਕਾਨਫਰੰਸ ਕਰਨ ਦਾ ਹੌਸਲਾ ਨਹੀਂ ਦਿਖਾਇਆ।”

## ਜੈਸ਼ੰਕਰ ਯੂਰਪ ਰਵਾਨਾ

ਨਵੀਂ ਦਿੱਲੀ : ਵਿਦੇਸ਼ ਮੰਤਰੀ ਐੱਸ ਜੈਸ਼ੰਕਰ ਭਾਰਤ ਦੀ ਅੱਤਵਾਦ ਸਹਿਣ ਨਾ ਕਰਨ ਦੀ ਨੀਤੀ ਬਾਰੇ ਜਾਣਕਾਰੀ ਅਤੇ ਦੁਵੱਲੇ ਸੰਬੰਧਾਂ ਨੂੰ ਹੱਲਾਸ਼ੇਰੀ ਦੇਣ ਲਈ ਇਕ ਹਫਤੇ ਦੇ ਯੂਰਪ ਦੌਰੇ ਲਈ ਐਤਵਾਰ ਰਵਾਨਾ ਹੋ ਗਏ।

ਇਸ ਦੌਰਾਨ ਉਹ ਫਰਾਂਸ ਅਤੇ ਬੈਲਜੀਅਮ ਦੇ ਆਗੂਆਂ ਨਾਲ ਮੁਲਾਕਾਤ ਕਰਨਗੇ। ਭਾਰਤ ਵੱਲੋਂ ‘ਅਪਰੇਸ਼ਨ ਸਿੰਧੂਰ’ ਦੇ ਇਕ ਮਹੀਨੇ ਮਗਰੋਂ ਜੈਸ਼ੰਕਰ ਯੂਰਪ ਦੌਰੇ ’ਤੇ ਗਏ ਹਨ ਅਤੇ ਆਸ ਕੀਤੀ ਜਾ ਰਹੀ ਹੈ ਕਿ ਉਹ ਯੂਰਪੀ ਆਗੂਆਂ ਨੂੰ ਸਰਹੱਦ ਪਾਰ ਅੱਤਵਾਦ ਨਾਲ ਸਿੱਝਣ ’ਚ ਨਵੀਂ ਦਿੱਲੀ ਦੀ ਪੁਖ਼ਤਾ ਨੀਤੀ ਬਾਰੇ ਜਾਣਕਾਰੀ ਦੇਣਗੇ। ਪਹਿਲੇ ਪੜਾਅ ਦੌਰਾਨ ਉਹ ਪੈਰਿਸ ਅਤੇ ਮਾਰਸਿਲੇ ਜਾਣਗੇ ਜਿੱਥੇ ਉਹ ਫਰਾਂਸੀਸੀ ਵਿਦੇਸ਼ ਮੰਤਰੀ ਜਯਾਂ ਨੋਇਲ ਬੈਰੋ ਨਾਲ ਦੁਵੱਲੀ ਗੱਲਬਾਤ ਕਰਨਗੇ।

# ਕੈਨੇਡਾ ’ਚ ਖਾਲਿਸਤਾਨ ਸਮਰਥਕਾਂ ਵੱਲੋਂ ਪੱਤਰਕਾਰ ਨਾਲ ਗੁੰਡਿਆਂ ਵਰਗਾ ਸਲੂਕ



**ਵੈਨਕੂਵਰ** : ਖੋਜੀ ਪੱਤਰਕਾਰ ਮੋਚਾ ਬੇਜ਼ੀਰਗਨ ਨੇ ਕਿਹਾ ਹੈ ਕਿ ਵੈਨਕੂਵਰ ਸ਼ਹਿਰ ਵਿੱਚ ਖਾਲਿਸਤਾਨ ਸਮਰਥਕਾਂ ਦੇ ਇੱਕ ਸਮੂਹ ਨੇ ਉਸਨੂੰ ਘੇਰ ਲਿਆ ਅਤੇ ਧਮਕੀ ਦਿੱਤੀ। ਇਹ ਘਟਨਾ ਉਸ ਸਮੇਂ ਵਾਪਰੀ ਜਦੋਂ ਉਹ ਐਤਵਾਰ ਖਾਲਿਸਤਾਨ ਸਮਰਥਕਾਂ ਦੀ ਡਾਊਨਟਾਊਨ ਰੈਲੀ ਦੀਆਂ ਵੀਡੀਓ ਬਣਾ ਰਿਹਾ ਸੀ ਅਤੇ ਤਸਵੀਰਾਂ ਲੈ ਰਿਹਾ ਸੀ। ਉਸ ਨੇ ਕਿਹਾ, “ਮੇਰੇ ਨਾਲ ਗੁੰਡਿਆਂ ਵਰਗਾ ਸਲੂਕ ਕੀਤਾ ਗਿਆ, ਮੈਂ ਅਜੇ ਵੀ ਕੰਬ ਰਿਹਾ ਹਾਂ। ਉਨ੍ਹਾਂ ਨੇ ਮੈਨੂੰ ਘੇਰ ਲਿਆ, ਮੇਰਾ ਫੋਨ ਖੋਹ ਲਿਆ ਅਤੇ ਰਿਕਾਰਡਿੰਗ ਨੂੰ ਰੋਕਣ ਦੀ ਕੋਸ਼ਿਸ਼ ਕੀਤੀ।”

ਉਸ ਨੇ ਅੱਗੇ ਕਿਹਾ ਕਿ ਇਹ ਸਭ ਕੁਝ ਸਮੇਂ ਲਈ ਹੋਇਆ ਪਰ ਸਥਿਤੀ ਬਹੁਤ ਡਰਾਉਣੀ ਸੀ। ਮੋਚਾ ਨੇ ਦੱਸਿਆ ਕਿ ਉਹ ਉਸ ਰੈਲੀ ਨੂੰ ਕਵਰ ਕਰਨ ਗਿਆ ਸੀ, ਜਿਸ ਵਿੱਚ ਖਾਲਿਸਤਾਨ ਸਮਰਥਕ ਇਕੱਠੇ ਹੋਏ ਸਨ। ਇਸ ਦੌਰਾਨ ਉਸ ਨੇ ਦੇਖਿਆ ਕਿ ਇਹ ਲੋਕ ਖੁੱਲ੍ਹ ਕੇ ਹਿੰਸਾ ਦੀ ਪ੍ਰਸ਼ੰਸਾ ਕਰ ਰਹੇ ਸਨ ਅਤੇ ਭਾਰਤ ਵਿਰੁੱਧ ਭੜਕਾਊ ਗੱਲਾਂ ਕਹਿ ਰਹੇ ਸਨ। ਮੋਚਾ ਕੈਨੇਡਾ, ਅਮਰੀਕਾ, ਇੰਗਲੈਂਡ ਤੇ ਨਿਊਜ਼ੀਲੈਂਡ ਵਿੱਚ ਖਾਲਿਸਤਾਨੀ ਪ੍ਰਦਰਸ਼ਨਾਂ ਨੂੰ ਕਵਰ ਕਰਦਾ ਰਿਹਾ ਹੈ। ਉਸ ਨੇ ਕਿਹਾ ਕਿ ਇੱਕ ਅੰਦੋਲਨਕਾਰੀ ਨੇ ਉਸ ਨਾਲ ਬਹਿਸ ਕੀਤੀ, ਜਿਹੜਾ ਉਸ ਨੂੰ ਪਹਿਲਾਂ ਵੀ ਆਨਲਾਈਨ ਪ੍ਰੇਸ਼ਾਨ ਕਰਦਾ ਰਿਹਾ ਹੈ। ਮੋਚਾ ਨੇ ਕਿਹਾ, “ਮੈਂ ਅਜ਼ਾਦਾਨਾ ਪੱਤਰਕਾਰੀ ਕਰਦਾ ਹਾਂ। ਉਹ ਮੈਥੋਂ ਆਪਣੀ ਮਰਜ਼ੀ ਦੀ ਰਿਪੋਰਟਿੰਗ ਕਰਾਉਣਾ ਚਾਹੁੰਦੇ ਸੀ। ਮੈਂ ਤਾਂ ਕੈਨੇਡੀਅਨ ਨਾਗਰਿਕ ਵੀ ਨਹੀਂ ਹਾਂ, ਯੂ ਕੇ ਦਾ ਨਾਗਰਿਕ ਹਾਂ। ਮੈਂ ਸਿਰਫ ਇਨ੍ਹਾਂ ਦਾ ਇਕੱਠ ਕਵਰ ਕਰਨ ਆਇਆ ਸੀ, ਜਿੱਥੇ ਉਹ ਇੰਦਰਾ ਗਾਂਧੀ ਦੇ ਕਾਤਲਾਂ ਸਣੇ ਹੋਰਨਾਂ ਨੂੰ ਸਨਮਾਨਤ ਕਰਨ ਲਈ ਇਕੱਠੇ ਹੋਏ ਸੀ।”

## ਟੈਕਸਾਸ ’ਚ ਸਿਟੀ ਕੌਂਸਲ ਚੋਣਾਂ ’ਚ ਦੋ ਭਾਰਤੀ-ਅਮਰੀਕੀ ਜੇਤੂ

**ਹੌਸਟਨ** : ਅਮਰੀਕਾ ਵਿੱਚ ਟੈਕਸਾਸ ਵਿੱਚ ਸਿਟੀ ਕੌਂਸਲ ਚੋਣਾਂ ’ਚ ਦੋ ਭਾਰਤੀ-ਅਮਰੀਕੀ ਉਮੀਦਵਾਰਾਂ ਨੇ ਆਪੋ-ਆਪਣੇ ਸ਼ਹਿਰਾਂ ਵਿੱਚ ਜਿੱਤ ਹਾਸਲ ਕੀਤੀ ਹੈ। ਸੰਜੈ ਸਿੰਘਲ ਅਤੇ ਸੁੱਖ ਕੌਰ ਨੇ ਕ੍ਰਮਵਾਰ ਸ਼ੂਗਰ ਲੈਂਡ ਅਤੇ ਸੈਨ ਐਂਟੋਨੀਓ ਵਿੱਚ ਸਿਟੀ ਕੌਂਸਲ ਚੋਣਾਂ ਜਿੱਤੀਆਂ। ਚੋਣਾਂ ਦੇ ਮੁੱਢਲੇ ਪੜਾਅ ਲਈ ਵੋਟਾਂ 3 ਜੂਨ ਨੂੰ ਪਈਆਂ ਸਨ, ਜਿਸ ਮਗਰੋਂ ਆਖਰੀ ਦੋ ਉਮੀਦਵਾਰਾਂ ਵਿਚਕਾਰ ਚੋਣ ਮੁਕਾਬਲੇ ਲਈ ਵੋਟਿੰਗ ਸ਼ਨਿੱਚਰਵਾਰ ਨੂੰ ਹੋਈ।

ਸਿੰਘਲ (ਆਈ ਆਈ ਟੀ ਦਿੱਲੀ ਦੇ ਸਾਬਕਾ ਵਿਦਿਆਰਥੀ) ਨੇ ਆਪਣੇ ਨਜ਼ਦੀਕੀ ਵਿਰੋਧੀ ਭਾਰਤੀ-ਅਮਰੀਕੀ ਨਾਸਿਰ ਹੁਸੈਨ ਨੂੰ ਹਰਾ ਕੇ ਚੋਣ ਜਿੱਤੀ। ਸਿੰਘਲ ਨੂੰ 2,346 ਵੋਟਾਂ ਮਿਲੀਆਂ ਜਦੋਂ ਕਿ ਹੁਸੈਨ ਨੂੰ 777 ਵੋਟਾਂ ਮਿਲੀਆਂ।

ਸਿੱਖਿਆ ਸੁਧਾਰਕ ਸੁੱਖ ਕੌਰ ਨੇ ਆਪਣੀ ਕੌਂਸਲ ਸੀਟ ਬਰਕਰਾਰ ਰੱਖੀ। ਉਨ੍ਹਾ ਪੈਟੀ ਗਿਬਨਸ ਨੂੰ 65 ਪ੍ਰਤੀਸ਼ਤ ਵੋਟਾਂ ਨਾਲ ਹਰਾਇਆ। ਸੁੱਖ ਕੌਰ ਸੈਨ ਐਂਟੋਨੀਓ ਸਿਟੀ ਕੌਂਸਲ ਲਈ ਚੁਣੀ ਗਈ ਪਹਿਲੀ ਸਿੱਖ ਔਰਤ ਹੈ।

## ਗਊਆਂ ਮਾਰਨ ਦੇ ਦੋਸ਼ ’ਚ 16 ਫੜੇ

**ਗੁਹਾਟੀ** : ਅਸਾਮ ਦੇ ਮੁੱਖ ਮੰਤਰੀ ਹਿਮੰਤ ਬਿਸਵਾ ਸ਼ਰਮਾ ਨੇ ਐਤਵਾਰ ਕਿਹਾ ਕਿ ਈਦ ਤੋਂ ਇੱਕ ਦਿਨ ਪਹਿਲਾਂ ਸੂਬੇ ਵਿੱਚ ਗਊਆਂ ਦੇ ਗੈਰਕਾਨੂੰਨੀ ਤੌਰ ’ਤੇ ਕਤਲੇਆਮ ਦੇ ਦੋਸ਼ ਹੇਠ 16 ਲੋਕਾਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ। ਉਨ੍ਹਾ ‘ਐਕਸ’ ’ਤੇ ਲਿਖਿਆ, “ਸਾਡਾ ਸੰਵਿਧਾਨ ਧਾਰਮਿਕ ਆਜ਼ਾਦੀ ਦੇ ਅਧਿਕਾਰ ਦੀ ਗਾਰੰਟੀ ਦਿੰਦਾ ਹੈ, ਪਰ ਇਹ ਕਾਨੂੰਨ ਦੇ ਸ਼ਾਸਨ ਤੇ ਜਨਤਕ ਵਿਵਸਥਾ ਬਣਾਈ ਰੱਖਣ ਬਾਰੇ ਵੀ ਗੱਲ ਕਰਦਾ ਹੈ। ਇਸ ਈਦ-ਉਲ-ਜ਼ੁਹਾ ’ਤੇ ਅਸਾਮ ਵਿੱਚ ਕਈ ਥਾਵਾਂ ਤੋਂ ਪਸ਼ੂਆਂ ਦੇ ਗੈਰਕਾਨੂੰਨੀ ਕਤਲੇਆਮ ਅਤੇ ਉਨ੍ਹਾਂ ਦੇ ਅੰਗ ਮਿਲਣ ਦੀਆਂ ਘਟਨਾਵਾਂ ਸਾਹਮਣੇ ਆਈਆਂ ਹਨ।”

## ਕਪੂਰਥਲਾ ’ਚ ਸਰਾਫਾ ਦੁਕਾਨ ’ਚ ਵੱਡੀ ਲੁੱਟ

**ਕਪੂਰਥਲਾ** : ਇੱਥੇ ਐਤਵਾਰ ਤੜਕੇ ਸਾਢੇ ਚਾਰ ਵਜੇ ਸਰਾਫਾ ਬਾਜ਼ਾਰ ਵਿੱਚ ਲੁਟੇਰੇ ਲੱਖਾਂ ਦੀ ਲੁੱਟ ਕਰਕੇ ਫਰਾਰ ਹੋ ਗਏ। ਕਾਰ ਵਿੱਚ ਆਏ ਪੰਜ ਲੁਟੇਰਿਆਂ ਨੇ ਪਹਿਲਾਂ ਪਿਸਤੌਲ ਦੀ ਨੋਕ ’ਤੇ ਬਾਜ਼ਾਰ ਦੇ ਚੌਕੀਦਾਰ ਨੂੰ ਬੰਦੀ ਬਣਾਇਆ ਤੇ ਫਿਰ ਦੁਕਾਨ ਦਾ ਸ਼ਟਰ ਤੋੜਿਆ ਅਤੇ ਅੰਦਰ ਰੱਖੀ ਤਿਜੌਰੀ ਚੁੱਕ ਕੇ ਫਰਾਰ ਹੋ ਗਏ। ਦੁਕਾਨ ਦੇ ਮਾਲਕ ਅਜੈ ਕੁਮਾਰ ਨੇ ਦੱਸਿਆ ਕਿ ਤਿਜੌਰੀ ਵਿੱਚ ਲਗਭਗ 50 ਤੋਲੇ ਸੋਨੇ ਦੇ ਗਹਿਣੇ ਅਤੇ 20 ਕਿੱਲੋ ਚਾਂਦੀ ਰੱਖੀ ਹੋਈ ਸੀ। ਚੋਰੀ ਹੋਏ ਗਹਿਣਿਆਂ ਦੀ ਕੀਮਤ ਲਗਭਗ 70 ਲੱਖ ਰੁਪਏ ਦੱਸੀ ਗਈ ਹੈ। ਪੁਲਸ ਕਈ ਟੀਮਾਂ ਬਣਾ ਕੇ ਛਾਪੇਮਾਰੀ ਕਰ ਰਹੀ ਸੀ।

## 6 ਕਿੱਲੋ ਹੈਰੋਇਨ ਸਣੇ 2 ਗ੍ਰਿਫ਼ਤਾਰ

**ਅੰਮ੍ਰਿਤਸਰ** : ਅੰਮ੍ਰਿਤਸਰ ਦਿਹਾਤੀ ਪੁਲਸ ਨੇ 6 ਕਿੱਲੋ ਹੈਰੋਇਨ ਸਮੇਤ ਦੋ ਨਸ਼ਾ ਤਸਕਰਾਂ ਨੂੰ ਕਾਬੂ ਕੀਤਾ ਹੈ। ਪਿੰਡ ਭਕਨਾ ਨੇੜੇ ਗੁਰਦਿੱਤਾ ਉਰਫ ਕਾਲੂ ਅਤੇ ਕੈਪਟਨ ਨੂੰ ਕਾਬੂ ਕੀਤਾ ਗਿਆ। ਦੋਵੇਂ ਮੋਟਰਸਾਈਕਲ ’ਤੇ ਹੈਰੋਇਨ ਲੈ ਕੇ ਜਾ ਰਹੇ ਸਨ। ਇਹ ਖੇਪ ਪਾਕਿਸਤਾਨ ਅਧਾਰਤ ਹੈਂਡਲਰਾਂ ਵੱਲੋਂ ਭੇਜੀ ਗਈ ਸੀ ਅਤੇ ਇਸ ਨੂੰ ਪੰਜਾਬ ਵਿੱਚ ਵੱਖ-ਵੱਖ ਥਾਵਾਂ ’ਤੇ ਸਪਲਾਈ ਕੀਤਾ ਜਾਣਾ ਸੀ। ਇਸ ਸੰਬੰਧ ਵਿੱਚ ਐੱਨ ਡੀ ਪੀ ਐੱਸ ਐਕਟ ਤਹਿਤ ਥਾਣਾ ਘਰਿੰਡਾ ਵਿੱਚ ਕੇਸ ਦਰਜ ਕੀਤਾ ਗਿਆ ਹੈ। ਡੀ ਜੀ ਪੀ ਗੌਰਵ ਯਾਦਵ ਨੇ ਇੱਕ ਹੋਰ ਮਾਮਲੇ ਸੰਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਐਂਟੀ-ਗੈਂਗਸਟਰ ਟਾਸਕ ਫੋਰਸ ਨੇ ਗੈਂਗਸਟਰ ਜੱਗੂ ਭਗਵਾਨਪੁਰੀਆ ਦੇ ਸਾਥੀ ਨਿਲਸਨ ਮਸੀਹ ਉਰਫ ਸੰਨੀ ਨੂੰ ਗ੍ਰਿਫਤਾਰ ਕੀਤਾ ਹੈ। ਅਗਲੇਰੀ ਜਾਂਚ ਲਈ ਮੁਲਜ਼ਮ ਨੂੰ ਬਟਾਲਾ ਪੁਲਸ ਦੇ ਹਵਾਲੇ ਕਰ ਦਿੱਤਾ ਹੈ। ਨਿਲਸਨ ਮਸੀਹ ਬਟਾਲਾ ਦੇ ਇਲਾਕੇ ਘੁੰਮਣ ਵਿੱਚ ਹੋਈ ਗੋਲੀਬਾਰੀ ਦੀ ਘਟਨਾ ਵਿੱਚ ਸ਼ਾਮਲ ਸੀ, ਜਿਸ ਵਿੱਚ ਗੋਰਾ ਬਰਿਆਰ ਮਾਰਿਆ ਗਿਆ ਸੀ ਤੇ ਬਿੱਲਾ ਮੰਡਿਆਲਾ ਜ਼ਖਮੀ ਹੋ ਗਿਆ ਸੀ।

## ਤਿਲੰਗਾਨਾ ਵਜ਼ਾਰਤ ਦਾ ਵਿਸਥਾਰ

**ਹੈਦਰਾਬਾਦ** : ਤਿਲੰਗਾਨਾ ’ਚ ਸੱਤਾਧਾਰੀ ਕਾਂਗਰਸ ਦੇ ਵਿਧਾਇਕਾਂ ਜੀ ਵਿਵੇਕ ਵੈਂਕਟ ਸਵਾਮੀ, ਏ ਲਕਸ਼ਮਣ ਕੁਮਾਰ ਅਤੇ ਵੀ ਸ੍ਰੀਹਰੀ ਨੇ ਐਤਵਾਰ ਮੰਤਰੀ ਵਜੋਂ ਹਲਫ ਲਿਆ। ਇਹ ਮੁੱਖ ਮੰਤਰੀ ਏ ਰੇਵੰਤ ਰੈਡੀ ਦੀ ਅਗਵਾਈ ਹੇਠ ਮੰਤਰੀ ਮੰਡਲ ਦਾ ਪਹਿਲਾ ਵਿਸਥਾਰ ਹੈ। ਤਿੰਨ ਨਵੇਂ ਮੰਤਰੀਆਂ ਦੇ ਸ਼ਾਮਲ ਹੋਣ ਨਾਲ ਮੰਤਰੀਆਂ ਦੀ ਗਿਣਤੀ 15 ਹੋ ਗਈ ਹੈ ਅਤੇ ਤਿੰਨ ਅਹੁਦੇ ਹਾਲੇ ਵੀ ਖਾਲੀ ਹਨ।

# ਮੋਦੀ ਸਰਕਾਰ ਨੇ ਚੋਣ ਕਮਿਸ਼ਨ ਹਾਈਜੈੱਕ ਕੀਤਾ : ਤੇਜਸਵੀ



**ਪਟਨਾ** : ਰਾਸ਼ਟਰੀ ਜਨਤਾ ਦਲ ਦੇ ਆਗੂ ਤੇਜਸਵੀ ਯਾਦਵ ਨੇ ਐਤਵਾਰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਕੇਂਦਰ ਸਰਕਾਰ ’ਤੇ ਚੋਣ ਕਮਿਸ਼ਨ ਵਰਗੀਆਂ ਸੰਵਿਧਾਨਕ ਸੰਸਥਾਵਾਂ ਨੂੰ ਹਾਈਜੈੱਕ ਕਰਨ ਦਾ ਦੋਸ਼ ਲਾਇਆ ਅਤੇ ਕਿਹਾ ਕਿ ਸੱਤਾਧਾਰੀ ਭਾਜਪਾ ਨੂੰ ਤਰੀਕਾਂ ਦੇ ਐਲਾਨ ਤੋਂ ਪਹਿਲਾਂ ਹੀ ਚੋਣ ਪ੍ਰੋਗਰਾਮ ਦਾ ਪਤਾ ਲੱਗ ਜਾਂਦਾ ਹੈ। ਬਿਹਾਰ ਦੇ ਉਪ ਮੁੱਖ ਮੰਤਰੀ ਰਹੇ ਤੇਜਸਵੀ ਯਾਦਵ ਨੇ ਇਹ ਵੀ ਦਾਅਵਾ ਕੀਤਾ ਕਿ 2020 ਵਿੱਚ ਹੋਈਆਂ ਪਿਛਲੀਆਂ ਰਾਜ ਵਿਧਾਨ ਸਭਾ ਚੋਣਾਂ ਨਿਰਪੱਖ ਨਹੀਂ ਸਨ। ਉਨ੍ਹਾ ਨੇ ਮਹਾਰਾਸ਼ਟਰ ਚੋਣਾਂ ’ਤੇ ਕਾਂਗਰਸੀ ਆਗੂ ਰਾਹੁਲ ਗਾਂਧੀ ਵੱਲੋਂ ਪ੍ਰਗਟਾਏ ਖਦਸ਼ਿਆਂ ਦੀ ਹਮਾਇਤ ਵੀ ਕੀਤੀ। ਉਨ੍ਹਾ ਇੱਥੇ ਪੱਤਰਕਾਰਾਂ ਨੂੰ ਕਿਹਾ, “ਇਸ ਤੱਥ ਤੋਂ ਇਨਕਾਰ ਨਹੀਂ ਕੀਤਾ ਜਾ ਸਕਦਾ ਕਿ 2014 ਵਿੱਚ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਐੱਨ ਡੀ ਏ ਸਰਕਾਰ ਦੇ ਕੇਂਦਰ ਵਿੱਚ ਸੱਤਾ ਵਿੱਚ ਆਉਣ ਤੋਂ ਬਾਅਦ ਸਾਰੀਆਂ ਸੰਵਿਧਾਨਕ ਸੰਸਥਾਵਾਂ ਨੂੰ ਹਾਈਜੈੱਕ ਕਰ ਲਿਆ ਗਿਆ ਹੈ। ਇਹ ਕਾਫੀ ਹੈਰਾਨੀ ਵਾਲੀ ਗੱਲ ਹੈ ਕਿ ਭਾਜਪਾ ਦੇ ਆਈ ਟੀ ਸੈੱਲ ਨੂੰ ਚੋਣ ਕਮਿਸ਼ਨ ਵੱਲੋਂ ਤਰੀਕਾਂ ਦਾ ਐਲਾਨ ਕਰਨ ਤੋਂ ਪਹਿਲਾਂ ਹੀ ਚੋਣ ਪ੍ਰੋਗਰਾਮ ਬਾਰੇ ਪਤਾ ਲੱਗ ਜਾਂਦਾ ਹੈ। ਅਸੀਂ ਇਸ ਘਟਨਾਕ੍ਰਮ ’ਤੇ ਨਜ਼ਰ ਰੱਖ ਰਹੇ ਹਾਂ।”

ਤੇਜਸਵੀ ਨੇ ਕਿਹਾ ਕਿ ਸੰਵਿਧਾਨਕ ਸੰਸਥਾਵਾਂ ਨੂੰ ਆਜ਼ਾਦਾਨਾ ਤੌਰ ’ਤੇ ਕੰਮ ਕਰਨ ਦੀ ਲੋੜ ਹੈ। ਉਨ੍ਹਾ ਮੁਤਾਬਕ ਜੇ ਇਹ ਅਸਰਅੰਦਾਜ਼ ਹੋਣਗੀਆਂ ਤਾਂ ਲੋਕ ਨਿਆਂ ਦੀ ਉਮੀਦ ਕਿਵੇਂ ਕਰ ਸਕਦੇ ਹਨ। ਉਨ੍ਹਾ ਕਿਹਾ, “ਲੋਕ ਜਾਣਦੇ ਹਨ ਕਿ 2020 ਦੀਆਂ ਅਸੈਂਬਲੀ ਚੋਣਾਂ ਦੌਰਾਨ ਸੂਬੇ ਵਿੱਚ ਕੀ ਹੋਇਆ ਸੀ। ਅਸੀਂ ਸਰਕਾਰ ਬਣਾਉਣ ਵਾਲੇ ਸੀ। ਚੋਣ ਕਮਿਸ਼ਨ ਨੇ ਸ਼ਾਮ ਨੂੰ ਵੋਟਾਂ ਦੀ ਗਿਣਤੀ ਰੋਕਣ ਦੇ ਕਾਰਨਾਂ ਨੂੰ ਜਾਇਜ਼ ਠਹਿਰਾਉਣ ਲਈ ਤਿੰਨ ਵਾਰ ਪ੍ਰੈੱਸ ਕਾਨਫਰੰਸ ਕੀਤੀ। ਪਰ ਰਾਤ ਨੂੰ ਮੁੜ ਗਿਣਤੀ ਸ਼ੁਰੂ ਕਰ ਦਿੱਤੀ ਗਈ। ਮਹਾਗਠਬੰਧਨ ਦੇ ਜਿਹੜੇ ਉਮੀਦਵਾਰ ਜੇਤੂ ਐਲਾਨੇ ਗਏ ਸਨ, ਬਾਅਦ ਵਿੱਚ ਉਨ੍ਹਾਂ ਹਾਰਿਆ ਕਰਾਰ ਦੇ ਦਿੱਤਾ ਗਿਆ।”

# ਕੋਲੰਬੀਆ ’ਚ ਸੈਨੇਟਰ ਨੂੰ ਗੋਲੀ ਮਾਰੀ



**ਬੋਗੋਟਾ** : ਕੋਲੰਬੀਆ ਦੀ ਰਾਜਧਾਨੀ ਬੋਗੋਟਾ ਵਿੱਚ ਸ਼ਨਿੱਚਰਵਾਰ ਚੋਣ ਪ੍ਰਚਾਰ ਰੈਲੀ ਦੌਰਾਨ ਹਥਿਆਰਬੰਦ ਵਿਅਕਤੀਆਂ ਨੇ ਸੰਸਦ ਮੈਂਬਰ ਉਰੀਬੇ ਤੁਰਬੇ ਨੂੰ ਗੋਲੀ ਮਾਰ ਕੇ ਗੰਭੀਰ ਜ਼ਖਮੀ ਕਰ ਦਿੱਤਾ। ਦੇਸ਼ ਦੇ ਉੱਚ ਸਦਨ ਸੈਨੇਟ ਦੇ ਮੈਂਬਰ ਮਿਗੁਏਲ ਉਰੀਬੇ ਅਗਲੇ ਸਾਲ ਹੋਣ ਵਾਲੀਆਂ ਰਾਸ਼ਟਰਪਤੀ ਚੋਣਾਂ ਲਈ ਸੰਭਾਵੀ ਉਮੀਦਵਾਰ ਹਨ।

ਉਰੀਬੇ ਦੀ ਪਾਰਟੀ ਡੈਮੋਕਰੇਟਿਕ ਸੈਂਟਰ ਨੇ ਇੱਕ ਬਿਆਨ ਜਾਰੀ ਕਰਕੇ ਇਸ ਘਟਨਾ ਨੂੰ ਅਪ੍ਰਵਾਨਯੋਗ ਹਿੰਸਾ ਕਰਾਰ ਦਿੱਤਾ ਹੈ। ਪਾਰਟੀ ਨੇ ਕਿਹਾ ਕਿ ਇਹ ਘਟਨਾ ਫੋਂਟੀਬੋਨ ਦੇ ਇੱਕ ਪਾਰਕ ਵਿੱਚ ਵਾਪਰੀ ਜਦੋਂ ਹਥਿਆਰਬੰਦ ਹਮਲਾਵਰਾਂ ਦੇ ਸਿਰ ਵਿੱਚ ਪਿੱਛਿਓਂ ਗੋਲੀ ਮਾਰ ਦਿੱਤੀ।

ਸੋਸ਼ਲ ਮੀਡੀਆ ’ਤੇ ਪ੍ਰਸਾਰਤ ਤਸਵੀਰਾਂ ਵਿੱਚ ਖ਼ੂਨ ਨਾਲ ਲੱਥਪੱਥ ਉਰੀਬੇ ਨੂੰ ਕਈ ਲੋਕਾਂ ਨੇ ਫੜਿਆ ਹੋਇਆ ਹੈ। ਸੰਭਾਵੀ ਤੌਰ ’ਤੇ ਉਨ੍ਹਾ ਦੇ ਸਿਰ ’ਚ ਜ਼ਖਮ ਹੋਇਆ ਹੈ। ਇਸ ਸੰਬੰਧ ’ਚ ਅਟਾਰਨੀ ਜਨਰਲ ਦੇ ਦਫਤਰ ਨੇ ਕਿਹਾ ਕਿ 15 ਸਾਲਾਂ ਦੇ ਇੱਕ ਮੁੰਡੇ ਨੂੰ ਗ੍ਰਿਫਤਾਰ ਕੀਤਾ ਗਿਆ ਹੈ, ਪਰ ਸੰਘੀ ਸਰਕਾਰ ਨੇ ਕਿਹਾ ਕਿ ਹਮਲੇ ਲਈ ਜ਼ਿੰਮੇਵਾਰ ਲੋਕਾਂ ਨੂੰ ਫੜਨ ਲਈ ਇਨਾਮ ਦਾ ਐਲਾਨ ਕੀਤਾ ਗਿਆ ਹੈ। ਉਰੀਬੇ ਦੀ ਪਤਨੀ ਮਾਰੀਆ ਕਲੌਡੀਆ ਤਾਰਾਜ਼ੋਨਾ ਨੇ ਐਕਸ ’ਤੇ ਲਿਖਿਆ, ਉਰੀਬੇ ਆਪਣੀ ਜ਼ਿੰਦਗੀ ਲਈ ਲੜਾਈ ਲੜ ਰਿਹਾ ਹੈ। ਉਰੀਬੇ ਦੇਸ਼ ਦੇ ਕਾਫੀ ਅਸਰ-ਰਸੂਖ ਵਾਲੇ ਪਰਵਾਰ ਵਿੱਚੋਂ ਹੈ। ਉਸ ਦੀ ਮਾਂ ਉੱਘੀ ਟੀ ਵੀ ਪੱਤਰਕਾਰ ਡਿਆਨਾ ਤੁਰਬੇ ਨੂੰ ਡਰੱਗ ਮਾਫੀਆ ਪਾਬਲੋ ਐਸਕੋਬਾਰ ਦੇ ਬੰਦਿਆਂ ਨੇ ਅਗਵਾ ਵੀ ਕਰ ਲਿਆ ਸੀ। ਉਹ 25 ਜਨਵਰੀ 1991 ਵਿੱਚ ਪੁਲਸ ਛਾਪੇ ਦੌਰਾਨ ਮਾਰੀ ਗਈ ਸੀ। ਡਿਆਨਾ 1978 ਤੋਂ 1982 ਤੱਕ ਰਾਸ਼ਟਰਪਤੀ ਰਹੇ ਜੁਲੀਓ ਸੀਜ਼ਰ ਤੁਰਬੇ ਦੀ ਧੀ ਸੀ।

# 10 ਦੇ ਪ੍ਰਦਰਸ਼ਨਾਂ ਦਾ ਸੀ ਪੀ ਆਈ ਵੱਲੋਂ ਪੂਰਨ ਸਮਰਥਨ : ਬਰਾੜ



**ਸ਼ਾਹਕੋਟ (ਗਿਆਨ ਸੈਦਪੁਰੀ)**

ਦੇਸ਼ ਦੀ ਮਜ਼ਦੂਰ ਲਹਿਰ ਵਿੱਚ ਭਾਰਤੀ ਖੇਤ ਮਜ਼ਦੂਰ ਯੂਨੀਅਨ ਦਾ ਮਹੱਤਵਪੂਰਨ ਯੋਗਦਾਨ ਹੈ। ਖੇਤੀ ਅਰਥਚਾਰੇ ਅਤੇ ਖੇਤੀ ਜਿਨਸਾਂ ਦੀ ਪੈਦਾਵਾਰ ਦੇ ਖੇਤਰ ਵਿੱਚ ਖੇਤ ਮਜ਼ਦੂਰ ਰੀੜ੍ਹ ਦੀ ਹੱਡੀ ਵਜੋਂ ਜਾਣੇ ਜਾਂਦੇ ਹਨ। ਉਕਤ ਵਿਚਾਰਾਂ ਦਾ ਪ੍ਰਗਟਾਵਾ ਭਾਰਤੀ ਕਮਿਊਨਿਸਟ ਪਾਰਟੀ ਦੀ ਪੰਜਾਬ ਇਕਾਈ ਦੇ ਸੂਬਾ ਸਕੱਤਰ ਬੰਤ ਸਿੰਘ ਬਰਾੜ ਨੇ ਕੀਤਾ। ਉਹ ਭਾਰਤੀ ਖੇਤ ਮਜ਼ਦੂਰ ਯੂਨੀਅਨ ਵੱਲੋਂ 10 ਜੂਨ ਨੂੰ ਦੇਸ਼ ਵਿਆਪੀ ਰੋਸ ਪ੍ਰਦਰਸ਼ਨ ਕੀਤੇ ਜਾਣ ਦੇ ਸੰਦਰਭ ਵਿੱਚ ਇਸ ਪੱਤਰਕਾਰ ਨਾਲ ਗੱਲਬਾਤ ਕਰ ਰਹੇ ਸਨ। ਉਹਨਾ ਕਿਹਾ ਕਿ ਦੇਸ਼ ਦੇ ਅੰਨ ਖੇਤਰ ਵਿੱਚ ਭਾਰੀ ਯੋਗਦਾਨ ਦੇ ਬਾਵਜੂਦ ਖੇਤ ਮਜ਼ਦੂਰਾਂ ਦੀ ਹਾਲਤ ਅਜੇ ਵੀ ਤਰਸਯੋਗ ਬਣੀ ਹੋਈ ਹੈ। ਇਸ ਵਰਗ ਨਾਲ ਜਿੱਥੇ ਸਰਕਾਰਾਂ ਵੱਲੋਂ ਆਰਥਿਕ ਪੱਖੋਂ ਧਰੋ ਕਮਾਇਆ ਜਾ ਰਿਹਾ, ਉੱਥੇ ਸਮਾਜਿਕ ਤੌਰ ’ਤੇ ਵੀ ਵਿਤਕਰੇਬਾਜ਼ੀ ਕੀਤੀ ਜਾਂਦੀ ਹੈ। ਖੇਤੀ ਮਸ਼ੀਨਰੀ ਦੇ ਵਧਣ ਨਾਲ ਉਨ੍ਹਾਂ ਲਈ ਰੋਜ਼ਗਾਰ ਦੇ ਮੌਕੇ ਘੱਟ ਹੋ ਗਏ ਹਨ। ਰੋਜ਼ਗਾਰ ਦੀ ਭਾਲ ਵਿੱਚ ਪਰੇਸ਼ਾਨ ਇਹ ਵਰਗ ਭਟਕਣ ਦਾ ਸ਼ਿਕਾਰ ਹੈ। ਇਸ ਅਵਸਥਾ ਵਿੱਚ ਇਸ ਵਰਗ ਦੀ ਜਵਾਨੀ ਨਸ਼ਿਆਂ ਦਾ ਸ਼ਿਕਾਰ ਹੋ ਰਹੀ ਹੈ। ਇਸ ਸਭ ਕਾਸੇ ਦੇ ਬਾਵਜੂਦ ਹਰ ਰੰਗ ਦੀਆਂ ਸਰਕਾਰਾਂ ਮਜ਼ਦੂਰ ਵਰਗ ਨੂੰ ਦਰਪੇਸ਼ ਮੁਸ਼ਕਲਾਂ ਦੀ ਅਣਦੇਖੀ ਕਰਦੀਆਂ ਆਈਆਂ ਹਨ। ਇਸ ਲਈ ਸਰਕਾਰ ਨੂੰ ਨੀਂਦ ’ਚੋਂ ਜਗਾਉਣ ਲਈ ਖੇਤ ਮਜ਼ਦੂਰਾਂ ਤੇ ਹੋਰ ਪੇਂਡੂ ਮਜ਼ਦੂਰਾਂ ਵੱਲੋਂ ਭਾਰਤੀ ਖੇਤ ਮਜ਼ਦੂਰ ਯੂਨੀਅਨ ਦੀ ਅਗਵਾਈ ਵਿੱਚ ਦੇਸ਼-ਵਿਆਪੀ ਰੋਸ ਪ੍ਰਦਰਸ਼ਨ ਕੀਤੇ ਜਾ ਰਹੇ ਹਨ। ਮਜ਼ਦੂਰ ਵਰਗ ਦੇ ਇਹਨਾਂ ਰੋਸ ਪ੍ਰਦਰਸ਼ਨਾਂ ਦੀ ਭਾਰਤੀ ਕਮਿਊਨਿਸਟ ਪਾਰਟੀ ਪੂਰਨ ਹਮਾਇਤ ਕਰਦੀ ਹੈ। ਪਾਰਟੀ ਮਜ਼ਦੂਰ ਵਰਗ ਦੀਆਂ ਮੰਗਾਂ ਨਾਲ ਪੂਰੀ ਤਰ੍ਹਾਂ ਸਹਿਮਤ ਹੈ ਤੇ ਸਰਕਾਰ ਕੋਲੋਂ ਪੁਰਜ਼ੋਰ ਮੰਗ ਕਰਦੀ ਹੈ ਕਿ ਮਜ਼ਦੂਰਾਂ ਦੀਆਂ ਮੰਗਾਂ ਤੁਰੰਤ ਪ੍ਰਵਾਨ ਕੀਤੀਆਂ ਜਾਣ।

# ਅਮਰੀਕਾ ਨਾਲ ਸਮਝੌਤੇ ’ਚ ਕਿਸਾਨਾਂ ਦੇ ਹਿੱਤਾਂ ਦੀ ਰਾਖੀ ਕਰਾਂਗੇ : ਚੌਹਾਨ

**ਨਵੀਂ ਦਿੱਲੀ** : ਕੇਂਦਰੀ ਖੇਤੀਬਾੜੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ ਹੈ ਕਿ ਭਾਰਤ, ਅਮਰੀਕਾ ਨਾਲ ਚੱਲ ਰਹੀ ਵਪਾਰਕ ਗੱਲਬਾਤ ਵਿੱਚ ਸੰਭਾਵੀ ਲਾਭਾਂ ਅਤੇ ਨੁਕਸਾਨਾਂ ਦਾ ਮੁਲਾਂਕਣ ਕਰਦੇ ਹੋਏ ਆਪਣੇ ਕਿਸਾਨਾਂ ਦੇ ਹਿੱਤਾਂ ਦੀ ਰੱਖਿਆ ਨੂੰ ਤਰਜੀਹ ਦੇਵੇਗਾ।

ਚੌਹਾਨ ਨੇ ਇੱਕ ਇੰਟਰਵਿਊ ਦੌਰਾਨ ਕਿਹਾ, “ਸਾਡੀ ਤਰਜੀਹ ਆਪਣੇ ਕਿਸਾਨਾਂ ਦੇ ਹਿੱਤਾਂ ਦੀ ਰੱਖਿਆ ਕਰਨਾ ਹੈ। ਭਾਰਤ ਅੱਖਾਂ ਬੰਦ ਕਰਕੇ ਕੰਮ ਨਹੀਂ ਕਰੇਗਾ। ਅਸੀਂ ਆਪਣੇ ਲਾਭ-ਹਾਨੀਆਂ ਦਾ ਮੁਲਾਂਕਣ ਕਰਾਂਗੇ ਤੇ ਇਨ੍ਹਾਂ ਨੂੰ ਧਿਆਨ ’ਚ ਰੱਖਦਿਆਂ ਸਮਝੌਤੇ ਨੂੰ ਆਖਰੀ ਰੂਪ ਦਿੱਤਾ ਜਾਵੇਗਾ।” ਉਨ੍ਹਾ ਇਹ ਗੱਲਾਂ ਇਸ ਸਵਾਲ ਕਿ ਅਮਰੀਕੀ ਖੇਤੀ ਤੇ ਬਾਗਬਾਨੀ ਉਤਪਾਦਾਂ ਲਈ ਵੱਧ ਬਾਜ਼ਾਰੀ ਪਹੁੰਚ ਲਈ ਦਬਾਅ ਦੌਰਾਨ ਭਾਰਤ ਆਪਣੇ ਕਿਸਾਨਾਂ ਦੀ ਸੁਰੱਖਿਆ ਕਿਵੇਂ ਕਰੇਗਾ, ਦੇ ਜਵਾਬ ’ਚ ਆਖੀਆਂ। ਵਾਰਤਾਕਾਰਾਂ ਦੇ ਦੁਵੱਲੇ ਸਮਝੌਤੇ ਦੇ ਪਹਿਲੇ ਪੜਾਅ ਦੀ ਵਿਆਪਕ ਰੂਪ-ਰੇਖਾ ਲਈ ਇੱਕ ਬਲੂਪ੍ਰਿੰਟ ’ਤੇ ਸਹਿਮਤ ਹੋਣ ਦੀ ਉਮੀਦ ਹੈ, ਜਿਸ ’ਤੇ ਸਤੰਬਰ-ਅਕਤੂਬਰ ਤੱਕ ਦਸਤਖਤ ਕੀਤੇ ਜਾਣ ਦੀ ਉਮੀਦ ਹੈ।

ਚੌਹਾਨ ਨੇ ਕਿਹਾ, “ਭਾਰਤ ਅਤੇ ਅਮਰੀਕਾ ਵਿਚਾਲੇ ਚਰਚਾ ਹੋ ਰਹੀ ਹੈ। ਇੱਕ ਗੱਲ ਸਪੱਸ਼ਟ ਹੈ, ਅਸੀਂ ਆਪਣੇ ਕਿਸਾਨਾਂ ਦੇ ਹਿੱਤਾਂ ਦੀ ਰੱਖਿਆ ਕਰਾਂਗੇ। ਜਦੋਂ ਅਸੀਂ ਦੋ ਮੁਲਕਾਂ ਦੀ ਗੱਲ ਕਰਦੇ ਹਾਂ ਤਾਂ ਸਮੁੱਚੇ ਵਪਾਰ ਨੂੰ ਵੇਖਣ ਦੀ ਲੋੜ ਹੁੰਦੀ ਹੈ।” ਖੇਤੀਬਾੜੀ ਮੰਤਰੀ ਦੀ ਟਿੱਪਣੀ ਅਜਿਹੇ ਸਮੇਂ ਆਈ ਹੈ ਜਦੋਂ ਭਾਰਤ ਤੇ ਅਮਰੀਕਾ ਖੇਤੀ ਵਪਾਰ ਦੇ ਵਿਸਤਾਰ ਬਾਰੇ ਗੱਲਬਾਤ ਚਲਾ ਰਹੇ ਹਨ, ਜਿਸ ਵਿੱਚ ਅਮਰੀਕਾ ਭਾਰਤੀ ਬਾਜ਼ਾਰਾਂ ’ਚ ਆਪਣੇ ਖੇਤੀ ਉਤਪਾਦਾਂ ਲਈ ਘੱਟ ਟੈਕਸ ਤੇ ਬਿਹਤਰ ਪਹੁੰਚ ਦੀ ਮੰਗ ਕਰ ਰਿਹਾ ਹੈ।

## ਅੱਜ-ਨਾਮਾ

ਅੱਜਕੱਲ੍ਹ ਵਿੱਚ ਪੰਜਾਬ ਆ ਲਹਿਰ ਚੱਲੀ,
ਨਸ਼ਿਆਂ ਵਿਰੁੱਧ ਆ ਚੱਲਿਆ ਯੁੱਧ ਬੇਲੀ।
ਹੋ ਗਿਆ ਸਫਲ ਤਾਂ ਰਾਜ ਦਾ ਭਲਾ ਹੋਊ,
ਜਿੱਦਾਂ ਵੀ ਸੁਧਰੇ ਜਵਾਨੀ ਦੀ ਬੁੱਧ ਬੇਲੀ।
ਇਸ ਦੇ ਨਾਲ ਕੋਈ ਤੁਰੇ ਜਾਂ ਨਾ ਬੇਸ਼ੱਕ,
ਕੋਈ ਵੀ ਖੜਾ ਨਾ ਇਹਦੇ ਵਿਰੁੱਧ ਬੇਲੀ।
ਥੋੜ੍ਹਾ ਚੰਗਾ ਕੋਈ ਕੰਮ ਤਾਂ ਸ਼ੁਰੂ ਹੋਇਆ,
ਕਦਮ ਵੀ ਚੰਗਾ, ਵਿਚਾਰ ਵੀ ਸ਼ੁੱਧ ਬੇਲੀ।
ਚੱਲਦੀ ਚਰਚਾ ਇਹ ਹੋਈ ਹੈ ਤੇਜ਼ ਕਾਫੀ,
ਚੱਲੀ ਪਈ ਨਸ਼ੇ ਵਿਰੁੱਧ ਇਹ ਜੰਗ ਬੇਲੀ।
ਸਾਰੀਆਂ ਧਿਰਾਂ ਦਾ ਚਾਹੀਦਾ ਟੈੱਸਟ ਹੋਣਾ,
ਅਗਲੀ ਲੱਗ ਪਈ ਉੱਠਣ ਹੈ ਮੰਗ ਬੇਲੀ।

-ਤੀਸ ਮਾਰ ਖਾਂ

# ਅਕਾਲੀ-ਭਾਜਪਾ ਤੇ ਕਾਂਗਰਸੀ ਸਰਕਾਰਾਂ ਨੇ ਐੱਸ ਸੀ ਭਾਈਚਾਰੇ ਨੂੰ ਸਿਰਫ ਵੋਟ ਬੈਂਕ ਵਜੋਂ ਵਰਤਿਆ : ਮਾਨ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ ਨਰਿੰਦਰਜੀਤ ਸਿੰਘ)**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਐਤਵਾਰ ਰਵਾਇਤੀ ਸਿਆਸੀ ਪਾਰਟੀਆਂ ’ਤੇ ਆਰਥਿਕ ਤੌਰ ’ਤੇ ਕਮਜ਼ੋਰ ਅਤੇ ਪੱਛੜੇ ਵਰਗਾਂ ਨੂੰ ਅਣਗੌਲਿਆ ਕਰਨ ਦਾ ਦੋਸ਼ ਲਾਉਂਦਿਆਂ ਕਿਹਾ ਕਿ ਇਨ੍ਹਾਂ ਸਵਾਰਥੀ ਆਗੂਆਂ ਨੇ ਅਨੁਸੂਚਿਤ ਜਾਤੀਆਂ (ਐੱਸ ਸੀ) ਭਾਈਚਾਰੇ ਨੂੰ ਹਮੇਸ਼ਾ ਆਪਣੇ ਵੋਟ ਬੈਂਕ ਵਾਂਗ ਵਰਤਿਆ ਹੈ। ਇੱਥੇ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਜਿਨ੍ਹਾਂ ਲੋਕਾਂ ਨੇ ਪੋਸਟ ਮੈਟ੍ਰਿਕ ਵਜ਼ੀਫਾ ਸਕੀਮ ਤਹਿਤ ਗਰੀਬ ਵਿਦਿਆਰਥੀਆਂ ਦੀ ਭਲਾਈ ਲਈ ਰੱਖੇ ਪੈਸੇ ਨੂੰ ਹੜੱਪ ਲਿਆ ਸੀ, ਉਹ ਹੁਣ ਕਈ ਸਿਹਤ ਬਿਮਾਰੀਆਂ ਨਾਲ ਜੂਝ ਰਹੇ ਹਨ। ਉਨ੍ਹਾਂ ਕਿਹਾ ਕਿ ਇਸ ਲੁੱਟ ਦਾ ਪੈਸਾ ਹੁਣ ਹਸਪਤਾਲਾਂ ਵਿੱਚ ਉਨ੍ਹਾਂ ਦੇ ਇਲਾਜ ’ਤੇ ਖਰਚ ਕੀਤਾ ਜਾ ਰਿਹਾ ਹੈ ਕਿਉਂਕਿ ਉਹ ਪ੍ਰਮਾਤਮਾ ਦੇ ਰੋਹ ਦਾ ਸਾਹਮਣਾ ਕਰ ਰਹੇ ਹਨ। ਮਾਨ ਨੇ ਕਿਹਾ ਕਿ ਸੂਬੇ ਦੇ ਇਹ ਹਾਕਮ ਆਮ ਆਦਮੀ ਦੀਆਂ ਸਮੱਸਿਆਵਾਂ ਪ੍ਰਤੀ ਪੂਰੀ ਤਰ੍ਹਾਂ ਸੰਵੇਦਨਹੀਣ ਸਨ ਅਤੇ ਉਨ੍ਹਾਂ ਨੇ ਹਮੇਸ਼ਾ ਅਨੁਸੂਚਿਤ ਜਾਤੀ ਭਾਈਚਾਰੇ ਨਾਲ ਵੋਟ ਬੈਂਕ ਵਾਲਾ ਵਿਵਹਾਰ ਕੀਤਾ।

ਪਿਛਲੀਆਂ ਸਰਕਾਰਾਂ ’ਤੇ ਨਿਸ਼ਾਨਾ ਸਾਧਦੇ ਹੋਏ ਮੁੱਖ ਮੰਤਰੀ ਨੇ ਕਿਹਾ ਕਿ ਇਨ੍ਹਾਂ ਆਗੂਆਂ ਨੇ ਆਪਣੇ ਸਰਕਾਰੀ ਅਹੁਦਿਆਂ ਦੀ ਦੁਰਵਰਤੋਂ ਕਰਕੇ ਬੇਸ਼ੁਮਾਰ ਦੌਲਤ ਇਕੱਠੀ ਕੀਤੀ ਅਤੇ ਵੱਡੇ-ਵੱਡੇ ਮਹਿਲ ਬਣਾਏ ਸਨ। ਉਨ੍ਹਾ ਕਿਹਾ ਕਿ ਇਸ ਮਹਿਲ ਦੀਆਂ ਕੰਧਾਂ ਉੱਚੀਆਂ ਸਨ ਅਤੇ ਆਮ ਲੋਕਾਂ ਲਈ ਦਰਵਾਜ਼ੇ ਅਕਸਰ ਬੰਦ ਰਹਿੰਦੇ ਸਨ। ਮਾਨ ਨੇ ਕਿਹਾ ਕਿ ਇਹ ਆਗੂ ਲੋਕਾਂ ਦੀ ਪਹੁੰਚ ਤੋਂ ਬਾਹਰ ਰਹੇ, ਜਿਸ ਕਾਰਨ ਲੋਕਾਂ ਨੇ ਵੀ ਇਨ੍ਹਾਂ ਨੂੰ ਸੱਤਾ ਤੋਂ ਬਾਹਰ ਦਾ ਰਸਤਾ ਦਿਖਾ ਦਿੱਤਾ।

ਮੁੱਖ ਮੰਤਰੀ ਨੇ ਕਿਹਾ ਕਿ ਸੂਬੇ ਦੇ ਲੋਕਾਂ ਨੇ ਉਨ੍ਹਾਂ ਸਿਆਸੀ ਪਾਰਟੀਆਂ ਨੂੰ ਬੁਰੀ ਤਰ੍ਹਾਂ ਨਕਾਰ ਦਿੱਤਾ ਜੋ ਹਰ ਪੰਜ ਸਾਲਾਂ ਬਾਅਦ ਉਨ੍ਹਾਂ ਨੂੰ ਲੁੱਟਣ ਲਈ ‘ਉੱਤਰ ਕਾਟੋ, ਮੈਂ ਚੜ੍ਹਾਂ’ ਵਾਂਗ ਆਪਸ ਵਿੱਚ ਮਿਲੀਭੁਗਤ ਕਰਕੇ ਸੱਤਾ ਹਥਿਆਉਂਦੀਆਂ ਸਨ। ਉਨ੍ਹਾ ਕਿਹਾ ਕਿ ਇਨ੍ਹਾਂ ਆਗੂਆਂ ਨੇ ਲੰਬੇ ਸਮੇਂ ਤੋਂ ਲੋਕਾਂ ਨੂੰ ਮੂਰਖ ਬਣਾਇਆ ਹੈ ਪਰ ਹੁਣ ਲੋਕ ਉਨ੍ਹਾਂ ਦੇ ਕੂੜ ਪ੍ਰਚਾਰ ਵਿੱਚ ਨਹੀਂ ਆਉਂਦੇ। ਮਾਨ ਨੇ ਕਿਹਾ ਕਿ ਇਨ੍ਹਾਂ ਹੰਕਾਰੀ ਸਿਆਸਤਦਾਨਾਂ ਨੇ ਹਮੇਸ਼ਾ ਸੂਬੇ ਦੇ ਲੋਕਾਂ ਨੂੰ ਹਲਕੇ ਵਿੱਚ ਲਿਆ ਹੈ ਜਿਸ ਕਾਰਨ ਉਨ੍ਹਾਂ ਨੂੰ ਲੋਕਾਂ ਨੇ ਅੰਤ ਵਿੱਚ ਬਾਹਰ ਦਾ ਰਸਤਾ ਦਿਖਾ ਦਿੱਤਾ।

ਮੁੱਖ ਮੰਤਰੀ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਦੇ ਕਾਨਵੈਂਟ ਸਕੂ ਲਾਂ

• ਬਾਕੀ ਸਫਾ 2 ’ਤੇ

## ‘ਸ਼੍ਰੋਮਣੀ ਗੋਲਕ ਪ੍ਰਬੰਧਕ ਕਮੇਟੀ’

ਅੰਮ੍ਰਿਤਸਰ (ਨਰਿੰਦਰ ਜੀਤ ਸਿੰਘ)- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅਕਾਲੀ ਆਗੂਆਂ ’ਤੇ ਤਿੱਖਾ ਨਿਸ਼ਾਨਾ ਸਾਧਦਿਆਂ ਦੋਸ਼ ਲਾਇਆ ਕਿ ਉਨ੍ਹਾਂ ਨੇ ਪੈਸੇ ਦੇ ਲਾਲਚ ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ‘ਸ਼੍ਰੋਮਣੀ ਗੋਲਕ ਪ੍ਰਬੰਧਕ ਕਮੇਟੀ’ ਬਣਾ ਕੇ ਰੱਖ ਦਿੱਤਾ। ਮੁੱਖ ਮੰਤਰੀ ਨੇ ਦੋਸ਼ ਲਾਇਆ ਕਿ ਬਾਦਲਾਂ ਨੇ ਧਾਰਮਿਕ ਮਾਮਲਿਆਂ ਵਿੱਚ ਦਖ਼ਲ ਦੇਣ ਲਈ ਆਪਣੀ ਸਿਆਸੀ ਤਾਕਤ ਦੀ ਦੁਰਵਰਤੋਂ ਕੀਤੀ ਅਤੇ ਇੱਥੋਂ ਤੱਕ ਕਿ ਆਪਣੇ ਨਿੱਜੀ ਹਿੱਤਾਂ ਲਈ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰਾਂ ਦੀ ਨਿਯੁਕਤੀ ਵਿੱਚ ਪਾਰਦਰਸ਼ਤਾ ਅਤੇ ਨਿਰਪੱਖਤਾ ਨਹੀਂ ਰੱਖੀ। ਉਨ੍ਹਾ ਦਾਅਵਾ ਕੀਤਾ ਕਿ ਪੈਸੇ ਦੀ ਲਾਲਸਾ ਵਿੱਚ ਅਕਾਲੀਆਂ ਨੇ ਸਿੱਖਾਂ ਦੀ ਵੱਕਾਰੀ ਸੰਸਥਾ ਸ਼੍ਰੋਮਣੀ ਕਮੇਟੀ ਦੀ ਪਵਿੱਤਰਤਾ ਨੂੰ ਢਾਹ ਲਾਈ ਹੈ ਅਤੇ ਸੌੜੇ ਸਿਆਸੀ ਲਾਭ ਲਈ ਸ਼੍ਰੋਮਣੀ ਕਮੇਟੀ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ, ਦੋਵਾਂ ਦੀ ਦੁਰਵਰਤੋਂ ਕੀਤੀ।

ਮਾਨ ਨੇ ਅਕਾਲੀਆਂ ਵੱਲੋਂ ਲੋਕਾਂ ਨੂੰ ਹਨੇਰੇ ਵਿੱਚ ਰੱਖਣ ਅਤੇ ਆਪਣੇ ਏਜੰਡੇ ਪੂਰੇ ਕਰਨ ਲਈ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਹੁਕਮਾਂ ਨੂੰ ਤੋੜ-ਮਰੋੜ ਕੇ ਪੇਸ਼ ਕਰਨ ਦਾ ਦੋਸ਼ ਲਾਇਆ। ਮੁੱਖ ਮੰਤਰੀ ਨੇ ਕਿਹਾ, “ਗਰੀਬਾਂ ਅਤੇ ਇਮਾਨਦਾਰ ਲੋਕਾਂ ਦੀਆਂ ਅਰਦਾਸਾਂ ਹਮੇਸ਼ਾ ਪ੍ਰਮਾਤਮਾ ਤੱਕ ਪਹੁੰਚਦੀਆਂ ਹਨ ਅਤੇ ਇਸੇ ਲਈ ਬਾਦਲਾਂ ਨੂੰ ਹੁਣ ਆਪਣੇ ਪਾਪਾਂ ਦੀ ਕੀਮਤ ਚੁਕਾਉਣੀ ਪੈ ਰਹੀ ਹੈ।”

9-JUNE-PAGE-1.qxd 6/8/2025 9:17 PM Page 2



## ਕ੍ਰਿਸ਼ੀ ਵਿਗਿਆਨ ਕੇਂਦਰ ਵੱਲੋਂ ਵੱਖ-ਵੱਖ ਪਿੰਡਾਂ 'ਚ ਜਾਗਰੂਕਤਾ ਕੈਂਪ



**ਮਲੋਟ (ਓਮ ਪ੍ਰਕਾਸ਼ ਸ਼ੇਖੂ)**-ਕ੍ਰਿਸ਼ੀ ਵਿਗਿਆਨ ਕੇਂਦਰ ਸ੍ਰੀ ਮੁਕਤਸਰ ਸਾਹਿਬ ਵੱਲੋਂ ਵਿਕਸਿਤ ਕ੍ਰਿਸ਼ੀ ਸੰਕਲਪ ਅਭਿਆਨ ਤਹਿਤ ਤਿੰਨ ਵੱਖ-ਵੱਖ ਟੀਮਾਂ ਬਣਾ ਕੇ 9 ਪਿੰਡਾਂ ਗੁਲਾਬੇਵਾਲਾ, ਅਟਾਰੀ, ਲੱਖੇ ਵਾਲ, ਘੁਮਿਆਰਾ ਖੇੜਾ, ਸਰਾਵਾਂ ਬੋਦਲਾ, ਪੰਨੀਵਾਲਾ ਫੱਤਾ, ਬਾਦਲ, ਚੰਨੂ ਤੇ ਬੀਦੋਵਾਲੀ ਵਿੱਚ ਜਾਗਰੂਕਤਾ ਕੈਂਪ ਲਗਾਏ ਗਏ, ਜਿਨ੍ਹਾਂ ਵਿੱਚ ਸੁਚਵਾਨ ਕਿਸਾਨ ਵੀਰਾਂ ਤੇ ਕਿਸਾਨ ਬੀਬੀਆਂ ਨੇ ਵੱਧ-ਚੜ੍ਹ ਕੇ ਭਾਗ ਲਿਆ।ਇਨ੍ਹਾਂ ਕੈਂਪਾਂ ਵਿੱਚ ਸਾਉਣੀ ਦੀਆਂ ਵੱਖ-ਵੱਖ ਫ਼ਸਲਾਂ ਦੀ ਕਾਸ਼ਤ ਦੇ ਉੱਨਤ ਢੰਗਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਸਾਂਝੀ ਕੀਤੀ।ਕ੍ਰਿਸ਼ੀ ਵਿਗਿਆਨ ਕੇਂਦਰ ਦੇ ਵਿਗਿਆਨੀਆਂ ਨੇ ਕਿਸਾਨਾਂ ਨੂੰ ਫ਼ਸਲੀ ਵਿਭਿੰਨਤਾ ਅਪਣਾਉਣ ਲਈ ਰਵਾਇਤੀ ਫ਼ਸਲੀ ਚੱਕਰ ਤੋਂ ਇਲਾਵਾ ਹੋਰ ਫ਼ਸਲੀ ਚੱਕਰਾਂ ਹੇਠ ਰਕਬਾ ਲਿਆਉਣ ਲਈ ਪ੍ਰੇਰਿਤ ਕੀਤਾ।ਕਿਸਾਨਾਂ ਨੂੰ ਮਿੱਟੀ ਤੇ ਪਾਣੀ ਪਰਖ ਦੀ ਮਹੱਤਤਾ ਬਾਰੇ ਦਸਦੇ ਹੋਏ ਫ਼ਸਲਾਂ ਦੀ ਸਫ਼ਲ ਕਾਸ਼ਤ ਲਈ ਮਿੱਟੀ ਪਰਖ ਦੇ ਅਧਾਰ 'ਤੇ ਖਾਦਾਂ ਦੀ ਵਰਤੋਂ ਕਰਨ ਲਈ ਪ੍ਰੇਰਿਤ ਕੀਤਾ।ਗਰਮੀਆਂ ਵਿੱਚ ਪਸ਼ੂਆਂ ਦੀ ਸਾਂਭ ਸੰਭਾਲ 'ਤੇ ਪਸ਼ੂਆਂ ਨੂੰ ਹੋਣ ਵਾਲੀਆਂ ਬਿਮਾਰੀਆਂ, ਖਾਸ ਤੌਰ 'ਤੇ ਥਨੈਲਾ ਰੋਗ ਤੇ ਲੰਪੀ ਚਮੜੀ ਰੋਗ ਤੋਂ ਬਚਾਅ ਨਾਲ ਸਬੰਧਤ ਜ਼ਰੂਰੀ ਨੁਕਤੇ ਸਾਂਝੇ ਕੀਤੇ।ਫ਼ਲਾਂ ਤੇ ਸਬਜ਼ੀਆਂ ਦੀ ਪੌਸ਼ਟਿਕ ਮਹੱਤਤਾ ਸਮਝਾਉਂਦੇ ਹੋਏ ਕਿਸਾਨ ਵੀਰਾਂ ਨੂੰ ਘਰੇਲੂ ਬਗੀਚੀ ਲਗਾਉਣ ਲਈ ਵੀ ਪ੍ਰੇਰਿਤ ਕੀਤਾ।ਇਸ ਤੋਂ ਇਲਾਵਾ ਕਿਸਾਨਾਂ ਨੂੰ ਖੇਤੀ ਨਾਲ ਜੁੜੇ ਸਹਾਇਕ ਧੰਦੇ ਅਪਣਾਉਣ ਲਈ ਪ੍ਰੇਰਦਿਆਂ ਦੱਸਿਆ ਕਿ ਕੇ ਵੀ ਕੇ ਵੱਲੋਂ ਵੱਖ ਵੱਖ ਸਹਾਇਕ ਧੰਦਿਆਂ ਲਈ ਸਿਖਲਾਈ ਦਿੱਤੀ ਜਾਂਦੀ ਹੈ, ਜਿਨ੍ਹਾਂ ਨੂੰ ਅਪਨਾ ਕੇ ਕਿਸਾਨ ਆਪਣੀ ਆਮਦਨ ਵਿੱਚ ਚੋਖਾ ਵਾਧਾ ਕਰ ਸਕਦੇ ਹਨ।ਇਸ ਦੌਰਾਨ ਵੱਖ-ਵੱਖ ਵਿਸ਼ਾ ਮਾਹਰਾਂ ਨੇ ਕਿਸਾਨਾਂ ਦੇ ਸਵਾਲਾਂ ਦੇ ਮੌਕੇ 'ਤੇ ਜਵਾਬ ਦਿੱਤੇ।

# ਵੱਖ-ਵੱਖ ਸ਼ਖ਼ਸੀਅਤਾਂ ਵੱਲੋਂ ਸੁਖਦੇਵ ਸਿੰਘ ਢੀਂਡਸਾ ਨੂੰ ਭਾਵਭਿੰਨੀਆਂ ਸ਼ਰਧਾਂਜਲੀਆਂ

**ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਤੇ ਵੱਖ-ਵੱਖ ਸਿਆਸੀ ਪਾਰਟੀਆਂ ਦੇ ਆਗੂ ਸਮਾਗਮ 'ਚ ਹੋਏ ਸ਼ਾਮਲ**



**ਸੰਗਰੂਰ (ਪ੍ਰਵੀਨ ਸਿੰਘ)**-ਸ਼੍ਰੋਮਣੀ ਅਕਾਲੀ ਦਲ ਦੇ ਮਰਹੂਮ ਨੇਤਾ ਸਾਬਕਾ ਕੇਂਦਰੀ ਮੰਤਰੀ ਤੇ ਇਲਾਕੇ ਦੇ ਹਰਮਨ ਪਿਆਰੇ ਨੇਤਾ ਸ. ਸੁਖਦੇਵ ਸਿੰਘ ਢੀਂਡਸਾ ਨੂੰ ਅੰਤਿਮ ਸ਼ਰਧਾਂਜਲੀ ਭੇਟ ਕਰਨ ਲਈ ਗੁਰਦੁਆਰਾ ਨਾਨਕਿਆਣਾ ਸਾਹਿਬ ਹਜ਼ਾਰਾਂ ਦੀ ਗਿਣਤੀ ਵਿੱਚ ਸ਼ਾਮਲ ਹੋਏ ਲੋਕਾਂ ਨੇ, ਸਿੱਖ ਧਰਮ ਦੀਆਂ ਧਾਰਮਿਕ ਸ਼ਖ਼ਸੀਅਤਾਂ, ਰਾਜਨੀਤਕ ਆਗੂ ਇੱਥੋਂ ਤੱਕ ਵਿਰੋਧੀ ਧਿਰਾਂ ਦੇ ਆਗੂ ਤੇ ਪੰਜਾਬ ਸਰਕਾਰ ਦੇ ਮੰਤਰੀਆਂ ਨੇ ਆ ਕੇ ਸ਼ਰਧਾ ਸੁਮਨ ਭੇਟ ਕਰਦਿਆਂ ਉਨ੍ਹਾਂ ਦੀ ਸ਼ਖ਼ਸੀਅਤ ਬਾਰੇ ਆਪੋ ਆਪਣੇ ਵਿਚਾਰ ਰਾਹੀਂ ਸ਼ਰਧਾਂਜਲੀ ਭੇਟ ਕੀਤੀ।ਇਸ ਸਮੇਂ ਮੰਚ ਸੰਚਾਲਨ ਕਰਦਿਆਂ ਸਾਬਕਾ ਮੰਤਰੀ ਸ. ਪ੍ਰੇਮ ਸਿੰਘ ਚੰਦੂਮਾਜਰਾ ਨੇ ਖੁਦ ਸੁਖਦੇਵ ਸਿੰਘ ਢੀਂਡਸਾ ਦੀ ਸ਼ਖ਼ਸੀਅਤ, ਉਨ੍ਹਾਂ ਦੇ ਸੁਭਾਅ ਤੇ ਉਨ੍ਹਾਂ ਵੱਲੋਂ ਪਾਰਟੀ ਪ੍ਰਤੀ ਨਿਭਾਈ ਭੂਮਿਕਾ ਦਾ ਵਰਨਣ ਕਰਦਿਆਂ ਕਿਹਾ ਕਿ ਉਨ੍ਹਾਂ ਦੀ ਸ਼ਖ਼ਸੀਅਤ ਤੋਂ ਹਰ ਇੱਕ ਪ੍ਰਭਾਵਿਤ ਸੀ।ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਹੋਰਾਂ ਨੇ ਕਿਹਾ ਕਿ ਉਨ੍ਹਾਂ ਨੇ ਸ. ਢੀਂਡਸਾ ਨਾਲ ਕੁਝ ਦਿਨ ਪਹਿਲਾਂ ਹੀ ਮਿਲਣੀ ਉਨ੍ਹਾਂ ਦਾ ਹਾਲ ਚਾਲ ਪੁੱਛਣ ਸਮੇਂ ਮਿਲਣੀ ਕੀਤੀ ਗਈ ਸੀ।ਉਨ੍ਹਾਂ ਦੇ ਦਿਲ ਵਿੱਚ ਉਸ ਸਮੇਂ ਖੇਤਰੀ ਪਾਰਟੀ ਸ਼੍ਰੋਮਣੀ ਅਕਾਲੀ ਦਲ ਦੀ ਮਜ਼ਬੂਤੀ ਲਈ ਤੜਪ ਤੇ ਦਰਦ ਸੀ।ਉਸ ਸਮੇਂ ਉਨ੍ਹਾਂ ਨੇ ਕਿਹਾ ਸੀ ਕਿ ਉਹ ਚਾਹੁੰਦੇ ਸਨ ਕਿ ਜੇਕਰ ਪੰਥ ਨੂੰ ਬਚਾਉਣਾ ਹੈ ਤਾਂ ਪੰਥਪ੍ਰਸਤਾਂ ਨੂੰ ਇੱਕਜੁੱਟ ਹੋਣਾ ਪਵੇਗਾ।ਬਾਬਾ ਹਰਨਾਮ ਸਿੰਘ ਖ਼ਾਲਸਾ ਚੀਫ ਦਮਦਮੀ ਟਕਸਾਲ ਨੇ ਕਿਹਾ ਕਿ ਪੰਥਪ੍ਰਸਤੀ ਤੇ ਸਿਧਾਂਤ ਨੂੰ ਬਚਾਉਣ ਲਈ ਢੀਂਡਸਾ ਫਿਕਰਮੰਦ ਸਨ ਤੇ ਸਭ ਨੂੰ ਇਕੱਠੇ ਕਰਨਾ ਚਾਹੁੰਦੇ ਸਨ।ਭਾਜਪਾ ਦੇ ਪੰਜਾਬ ਦੇ ਪ੍ਰਧਾਨ ਸੁਨੀਲ ਜਾਖੜ ਨੇ ਕਿਹਾ ਕਿ ਅੱਜ ਪੰਜਾਬ ਨੂੰ ਜ਼ਰੂਰਤ ਹੈ ਕਿ ਅਸੀਂ ਵਖਰੇਵੇਂ ਛੱਡ ਕੇ ਪੰਜਾਬ ਦੀ ਵਿਰਾਸਤ ਨੂੰ ਸੰਭਾਲੀਏ ਤੇ ਐਵੇਂ ਇੱਕੋ ਦੂਸਰੇ ਤੇ ਚਿੱਕੜ ਉਛਾਲਣ ਛੱਡ ਕੇ ਚਲੀਏ।ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਢੀਂਡਸਾ ਦੀ ਸ਼ਰਧਾਂਜਲੀ ਭੇਟ ਕਰਦਿਆਂ ਕਿਹਾ ਕਿ ਹੁਣ ਦੀ ਅਕਾਲੀ ਦਲ ਦੀ ਲੀਡਰਸ਼ਿਪ ਨੂੰ ਆਪਣੇ ਵੱਡੇ ਵਡੇਰਿਆਂ ਤੋਂ ਨਸੀਹਤ ਲੈਣ ਦੀ ਜ਼ਰੂਰਤ ਹੈ, ਤਾਂ ਜੋ ਨਿੱਜਵਾਦ ਨੂੰ ਛੱਡ ਕੇ ਅਸੀਂ ਪੰਥ ਨੂੰ ਇਕੱਠਾ ਕਰੀਏ ਤੇ ਪੰਜਾਬ ਦੀ ਤਰੱਕੀ ਤੇ ਵਿਕਾਸ ਦੀ ਗੱਲ ਕਰੀਏ।ਪੰਜਾਬ ਵਿਧਾਨ ਸਭਾ ਵਿੱਚ ਵਿਰੋਧੀ ਧਿਰ ਦੇ ਆਗੂ ਸ. ਪ੍ਰਤਾਪ ਸਿੰਘ ਬਾਜਵਾ ਨੇ ਬੋਲਦਿਆਂ ਕਿਹਾ ਕਿ ਭਾਵੇਂ ਸਾਡੇ ਰਾਜਨੀਤਕ ਮਤਭੇਦ ਤਾਂ ਰਹਿਣਗੇ, ਪਰ ਇਸ ਦੇ ਹੁੰਦਿਆਂ ਵੀ ਸ. ਸੁਖਦੇਵ ਸਿੰਘ ਢੀਂਡਸਾ ਇੱਕ ਅਦੀਮ ਸ਼ਖ਼ਸੀਅਤ ਸਨ।ਵਿਧਾਇਕ ਮਨਪ੍ਰੀਤ ਸਿੰਘ ਇਯਾਲੀ ਨੇ ਕਿਹਾ ਕਿ ਸ. ਢੀਂਡਸਾ ਚਾਹੁੰਦੇ ਸਨ ਕਿ ਪੰਥ ਇਕੱਠਾ ਹੋਵੇ ਤਾਂ ਜੋ ਪੰਜਾਬ ਪੰਜਾਬੀ, ਪੰਜਾਬੀਅਤ ਨੂੰ ਬਚਾਇਆ ਜਾ ਸਕਦਾ ਹੈ।ਪੰਜਾਬ ਦੇ ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਮੇਰੇ ਪਿਤਾ ਜੀ ਤੇ ਸ. ਢੀਂਡਸਾ ਭਾਵੇਂ ਚੋਣਾਂ ਸਮੇਂ ਇੱਕ ਦੂਸਰੇ 'ਤੇ ਤਿੱਖੇ ਹਮਲੇ ਕਰਦੇ ਸੀ, ਪਰ ਚੋਣਾਂ ਤੋਂ ਬਾਅਦ ਫਿਰ ਸਭ ਨੌਰਮਲ ਹੋ ਜਾਂਦਾ ਸੀ।ਇਸ ਸਮੇਂ ਹੋਰਨਾਂ ਤੋਂ ਇਲਾਵਾ ਸੇਵਾ ਮੁਕਤ ਏਡੀਜੀ ਸ. ਪ੍ਰੀਤਮ ਸਿੰਘ ਜੌਹਲ, ਸਾਬਕਾ ਐੱਮ ਪੀ ਤਰਲੋਚਨ ਸਿੰਘ, ਡਾਕਟਰ ਜਗਤਾਰ ਸਿੰਘ ਸਾਬਕਾ ਵੀ ਸੀ, ਕਿਸਾਨ ਆਗੂਆਂ ਵਿੱਚ ਬਲਬੀਰ ਸਿੰਘ ਰਾਜੇਵਾਲ ਨੇ ਸ. ਢੀਂਡਸਾ ਨੂੰ ਸ਼ਰਧਾਂਜਲੀ ਭੇਟ ਕੀਤੀ।ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੇ ਚੇਅਰਮੈਨ ਐੱਸ ਪੀ ਸਿੰਘ ਓਬਰਾਏ, ਐੱਮ ਪੀ ਮੀਤ ਹੇਅਰ, ਸਪੀਕਰ ਕੁਲਤਾਰ ਸੰਧਵਾਂ, ਸਾਬਕਾ ਐੱਮ ਪੀ ਸਿਮਰਨਜੀਤ ਸਿੰਘ ਮਾਨ, ਸੁਧਾਰ ਲਹਿਰ ਵਾਲੇ ਗੁਰਪ੍ਰਤਾਪ ਸਿੰਘ ਬਡਾਲਾ, ਬਲਵਿੰਦਰ ਸਿੰਘ ਭੂੰਦੜ, ਸੀਪੀਐੱਮ ਦੇ ਆਗੂ ਸੁਖਵਿੰਦਰ ਸਿੰਘ ਸੇਖੋਂ, ਪ੍ਰੀਤਮ ਸਿੰਘ ਸੰਧੂ, ਐੱਮ.ਪੀ.ਯੂ.ਕੇ. ਸਮੇਤ ਬਹੁਤ ਸਾਰੇ ਆਗੂ ਤੇ ਧਾਰਮਿਕ ਸ਼ਖ਼ਸੀਅਤਾਂ ਸ਼ਾਮਲ ਸਨ।

# ਸਰਕਾਰ ਦੀਆਂ ਪੈਨਸ਼ਨ ਵਿਰੋਧੀ ਨੀਤੀਆਂ ਦਾ ਡਟ ਕੇ ਵਿਰੋਧ ਕਰਾਂਗੇ : ਬਮਰਾਹ



**ਮਲੋਟ (ਓਮ ਪ੍ਰਕਾਸ਼ ਸ਼ੇਖੂ)**

ਪੈਨਸ਼ਨਰ ਵੈੱਲਫੇਅਰ ਫੈਡਰੇਸ਼ਨ ਪਾਵਰਕਾਮ ਦੀ ਮਹੀਨਾਵਾਰ ਮੀਟਿੰਗ ਸਰਕਲ ਪ੍ਰਧਾਨ ਇੰਜੀਨੀਅਰ ਅਵਤਾਰ ਸਿੰਘ ਬਮਰਾਹ ਦੀ ਪ੍ਰਧਾਨਗੀ ਹੇਠ ਸਰਕਲ ਦਫਤਰ ਹਾਲ ਗੇਟ ਵਿਖੇ ਕੀਤੀ ਗਈ।ਮੀਟਿੰਗ ਵਿੱਚ ਸਰਕਲ ਅਹੁਦੇਦਾਰਾਂ ਤੋਂ ਇਲਾਵਾ ਸਰਗਰਮ ਪੈਨਸ਼ਨਰਾਂ ਨੇ ਵੀ ਹਿੱਸਾ ਲਿਆ।ਮੀਟਿੰਗ ਵਿੱਚ ਪੈਨਸ਼ਨਰਾਂ ਨੂੰ ਆ ਰਹੀਆਂ ਦਰਪੇਸ਼ ਮੁਸ਼ਕਲਾਂ 'ਤੇ ਬੜੀ ਹੀ ਸੰਜੀਦਗੀ ਨਾਲ ਵਿਚਾਰ ਵਟਾਂਦਰਾ ਕੀਤਾ ਗਿਆ।

ਇਸ ਮੀਟਿੰਗ ਨੂੰ ਸੰਬੋਧਨ ਕਰਦਿਆਂ ਸਰਕਲ ਪ੍ਰਧਾਨ ਇੰਜੀਨੀਅਰ ਅਵਤਾਰ ਸਿੰਘ ਬਮਰਾਹ ਨੇ ਕਿਹਾ ਕਿ ਪਾਵਰਕਾਮ ਦੇ ਉੱਚ ਅਧਿਕਾਰੀਆਂ ਵੱਲੋਂ ਜਾਰੀ ਕੀਤੇ ਗਏ ਹੁਕਮਾਂ ਦੇ ਬਾਵਜੂਦ ਅਜੇ ਤੱਕ ਕਾਫੀ ਪੈਨਸ਼ਨਰਜ਼, ਜੋ ਕਿ 2016 ਤੋਂ ਪਹਿਲਾਂ ਸੇਵਾ ਮੁਕਤ ਹੋ ਚੁੱਕੇ ਹਨ, ਦੇ ਖਾਤਿਆਂ ਵਿੱਚ ਪੇ-ਕਮਿਸ਼ਨ ਦਾ ਏਰੀਆ ਅਜੇ ਤੱਕ ਨਹੀਂ ਪਾਇਆ ਗਿਆ, ਜਿਸ ਕਰਕੇ ਪੈਨਸ਼ਨਰਾਂ ਵਿੱਚ ਕਾਫੀ ਰੋਸ ਪਾਇਆ ਜਾ ਰਿਹਾ ਹੈ।ਇਸ ਮੀਟਿੰਗ ਵਿੱਚ ਆਏ ਦੋ ਨਵੇਂ ਮੈਂਬਰ ਇੰਜੀਨੀਅਰ ਨਿਰੰਕਾਰ ਸਿੰਘ ਜੇਈ ਤੇ ਰਾਕੇਸ਼ ਕੁਮਾਰ ਲਾਈਨਮੈਨ ਦੀ ਮੈਂਬਰਸ਼ਿਪ ਭਰੀ ਗਈ ਤੇ ਦੋਨਾਂ ਨੂੰ ਸਰਕਲ ਪ੍ਰਧਾਨ ਇੰਜੀਨੀਅਰ ਅਵਤਾਰ ਸਿੰਘ ਬਮਰਾਹ ਤੇ ਸੀਨੀਅਰ ਮੀਤ ਪ੍ਰਧਾਨ ਕਮਲ ਕੁਮਾਰ ਮੌਂਦਗਿੱਲ ਨੇ ਸਿਰੋਪਾ ਦੇ ਕੇ ਸਨਮਾਨਤ ਕੀਤਾ।ਇਸ ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਸੁਖਦੇਵ ਰਾਜ ਬਿੱਲਾ, ਸਤਪਾਲ ਸਿੰਘ, ਓਮ ਪ੍ਰਕਾਸ਼ ਸ਼ਰਮਾ, ਹੀਰਾ ਲਾਲ, ਦਰਸ਼ਨ ਸਿੰਘ, ਪਰਵੀਨ ਮਹਿਤਾ, ਪਰਮਜੀਤ ਸਿੰਘ ਸ਼ਰਮਾ, ਪਰਮਜੀਤ ਸ਼ਰਮਾ, ਬਲਦੇਵ ਸਿੰਘ ਸੈਣੀ, ਕਸ਼ਮੀਰ ਸਿੰਘ, ਅਪਾਰ ਸਿੰਘ, ਚਿਮਨ ਲਾਲ, ਮਨਮੋਹਣ, ਮੈਰਲ ਮਸੀਹ, ਬੰਸੀ ਲਾਲ, ਇੰਦਰਜੀਤ ਸਿੰਘ ਵਲਟੋਹਾ, ਦਰਸ਼ਨ ਸਿੰਘ, ਸੁਧੀਰ ਕੁਮਾਰ ਰਤਨ, ਬਲਵੰਤ ਸਿੰਘ ਫੋਰਮੈਨ ਆਦਿ ਨੇ ਵੀ ਸੰਬੋਧਨ ਕੀਤਾ।

## ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਦੂਧਨਸਾਧਾਂ ਫੇਰੀ ਅੱਜ, ਵਿਧਾਇਕ ਨੇ ਤਿਆਰੀਆਂ ਦਾ ਲਿਆ ਜਾਇਜ਼ਾ



**ਦੇਵੀਗੜ੍ਹ (ਰਾਜਿੰਦਰ ਸਿੰਘ ਥਿੰਦ)**-ਵਿਧਾਨ ਸਭਾ ਹਲਕਾ ਸਨੌਰ ਅਧੀਨ ਪੈਂਦੀ ਸਬ ਡਵੀਜ਼ਨ ਦੁੱਧਨਸਾਧਾਂ ਦੇ ਨਵੇਂ ਬਣੇ ਕੰਪਲੈਕਸ ਦਾ ਉਦਘਾਟਨ 9 ਜੂਨ ਨੂੰ ਸਵੇਰੇ 9 ਵਜੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਕਰਨ ਆ ਰਹੇ ਹਨ, ਜਿਸ ਦੇ ਸਬੰਧ ਵਿੱਚ ਵਿਧਾਇਕ ਹਰਮੀਤ ਸਿੰਘ ਪਠਾਣਮਾਜਰਾ ਨੇ ਤਹਿਸੀਲ ਕੰਪਲੈਕਸ ਤੇ ਦੁੱਧਨਸਾਧਾਂ ਅਨਾਜ ਮੰਡੀ ਵਿੱਚ ਚੱਲ ਰਹੀਆਂ ਤਿਆਰੀਆਂ ਦਾ ਜਾਇਜ਼ਾ ਲਿਆ।ਇਸ ਮੌਕੇ ਉਨ੍ਹਾਂ ਨਾਲ ਪ੍ਰਸ਼ਾਸਨ ਦੇ ਸਾਰੇ ਅਧਿਕਾਰੀ ਮੌਜੂਦ ਸਨ।ਵਿਧਾਇਕ ਹਰਮੀਤ ਸਿੰਘ ਪਠਾਣਮਾਜਰਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਸਬ ਡਵੀਜ਼ਨ ਦੁੱਧਨਸਾਧਾਂ ਦੇ ਨਵੇਂ ਬਣੇ ਕੰਪਲੈਕਸ ਦਾ ਉਦਘਾਟਨ ਕਰਨ ਉਪਰੰਤ ਅਨਾਜ ਮੰਡੀ ਦੁੱਧਨਸਾਧਾਂ ਵਿਖੇ ਇੱਕ ਵੱਡੇ ਇਕੱਠ ਨੂੰ ਸੰਬੋਧਨ ਕਰਨਗੇ।ਵਿਧਾਇਕ ਪਠਾਣਮਾਜਰਾ ਇਸ ਸਮਾਗਮ ਨੂੰ ਸਫਲ ਬਣਾਉਣ ਲਈ ਦਿਨ ਰਾਤ ਇੱਕ ਕਰ ਰਹੇ ਹਨ।ਵਿਧਾਇਕ ਪਠਾਣਮਾਜਰਾ ਨੇ ਇਲਾਕੇ ਦੀ ਸੰਗਤ ਤੇ ਪੰਚਾਂ ਸਰਪੰਚਾਂ ਨੂੰ ਅਪੀਲ ਕੀਤੀ ਕਿ ਵੱਧ ਤੋਂ ਵੱਧ ਗਿਣਤੀ ਵਿੱਚ ਇਸ ਸਮਾਗਮ ਵਿੱਚ ਹਾਜ਼ਰੀ ਲਵਾਉਣ।ਇਸ ਮੌਕੇ ਉਨ੍ਹਾਂ ਹਲਕਾ ਨਿਵਾਸੀਆਂ ਨੂੰ ਸਮੇਂ ਸਿਰ ਸਮਾਗਮ ਵਿੱਚ ਪੁੱਜਣ ਦੀ ਅਪੀਲ ਕੀਤੀ।ਇਸ ਮੌਕੇ ਕ੍ਰਿਪਾਲਵੀਰ ਸਿੰਘ ਐੱਸ.ਡੀ.ਐੱਮ. ਦੂੱਧਨਸਾਧਾਂ, ਗੁਰਪ੍ਰੀਤ ਸਿੰਘ ਭਿੰਡਰ ਥਾਣਾ ਮੁਖੀ ਜੁਲਕਾਂ, ਹਰਦੇਵ ਸਿੰਘ ਘੜਾਮ ਪ੍ਰਧਾਨ ਟਰੱਕ ਯੂਨੀਅਨ, ਬਲਜਿੰਦਰ ਸਿੰਘ ਨੰਦਗੜ੍ਹ, ਗੁਰਪ੍ਰੀਤ ਗੁਰੀ ਪੀ.ਏ., ਆਦਿ ਹਾਜ਼ਰ ਸਨ।

## ਨਸ਼ਾ ਸਮੱਗਲਰ ਦੇ ਘਰ 'ਤੇ ਚੱਲਿਆ ਪੀਲਾ ਪੰਜਾ



**ਮੋਗਾ (ਇਕਬਾਲ ਸਿੰਘ ਖਹਿਰਾ)**-ਪੰਜਾਬ ਸਰਕਾਰ ਵੱਲੋਂ ਪੰਜਾਬ ਨੂੰ ਨਸ਼ਾ ਮੁਕਤ ਕਰਨ ਤਹਿਤ ਵਿੱਢੀ ਗਈ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਨਗਰ ਨਿਗਮ ਮੋਗਾ ਦੇ ਅਧਿਕਾਰੀਆਂ ਨੇ ਸਾਧਾਂ ਵਾਲੀ ਬਸਤੀ ਵਿੱਚ ਪੀਲਾ ਪੰਜਾ ਚਲਾ ਕੇ ਅਣ-ਅਧਿਕਾਰਤ ਥਾਂ 'ਤੇ ਬਣਾਏ ਘਰ ਨੂੰ ਢਹਿ ਢੇਰੀ ਕੀਤਾ।ਇਸ ਸਬੰਧੀ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਐੱਸ ਐੱਸ ਪੀ ਅਜੇ ਗਾਂਧੀ ਨੇ ਦੱਸਿਆ ਕਿ ਨਗਰ ਨਿਗਮ ਮੋਗਾ ਵੱਲੋਂ ਉਨ੍ਹਾਂ ਨੂੰ ਸੁਰੱਖਿਆ ਮੁਹੱਈਆ ਕਰਵਾਉਣ ਦੇ ਮੰਤਵ ਤਹਿਤ ਸਾਧਾਂ ਵਾਲੀ ਬਸਤੀ ਵਿੱਚ ਇੱਕ ਘਰ ਵਿੱਚ ਬੁਲਾਇਆ ਗਿਆ ਸੀ, ਜਦੋਂ ਪੁਲਸ ਵੱਲੋਂ ਇਸ ਦੀ ਜਾਂਚ ਕੀਤੀ ਗਈ ਤਾਂ ਪਤਾ ਚੱਲਿਆ ਕਿ ਇਹ ਇੱਕ ਮਿੱਕੀ ਨਾਮੀ ਵੱਡਾ ਸਮਗਲਰ ਹੈ, ਜਿਸ 'ਤੇ 33 ਕੇਸ ਦਰਜ ਹਨ, ਜੋ ਨਸ਼ਾ ਤਸਕਰੀ ਕਰਕੇ ਇਹ ਘਰ ਉਸ ਨੇ ਅਣ-ਅਧਿਕਾਰਤ ਜ਼ਮੀਨ 'ਤੇ ਨਿਰਮਾਣ ਕੀਤਾ ਹੈ, ਜਿਸ ਨੂੰ ਅੱਜ ਨਗਰ ਨਿਗਮ ਅਧਿਕਾਰੀਆਂ ਵੱਲੋਂ ਢਹਿ ਢੇਰੀ ਕੀਤਾ ਗਿਆ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੀਆਂ ਸਖਤ ਹਦਾਇਤਾਂ ਹਨ ਕਿ ਜਿਹੜੇ ਨਸ਼ਾ ਤਸਕਰ ਨਸ਼ਾ ਵੇਚ ਕੇ ਜ਼ਮੀਨਾਂ ਜਾਇਦਾਦਾਂ ਬਣਾਉਂਦੇ ਹਨ, ਉਨ੍ਹਾਂ ਨੂੰ ਜਬਤ ਤੇ ਖਤਮ ਕੀਤਾ ਜਾਵੇਗਾ। ਇਸ ਮੌਕੇ ਉਨ੍ਹਾਂ ਕਿਹਾ ਕਿ ਜਿਹੜੇ ਵੀ ਲੋਕ ਨਸ਼ਾ ਵੇਚਦੇ ਹਨ, ਇਲਾਕੇ ਦੇ ਲੋਕ ਉਸ ਦੀ ਸੂਚਨਾ ਪੁਲਸ ਨੂੰ ਦੇਣ ਤਾਂ ਜੋ ਉਸ ਨੂੰ ਕਾਬੂ ਕਰਕੇ ਜੇਲ੍ਹਾਂ ਵਿੱਚ ਡੱਕਿਆ ਜਾਵੇ। ਇਸ ਸਬੰਧੀ ਨਗਰ ਨਿਗਮ ਅਧਿਕਾਰੀਆਂ ਦਾ ਕਹਿਣਾ ਸੀ ਕਿ ਇਸ ਵਿਅਕਤੀ ਨੂੰ ਨਗਰ ਨਿਗਮ ਵੱਲੋਂ ਕਈ ਨੋਟਿਸ ਭੇਜੇ ਗਏ, ਜਿਸ 'ਤੇ ਕਾਰਵਾਈ ਕਰਦਿਆਂ ਅੱਜ ਜੇਸੀਬੀ ਮਸ਼ੀਨ ਨਾਲ ਉਸ ਦੇ ਘਰ ਨੂੰ ਢਾਹਿਆ ਗਿਆ।ਇਸ ਮੌਕੇ ਐੱਸ.ਪੀ.ਆਈ. ਬਾਲ ਕ੍ਰਿਸ਼ਨ ਸਿੰਗਲਾ, ਡੀ.ਐੱਸ.ਪੀ.ਡੀ. ਸੁਖਅੰਮ੍ਰਿਤ ਸਿੰਘ, ਐੱਸ ਐੱਚ ਓ ਸਿਟੀ ਸਾਊਥ ਵਰੁਣ, ਐੱਸ ਐੱਚ ਓ ਗੁਰਪ੍ਰੀਤ ਸਿੰਘ, ਇੰਸਪੈਕਟਰ ਪ੍ਰਿਤਪਾਲ ਸਿੰਘ ਤੇ ਹੋਰ ਪੁਲਸ ਅਧਿਕਾਰੀ ਹਾਜ਼ਰ ਸਨ।

## ਸਿਟੀ ਪੁਲਸ ਚੌਕੀ ਇੰਚਾਰਜ ਵੱਲੋਂ ਕੌਂਸਲਰਾਂ ਨਾਲ ਮੀਟਿੰਗ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਕੁਝ ਸਮਾਂ ਪਹਿਲਾਂ ਬਤੌਰ ਸਿਟੀ ਪੁਲਸ ਇੰਚਾਰਜ ਚਾਰਜ ਸੰਭਾਲਣ ਮਗਰੋਂ ਸਬ ਇੰਸਪੈਕਟਰ ਕੁਲਦੀਪ ਸਿੰਘ ਨੇ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਵਿਰੁੱਧ ਚਲਾਈ ਮੁਹਿੰਮ ਤਹਿਤ ਨਗਰ ਕੌਂਸਲ ਪਾਤੜਾਂ ਦੇ ਕੌਂਸਲਰਾਂ ਨਾਲ ਮੀਟਿੰਗ ਕੀਤੀ।ਮੀਟਿੰਗ ਦੌਰਾਨ ਉਨ੍ਹਾਂ ਕੌਂਸਲਰਾਂ ਕੋਲੋਂ ਨਸ਼ਿਆਂ ਨੂੰ ਜੜ੍ਹੋਂ ਖਤਮ ਕਰਨ ਲਈ ਸਹਿਯੋਗ ਦੀ ਮੰਗ ਕੀਤੀ।ਮੀਟਿੰਗ ਦੌਰਾਨ ਸਿਟੀ ਪੁਲਸ ਪਾਤੜਾਂ ਦੇ ਇੰਚਾਰਜ ਕੁਲਦੀਪ ਸਿੰਘ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਨਸ਼ਿਆਂ ਨੂੰ ਰੋਕਣ ਲਈ ਸ਼ੁਰੂ ਕੀਤੀ ਗਈ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਨਸ਼ਿਆਂ ਦੀ ਤਸਕਰੀ ਕਰਨ ਵਾਲਿਆਂ 'ਤੇ ਵਿਸ਼ੇਸ਼ ਨਜ਼ਰ ਰੱਖੀ ਜਾ ਰਹੀ ਹੈ, ਜਿਸ ਦੇ ਚੱਲਦਿਆਂ ਹਰ ਇੱਕ ਸ਼ਹਿਰੀ ਨੂੰ ਪੁਲਸ ਦਾ ਸਹਿਯੋਗ ਕਰਨਾ ਚਾਹੀਦਾ ਹੈ।ਉਨ੍ਹਾ ਕੌਂਸਲਰਾਂ ਨੂੰ ਅਪੀਲ ਕੀਤੀ ਕਿ ਜੇਕਰ ਉਨ੍ਹਾਂ ਦੇ ਇਲਾਕਿਆਂ ਵਿੱਚ ਕੋਈ ਵੀ ਨਸ਼ਾ ਤਸਕਰੀ ਕਰਦਾ ਹੈ ਤਾਂ ਉਹ ਪੁਲਸ ਦਾ ਸਹਿਯੋਗ ਕਰਦੇ ਹੋਏ ਇਸ ਸਬੰਧੀ ਜਾਣਕਾਰੀ ਦੇਣ।ਇਸ ਮੌਕੇ ਹੋਰਨਾਂ ਤੋਂ ਇਲਾਵਾ ਨਗਰ ਕੌਂਸਲ ਪਾਤੜਾਂ ਦੇ ਪ੍ਰਧਾਨ ਰਣਵੀਰ ਸਿੰਘ, ਸਾਬਕਾ ਪ੍ਰਧਾਨ ਨਰਿੰਦਰ ਸਿੰਗਲਾ, ਰਣਜੀਤ ਅਰੋੜਾ ਬਿੱਲਾ, ਕੁਲਦੀਪ ਸਿੰਘ ਬਿੱਟੂ ਬੰਦੇਸਾ, ਰਿੰਕੂ ਐੱਮ ਸੀ ਆਦਿ ਹਾਜ਼ਰ ਸਨ।

## ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਵੱਲੋਂ ਮੁਫ਼ਤ ਮੈਡੀਕਲ ਕੈਂਪ



**ਬੁਢਲਾਡਾ (ਅਸ਼ੋਕ ਲਾਕੜਾ)**-ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਪੰਜਾਬ ਬਲਾਕ ਬੁਢਲਾਡਾ ਵੱਲੋਂ ਗੁਰਦੁਆਰਾ ਪਾਤਸ਼ਾਹੀ ਨੌਵੀਂ ਪਿੰਡ ਬਰ੍ਹੇ ਸਾਹਿਬ ਵਿਖੇ ਸਾਲਾਨਾ ਜੋੜ ਮੇਲੇ 'ਤੇ ਮੁਫ਼ਤ ਮੈਡੀਕਲ ਕੈਂਪ ਲਾਇਆ ਗਿਆ।ਇਸ ਕੈਂਪ ਵਿੱਚ ਮਰੀਜ਼ਾਂ ਦਾ ਮੁਫ਼ਤ ਚੈੱਕਅਪ ਤੇ ਮੁਫ਼ਤ ਦਵਾਈਆਂ ਦਿੱਤੀਆਂ ਗਈਆਂ।ਸੈਂਕੜੇ ਮਰੀਜ਼ਾਂ ਨੇ ਇਸ ਮੁਫ਼ਤ ਚੈੱਕਅਪ ਕੈਂਪ ਦਾ ਲਾਹਾ ਲਿਆ।ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਬਲਾਕ ਬੁਢਲਾਡਾ ਨੇ ਇੱਕ ਰੋਜ਼ਾ ਖ਼ੂਨਦਾਨ ਕੈਂਪ ਡਾਕਟਰ ਹਰਦੇਵ ਸਰਾ ਬਲੱਡ ਬੈਂਕ ਮਾਨਸਾ ਦੇ ਸਹਿਯੋਗ ਨਾਲ ਬਰ੍ਹੇ ਸਾਹਿਬ ਵਿਖੇ ਲਗਾਇਆ ਗਿਆ, ਜਿੱਥੇ ਬਹੁਤ ਸਾਰੇ ਖ਼ੂਨਦਾਨੀ ਸੱਜਣਾਂ ਨੇ ਇਸ ਕੈਂਪ ਵਿੱਚ ਆਪਣਾ ਯੋਗਦਾਨ ਦਿੱਤਾ।ਡਾ. ਹਰਦੇਵ ਸਰਾ ਬਲੱਡ ਬੈਂਕ ਮਾਨਸਾ ਵੱਲੋਂ ਖ਼ੂਨਦਾਨੀ ਸੱਜਣਾਂ ਨੂੰ ਸਨਮਾਨ ਚਿੰਨ੍ਹ, ਮੈਡਲ ਤੇ ਸਰਟੀਫਿਕੇਟ ਦਿੱਤੇ ਗਏ।ਇਸ ਕੈਂਪ ਵਿੱਚ 54 ਯੂਨਿਟ ਖ਼ੂਨ ਇਕੱਤਰ ਹੋਇਆ।ਡਾਕਟਰ ਹਰਦੇਵ ਸਰਾ ਬਲੱਡ ਬੈਂਕ ਮਾਨਸਾ ਦੇ ਇੰਚਾਰਜ ਗੁਰਪ੍ਰੀਤ ਸਿੰਘ ਸਿੱਧੂ, ਡਾਕਟਰ ਮੈਡਮ ਪਲਕ ਗੁਪਤਾ, ਅੰਮ੍ਰਿਤਪਾਲ ਸਿੰਘ ਮੂਸਾ, ਸੁਖਦੇਵ ਸਿੰਘ, ਅਮਨਦੀਪ ਕੌਰ, ਹਰਪ੍ਰੀਤ ਕੌਰ ਤੇ ਐੱਮਪੀਏਪੀ ਬਲਾਕ ਬੁਢਲਾਡਾ ਦੀ ਟੀਮ, ਡਾਕਟਰ ਗੁਰਜੀਤ ਸਿੰਘ ਬਰ੍ਹੇ ਬਲਾਕ ਪ੍ਰਧਾਨ, ਡਾਕਟਰ ਨਾਇਬ ਸਿੰਘ ਅਹਿਮਦਪੁਰ, ਲੱਖਾ ਸਿੰਘ ਹਸਨਪੁਰ, ਹਰਜਿੰਦਰ ਕੁਲਹਿਰੀ, ਨਰਾਇਣ ਸਿੰਘ ਬਰ੍ਹੇ, ਸੁਖਚੈਨ ਸਿੰਘ ਬਰ੍ਹੇ, ਮਨਪ੍ਰਦੀਪ ਸਿੰਘ, ਲਖਬੀਰ ਸਿੰਘ ਟਾਹਲੀਆਂ, ਅਸ਼ੋਕ ਟਾਲੀਆਂ, ਹਰਜਿੰਦਰ ਸਿੰਘ ਤੇ ਡਾਕਟਰ ਪ੍ਰਿਤਪਾਲ ਸਿੰਘ ਕੋਹਲੀ ਆਦਿ ਹਾਜ਼ਰ ਸਨ।

# ਗੁਰਮੇਲ ਸਿੰਘ ਮੱਦੋਕੇ ਤੇ ਪਰਮਜੀਤ ਸਿੰਘ ਬੁੱਟਰ ਨੇ ਮਾਰਕਿਟ ਕਮੇਟੀ ਦੇ ਚੇਅਰਮੈਨ ਵਜੋਂ ਅਹੁਦੇ ਸੰਭਾਲੇ

**ਡਿਪਟੀ ਸਪੀਕਰ ਜੈ ਕ੍ਰਿਸ਼ਨ ਰੋੜੀ, ਕੈਬਨਿਟ ਮੰਤਰੀ ਖੁੱਡੀਆਂ ਤੇ ਚੇਅਰਮੈਨ ਬਰਸਟ ਨੇ ਤਾਜਪੋਸ਼ੀ ਮੌਕੇ ਦਿੱਤੀ ਮੁਬਾਰਕਬਾਦ**



**ਮੋਗਾ (ਇਕਬਾਲ ਸਿੰਘ ਖਹਿਰਾ)**-ਗੁਰਮੇਲ ਸਿੰਘ ਮੱਦੋਕੇ ਨੇ ਅਜੀਤਵਾਲ ਤੇ ਪਰਮਜੀਤ ਸਿੰਘ ਬੁੱਟਰ ਨੇ ਬਧਨੀ ਕਲਾਂ ਮਾਰਕੀਟ ਕਮੇਟੀ ਦੇ ਚੇਅਰਮੈਨ ਵਜੋਂ ਅਹੁਦਾ ਸੰਭਾਲਣ ਸਮੇਂ ਡਿਪਟੀ ਸਪੀਕਰ ਪੰਜਾਬ ਵਿਧਾਨ ਸਭਾ ਜੈ ਕ੍ਰਿਸ਼ਨ ਰੋੜੀ, ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ, ਚੇਅਰਮੈਨ ਪੰਜਾਬ ਮੰਡੀ ਬੋਰਡ ਹਰਚੰਦ ਸਿੰਘ ਬਰਸਟ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਕੇ ਤਾਜ਼ਪੋਸ਼ੀ ਸਮਾਗਮ ਵਿੱਚ ਮੁਬਾਰਕਬਾਦ ਦਿੱਤੀ।

ਡਿਪਟੀ ਸਪੀਕਰ ਪੰਜਾਬ ਵਿਧਾਨ ਸਭਾ ਜੈ ਕ੍ਰਿਸ਼ਨ ਰੋੜੀ ਨੇ ਕਿਹਾ ਕਿ ਆਮ ਆਦਮੀ ਪਾਰਟੀ ਆਪਣੇ ਵਰਕਰਾਂ ਨੂੰ ਬਣਦਾ ਮਾਣ ਸਨਮਾਨ ਦੇਣ ਲਈ ਵਚਨਬੱਧ ਹੈ।ਉਨ੍ਹਾਂ ਕਿਹਾ ਕਿ ਨਵ-ਨਿਯੁਕਤ ਦੋਨੋਂ ਚੇਅਰਮੈਨ ਗੁਰਮੇਲ ਸਿੰਘ ਮੱਦੋਕੇ (ਅਜੀਤਵਾਲ) ਤੇ ਪਰਮਜੀਤ ਸਿੰਘ ਬੁੱਟਰ (ਬਧਨੀਂ ਕਲਾਂ) ਤਨਦੇਹੀ ਤੇ ਇਮਾਨਦਾਰੀ ਨਾਲ ਆਪਣੀ ਜ਼ਿੰਮੇਵਾਰੀ ਨਿਭਾਉਣਗੇ ਅਤੇ ਆੜ੍ਹਤੀਆਂ, ਕਿਸਾਨਾਂ, ਮਜ਼ਦੂਰਾਂ ਦੀਆਂ ਦਿੱਕਤਾਂ ਨੂੰ ਆਪਸੀ ਭਾਈਚਾਰੇ ਨਾਲ ਹੱਲ ਕਰਨ ਨੂੰ ਤਰਜ਼ੀਹ ਦੇਣਗੇ।ਇਸ ਮੌਕੇ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਸਪੱਸ਼ਟ ਨਿਰਦੇਸ਼ ਹਨ ਕਿ ਪਾਰਟੀ ਅੰਦਰ ਜਾਂ ਸਰਕਾਰ ਪੱਧਰ ਤੇ ਰਿਸ਼ਵਤਖੋਰੀ ਨੂੰ ਕਿਸੇ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਭ੍ਰਿਸ਼ਟਾਚਾਰ, ਨਸ਼ਿਆਂ ਨੂੰ ਜੜ੍ਹੋਂ ਖ਼ਤਮ ਕਰਨਾ ਆਮ ਆਦਮੀ ਪਾਰਟੀ ਦਾ ਮੁੱਖ ਏਜੰਡਾ ਹੈ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਦਿਨ-ਰਾਤ ਇੱਕ ਕਰਕੇ ਨਸ਼ਿਆਂ ਖਿਲਾਫ਼ ਕੰਮ ਕੀਤਾ ਜਾ ਰਿਹਾ ਹੈ।

ਇਸ ਮੌਕੇ ਚੇਅਰਮੈਨ ਪੰਜਾਬ ਮੰਡੀ ਬੋਰਡ ਹਰਚੰਦ ਸਿੰਘ ਬਰਸਟ, ਵਿਧਾਇਕ ਨਿਹਾਲ ਸਿੰਘ ਵਾਲਾ ਮਨਜੀਤ ਬਿਲਾਸਪੁਰ, ਵਿਧਾਇਕ ਧਰਮਕੋਟ ਦਵਿੰਦਰਜੀਤ ਸਿੰਘ ਲਾਡੀ ਢੋਸ, ਚੇਅਰਮੈਨ ਬਰਿੰਦਰ ਕੁਮਾਰ ਮਧੇਕੇ, ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ ਹਰਮਨਜੀਤ ਸਿੰਘ ਬਰਾੜ ਯੂਥ ਵਿੰਗ ਜੁਆਇੰਟ ਸਕੱਤਰ ਪੰਜਾਬ ਜਸਦੀਪ ਸਿੰਘ ਗੈਰੀ ਢੁੱਡੀਕੇ, ਬਲਾਕ ਪ੍ਰਧਾਨ ਹਰਜਿੰਦਰ ਸਿੰਘ ਜਿੰਦਰ ਕੋਕਰੀ ਸਮੇਤ ਹੋਰ ਆਗੂ ਤੇ ਅਧਿਕਾਰੀ ਹਾਜ਼ਰ ਸਨ।

# ਗੁਰੂ ਨਾਨਕ ਕਾਲਜ ਵਿਖੇ ਅਕਾਦਮਿਕ ਕੌਂਸਲ ਦੀ ਪਲੇਠੀ ਮੀਟਿੰਗ



**ਬੁਢਲਾਡਾ (ਅਸ਼ੋਕ ਲਾਕੜਾ)**-ਉੱਤਰੀ ਭਾਰਤ ਦੀ ਸਿਰਮੌਰ ਖ਼ੁਦਮੁਖਤਿਆਰ (ਆਟੋਨੌਮਸ) ਸੰਸਥਾ ਗੁਰੂ ਨਾਨਕ ਕਾਲਜ ਬੁਢਲਾਡਾ ਵਿਖੇ ਅਕਾਦਮਿਕ ਕੌਂਸਲ ਦੀ ਪਲੇਠੀ ਮੀਟਿੰਗ ਹੋਈ।

ਇਸ ਮੀਟਿੰਗ ਵਿੱਚ ਸ੍ਰ. ਦਿਲਰਾਜ ਸਿੰਘ ਭੂੰਦੜ ਮੈਂਬਰ ਗਵਰਨਿੰਗ ਬਾਡੀ, ਡਾ. ਜਸਪਾਲ ਸਿੰਘ ਵਾਈਸ ਚਾਂਸਲਰ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਜਲੰਧਰ, ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਨੁਮਾਇੰਦੇ, ਵਿਭਾਗਾਂ ਦੇ ਮੁਖੀ ਸਾਹਿਬਾਨ ਤੇ ਸਿੱਖਿਆ ਸ਼ਾਸਤਰੀ ਸ਼ਾਮਲ ਸਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪ੍ਰਿੰਸੀਪਲ ਡਾ. ਨਰਿੰਦਰ ਸਿੰਘ ਨੇ ਦੱਸਿਆ ਕਿ ਨਵੇਂ ਵਿੱਦਿਅਕ ਸੈਸ਼ਨ ਵਿੱਚ ਸੰਸਥਾ ਆਟੋਨੌਮਸ ਵਜੋਂ ਕਾਰਜ ਕਰ ਰਹੀ ਹੈ ਅਤੇ ਇਸ ਦੀ ਮਾਨਤਾ ਪੰਜਾਬੀ ਯੂਨੀਵਰਸਿਟੀ ਦੀ ਰਹੇਗੀ। ਉਨ੍ਹਾਂ ਦੱਸਿਆ ਕਿ ਇਲਾਕੇ ਦੇ ਵਿਦਿਆਰਥੀਆਂ ਦੀਆਂ ਲੋੜਾਂ ਨੂੰ ਧਿਆਨ ਵਿੱਚ ਰੱਖਦਿਆਂ ਤੇ ਕਿੱਤਾਮੁਖੀ ਸਿੱਖਿਆ ਨੂੰ ਕੇਂਦਰਤ ਕਰਕੇ ਨਵੇਂ ਕੋਰਸ ਸ਼ੁਰੂ ਕੀਤੇ ਹਨ ਅਤੇ ਮੁਕਾਬਲੇ ਦੀਆਂ ਪ੍ਰੀਖਿਆਵਾਂ ਤੇ ਉਦਯੋਗਾਂ ਦੀ ਮੰਗ ਅਨੁਸਾਰ ਪਾਠਕ੍ਰਮ ਵਿੱਚ ਬਦਲਾਅ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਸੰਸਥਾ ਵਿੱਚ ਬੀ. ਵਾਕ ਡਾਟਾ ਸਾਇੰਸ, ਬੀ ਐੱਸ ਸੀ ਮੈਡੀਕਲ ਲੈਬ ਟੈਕਨਾਲੌਜੀ, ਬੀ. ਵਾਕ ਹੌਸਪੈਟਿਲਟੀ ਤੇ ਟੂਰਿਜ਼ਮ, ਅਡਵਾਂਸ ਡਿਪਲੋਮਾ ਇਨ ਲਾਇਬ੍ਰੇਰੀ ਆਟੋਮੇਸ਼ਨ ਐਂਡ ਨੈਟਵਰਕਿੰਗ, ਬੀ. ਵਾਕ ਮਿਊਜ਼ਿਕ ਪ੍ਰੋਡਕਸ਼ਨ ਐਂਡ ਸਾਊਂਡ ਇੰਜਨੀਅਰਿੰਗ, ਐੱਮ.ਏ. ਫਾਈਨ ਆਰਟ, ਐੱਮ.ਏ. ਐਜੂਕੇਸ਼ਨ ਤੇ ਐੱਮ. ਵਾਕ. ਫੂਡ ਪ੍ਰੋਸੈਸਿੰਗ ਸ਼ੁਰੂ ਕੀਤੇ ਹਨ। ਇਸ ਤੋਂ ਇਲਾਵਾ ਇਸ ਇਲਾਕੇ ਦੇ ਵਿਦਿਆਰਥੀਆਂ ਦੀ ਰੁਚੀ ਤੇ ਲੋੜ ਨੂੰ ਧਿਆਨ ਵਿਚ ਰੱਖਦਿਆਂ ਬੈਚੂਲਰ ਆਫ ਆਰਟਸ ਵਿੱਚ ਮਨੋਵਿਗਿਆਨ, ਜਿਓਗ੍ਰਾਫੀ, ਜਰਨਲਿਜ਼ਮ ਐਂਡ ਮਾਸ ਕੌਮਨੀਕੇਸ਼ਨ, ਥੀਏਟਰ ਤੇ ਐਜੂਕੇਸ਼ਨ ਦੇ ਵਿਸ਼ੇ ਸ਼ੁਰੂ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਨਵੀਂ ਸਿੱਖਿਆ ਨੀਤੀ 2020 ਤਹਿਤ ਜਿਹੜੇ ਕੋਰਸ ਹਨ, ਉਨ੍ਹਾਂ ਵਿੱਚ ਤਿੰਨ ਸਾਲ ਪੂਰੇ ਕਰਨ ਤੋਂ ਬਾਅਦ ਡਿਗਰੀ ਮਿਲੇਗੀ ਤੇ ਚਾਰ ਸਾਲ ਬਾਅਦ ਆਨਰਜ਼ ਡਿਗਰੀ ਮਿਲੇਗੀ।

ਚਾਰ ਸਾਲਾਂ ਆਨਰਜ਼ ਡਿਗਰੀ ਤੋਂ ਬਾਅਦ ਐੱਮ. ਏ. ਦੀ ਸਮਾਂ ਅਵਧੀ ਇੱਕ ਸਾਲ ਦੀ ਹੋਵੇਗੀ। ਉਨ੍ਹਾਂ ਦੱਸਿਆ ਕਿ ਇਨ੍ਹਾਂ ਡਿਗਰੀਆਂ ਦੇ ਨਾਲ ਨਾਲ ਸੰਸਥਾ ਵਿੱਚ ਕੰਪਿਊਟਰ ਸਾਇੰਸ, ਖੇਤੀਬਾੜੀ, ਕਾਮਰਸ, ਅੰਗਰੇਜ਼ੀ, ਫੈਸ਼ਨ ਤਕਨਾਲੋਜੀ, ਇਤਿਹਾਸ, ਲਾਇਬ੍ਰੇਰੀ, ਗਣਿਤ, ਪੰਜਾਬੀ, ਸਾਇੰਸ ਤੇ ਰਾਜਨੀਤੀ ਸ਼ਾਸਤਰ ਦੇ ਐਂਡ ਆਨ ਅਤੇ ਸਰਟੀਫਿਕੇਟ ਕੋਰਸ ਸ਼ੁਰੂ ਕੀਤੇ ਹਨ, ਜੋ ਵਿਦਿਆਰਥੀ ਆਪਣੀ ਡਿਗਰੀ ਦੇ ਨਾਲ ਨਾਲ ਹੀ ਕਰ ਸਕਦੇ ਹਨ। ਇਸ ਮੀਟਿੰਗ ਵਿੱਚ ਡਾ. ਨਿਸਾਨ ਸਿੰਘ ਤੇ ਐਡਵੋਕੇਟ ਮਹਿਲ ਸਿੰਘ ਸ਼ਾਮਲ ਸਨ।

# ਪੁਲਸ ਦੀ ਲੋਕਾਂ ਤੇ ਕਾਨੂੰਨ ਪ੍ਰਤੀ ਜਵਾਬਦੇਹੀ ਤੈਅ ਹੋਣੀ ਚਾਹੀਦੀ : ਕਾਲੀ ਪਾਇਲ



**ਦੋਰਾਹਾ (ਹਰਮਿੰਦਰ ਸੇਠ)**

ਲੰਮੇ ਸਮੇਂ ਤੋਂ ਪੁਲਸ ਜ਼ਿਲ੍ਹਾ ਖੰਨਾ ਅੰਦਰ ਤੇ ਵਿਧਾਨ ਸਭਾ ਹਲਕਾ ਪਾਇਲ ਤੋਂ ਆਜ਼ਾਦ ਚੋਣ ਲੜ ਚੁੱਕੇ ਅਤੇ ਆਮ ਗਰੀਬਾਂ ਮਜਲੂਮਾਂ ਦੀ ਆਵਾਜ਼ ਉਠਾਉਣ ਵਿੱਚ ਮੋਹਰੀ ਅਤੇ ਕਿਸੇ ਵੀ ਧੱਕੇ ਖਿਲਾਫ ਲੋਕਾਂ ਨੂੰ ਇਨਸਾਫ ਦਵਾਉਣ ਵਾਲੇ ਗੁਰਦੀਪ ਸਿੰਘ ਕਾਲੀ ਨੂੰ ਜੇਲ੍ਹ ਵਿੱਚ ਡੱਕਣਾ ਇਨਕਲਾਬੀ ਪਾਰਟੀ ਦੀ ਕਹਿਣੀ ਤੇ ਕਥਨੀ ਵਿੱਚ ਜ਼ਮੀਨ ਅਸਮਾਨ ਦਾ ਫਰਕ ਦਿਖ ਰਿਹਾ ਹੈ, ਕਿਉਂਕਿ ਵੋਟਾਂ ਤੋਂ ਪਹਿਲਾਂ ਇਹ ਇਨਕਲਾਬੀ ਪਾਰਟੀ ਕਹਿੰਦੀ ਸੀ ਕਿ ਅਸੀਂ ਲੋਕਾਂ ਨੂੰ ਬੋਲਣਾ ਸਿਖਾਇਆ ਹੈ, ਹੁਣ ਇਨਕਲਾਬੀਆਂ ਦੀ ਸਰਕਾਰ ਉੱਪਰ ਸਵਾਲ ਖੜੇ ਕਰਨਾ ਜਾਂ ਉਨ੍ਹਾਂ ਦੇ ਅਫਸਰਾਂ ਉੱਪਰ ਸਵਾਲ ਖੜੇ ਕਰਨ ਵਾਲਿਆਂ ਨੂੰ ਜਾਂ ਤਾਂ ਝੂਠੇ ਪੁਲਸ ਮੁਕਾਬਲਿਆਂ ਵਿੱਚ ਮਾਰਿਆ ਜਾ ਰਿਹਾ ਹੈ ਜਾਂ ਉਨ੍ਹਾਂ ਦਾ ਮੂੰਹ ਬੰਦ ਕਰਨ ਲਈ ਜੇਲ੍ਹਾਂ ਵਿੱਚ ਡੱਕਿਆ ਜਾ ਰਿਹਾ ਹੈ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਅੰਬੇਡਕਰਵਾਦੀ ਗੁਰਦੀਪ ਸਿੰਘ ਕਾਲੀ ਦੇ ਗ੍ਰਹਿ ਵਿੱਚ ਵੱਖ ਵੱਖ ਜਥੇਬੰਦੀਆਂ ਵੱਲੋਂ ਪਹੁੰਚ ਕੇ ਉਨ੍ਹਾਂ 'ਤੇ ਹੋਏ ਝੂਠੇ ਪਰਚੇ ਸਬੰਧੀ ਉਨ੍ਹਾਂ ਗੱਲਬਾਤ ਦੌਰਾਨ ਕੀਤਾ। ਗੁਰਦੀਪ ਸਿੰਘ ਕਾਲੀ ਨੇ ਕਿਹਾ ਕਿ ਪੰਜਾਬ ਇੱਕ ਤਰ੍ਹਾਂ ਦੀ ਜੇਲ੍ਹ ਬਣ ਚੁੱਕਾ ਹੈ, ਪੰਜਾਬ ਦੀ ਜਵਾਨੀ ਨੂੰ ਯੁੱਧ ਨਸ਼ਿਆਂ ਵਿਰੁੱਧ ਦੀ ਆੜ ਹੇਠ ਜੇਲ੍ਹਾਂ ਅੰਦਰ ਡੱਕਿਆ ਜਾ ਰਿਹਾ ਹੈ, ਉਹ ਨਸ਼ਾ ਨਾ ਮਿਲਣ ਕਾਰਨ ਜੇਲਾਂ ਅੰਦਰ ਮੱਛੀ ਵਾਂਗ ਤੜਫ ਰਹੇ ਹਨ ਤੇ ਜੋ ਨੌਜਵਾਨ ਬਾਹਰ ਘੁੰਮ ਰਹੇ ਹਨ, ਪਤਾ ਨਹੀਂ ਕਦ ਕਿਸ ਨੂੰ, ਕਿਸ ਵੇਲੇ ਤੇ ਕਿਉਂ ਚੱਕ ਕੇ ਉਨ੍ਹਾਂ ਉੱਪਰ ਝੂਠੇ ਪਰਚੇ ਕਰਕੇ ਉਨ੍ਹਾਂ ਨੂੰ ਜੇਲ੍ਹਾਂ ਵਿੱਚ ਡੱਕ ਦੇਣਾ ਹੈ। ਲੋਕਾਂ ਦੇ ਬੋਲਣ ਦੀ ਆਜ਼ਾਦੀ ਨੂੰ ਖਤਮ ਕੀਤਾ ਜਾ ਰਿਹਾ ਹੈ, ਅਫਸਰਸ਼ਾਹੀ ਤੇ ਲੀਡਰਾਂ ਖਿਲਾਫ ਬੋਲਣ ਵਾਲਿਆਂ ਨੂੰ ਝੂਠੇ ਪਰਚਿਆਂ ਵਿੱਚ ਫਸਾਇਆ ਜਾ ਰਿਹਾ ਹੈ, ਰਾਜਨੀਤਕ ਪਾਰਟੀਆਂ ਅਕਾਲੀ ਕਾਂਗਰਸ ਬੀਜੇਪੀ ਵੱਲੋਂ ਪੁਲਸ ਤੇ ਸਰਕਾਰ ਦੀ ਧੱਕਾਸ਼ਾਹੀ ਖਿਲਾਫ ਨਾ ਬੋਲਣਾ ਇਹ ਉਨ੍ਹਾਂ ਦੀ ਕਾਰਗੁਜ਼ਾਰੀ ਉੱਪਰ ਵੀ ਸਵਾਲ ਖੜੇ ਕਰਦਾ ਹੈ, ਕਿਉਂਕਿ ਪੰਜਾਬ ਦੇ ਨੌਜਵਾਨਾਂ ਤੇ ਪੰਜਾਬੀਆਂ ਨੂੰ ਡਰਾਇਆ ਜਾ ਰਿਹਾ ਹੈ ਤਾਂ ਜੋ ਉਹ ਬਗਾਵਤ ਨਾ ਕਰ ਸਕਣ, ਪੁਲਸ ਜ਼ਿਲ੍ਹਾ ਖੰਨਾ ਅੰਦਰ ਲਗਾਤਾਰ ਝੂਠੇ ਪਰਚੇ ਦਿੱਤੇ ਜਾ ਰਹੇ ਹਨ। ਅੰਬੇਡਕਰਵਾਦੀ ਤੇ ਗਰੀਬਾਂ ਦੀ ਗੱਲ ਕਰਨ ਵਾਲੇ ਲੋਕਾਂ ਨੂੰ ਜ਼ਲੀਲ ਕੀਤਾ ਜਾ ਰਿਹਾ ਹੈ ਅਤੇ ਉਨ੍ਹਾਂ ਨੂੰ ਆਪਣੇ ਸਮਾਜ ਤੇ ਰਹਿਬਰਾਂ ਦੀ ਗੱਲ ਕਰਨ ਤੋਂ ਰੋਕਿਆ ਜਾ ਰਿਹਾ ਹੈ ਅਤੇ ਮੂੰਹ ਬੰਦ ਕਰਨ ਲਈ ਕਿਹਾ ਜਾ ਰਿਹਾ ਹੈ, ਅਗਰ ਮੂੰਹ ਬੰਦ ਨਾ ਕੀਤੇ ਤਾਂ ਇਸ ਤੋਂ ਵੀ ਵੱਡੇ ਪਰਚੇ ਪਾਉਣ ਦੀਆਂ ਧਮਕੀਆਂ ਦਿੱਤੀਆਂ ਜਾ ਰਹੀਆਂ ਹਨ। ਇਹ ਸਿੱਧਾ ਸਿੱਧਾ ਭਾਰਤੀ ਸੰਵਿਧਾਨ ਤੇ ਲੋਕਤੰਤਰ ਦਾ ਕਤਲ ਮੰਨਿਆ ਜਾ ਸਕਦਾ ਹੈ।

## ਗੁਰੂ ਗੋਬਿੰਦ ਸਿੰਘ ਲਾਅ ਕਾਲਜ ਦਾ ਨਤੀਜਾ ਸੌ ਫ਼ੀਸਦੀ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਨੇ ਬੀ ਏ, ਐੱਲ ਐੱਲ ਬੀ ਆਨਰਜ਼ ਤੀਜੇ ਸਮੈਸਟਰ ਤੇ ਪਹਿਲੇ ਸਮੈਸਟਰ ਦਾ ਨਤੀਜਾ ਜਾਰੀ ਕੀਤਾ ਹੈ, ਜਿਸ ਵਿੱਚ ਗੁਰੂ ਗੋਬਿੰਦ ਸਿੰਘ ਲਾਅ ਕਾਲਜ ਗਿੱਦੜਬਾਹਾ ਦਾ ਨਤੀਜਾ 100% ਰਿਹਾ ਹੈ।ਪ੍ਰਿੰਸੀਪਲ ਡਾ. ਆਰ. ਪੀ. ਵਰਮਾ ਨੇ ਦੱਸਿਆ ਕਿ ਤੀਜੇ ਸਮੈਸਟਰ ਵਿੱਚ ਕਰਨਵੀਰ ਕੌਰ ਨੇ ਪਹਿਲਾ, ਤਮੰਨਾ ਨੇ ਦੂਜਾ ਤੇ ਵੰਸ਼ਿਕਾ ਨੇ ਤੀਜਾ ਸਥਾਨ ਪ੍ਰਾਪਤ ਕੀਤਾ ਹੈ।ਇਸ ਵਾਰ ਪਹਿਲੇ ਸਮੈਸਟਰ ਵਿੱਚ ਪੰਜਾਬ ਯੂਨੀਵਰਸਿਟੀ ਨੇ ਗ੍ਰੇਡਿੰਗ ਸਿਸਟਮ ਵਿੱਚ ਨਤੀਜਾ ਜਾਰੀ ਕੀਤਾ ਹੈ, ਜਿਸ ਵਿੱਚ ਰਿਧੀਮਾ ਨੇ ਪਹਿਲਾ, ਪ੍ਰਨੀਤ ਕੌਰ ਤੇ ਤਨਵੀਰ ਚੌਹਾਨ ਨੇ ਦੂਜਾ ਅਤੇ ਅਕਸ਼ਿਤਾ ਤੇ ਬਲਜਿੰਦਰ ਨੇ ਤੀਜਾ ਸਥਾਨ ਪ੍ਰਾਪਤ ਕੀਤਾ ਹੈ।ਦੇਵ ਚੰਨਾ ਨੇ ਚੌਥਾ ਸਥਾਨ ਪ੍ਰਾਪਤ ਕੀਤਾ ਹੈ।ਰੇਣੂਕਾ, ਜਸਪ੍ਰੀਤ ਕੌਰ ਤੇ ਮਨਜਿੰਦਰ ਕੌਰ ਨੇ ਪੰਜਵਾਂ ਸਥਾਨ ਪ੍ਰਾਪਤ ਕੀਤਾ ਹੈ।ਇਸੇ ਤਰ੍ਹਾਂ ਪ੍ਰਨੀਤ ਕੌਰ, ਸਹਿਜਦੀਪ ਕੌਰ, ਮੁਸਕਾਨ ਤੇ ਰਾਜਪ੍ਰੀਤ ਕੌਰ ਨੇ ਛੇਵਾਂ ਸਥਾਨ ਪ੍ਰਾਪਤ ਕੀਤਾ ਹੈ। ਸਤਵੀਰ ਕੌਰ ਨੇ ਸੱਤਵਾਂ, ਹਰਮਨਦੀਪ ਕੌਰ ਨੇ ਅੱਠਵਾਂ, ਕੁਸੁਮ ਨੌਵਾਂ ਤੇ ਸਿਮਰਨਜੀਤ ਕੌਰ ਅਤੇ ਜਸ਼ਨਪ੍ਰੀਤ ਕੌਰ ਨੇ ਦਸਵਾਂ ਸਥਾਨ ਪ੍ਰਾਪਤ ਕੀਤਾ ਹੈ।ਕੈਂਪਸ ਡਾਇਰੈਕਟਰ ਕਰਨਲ ਸੁਧਾਂਸ਼ੂ ਆਰੀਆ ਨੇ ਕਿਹਾ ਕਿ ਕਾਲਜ ਇਨ੍ਹਾਂ ਵਿਦਿਆਰਥੀਆਂ ਨੂੰ ਨਿਆਂਇਕ ਪ੍ਰੀਖਿਆ ਦੀ ਤਿਆਰੀ ਲਈ ਹਰ ਸੰਭਵ ਮਦਦ ਪ੍ਰਦਾਨ ਕਰੇਗਾ।ਜਨਰਲ ਸਕੱਤਰ ਗੁਰਚਰਨ ਸਿੰਘ ਸਿੱਧੂ ਨੇ ਮੈਨੇਜਮੈਂਟ ਵੱਲੋਂ ਕਾਲਜ ਸਟਾਫ਼ ਤੇ ਸਫਲ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਕਾਨੂੰਨ ਦੇ ਖੇਤਰ ਵਿੱਚ ਉਨ੍ਹਾਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ।

## ਛੱਤੀਸਗੜ੍ਹ ਸਰਕਾਰ ਗ੍ਰਿਫਤਾਰ ਮਾਓਵਾਦੀਆਂ ਨੂੰ ਕੋਰਟ 'ਚ ਪੇਸ਼ ਕਰੇ : ਲੋਕ ਸੰਗਰਾਮ ਮੋਰਚਾ



**ਮੋਗਾ (ਇਕਬਾਲ ਸਿੰਘ ਖਹਿਰਾ)**-ਲੋਕ ਸੰਗਰਾਮ ਮੋਰਚਾ ਪੰਜਾਬ ਦੇ ਸੂਬਾ ਪ੍ਰਧਾਨ ਤਾਰਾ ਸਿੰਘ ਮੋਗਾ ਨੇ ਦੱਸਿਆ ਕਿ ਛੱਤੀਸਗੜ੍ਹ ਪੁਲਸ ਵੱਲੋਂ ਇੱਕ ਪਿੰਡ ਵਿੱਚੋਂ ਹਿਰਾਸਤ 'ਚ ਲਏ ਗਏ ਮਾਓਵਾਦੀ ਨੇਤਾਵਾਂ ਨੂੰ ਕਾਨੂੰਨ ਅਨੁਸਾਰ ਤੁਰੰਤ ਕੋਰਟ 'ਚ ਪੇਸ਼ ਕਰਨ ਦੀ ਮੰਗ ਕੀਤੀ ਹੈ।ਉਨ੍ਹਾਂ ਇਨ੍ਹਾਂ ਗ੍ਰਿਫ਼ਤਾਰ ਕੀਤੇ ਨੇਤਾਵਾਂ ਨੂੰ ਝੂਠੇ ਪੁਲਸ ਮੁਕਾਬਲੇ ਵਿੱਚ ਮਾਰੇ ਜਾਣ ਦਾ ਖਦਸ਼ਾ ਪ੍ਰਗਟ ਕਰਦਿਆਂ ਦੱਸਿਆ ਕਿ ਸਿਵਲ ਲਿਬਰਟੀ ਕਮੇਟੀ ਵੱਲੋਂ ਜਨਤਕ ਕੀਤੀ ਜਾਣਕਾਰੀ ਅਨੁਸਾਰ ਮਾਓਵਾਦੀ ਆਗੂ ਬੰਦੀ ਪ੍ਰਕਾਸ਼, ਨੈਸ਼ਨਲ ਪਾਰਕ ਸੈਕਟਰੀ ਦਲੀਪ, ਮਾੜੇਦੂ ਇਲਾਕਾ ਸਕੱਤਰ ਸੀਤੂ, ਡੀਸੀ ਮੈਂਬਰ, ਰਮੰਨਾ, ਮੁੰਨਾ, ਸੁਨੀਕਾਂ, ਮਹੇਸ਼ ਤੇ ਦਸ ਹੋਰ ਮਾਓਵਾਦੀ ਆਗੂ ਛੱਤੀਸਗੜ੍ਹ ਪੁਲਸ ਦੀ ਹਿਰਾਸਤ ਵਿੱਚ ਹਨ, ਇਨ੍ਹਾਂ ਨੂੰ ਕੱਲ੍ਹ ਛੱਤੀਸਗੜ੍ਹ ਦੇ ਜ਼ਿਲ੍ਹਾ ਬੀਜਾਪੁਰ ਦੇ ਇੰਦਰਵਤੀ ਨੈਸ਼ਨਲ ਪਾਰਕ ਦੇ ਇੱਕ ਪਿੰਡ ਵਿੱਚੋਂ ਗ੍ਰਿਫਤਾਰ ਕੀਤਾ ਗਿਆ ਹੈ।ਕੇਂਦਰੀ ਕਮੇਟੀ ਮੈਂਬਰ ਕਾਮਰੇਡ ਸੁਧਾਰਕ ਤੇ ਕਾਮਰੇਡ ਭਾਸਕਰ ਨੂੰ ਝੂਠੇ ਮੁਕਾਬਲੇ ਵਿੱਚ ਮਾਰ ਦਿੱਤਾ ਗਿਆ ਹੈ।ਲੋਕ ਸੰਗਰਾਮ ਮੋਰਚਾ ਪੰਜਾਬ ਗ੍ਰਿਫਤਾਰ ਮਾਓਵਾਦੀ ਆਗੂਆਂ ਨੂੰ ਤੁਰੰਤ ਅਦਾਲਤ ਵਿੱਚ ਪੇਸ਼ ਕਰਨ ਦੀ ਮੰਗ ਕਰਦਾ ਹੈ, ਝੂਠੇ ਮੁਕਾਬਲੇ ਬੰਦ ਕਰ ਕੇ ਮਸਲੇ ਦਾ ਹੱਲ ਗਲਬਾਤ ਰਾਹੀਂ ਹੱਲ ਕਰਨ ਦੀ ਮੰਗ ਕਰਦਾ ਹੈ।ਕੁਦਰਤੀ ਸਰੋਤਾਂ ਜਲ ਜੰਗਲ ਤੇ ਜ਼ਮੀਨ ਕੀਮਤੀ ਖਣਿਜ ਪਦਾਰਥਾਂ ਦੇ ਭੰਡਾਰਾਂ ਨੂੰ ਦੇਸ਼ੀ ਤੇ ਵਿਦੇਸ਼ੀ ਬਹੁਕੌਮੀ ਕਾਰਪੋਰੇਸ਼ਨਾਂ ਦੇ ਹਵਾਲੇ ਨਾ ਕਰਨ ਦੀ ਮੰਗ ਕਰਦਾ ਹੈ ਤੇ ਆਦਿਵਾਸੀਆਂ ਨੂੰ ਜੰਗਲਾਂ ਵਿੱਚੋਂ ਉਜਾੜਨਾ ਵੀ ਬੰਦ ਕੀਤਾ ਜਾਵੇ।

# ਯੋਗ ਆਸਣਾਂ ਨਾਲ ਲਾ-ਇਲਾਜ ਬਿਮਾਰੀਆਂ ਦਾ ਹੋ ਸਕਦੈ ਇਲਾਜ : ਯੋਗਾਚਾਰੀਆ ਡਾ. ਰਾਜ ਕੁਮਾਰ



**ਫਰੀਦਕੋਟ/ਕੋਟਕਪੂਰਾ (ਐਲਿਗਜੈਂਡਰ ਡਿਸੂਜਾ/ਰਛਪਾਲ ਭੁੱਲਰ)**-ਦਿਵਿਆ ਜਯੋਤੀ ਜਾਗ੍ਰਤੀ ਸੰਸਥਾਨ ਵੱਲੋਂ ਕੋਟਕਪੂਰਾ ਦੇ ਲਾਲਾ ਲਾਜਪਤ ਰਾਏ ਪਾਰਕ ਵਿੱਚ ਦੋ ਦਿਨਾਂ ਵਿਸ਼ਵ ਯੋਗ ਕੈਂਪ ਦੇ ਆਖਰੀ ਦਿਨ ਯੋਗਾਚਾਰੀਆ ਡਾ. ਰਾਜ ਕੁਮਾਰ ਨੇ ਸਾਰਿਆਂ ਨੂੰ ਪ੍ਰੇਰਿਤ ਕੀਤਾ ਅਤੇ ਕਿਹਾ ਕਿ ਅੱਜਕੱਲ੍ਹ ਨੌਜਵਾਨਾਂ ਨੇ ਤੰਦਰੁਸਤੀ ਲਈ ਆਧੁਨਿਕ ਤਕਨੀਕਾਂ ਨੂੰ ਅਪਣਾਉਣਾ ਸ਼ੁਰੂ ਕਰ ਦਿੱਤਾ ਹੈ।ਉਹ ਐਰੋਬਿਕਸ, ਜਿਮਨਾਸਟਿਕ, ਪਾਈਲੇਟਸ, ਡਾਂਸ ਫਾਰਮ ਜ਼ੁੰਬਾ ਤੇ ਜਿੰਮ ਜਾਣਾ ਪਸੰਦ ਕਰਦੇ ਹਨ।ਉਨ੍ਹਾਂ ਦੇ ਅਨੁਸਾਰ, ਇਹ ਤਰੀਕੇ ਉਨ੍ਹਾਂ ਨੂੰ ਤੇਜ਼ੀ ਨਾਲ ਕੈਲੋਰੀ ਘਟਾਉਣ, ਪਤਲਾ ਬਣਨ ਤੇ ਉਨ੍ਹਾਂ ਦੇ ਆਕਾਰਹੀਣ ਸਰੀਰ ਨੂੰ ਸੁੰਦਰ ਤੇ ਸੁਚੱਜਾ ਬਣਾਉਣ ਵਿੱਚ ਮਦਦ ਕਰਦੇ ਹਨ।ਉਨ੍ਹਾਂ ਕਿਹਾ ਕਿ ਤੰਦਰੁਸਤੀ ਦੀਆਂ ਆਧੁਨਿਕ ਪ੍ਰਣਾਲੀਆਂ ਸਿਰਫ ਬਾਹਰੀ ਸਰੀਰ ਨੂੰ ਮਜ਼ਬੂਤ ਬਣਾਉਂਦੀਆਂ ਹਨ।ਸਰੀਰ ਦੀਆਂ ਅੰਦਰੂਨੀ ਪ੍ਰਣਾਲੀਆਂ ਨੂੰ ਮਜ਼ਬੂਤ ਨਹੀਂ ਕੀਤਾ ਜਾ ਸਕਦਾ, ਪਰ ਯੋਗਾਸਨ ਸਾਡੇ ਸਥੂਲ ਤੇ ਸੂਖਮ ਸਰੀਰ ਦੋਵਾਂ ਨੂੰ ਪ੍ਰਭਾਵਿਤ ਕਰਦੇ ਹਨ।ਸਰੀਰ ਦੇ ਨਾਲ-ਨਾਲ ਮਨ ਵੀ ਮਜ਼ਬੂਤ ??ਹੋ ਜਾਂਦਾ ਹੈ।ਐਰੋਬਿਕਸ, ਜ਼ੁੰਬਾ ਡਾਂਸ, ਆਦਿ ਵਰਗੀਆਂ ਤੰਦਰੁਸਤੀ ਦੀਆਂ ਆਧੁਨਿਕ ਪ੍ਰਣਾਲੀਆਂ, ਹਰ ਉਮਰ ਦੇ ਲੋਕਾਂ ਜਾਂ ਮਰੀਜ਼ਾਂ ਦੁਆਰਾ ਨਹੀਂ ਕੀਤੀਆਂ ਜਾ ਸਕਦੀਆਂ, ਪਰ ਬਹੁਤ ਸਾਰੇ ਯੋਗਾਸਨ ਹਨ, ਜੋ ਹਰ ਉਮਰ ਦੇ ਲੋਕਾਂ ਤੇ ਮਰੀਜ਼ਾਂ ਦੁਆਰਾ ਆਸਾਨੀ ਨਾਲ ਕੀਤੇ ਜਾ ਸਕਦੇ ਹਨ।ਸਿਹਤ ਦੀਆਂ ਇਨ੍ਹਾਂ ਆਧੁਨਿਕ ਤਕਨੀਕਾਂ ਨਾਲ ਕਿਸੇ ਵੀ ਬਿਮਾਰੀ ਦਾ ਇਲਾਜ ਸੰਭਵ ਨਹੀਂ ਹੈ, ਪਰ ਇਨ੍ਹਾਂ ਆਸਣਾਂ ਨਾਲ ਬਹੁਤ ਸਾਰੀਆਂ ਲਾ-ਇਲਾਜ ਬਿਮਾਰੀਆਂ ਦਾ ਇਲਾਜ ਕੀਤਾ ਗਿਆ ਹੈ।ਇਸੇ ਤਰ੍ਹਾਂ ਯੋਗਾਚਾਰੀਆ ਨੇ ਲੋਕਾਂ ਨੂੰ ਵੱਖ-ਵੱਖ ਆਸਣਾਂ ਜਿਵੇਂ ਤਾੜਾਸਨ, ਭੁਜੰਗਾਸਨ, ਸਲਭਾਸਨ, ਧਨੁਰਾਸਨ, ਨੌਕਾਸਨ, ਪਰਵਤਾਸਨ, ਪਵਨਮੁਕਤਾਸਨ, ਕਪਾਲਭਾਤੀ, ਅਨੁਲੋਮ-ਵਿਲੋਮ, ਸਰਵਾਈਕਲ ਅਭਿਆਸ ਉਜੈਨ ਪ੍ਰਾਣਾਯਾਮ ਸਿੰਘਾਸਨ ਆਦਿ ਦੇ ਆਧੁਨਿਕ ਪ੍ਰਣਾਯਾਮ ਵਿੱਚ ਪ੍ਰਣਾਯਾਮ ਦੀ ਵਰਤੋਂ ਕਰਦੇ ਹੋਏ ਕਿਹਾ ਕਿ ਫਿਟਨੈੱਸ ਵਾਲੇ ਸਾਧਨਾਂ ਨਾਲ ਤੰਦਰੁਸਤੀ ਸਰੀਰਕ ਤੇ ਮਹੱਤਵਪੂਰਣ ਊਰਜਾ ਦੋਵਾਂ ਨੂੰ ਨਸ਼ਟ ਕਰਦੀ ਹੈ, ਪਰ ਯੋਗਾਸਨ ਕਰਨ ਨਾਲ, ਸਰੀਰਕ ਤੇ ਮਹੱਤਵਪੂਰਨ ਊਰਜਾ ਇਕੱਠੀ ਹੁੰਦੀ ਹੈ।ਯੋਗ ਕੈਂਪ ਦੇ ਨਾਲ-ਨਾਲ ਆਯੁਰਵੈਦਿਕ ਮੁਫ਼ਤ ਕੈਂਪ ਵੀ ਲਗਾਇਆ ਗਿਆ, ਜਿਸ ਵਿੱਚ ਵੈਦ ਰਾਜ ਕੁਮਾਰ ਨੇ ਮਰੀਜਾਂ ਦਾ ਮੁਫ਼ਤ ਚੈੱਕਅਪ ਕੀਤਾ।

## ...ਸ.ਫਾ 1 ਦੇ ਬਾਕੀ

### ਅਕਾਲੀ-ਭਾਜਪਾ ਤੇ ਕਾਂਗਰਸੀ...

ਦੇ ਪੜ੍ਹੇ-ਲਿਖੇ ਆਗੂਆਂ ਨੇ ਕਦੇ ਵੀ ਸੂਬੇ ਵਿੱਚ ਸਿੱਖਿਆ ਦੇ ਪੱਧਰ ਨੂੰ ਸੁਧਾਰਨ ਲਈ ਕੋਈ ਕਦਮ ਨਹੀਂ ਚੁੱਕਿਆ। ਉਨ੍ਹਾ ਕਿਹਾ ਕਿ ਇਸ ਦਾ ਇੱਕੋ-ਇੱਕ ਕਾਰਨ ਇਹ ਸੀ ਕਿ ਉਨ੍ਹਾਂ ਦੇ ਆਪਣੇ ਬੱਚੇ ਪਹਾੜਾਂ ਦੇ ਵੱਡੇ ਪ੍ਰਾਈਵੇਟ ਸਕੂਲਾਂ ਵਿੱਚ ਪੜ੍ਹਦੇ ਸਨ ਜਦੋਂ ਕਿ ਸਰਕਾਰੀ ਸਕੂਲਾਂ ਵਿੱਚ ਸਿਰਫ਼ ਸਧਾਰਨ ਪਰਵਾਰਾਂ ਦੇ ਬੱਚੇ ਹੀ ਪੜ੍ਹਦੇ ਸਨ। ਮਾਨ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਇਹ ਯਕੀਨੀ ਬਣਾਉਣ 'ਤੇ ਧਿਆਨ ਕੇਂਦਰਿਤ ਕਰ ਰਹੀ ਹੈ ਕਿ ਆਮ ਘਰਾਂ ਦੇ ਬੱਚਿਆਂ ਨੂੰ ਮਿਆਰੀ ਸਿੱਖਿਆ ਪ੍ਰਦਾਨ ਕਰਕੇ ਉਨ੍ਹਾਂ ਦੇ ਜੀਵਨ ਨੂੰ ਬਦਲਿਆ ਜਾ ਸਕੇ।

ਲਾਭਪਾਤਰੀਆਂ ਨੂੰ ਕਰਜ਼ਾ ਮੁਆਫ਼ੀ ਦੇ ਸਰਟੀਫਿਕੇਟ ਸੌਂਪਣ ਲਈ ਕਰਵਾਏ ਸਮਾਗਮ ਦੌਰਾਨ ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਆਮ ਆਦਮੀ ਨੂੰ ਹੋਰ ਵਧੇਰੇ ਸਮਰੱਥ ਬਣਾਉਣ ਲਈ ਮਿਸ਼ਨਰੀ ਭਾਵਨਾ ਨਾਲ ਲੋਕਾਂ ਦੀ ਸੇਵਾ ਕਰ ਰਹੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਵੱਲੋਂ ਅਮੀਰ ਲੋਕਾਂ ਦੇ ਕਰਜ਼ੇ ਮੁਆਫ਼ ਕੀਤੇ ਜਾਂਦੇ ਸਨ, ਜਦਕਿ ਗਰੀਬ ਲੋਕਾਂ ਦੀ ਭਲਾਈ ਦੀ ਕੋਈ ਪ੍ਰਵਾਹ ਨਹੀਂ ਕੀਤੀ ਜਾਂਦੀ ਸੀ। ਪੰਜਾਬ ਦੇ ਇਤਿਹਾਸ ਵਿੱਚ ਪਹਿਲੀ ਵਾਰ ਸੂਬੇ ਦੇ ਪੱਛੜੇ ਤੇ ਕਮਜ਼ੋਰ ਵਰਗਾਂ ਨੂੰ ਇਹ ਰਾਹਤ ਮਿਲੀ ਹੈ। ਉਨ੍ਹਾ ਕਿਹਾ ਕਿ ਇਹ ਇਸ ਕਰਕੇ ਸੰਭਵ ਹੋਇਆ ਹੈ ਕਿਉਂਕਿ ਪਹਿਲੀ ਵਾਰ ਸੂਬੇ ਦਾ ਬਜਟ ਆਮ ਆਦਮੀ ਦੀ ਭਲਾਈ ਲਈ ਰੱਖਿਆ ਗਿਆ ਹੈ।

ਮੁੱਖ ਮੰਤਰੀ ਨੇ ਕਿਹਾ ਕਿ 67.84 ਕਰੋੜ ਰੁਪਏ ਦੀ ਕਰਜ਼ਾ ਮੁਆਫੀ ਨਾਲ ਤਕਰੀਬਨ 4800 ਪਰਵਾਰਾਂ ਨੂੰ ਲਾਭ ਮਿਲਿਆ ਹੈ।ਉਨ੍ਹਾਂ ਕਿਹਾ ਕਿ ਇਹ ਸਕੀਮ ਸਿਰਫ਼ ਕਰਜ਼ਾ ਮੁਆਫ਼ੀ ਤੱਕ ਮਹਿਦੂਦ ਨਹੀਂ ਹੈ ਸਗੋਂ ਭਾਈਚਾਰੇ ਦਾ ਮਾਣ-ਸਨਮਾਨ ਬਹਾਲ ਕਰਨ, ਇਨਸਾਫ ਦੇਣ ਅਤੇ ਨਵੀਂ ਸ਼ੁਰੂਆਤ ਲਈ ਮੌਕੇ ਪ੍ਰਦਾਨ ਕਰਦੀ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਕਦਮ ਨੇ ਦਹਾਕਿਆਂ ਤੋਂ ਕਰਜ਼ੇ ਦੇ ਬੋਝ ਹੇਠ ਦੱਬੇ ਪਰਵਾਰਾਂ ਲਈ ਰਾਹਤ ਅਤੇ ਮਾਣ-ਸਨਮਾਨ ਵਾਲਾ ਜੀਵਨ ਜਿਉਣ ਦੀ ਨਵੀਂ ਸ਼ੁਰੂਆਤ ਕੀਤੀ ਹੈ। ਮੁੱਖ ਮੰਤਰੀ ਨੇ ਕਿਹਾ ਕਿ ਇਹ ਪਰਵਾਰ ਘਰ ਦੇ ਕਮਾਊ ਜੀਅ ਦਾ ਦੇਹਾਂਤ ਹੋ ਜਾਣ, ਲੰਬੀ ਬਿਮਾਰੀ ਕਾਰਨ ਸਾਰੀ ਬੱਚਤ ਖਤਮ ਹੋ ਜਾਣ ਜਾਂ ਆਮਦਨ ਦਾ ਕੋਈ ਹੋਰ ਵਸੀਲਾ ਨਾ ਹੋਣ ਵਰਗੀਆਂ ਪ੍ਰਸਥਿਤੀਆਂ ਕਾਰਨ ਆਪਣੇ ਕਰਜ਼ੇ ਵਾਪਸ ਨਹੀਂ ਕਰ ਸਕੇ। ਉਨ੍ਹਾ ਕਿਹਾ ਕਿ ਸੂਬਾ ਸਰਕਾਰ ਦਾ ਮੰਨਣਾ ਹੈ ਕਿ ਅਜਿਹੇ ਲੋਕਾਂ ਤੋਂ ਇਸ ਕਰਜ਼ੇ ਦੀ ਵਸੂਲੀ ਕਰਨਾ ਸਰਾਸਰ ਬੇਇਨਸਾਫ਼ੀ ਹੈ, ਜਿਸ ਕਰਕੇ ਕਰਜ਼ਾ ਮੁਆਫ ਕਰਨ ਦਾ ਫੈਸਲਾ ਕੀਤਾ ਗਿਆ।

ਇਸ ਮੌਕੇ ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ, ਡਾ. ਬਲਜੀਤ ਕੌਰ, ਹਰਭਜਨ ਸਿੰਘ ਈ.ਟੀ.ਓ., ਲਾਲ ਚੰਦ ਕਟਾਰੂਚੱਕ ਅਤੇ ਕੁਲਦੀਪ ਸਿੰਘ ਧਾਲੀਵਾਲ ਤੋਂ ਇਲਾਵਾ ਹੋਰ ਸ਼ਖ਼ਸੀਅਤਾਂ ਹਾਜ਼ਰ ਸਨ।

## ਸਰਕਾਰੀ ਬੱਸਾਂ 'ਚ ਔਰਤਾਂ ਲਈ ਮੁਫ਼ਤ ਸਫ਼ਰ ਜਾਰੀ ਰਹੇਗਾ : ਭੁੱਲਰ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਸੂਬੇ ਵਿੱਚ ਸਰਕਾਰੀ ਬੱਸਾਂ ਵਿੱਚ ਔਰਤਾਂ ਲਈ ਮੁਫਤ ਸਫਰ ਨੂੰ ਲੈ ਕੇ ਟਰਾਂਸਪੋਰਟ ਮੰਤਰੀ ਲਾਲਜੀਤ ਸਿੰਘ ਭੁੱਲਰ ਦਾ ਵੱਡਾ ਬਿਆਨ ਸਾਹਮਣੇ ਆਇਆ ਹੈ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਚੱਲ ਰਹੀਆਂ ਸਰਕਾਰੀ ਬੱਸਾਂ ਵਿੱਚ ਔਰਤਾਂ ਲਈ ਮੁਫ਼ਤ ਯਾਤਰਾ ਜਾਰੀ ਰਹੇਗੀ। ਆਧਾਰ ਕਾਰਡ 'ਤੇ ਮੁਫ਼ਤ ਬੱਸ ਸੇਵਾ ਬੰਦ ਨਹੀਂ ਕੀਤੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਹਾਲਾਂਕਿ, ਜਾਲ੍ਹੀ ਆਧਾਰ ਕਾਰਡਾਂ ਦੀ ਚੈਕਿੰਗ ਜ਼ਰੂਰ ਕੀਤੀ ਜਾਂਦੀ ਹੈ, ਨਾਲ ਹੀ ਜੇਕਰ ਗਲਤ ਪਾਇਆ ਜਾਂਦਾ ਹੈ ਤਾਂ ਇਸ ਮਾਮਲੇ ਵਿੱਚ ਕਾਰਵਾਈ ਵੀ ਕੀਤੀ ਜਾਂਦੀ ਹੈ।ਸੂਬੇ ਦੀਆਂ ਔਰਤਾਂ ਲਈ ਇਹ ਸਫਰ ਪਹਿਲਾਂ ਵਾਂਗ ਹੀ ਜਾਰੀ ਰਹੇਗੀ।ਉਨ੍ਹਾਂ ਕਿਹਾ ਕਿ ਇਸ ਸੇਵਾ ਨੂੰ ਬੰਦ ਕਰਨ ਦਾ ਸਰਕਾਰ ਦਾ ਕੋਈ ਫੈਸਲਾ ਨਹੀਂ ਹੈ।ਦੱਸ ਦੇਈਏ ਕਿ ਪੰਜਾਬ ਵਿੱਚ ਔਰਤਾਂ ਲਈ ਮੁਫ਼ਤ ਸੇਵਾ ਅਪ੍ਰੈਲ 2021 ਵਿੱਚ ਸ਼ੁਰੂ ਹੋਈ ਸੀ।ਉਸ ਸਮੇਂ ਸੂਬੇ ਵਿੱਚ ਕਾਂਗਰਸ ਦੀ ਸਰਕਾਰ ਸੀ।ਇਸ ਤੋਂ ਬਾਅਦ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਆਮ ਆਦਮੀ ਪਾਰਟੀ ਦੀ ਸਰਕਾਰ ਬਣੀ।ਇਸ ਸਰਕਾਰ ਨੇ ਇਸ ਯੋਜਨਾ ਦਾ ਵਿਸਥਾਰ ਕੀਤਾ।ਲਗਭਗ 1.40 ਕਰੋੜ ਔਰਤਾਂ ਨੇ ਇਸ ਯੋਜਨਾ ਦਾ ਲਾਭ ਉਠਾਇਆ ਹੈ।ਹਰ ਰੋਜ਼ 3 ਲੱਖ ਤੋਂ ਵੱਧ ਔਰਤਾਂ ਬੱਸ ਰਾਹੀਂ ਯਾਤਰਾ ਕਰਦੀਆਂ ਹਨ।ਇਹ ਸਹੂਲਤ ਪੰਜਾਬ ਰੋਡਵੇਜ਼, ਪਨਬੱਸ ਤੇ ਪੀ.ਆਰ.ਟੀ.ਸੀ. ਦੀਆਂ ਆਮ ਬੱਸਾਂ ਵਿੱਚ ਜਾਰੀ ਹੈ, ਪਰ ਇਹ ਸਹੂਲਤ ਏ.ਸੀ., ਵੋਲਵੋ ਤੇ ਹੋਰਾਂ 'ਤੇ ਉਪਲਬਧ ਨਹੀਂ ਹੈ।ਮੰਤਰੀ ਦਾ ਇਹ ਵੀ ਮੰਨਣਾ ਹੈ ਕਿ ਇਸ ਯੋਜਨਾ ਵਿੱਚ ਨਕਲੀ ਆਧਾਰ ਕਾਰਡ ਸਭ ਤੋਂ ਵੱਡੀ ਸਮੱਸਿਆ ਹਨ। ਕਿਉਂਕਿ ਇਹ ਦੇਖਿਆ ਜਾ ਰਿਹਾ ਹੈ ਕਿ ਕੁਝ ਲੋਕ ਨਕਲੀ ਆਧਾਰ ਕਾਰਡ ਵਰਤਦੇ ਹਨ।ਕਈ ਥਾਵਾਂ 'ਤੇ ਮਾਮਲੇ ਵੀ ਸਾਹਮਣੇ ਆਏ ਹਨ।ਇਸ ਤੋਂ ਬਾਅਦ, ਸਰਕਾਰ ਇੱਕ ਨਵੀਂ ਤਕਨੀਕ 'ਤੇ ਕੰਮ ਕਰ ਰਹੀ ਹੈ, ਜਿਸ ਵਿੱਚ ਆਧਾਰ ਕਾਰਡ ਦੀ ਮੌਕੇ 'ਤੇ ਜਾਂਚ ਕੀਤੀ ਜਾ ਸਕਦੀ ਹੈ ਕਿ ਇਹ ਸਹੀ ਹੈ ਜਾਂ ਗਲਤ।ਹਾਲਾਂਕਿ, ਹੁਣ ਤੱਕ ਕੰਡਕਟਰ ਲਈ ਮੌਕੇ 'ਤੇ ਇਸ ਬਾਰੇ ਪਤਾ ਲਗਾਉਣਾ ਮੁਸ਼ਕਲ ਹੈ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by **Gurmit Singh Shugli** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: **Chand Singh @ Chand Fatehpuri**
ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ **ਗੁਰਮੀਤ ਸਿੰਘ ਸ਼ੁਗਲੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।
**ਫੋਨ ਨੰਬਰ ਪ੍ਰਬੰਧਕੀ ਵਿਭਾਗ** : 0181-5097300, **ਸਮਾਚਾਰ ਵਿਭਾਗ** : 0181-5097310, **ਈ-ਮੇਲ** : nawanzamana@gmail.com * **Web** : www.nawanzamana.in

# ਸਰਵ ਆਂਗਣਵਾੜੀ ਵਰਕਰ ਹੈਲਪਰ ਯੂਨੀਅਨ ਵੱਲੋਂ ਲੁਧਿਆਣਾ 'ਚ ਰੋਸ ਪ੍ਰਦਰਸ਼ਨ ਕਰਨ ਦਾ ਫੈਸਲਾ

**ਅਜਨਾਲਾ (ਸੁਖਤਿੰਦਰ ਸਿੰਘ ਰਾਜੂ)**- ਸਰਵ ਆਂਗਣਵਾੜੀ ਵਰਕਰ ਹੈਲਪਰ ਯੂਨੀਅਨ ਦੀ ਪੰਜਾਬ ਪ੍ਰਧਾਨ ਮੈਡਮ ਬਲਵਿੰਦਰਜੀਤ ਕੌਰ ਛੀਨਾ ਵੱਲੋਂ ਪ੍ਰੈੱਸ ਨੂੰ ਜਾਣਕਾਰੀ ਦਿੱਤੀ ਗਈ ਕਿ ਸਰਕਾਰ ਵੱਲੋਂ ਕਾਫੀ ਲੰਬੇ ਸਮੇਂ ਤੋਂ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਦੀਆਂ ਮੰਗਾਂ ਨੂੰ ਅੱਖੋਂ ਪਰੋਖੇ ਕੀਤਾ ਜਾ ਰਿਹਾ ਹੈ ਜਿਸ ਕਾਰਨ ਸੂਬੇ ਭਰ ਦੀਆਂ ਆਂਗਣਵਾੜੀ ਵਰਕਰਾਂ ਹੈਲਪਰਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ।



ਜਥੇਬੰਦੀ ਵੱਲੋਂ ਲੁਧਿਆਣਾ ਪੱਛਮੀ ਵਿਖੇ ਵਿਸ਼ਾਲ ਰੋਸ ਪ੍ਰਦਰਸ਼ਨ ਕਰਨ ਦਾ ਐਲਾਨ ਕਰ ਦਿੱਤਾ ਹੈ। ਪੰਜਾਬ ਪ੍ਰਧਾਨ ਮੈਡਮ ਛੀਨਾ ਨੇ ਦੱਸਿਆ ਕਿ ਅਣਗਿਣਤ ਵਾਰ ਮੁੱਖ ਮੰਤਰੀ ਕੋਲੋਂ ਮੀਟਿੰਗ ਦੇ ਸਮੇਂ ਦੀ ਮੰਗ ਕੀਤੀ ਗਈ ਹੈ ਤਾਂ ਕਿ ਬੱਚਿਆਂ ਮਸਲਿਆਂ ਨੂੰ ਬੈਠ ਕੇ ਸੁਲਝਾਇਆ ਜਾ ਸਕੇ ਪਰ ਪੰਜਾਬ ਸਰਕਾਰ ਦੇ ਕੰਨ 'ਤੇ ਜੂੰ ਤੱਕ ਨਹੀਂ ਸਰਕਦੀ, ਜਿਸ ਕਰਕੇ 13 ਜੂਨ ਨੂੰ ਲੁਧਿਆਣਾ ਪੱਛਮੀ ਵਿਖੇ ਇੱਕ ਵਿਸ਼ਾਲ ਪੱਧਰ ਤੇ ਇਕੱਠ ਕਰਕੇ ਸਰਕਾਰ ਦੇ ਖਿਲਾਫ ਨਾਅਰੇਬਾਜ਼ੀ ਕੀਤੀ ਜਾਵੇਗੀ।



# ਪਿਰਥੀਪਾਲ ਸਿੰਘ ਮਾੜੀਮੇਘਾ ਵੱਲੋਂ ਸਾਥੀ ਬਲਬੀਰ ਸਿੰਘ ਧੂੰਦਾ ਦੇ ਪਰਿਵਾਰ ਨਾਲ ਦੁੱਖ ਦਾ ਪ੍ਰਗਟਾਵਾ

**ਫਤਿਆਬਾਦ (ਨਜ਼ਮ)**- ਕੁੱਲ ਹਿੰਦ ਕਿਸਾਨ ਸਭਾ ਪਿੰਡ ਧੂੰਦਾ ਦੇ ਆਗੂ ਬਲਬੀਰ ਸਿੰਘ ਦੀ ਪਿਛਲੇ ਦਿਨੀਂ ਮੌਤ ਹੋ ਗਈ ਸੀ।ਕਾਮਰੇਡ ਬਲਬੀਰ ਸਿੰਘ ਸੀਪੀਆਈ ਦੇ ਸਰਗਰਮ ਮੈਂਬਰ ਸਨ ਅਤੇ ਉਨ੍ਹਾਂ ਨੇ ਪਾਰਟੀ ਦਾ ਨਿਧੜਕ ਹੋ ਪ੍ਰਚਾਰ ਤੇ ਪਸਾਰ ਕਰਨ ਵਿੱਚ ਪੂਰੀ ਤਨਦੇਹੀ ਨਾਲ ਕੰਮ ਕੀਤਾ ਹੈ।ਉਨ੍ਹਾਂ ਦੇ ਪਰਿਵਾਰ ਨਾਲ ਦੁੱਖ ਸਾਂਝਾ ਕਰਨ ਵਾਸਤੇ ਸੀਪੀਆਈ ਦੇ ਕੌਮੀ ਕੌਂਸਲ ਮੈਂਬਰ ਪਿਰਥੀਪਾਲ ਸਿੰਘ ਮਾੜੀਮੇਘਾ ਵਿਸ਼ੇਸ਼ ਤੌਰ 'ਤੇ ਸ. ਧੂੰਦਾ ਦੇ ਘਰ ਪਹੁੰਚੇ।ਮੌਕੇ 'ਤੇ ਕੁੱਲ ਹਿੰਦ ਕਿਸਾਨ ਸਭਾ ਦੇ ਜ਼ਿਲ੍ਹਾ ਸਰਪ੍ਰਸਤ ਬਲਦੇਵ ਸਿੰਘ ਧੂੰਦਾ, ਸੀਪੀਆਈ ਖਡੂਰ ਸਾਹਿਬ ਬਲਾਕ ਦੇ ਆਗੂ ਬਲਜੀਤ ਸਿੰਘ ਫਤਿਆਬਾਦ ਤੇ ਸਰਬ ਭਾਰਤ ਨੌਜਵਾਨ ਸਭਾ ਦਾ ਜ਼ਿਲ੍ਹਾ ਆਗੂ ਗੁਰਚਰਨ ਸਿੰਘ ਕੰਡਾ ਵੀ ਹਾਜ਼ਰ ਸਨ।ਮਾੜੀਮੇਘਾ ਨੇ ਕਿਹਾ ਕਿ ਮਰਹੂਮ ਬਲਬੀਰ ਸਿੰਘ ਦੀ ਮੌਤ ਨਾਲ ਪਰਿਵਾਰ ਨੂੰ ਤਾਂ ਘਾਟਾ ਪਿਆ ਹੀ ਹੈ ਪਰ ਪਾਰਟੀ ਤੋਂ ਵੀ ਇੱਕ ਸਰਗਰਮ ਸਾਥੀ ਵਿੱਛੜ ਗਿਆ ਹੈ। ਬਲਬੀਰ ਸਿੰਘ ਨੇ ਕਿਸਾਨਾਂ ਵੱਲੋਂ ਦਿੱਲੀ ਦੇ ਬਾਰਡਰ 'ਤੇ ਲੱਗੇ ਮੋਰਚੇ ਵਿੱਚ ਲੰਮਾਂ ਸਮਾਂ ਹਾਜ਼ਰੀ ਭਰੀ ਸੀ।ਸਾਰੇ ਪਰਿਵਾਰ ਤੇ ਕਾਮਰੇਡਾਂ ਦੀ ਹਾਜ਼ਰੀ ਵਿੱਚ ਬਲਬੀਰ ਸਿੰਘ ਦੇ ਪੁੱਤਰ ਨਿਸ਼ਾਨ ਸਿੰਘ ਨੂੰ ਸੀਪੀਆਈ ਦਾ ਮੈਂਬਰ ਲਿਆ ਗਿਆ।ਆਸ ਹੈ ਕਿ ਨਿਸ਼ਾਨ ਸਿੰਘ ਆਪਣੇ ਪਿਤਾ ਦੇ ਰਹਿੰਦੇ ਕਾਜ ਨੂੰ ਪੂਰਾ ਕਰਨ ਵਾਸਤੇ ਪਾਰਟੀ ਤੇ ਸਰਬ ਭਾਰਤ ਨੌਜਵਾਨ ਸਭਾ ਵਿੱਚ ਸਰਗਰਮੀ ਨਾਲ ਕੰਮ ਕਰਗੇ।ਕਾਮਰੇਡ ਬਲਬੀਰ ਸਿੰਘ ਦੇ ਪਰਿਵਾਰ ਵੱਲੋਂ ਅਖੰਡ ਪਾਠ ਸਾਹਿਬ ਰਖ ਪਵਾਉਣ ਤੋਂ ਬਾਅਦ 10 ਜੂਨ ਨੂੰ ਗੁਰਦੁਆਰਾ ਭਾਈ ਖਾਨ ਸ਼ਾਹ ਵਿਖੇ ਪਾਰਟੀ ਵੱਲੋਂ ਸ਼ਰਧਾਂਜਲੀ ਸਮਾਗਮ ਹੋਵੇਗਾ।ਬਲਬੀਰ ਸਿੰਘ ਨੂੰ ਸ਼ਰਧਾਂਜਲੀ ਅਰਪਿਤ ਕਰਨ ਲਈ ਜ਼ਿਲ੍ਹਾ, ਇਲਾਕਾਈ ਅਤੇ ਸੂਬਾਈ ਆਗੂ ਪਹੁੰਚ ਰਹੇ ਹਨ।

# ਪੰਜਾਬ ਸਰਕਾਰ ਦੀ ਲੈਂਡ ਪੂਲਿੰਗ ਪਾਲਿਸੀ ਵਿਰੁੱਧ ਕਿਸਾਨਾਂ 'ਚ ਡਾਢਾ ਰੋਸ : ਡਾ. ਅਜਨਾਲਾ

**● ਸੰਯੁਕਤ ਕਿਸਾਨ ਮੋਰਚਾ 'ਚ ਸ਼ਾਮਿਲ ਕਿਸਾਨ ਜਥੇਬੰਦੀਆਂ ਨੇ ਕੀਤੀ ਸਾਂਝੀ ਕਨਵੈਨਸ਼ਨ**



**ਅਜਨਾਲਾ (ਸੁਖਤਿੰਦਰ ਸਿੰਘ ਰਾਜੂ)**- ਕਿਸਾਨਾਂ ਤੇ ਇਲਾਕੇ ਦੇ ਹੋਰ ਕਾਰੋਬਾਰੀ ਲੋਕਾਂ ਵਿੱਚ ਪੰਜਾਬ ਸਰਕਾਰ ਦੀ ਲੈਂਡ ਪੂਲਿੰਗ ਪਾਲਿਸੀ ਵਿਰੁੱਧ ਡਾਢਾ ਗੁੱਸਾ ਪਾਇਆ ਜਾ ਰਿਹਾ ਹੈ।ਇਸ ਸਬੰਧੀ ਅਜਨਾਲਾ ਵਿਖੇ ਸੰਯੁਕਤ ਕਿਸਾਨ ਮੋਰਚਾ 'ਚ ਸ਼ਾਮਿਲ ਕਿਸਾਨ ਜਥੇਬੰਦੀਆਂ ਜਮਹੂਰੀ ਕਿਸਾਨ ਸਭਾ ਪੰਜਾਬ ਅਤੇ ਕਿਰਤੀ ਕਿਸਾਨ ਯੂਨੀਅਨ ਪੰਜਾਬ ਵੱਲੋਂ ਸਾਂਝੀ ਪ੍ਰੈੱਸ ਕਾਨਫਰੰਸ ਕੀਤੀ ਗਈ ਜਿਸ ਨੂੰ ਸੰਬੋਧਨ ਕਰਦਿਆਂ ਡਾਕਟਰ ਸਤਨਾਮ ਸਿੰਘ ਅਜਨਾਲਾ ਤੇ ਧਨਵੰਤ ਸਿੰਘ ਖਤਰਾਏ ਕਲਾਂ ਨੇ ਦੱਸਿਆ ਕਿ ਪੰਜਾਬ ਛੋਟਾ ਸੂਬਾ ਹੋਣ ਦੇ ਬਾਵਜੂਦ ਵੀ ਕੇਂਦਰੀ ਅਨਾਜ ਭੰਡਾਰ ਵਿੱਚ ਵੱਡਾ ਯੋਗਦਾਨ ਪਾ ਰਿਹਾ ਹੈ ਪ੍ਰੰਤੂ ਕੇਂਦਰ ਤੇ ਸੂਬਾ ਸਰਕਾਰਾਂ ਮਜਿਠੀਆ ਕਿਸਾਨ ਤੇ ਲੋਕ ਵਿਰੋਧੀ ਪਾਲਸੀਆਂ ਸਮੇਂ ਸਮੇਂ 'ਤੇ ਲਿਆ ਰਹੀਆਂ ਹਨ, ਜਿਸ ਕਾਰਨ ਪੰਜਾਬ ਦੀ 105 ਲੱਖ ਏਕੜ ਜ਼ਰਖੇਜ਼ ਭੂਮੀ ਨੂੰ ਭਾਰਤ ਮਾਲਾ ਜਿਹੇ ਪ੍ਰੋਜੈਕਟ ਅਤੇ ਲੈਂਡ ਪੂਲਿੰਗ ਰਾਹੀਂ ਕਰੀਬ 9.29 ਲੱਖ ਏਕੜ ਜ਼ਰਖੇਜ਼ ਭੂਮੀ ਨੂੰ ਖੇਤੀ ਬੱਲਿਓਂ ਬਾਹਰ ਕੱਢ ਕੇ ਪੰਜਾਬ ਦੀ ਕਿਸਾਨੀ ਅਤੇ ਸੂਬੇ ਦੀ ਆਰਥਿਕਤਾ ਨੂੰ ਕਮਜ਼ੋਰ ਕਰਨ ਦੇ ਰਾਹ ਤੇ ਤੁਰੀਆਂ ਹੋਈਆਂ ਹਨ।ਉਨ੍ਹਾਂ ਦੱਸਿਆ ਕਿ ਆਗੂਆਂ ਨੇ ਪ੍ਰੈੱਸ ਨੁਮਾਇੰਦਿਆਂ ਨੂੰ ਦੱਸਿਆ ਕਿ ਸ਼ਹਿਰਾਂ ਲਈ ਜ਼ਮੀਨਾਂ ਲੈਣ ਲਈ ਤਾਂ ਕੁਝ ਥੱਟ ਵੱਧ ਪੈਸੇ ਦਿੱਤੇ ਗਏ ਪ੍ਰੰਤੂ ਲੈਂਡ ਪੂਲਿੰਗ ਵਿੱਚ ਕਿਸਾਨ ਨੂੰ ਕੋਈ ਪੈਸਾ ਨਹੀਂ ਦੇਣਾ ਸਿਰਫ ਸਬਜ਼ਬਾਗ ਵਿਖਾਏ ਜਾ ਰਹੇ ਹਨ ਕਿ ਇੱਕ ਏਕੜ 4840 ਵਰਗ ਗਜ਼ ਜ਼ਮੀਨ ਦੇਣ ਲਈ ਜਦੋਂ ਕਦੋਂ ਪਤਾ ਨਹੀਂ ਕਦੋਂ ਪ੍ਰੋਜੈਕਟ ਵਿਕਸਿਤ ਹੋਵੇਗਾ 1000 ਗਜ਼ ਘਰ ਬਣਾਉਣ ਤੇ 200 ਗਜ਼ ਪ੍ਰੋਜੈਕਟ ਵਿਕਸਿਤ ਕਮਰਸ਼ੀਅਲ ਪਲਾਟ ਦਿੱਤਾ ਜਾਵੇਗਾ।ਪੰਜਾਬ ਸਰਕਾਰ ਨੇ ਦੇਖੋ ਕਿਸ ਤਰ੍ਹਾਂ ਅਖਬਾਰਾਂ ਵਿੱਚ ਸਬਜ਼ਬਾਗ ਵਿਖਾਏ ਹਨ ਤੇ ਕਿਸਾਨਾਂ ਨਾਲ ਦਿਨ ਦੀਵੀਂ ਠੱਗੀ ਮਾਰ ਰਹੇ ਹਨ ਪ੍ਰੰਤੂ ਅਜਿਹਾ ਬਰਦਾਸ਼ਤ ਨਹੀਂ ਕੀਤਾ ਜਾਵੇਗਾ।ਕਿਸਾਨ ਆਗੂਆਂ ਨੇ ਅੱਗੇ ਦੱਸਿਆ ਕਿ ਤੁਰੰਤ ਐਸਕੇਐਮ 'ਚ ਸ਼ਾਮਿਲ ਅੰਮ੍ਰਿਤਸਰ ਜ਼ਿਲ੍ਹੇ ਦੀਆਂ ਕਿਸਾਨ ਜਥੇਬੰਦੀਆਂ ਦੀ ਮੀਟਿੰਗ ਬੁਲਾ ਕੇ ਫੈਸਲਾ ਲਿਆ ਜਾਵੇਗਾ ਪਹਿਲੇ ਪੜਾਅ 'ਚ ਅੰਮ੍ਰਿਤਸਰ ਜ਼ਿਲ੍ਹੇ ਦੀ 4464 ਏਕੜ ਜ਼ਮੀਨ ਜਿਨਾਂ ਪਿੰਡਾਂ ਦੀ ਆਉਂਦੀ ਹੈ ਉਨ੍ਹਾਂ ਦੀ ਕਨਵੈਨਸ਼ਨ ਕਰਕੇ ਪਿੰਡਾਂ ਦੀਆਂ ਪੰਚਾਇਤਾਂ ਦਾ ਲੈਂਡ ਪੂਲਿੰਗ ਪਾਲਸੀ ਵਿਰੁੱਧ ਮਤੇ ਪਾਏ ਜਾਣਗੇ ਅਤੇ ਉਪਰੰਤ ਜਦ ਵੀ ਇਹ ਸਕੀਮ ਲਈ ਜ਼ਮੀਨ ਲੈਣ ਪਿੰਡਾਂ ਵਿੱਚ ਅਧਿਕਾਰੀ ਆਉਣਗੇ ਡੱਟ ਕੇ ਵਿਰੋਧ ਕੀਤਾ ਜਾਵੇਗਾ।ਪ੍ਰੈੱਸ ਮਿਲਣੀ 'ਚ ਕਾਫੀ ਸਾਰਥਕ ਸਵਾਲ ਜਵਾਬ ਹੋਏ।ਇਸ ਸਮੇਂ ਹੋਰਨਾਂ ਤੋਂ ਇਲਾਵਾ ਕਿਰਤੀ ਕਿਸਾਨ ਯੂਨੀਅਨ ਪੰਜਾਬ ਯੂਥ ਵਿੰਗ ਦੇ ਸੂਬਾ ਪ੍ਰਧਾਨ ਗੁਰਿੰਦਰ ਸਿੰਘ ਬਾਠ, ਮਾਸਟਰ ਅਜੀਤ ਸਿੰਘ ਸੰਗਤਪੁਰਾ, ਰੇਸ਼ਮ ਸਿੰਘ ਅਜਨਾਲਾ, ਵਿਜੇ ਸ਼ਾਹ ਧਾਲੀਵਾਲ, ਦਵਿੰਦਰ ਸਿੰਘ ਕਿਆੜ ਨੇ ਸਵਾਲਾਂ ਜਵਾਬਾਂ ਵਿੱਚ ਹਿੱਸਾ ਲਿਆ।ਪ੍ਰੈੱਸ ਮਿਲਣੀ ਉਪਰੰਤ ਮੁੱਖ ਮੰਤਰੀ ਭਗਵੰਤ ਮਾਨ ਦੀ ਕਿਸਾਨ ਤੇ ਲੋਕ ਵਿਰੋਧੀ ਲੈਂਡ ਪੂਲਿੰਗ ਨੀਤੀ ਵਿਰੁੱਧ ਜੰਮ ਕੇ ਨਾਅਰੇਬਾਜ਼ੀ ਕੀਤੀ ਗਈ ਤੇ ਜ਼ੋਰਦਾਰ ਆਵਾਜ਼ 'ਚ ਕਿਹਾ ਗਿਆ ਕਿ ਇਹ ਕਿਸਾਨ ਲੋਕ ਮਾਰੂ ਨੀਤੀ ਤੁਰੰਤ ਵਾਪਸ ਲਈ ਜਾਵੇ।

# ਪੱਛੜੀਆਂ ਸ਼੍ਰੇਣੀਆਂ ਤੇ ਆਰਥਿਕ ਤੌਰ 'ਤੇ ਕਮਜ਼ੋਰ ਵਰਗਾਂ ਦੇ ਲਾਭਪਾਤਰੀਆਂ ਲਈ 16.36 ਕਰੋੜ ਦੀ ਰਾਸ਼ੀ ਜਾਰੀ : ਸ਼ੈਰੀ ਕਲਸੀ

**● ਕਿਹਾ : ਸੂਬਾ ਸਰਕਾਰ ਵੱਲੋਂ ਅਸ਼ੀਰਵਾਦ ਸਕੀਮ ਤਹਿਤ 51000 ਰੁਪਏ ਦੀ ਰਾਸ਼ੀ ਕਰਵਾਈ ਜਾਂਦੀ ਹੈ ਮੁਹੱਈਆ**

**ਬਟਾਲਾ (ਡਾ. ਮਲਵਿੰਦਰ ਸਿੰਘ)**- ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸੂਬੇ ਦੀ ਮਾਨ ਸਰਕਾਰ ਵੱਲੋਂ ਸੂਬਾ ਵਾਸੀਆਂ ਨੂੰ ਵੱਡੀ ਰਾਹਤ ਦਿੰਦਿਆਂ ਅਸ਼ੀਰਵਾਦ ਸਕੀਮ ਤਹਿਤ ਚਾਲੂ ਵਿੱਤੀ ਸਾਲ 2025-26 ਦੌਰਾਨ ਪੱਛੜੀਆਂ ਸ਼੍ਰੇਣੀਆਂ ਅਤੇ ਆਰਥਿਕ ਤੌਰ ਤੇ ਕਮਜ਼ੋਰ ਵਰਗਾਂ ਦੇ 3207 ਲਾਭਪਾਤਰੀਆਂ ਨੂੰ 16.36 ਕਰੋੜ ਰੁਪਏ ਦੀ ਰਾਸ਼ੀ ਜਾਰੀ ਕੀਤੀ ਗਈ ਹੈ।ਉਨ੍ਹਾਂ ਦੱਸਿਆ ਕਿ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਵਿਭਾਗ ਵਲੋਂ ਪੱਛੜੀਆਂ ਸ਼੍ਰੇਣੀਆਂ ਅਤੇ ਆਰਥਿਕ ਤੌਰ 'ਤੇ ਕਮਜ਼ੋਰ ਵਰਗਾਂ ਲਈ ਅਸ਼ੀਰਵਾਦ ਸਕੀਮ ਅਧੀਨ ਜ਼ਿਲ੍ਹਾ ਬਰਨਾਲਾ, ਬਠਿੰਡਾ, ਫਰੀਦਕੋਟ, ਸ੍ਰੀ ਫਤਹਿਗੜ੍ਹ ਸਾਹਿਬ, ਫਾਜ਼ਿਲਕਾ, ਗੁਰਦਾਸਪੁਰ, ਹੁਸ਼ਿਆਰਪੁਰ, ਜਲੰਧਰ, ਕਪੂਰਥਲਾ, ਮਾਨਸਾ, ਮੋਗਾ, ਸ੍ਰੀ ਮੁਕਤਸਰ ਸਾਹਿਬ, ਪਟਿਆਲਾ, ਪਠਾਨਕੋਟ, ਐੱਸਏਐੱਸ ਨਗਰ, ਸੰਗਰੂਰ, ਮਾਲੇਰਕੋਟਲਾ ਅਤੇ ਤਰਨਤਾਰਨ ਦੇ ਪੱਛੜੀਆਂ ਸ਼੍ਰੇਣੀਆਂ ਅਤੇ ਆਰਥਿਕ ਤੌਰ ਤੇ ਕਮਜ਼ੋਰ ਵਰਗਾਂ ਦੇ ਕੁੱਲ 3207 ਲਾਭਪਾਤਰੀਆਂ ਦੀਆਂ ਦਰਖਾਸਤਾਂ ਚਾਲੂ ਸਾਲ ਦੌਰਾਨ ਅਸ਼ੀਰਵਾਦ ਪੋਰਟਲ 'ਤੇ ਪ੍ਰਾਪਤ ਹੋਈਆਂ ਸਨ।ਇਨਾਂ 3207 ਲਾਭਪਾਤਰੀਆਂ ਨੂੰ ਕਵਰ ਕਰਨ ਲਈ 16.36 ਕਰੋੜ ਰੁਪਏ ਦੀ ਰਾਸ਼ੀ ਜਾਰੀ ਕੀਤੀ ਗਈ ਹੈ।ਵਿਧਾਇਕ ਸ਼ੈਰੀ ਕਲਸੀ ਨੇ ਦੱਸਿਆ ਕਿ ਇਸ ਰਾਸ਼ੀ ਨਾਲ ਜ਼ਿਲ੍ਹਾ ਬਰਨਾਲਾ ਦੇ 94, ਬਠਿੰਡਾ ਦੇ 219, ਫਰੀਦਕੋਟ ਦੇ 80, ਫਤਹਿਗੜ੍ਹ ਸਾਹਿਬ ਦੇ 41, ਫਾਜ਼ਿਲਕਾ ਦੇ 137, ਗੁਰਦਾਸਪੁਰ ਦੇ 135, ਹੁਸ਼ਿਆਰਪੁਰ ਦੇ 602, ਜਲੰਧਰ ਦੇ 123, ਕਪੂਰਥਲਾ ਦੇ 27 ਲਾਭਪਾਤਰੀਆਂ ਨੂੰ ਵਿੱਤੀ ਲਾਭ ਦਿੱਤਾ ਗਿਆ ਹੈ।ਉਨ੍ਹਾਂ ਨੇ ਅੱਗੇ ਦੱਸਿਆ ਕਿ ਅਸ਼ੀਰਵਾਦ ਸਕੀਮ ਤਹਿਤ ਸੂਬਾ ਸਰਕਾਰ ਵੱਲੋਂ ਰਾਜ ਵਿੱਚ ਘੱਟ ਆਮਦਨੀ ਵਾਲੇ ਪਰਿਵਾਰ ਨਾਲ ਸਬੰਧਤ ਲੜਕੀਆਂ ਦੇ ਵਿਆਹ ਲਈ 51,000 ਰੁਪਏ ਦੀ ਵਿੱਤੀ ਸਹਾਇਤਾ ਦਿੱਤੀ ਜਾਂਦੀ ਹੈ।ਵਿਧਾਇਕ ਸ਼ੈਰੀ ਕਲਸੀ ਨੇ ਅੱਗੇ ਦੱਸਿਆ ਕਿ ਵਿੱਤੀ ਸਹਾਇਤਾ ਦੀ ਅਦਾਇਗੀ ਸਿੱਧੀ ਲਾਭਪਾਤਰੀਆਂ ਦੇ ਬੈਂਕ ਖਾਤਿਆਂ ਵਿੱਚ ਕੀਤੀ ਜਾਂਦੀ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਹਰ ਵਰਗ ਦੇ ਲੋਕਾਂ ਦਾ ਜੀਵਨ ਪੱਧਰ ਉੱਚਾ ਚੁੱਕਣ ਅਤੇ ਉਨ੍ਹਾਂ ਨੂੰ ਆਰਥਿਕ ਤੌਰ 'ਤੇ ਹੋਰ ਮਜ਼ਬੂਤ ਕਰਨ ਲਈ ਤੇਜ਼ੀ ਨਾਲ ਕੰਮ ਕਰ ਰਹੀ ਹੈ।



# ਕਾਂਗਰਸ ਦੀ ਸੰਵਿਧਾਨ ਬਚਾਓ ਰੈਲੀ ਸੰਬੰਧੀ ਕੱਥੂਨੰਗਲ 'ਚ ਮੀਟਿੰਗ



**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**- ਹਲਕਾ ਮਜੀਠਾ ਦੇ ਪਿੰਡ ਕੱਥੂਨੰਗਲ ਵਿੱਚ ਹੋ ਰਹੀ 15 ਜੂਨ ਐਤਵਾਰ 2 ਵਜੇ ਸੰਵਿਧਾਨ ਬਚਾਓ ਰੈਲੀ ਲਈ ਜੋ ਹਲਕਾ ਮਜੀਠਾ ਦੇ ਕਾਂਗਰਸ ਦੇ ਇੰਚਾਰਜ ਭਗਵੰਤ ਪਾਲ ਸਿੰਘ ਸੱਚਰ ਦੀ ਅਗਵਾਈ ਵਿੱਚ ਹੋ ਰਹੀ ਹੈ, ਉਸ ਸਬੰਧੀ ਸੱਚਰ ਦੇ ਆਪਣੇ ਜੱਦੀ ਪਿੰਡ ਕੱਥੂਨੰਗਲ ਦੇ ਸਾਬਕਾ ਵਿਧਾਇਕ ਸਵਿੰਦਰ ਸਿੰਘ ਕੱਥੂਨੰਗਲ ਤੇ ਸਮੂਹ ਪਿੰਡ ਵਾਸੀਆਂ ਨੇ ਇਕਜੁੱਟਤਾ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਅਸੀਂ ਪਿੰਡ ਵਾਸੀ ਆਪਣੇ ਪਿੰਡ ਦੇ ਆਗੂ ਭਗਵੰਤਪਾਲ ਸਿੰਘ ਸੱਚਰ ਦੀ ਅਗਵਾਈ ਵਿੱਚ ਵੱਡੀ ਗਿਣਤੀ ਵਿੱਚ ਸ਼ਾਮਲ ਹੋਵਾਂਗੇ। ਇਸ ਮੌਕੇ ਸੰਬੋਧਨ ਕਰਦਿਆਂ ਸਾਬਕਾ ਵਿਧਾਇਕ ਸਵਿੰਦਰ ਸਿੰਘ ਕੱਥੂਨੰਗਲ ਨੇ ਕਿਹਾ ਕਿ ਇਹ ਸਾਡਾ ਸਾਰਿਆਂ ਦਾ ਫਰਜ਼ ਬਣਦਾ ਹੈ ਕਿ ਆਈ ਹੋਈ ਸੀਨੀਅਰ ਲੀਡਰਸ਼ਿਪ ਨੂੰ ਆਪਣੇ ਨੌਜਵਾਨ ਆਗੂ ਭਗਵੰਤਪਾਲ ਸਿੰਘ ਸੱਚਰ ਦੀ ਮਕਬੂਲੀਅਤ ਤੋਂ ਜਾਣੂ ਕਰਵਾਈਏ। ਇਸ ਮੌਕੇ ਭਗਵੰਤਪਾਲ ਸਿੰਘ ਸੱਚਰ ਨੇ ਭਾਵੁਕ ਹੁੰਦਿਆਂ ਕਿਹਾ ਕਿ ਮੈਨੂੰ ਹਮੇਸ਼ਾ ਆਪਣੇ ਪਿੰਡ ਵਾਸੀਆਂ 'ਤੇ ਮਾਣ ਰਿਹਾ ਹੈ। ਜਦ ਮੈਂ ਜ਼ਿਲਾ ਪ੍ਰੀਸ਼ਦ ਦੀ ਚੋਣ ਲੜੀ ਸੀ ਤਾਂ ਮੇਰੇ ਪਿੰਡ ਨੇ ਇੱਕ ਪਾਸੜ ਹੋ ਕੇ ਮੇਰੇ ਹੱਕ ਵਿੱਚ ਵੋਟਾਂ ਪਾਈਆਂ ਸਨ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸੀਨੀਅਰ ਕਾਂਗਰਸੀ ਆਗੂ ਝਿਲਮਲ ਸਿੰਘ ਸਾਧਪੁਰ, ਸਰਪੰਚ ਜਤਿੰਦਰ ਸਿੰਘ ਕੱਥੂਨੰਗਲ,

**ਮੈਨੂੰ ਆਪਣੇ ਪਿੰਡ ਵਾਲਿਆਂ 'ਤੇ ਪੂਰਾ ਮਾਣ ਹੈ : ਸੱਚਰ**

ਭੁਪਿੰਦਰ ਸਿੰਘ ਸੱਚਰ, ਬਲਰਾਮ ਕੁਮਾਰ, ਸੁਲੱਖਣ ਸਿੰਘ ਕੱਥੂਨੰਗਲ, ਡਾਕਟਰ ਸੁਖਵਿੰਦਰ ਸਿੰਘ ਰੰਧਾਵਾ, ਡਾਕਟਰ ਮੋਹਨ ਸਿੰਘ ਦਿਲਬਾਗ ਸਿੰਘ, ਅਵਤਾਰ ਸਿੰਘ ਬਿਕਰਮ ਸਿੰਘ, ਜਸਵਿੰਦਰ ਸਿੰਘ, ਜਸਵਿੰਦਰ ਸਿੰਘ, ਸੂਰਜ ਪ੍ਰਕਾਸ਼, ਜਰਨੈਲ ਸਿੰਘ ਤੱਗੜ, ਜਤਿੰਦਰ ਸਿੰਘ ਸ਼ਕਤੀ ਕੁਲਦੀਪ ਸਿੰਘ, ਕੁਲਦੀਪ ਸਿੰਘ ਲਾਟੂ, ਟੋਨੀ, ਸੁਖਵਿੰਦਰ ਸਿੰਘ ਬਖਸ਼ਦੇਵ ਸਿੰਘ, ਅਮਨ ਰੰਧਾਵਾ, ਮਹਿੰਦਰ ਸਿੰਘ ਸੇਵਾਮੁਕਤ ਇੰਸਪੈਕਟਰ, ਸੈਮੂਅਲ ਗਿੱਲ, ਨੰਬਰਦਾਰ ਦਲਬੀਰ ਸਿੰਘ, ਦਲਵਿੰਦਰ ਸਿੰਘ ਰੰਧਾਵਾ, ਭੁਪਿੰਦਰ ਸਿੰਘ ਨੰਬਰਦਾਰ, ਤਿਲਕਰਾਜ, ਬਲਦੇਵ ਸਿੰਘ ਬੰਟੀ, ਸੰਨੀ ਕੱਥੂਨੰਗਲ, ਹਰਪਿੰਦਰ ਸਿੰਘ ਲਾਲੀ ਕੱਥੂ ਨੰਗਲ, ਰਮਨਦੀਪ ਸਿੰਘ, ਤਾਮੀ ਕੱਥੂਨੰਗਲ, ਕਰਮ ਸਿੰਘ, ਕੁਲਦੀਪ ਸਿੰਘ ਲਾਡੀ, ਸੁਰਜੀਤ ਸਿੰਘ ਬਾਠ ਭੀਲੋਵਾਲ ਤੇ ਹੋਰ ਵੀ ਆਗੂ ਹਾਜ਼ਰ ਸਨ।

# ਸ਼ਹੀਦੀ ਦਿਹਾੜੇ ਨੂੰ ਸਮਰਪਿਤ ਚੌਕ ਜੌੜੀਆਂ ਕਲਾਂ 'ਚ ਛਬੀਲ ਤੇ ਲੰਗਰ ਲਗਾਇਆ



**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**- ਡੇਰਾ ਬਾਬਾ ਨਾਨਕ ਤੋਂ ਫਤਿਹਗੜ੍ਹ ਚੂੜੀਆਂ ਰੋਡ 'ਤੇ ਪੈਂਦੇ ਚੌਕ ਜੌੜੀਆਂ ਕਲਾਂ 'ਚ ਮਿੰਟੇ ਦੀ ਚੱਕੀ 'ਤੇ ਸ਼੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਠੰਡੇ-ਮਿੱਠੇ ਜਲ ਦੀ ਛਬੀਲ ਅਤੇ ਲੰਗਰ ਲਗਾਇਆ ਗਿਆ ।ਇਸ ਸੰਬੰਧੀ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਪਿੰਡ ਜੌੜੀਆਂ ਕਲਾਂ ਦੇ ਸਾਬਕਾ ਮੈਂਬਰ ਪੰਚਾਇਤ ਕੁਲਦੀਪ ਸਿੰਘ ਬਾਜਵਾ ਤੇ ਮੁਖਤਿਆਰ ਸਿੰਘ ਚੱਕੀ ਵਾਲਿਆਂ ਨੇ ਦੱਸਿਆਂ ਕਿ ਜੌੜੀਆਂ ਕਲਾਂ ਦੀਆਂ ਸੰਗਤਾਂ ਵੱਲੋਂ ਰਾਹੀਆਂ ਲਈ ਸੰਗਤਾਂ ਲਈ ਠੰਡੇ ਮਿੱਠੇ ਜਲ ਦੀ ਛਬੀਲ ਅਤੇ ਗੁਰੂ ਕਾ ਲੰਗਰ ਲਗਾਇਆ ਗਿਆ। ਆਉਣ ਜਾਣ ਵਾਲੀਆਂ ਸੰਗਤਾਂ ਨੇ ਬੜੇ ਪਿਆਰ ਨਾਲ ਲੰਗਰ ਛਕਿਆ। ਇਸ ਮੌਕੇ ਕੰਵਲਜੀਤ ਸਿੰਘ ਪੀਆਰਟੀਸੀ, ਸੂਬੇਦਾਰ ਸੁਖਦੇਵ ਸਿੰਘ, ਹੌਲਦਾਰ ਗੁਰਪ੍ਰੀਤ ਸਿੰਘ, ਹਰਦੇਵ ਸਿੰਘ ਬਾਜਵਾ, ਹਰਜੀਤ ਸਿੰਘ ਬਾਜਵਾ, ਸਰੂਪ ਸਿੰਘ, ਹਰਜੀਤ ਸਿੰਘ ਠੇਕੇਦਾਰ, ਪੰਮਾ ਪੱਖੋਕੇ, ਸੂਬਾ ਸਿੰਘ, ਲਵਪ੍ਰੀਤ ਸਿੰਘ, ਅਨੂਪ ਸਿੰਘ, ਜੰਗ ਬਹਾਦਰ ਸਿੰਘ ਆੜ੍ਹਤੀ, ਬਲਜੀਤ ਸਿੰਘ ਖੂਹੀ ਵਾਲੇ, ਲਵਲੀ, ਰਾਜਨ ਦੀਪ ਸਿੰਘ, ਅਨਮੋਲ ਪ੍ਰੀਤ ਸਿੰਘ, ਅਰਪਣ ਦੀਪ ਸਿੰਘ, ਗਗਨਦੀਪ ਸਿੰਘ ਬਾਜਵਾ, ਲਾਡੀ, ਫੌਜੀ ਗੁਰਮੇਜ ਸਿੰਘ, ਪੂਰਨ ਸਿੰਘ ਬਾਜਵਾ, ਮੰਗਾ ਹਲਵਾਈ, ਹੌਲਦਾਰ ਅੰਮ੍ਰਿਤ ਪਾਲ ਸਿੰਘ, ਸੋਨੂੰ ਇਟਲੀ, ਜਸ਼ਨ ਕੈਨੇਡਾ, ਨਵਜੋਤ ਸਿੰਘ, ਬਲਜਿੰਦਰ ਸਿੰਘ, ਰਣਧੀਰ ਸਿੰਘ, ਸੁਰਜੀਤ ਸਿੰਘ, ਫੌਜੀ ਸੁਖਦੀਪ ਸਿੰਘ, ਸਵਰਨ ਸਿੰਘ ਬਾਜਵਾ ਆਦਿ ਸੰਗਤਾਂ ਵੱਡੀ ਗਿਣਤੀ ਵਿੱਚ ਹਾਜ਼ਰ ਸਨ ।

# ਲੋਕ ਗਾਇਕਾ ਮੋਹਣੀ ਰਸੀਲਾ ਨੂੰ ਭਾਵ-ਭਿੰਨੀ ਸ਼ਰਧਾਂਜਲੀ

**ਚੇਤਨਪੁਰਾ (ਸੁਖਵੰਤ ਚੇਤਨਪੁਰੀ)**- ਲੋਕ ਗਾਇਕਾ ਕਵਲਜੀਤ ਕੌਰ ਉਰਫ ਮੋਹਣੀ ਰਸੀਲਾ, ਜਿਨ੍ਹਾਂ ਦਾ ਬੀਤੇ ਦਿਨੀਂ ਦੇਹਾਂਤ ਹੋ ਗਿਆ ਸੀ, ਨਮਿਤ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਨ੍ਹਾਂ ਦੇ ਗ੍ਰਹਿ ਮਜੀਠਾ ਰੋਡ ਵਿਖੇ ਪਾਏ ਗਏ। ਪਹੁੰਚੀਆਂ ਧਾਰਮਿਕ, ਰਾਜਨੀਤਿਕ ਅਤੇ ਸੱਭਿਆਚਾਰਕ ਸ਼ਖਸੀਅਤਾਂ ਵੱਲੋਂ ਵਿਛੜੀ ਰੂਹ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ। ਸ਼ਰਧਾਂਜਲੀ ਭੇਟ ਕਰਨ ਵਾਲਿਆਂ ਵਿੱਚ ਪੰਜਾਬੀ ਲੋਕ ਗਾਇਕ ਯੂਨੀਅਨ ਮਾਝਾ ਜ਼ੋਨ ਦੇ ਪ੍ਰਧਾਨ ਹਰਪਾਲ ਸਿੰਘ ਠੱਠੇਵਾਲਾ, ਕੰਵਲਜੀਤ ਕੰਵਲ, ਲੋਕ ਗਾਇਕ ਹਰਿੰਦਰ ਸੰਧੂ, ਭਿੰਦੇ ਸ਼ਾਹ ਰਾਜੋਵਾਲੀਆ, ਸੁਖਵੰਤ ਚੇਤਨਪੁਰੀ, ਰਾਜਪਾਲ ਬਾਠ, ਬਲਦੇਵ ਰੰਧਾਵਾ ਅਤੇ ਚੇਅਰਮੈਨ ਇੰਦਰਜੀਤ ਸਿੰਘ ਬਾਸਰਕੇ ਸ਼ਾਮਿਲ ਸਨ। ਉਨ੍ਹਾਂ ਦੇ ਪਤੀ ਲੋਕ ਗਾਇਕ ਰਛਪਾਲ ਸਿੰਘ ਰਸੀਲਾ ਨਾਲ ਦਿਲੋਂ ਹਮਦਰਦੀ ਜ਼ਾਹਰ ਕੀਤੀ। ਇਸ ਤੋਂ ਇਲਾਵਾ ਲੋਕ ਗਾਇਕ ਅਨੋਖ ਔਜਲਾ, ਸ਼ੇਰਾ ਬੋਹੜਵਾਲੀਆ, ਸੰਮੀ ਖਾਨ, ਸੁੱਖ ਚਮਕੀਲਾ ਕਿੱਕਰ ਡਾਲੇ ਵਾਲਾ, ਅਮਨ ਫੁੱਲਾਂਵਾਲ, ਡਾ: ਮਹਿੰਦਰ ਸਿੰਘ ਜੱਸਲ, ਗਾਇਕਾ ਬਬਲੀ ਬਰਾੜ, ਜਗਰੂਪ ਕੰਗ, ਰਾਜ ਤੇੜੇ ਵਾਲੀ, ਅਮਰੀਕ ਗਾਜੀ ਨੰਗਲ, ਗੁਰਬੀਰ ਗਿੱਲ, ਸਤਵੰਤ ਸਾਜਨ, ਬੌਬੀ ਢੋਲਕ ਮਾਸਟਰ, ਅਮਰੀਕ ਚਮਕੀਲਾ, ਹਰਨੀਤ ਨੀਤੂ, ਜਸਬੀਰ ਸੋਹਣੀ, ਸੁਮਨ ਭੱਟੀ, ਦਲਬੀਰ ਭਰੋਵਾਲ, ਨਿਰਮਲ ਬੋਬਾਂ ਵਾਲਾ, ਹੈਪੀ ਰਨਦੇਵ, ਦਿਲਬਾਗ ਹੁੰਦਲ, ਅਵਤਾਰ ਭਿੰਡਰ, ਲਲਿਤ ਮਹਤਾ, ਡਾ: ਆਰ. ਪੀ. ਸਿੰਘ. ਬੋਪਾਰਾਏ, ਸੰਗੀਤਕਾਰ ਰਜਿੰਦਰ ਪੱਪੂ, ਮਨਜੀਤ ਸਿੰਘ, ਪ੍ਰਗਟ ਸਿੰਘ ਤੋਂ ਇਲਾਵਾ ਹੋਰ ਵੀ ਕਈ ਕਲਾਕਾਰਾਂ ਨੇ ਦੁੱਖ ਵੰਡਾਇਆ। ਐੱਸ. ਅਸ਼ੋਕ ਭੌਰਾ, ਬੁਲਵਿੰਦਰ ਸਿੰਘ ਲੁਹਾਰਾ ਯੂ. ਐਸ. ਏ. ਅਤੇ ਲੋਕ ਗਾਇਕ ਜਸਵੰਤ ਸੰਦੀਲਾ ਆਦਿ ਵੱਲੋਂ ਭੇਜੇ ਸ਼ੋਕ ਸੰਦੇਸ਼ ਵੀ ਪੜ੍ਹ ਕੇ ਸੁਣਾਏ ਗਏ।



# ਜੀਵ ਵਿਕਾਸ ਤੇ ਮਨੁੱਖ ਦੀ ਉਤਪਤੀ ਕਰੋੜਾਂ ਸਾਲਾਂ ਦੀ ਪ੍ਰਕਿਰਿਆ ਦਾ ਨਤੀਜਾ : ਰਾਜਪਾਲ ਬਠਿੰਡਾ

**ਬਰਨਾਲਾ (ਜਸਬੀਰ ਸਿੰਘ ਪੱਟੀ)**- ਤਰਕਸ਼ੀਲ ਸੁਸਾਇਟੀ ਪੰਜਾਬ ਵੱਲੋਂ ਤਿੰਨ ਰੋਜ਼ਾ ਦੂਜੇ ਸੂਬਾਈ ਵਿਦਿਆਰਥੀ ਵਿਗਿਆਨਕ ਚੇਤਨਾ ਕੈਂਪ ਦੇ ਦੂਜੇ ਦਿਨ ਪੰਜਾਬ ਦੇ ਨਾਮਵਰ ਵਿਸ਼ਾ ਮਾਹਿਰਾਂ ਵੱਲੋਂ ਵਿਦਿਆਰਥੀਆਂ ਨੂੰ ਜੀਵ ਵਿਕਾਸ ਦਾ ਸਿਧਾਂਤ, ਜ਼ਿੰਦਗੀ ਵਿੱਚ ਕਲਾ ਦਾ ਮਹੱਤਵ, ਮਿਆਰੀ ਸਾਹਿਤ ਪੜ੍ਹਨ ਦੀ ਚੇਟਕ ਅਤੇ ਨਸ਼ਿਆਂ ਤੋਂ ਕਿਵੇਂ ਬਚੀਏ ਆਦਿ ਮਹੱਤਵਪੂਰਨ ਵਿਸ਼ਿਆਂ ਸਬੰਧੀ ਜਾਣਕਾਰੀ ਪ੍ਰਦਾਨ ਕੀਤੀ ਗਈ।ਇਸ ਮੌਕੇ ਪਹਿਲੇ ਸੈਸ਼ਨ ਦੇ ਵਿਸ਼ੇਸ਼ ਬੁਲਾਰੇ ਉੱਘੇ ਸਾਹਿਤਕਾਰ ਅਤੇ ਤਰਕਸ਼ੀਲ ਮੈਗਜ਼ੀਨ ਦੇ ਸੰਪਾਦਕ ਰਾਜਪਾਲ ਬਠਿੰਡਾ ਨੇ ਪ੍ਰਸਿੱਧ ਵਿਗਿਆਨੀ ਚਾਰਲਸ ਡਾਰਵਿਨ ਦੇ ਜੀਵ ਵਿਕਾਸ ਦੇ ਸਿਧਾਂਤ ਦੀ ਵਿਆਖਿਆ ਕਰਦਿਆਂ ਦੱਸਿਆ ਕਿ ਇਸ ਧਰਤੀ ਉੱਤੇ ਜੀਵ ਵਿਕਾਸ ਕਰੋੜਾਂ ਸਾਲਾਂ ਦੀ ਵਿਗਿਆਨਕ ਅਤੇ ਕੁਦਰਤੀ ਪ੍ਰਕਿਰਿਆ ਦਾ ਨਤੀਜਾ ਹੈ ਅਤੇ ਸਾਰੇ ਹੀ ਜੀਵ ਜੰਤੂ, ਪੌਦੇ ਅਤੇ ਖੁਦ ਮਨੁੱਖ ਵੀ ਜੀਵ ਵਿਕਾਸ ਦੀ ਇਸੇ ਹੀ ਪ੍ਰਕਿਰਿਆ 'ਚੋਂ ਹੋਂਦ ਵਿੱਚ ਆਏ ਹਨ।ਉਨ੍ਹਾਂ ਨੇ ਐੱਨਸੀਈਆਰਟੀ ਦੇ ਸਿਲੇਬਸ 'ਚੋਂ ਜੀਵ ਵਿਕਾਸ ਦੇ ਸਿਧਾਂਤ ਨੂੰ ਬਾਹਰ ਕੱਢਣ ਅਤੇ ਰੂੜੀਵਾਦੀ ਵਿਸ਼ੇ ਸ਼ਾਮਿਲ ਕਰਨ ਦੀ ਨਿਖੇਧੀ ਕੀਤੀ।ਪ੍ਰਸਿੱਧ ਕਲਾ ਮਾਹਿਰ ਗੁਰਪ੍ਰੀਤ ਆਰਟਿਸਟ ਬਠਿੰਡਾ ਨੇ ਜ਼ਿੰਦਗੀ ਵਿੱਚ ਕਲਾ ਦਾ ਮਹੱਤਵ ਦੱਸਦਿਆਂ ਕਿਹਾ ਕਿ ਵਿਦਿਆਰਥੀਆਂ ਨੂੰ ਜ਼ਿੰਦਗੀ ਵਿੱਚ ਕੁੱਝ ਨਵੀਂ ਸਿਰਜਣਾ, ਸੰਵੇਦਨਸ਼ੀਲਤਾ, ਨੈਤਿਕਤਾ ਅਤੇ ਮਨੁੱਖਤਾਪੱਖੀ ਮਾਨਸਿਕਤਾ ਪ੍ਰਫੁੱਲਿਤ ਕਰਨ ਲਈ ਗੀਤ-ਸੰਗੀਤ, ਨਾਟਕ, ਚਿੱਤਰਕਾਰੀ, ਨ੍ਰਿਤ, ਸਾਹਿਤ ਪੜ੍ਹਨ, ਲਿਖਣ ਆਦਿ ਕਲਾ ਦੀਆਂ ਰੁਚੀਆਂ ਵਿਕਸਤ ਕਰਨ ਦੀ ਬੇਹੱਦ ਲੋੜ ਹੈ ਜਿਸ ਲਈ ਉਨ੍ਹਾਂ ਨੂੰ ਵਿਗਿਆਨਕ ਸੋਚ, ਲਗਨ ਅਤੇ ਮਿਹਨਤ ਨਾਲ ਅੱਗੇ ਵੱਧਣਾ ਚਾਹੀਦਾ ਹੈ। ਉਨ੍ਹਾਂ ਨੇ ਮੌਕੇ ਉਤੇ ਚਿੱਤਰਕਾਰੀ ਦੀ ਪੇਸ਼ਕਾਰੀ ਵੀ ਕਰਕੇ ਵਿਖਾਈ।ਤਰਕਸ਼ੀਲ ਆਗੂ ਚੰਨਣ ਵਾਂਦਰ ਅਤੇ ਮਾਸਟਰ ਰਾਜਿੰਦਰ ਭਦੌੜ ਨੇ ਵਿਦਿਆਰਥੀਆਂ ਨੂੰ ਸੰਮੋਹਨ ਨੀਂਦ ਦੀ ਅਮਲੀ ਪ੍ਰਕਿਰਿਆ ਰਾਹੀਂ ਸਿੱਖਿਅਤ ਕਰਦਿਆਂ ਕਿਹਾ ਕਿ ਇਸ ਵਿਧੀ ਰਾਹੀਂ ਡਰ, ਫੋਬੀਆ, ਮਾਨਸਿਕ ਤਣਾਓ ਅਤੇ ਬੁਰਾਈਆਂ ਉਤੇ ਕਾਬੂ ਪਾਇਆ ਜਾ ਸਕਦਾ ਹੈ। ਜਦਕਿ ਕੁਝ ਲੋਕ ਧਰਮ ਦੀ ਆੜ ਹੇਠ ਸੰਮੋਹਨ ਵਿਧੀ ਦਾ ਦੁਰਪ੍ਰਯੋਗ ਕਰਕੇ ਲੋਕਾਂ ਦੀ ਲੁੱਟ ਕਰ ਰਹੇ ਹਨ।ਸਿਕੰਦਰ ਸਿੰਘ ਢੁੱਡੀਕੇ ਨੇ ਨਸ਼ਿਆਂ ਪਿੱਛੇ ਪ੍ਰਸ਼ਾਸਨਿਕ, ਆਰਥਿਕ ਅਤੇ ਸਮਾਜਿਕ ਕਾਰਨਾਂ ਨੂੰ ਜ਼ਿੰਮੇਵਾਰ ਦੱਸਿਆ। ਮਾਸਟਰ ਕਰਮਜੀਤ ਸਿੰਘ ਲਲਤੋਂ ਨੇ ਵਿਦਿਆਰਥੀਆਂ ਨੂੰ ਹਥਿਆਰਾਂ, ਨਸ਼ਿਆਂ ਅਤੇ ਅਸ਼ਲੀਲਤਾ ਬਾਰੇ ਲੱਚਰ ਗੀਤ ਸੰਗੀਤ ਦੀ ਥਾਂ ਉਸਾਰੂ ਅਤੇ ਇਨਕਲਾਬੀ ਗੀਤ ਸੰਗੀਤ ਨਾਲ ਜੁੜਨ ਲਈ ਉਤਸਾਹਿਤ ਕੀਤਾ ।ਇਸ ਮੌਕੇ ਵਿਦਿਆਰਥੀਆਂ ਨੇ ਵੱਖ-ਵੱਖ ਵਿਸ਼ਿਆਂ ਤੇ ਹੋਈ ਉਸਾਰੂ ਗਰੁੱਪ ਚਰਚਾ ਵਿੱਚ ਵੀ ਭਾਗ ਲਿਆ।ਤਰਕਸ਼ੀਲ ਆਗੂ ਰਾਮ ਕੁਮਾਰ ਪਟਿਆਲਾ ਅਤੇ ਬਿੰਦਰ ਧਨੌਲਾ ਨੇ ਹੱਥ ਦੀ ਸਫਾਈ ਦੇ ਟਰਿੱਕ ਵਿਖਾ ਕੇ ਵਿਦਿਆਰਥੀਆਂ ਨੂੰ ਪਾਖੰਡੀ ਬਾਬਿਆਂ, ਸਾਧਾਂ ਅਤੇ ਜੋਤਸ਼ੀਆਂ ਦੇ ਝਾਂਸੇ ਤੋਂ ਬਚਣ ਲਈ ਪ੍ਰੇਰਿਤ ਕੀਤਾ।ਇਸ ਮੌਕੇ ਸੂਬਾ ਕਮੇਟੀ ਆਗੂ ਹੇਮ ਰਾਜ ਸਟੈਨੋ, ਰਾਜੇਸ਼ ਅਕਲੀਆ, ਗੁਰਪ੍ਰੀਤ ਸ਼ਹਿਣਾ, ਰਾਮ ਸਵਰਨ ਲੱਖੇਵਾਲੀ, ਸੁਖਵਿੰਦਰ ਬਾਗਪੁਰ, ਜਸਵੰਤ ਮੋਹਾਲੀ, ਸੁਰਜੀਤ ਟਿੱਬਾ, ਸੁਮੀਤ ਅੰਮ੍ਰਿਤਸਰ, ਕੁਲਜੀਤ ਡੰਗਰਖੇੜਾ, ਮੋਹਨ ਬਡਲਾ ਤੋਂ ਇਲਾਵਾ ਜੋਨ ਆਗੂ ਸੰਦੀਪ ਧਾਰੀਵਾਲ ਭੋਜਾਂ, ਕੁਲਵੰਤ ਕੌਰ ਪਟਿਆਲਾ, ਬੂਟਾ ਸਿੰਘ ਵਾਕਫ਼, ਅਸ਼ੋਕ ਕੁਮਾਰ ਰੋਪੜ, ਕੁਲਦੀਪ ਨੇਨੇਵਾਲ, ਅਵਤਾਰ ਬਰਨਾਲਾ, ਗਿਆਨ ਸਿੰਘ ਬਠਿੰਡਾ ਅਤੇ ਵਿਸ਼ਵਕਾਂਤ ਸੁਨਾਮ ਹਾਜ਼ਰ ਸਨ।



# ਵਿਸ਼ਵ ਵਾਤਾਵਰਣ ਦਿਵਸ ਮੌਕੇ ਚੱਢਾ ਸ਼ੂਗਰ ਮਿੱਲ ਨੇ ਪੌਦੇ ਲਗਾਏ




**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**- ਸੰਸਾਰ ਭਰ ਵਿੱਚ ਵਾਤਾਵਰਣ ਦਿਵਸ ਮਨਾਇਆ ਜਾ ਰਿਹਾ ਹੈ। ਇਸ ਲੜੀ ਤਹਿਤ ਚੱਢਾ ਸ਼ੂਗਰ ਮਿੱਲ ਕੀੜੀ ਆਫਗਾਨਾ ਵਿਖੇ ਦੀ ਸ: ਬਿਕਰਮਜੀਤ ਸਿੰਘ ਚੱਢਾ ਅਤੇ ਸਮੂਹ ਮਿੱਲ ਮੈਨੇਜਮੈਂਟ ਅਫਸਰਾਂ ਅਤੇ ਅਧਿਕਾਰੀਆਂ ਨੇ ਰਲ ਮਿਲ ਕੇ ਮਿੱਲ ਦੇ ਕੈਂਪਸ ਵਿੱਚ ਤਕਰੀਬਨ 600 ਬੂਟੇ ਲਾ ਕੇ ਵਿਸ਼ਵ ਵਾਤਾਵਰਣ ਦਿਵਸ ਮਨਾਇਆ। ਇਸ ਮੌਕੇ ਬਿਕਰਮਜੀਤ ਸਿੰਘ ਚੱਢਾ ਮੁੱਖ ਮਹਿਮਾਨ ਵਜੋਂ ਮੌਜੂਦ ਰਹੇ ਅਤੇ ਉਨ੍ਹਾਂ ਨਾਲ ਪ੍ਰਦੀਪ ਅਹੂਜਾ ਡਾਇਰੈਕਟਰ, ਸਮੀਰ ਮਜੂਮਦਾਰ ਸੀਨੀਅਰ ਵੀਪੀ, ਮੁਨੀਸ਼ ਤਿਆਗੀ ਵੀਪੀ ਅਤੇ ਪਰਮਜੀਤ ਸਿੰਘ ਰੰਧਾਵਾ ਜੀਐੱਮ, ਲਵਕੁਸ਼ ਤਿਆਗੀ, ਜੀ. ਵੀ. ਚੁਤਰਵੇਦੀ, ਅਨੁਜ ਉਪਲ ਡੀ. ਜੀ. ਐੱਮ, ਰਾਜ ਕੁਮਾਰ, ਬਿਕਰਮਜੀਤ ਸਿੰਘ ਬੇਦੀ, ਕ੍ਰਿਸ਼ਨ ਲਾਲ, ਵਾਤਾਵਰਣ ਸੀਨੀਅਰ ਮੇਨਜਰ ਪ੍ਰਮੋਦ ਤੋਮਰ, ਵਿਸ਼ਾਲ ਸ਼ਰਮਾ ਐਡਮਿਨ ਮੈਨਜਰ, ਜੇ. ਐੱਸ. ਰਾੜਾ ਹੈੱਡ ਹਾਰਟੀਕਲਚਰ, ਪ੍ਰਸ਼ਾਂਤ ਕਟਿਆਰ ਏਜੀਐੱਮ, ਸੁਖਦੇਵ ਸਿੰਘ ਏਜੀਐੱਮ, ਅਰਵਿੰਦਰ ਕੁਮਾਰ ਲੇਬ ਇੰਚਾਰਜ, ਅਮਿਤ ਕੁਮਾਰ ਮੇਨਜਰ ਪ੍ਰਸ਼ਾਤ ਵਰਮਾ, ਸ਼ਕਤੀ, ਅਨੀਸ਼ ਕੁਮਾਰ, ਸੀ. ਐੱਸ. ਓ. ਸੋਹਣ ਸਿੰਘ, ਕੈਪਟਨ ਅਵਤਾਰ ਸਿੰਘ, ਐੱਚ. ਆਰ ਮੇਨਜਰ ਹਰਪ੍ਰੀਤ ਸਿੰਘ, ਰੋਹਿਤ ਕੁਮਾਰ, ਰਮਨ ਸ਼ਰਮਾ, ਗੁਰਪ੍ਰੀਤ ਸਿੰਘ ਕਾਹਲੋਂ, ਅਰਜਨ, ਦਵਿੰਦਰ ਤਿਆਗੀ, ਜਸਵਿੰਦਰ ਸਿੰਘ, ਦਲਜੀਤ ਸਿੰਘ ਆਦਿ ਸ਼ਾਮਿਲ ਹੋਏ ਅਤੇ ਸਾਰਿਆ ਦੀ ਆਓ ਭਗਤ ਵਾਸਤੇ ਚਾਹ ਪਾਣੀ ਦਾ ਪ੍ਰਬੰਧ ਕੀਤਾ ਗਿਆ।

# ਅਖ਼ਬਾਰਾਂ/ਟੀਵੀ/ਯੂਟਿਊਬ/ਡਿਜੀਟਲ ਚੈਨਲਾਂ ਦੇ ਪੱਤਰਕਾਰ ਸਨਮਾਨਿਤ

**ਅਜਨਾਲਾ (ਸੁਖਤਿੰਦਰ ਸਿੰਘ ਰਾਜੂ)**- ਕੈਬਨਿਟ ਮੰਤਰੀ ਪੰਜਾਬ ਕੁਲਦੀਪ ਸਿੰਘ ਧਾਲੀਵਾਲ ਦੇ ਮੀਡੀਆ ਵਿਭਾਗ ਤੇ ਆਮ ਆਦਮੀ ਪਾਰਟੀ ਸ਼ਹਿਰੀ ਅਜਨਾਲਾ ਦੇ ਪ੍ਰਧਾਨ ਅਮਿਤ ਔਲ ਤੇ ਬਲਾਕ ਅਜਨਾਲਾ ਪ੍ਰਧਾਨ ਦਵਿੰਦਰ ਸਿੰਘ ਸੋਨੂੰ ਵਲੋਂ ਸਾਂਝੇ ਤੌਰ 'ਤੇ ਵੱਖ-ਵੱਖ ਅਖ਼ਬਾਰਾਂ/ ਟੀਵੀ/ ਯੂਟਿਊਬ/ ਡਿਜੀਟਲ ਚੈਨਲਾਂ ਲਈ ਅਜਨਾਲਾ ਸਟੇਸ਼ਨ ਤੋਂ ਪੱਤਰਕਾਰੀ ਕਰਦੇ ਪੱਤਰਕਾਰਾਂ ਵੱਲੋਂ ਹਲਕਾ ਵਿਧਾਇਕ ਧਾਲੀਵਾਲ ਤੇ ਹਲਕਾ ਪੱਧਰੀ ਸਿੱਖਿਆ ਕੋਆਰਡੀਨੇਟਰ ਅਮਨਦੀਪ ਕੌਰ ਧਾਲੀਵਾਲ ਵੱਲੋਂ ਆਯੋਜਿਤ ਸਿੱਖਿਆ ਕ੍ਰਾਂਤੀ ਤੇ ਯੁੱਧ ਨਸ਼ਿਆਂ ਵਿਰੁੱਧ ਨਸ਼ਾ ਮੁਕਤੀ ਯਾਤਰਾ ਦੀਆਂ ਸਰਗਰਮੀਆਂ ਦੀ ਕਵਰੇਜ ਕਰਨ ਲਈ ਦਿੱਤੀਆਂ ਗਈਆਂ ਸ਼ਲਾਘਾਯੋਗ ਸੇਵਾਵਾਂ ਦੇ ਮਾਣ ਸਤਿਕਾਰ 'ਚ ਅਜਨਾਲਾ ਸ਼ਹਿਰ 'ਚ 'ਕੌਫ਼ੀ ਕੱਪ ਵਿਦ ਮੀਡੀਆ ਇੰਚਾਰਜ' ਅਤੇ ਸੰਖੇਪ ਤੇ ਪ੍ਰਭਾਵਸ਼ਾਲੀ ਧੰਨਵਾਦ ਤੇ ਸਨਮਾਨ ਸਮਾਰੋਹ ਕਰਵਾਇਆ ਗਿਆ।ਹਾਜ਼ਰ ਪੱਤਰਕਾਰਾਂ ਨੂੰ ਸ਼ਹਿਰੀ ਇਕਾਈ ਵੱਲੋਂ ਸਨਮਾਨਿਤ ਕੀਤਾ ਗਿਆ।ਇਸ ਮੌਕੇ ਮੀਡੀਆ ਸਲਾਹਕਾਰ ਐੱਸ. ਪ੍ਰਸ਼ੋਤਮ,. ਗੁਰਪ੍ਰੀਤ ਸਿੰਘ ਢਿੱਲੋਂ, ਨਿਰਵੈਲ ਸਿੰਘ, ਪੰਕਜ ਮੱਲ੍ਹੀ, ਵਿਸ਼ਾਲ ਸ਼ਰਮਾ, ਪ੍ਰਦੀਪ ਅਰੋੜਾ, ਵਰਿੰਦਰ ਸ਼ਰਮਾ, ਜਗਜੀਤ ਸਿੰਘ, ਸੁੱਖ ਮਾਹਲ, ਅਜੇ ਸ਼ਰਮਾ, ਸੁਖਤਿੰਦਰ ਸਿੰਘ ਰਾਜੂ, ਸੁਖਦੇਵ ਸਿੰਘ ਚੇਤਨਪੁਰਾ, ਸੁਖਚੈਨ ਸਿੰਘ, ਲੱਖਣ ਸ਼ਰਮਾ, ਦਵਿੰਦਰ ਪੁਰੀ, ਮਾਸਟਰ ਪ੍ਰਭਜੋਤ ਸਿੰਘ, ਸੁਰਜੀਤ ਕੁਮਾਰ ਦੇਵਗਨ ਸਮੇਤ ਪੰਕਜ ਸਿੰਘ ਮੌਜੂਦ ਸਨ।





# ਪੀ ਬੀ ਐੱਸ ਸ਼ਾਪਿੰਗ ਸੈਂਟਰ ਮਹਿਤਾ ਚੌਕ ਵਿਖੇ ਛਬੀਲ ਲਗਾਈ

**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**— ਪੀ. ਬੀ. ਐੱਸ. ਸ਼ਾਪਿੰਗ ਸੈਂਟਰ ਮਹਿਤਾ ਚੌਕ ਦੇ ਮਾਲਕ ਬਲਕਾਰ ਸਿੰਘ ਬਾਠ, ਸਤਨਾਮ ਸਿੰਘ ਬਾਠ ਅਤੇ ਪਰਮਜੀਤ ਸਿੰਘ ਬਾਠ ਦੇ ਵੱਲੋਂ ਜੂਨ 1984 (ਤੀਸਰਾ ਘੱਲੂਘਾਰਾ) ਦੇ ਸ਼ਹੀਦਾਂ ਦੀ ਯਾਦ ਵਿੱਚ ਮਨਾਏ ਗਏ 41ਵੇਂ ਸ਼ਹੀਦੀ ਜੋੜ ਮੇਲੇ ਮੌਕੇ ਠੰਡੇ ਮਿੱਠੇ ਜਲ ਦੀ ਛਬੀਲ ਲਗਾਈ ਗਈ।ਇਸ ਦੌਰਾਨ ਬਲਕਾਰ ਸਿੰਘ ਬਾਠ ਨੇ ਆਖਿਆ ਕਿ ਇਹ ਸ਼ਹੀਦੀ ਦਿਹਾੜਾ ਸੰਗਤਾਂ ਦੇ ਵੱਲੋਂ ਬਹੁਤ ਬੈਰਾਗ ਨਾਲ ਮਨਾਇਆ ਜਾਂਦਾ ਹੈ। ਅੱਜ ਤਪਦੀ ਗਰਮੀ ਦੀ ਪ੍ਰਵਾਹ ਨਾ ਕਰਦਿਆਂ ਸੰਗਤਾਂ ਵੱਡੇ ਕਾਫ਼ਲਿਆਂ ਦੇ ਰੂਪ ਵਿਚ ਸ਼ਹੀਦਾਂ ਨੂੰ ਸਤਿਕਾਰ ਭੇਟ ਕਰਨ ਲਈ ਦਮਦਮੀ ਟਕਸਾਲ ਮਹਿਤਾ ਵਿਖੇ ਪਹੁੰਚੀਆਂ ਹਨ ਜਿਨ੍ਹਾਂ ਦੀ ਸੇਵਾ ਵਿਚ ਹਰ ਸਾਲ ਦੀ ਤਰਾਂ ਠੰਡੇ-ਮਿੱਠੇ ਜਲ ਦੀ ਛਬੀਲ ਲਗਾਈ ਗਈ ਹੈ।

# ਹਿੰਦੂ ਕੰਨਿਆ ਮਹਾਂਵਿਦਿਆਲਾ 'ਚ ਵਿਸ਼ਵ ਵਾਤਾਵਰਣ ਦਿਵਸ ਮਨਾਇਆ

**ਧਾਰੀਵਾਲ (ਮਨਦੀਪ ਸਿੰਘ ਵਿੱਕੀ)**- ਹਿੰਦੂ ਕੰਨਿਆ ਮਹਾਂਵਿਦਿਆਲਿਆ ਧਾਰੀਵਾਲ ਵਿਖੇ ਕਾਲਜ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐੱਨ. ਡੀ. ਆਨੰਦ, ਸਕੱਤਰ ਰਮੇਸ਼ ਕੋਹਲੀ ਅਤੇ ਪ੍ਰਿੰ. ਡਾ. ਰਜਵਿੰਦਰ ਕੌਰ ਨਾਗਰਾ ਦੀ ਅਗਵਾਈ ਹੇਠ ਐੱਨਐੱਸਐੱਸ ਯੂਨਿਟ ਵੱਲੋਂ ਵਿਸ਼ਵ ਵਾਤਾਵਰਨ ਦਿਵਸ ਮਨਾਇਆ ਗਿਆ। ਇਸ ਮੌਕੇ ਕਾਲਜ ਕੈਂਪਸ ਵਿੱਚ 'ਏਕ ਪੇੜ ਮਾਂ ਕੇ ਨਾਮ' ਤਹਿਤ ਰੁੱਖ ਲਗਾਉਣ ਦੀ ਮੁਹਿੰਮ ਦਾ ਆਗਾਜ਼ ਕਾਲਜ ਪ੍ਰਿੰ. ਡਾ. ਰਜਵਿੰਦਰ ਕੌਰ ਨਾਗਰਾ ਦੁਆਰਾ ਪੌਦਾ ਲਗਾ ਕੇ ਕੀਤਾ ਗਿਆ। ਕਾਲਜ ਦੇ ਪ੍ਰਧਾਨ ਐੱਨ. ਡੀ. ਆਨੰਦ ਅਤੇ ਪ੍ਰਿੰ. ਡਾ. ਰਜਵਿੰਦਰ ਕੌਰ ਨਾਗਰਾ ਨੇ ਕਿਹਾ ਕਿ ਇਸ ਦਿਵਸ ਨੂੰ ਮਨਾਉਣ ਦਾ ਮੁੱਖ ਮੰਤਵ ਵਾਤਾਵਰਨ ਲਈ ਰੁੱਖਾਂ ਦੀ ਮਹੱਤਤਾ ਨੂੰ ਉਜਾਗਰ ਕਰਨਾ ਹੈ। ਰੁੱਖ ਸਾਡੇ ਵਾਤਾਵਰਨ ਨੂੰ ਸ਼ੁੱਧ ਰੱਖਣ ਵਿੱਚ ਮਦਦ ਕਰਦੇ ਹਨ। ਇਸ ਲਈ ਹਰੇਕ ਮਨੁੱਖ ਦਾ ਫਰਜ਼ ਬਣਦਾ ਹੈ ਕਿ ਉਹ ਪਹਿਲ ਦੇ ਅਧਾਰ 'ਤੇ ਇਸ ਮੁਹਿੰਮ ਤਹਿਤ ਇੱਕ ਇਕ ਰੁੱਖ ਜ਼ਰੂਰ ਲਗਾਵੇ। ਇਸ ਮੌਕੇ ਸਾਰਿਆਂ ਨੇ ਇੱਕ ਇੱਕ ਪੌਦਾ ਲਗਾਉਣ ਅਤੇ ਪੌਦਿਆਂ ਦੀ ਸਾਂਭ-ਸੰਭਾਲ ਕਰਨ ਦਾ ਪ੍ਰਣ ਲਿਆ। ਇਸ ਮੌਕੇ ਐੱਨਐੱਸਐੱਸ ਯੂਨਿਟ ਦੇ ਵਲੰਟੀਅਰਾਂ ਨੇ ਦਰੱਖਤਾਂ ਨੂੰ ਪਾਣੀ ਦੇਣ ਦੀ ਸੇਵਾ ਕੀਤੀ ਅਤੇ ਪਲਾਸਟਿਕ ਦੀਆਂ ਫਾਲਤੂ ਵਸਤਾਂ ਆਦਿ ਨੂੰ ਕਾਲਜ ਕੈਂਪਸ ਵਿੱਚੋਂ ਹਟਾਇਆ ਗਿਆ। ਇਸ ਮੌਕੇ ਸਮੂਹ ਸਟਾਫ ਮੈਂਬਰ ਹਾਜ਼ਰ ਸਨ।




# ਚੀਫ਼ ਖ਼ਾਲਸਾ ਦੀਵਾਨ ਵੱਲੋਂ ਕਰਵਾਏ ਚਾਰ ਰੋਜ਼ਾ ਟੀਚਰ ਟਰੇਨਿੰਗ ਪ੍ਰੋਗਰਾਮ ਸਮਾਪਤ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਸਿੱਖੀ ਅਤੇ ਸਿੱਖਿਆ ਨੂੰ ਸਮਰਪਿਤ ਚੀਫ਼ ਖ਼ਾਲਸਾ ਦੀਵਾਨ ਵੱਲੋਂ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲਾਂ ਅੰਮ੍ਰਿਤਸਰ ਦੇ ਜੀ. ਟੀ. ਰੋਡ, ਮਜੀਠਾ ਰੋਡ ਬਾਈਪਾਸ, ਬਸੰਤ ਐਵੀਨਿਊ, ਰਣਜੀਤ ਐਵੀਨਿਊ ਤਰਨਤਾਰਨ, (ਪੰਡੋਰੀ ਖਜੂਰ, ਹੁਸ਼ਿਆਰਪੁਰ) ਅਤੇ ਚੰਡੀਗੜ੍ਹ ਵਿਖੇ ਆਯੋਜਿਤ ਚਾਰ ਰੋਜ਼ਾ ਟੀਚਰ ਟਰੇਨਿੰਗ ਪ੍ਰੋਗਰਾਮ ਸਫਲਤਾਪੂਰਵਕ ਸੰਪੰਨ ਹੋਏ। ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ ਡਾ. ਇੰਦਰਬੀਰ ਸਿੰਘ ਨਿੱਜਰ ਦੇ ਨਿਰਦੇਸ਼ਾਂ ਹੇਠ ਆਯੋਜਿਤ ਟਰੇਨਿੰਗ ਪ੍ਰੋਗਰਾਮਾਂ ਵਿਚ ਤਜਰਬੇਕਾਰ ਵਿਸ਼ਾ ਮਾਹਿਰਾ ਵੱਲੋਂ ਲਗਭਗ 2000 ਸੀ. ਕੇ. ਡੀ. ਅਧਿਆਪਕਾਂ ਨੂੰ ਤਕਨੀਕੀ ਗਿਆਨ ਦੇ ਨਾਲ-ਨਾਲ ਅਬੈਕਸ ਟਰੇਨਿੰਗ, ਸਪੋਕਨ ਇੰਗਲਿਸ਼, ਤਣਾਅ ਪ੍ਰਬੰਧਨ ਦੇ ਵੱਖ-ਵੱਖ ਤਰੀਕਿਆਂ, ਅਧਿਆਪਨ ਸੰਬੰਧੀ ਚੁਣੌਤੀਆਂ ਅਤੇ ਇਸਦੇ ਹੱਲ, ਵਿਦਿਆਰਥੀਆਂ ਦੀ ਮਨੋਵਿਗਿਆਨ ਸਾਂਝ, ਸਰਵਾਈਕਲ ਕੈਂਸਰ ਪ੍ਰਤੀ ਜਾਗਰੁਕ ਕਰਨਾ, ਰੋਕਥਾਮ ਅਤੇ ਇਲਾਜ ਸੰਬੰਧੀ ਵਿਸਥਾਰਪੂਰਵਕ ਜਾਣਕਾਰੀ ਪ੍ਰੈਜ਼ੈਨਟੇਸ਼ਨ ਅਤੇ ਵਰਕਸ਼ਾਪਾਂ ਰਾਹੀਂ ਦਿੱਤੀ ਗਈ। ਡਾ. ਇੰਦਰਬੀਰ ਸਿੰਘ ਨਿੱਜਰ ਨੇ ਕਿਹਾ ਕਿ ਵਿਦਿਆਰਥੀਆਂ ਲਈ ਜਿੰਨਾ ਸਿੱਖਣਾ ਜ਼ਰੂਰੀ ਹੈ ਉਸੇ ਤਰ੍ਹਾਂ ਅਧਿਆਪਕਾਂ ਲਈ ਆਧੁਨਿਕ ਸਿੱਖਿਆ ਪ੍ਰਣਾਲੀ ਤਹਿਤ ਨਵਾਂ ਸਿੱਖਣ ਅਤੇ ਪੜ੍ਹਾਉਣ ਦੀਆਂ ਵਿਧੀਆਂ ਅਤੇ ਵਿਦਿਆਰਥੀਆਂ ਦੇ ਬਹੁਪੱਖੀ ਵਿਕਾਸ ਲਈ ਨਵੀਨਤਾ ਅਤੇ ਤਕਨੀਕ ਨਾਲ ਅਪਡੇਟ ਰਹਿਣਾ ਜ਼ਰੂਰੀ ਹੈ। ਪ੍ਰੋਗਰਾਮਾਂ ਦੀ ਵਿਸ਼ੇਸ਼ਤਾ ਇਹ ਰਹੀ ਕਿ ਹਰ ਦਿਨ ਪ੍ਰੋਗਰਾਮ ਦੇ ਅੰਤ ਵਿਚ ਫੀਡਬੈਕ ਅਤੇ ਚਰਚਾ ਸੈਸ਼ਨ ਰੱਖੇ ਗਏ ਜਿਸ ਵਿਚ ਅਧਿਆਪਕਾਂ ਨੇ ਆਪਣੇ ਅਨੁਭਵ ਸਾਂਝੇ ਕੀਤੇ। ਦੀਵਾਨ ਪ੍ਰਬੰਧਕਾਂ ਨੇ ਕਿਹਾ ਕਿ ਆਉਣ ਵਾਲੇ ਸਮੇਂ ਵਿਚ ਅਜਿਹੇ ਟਰੇਨਿੰਗ ਪ੍ਰੋਗਰਾਮ ਨਿਯਮਤ ਤੌਰ 'ਤੇ ਕਰਵਾਏ ਜਾਣਗੇ ਤਾਂ ਜੋ ਸੀ. ਕੇ. ਡੀ. ਅਧਿਆਪਕ ਅਤੇ ਵਿਦਿਆਰਥੀ ਆਧੁਨਿਕ ਸਮੇਂ ਦੇ ਨਾਲ ਕਦਮ ਨਾਲ ਕਦਮ ਮਿਲਾ ਕੇ ਚੱਲ ਸਕਣ।



# ਅਮਨਜੀਤ ਸਿੰਘ ਚੌਕੀ ਇੰਚਾਰਜ ਜੈਂਤੀਪੁਰ ਨੇ ਅਹੁਦਾ ਸੰਭਾਲਿਆ

**ਮਜੀਠਾ (ਸੋਇਮ ਆਨੰਦ)**- ਐੱਸਐੱਸਪੀ ਮਨਿੰਦਰ ਸਿੰਘ, ਡੀਐੱਸਪੀ ਮਜੀਠਾ ਪਵਨ ਕੁਮਾਰ ਵੱਲੋਂ ਏਐੱਸਆਈ ਅਮਨਜੀਤ ਸਿੰਘ ਨੂੰ ਚਵਿੰਡਾ ਦੇਵੀ ਚੌਕੀ ਤੋਂ ਬਦਲ ਕੇ ਜੈਂਤੀਪੁਰ ਚੌਕੀ ਵਿਖੇ ਲਗਾ ਦਿੱਤਾ ਗਿਆ ਜਿਨ੍ਹਾਂ ਨੇ ਬਤੌਰ ਚੌਕੀ ਇੰਚਾਰਜ ਜੈਂਤੀਪੁਰ ਵਿਖੇ ਅਹੁਦਾ ਸੰਭਾਲ ਕੇ ਕੰਮ ਸ਼ੁਰੂ ਕਰ ਦਿੱਤਾ ਹੈ। ਗੱਲਬਾਤ ਦੌਰਾਨ ਉਨ੍ਹਾਂ ਕਿਹਾ ਕੇ ਉਹ ਐੱਸਐੱਚਓ ਜਸਵਿੰਦਰ ਸਿੰਘ ਰੰਧਾਵਾ ਕੱਥੂਨੰਗਲ ਦੀ ਯੋਗ ਅਗਵਾਈ ਹੇਠ ਨਸ਼ੇ ਦਾ ਖਾਤਮਾ ਕਰਨਗੇ। ਉਨ੍ਹਾਂ ਨਸ਼ਾ ਤਕਸਰਾਂ, ਮੈਡੀਕਲ ਸਟੋਰ ਵਾਲਿਆਂ ਨੂੰ ਸਖਤੀ ਨਾਲ ਤਾੜਨਾ ਕਰਦਿਆਂ ਕਿਹਾ ਕਿ ਉਹ ਨਸ਼ੇ ਦੀ ਵਿਕਰੀ 'ਤੇ ਰੋਕ ਲਾ ਲੈਣ ਨਹੀਂ ਤਾਂ ਆਉਣ ਵਾਲੇ ਦਿਨਾਂ 'ਚ ਇਲਾਕਾ ਛੱਡਣ ਲਈ ਮਜਬੂਰ ਹੋਣਗੇ। ਵਰਨਣਯੋਗ ਹੈ ਕਿ ਇਸ ਤੋਂ ਪਹਿਲਾਂ ਚੌਕੀ ਚਵਿੰਡਾ ਦੇਵੀ ਵਿਖੇ ਰਹਿ ਚੁੱਕੇ ਏਐੱਸਆਈ ਅਮਨਜੀਤ ਸਿੰਘ ਨੇ ਨਸ਼ਾ ਤਸਕਰਾਂ ਦੀ ਨੀਂਦ ਹਰਾਮ ਕੀਤੀ ਹੋਈ ਸੀ ਜਦੋਂਕਿ ਏਐੱਸਆਈ ਜਸਬੀਰ ਸਿੰਘ ਨੂੰ ਚੌਕੀ ਜੈਂਤੀਪੁਰ ਤੋਂ ਬਦਲ ਕੇ ਚੌਕੀ ਭੰਗਾਲੀ ਕਲਾਂ ਵਿਖੇ ਲਗਾ ਦਿੱਤਾ ਗਿਆ ਅਤੇ ਚਵਿੰਡਾ ਦੇਵੀ ਚੌਕੀ ਵਿਖੇ ਰਜਿੰਦਰ ਪਾਲ ਸਿੰਘ ਨੂੰ ਲਗਾ ਦਿੱਤਾ ਹੈ।



# ਡੇਅਰੀ ਵਿਕਾਸ ਵਿਭਾਗ ਨੇ ਦੁੱਧ ਖਪਤਕਾਰ ਜਾਗਰੂਕਤਾ ਕੈਂਪ ਲਗਾਇਆ

**ਗੁਰਦਾਸਪੁਰ (ਜਨਕ ਮਹਾਜਨ)**- ਡੇਅਰੀ ਵਿਕਾਸ ਵਿਭਾਗ ਦੇ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਦੇ ਨਿਰਦੇਸ਼ਾਂ ਤਹਿਤ ਡਿਪਟੀ ਡਾਇਰੈਕਟਰ ਡੇਅਰੀ ਵਰਿਆਮ ਸਿੰਘ ਦੀ ਯੋਗ ਅਗਵਾਈ ਹੇਠ ਡੇਅਰੀ ਵਿਕਾਸ ਵਿਭਾਗ ਵੱਲੋਂ ਗੁਰਦਾਸਪੁਰ ਦੇ ਮੁਹੱਲਾ ਕ੍ਰਿਸ਼ਨਾ ਨਗਰ ਵਿਖੇ ਦੁੱਧ ਖਪਤਕਾਰ ਜਾਗਰੂਕਤਾ ਕੈਂਪ ਲਗਾਇਆ ਗਿਆ। ਇਸ ਕੈਂਪ ਵਿੱਚ ਘਰਾਂ ਵਿੱਚ ਵਰਤੇ ਜਾਂਦੇ ਦੁੱਧ ਦੀ ਕੁਆਲਿਟੀ ਪ੍ਰਤੀ ਜਾਗਰੂਕਤਾ ਲਿਆਉਣ ਲਈ ਮੁਫ਼ਤ ਦੁੱਧ ਪਰਖ ਕੀਤੀ ਗਈ। ਇਸ ਕੈਂਪ ਵਿੱਚ ਕੁੱਲ 20 ਸੈਂਪਲ ਲਏ ਗਏ ਜਿਨ੍ਹਾਂ ਵਿਚੋਂ 8 ਸੈਂਪਲਾਂ ਵਿੱਚ ਪਾਣੀ ਦੀ ਮਾਤਰਾ ਵੱਧ ਪਾਈ ਗਈ ਅਤੇ 12 ਸੈਂਪਲ ਮਿਆਰਾਂ ਅਨੁਸਾਰ ਪਾਏ ਗਏ। ਇਨ੍ਹਾਂ ਸੈਂਪਲਾਂ ਵਿੱਚ ਕੋਈ ਵੀ ਹਾਨੀਕਾਰਕ ਪਦਾਰਥ ਨਹੀਂ ਪਾਇਆ ਗਿਆ। ਇਸ ਕੈਂਪ ਦੇ ਸੈਂਪਲ ਡੇਅਰੀ ਇੰਸਪੈਕਟਰ ਬਰਜਿੰਦਰ ਸਿੰਘ, ਡੇਅਰੀ ਇੰਸਪੈਕਟਰ ਮਿਸ ਅਨੂੰ ਅਤੇ ਅਨਾਮਿਕਾ ਸ਼ਰਮਾ ਨੇ ਟੈਸਟ ਕੀਤੇ। ਵਿਭਾਗੀ ਟੀਮ ਵੱਲੋਂ ਕਾਲੋਨੀ ਨਿਵਾਸੀਆਂ ਨੂੰ ਚੰਗੀ ਕੁਆਲਿਟੀ ਵਾਲਾ ਦੁੱਧ ਵਰਤਣ ਲਈ ਪ੍ਰੇਰਿਤ ਕੀਤਾ ਗਿਆ। ਇਸ ਮੌਕੇ ਮੋਨੂੰ, ਕਵਿਤਾ ਅਤੇ ਰਾਜਬੀਰ ਸਿੰਘ ਆਦਿ ਹਾਜ਼ਰ ਸਨ।



# ਨਵੀਂ ਸਬਜ਼ੀ ਮੰਡੀ ਧਾਰੀਵਾਲ ਦਾ ਚੇਅਰਮੈਨ ਜਗਰੂਪ ਸਿੰਘ ਸੇਖਵਾਂ ਨੇ ਕੀਤਾ ਉਦਘਾਟਨ

**ਧਾਰੀਵਾਲ (ਮਨਦੀਪ ਸਿੰਘ ਵਿੱਕੀ)** ਨਵੀਂ ਸਬਜ਼ੀ ਮੰਡੀ ਧਾਰੀਵਾਲ ਦੀ ਆਰੰਭਤਾ ਸ਼੍ਰੀ ਸੁਖਮਨੀ ਸਾਹਿਬ ਦਾ ਪਾਠ ਕਰਵਾਉਣ ਮਗਰੋਂ ਸਰਬੱਤ ਦੇ ਭਲੇ ਦੀ ਅਰਦਾਸ ਕਰਕੇ ਕੀਤੀ ਗਈ ਜਿਸ ਦਾ ਉਦਘਾਟਨ ਮੁੱਖ ਮਹਿਮਾਨ ਜ਼ਿਲ੍ਹਾ ਯੋਜਨਾ ਕਮੇਟੀ ਗੁਰਦਾਸਪੁਰ ਦੇ ਚੇਅਰਮੈਨ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਨੇ ਕੀਤਾ। ਜ਼ਿਕਰਯੋਗ ਹੈ ਕਿ ਕਈ ਦਹਾਕਿਆਂ ਬਾਅਦ ਧਾਰੀਵਾਲ 'ਚ ਸਥਾਈ ਤੌਰ 'ਤੇ ਨਵੀਂ ਸਬਜ਼ੀ ਮੰਡੀ ਨਸੀਬ ਹੋਈ ਹੈ। ਇਸ ਤੋਂ ਪਹਿਲਾਂ ਸਬਜ਼ੀ ਮੰਡੀ ਆੜ੍ਹਤੀਏ ਵੱਲੋਂ ਸ਼ਹਿਰ ਵਿੱਚ ਸੜਕਾਂ ਕਿਨਾਰੇ ਵੱਖ-ਵੱਖ ਥਾਵਾਂ 'ਤੇ ਆਪੋ ਆਪਣਿਆਂ ਅੱਡਿਆਂ ਅੱਗੇ ਹੀ ਕੰਮ ਚਲਾਇਆ ਜਾ ਰਿਹਾ ਸੀ। ਨਵੀਂ ਸਬਜ਼ੀ ਮੰਡੀ ਦਾ ਉਦਘਾਟਨੀ ਸਮਾਗਮ ਮੰਡੀ ਦੀ ਸ਼ੈੱਡ ਵਿਖੇ ਮਾਰਕੀਟ ਕਮੇਟੀ ਧਾਰੀਵਾਲ ਦੇ ਸਕੱਤਰ ਜਗਰੂਪ ਸਿੰਘ ਅਤੇ ਸਬਜ਼ੀ ਮੰਡੀ ਯੂਨੀਅਨ ਧਾਰੀਵਾਲ ਦੇ ਪ੍ਰਧਾਨ ਦੀਪਕ ਕੁਮਾਰ ਰਿੰਟੂ ਦੇ ਪ੍ਰਬੰਧਾਂ ਹੇਠ ਹੋਇਆ। ਸਮਾਗਮ ਦੌਰਾਨ ਡਾ. ਗੁਰਜਿੰਦਰ ਸਿੰਘ ਤੇ ਸਾਥੀਆਂ ਨੇ ਗੁਰਬਾਣੀ ਕੀਰਤਨ ਕੀਤਾ। ਇਸ ਮੌਕੇ ਚੇਅਰਮੈਨ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਨੇ ਕਿਹਾ ਕਿ ਮੰਡੀ ਦਾਣਾ ਮੰਡੀ ਧਾਰੀਵਾਲ ਵਿਖੇ ਸ਼ੁਰੂ ਹੋਣ ਨਾਲ ਸ਼ਹਿਰ ਵਿੱਚੋਂ ਟ੍ਰੈਫਿਕ ਸਮੱਸਿਆਂ ਦਾ ਪੱਕੇ ਤੌਰ 'ਤੇ ਹੱਲ ਹੋ ਗਿਆ ਅਤੇ ਮਾਰਕੀਟ ਕਮੇਟੀ ਦੀ ਆਮਦਨ ਵਧੇਗੀ। ਸਬਜ਼ੀਆਂ ਅਤੇ ਫਲ-ਫਰੂਟ ਦੇ ਕਾਸ਼ਤਕਾਰਾਂ ਨੂੰ ਵੀ ਕਾਫੀ ਫਾਇਦਾ ਹੋਵੇਗਾ। ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਕਾਦੀਆਂ ਦੇ ਇੰਚਾਰਜ ਗੁਰਇਕਬਾਲ ਸਿੰਘ ਮਾਹਲ ਨੇ ਵੀ ਵਿਸ਼ੇਸ਼ ਤੌਰ 'ਤੇ ਪਹੁੰਚ ਕੇ ਸਬਜ਼ੀ ਆੜ੍ਹਤੀਆਂ ਨੂੰ ਨਵੀਂ ਸਬਜ਼ੀ ਮੰਡੀ ਦੀ ਵਧਾਈ ਦਿੱਤੀ। ਇਸ ਮੌਕੇ ਮਾਰਕੀਟ ਕਮੇਟੀ ਧਾਰੀਵਾਲ ਦੇ ਸਕੱਤਰ ਜਗਰੂਪ ਸਿੰਘ ਅਤੇ ਸਬਜ਼ੀ ਮੰਡੀ ਯੂਨੀਅਨ ਧਾਰੀਵਾਲ ਵੱਲੋਂ ਮੁੱਖ ਮਹਿਮਾਨ ਅਤੇ ਹੋਰ ਅਹਿਮ ਸ਼ਖਸੀਅਤਾਂ ਨੂੰ ਸਿਰੋਪਾਓ ਪਾ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਥਾਣਾ ਮੁਖੀ ਸੁਰਿੰਦਰਪਾਲ ਸਿੰਘ, ਨੈਸ਼ਨਲ ਐਵਰਡੀ ਸਰਪੰਚ ਜਤਿੰਦਰ ਕੌਰ ਖੁੰਡੀ, ਬੀਬੀ ਸੁਖਵਿੰਦਰ ਕੌਰ ਬਾਜਵਾ, ਨਗਰ ਕੌਂਸਲ ਪ੍ਰਧਾਨ ਅਸ਼ਵਨੀ ਦੁੱਗਲ, ਡਾਕਟਰ ਕਮਲਜੀਤ ਸਿੰਘ ਕੇ. ਜੇ., ਸ਼ਿਵ ਸੈਨਾ ਪ੍ਰਧਾਨ ਹਨੀ ਮਹਾਜਨ, ਬਲਦੇਵ ਸਿੰਘ ਨਿਮਾਣਾ, ਕੁਲਦੀਪ ਸਿੰਘ ਟੋਨੀ, ਡਾ. ਸਤਨਾਮ ਸਿੰਘ, ਨੀਰਜ ਮਹਾਜਨ, ਸ਼ਤੀਸ਼ ਬਿੱਟੂ, ਸਰਪੰਚ ਮਨਿੰਦਰ ਸਿੰਘ ਸੁਜਾਨਪੁਰ, ਸਰਪੰਚ ਗੁਰਨਾਮ ਸਿੰਘ ਆਲੋਵਾਲ, ਸਰਪੰਚ ਅਮਰਜੀਤ ਸਿੰਘ ਲਾਡੀ ਕੋਟ ਸੰਤੋਖ ਰਾਏ, ਸਰਪੰਚ ਗੁਰਦੇਵ ਸਿੰਘ ਥੇਹ ਤਿੱਖਾ, ਸਰਪੰਚ ਹਰਪਾਲ ਸਿੰਘ ਕੰਗ, ਕੌਂਸਲਰ ਪਵਨ ਅਬਰੋਲ, ਕੌਂਸਲਰ ਇੰਦਰਿਆਸ ਹੰਸ, ਜਸਬੀਰ ਸਿੰਘ ਆਦਿ ਤੋਂ ਇਲਾਵਾ ਦਾਣਾ ਮੰਡੀ ਅਤੇ ਸਬਜ਼ੀ ਮੰਡੀ ਦੇ ਆੜ੍ਹਤੀਏ, ਮਾਰਕੀਟ ਕਮੇਟੀ ਧਾਰੀਵਾਲ ਦਾ ਸਮੂਹ ਸਟਾਫ ਹਾਜ਼ਰ ਸਨ।



# ਕੋਹਲੀ ਹਸਪਤਾਲ 'ਚ ਡਾਇਲਸਿਸ ਯੂਨਿਟ ਸਥਾਪਿਤ

**● ਨੇਫਰੋਲੋਜਿਸਟ ਡਾਕਟਰ ਗੁਰਜੋਤ ਸਿੰਘ ਨੇ ਕੀਤਾ ਉਦਘਾਟਨ**

**ਧਾਰੀਵਾਲ (ਮਨਦੀਪ ਸਿੰਘ ਵਿੱਕੀ)**- ਈਐੱਮਸੀ ਗਰੁੱਪ ਆਫ਼ ਹਾਸਪੀਟਲਜ਼ ਦੇ ਕੋਹਲੀ ਹਸਪਤਾਲ ਡਡਵਾਂ ਰੋਡ ਧਾਰੀਵਾਲ ਵਿਖੇ ਡਾਇਲਸਿਸ ਯੂਨਿਟ ਸਥਾਪਿਤ ਕੀਤਾ ਗਿਆ। ਜ਼ਿਕਰਯੋਗ ਹੈ ਇਲਾਕੇ ਵਿੱਚ ਇਹ ਪਹਿਲਾ ਡਾਇਲਸਿਸ ਯੂਨਿਟ ਸਥਾਪਿਤ ਹੋਇਆ ਹੈ। ਇਸ ਯੂਨਿਟ ਦਾ ਉਦਘਾਟਨ ਮਸ਼ਹੂਰ ਨੇਫਰੋਲੋਜਿਸਟ ਡਾ. ਗੁਰਜੋਤ ਸਿੰਘ (ਡੀ. ਐੱਮ. ਨੇਫਰੋਲੋਜੀ) ਨੇ ਕੀਤਾ। ਇਸ ਮੌਕੇ ਕੋਹਲੀ ਹਸਪਤਾਲ ਦੇ ਮੁੱਖ ਪ੍ਰਬੰਧਕ ਡਾ. ਪਲਵੀ, ਡਾ. ਦੀਪਕ ਕੋਹਲੀ, ਡਾ. ਫਾਰੂਕ, ਡਾ. ਸਲਮਾਨ, ਮਾਰਕੀਟਿੰਗ ਇੰਚਾਰਜ ਸੰਦੀਪ ਚੌਹਾਨ, ਸੰਜੀਵ ਨੰਦਾ ਸਮੇਤ ਸਮੂਹ ਸਟਾਫ ਹਾਜ਼ਰ ਸੀ। ਇਸ ਮੌਕੇ ਡਾ. ਗੁਰਜੋਤ ਸਿੰਘ ਨੇ ਕਿਡਨੀ ਖਰਾਬ ਹੋਣ ਦੇ ਕਾਰਨ, ਲੱਛਣ ਅਤੇ ਬਚਾਓ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਦਿੰਦਿਆਂ ਦੱਸਿਆ ਡਾਇਲਸਿਸ ਸਿਰਫ ਇਲਾਜ ਹੀ ਨਹੀਂ, ਸਗੋਂ ਇੱਕ ਜੀਵਨ ਲਾਈਨ ਹੈ। ਈਐੱਮਸੀ ਗਰੁੱਪ ਵੱਲੋਂ ਕੋਹਲੀ ਹਸਪਤਾਲ ਧਾਰੀਵਾਲ ਵਿੱਚ ਕਿਡਨੀ ਮਰੀਜ਼ਾਂ ਲਈ ਆਧੁਨਿਕ ਇਲਾਜ ਸੁਵਿਧਾ ਮੁਹੱਈਆ ਕਰਵਾਉਣ ਨਾਲ ਗੁਰਦਾਸਪੁਰ ਜਾਂ ਅੰਮ੍ਰਿਤਸਰ ਜਾਣ ਦੀ ਲੋੜ ਨਹੀਂ ਰਹੇਗੀ। ਗਰੁੱਪ ਦੇ ਚੇਅਰਮੈਨ ਪਵਨ ਅਰੋੜਾ ਨੇ ਦੱਸਿਆ ਈਐੱਮਸੀ ਗਰੁੱਪ ਪੰਜਾਬ ਦੇ ਅਰਧ-ਸ਼ਹਿਰੀ ਅਤੇ ਪਿੰਡਾਂ ਵਿੱਚ ਲੋਕਾਂ ਲਈ ਆਧੁਨਿਕ ਸਿਹਤ ਸੇਵਾਵਾਂ ਦੇ ਵਿਸਥਾਰ ਲਈ ਵਚਨਬੱਧ ਹੈ। ਡਾ. ਦੀਪਕ ਕੋਹਲੀ ਨੇ ਦੱਸਿਆ ਕਿ ਕੋਹਲੀ ਹਸਪਤਾਲ ਧਾਰੀਵਾਲ ਵਿੱਚ ਵੱਖ-ਵੱਖ ਬਿਮਾਰੀਆਂ ਦੇ ਮਾਹਿਰ ਡਾਕਟਰਾਂ ਦੀ ਪੂਰੀ ਟੀਮ ਬੇਹਤਰੀਨ ਸੇਵਾਵਾਂ ਨਿਭਾ ਰਹੀ ਹੈ। ਇਥੇ ਵੱਡੇ ਸ਼ਹਿਰਾਂ ਦੇ ਹਸਪਤਾਲਾਂ ਨਾਲੋਂ ਵੀ ਵਧੀਆ ਇਲਾਜ ਵਾਜਬ ਖਰਚੇ 'ਤੇ ਹੁੰਦਾ ਹੈ। ਉਨ੍ਹਾਂ ਦੱਸਿਆ ਕਿ ਨਵੇਂ ਡਾਇਲਸਿਸ ਯੂਨਿਟ ਦੀ 24 ਘੰਟੇ ਸਹੂਲਤ, ਸਾਬਕਾ ਸੈਨਿਕਾਂ (ਕਾਰਡਧਾਰਕਾਂ) ਲਈ ਮੁਫਤ ਡਾਇਲਸਿਸ, ਨਵੀਨਮਤ ਹੇਮੋਡਾਇਲਸਿਸ ਮਸ਼ੀਨਾਂ ਅਤੇ ਇਨਫੈਕਸ਼ਨ ਕੰਟਰੋਲ ਸੈਟਅੱਪ ਆਦਿ ਸਹੂਲਤਾਂ ਪ੍ਰਦਾਨ ਕਰਨ ਲਈ ਮਾਹਿਰ ਡਾਕਟਰ ਦੀ ਟੀਮ ਅਤੇ ਤਜਰਬੇਕਾਰ ਨਰਸਿੰਗ ਅਤੇ ਟੈਕਨੀਕਲ ਸਟਾਫ ਹਰ ਵਕਤ ਮਿਲੇਗਾ।



ਨਵਾਂ ਜ਼ਮਾਨਾ
ਸੋਮਵਾਰ, 9 ਜੂਨ 2025

# ਸੰਘ ਦੀ ਇੱਕ ਹੋਰ ਹਰਕਤ

*ਰਾਸ਼ਟਰੀ ਸੋਇਮ ਸੇਵਕ ਸੰਘ (ਆਰ ਐੱਸ ਐੱਸ) ਦੇ ਮੁਖੀ ਮੋਹਨ ਭਾਗਵਤ ਨੇ ਸ਼ੁੱਕਰਵਾਰ ਨਾਗਪੁਰ ਵਿੱਚ ਇੱਕ ਕਿਤਾਬ ਦੇ ਵਿਮੋਚਨ ਦੇ ਮੌਕੇ ਦੇਸ਼ ਦੀ ਆਜ਼ਾਦੀ ਨੂੰ ਲੈ ਕੇ ਫਿਰ ਅਜਿਹਾ ਬਿਆਨ ਦਿੱਤਾ ਹੈ, ਜਿਹੜਾ ਬਹਿਸ ਨੂੰ ਤੇਜ਼ ਕਰ ਸਕਦਾ ਹੈ। ਭਾਗਵਤ ਨੇ ਕਿਹਾ, "ਦੇਸ਼ ਨੂੰ ਆਪਣੀ ਆਜ਼ਾਦੀ ਕਿਵੇਂ ਮਿਲੀ, ਇਸ ਬਾਰੇ ਚਰਚਾ ਵਿੱਚ ਅਕਸਰ ਇੱਕ ਅਹਿਮ ਸਚਾਈ ਨੂੰ ਨਜ਼ਰਅੰਦਾਜ਼ ਕਰ ਦਿੱਤਾ ਜਾਂਦਾ ਹੈ। ਇਹ ਕਿਸੇ ਇੱਕ ਵਿਅਕਤੀ ਨੇ ਲੈ ਕੇ ਨਹੀਂ ਦਿੱਤੀ। 1857 ਦੇ ਬਾਅਦ ਪੂਰੇ ਭਾਰਤ ਵਿੱਚ ਆਜ਼ਾਦੀ ਸੰਗਰਾਮ ਦੀਆਂ ਲਪਟਾਂ ਭੜਕ ਉੱਠੀਆਂ ਸਨ।" ਭਾਗਵਤ ਨੇ ਆਜ਼ਾਦੀ ਸੰਗਰਾਮ ਵਿੱਚ ਅਣਗਿਣਤ ਵਿਅਕਤੀਆਂ ਤੇ ਸਮੂਹਾਂ ਦਾ ਹਵਾਲਾ ਦਿੱਤਾ ਤੇ ਕਿਸੇ ਦਾ ਨਾਂਅ ਲਏ ਬਿਨਾਂ ਇਸ ਧਾਰਨਾ ਨੂੰ ਖਾਰਜ ਕਰ ਦਿੱਤਾ ਕਿ ਕੋਈ ਇੱਕ ਇਕਾਈ ਇਸ ਉਪਲੱਬਧੀ ਦਾ ਖਾਸ ਸਿਹਰਾ ਲੈ ਸਕਦੀ ਹੈ।*

*ਆਰ ਐੱਸ ਐੱਸ ਤੇ ਭਾਜਪਾ ਆਜ਼ਾਦੀ ਦੇ ਅੰਦੋਲਨ ਵਿੱਚ ਆਰ ਐੱਸ ਐੱਸ ਦੀ ਭੂਮਿਕਾ ਦੀ ਅਲੋਚਨਾ ਦਾ ਮੁਕਾਬਲਾ ਕਰਨ ਲਈ ਅਕਸਰ ਅਜਿਹੇ ਬਿਆਨ ਦਿੰਦੇ ਰਹਿੰਦੇ ਹਨ, ਜਦਕਿ ਇਤਿਹਾਸ ਇਨ੍ਹਾਂ ਤੱਥਾਂ ਨਾਲ ਭਰਿਆ ਹੋਇਆ ਹੈ ਕਿ ਆਰ ਐੱਸ ਐੱਸ ਪੂਰੇ ਆਜ਼ਾਦੀ ਸੰਗਰਾਮ ਤੋਂ ਦੂਰ ਰਿਹਾ। ਹਾਲਾਂਕਿ ਹੁਣ ਸੰਘ ਵਾਲੇ ਦਾਅਵਾ ਕਰਨ ਲੱਗੇ ਹਨ ਕਿ ਆਜ਼ਾਦੀ ਦੇ ਅੰਦੋਲਨ ਦੌਰਾਨ ਸੰਘ ਦੇ ਬਾਨੀ ਕੇ ਬੀ ਹੈਡਗੇਵਾਰ ਵਰਗੇ ਆਗੂਆਂ ਨੇ ਲੋਕਮਾਨਿਆ ਤਿਲਕ ਦੇ ਪ੍ਰਭਾਵ ਵਿੱਚ ਬਸਤੀਵਾਦੀ ਵਿਰੋਧੀ ਸੰਘਰਸ਼ ਵਿੱਚ ਹਿੱਸਾ ਲਿਆ ਸੀ। 1921 ਵਿੱਚ ਬ੍ਰਿਟਿਸ਼ ਵਿਰੋਧੀ ਭਾਸ਼ਣ ਲਈ ਇੱਕ ਸਾਲ ਦੀ ਸਜ਼ਾ ਪਾਉਣ ਵਾਲੇ ਹੈਡਗੇਵਾਰ ਨੂੰ ਬ੍ਰਿਟਿਸ਼ ਨਮਕ ਏਕਾਧਿਕਾਰ ਖਿਲਾਫ 1930 ਦੇ ਅੰਦੋਲਨ ਵਿੱਚ ਸ਼ਾਮਲ ਹੋਣ ਲਈ ਵੀ ਜੇਲ੍ਹ ਭੇਜਿਆ ਗਿਆ ਸੀ, ਪਰ ਸਚਾਈ ਇਹ ਨਹੀਂ ਹੈ, ਜੋ ਆਰ ਐੱਸ ਐੱਸ ਦੇ ਲੋਕ ਦੱਸਦੇ ਫਿਰ ਰਹੇ ਹਨ। ਦਰਅਸਲ ਆਰ ਐੱਸ ਐੱਸ ਆਗੂ ਐੱਮ ਐੱਸ ਗੋਲਵਲਕਰ ਨੇ ਆਪਣੇ ਲੇਖਾਂ ਵਿੱਚ ਅੰਗਰੇਜ਼ਾਂ ਖਿਲਾਫ ਅੰਦੋਲਨ ਨੂੰ ਪ੍ਰਤੀਕਿਰਿਆਵਾਦੀ ਤੇ ਆਰਜ਼ੀ ਦੱਸਿਆ ਸੀ। ਉਸ ਨੇ ਕਿਹਾ ਸੀ ਕਿ ਅੰਗਰੇਜ਼ਾਂ ਨਾਲ ਲੜਨ ਦੀ ਥਾਂ ਅੰਦਰੂਨੀ ਦੁਸ਼ਮਣਾਂ ਨਾਲ ਲੜਨ ਦੀ ਲੋੜ ਹੈ। ਉਸ ਨੇ ਇਹ ਵੀ ਲਿਖਿਆ ਸੀ ਕਿ ਆਰ ਐੱਸ ਐੱਸ ਦਾ ਮਕਸਦ ਬ੍ਰਿਟਿਸ਼ ਸ਼ਾਸਨ ਦਾ ਅੰਤ ਨਹੀਂ, ਸਗੋਂ ਇੱਕ 'ਹਿੰਦੂ ਰਾਸ਼ਟਰ' ਦੀ ਸਥਾਪਨਾ ਕਰਨਾ ਹੈ।*

*ਆਰ ਐੱਸ ਐੱਸ ਨੇ ਮਹਾਤਮਾ ਗਾਂਧੀ ਦੇ ਸਿਵਲ ਨਾਫਰਮਾਨੀ ਤੇ ਭਾਰਤ ਛੋੜੋ ਅੰਦੋਲਨ ਵਿੱਚ ਹਿੱਸਾ ਨਹੀਂ ਲਿਆ। ਹੈਡਗੇਵਾਰ, ਜੋ ਪਹਿਲਾਂ ਕਾਂਗਰਸੀ ਕਾਰਕੁੰਨ ਸੀ, ਨੇ ਕਾਂਗਰਸ ਦੇ ਛੂਤਛਾਤ ਖਤਮ ਕਰਨ ਤੇ ਜਾਤੀਆਂ ਦੀ ਏਕਤਾ ਦੇ ਏਜੰਡੇ ਨਾਲ ਅਸਹਿਮਤੀ ਕਾਰਨ 1925 ਵਿੱਚ ਆਰ ਐੱਸ ਐੱਸ ਦੀ ਸਥਾਪਨਾ ਕੀਤੀ ਸੀ। ਇਸ ਨੇ ਬ੍ਰਿਟਿਸ਼ ਵਿਰੋਧੀ ਅੰਦੋਲਨਾਂ ਤੋਂ ਦੂਰੀ ਬਣਾਈ ਰੱਖੀ ਤੇ ਆਪਣੇ ਯਤਨਾਂ ਨੂੰ ਹਿੰਦੂ ਸੰਗਠਨ ਤੇ ਸੱਭਿਆਚਾਰਕ ਰਾਸ਼ਟਰਵਾਦ 'ਤੇ ਕੇਂਦਰਤ ਕੀਤਾ। ਉਸ ਨੇ ਬ੍ਰਿਟਿਸ਼ ਸ਼ਾਸਨ ਦਾ ਵਿਰੋਧ ਕਰਨ ਦੀ ਥਾਂ ਕੁਝ ਮਾਮਲਿਆਂ ਵਿੱਚ ਉਸ ਨਾਲ ਸਹਿਯੋਗ ਕੀਤਾ। ਮਿਸਾਲ ਦੇ ਤੌਰ 'ਤੇ ਗੋਲਵਲਕਰ ਨੇ ਬ੍ਰਿਟਿਸ਼ ਰਾਜ ਦੌਰਾਨ ਸੰਗਠਨ ਨੂੰ ਸਿਆਸੀ ਅੰਦੋਲਨਾਂ ਤੋਂ ਦੂਰ ਰੱਖਣ 'ਤੇ ਜ਼ੋਰ ਦਿੱਤਾ। 1948 ਵਿੱਚ ਮਹਾਤਮਾ ਗਾਂਧੀ ਦੀ ਹੱਤਿਆ ਦੇ ਬਾਅਦ ਆਰ ਐੱਸ ਐੱਸ 'ਤੇ ਪਾਬੰਦੀ ਲਗਾਈ ਗਈ ਸੀ, ਕਿਉਂਕਿ ਹਤਿਆਰਾ ਨੱਥੂ ਰਾਮ ਗੌਡਸੇ ਆਰ ਐੱਸ ਐੱਸ ਨਾਲ ਜੁੜਿਆ ਹੋਇਆ ਸੀ। ਵੇਲੇ ਦੇ ਗ੍ਰਹਿ ਮੰਤਰੀ ਸਰਦਾਰ ਵੱਲਭ ਭਾਈ ਪਟੇਲ ਨੇ ਆਰ ਐੱਸ ਐੱਸ 'ਤੇ ਪਾਬੰਦੀ ਲਾਉਣ ਸਮੇਂ ਇਸ ਦੇ ਫਿਰਕੂ ਨਜ਼ਰੀਏ ਦੀ ਅਲੋਚਨਾ ਕੀਤੀ ਸੀ। ਇਤਿਹਾਸਕ ਦਸਤਾਵੇਜ਼ਾਂ ਵਿੱਚ ਆਰ ਐੱਸ ਐੱਸ ਦੇ ਸੋਇਮ ਸੇਵਕਾਂ ਦੇ ਜੇਲ੍ਹ ਜਾਣ, ਸ਼ਹੀਦ ਹੋਣ ਜਾਂ ਬ੍ਰਿਟਿਸ਼ ਸ਼ਾਸਨ ਦੇ ਖਿਲਾਫ ਪ੍ਰਦਰਸ਼ਨ ਦੇ ਕੋਈ ਠੋਸ ਸਬੂਤ ਨਹੀਂ ਮਿਲਦੇ।*

*ਭਾਗਵਤ ਨੇ ਪਿੱਛੇ ਜਿਹੇ ਅਯੁੱਧਿਆ ਵਿੱਚ ਰਾਮ ਮੰਦਰ ਦੀ ਪ੍ਰਾਣ ਪ੍ਰਤਿਸ਼ਠਾ ਨੂੰ ਭਾਰਤ ਦੀ 'ਸੱਚੀ ਆਜ਼ਾਦੀ' ਦੱਸਿਆ ਸੀ। ਇਸ ਤਰ੍ਹਾਂ ਉਸ ਨੇ ਇੱਕ ਝਟਕੇ ਵਿੱਚ ਭਾਰਤੀ ਆਜ਼ਾਦੀ ਸੰਗਰਾਮ ਦੇ ਨਾਇਕਾਂ ਗਾਂਧੀ, ਨਹਿਰੂ ਤੇ ਭਗਤ ਸਿੰਘ ਵਰਗਿਆਂ ਦੇ ਯੋਗਦਾਨ ਨੂੰ ਖਾਰਜ ਕਰਨ ਦੀ ਹਰਕਤ ਕੀਤੀ ਸੀ।*

# ਪੰਜਾਬੀ ਕਰਜ਼ੇ ਤੋਂ ਮੁਕਤੀ ਕਦੋਂ ਪਾਉਣਗੇ ?



ਡਾ. ਅਮਨਪ੍ਰੀਤ ਸਿੰਘ ਬਰਾੜ

ਪੰਜਾਬ ਦੀ ਅਰਥ ਵਿਵਸਥਾ ਨੂੰ ਲੈ ਕੇ ਹਰ ਪੰਜਾਬੀ ਚਿੰਤਤ ਹੈ। ਹਰ ਸਰਕਾਰ ਵੀ ਇਸ ਨੂੰ ਠੀਕ ਕਰਨ ਲਈ ਆਪਣੀ ਵਾਹ ਲਾਉਂਦੀ ਹੈ, ਪਰ ਅੱਜ ਤੱਕ ਕੋਈ ਵੀ ਸਥਾਈ ਹੱਲ ਨਿਕਲਦਾ ਨਜ਼ਰ ਨਹੀਂ ਆਉਂਦਾ। ਹਰ ਸਾਲ ਬਜਟ ਵੇਲੇ ਜਾਂ ਫਿਰ ਚੋਣਾਂ ਨੇੜੇ ਆਉਂਦੇ ਹੀ ਪੰਜਾਬ ਸਿਰ ਕਰਜ਼ੇ ਦੀ ਯਾਦ ਆ ਜਾਂਦੀ ਹੈ, ਪਰ ਸਰਕਾਰ ਬਣਨ ਤੋਂ ਬਾਅਦ ਇਹ ਸਭ ਗਾਇਬ ਹੋ ਜਾਂਦਾ ਹੈ। ਪੰਜਾਬ ਦੀਆਂ ਸਰਕਾਰਾਂ ਜੋ ਸਮੇਂ-ਸਮੇਂ ਰਾਜ ਕਰ ਗਈਆਂ ਹਨ ਜਾਂ ਰਾਜ ਕਰ ਰਹੀਆਂ ਹੈ, ਉਹਨਾਂ ਦੀ ਨੀਅਤ ਭਾਵੇਂ ਠੀਕ ਹੋਵੇ, ਪਰ ਕਿਤੇ ਨਾ ਕਿਤੇ ਨੀਤੀ ਉਹਨਾਂ ਦਾ ਸਾਥ ਦਿੰਦੀ ਨਜ਼ਰ ਨਹੀਂ ਆਉਂਦੀ। ਇਸ ਕਰਕੇ ਪੰਜਾਬੀਆਂ ਨੇ ਵੀ ਰਵਾਇਤੀ ਪਾਰਟੀਆਂ ਦੀਆਂ ਸਰਕਾਰਾਂ ਤੋਂ ਨਿਰਾਸ਼ ਹੋ ਕੇ ਇਸ ਵਾਰ ਬਦਲਾਅ ਲਿਆਂਦਾ ਅਤੇ ਨਵੀਂ ਪਾਰਟੀ ਨੂੰ ਮੌਕਾ ਦਿੱਤਾ, ਪਰ ਉਮੀਦ ਦੇ ਉਲਟ ਇਸ ਸਰਕਾਰ ਨੇ ਵੀ ਕਰਜ਼ਾ ਲਿਆ।

**ਕਰਜ਼ਾ:** ਪਿਛਲੇ ਕਈ ਦਹਾਕਿਆਂ ਤੋਂ ਸੁਣਦੇ ਆ ਰਹੇ ਹਾਂ ਕਿ ਪੰਜਾਬ ਸਿਰ ਕਰਜ਼ਾ ਵਧਦਾ ਜਾ ਰਿਹਾ ਹੈ। ਇਸ ਵਿੱਚ 2022 ਤੱਕ ਤਾਂ ਹਾਲਾਤ ਸੁਧਰਨ ਦੀ ਲੋਕਾਂ ਨੇ ਉਮੀਦ ਹੀ ਛੱਡ ਦਿੱਤੀ ਸੀ, ਪਰ ਫਿਰ ਇੱਕ ਨਵੀਂ ਪਾਰਟੀ ਨੇ ਕੁੱਝ ਇਹੋ ਜਿਹੇ ਅੰਕੜੇ ਪੇਸ਼ ਕੀਤੇ ਕਿ ਲੋਕਾਂ ਨੂੰ ਲੱਗਿਆ ਸ਼ਾਇਦ ਇਹ ਖਤਮ ਕੀਤਾ ਜਾ ਸਕਦਾ ਹੈ। ਉਨ੍ਹਾਂ ਕੁਝ ਅੰਕੜੇ ਦਸੰਬਰ-ਜਨਵਰੀ 2021-2022 ਵਿੱਚ ਸਾਂਝੇ ਕੀਤੇ ਕਿ ਕਿੱਥੋਂ-ਕਿੱਥੋਂ ਸੂਬੇ ਦੀ ਆਮਦਨ ਵਧਾਈ ਜਾ ਸਕਦੀ ਹੈ ਅਤੇ ਜਿਸ ਨਾਲ ਬਿਨਾਂ ਹੋਰ ਕਰਜ਼ ਲਏ ਕਰਜ਼ਾ ਮੋੜਿਆ ਜਾ ਸਕਦਾ ਹੈ। ਇਸ ਵਿੱਚ ਦੋ ਪ੍ਰਮੁੱਖ ਗੱਲਾਂ ਸਨ ਆਬਕਾਰੀ ਨੀਤੀ ਵਿੱਚ ਬਦਲਾਅ ਅਤੇ ਰੇਤ ਦੀ ਚੋਰੀ ਰੋਕਣ ਨਾਲ ਆਮਦਨ ਵਧ ਸਕਦੀ ਹੈ। ਆਬਕਾਰੀ ਅਤੇ ਰੇਤੇ ਦੀ ਨੀਤੀ ਸਬੰਧ ਵਿੱਚ ਕਾਂਗਰਸ ਸਰਕਾਰ ਦੇ ਮੰਤਰੀ ਨੇ ਵੀ ਕੁਝ ਸੁਝਾਅ ਦਿੱਤੇ ਸਨ, ਪਰ ਉਹ ਉਸ ਵੇਲੇ ਦੀ ਸਰਕਾਰ ਨੇ ਮੰਨੇ ਨਹੀਂ। ਸਾਲ 2022-23 ਆਬਕਾਰੀ ਤੋਂ ਆਮਦਨ ਤਾਂ ਵਧੀ, ਪਰ ਇਸ ਦਾ ਕਰਜਾ ਘਟਾਉਣ ਵਿੱਚ ਯੋਗਦਾਨ ਨਜ਼ਰ ਨਹੀਂ ਆਇਆ। ਇਸ ਵਿੱਤੀ ਸਾਲ ਵਿੱਚ ਸਰਕਾਰ ਨੇ 30953 ਕਰੋੜ ਕਰਜ਼ਾ ਹੋਰ ਲੈ ਲਿਆ ਹੈ। ਇਸ ਵਾਰ ਦੇ ਬਜਟ ਦੇ ਅੰਕੜਿਆਂ ਮੁਤਾਬਕ ਵਿੱਤੀ ਸਾਲ 2025-2026 ਦੇ ਅੰਤ ਤੱਕ ਕਰਜਾ ਵਧ ਕਿ 4.17 ਲੱਖ ਕਰੋੜ ਤੱਕ ਪਹੁੰਚ ਜਾਏਗਾ, ਯਾਨੀ ਇਸ ਦਾ ਸਿੱਧਾ ਅਰਥ ਹੈ ਕਿ ਸਰਕਾਰੀ ਕਰਜ਼ਾ ਹੀ ਹਰ ਪੰਜਾਬੀ ਸਿਰ 1.35 ਲੱਖ ਰੁਪਏ ਪ੍ਰਤੀ ਜੀਅ ਹੋਵੇਗਾ। ਜੇ ਪਿਛਲੀਆਂ ਦੋ ਸਰਕਾਰਾਂ ਤੇ ਹੁਣ ਤੱਕ ਦੇ ਅੰਕੜਿਆਂ ਦੀ ਸਮੀਖਿਆ ਕਰੀਏ ਤਾਂ ਕੁਝ ਇਸ ਤਰ੍ਹਾਂ ਦੀ ਤਸਵੀਰ ਨਜ਼ਰ ਆਉਂਦੀ ਹੈ। ਅਕਾਲੀ-ਭਾਜਪਾ ਨੇ ਦਸ ਸਾਲ ਰਾਜ ਕੀਤਾ, ਉਸ ਸਮੇਂ ਵਿੱਚ ਪੰਜਾਬ ਸਿਰ ਕਰਜਾ 50 ਹਜ਼ਾਰ ਕਰੋੜ ਤੋਂ ਵਧ ਕਿ 1.73 ਲੱਖ ਕਰੋੜ ਹੋ ਗਿਆ ਸੀ, ਯਾਨੀ ਵਾਧਾ 1.23 ਲੱਖ ਕਰੋੜ ਦਾ ਹੋ ਗਿਆ। ਅੱਗੇ ਦੇ ਪੰਜ ਸਾਲ ਕਾਂਗਰਸ ਦਾ ਰਾਜ ਰਿਹਾ, ਜਿਨ੍ਹਾਂ ਆਪਣੀ ਪਾਰੀ 1.73 ਲੱਖ ਤੋਂ ਸ਼ੁਰੂ ਕੀਤੀ ਅਤੇ 2.82 ਲੱਖ ਕਰੋੜ ਉੱਪਰ ਜਾਂ ਕੇ ਖਤਮ ਕੀਤੀ। ਇਸ ਸਮੇਂ ਦਾ ਵਾਧਾ ਤਕਰੀਬਨ 1.08 ਲੱਖ ਕਰੋੜ ਬਣਦਾ ਹੈ। 2022 ਵਿੱਚ ਨਵੀਂ ਸਰਕਾਰ ਬਣੀ ਅਤੇ ਤਿੰਨ ਵਿੱਤੀ ਸਾਲ 2022- 25 ਵਿੱਚ ਨਵਾਂ ਕਰਜ਼ਾ, ਜੋ ਪੰਜਾਬ ਸਿਰ ਚੜ੍ਹਿਆ ਉਹ ਹੈ ਇੱਕ ਲੱਖ ਕਰੋੜ। ਇਹਨਾਂ ਨੂੰ ਜੇ ਅਸੀਂ ਹਰ ਸਰਕਾਰ ਦੇ ਪ੍ਰਤੀ ਸਾਲ ਦੇ ਹਿਸਾਬ ਨਾਲ ਲਾਈਏ ਤਾਂ ਜੋ ਅੰਕੜੇ ਨਿਕਲ ਕਿ ਆਉਂਦੇ ਹਨ ਕਿ ਕਿਹੜੀ ਸਰਕਾਰ ਨੇ ਪ੍ਰਤੀ ਸਾਲ ਕਿੰਨਾ ਕਰਜ਼ ਲਿਆ ਹੈ। ਇਹ ਸਾਰਣੀ ਵਿੱਚ ਦਿੱਤਾ ਹੈ। ਜਿਵੇਂ-ਜਿਵੇਂ ਸਮਾਂ ਬੀਤ ਦਾ ਜਾਂਦਾ ਹੈ, ਪ੍ਰਤੀ ਸਾਲ ਕਰਜ਼ਾ ਵਧਦਾ ਜਾਂਦਾ ਹੈ।

**ਸਾਰਣੀ:- ਪੰਜਾਬ ਸਿਰ ਕਰਜ਼ੇ ਦੀ ਸਮਾਂ ਸੂਚੀ**

| ਸਾਲ | ਸਰਕਾਰ | ਕੁੱਲ ਸਮਾਂ | ਕਰਜ਼ਾ ਛੱਡਣ ਸਮੇਂ ਲੱਖ ਕਰੋੜ | ਲਿਆ ਕਰਜਾ | ਪ੍ਰਤੀ ਸਾਲ ਕਰਜਾ |
|---|---|---|---|---|---|
| 2007 | ਸਰਕਾਰ ਬਦਲੀ ਸਮੇਂ | | 50135 | | |
| 2007-17 | ਅਕਾਲ ਭਾਜਪਾ | 10 ਸਾਲ | 1.73 | 1.23 ਲੱਖ ਕਰੋੜ | 12300 ਕਰੋੜ |
| 2017-22 | ਕਾਂਗਰਸ | 5 ਸਾਲ | 2.82 | 1.08 ਲੱਖ ਕਰੋੜ | 21600 ਕਰੋੜ |
| 2022-25 | ਆਪ | 3 ਸਾਲ | 3.82 | 1.00 ਲੱਖ ਕਰੋੜ | 33333 ਕਰੋੜ |

ਇਸ ਵੇਲੇ ਇਹ ਗੱਲ ਕਰਨੀ ਵੀ ਲਾਜ਼ਮੀ ਬਣਦੀ ਹੈ ਕਿ ਨਵੀਂ ਸਰਕਾਰ ਨੇ ਤਿੰਨ ਸਾਲਾਂ 2022-25 ਵਿੱਚ 46200 ਕਰੋੜ ਦੀ ਕਰਜ਼ੇ ਦੀ ਮੂਲ ਰਾਸ਼ੀ ਅਤੇ 59000 ਕਰੋੜ ਦਾ ਵਿਆਜ ਮੋੜਿਆ ਹੈ। ਹਰ ਸਰਕਾਰ ਪਹਿਲੀ ਕਿਸ਼ਤ ਮੋੜਨ ਲਈ ਨਵਾਂ ਕਰਜ਼ਾ ਲੈਂਦੀ ਹੈ। ਇਸ ਕਰਕੇ ਕੁੱਲ ਕਰਜ਼ਾ ਵਧੀ ਜਾਂਦਾ ਹੈ, ਜੋ ਰੁਕਣ ਦਾ ਨਾਂਅ ਨਹੀਂ ਲੈਂਦਾ। ਸਾਲ 2022 ਤੋਂ 2025 ਆ ਗਿਆ, ਸਾਡਾ ਮੰਡੀ ਬੋਰਡ ਜੋ ਕਿ ਕਿਤੇ ਪੈਸੇ ਪੱਖੋਂ ਅਮੀਰ ਅਦਾਰਾ ਮੰਨਿਆ ਜਾਂਦਾ ਸੀ, ਉਸ ਦੀ ਕਿਸ਼ਤ ਵੀ ਕਈ ਵਾਰ ਸਮੇਂ ਸਿਰ ਨਹੀਂ ਮੋੜੀ ਗਈ ਅਤੇ ਸਮੇਂ-ਸਮੇਂ ਡੀਫਾਲਟ ਦੀ ਸੂਚੀ ਵਿੱਚ ਆ ਗਈ। ਇਸ ਦਾ ਕਾਰਨ ਸਰਕਾਰ ਨੇ ਬਜਟ ਦੌਰਾਨ ਦੱਸਿਆ ਕਿ ਉਹਨਾਂ ਦਾ ਜੀ ਐੱਸ ਟੀ ਦਾ ਪੈਸਾ ਅਤੇ ਆਰ ਡੀ ਐਫ ਕੇਂਦਰ ਸਰਕਾਰ ਸਮੇਂ ਸਿਰ ਨਹੀਂ ਦੇ ਰਹੀ, ਜੋ ਸਰਾਸਰ ਧੱਕਾ ਹੈ। ਇਸ ਵੇਲੇ ਸਰਕਾਰ ਨੇ ਜੀ ਐੱਸ ਟੀ ਦੀ ਉਗਰਾਹੀ ਵਧਾਉਣ ਨੂੰ ਤਰਜੀਹ ਦਿੱਤੀ ਹੈ।

**ਸਮੱਸਿਆ ਦਾ ਹੱਲ :** ਸਭ ਤੋਂ ਪਹਿਲਾਂ ਤਾਂ ਸਰਕਾਰ ਨੂੰ ਆਪਣੀਆਂ ਨੀਤੀਆਂ ਵਿੱਚ ਤਬਦੀਲੀਆਂ ਕਰਨ ਦੀ ਲੋੜ ਹੈ। ਇਸ ਲਈ ਦ੍ਰਿੜ੍ਹ ਇਰਾਦੇ ਦੀ ਲੋੜ ਹੈ, ਕਿਉਂਕਿ ਲੋਕ ਲੁਭਾਊ ਰਾਜਨੀਤੀ ਡਿਵੈਲਪਮੈਂਟ 'ਤੇ ਭਾਰੂ ਪੈ ਗਈ ਅਤੇ ਰਾਜ ਹਥਿਆਉਣ ਲਈ ਹਰ ਤਰ੍ਹਾਂ ਦੇ ਹੱਥਕੰਡੇ ਵਰਤਣੇ ਸ਼ੁਰੂ ਕਰ ਦਿੱਤੇ ।

**ਮੁਫਤਖੋਰੀ ਨੂੰ ਬਦਲਣਾ:** ਅੱਜ ਸਭ ਤੋਂ ਵੱਡੀ ਸਮੱਸਿਆ ਹੈ ਮੁਫ਼ਤਖੋਰੀ ਦੀ, ਜਿਹੜੀ ਹਰ ਸਰਕਾਰ ਨਾਲ ਘਟਣ ਦੀ ਬਜਾਏ ਵਧਦੀ ਜਾਂਦੀ ਹੈ। ਇਸ ਵੇਲੇ ਬਿਜਲੀ ਦੀ ਸਬਸਿਡੀ ਹੀ ਤਕਰੀਬਨ 20500 ਕਰੋੜ ਬਣਨ ਦਾ ਅਨੁਮਾਨ ਹੈ ਅਤੇ 5273 ਕਰੋੜ ਪਿਛਲੇ ਸਾਲ ਦਾ ਹੈ। ਜਿਸ ਵਿੱਚੋਂ 10000 ਕਰੋੜ ਖੇਤੀ ਖੇਤਰ, 7614 ਕਰੋੜ ਘਰੇਲੂ ਅਤੇ 2893 ਕਰੋੜ ਉਦਯੋਗਿਕ ਖੇਤਰ ਨੂੰ ਮਿਲਦੀ ਹੈ। ਇਸ ਵਿੱਚ ਕਿਸਾਨਾਂ ਦੇ ਮਗਰ ਤਾਂ ਸਾਰੇ ਸਨ ਕਿ ਬਿਜਲੀ ਮੁਫ਼ਤ ਕਰਕੇ ਉਹ ਪਾਣੀ ਦੀ ਖਪਤ ਜ਼ਿਆਦਾ ਕਰਦੇ ਹਨ, ਪਰ ਸ਼ਾਇਦ ਇਹ ਭੁੱਲ ਗਏ ਕਿ ਕਿਸਾਨਾਂ ਨੂੰ ਸਿਰਫ ਝੋਨੇ ਦੇ ਸੀਜ਼ਨ ਵਿੱਚ (107 ਦਿਨ) ਹੀ 8 ਘੰਟੇ ਬਿਜਲੀ ਮਿਲਦੀ ਹੈ, ਜਦਕਿ ਬਾਕੀ ਸਮਾਂ ਸਿਰਫ 4 ਘੰਟੇ। ਇਹ ਵੀ ਕਾਰਪੋਰੇਸ਼ਨ ਤੈਅ ਕਰਦੀ ਹੈ ਕਿ ਬਿਜਲੀ ਦਿਨੇ ਦੇਣੀ ਹੈ ਜਾਂ ਰਾਤ ਨੂੰ। ਇਸ ਦੇ ਉਲਟ ਘਰੇਲੂ ਖੇਤਰ ਵਿੱਚ 300 ਯੂਨਿਟ ਮਹੀਨੇ ਤੋਂ ਘੱਟ ਬਾਲਣ ਵਾਲਿਆਂ ਨੂੰ ਬਿਜਲੀ ਦਾ ਬਿੱਲ ਮਾਫ ਹੈ। ਇਸ ਵਿੱਚ ਤਕਰੀਬਨ 90 ਫੀਸਦੀ ਘਰ ਆ ਜਾਂਦੇ ਹਨ। ਇਸ ਨਾਲ ਬਿਜਲੀ ਦੀ ਮੰਗ ਵਧੀ ਹੈ, ਜੋ ਅੱਗੋਂ ਹੋਰ ਵੀ ਵਧੇਗੀ, ਕਿਉਂਕਿ ਜਿਹੜੇ ਘਰਾਂ ਦੀ ਬਿਜਲੀ ਦੀ ਖਪਤ 300 ਯੂਨਿਟ ਤੋਂ ਘੱਟ ਹੈ, ਉਹ ਬਿਜਲੀ ਦੇ ਨਵੇਂ ਗੈਜਟ ਲੈ ਲੈਣਗੇ, ਕਿਉਂਕਿ ਅੱਜ ਹਰ ਚੀਜ਼ ਕਿਸ਼ਤਾਂ ਤੇ ਮਿਲੀ ਜਾਂਦੀ ਹੈ ਜਿਹੜਾ ਤਿੰਨ ਹਜ਼ਾਰ ਮਹੀਨੇ ਦਾ ਬੱਚਦਾ ਹੈ ਉਸ ਵਿੱਚੋਂ ਕਿਸ਼ਤ ਦਿੱਤੀ ਜਾ ਸਕਦੀ ਹੈ। ਇਸੇ ਤਰ੍ਹਾਂ ਜੋ ਅਨਾਜ ਦੀ ਮੁਫ਼ਤ ਸਹੂਲਤ ਦਿੱਤੀ ਜਾਂਦੀ ਹੈ, ਉਹ ਵੀ ਕੰਮ ਬਦਲੇ ਅਨਾਜ ਜਾਂ ਕਹਿ ਲਓ ਇਹ ਸਾਰਾ ਪੈਸਾ ਇਕੱਠਾ ਕਰਕੇ ਰੋਜ਼ਗਾਰ ਦੇਣਾ ਚਾਹੀਦਾ ਹੈ। ਹਿਸਾਬ ਲਾਓ ਜੇ 18 ਤੋਂ 60 ਸਾਲ ਤੱਕ ਦੀ ਉਮਰ ਦੇ ਲੋਕ ਜੋ ਅਬਾਦੀ ਦਾ ਤਕਰੀਬਨ 60 ਪ੍ਰਤੀਸ਼ਤ ਬਣਦੇ ਹਨ, ਦਿਨ ਵਿੱਚ ਚਾਰ ਘੰਟੇ ਵੀ ਕੰਮ ਕਰਨ ਤਾਂ ਕੀ ਕੁਝ ਪੈਦਾ ਨਹੀਂ ਕੀਤਾ ਜਾ ਸਕਦਾ।

ਸਰਕਾਰ ਇੰਡਸਟਰੀ ਲਗਾਵੇ, ਜਿਸ ਲਈ ਕਰਜ਼ਾ ਅੰਤਰਰਾਸ਼ਟਰੀ ਏਜੰਸੀਆਂ ਤੋਂ ਲਿਆ ਜਾਵੇ। ਮੁਫ਼ਤ ਦਾ ਰਾਸ਼ਨ, ਨਸ਼ੇ ਅਤੇ ਜੁਰਮ ਦੀ ਦੁਨੀਆਂ ਸਿਰਜਦਾ ਹੈ। ਪ੍ਰਾਈਵੇਟ ਨਿਵੇਸ਼ ਵਿੱਚ ਸਬਸਿਡੀ ਦੇਣ ਵੇਲੇ ਦੇਖਿਆ ਜਾਵੇ ਕਿਹੜੀ ਕੰਪਨੀ ਕਿੰਨਾ ਨਿਵੇਸ਼ ਕਰਦੀ ਹੈ ਅਤੇ ਕਿੰਨੀਆਂ ਨੌਕਰੀਆਂ ਪੈਦਾ ਕਰਨਗੇ। ਜਿਵੇਂ ਪੰਜਾਬ ਵਿੱਚ ਟਾਟਾ ਨੇ 2500 ਕਰੋੜ ਲਾ ਕੇ 2600 ਨੌਕਰੀਆਂ ਦੇਣੀਆਂ ਹਨ, ਜਦਕਿ ਇੱਕ ਹੋਰ ਕੰਪਨੀ ਨੇ 1600 ਕਰੋੜ ਲਾ ਕੇ 3800 ਨੌਕਰੀਆਂ ਦੇਣੀਆਂ ਹਨ। ਦੋਨਾਂ ਕੰਪਨੀਆਂ ਨੂੰ ਸਰਕਾਰੀ ਸਹੂਲਤਾਂ ਵਿੱਚ ਫਰਕ ਹੋਣਾ ਚਾਹੀਦਾ ਹੈ। ਇਸ ਵੇਲੇ ਪੁਰਾਣੀਆਂ ਦਿੱਤੀਆਂ ਸਹੂਲਤਾਂ ਨੂੰ ਆਮਦਨ ਨਾਲ ਜੋੜਿਆ ਜਾਣਾ ਚਾਹੀਦਾ, ਤਾਂ ਜੋ ਸਿਰਫ ਜ਼ਰੂਰਤਮੰਦਾਂ ਨੂੰ ਲਾਭ ਮਿਲ ਸਕੇ। ਹੁਣ ਪੰਜਾਬ ਖੇਤੀ ਪ੍ਰਧਾਨ ਨਹੀਂ ਰਿਹਾ, ਕਿਉਂਕਿ ਖੇਤੀ ਦਾ ਜੀ ਡੀ ਪੀ ਵਿੱਚ ਹਿੱਸਾ 25 ਫੀਸਦੀ ਹੈ, ਜਦਕਿ ਸਰਵਿਸ ਖੇਤਰ ਦਾ ਹਿੱਸਾ 54 ਫੀਸਦੀ ਹੈ, ਪਰ ਖੇਤੀ ਅਤੇ ਉਦਯੋਗ ਪੈਸਾ ਬਣਾਉਂਦੇ ਹਨ, ਜਦਕਿ ਸਰਵਿਸ ਖੇਤਰ ਵਿੱਚ ਪੈਸਾ ਸਿਰਫ ਹੱਥ ਬਦਲਦਾ ਹੈ। ਇਸ ਵੇਲੇ ਗੱਲ ਗੌਰ ਕਰਨ ਵਾਲੀ ਹੈ ਬਹੁਤੇ ਛੋਟੇ ਸ਼ਹਿਰਾਂ ਵਿੱਚ ਸਰਵਿਸ ਖੇਤਰ ਖੇਤੀ ਸਿਰ 'ਤੇ ਹੀ ਚੱਲਦਾ ਹੈ, ਜਦਕਿ ਲੁਧਿਆਣੇ ਵਰਗੇ ਸ਼ਹਿਰਾਂ ਵਿੱਚ ਉਦਯੋਗ ਕਰਕੇ ਚੱਲਦੇ ਹਨ। ਜਦੋਂ ਇਹਨਾਂ ਖੇਤਰਾਂ ਦੇ ਵਿੱਚੋਂ ਪੈਸਾ ਆਉਂਦਾ ਹੈ ਤਾਂ ਬਾਕੀ ਸਭ ਚਲਦਾ ਹੈ।

**ਨਿਚੋੜ:** ਕਰਜ਼ਾ ਮੁਕਤ ਹੋਣ ਲਈ ਲੋਕਾਂ ਲਈ ਰੋਜ਼ਗਾਰ ਦੇ ਮੌਕੇ ਪੈਦਾ ਕੀਤੇ ਜਾਣ, ਲੋਕਾਂ ਨੂੰ ਰੋਜ਼ਗਾਰ ਮਿਲੇਗਾ ਤਾਂ ਕੰਜ਼ਿਊਮਰ ਗੁਡਜ਼ ਦੀ ਖਪਤ ਵਧੇਗੀ, ਜਿਸ ਨਾਲ ਇੰਡਸਟਰੀ ਚੱਲੇਗੀ। ਖਪਤ ਵਧਣ ਨਾਲ ਸਰਕਾਰ ਨੂੰ ਟੈਕਸ ਦੇ ਰੂਪ ਵਿੱਚ ਆਮਦਨ ਵਧੇਗੀ। ਇਸ ਵੇਲੇ ਲੋੜ ਹੈ ਕਿ ਪੇਂਡੂ ਖੇਤਰ ਵਿੱਚ ਕਿਸਾਨਾਂ ਦੇ ਬੱਚਿਆਂ ਲਈ ਕੋਈ ਸਵੈ-ਰੋਜ਼ਗਾਰ ਦੇ ਸਾਧਨ ਪੈਦਾ ਕੀਤੇ ਜਾਣ। ਇਹ ਕੰਮ ਛੋਟੇ ਤੇ ਮਧਿਅਮ ਉਦਯੋਗ ਦੇ ਤੌਰ 'ਤੇ ਕਲੱਸਟਰ ਦੇ ਰੂਪ ਵਿੱਚ ਪਿੰਡ ਵਿੱਚ ਹੀ ਖੁਲ੍ਹਵਾਇਆ ਜਾਵੇ, ਜਿਸ ਵਿੱਚ ਖ਼ੁਰਾਕ ਅਤੇ ਇੰਡਸਟਰੀ ਵਿਭਾਗ ਤਕਨੀਕੀ ਮਦਦ ਕਰੇ।

ਇੱਕ ਗੱਲ ਸਾਨੂੰ ਸਮਝ ਲੈਣੀ ਚਾਹੀਦੀ ਹੈ ਕਿ ਪੰਜਾਬ ਨੂੰ ਆਪਣੇ ਪੈਰਾਂ 'ਤੇ ਖੜ੍ਹਾ ਹੋਣਾ ਪੈਣਾ ਹੈ, ਕਿਸੇ ਨੇ (ਬਾਹਰੋਂ ਜਾਂ ਕੇਂਦਰ) ਕੋਈ ਮਦਦ ਨਹੀਂ ਕਰਨੀ।

***# ਸੰਪਰਕ : 96537-90000***

# ਪਾਣੀ, ਹਾਏ ਪਾਣੀ !

ਅਮਰਬੀਰ ਸਿੰਘ ਚੀਮਾ

ਸਾਡੇ ਦੇਸ਼ ਦਾ ਰਾਜਸਥਾਨ ਸੂਬਾ ਮਾਰੂਥਲ ਨਾਲ ਭਰਿਆ ਹੋਇਆ ਹੈ, ਜਿੱਥੇ ਦੂਰ-ਦੂਰ ਤੱਕ ਲੋਕਾਂ ਨੂੰ ਪਾਣੀ ਦੀ ਭਾਰੀ ਕਿੱਲਤ ਦਾ ਸਾਹਮਣਾ ਕਰਨਾ ਪੈਂਦਾ ਹੈ। ਇੱਥੋਂ ਦੇ ਜ਼ਿਲ੍ਹਾ ਜਲੌਰ ਦਾ ਪਿੰਡ ਬੀਠਣ ਹੈ, ਜਿੱਥੋਂ ਦੇ ਲੋਕ ਪੀੜ੍ਹੀ ਦਰ ਪੀੜ੍ਹੀ ਭਾਵ ਸਦੀਆਂ ਤੋਂ ਇਸ ਸਮੱਸਿਆ ਨਾਲ ਜੂਝ ਰਹੇ ਹਨ। ਇੱਥੋਂ ਨੇੜੇ ਤੋਂ ਨੇੜੇ ਪੀਣਯੋਗ ਪਾਣੀ 15 ਕਿਲੋਮੀਟਰ ਦੂਰ ਪੈਂਦਾ ਹੈ। ਇਸ ਪਿੰਡ ਦੀਆਂ ਔਰਤਾਂ ਹਰ ਰੋਜ਼ ਸਵੇਰੇ ਪੰਜ-ਛੇ ਵਜੇ ਪੈਦਲ ਹੀ ਆਪਣੇ ਲੱਕ ਦੁਆਲੇ ਜਾਂ ਸਿਰਾਂ 'ਤੇ ਪਾਣੀ ਦੇ ਖ਼ਾਲੀ ਬੱਠਲ ਰੱਖ ਪਾਣੀ ਲੈਣ ਨਿਕਲ ਜਾਂਦੀਆਂ ਹਨ, ਕਿਉਂਕਿ ਇੱਥੇ ਪਾਣੀ ਲਿਆਉਣਾ ਸਿਰਫ਼ ਔਰਤ ਦੀ ਜ਼ਿੰਮੇਵਾਰੀ ਹੈ। ਇਸ ਕੰਮ ਲਈ ਉਹਨਾਂ ਨੂੰ ਰੋਜ਼ਾਨਾ ਕਰੀਬ 7-8 ਘੰਟੇ ਲੱਗ ਜਾਂਦੇ ਹਨ। ਇਸ ਤੋਂ ਇਲਾਵਾ ਘਰ ਦੇ ਹੋਰ ਕੰਮ ਵੱਖਰੇ ਤੌਰ 'ਤੇ ਕਰਨੇ ਪੈਂਦੇ ਹਨ। ਇੱਥੇ ਪਾਣੀ ਦੀ ਡੂੰਘਾਈ ਕਰੀਬ 80-90 ਫੁੱਟ 'ਤੇ ਜਾ ਕੇ ਹੈ। ਇਸ ਬੀਆਬਾਨ ਖੇਤਰ ਵਿੱਚ ਕੋਈ ਅਣਸੁਖਾਵੀਂ ਘਟਨਾ ਹੋ ਜਾਣ 'ਤੇ ਨੇੜਲੇ ਪੁਲਸ ਥਾਣੇ ਨੂੰ ਜਾਣ ਲਈ ਵੀ 4-5 ਘੰਟੇ ਲੱਗਦੇ ਹਨ। ਰਿਵਾਇਤ ਅਨੁਸਾਰ ਇੱਥੇ ਜ਼ਿਆਦਾਤਰ ਪੁਰਸ਼ਾਂ ਦੇ 2 ਜਾਂ 3 ਤਿੰਨ ਵਿਆਹ ਹਨ, ਇਸ ਦਾ ਵੀ ਕਾਰਨ ਹੈ। ਜਦੋਂ ਪਹਿਲੀ ਪਤਨੀ ਉਮਰਦਰਾਜ਼ ਹੋ ਜਾਣ ਕਾਰਨ ਪਾਣੀ ਲਿਆਉਣ ਤੋਂ ਅਸਮਰਥ ਹੋ ਜਾਂਦੀ ਹੈ, ਤਾਂ ਪੁਰਸ਼ ਹੋਰ ਵਿਆਹ ਕਰਵਾ ਲੈਂਦਾ ਹੈ। ਇੱਥੋਂ ਦੇ ਮਰਦ ਨਾਚ-ਮੰਡਲੀ ਜਾਂ ਹੋਰ ਮਜ਼ਦੂਰੀ ਦਾ ਕੰਮ ਕਰਦੇ ਹਨ। ਆਪਣੀ ਸਰੀਰਕ ਸਮਰੱਥਾ ਦੇ ਹਿਸਾਬ ਨਾਲ ਕੋਈ 'ਕੱਲੀ ਜਵਾਨ ਔਰਤ ਜਿਆਦਾ ਪਾਣੀ ਲਿਆਉਣ ਦੇ ਸਮਰੱਥ ਹੈ ਤਾਂ ਉਸ ਬਦਲੇ ਉਸ ਨੂੰ ਰੋਟੀ, ਅਨਾਜ ਜਾਂ ਚੌਲ ਵਗੈਰਾ ਮਿਲ ਜਾਂਦੇ ਹਨ।

ਚਲੋ ਹੁਣ ਅੱਗੇ ਚੱਲਦੇ ਹਾਂ, ਜਿੱਥੋਂ ਦੀ ਕਹਾਣੀ ਤੇ ਹਾਲਾਤ ਇਸ ਤੋਂ ਵੀ ਬਦਤਰ ਹਨ। ਰਾਜਸਥਾਨ ਦਾ ਜ਼ਿਲ੍ਹਾ ਬਾੜਮੇਰ, ਇਹ ਭਾਰਤ ਦਾ ਪੰਜਵਾਂ ਸਭ ਤੋਂ ਵੱਡਾ ਜ਼ਿਲ੍ਹਾ ਹੈ। ਥਾਰ ਰੇਗਿਸਤਾਨ ਇਸ ਖਿੱਤੇ ਦੀ ਪਛਾਣ ਹੈ, ਜੋ ਕਿ 85 ਫੀਸਦੀ ਭਾਰਤ ਤੇ 15 ਫੀਸਦੀ ਪਾਕਿਸਤਾਨ ਤੱਕ ਫੈਲਿਆ ਹੋਇਆ ਹੈ। ਇੱਥੇ 25 ਕਿਲੋਮੀਟਰ ਤੋਂ ਪਾਣੀ ਲੈ ਕੇ ਆਉਣਾ ਪੈਂਦਾ ਹੈ। ਜੈਸਲਮੇਰ ਵਾਂਗ ਇੱਥੇ ਵੀ ਸਭ ਤੋਂ ਵਧੇਰੇ ਗਰਮੀ ਪੈਂਦੀ ਹੈ ਤੇ ਪਾਣੀ ਦੀ ਸਮੱਸਿਆ ਸਦੀਆਂ ਪੁਰਾਣੀ ਹੈ। ਔਰਤਾਂ ਦੀ ਸਾਰੀ ਜਵਾਨੀ ਪਾਣੀ ਢੋਂਦਿਆਂ ਹੀ ਲੰਘ ਜਾਂਦੀ ਹੈ।

'ਅਰਬੀ ਕੀ ਗੜ੍ਹਨ' ਨਾਮਕ ਪਿੰਡ ਵਿੱਚ ਵੀ ਖਾਰਾ ਪਾਣੀ ਹੈ ਤੇ ਉਹ ਵੀ 600 ਫੁੱਟ ਦੇ ਕਰੀਬ ਡੂੰਘਾ। ਉਥੇ ਲੋਕ ਘਰੇ ਲਿਆਂਦੇ ਪਾਣੀ ਨੂੰ ਜਿੰਦਾ ਲਗਾ ਕੇ ਰੱਖਦੇ ਹਨ। ਇੱਥੇ ਕਥਨ ਪ੍ਰਚੱਲਤ ਹੈ ਕਿ ਆਂਢ-ਗੁਆਂਢ ਤੋਂ ਮੰਗਣ ਆਏ ਵਿਅਕਤੀ ਨੂੰ ਦੁੱਧ ਜਾਂ ਘਿਓ ਤਾਂ ਦੇ ਦਿੰਦੇ ਹਨ, ਪਰ ਪਾਣੀ ਨਹੀਂ। 10-12 ਸਾਲਾਂ ਦੀਆਂ ਬੱਚੀਆਂ ਤੋਂ ਲੈ ਕੇ 80-85 ਸਾਲ ਦੀਆਂ ਬਜ਼ੁਰਗ ਔਰਤਾਂ ਲਈ ਪਾਣੀ ਲਿਆਉਣਾ ਹੀ ਮੁੱਖ ਕੰਮ ਹੈ। ਪਾਣੀ ਲਿਆਉਣ ਕਾਰਨ ਕਈ ਬੱਚੀਆਂ ਦੀ ਪੜ੍ਹਾਈ ਵੀ ਛੁੱਟ ਗਈ ਹੈ। ਇੱਥੇ ਸਾਲ 'ਚ 3-4 ਵਾਰੀ ਹੀ ਬਾਰਿਸ਼ ਹੁੰਦੀ ਹੈ। ਜਲ ਸਰੋਤ ਲਗਾਤਾਰ ਸੁੱਕ ਰਹੇ ਹਨ।

ਡੇਢ-ਦੋ ਸੌ ਫੁੱਟ ਤੋਂ ਤਿੰਨ ਜਾਂ ਚਾਰ ਔਰਤਾਂ ਮਿਲ ਕੇ ਪਾਣੀ ਭਰੀ ਮਸ਼ਕ ਨੂੰ ਰੱਸੀ ਨਾਲ ਖਿੱਚਦੀਆਂ ਹਨ ਤੇ ਇੱਕ ਔਰਤ ਉਸ ਮਸ਼ਕ 'ਚੋਂ ਪਾਣੀ ਬੱਠਲ ਵਿੱਚ ਭਰ ਲੈਂਦੀ ਹੈ। ਕੁਝ ਕੁ ਮਸ਼ਕਾਂ ਭਰਨ ਤੋਂ ਬਾਅਦ ਖੂਹੀ ਵਿਚਲਾ ਪਾਣੀ ਵੀ ਸੁੱਕ ਜਾਂਦਾ ਹੈ। ਬਾਕੀ ਔਰਤਾਂ ਖੂਹੀ 'ਚ ਪਾਣੀ ਦੁਬਾਰਾ ਭਰ ਆਉਣ ਦਾ ਇੰਤਜਾਰ ਕਰਦੀਆਂ ਹਨ। ਇਹਨਾਂ ਕੱਚੀਆਂ ਖੂਹੀਆਂ ਨੂੰ ਸਥਾਨਕ ਲੋਕ ਬੇਰੀਆਂ ਕਹਿੰਦੇ ਹਨ। ਇੱਥੇ ਇੱਕ ਵੱਡੇ ਤਲਾਬ 'ਚ ਪੰਦਰਾਂ-ਵੀਹ ਬੇਰੀਆਂ ਪੁੱਟ ਦਿੱਤੀਆਂ ਜਾਂਦੀਆਂ ਹਨ। ਜਦੋਂ ਬਾਰਿਸ਼ ਆਉਂਦੀ ਹੈ ਤਾਂ ਪਹਿਲਾਂ ਸਭ ਤੋਂ ਨੀਵੀਂ ਬੇਰੀ ਭਰ ਜਾਂਦੀ ਹੈ। ਉਸ ਤੋਂ ਪਾਣੀ ਓਵਰਫਲੋ ਹੋਣ ਤੋਂ ਬਾਅਦ ਬਾਕੀ ਬੇਰੀਆਂ ਭਰਦੀਆਂ ਜਾਂਦੀਆਂ ਹਨ। ਇਸ ਤਰ੍ਹਾਂ ਇਹਨਾਂ ਬੇਰੀਆਂ 'ਚ ਇਕੱਠੇ ਕੀਤੇ ਪਾਣੀ ਦੀ ਵਰਤੋਂ ਕੀਤੀ ਜਾਂਦੀ ਹੈ। ਅੱਜ ਵੀ ਇਹਨਾਂ ਪਿੰਡਾਂ ਵਿੱਚ ਪੀਣ ਵਾਲੇ ਪਾਣੀ ਦਾ ਮੁੱਖ ਸਰੋਤ ਇਹ ਬੇਰੀਆਂ ਹੀ ਹਨ। ਪਥਰੀਲੀ ਜਗ੍ਹਾ 'ਤੇ ਖੂਹ ਹਨ ਜਿਨ੍ਹਾਂ ਦਾ ਪਾਣੀ ਖਾਰਾ ਹੁੰਦਾ ਹੈ। ਇਸ ਪਾਣੀ ਨਾਲ ਕੱਪੜੇ ਧੋਏ ਜਾਂਦੇ ਹਨ ਤੇ ਪਸ਼ੂ ਵੀ ਪੀ ਲੈਂਦੇ ਹਨ ਪਰ ਇਹ ਪਾਣੀ ਇਨਸਾਨਾਂ ਦੇ ਪੀਣਯੋਗ ਨਹੀਂ ਹੈ।



20-25 ਕਿਲੋਮੀਟਰ ਦੀ ਦੂਰੀ ਤੋਂ ਲਗਾਤਾਰ ਪਾਣੀ ਭਰ ਕੇ ਲਿਆਉਣ ਕਾਰਨ ਔਰਤਾਂ ਦੇ ਸਰੀਰ ਵਿੱਚ, ਲੱਤਾਂ-ਬਾਹਾਂ 'ਚ, ਸਿਰ ਤੇ ਨਸਾਂ 'ਚ ਦਰਦ ਸ਼ੁਰੂ ਹੋ ਜਾਂਦੇ ਹਨ। ਗਰਭ ਧਾਰਨ ਅਤੇ ਬੱਚੇਦਾਨੀ ਉੱਤੇ ਵੀ ਮਾੜਾ ਅਸਰ ਪੈਂਦਾ ਹੈ। ਜ਼ਿਆਦਾਤਰ ਔਰਤਾਂ ਦੇ ਪੀਰੀਅਡ 7-8 ਦਿਨਾਂ ਦੇ ਹੁੰਦੇ ਹਨ। ਗਰਭਵਤੀ ਔਰਤਾਂ ਅੱਠਵੇਂ ਮਹੀਨੇ ਤੱਕ ਤੇ ਬੱਚਾ ਪੈਦਾ ਹੋਣ ਤੋਂ ਮਹੀਨੇ ਕੁ ਬਾਅਦ ਫਿਰ ਤੋਂ ਪਾਣੀ ਲਿਆਉਣਾ ਸੁਰੂ ਕਰ ਦਿੰਦੀਆਂ ਹਨ। ਇੱਕ ਪਿੰਡ ਦੀ ਇੱਕ ਔਰਤ ਇੱਕ ਸਾਲ ਵਿੱਚ ਔਸਤ 10 ਹਜ਼ਾਰ ਕਿਲੋਮੀਟਰ ਪੈਦਲ ਤੁਰਦੀ ਹੈ, ਸਿਰਫ਼ ਪਾਣੀ ਲਿਆਉਣ ਲਈ। ਇਹ ਹੀ ਇਹਨਾਂ ਦਾ ਰਸਤਾ ਹੈ ਤੇ ਇਹੀ ਮੰਜ਼ਲ। ਘੜਿਆਂ, ਮਟਕਿਆਂ, ਮਸ਼ਕਾਂ ਤੇ ਪਾਣੀ ਦੁਆਲੇ ਘੁੰਮਦੀ ਹੈ ਇਹਨਾਂ ਔਰਤਾਂ ਦੀ ਜ਼ਿੰਦਗੀ।

ਕਈ ਬਜ਼ੁਰਗ ਔਰਤਾਂ ਇਕੱਲੀਆਂ ਹੀ ਰਹਿੰਦੀਆਂ ਹਨ। ਉਹਨਾਂ ਨੂੰ 80-85 ਸਾਲ ਦੀ ਉਮਰ 'ਚ ਵੀ ਆਪ ਹੀ ਪਾਣੀ ਭਰ ਕੇ ਲਿਆਉਣਾ ਪੈਂਦਾ ਹੈ। ਝੁਕੀ ਹੋਈ ਕਮਰ, ਇੱਕ ਹੱਥ ਲਾਠੀ ਤੇ ਦੂਜੇ 'ਚ ਪਾਣੀ ਦਾ ਬੱਠਲ ਮੇਰਾ ਭਾਰਤ ਮਹਾਨ ਹੋਣ ਦੀ ਗਵਾਹੀ ਭਰਦਾ ਪ੍ਰਤੀਤ ਹੁੰਦਾ ਹੈ। ਚੰਦ ਤੇ ਮੰਗਲ ਗ੍ਰਹਿ ਤੱਕ ਪਹੁੰਚਣ ਦੇ ਦਮਗਜ਼ੇ ਮਾਰਨ ਵਾਲੀ ਮੇਰੀ ਭਾਰਤ ਸਰਕਾਰ ਨੂੰ ਇਸ ਪ੍ਰਤੀ ਬਹੁਤ ਗੰਭੀਰ ਵਿਚਾਰ ਕਰਨ ਦੀ ਲੋੜ ਹੈ। ਹਰ ਘਰ ਜਲ, ਹਰ ਘਰ ਪਾਣੀ ਦੀ ਸਕੀਮ ਇੱਥੇ ਪਤਾ ਨਹੀਂ ਕਦੋਂ ਪਹੁੰਚੇਗੀ, ਕਦੇ ਪਹੁੰਚੇਗੀ ਵੀ ਜਾਂ ਨਹੀਂ!

***# ਸੰਪਰਕ : 98889-40211***

## ਜਨਮ ਦਿਨ 'ਤੇ ਵਿਸ਼ੇਸ਼

# ਸ਼ਹੀਦ ਭਗਤ ਸਿੰਘ ਦੇ ਸਾਥੀ ਪੰਡਤ ਕਿਸ਼ੋਰੀ ਲਾਲ

ਦਲਜੀਤ ਰਾਏ ਕਾਲੀਆ

ਇਨਕਲਾਬੀ ਦੇਸ਼ ਭਗਤ ਅਤੇ ਸ਼ਹੀਦ ਭਗਤ ਸਿੰਘ ਦੇ ਸਾਥੀ ਪੰਡਤ ਕਿਸ਼ੋਰੀ ਲਾਲ ਦਾ ਜਨਮ 9 ਜੂਨ ,1909 ਈਸਵੀ ਨੂੰ ਪਿੰਡ ਧਰਮਪੁਰ, ਤਹਿਸੀਲ ਮੁਕੇਰੀਆਂ ਜ਼ਿਲ੍ਹਾ ਹੁਸ਼ਿਆਰਪੁਰ ਵਿਖੇ ਹੋਇਆ। ਉਹਨਾ ਦੇ ਪਿਤਾ ਰਘੁਵੀਰ ਦੱਤ ਸੰਸਕ੍ਰਿਤ ਦੇ ਅਧਿਆਪਕ ਸਨ, ਜੋ ਕਾਂਗਰਸ ਨਾਲ ਹਮਦਰਦੀ ਰੱਖਦੇ ਸਨ । ਸਾਲ 1907-08 ਵਿੱਚ ਮੁਲਤਾਨ ਵਿੱਚ ਇੱਕ ਜਲਸੇ ਵਿੱਚ ਸ਼ਾਮਿਲ ਹੋਣ ਕਰਕੇ ਉਹਨਾ ਦੀ ਬਦਲੀ ਮੁਲਤਾਨ ਤੋਂ ਕੋਇਟੇ ਦੀ ਕਰ ਦਿੱਤੀ ਗਈ ਸੀ । ਪੰਡਤ ਕਿਸ਼ੋਰੀ ਲਾਲ ਦੇ ਤਿੰਨ ਹੋਰ ਭਰਾ ਵੀ ਆਜ਼ਾਦੀ ਲਹਿਰ ਵਿੱਚ ਸਰਗਰਮ ਸਨ । ਉਹਨਾਂ ਦੇ ਵੱਡੇ ਭਰਾ ਸੱਤਪਾਲ ਆਰੀਆ ਸਮਾਜ ਦੇ ਪ੍ਰਚਾਰਕ ਸਨ । ਘਰੇਲੂ ਮਾਹੌਲ ਸਦਕਾ ਕਿਸ਼ੋਰੀ ਲਾਲ ਹੁਰਾਂ ਨੂੰ ਵੀ ਦੇਸ਼ ਭਗਤੀ ਅਤੇ ਸਿਆਸਤ ਦੀ ਜਾਗ ਲੱਗ ਗਈ। ਉਹਨਾ ਕੋਇਟੇ ਦੇ ਸਕੂਲ ਤੋਂ ਦਸਵੀਂ ਪਾਸ ਕੀਤੀ ਅਤੇ ਫਿਰ ਡੀ ਏ ਵੀ ਕਾਲਜ ਲਾਹੌਰ ਵਿੱਚ ਦਾਖਲ ਹੋ ਗਏ। ਨੌਜਵਾਨ ਭਾਰਤ ਸਭਾ ਬਣਨ 'ਤੇ ਪੰਡਤ ਕਿਸ਼ੋਰੀ ਲਾਲ ਇਸ ਸਭਾ ਦੇ ਮੈਂਬਰ ਬਣ ਗਏ।1928 ਈਸਵੀ ਵਿੱਚ ਆਪਣੇ ਭਰਾ ਰਾਹੀਂ ਉਹਨਾਂ ਦਾ ਮੇਲ ਭਗਤ ਸਿੰਘ ਨਾਲ ਹੋਇਆ। ਇਸ ਸਮੇਂ ਭਗਤ ਸਿੰਘ ਉਨ੍ਹਾ ਦਾ ਮਧਰਾ ਕੱਦ ਦੇਖ ਕੇ ਕਹਿਣ ਲੱਗੇ-ਕਿਸ਼ੋਰੀ ਲਾਲ ਤੂੰ ਅਜੇ ਬਹੁਤ ਛੋਟਾ ਹੈਂ। ਸਾਡਾ ਰਾਹ ਬਹੁਤ ਕਠਿਨ ਹੈ, ਜਿਸ 'ਤੇ ਤੇਰਾ ਚੱਲਣਾ ਸੰਭਵ ਨਹੀਂ ।ਕਿਸ਼ੋਰੀ ਲਾਲ ਦਾ ਜਵਾਬ ਸੀ-ਕਿਸੇ ਵੀ ਇਮਾਰਤ ਨੂੰ ਬਣਾਉਣ ਲਈ ਪੂਰੀ ਇੱਟ ਦੇ ਨਾਲ-ਨਾਲ ਰੋੜਿਆਂ ਦੀ ਜ਼ਰੂਰਤ ਵੀ ਹੁੰਦੀ ਹੈ।ਕੌਮੀ ਆਜ਼ਾਦੀ ਦੀ ਬਣ ਰਹੀ ਇਮਾਰਤ ਲਈ ਰੋੜੇ ਵਜੋਂ ਮੈਨੂੰ ਵੀ ਫਿੱਟ ਕਰ ਲਓ । ਇਹ ਸੁਣ ਕੇ ਭਗਤ ਸਿੰਘ ਬਹੁਤ ਖੁਸ਼ ਹੋਏ । ਪੰਡਤ ਕਿਸ਼ੋਰੀ ਲਾਲ ਸਰਗਰਮੀ ਨਾਲ ਇਨਕਲਾਬੀ ਕਾਰਜ ਕਰਨ ਲੱਗ ਪਏ।


ਨੌਜਵਾਨ ਭਾਰਤ ਸਭਾ ਦੇ ਲਾਹੌਰ ਵਿੱਚ ਕਈ ਖੁਫੀਆ ਟਿਕਾਣੇ ਬਣਾਏ ਹੋਏ ਸਨ, ਜਿਵੇਂ ਕਿ ਕਸ਼ਮੀਰ ਬਿਲਡਿੰਗ, ਮਜ਼ੰਗ ਹਾਊਸ,ਗੁਰੂ ਦੱਤ ਭਵਨ,ਪ੍ਰੇਮ ਗਲੀ ਵਾਲਾ ਮਕਾਨ ਅਤੇ ਗਵਾਲ ਮੰਡੀ ਵਿੱਚ। ਕਸ਼ਮੀਰ ਬਿਲਡਿੰਗ ਵਾਲੇ ਕਮਰੇ ਵਿੱਚ ਪੰਡਤ ਕਿਸ਼ੋਰੀ ਲਾਲ ਸੁਖਦੇਵ ਅਤੇ ਜੈ ਗੋਪਾਲ ਦੀ ਰਿਹਾਇਸ਼ ਸੀ। ਸੁਖਦੇਵ ਅਤੇ ਪੰਡਤ ਕਿਸ਼ੋਰੀ ਲਾਲ ਇਸ ਗੁਪਤ ਅੱਡੇ ਦੇ ਇੰਚਾਰਜ ਸਨ। ਇਸ ਤੋਂ ਇਲਾਵਾ ਇਨਕਲਾਬੀਆਂ ਦੇ ਸਾਰੇ ਗੁਪਤ ਅੱਡਿਆਂ ਨਾਲ ਤਾਲਮੇਲ ਦੀ ਜ਼ਿੰਮੇਵਾਰੀ ਵੀ ਕਿਸ਼ੋਰੀ ਲਾਲ ਦੀ ਸੀ। ਹਰ ਟਿਕਾਣੇ ਦੀ ਇੱਕ ਚਾਬੀ ਉਹਨਾ ਕੋਲ ਹੁੰਦੀ ਸੀ। ਪੰਡਤ ਕਿਸ਼ੋਰੀ ਲਾਲ ਵੈਸੇ ਕਾਲਜ ਦੇ ਹੋਸਟਲ ਵਿਚ ਰਹਿੰਦੇ ਸਨ ਅਤੇ ਇਨਕਲਾਬੀ ਸਰਗਰਮੀਆਂ ਲਈ ਗੁਪਤ ਟਿਕਾਣਿਆਂ 'ਤੇ ਆ ਟਿਕਦੇ ਸਨ। ਲਾਹੌਰ ਦੇ ਕਿਲ੍ਹਾ ਗੁੱਜਰ ਸਿੰਘ ਦੀ ਕਸ਼ਮੀਰ ਬਿਲਡਿੰਗ ਵਿੱਚ ਉਹ ਬੰਬ ਬਣਾਉਂਦੇ ਸਨ ।ਇਸੇ ਕਰਕੇ ਮੁਕੱਦਮੇ ਵਿੱਚ ਅਧਿਕਾਰੀਆਂ ਨੇ ਇਸ ਕਮਰੇ ਨੂੰ ਬੰਬਾਂ ਦੀ ਫੈਕਟਰੀ ਲਿਖਿਆ ਹੈ।

ਸਾਂਡਰਸ ਦੇ ਕਤਲ ਤੋਂ ਪਹਿਲਾਂ ਇਨਕਲਾਬੀਆਂ ਵੱਲੋਂ ਪੰਜਾਬ ਨੈਸ਼ਨਲ ਬੈਂਕ ਲਾਹੌਰ ਵਿੱਚ ਡਾਕਾ ਮਾਰਨ ਦੀ ਯੋਜਨਾ ਬਣਾਈ ਗਈ ਸੀ। ਇਸ ਯੋਜਨਾ ਅਨੁਸਾਰ ਬੈਂਕ ਲੁੱਟ ਕੇ ਧਨ ਨੂੰ ਬੈਗਾਂ ਵਿੱਚ ਸੰਭਾਲਣ ਦੀ ਜ਼ਿੰਮੇਵਾਰੀ ਪੰਡਤ ਕਿਸ਼ੋਰੀ ਲਾਲ ਦੀ ਸੀ, ਪਰ ਇਹ ਯੋਜਨਾ ਅਚਾਨਕ ਮੁਲਤਵੀ ਕਰ ਦਿੱਤੀ ਗਈ ਸੀ। 30 ਅਕਤੂਬਰ, 1928 ਨੂੰ ਸਾਈਮਨ ਕਮਿਸ਼ਨ ਲਾਹੌਰ ਪਹੁੰਚਿਆ। ਇਸ ਸਮੇਂ ਦੇਸ਼ ਭਗਤ ਲੋਕਾਂ ਵੱਲੋਂ ਸਾਈਮਨ ਕਮਿਸ਼ਨ ਦੇ ਵਿਰੋਧ ਵਿੱਚ ਪੁਰਅਮਨ ਜਲੂਸ ਕੱਢਿਆ ਗਿਆ ਅਤੇ ਗਿਆ ਅਤੇ ਸਾਈਮਨ ਗੋ ਬੈਕ ਦੇ ਨਾਅਰੇ ਲਾਏ ਗਏ । ਇਸ ਜਲੂਸ ਵਿੱਚ ਭਗਤ ਸਿੰਘ, ਪੰਡਿਤ ਕਿਸ਼ੋਰੀ ਲਾਲ ਅਤੇ ਉਹਨਾਂ ਦੇ ਸਾਥੀ ਵੀ ਸ਼ਾਮਿਲ ਸਨ।

ਸਾਂਡਰਸ ਦੇ ਕਤਲ ਮਗਰੋਂ ਪਹਿਲਾਂ ਭਗਤ ਸਿੰਘ ਨੂੰ ਭਗਵਤੀ ਚਰਨ ਵੋਹਰਾ ਦੀ ਪਤਨੀ ਦੁਰਗਾ ਦੇਵੀ (ਦੁਰਗਾ ਭਾਬੀ) ਨਾਲ ਕਲਕੱਤੇ ਵੱਲ ਭੇਜਿਆ ਗਿਆ । ਪੰਡਿਤ ਕਿਸ਼ੋਰੀ ਲਾਲ ਅਤੇ ਸੁਖਦੇਵ ਦੀ ਮਾਤਾ ਰਲੀ ਦੇਈ, ਚੰਦਰਸ਼ੇਖਰ ਆਜ਼ਾਦ ਨੂੰ 25 ਦਸੰਬਰ, 1928 ਈਸਵੀ ਨੂੰ ਮਥੁਰਾ ਵੱਲ ਛੱਡਣ ਚਲੇ ਗਏ। ਬਾਅਦ ਵਿੱਚ ਵਾਪਸ ਲਾਹੌਰ ਪਹੁੰਚ ਕੇ ਪੰਡਿਤ ਕਿਸ਼ੋਰੀ ਲਾਲ ਨੇ ਆਪਣੀਆਂ ਸਰਗਰਮੀਆਂ ਫਿਰ ਤੋਂ ਸ਼ੁਰੂ ਕਰ ਦਿੱਤੀਆਂ।

15 ਅਪ੍ਰੈਲ, 1929 ਈਸਵੀ ਨੂੰ ਪੰਡਤ ਕਿਸ਼ੋਰੀ ਲਾਲ, ਸੁਖਦੇਵ ਅਤੇ ਜੈ ਗੋਪਾਲ ਲਾਹੌਰ ਦੀ ਕਸ਼ਮੀਰ ਬਿਲਡਿੰਗ ਵਿੱਚੋਂ ਫੜ ਲਏ ਗਏ ।ਗ੍ਰਿਫਤਾਰੀ ਉਪਰੰਤ ਕਿਸ਼ੋਰੀ ਲਾਲ ਨੂੰ ਲਾਹੌਰ ਦੇ ਕਿਲ੍ਹੇ ਵਿੱਚ ਅਤੇ ਉਹਨਾਂ ਦੇ ਸਾਥੀਆਂ ਨੂੰ ਲਾਹੌਰ ਹਵਾਲਾਤ ਵਿੱਚ ਲਿਜਾਇਆ ਗਿਆ। ਲਾਹੌਰ ਕਿਲ੍ਹੇ ਵਿੱਚ ਪੰਡਤ ਜੀ 'ਤੇ ਅੰਨਾ ਤਸ਼ੱਦਦ ਢਾਹਿਆ ਗਿਆ, ਤਾਂ ਜੋ ਉਹਨਾ ਕੋਲੋਂ ਪੁਲਸ ਸਾਰੇ ਭੇਦ ਕਢਵਾ ਸਕੇ, ਪਰ ਪੁਲਸ ਦੇ ਹੱਥ ਕੁਝ ਵੀ ਨਾ ਲੱਗਿਆ।

ਪੰਡਤ ਕਿਸ਼ੋਰੀ ਲਾਲ ਨੇ 18 ਸਾਲ ਦੇ ਲਗਭਗ ਆਪਣੀ ਕੈਦ ਦੀ ਸਜ਼ਾ ਲਾਹੌਰ , ਮੁਲਤਾਨ, ਨਵਾਂ ਮੁਲਤਾਨ ਅਤੇ ਮਿੰਟਗੁਮਰੀ ਦੀਆਂ ਜੇਲ੍ਹਾਂ ਵਿੱਚ ਭੁਗਤੀ। ਉਹ 1946 ਈਸਵੀ ਵਿੱਚ ਰਿਹਾਅ ਕੀਤੇ ਗਏ। ਆਪਣੀ ਜੇਲ ਯਾਤਰਾ ਦੌਰਾਨ ਉਹਨਾਂ ਬਹੁਤ ਸਾਰਾ ਮਾਰਕਸੀ ਸਾਹਿਤ ਪੜ੍ਹਿਆ। ਜੇਲ੍ਹ ਤੋਂ ਹੀ ਉਹਨਾ 1936 ਵਿੱਚ ਕਮਿਊਨਿਸਟ ਪਾਰਟੀ ਦੀ ਮੈਂਬਰਸ਼ਿਪ ਲੈਣ ਲਈ ਬੇਨਤੀ ਭੇਜੀ ਸੀ ਅਤੇ 1942 ਵਿੱਚ



ਕਮਿਊਨਿਸਟ ਪਾਰਟੀ ਦੇ ਮੈਂਬਰ ਵਜੋਂ ਰਜਿਸਟਰਡ ਹੋ ਗਏ। ਜੇਲ੍ਹ ਰਿਹਾਈ ਤੋਂ ਬਾਅਦ ਉਹ ਸਿੱਧੇ ਲਾਹੌਰ ਕਮਿਊਨਿਸਟ ਪਾਰਟੀ ਦੇ ਦਫਤਰ ਪੁੱਜੇ ਅਤੇ ਸਰਗਰਮੀ ਨਾਲ ਪਾਰਟੀ ਦੇ ਨਾਲ ਜੁੜ ਗਏ। ਦੇਸ਼ ਦੀ ਹੋਈ ਵੰਡ ਸਮੇਂ ਉਹਨਾ ਫਿਰਕੂ ਇਕਸੁਰਤਾ ਬਣਾਈ ਰੱਖਣ ਲਈ ਯਤਨ ਕੀਤੇ।ਇਸ ਸਮੇਂ ਪਾਰਟੀ ਵੱਲੋਂ ਉਹਨਾਂ ਦੀ ਡਿਊਟੀ ਕਰਤਾਰਪੁਰ ਵਿਖੇ ਲਗਾਈ ਗਈ। 1948 ਵਿੱਚ ਉਹ ਸਨਅਤੀ ਮਜ਼ਦੂਰਾਂ ਦੀ ਜਥੇਬੰਦੀ ਏਟਕ ਦੇ ਸੂਬਾਈ ਪ੍ਰਧਾਨ ਬਣੇ ਅਤੇ 10 ਸਾਲ ਤੱਕ ਇਸ ਅਹੁਦੇ 'ਤੇ ਰਹਿ ਕੇ ਮਜ਼ਦੂਰ ਜਮਾਤ ਦੀ ਰਹਿਨੁਮਾਈ ਕਰਦੇ ਰਹੇ। 1952 ਈਸਵੀ ਵਿੱਚ ਪੁਰਤਗਾਲੀਆਂ ਦੇ ਕਬਜ਼ੇ ਵਿੱਚੋਂ ਗੋਆ ਨੂੰ ਛੁਡਵਾਉਣ ਲਈ ਕਿਸ਼ੋਰੀ ਲਾਲ ਦੀ ਅਗਵਾਈ ਹੇਠ ਪੰਜਾਬ ਤੋਂ ਜੱਥਾ ਭੇਜਿਆ ਗਿਆ।ਗੋਆ ਦੀ ਮੁਕਤੀ ਦੇ ਦੌਰਾਨ ਕਰਨੈਲ ਸਿੰਘ ਈਸੜੂ ਸ਼ਹੀਦ ਹੋ ਗਏ ਸਨ ।ਇਸ ਸਮੇਂ ਸ਼ਹੀਦ ਈਸੜੂ ਨੇ ਪੰਡਤ ਜੀ ਉੱਪਰ ਲੇਟ ਕੇ ਉਹਨਾਂ ਦੀ ਜਾਨ ਬਚਾਈ ਸੀ।

ਉਹ ਪਾਰਟੀ ਸਾਹਿਤ ਦੇ ਕੇਂਦਰ ਪੰਜਾਬ ਬੁੱਕ ਸੈਂਟਰ ਦੇ ਇੰਚਾਰਜ ਵੀ ਰਹੇ ।ਕਮਿਊਨਿਸਟ ਪਾਰਟੀ ਦੀਆਂ ਜ਼ਿੰਮੇਵਾਰੀਆਂ ਤੋਂ ਇਲਾਵਾ ਉਹ ਦੇਸ਼ ਭਗਤ ਯਾਦਗਾਰ ਕਮੇਟੀ ਦੇ ਮੈਂਬਰ, ਟਰੱਸਟੀ,ਖਜ਼ਾਨਚੀ ਰਹੇ ਅਤੇ 1971 ਵਿੱਚ ਕਮੇਟੀ ਦੇ ਪ੍ਰਧਾਨ ਬਣੇ ।1964 ਈਸਵੀ ਵਿੱਚ ਕਮਿਊਨਿਸਟ ਪਾਰਟੀ ਦੇ ਦੋਫਾੜ ਹੋਣ ਸਮੇਂ ਉਹ ਸੀ ਪੀ ਆਈ. (ਮਾਰਕਸਵਾਦੀ) ਵਿੱਚ ਸ਼ਾਮਿਲ ਹੋ ਗਏ ਅਤੇ ਇਸ ਦੀ ਪੰਜਾਬ ਸੂਬਾ ਕਮੇਟੀ ਦੇ ਸਕੱਤਰ ਮੈਂਬਰ ਬਣੇ। 1970 ਈਸਵੀ ਵਿੱਚ ਪੰਜਾਬ ਸੀਟੂ ਦੀ ਸਥਾਪਨਾ ਸਮੇਂ ਉਹ ਬਾਨੀ ਪ੍ਰਧਾਨ ਚੁਣੇ ਗਏ ਅਤੇ ਲਗਾਤਾਰ ਪੰਜ ਸਾਲ ਇਸ ਅਹੁਦੇ 'ਤੇ ਰਹਿ ਆ ਕੇ ਮਜ਼ਦੂਰ ਜਮਾਤ ਦੀ ਸੇਵਾ ਕੀਤੀ।

ਪੰਡਤ ਕਿਸ਼ੋਰੀ ਲਾਲ ਇੱਕ ਸੜਕ ਦੁਰਘਟਨਾ ਵਿੱਚ ਜ਼ਖਮੀ ਹੋਣ ਉਪਰੰਤ 11 ਜੁਲਾਈ 1990 ਈਸਵੀ ਦੀ ਸ਼ਾਮ ਨੂੰ ਜਲੰਧਰ ਦੇ ਸਿਵਲ ਹਸਪਤਾਲ ਵਿੱਚ ਸਦਾ ਲਈ ਵਿਛੋੜਾ ਦੇ ਗਏ ।ਜਲੰਧਰ ਦੇ ਜਨਰਲ ਪੋਸਟ ਆਫਿਸ ਚੌਕ ਵਿੱਚ ਉਹਨਾ ਦਾ ਬੁੱਤ ਲੱਗਾ ਹੋਇਆ ਹੈ। ਪੰਡਤ ਕਿਸ਼ੋਰੀ ਲਾਲ ਇਨਕਲਾਬੀ ਦੇਸ਼ ਭਗਤ ਅਤੇ ਸਾਦਗੀ ਦੇ ਪੁੰਜ ਸਨ । ਉਹਨਾ ਦੇਸ਼ ਦੀ ਆਜ਼ਾਦੀ ਲਈ ਲੰਮਾ ਸੰਘਰਸ਼ ਲੜਿਆ ਅਤੇ ਆਖਰੀ ਸਾਹਾਂ ਤੱਕ ਕਿਰਤੀ ਅਤੇ ਆਮ ਲੋਕਾਂ ਦੇ ਕਲਿਆਣ ਲਈ ਸੰਘਰਸ਼ ਕਰਦੇ ਰਹੇ।

**# ਸੰਪਰਕ : 97812-00168**

9-JUNE-PAGE-5.qxd 6/8/2025 9:21 PM Page 1



# 174 ਗ੍ਰਾਮ ਹੈਰੋਇਨ ਤੇ ਦੋ ਪਿਸਤੌਲਾਂ ਸਮੇਤ ਤਿੰਨ ਗ੍ਰਿਫ਼ਤਾਰ

## ਆਪਣੇ ਵਿਰੋਧੀ ਨੂੰ ਖਤਮ ਕਰਨ ਦੀ ਯੋਜਨਾ ਬਣਾ ਰਹੇ ਸਨ : ਡੀ ਜੀ ਪੀ



**ਸ੍ਰੀ ਮੁਕਤਸਰ ਸਾਹਿਬ/ਗਿੱਦੜਬਾਹਾ (ਸ਼ਮਿੰਦਰਪਾਲ, ਪੂਜਾ/ਜਸਵੰਤ ਗਿੱਲ ਛੱਤਿਆਣਾ)**- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ 'ਤੇ ਅਪਰਾਧ ਮੁਕਤ ਤੇ ਸੁਰੱਖਿਅਤ ਪੰਜਾਬ ਨੂੰ ਯਕੀਨੀ ਬਣਾਉਣ ਦੇ ਮੱਦੇਨਜ਼ਰ ਚੱਲ ਰਹੀ ਮੁਹਿੰਮ ਦੌਰਾਨ ਵੱਡੀ ਸਫਲਤਾ ਦਰਜ ਕਰਦਿਆਂ ਐਂਟੀ-ਗੈਂਗਸਟਰ ਟਾਸਕ ਫੋਰਸ (ਏ.ਜੀ.ਟੀ.ਐੱਫ.) ਪੰਜਾਬ ਨੇ ਸ੍ਰੀ ਮੁਕਤਸਰ ਸਾਹਿਬ ਪੁਲਸ ਨਾਲ ਇੱਕ ਸਾਂਝੇ ਆਪ੍ਰੇਸ਼ਨ ਵਿੱਚ ਤਿੰਨ ਕਥਿਤ ਅਪਰਾਧੀਆਂ ਨੂੰ ਗ੍ਰਿਫ਼ਤਾਰ ਕੀਤਾ ਹੈ ਅਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ ਦੋ .32 ਬੋਰ ਪਿਸਤੌਲਾਂ ਸਮੇਤ 10 ਜ਼ਿੰਦਾ ਕਾਰਤੂਸ ਤੇ 174 ਗ੍ਰਾਮ ਹੈਰੋਇਨ ਬਰਾਮਦ ਕੀਤੀ ਹੈ।ਇਹ ਜਾਣਕਾਰੀ ਡਾਇਰੈਕਟਰ ਜਨਰਲ ਆਫ਼ ਪੁਲਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਐਤਵਾਰ ਨੂੰ ਇੱਥੇ ਦਿੱਤੀ।ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਗੌਰਵ ਕੁਮਾਰ ਉਰਫ਼ ਬਿੱਲਾ, ਵਿਕਾਸਦੀਪ ਸਿੰਘ ਤੇ ਲਵਪ੍ਰੀਤ ਸਿੰਘ, ਸਾਰੇ ਵਾਸੀ ਸ੍ਰੀ ਮੁਕਤਸਰ ਸਾਹਿਬ, ਵਜੋਂ ਹੋਈ ਹੈ।ਤਿੰਨੋਂ ਮੁਲਜ਼ਮ ਬੀ.ਐੱਨ.ਐੱਸ. ਤੇ ਅਸਲਾ ਐਕਟ ਤਹਿਤ ਗੰਭੀਰ ਅਪਰਾਧਾਂ ਸਮੇਤ ਕਈ ਅਪਰਾਧਿਕ ਮਾਮਲਿਆਂ ਵਿੱਚ ਲੋੜੀਂਦੇ ਹਨ।ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਮੁਲਜ਼ਮ ਗੌਰਵ ਉਰਫ਼ ਬਿੱਲਾ ਪੁਲਸ ਸਟੇਸ਼ਨ ਸਿਟੀ ਮਲੋਟ ਵਿਖੇ ਦਰਜ ਇੱਕ ਮਾਮਲੇ ਵਿੱਚ ਭਗੌੜਾ ਸੀ, ਜਦੋਂਕਿ ਵਿਕਾਸਦੀਪ ਸਿੰਘ ਤੇ ਲਵਪ੍ਰੀਤ ਸਿੰਘ ਪੁਲਸ ਸਟੇਸ਼ਨ ਸਿਟੀ ਸ੍ਰੀ ਮੁਕਤਸਰ ਸਾਹਿਬ ਵਿਖੇ ਦਰਜ ਕਈ ਮਾਮਲਿਆਂ ਵਿੱਚ ਲੋੜੀਂਦੇ ਸਨ।ਉਨ੍ਹਾਂ ਕਿਹਾ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਤਿੰਨੋਂ ਅਪਰਾਧੀ ਆਪਣੇ ਕਿਸੇ ਵਿਰੋਧੀ ਨੂੰ ਖ਼ਤਮ ਕਰਨ ਦੀ ਯੋਜਨਾ ਬਣਾ ਰਹੇ ਸਨ।ਡੀਜੀਪੀ ਨੇ ਕਿਹਾ ਕਿ ਇਸ ਮਾਮਲੇ ਵਿੱਚ ਅਗਲੇਰੇ-ਪਿਛਲੇਰੇ ਸਬੰਧ ਸਥਾਪਤ ਕਰਨ ਲਈ ਹੋਰ ਜਾਂਚ ਜਾਰੀ ਹੈ।ਆਉਣ ਵਾਲੇ ਦਿਨਾਂ ਵਿੱਚ ਹੋਰ ਗ੍ਰਿਫ਼ਤਾਰੀਆਂ ਤੇ ਬਰਾਮਦਗੀਆਂ ਹੋਣ ਦੀ ਸੰਭਾਵਨਾ ਹੈ।

ਆਪ੍ਰੇਸ਼ਨ ਸੰਬੰਧੀ ਵੇਰਵੇ ਸਾਂਝੇ ਕਰਦੇ ਹੋਏ, ਵਧੀਕ ਡਾਇਰੈਕਟਰ ਜਨਰਲ ਆਫ਼ ਪੁਲਸ (ਏਡੀਜੀਪੀ) ਏ.ਜੀ.ਟੀ.ਐੱਫ. ਪ੍ਰਮੋਦ ਬਾਨ ਨੇ ਦੱਸਿਆ ਕਿ ਪੁਲਸ ਪਾਰਟੀ ਨੇ ਤਿੰਨੋਂ ਮੁਲਜ਼ਮਾਂ ਨੂੰ ਫਲਾਈਓਵਰ ਬ੍ਰਿਜ ਹੇਠਾਂ ਇੱਕ ਪੋਲੀਥੀਨ ਬੈਗ ਫ਼ਰੋਲਦਿਆਂ ਦੇਖਿਆ।ਪੁਲਸ ਨੂੰ ਦੇਖ ਕੇ, ਮੁਲਜ਼ਮਾਂ ਨੇ ਮੌਕੇ ਤੋਂ ਭੱਜਣ ਦੀ ਕੋਸ਼ਿਸ਼ ਕੀਤੀ, ਪਰ ਪੁਲਸ ਦੀ ਮੁਸਤੈਦੀ ਸਦਕਾ ਮੁਲਜ਼ਮਾਂ ਨੂੰ ਜੀ ਟੀ ਰੋਡ ਬਠਿੰਡਾ ਚੌਕ, ਮਲੋਟ ਨੇੜੇ ਕਾਬੂ ਕਰ ਲਿਆ ਗਿਆ।ਉਨ੍ਹਾਂ ਕਿਹਾ ਕਿ ਉਕਤਾਂ ਦੀ ਤਲਾਸ਼ੀ ਲੈਣ 'ਤੇ ਪੁਲਸ ਨੇ ਉਨ੍ਹਾਂ ਦੇ ਕਬਜ਼ੇ ਵਿੱਚੋਂ ਹੈਰੋਇਨ ਤੇ ਗੈਰ-ਕਾਨੂੰਨੀ ਹਥਿਆਰ ਬਰਾਮਦ ਕੀਤੇ ਹਨ।ਸੀਨੀਅਰ ਪੁਲਸ ਸੁਪਰਡੈਂਟ (ਐੱਸਐੱਸਪੀ) ਸ੍ਰੀ ਮੁਕਤਸਰ ਸਾਹਿਬ ਅਖਿਲ ਚੌਧਰੀ ਨੇ ਦੱਸਿਆ ਕਿ ਇਸ ਸਬੰਧੀ ਵਿੱਚ ਐੱਨਡੀਪੀਐੱਸ ਐਕਟ ਦੀ ਧਾਰਾ 21(ਬੀ) ਤੇ ਅਸਲਾ ਐਕਟ ਦੀ ਧਾਰਾ 25 ਤੇ 27 ਤਹਿਤ ਥਾਣਾ ਸਿਟੀ ਮਲੋਟ ਵਿਖੇ ਇੱਕ ਨਵਾਂ ਕੇਸ ਐੱਫਆਈਆਰ ਨੂੰ ਦਰਜ ਕੀਤਾ ਗਿਆ ਹੈ।ਇਸ ਸਬੰਧੀ ਹੋਰ ਅਪਰਾਧਿਕ ਕੜੀਆਂ ਤੇ ਸਾਥੀਆਂ ਦਾ ਪਤਾ ਲਗਾਉਣ ਲਈ ਅਗਲੇਰੀ ਜਾਂਚ ਜਾਰੀ ਹੈ।

# ਪ੍ਰੇਮੀ ਨਾਲ ਮਿਲ ਕੇ ਪਤੀ ਦਾ ਕੀਤਾ ਕਤਲ, ਮਾਮਲਾ ਦਰਜ

**ਨਿਹਾਲ ਸਿੰਘ ਵਾਲਾ (ਲਵਲੀ ਮਾਣੂਕੇ)**- ਪਿੰਡ ਪੱਤੋ ਹੀਰਾ ਸਿੰਘ ਵਿਖੇ ਇੱਕ 35 ਸਾਲਾ ਦੇ ਵਿਅਕਤੀ ਦਾ ਉਸ ਦੀ ਪਤਨੀ ਵੱਲੋਂ ਆਪਣੇ ਪ੍ਰੇਮੀ ਨਾਲ ਮਿਲ ਕੇ ਕਤਲ ਕਰਨ ਦਾ ਸਮਾਚਾਰ ਪ੍ਰਾਪਤ ਹੋਇਆ ਹੈ।

ਮ੍ਰਿਤਕ ਦੇ ਭਰਾ ਹਰਦੀਪ ਪੁੱਤਰ ਅਜਮੇਰ ਸਿੰਘ ਵਾਸੀ ਪੱਤੋ ਹੀਰਾ ਸਿੰਘ ਨੇ ਪੁਲਸ ਨੂੰ ਦਿੱਤੇ ਬਿਆਨ 'ਚ ਦੱਸਿਆ ਕਿ ਮੇਰਾ ਭਰਾ ਅਮਨਦੀਪ ਸਿੰਘ ਉਰਫ ਅਮਨਾਂ, ਜਿਸ ਦਾ ਵਿਆਹ ਜਸਵਿੰਦਰ ਕੌਰ ਉਰਫ ਨਿੱਕੀ ਪੁੱਤਰੀ ਚੇਤ ਸਿੰਘ ਵਾਸੀ ਉੱਗੋਕੇ ਜ਼ਿਲ੍ਹਾ ਫਿਰੋਜ਼ਪੁਰ ਨਾਲ ਹੋਇਆ ਸੀ, ਜਿਸ ਦੇ ਦੋ ਬੱਚੇ ਹਨ। ਮੇਰੀ ਭਰਜਾਈ ਜਸਵਿੰਦਰ ਕੌਰ ਪਤਨੀ ਅਮਨਦੀਪ ਸਿੰਘ ਉਰਫ ਅਮਨਾਂ ਨਿਹਾਲ ਸਿੰਘ ਵਾਲਾ ਵਿਖੇ ਆਪਣੇ ਪ੍ਰੇਮੀ ਗੁਲਜਾਰ ਸਿੰਘ ਉਰਫ ਬਿੱਟੂ ਪੁੱਤਰ ਲਛਮਣ ਨਾਲ ਰਹਿੰਦੀ ਸੀ ਅਤੇ ਕਦੇ ਕਦੇ ਪੱਤੋ ਹੀਰਾ ਸਿੰਘ ਆਪਣੇ ਪ੍ਰੇਮੀ ਗੁਲਜਾਰ ਸਿੰਘ ਨਾਲ ਆਉਂਦੀ ਜਾਂਦੀ ਸੀ, ਐਸ ਮੇਰੇ ਭਰਾ ਦੇ ਲੜਕੇ ਗੁਰਪ੍ਰੀਤ ਸਿੰਘ ਪੁੱਤਰ ਤੇਜਾ ਸਿੰਘ ਵਾਸੀ ਪੱਤੋ ਹੀਰਾ ਸਿੰਘ ਨੇ ਮੈਨੂੰ ਫੋਨ 'ਤੇ ਦੱਸਿਆ ਕਿ ਤੇਰੇ ਭਾਈ ਅਮਨਦੀਪ ਸਿੰਘ ਉਰਫ ਅਮਨਾਂ ਦੇ ਘਰੋਂ ਬਦਬੂ ਆ ਰਹੀ ਹੈ ਤਾਂ ਮੈਂ ਆਪਣੇ ਦੋਸਤ ਦੇ ਲੜਕੇ ਦੇ ਕਹਿਣ 'ਤੇ ਪਿੰਡ ਪੱਤੋ ਹੀਰਾ ਸਿੰਘ ਗਿਆ ਤਾਂ ਅਸੀਂ ਪਿੰਡ ਦੀ ਪੰਚਾਇਤ ਤੇ ਮੋਹਤਬਰਾਂ ਨੂੰ ਨਾਲ ਲੈ ਕੇ ਆਪਣੇ ਭਾਈ ਅਮਨਦੀਪ ਸਿੰਘ ਦੇ ਕਮਰੇ ਦਾ ਤਾਲਾ ਤੋੜ ਕੇ ਦੇਖਿਆ ਤਾਂ ਮੇਰੇ ਭਾਈ ਅਮਨਦੀਪ ਸਿੰਘ ਉਰਫ ਅਮਨਾਂ ਦੀ ਗਲੀ ਸੜੀ ਲਾਸ਼ ਬੈੱਡ ਅੰਦਰ ਪੇਟੀ ਦੇ ਵਿਚਕਾਰ ਪਈ ਸੀ, ਜਿਸ ਦੇ ਹੱਥ ਪੈਰ ਬੰਨ੍ਹੇ ਹੋਏ ਸਨ। ਮੈਨੂੰ ਪਤਾ ਲੱਗਾ ਕਿ 3-4 ਜੂਨ ਦੀ ਵਿਚਕਾਰਲੀ ਰਾਤ ਨੂੰ ਮੇਰੀ ਭਰਜਾਈ ਜਸਵਿੰਦਰ ਕੌਰ ਉਰਫ ਨਿੱਕੀ ਪਤਨੀ ਅਮਨਦੀਪ ਸਿੰਘ ਵਾਸੀ ਪੱਤੋ ਹੀਰਾ ਸਿੰਘ ਤੇ ਇਸ ਦੇ ਪ੍ਰੇਮੀ ਗੁਲਜਾਰ ਸਿੰਘ ਉਰਫ ਬਿੱਟੂ ਪੁੱਤਰ ਲਛਮਣ ਸਿੰਘ ਵਾਸੀ ਨਿਹਾਲ ਸਿੰਘ ਵਾਲਾ ਨੇ ਮਿਲ ਕੇ ਮੇਰੇ ਭਾਈ ਦੇ ਸਿਰ ਵਿੱਚ ਕੁੱਝ ਮਾਰ ਕੇ ਕਤਲ ਕਰ ਦਿੱਤਾ ਹੈ ਅਤੇ ਦੋਵੇਂ ਹੱਥ ਤੇ ਲੱਤਾਂ ਬੰਨ੍ਹ ਕੇ ਇਸ ਨੂੰ ਕਮਰੇ ਵਿੱਚ ਸੁੱਟ ਕੇ ਕਮਰੇ ਨੂੰ ਤਾਲਾ ਲਗਾ ਕੇ ਭੱਜ ਗਏ। ਇਸ ਸਬੰਧੀ ਡੀ ਐੱਸ ਪੀ ਅਨਵਰ ਅਲੀ ਤੇ ਥਾਣਾ ਨਿਹਾਲ ਸਿੰਘ ਵਾਲਾ ਦੇ ਮੁੱਖ ਅਫਸਰ ਪੂਰਨ ਸਿੰਘ ਘਟਨਾ ਸਥਾਨ 'ਤੇ ਪਹੁੰਚੇ। ਹਰਦੀਪ ਸਿੰਘ ਦੇ ਬਿਆਨਾਂ 'ਤੇ ਥਾਣਾ ਨਿਹਾਲ ਸਿੰਘ ਵਾਲਾ ਵਿਖੇ ਜਸਵਿੰਦਰ ਕੌਰ ਤੇ ਉਸ ਦੇ ਪ੍ਰੇਮੀ ਗੁਲਜਾਰ ਸਿੰਘ ਖਿਲਾਫ ਹੱਤਿਆ ਦਾ ਮਾਮਲਾ ਦਰਜ ਕਰ ਲਿਆ ਹੈ ਅਤੇ ਮ੍ਰਿਤਕ ਦੀ ਲਾਸ਼ ਨੂੰ ਕਬਜ਼ੇ ਵਿੱਚ ਲੈ ਕੇ ਪੋਸਟਮਾਰਟਮ ਲਈ ਮੋਗਾ ਦੇ ਸਿਵਲ ਹਸਪਤਾਲ ਵਿਖੇ ਭੇਜ ਦਿੱਤਾ ਹੈ।



# ਸੀ ਪੀ ਆਈ ਆਗੂਆਂ ਵੱਲੋਂ ਕਾਮਰੇਡ ਗੁਰਮੀਤ ਸ਼ੁਗਲੀ ਨੂੰ ਸ਼ਰਧਾਂਜਲੀਆਂ



**ਪਟਿਆਲਾ (ਭੁਪਿੰਦਰਜੀਤ ਮੌਲਵੀਵਾਲਾ)**
ਰੋਜ਼ਾਨਾ 'ਨਵਾਂ ਜ਼ਮਾਨਾ' ਦੀ ਸੰਚਾਲਕ ਸੰਸਥਾ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ ਦੇ ਸਕੱਤਰ, 'ਨਵਾਂ ਜ਼ਮਾਨਾ' ਦੇ ਪ੍ਰਿੰਟਰ ਤੇ ਪਬਲਿਸ਼ਰ, ਲੇਖਕ, ਮਾਰਕਸੀ ਵਿਗਿਆਨਕ ਵਿਚਾਰਧਾਰਾ ਦੇ ਝੰਡਾਬਰਦਾਰ ਐਡਵੋਕੇਟ ਗੁਰਮੀਤ ਸਿੰਘ ਸ਼ੁਗਲੀ ਦੇ ਅਚਨਚੇਤ ਵਿਛੋੜੇ ਮਗਰੋਂ ਉਨ੍ਹਾਂ ਦੇ ਪਰਿਵਾਰ, ਸਾਕ-ਸੰਬੰਧੀਆਂ ਤੇ ਸੰਗੀ-ਸਾਥੀਆਂ ਨਾਲ ਗਹਿਰੇ ਦੁੱਖ 'ਚ ਸ਼ਰੀਕ ਹੁੰਦੇ ਹੋਏ ਉਨ੍ਹਾਂ ਦੀ ਸਮਾਜ ਨੂੰ ਦੇਣ ਉੱਪਰ ਮਾਣ ਕਰਦਿਆਂ ਸੀਪੀਆਈ ਜ਼ਿਲ੍ਹਾ ਪਟਿਆਲਾ ਵੱਲੋਂ ਸ਼ੋਕ ਸਭਾ ਕਰਕੇ ਉਨ੍ਹਾਂ ਨੂੰ ਸ਼ਰਧਾਂਜਲੀਆਂ ਭੇਟ ਕੀਤੀਆਂ ਗਈਆਂ।

ਸੀਪੀਆਈ ਸੂਬਾ ਐਗਜ਼ੈਕਟਿਵ ਮੈਂਬਰ ਕਾਮਰੇਡ ਕੁਲਵੰਤ ਸਿੰਘ ਮੌਲਵੀਵਾਲਾ ਤੇ ਜ਼ਿਲ੍ਹਾ ਪਟਿਆਲਾ ਦੇ ਸਕੱਤਰ ਜਗਤਾਰ ਸਿੰਘ ਫਤਿਹ ਮਾਜਰੀ ਨੇ ਸ਼ੋਕ ਸਭਾ ਨੂੰ ਸੰਬੋਧਨ ਕਰਦਿਆਂ ਦੱਸਿਆ ਕਿ ਐਡਵੋਕੇਟ ਗੁਰਮੀਤ ਸਿੰਘ ਸ਼ੁਗਲੀ ਪੱਤਰਕਾਰਤਾ ਦੇ ਖੇਤਰ ਤੋਂ ਇਲਾਵਾ ਸੀ ਪੀ ਆਈ ਵਿੱਚ ਵੀ ਸਰਗਰਮੀ ਨਾਲ ਹਿੱਸਾ ਪਾਉਂਦੇ ਰਹੇ।ਵਿਦਿਆਰਥੀ ਜੀਵਨ ਤੋਂ ਲੈ ਕੇ ਕਾਲਜਾਂ, ਯੂਨੀਵਰਸਿਟੀਆਂ ਵਿੱਚ ਵਿਦਿਆਰਥੀਆਂ ਨੂੰ ਧਰਮ ਨਿਰਪੱਖ, ਇਨਕਲਾਬੀ ਜਮਹੂਰੀ ਤੇ ਮਾਰਕਸੀ ਚਿੰਤਨ ਨਾਲ ਜੋੜਨ ਲਈ ਜਿੱਥੇ ਯਤਨਸ਼ੀਲ ਰਹੇ, ਓਥੇ ਦੇਸ਼ ਭਗਤ ਯਾਦਗਾਰ ਹਾਲ ਅੰਦਰ ਲੱਗਦੇ ਗ਼ਦਰੀ ਬਾਬਿਆਂ ਦੇ ਮੇਲੇ ਤੇ ਹੋਰ ਸਰਗਰਮੀਆਂ ਨਾਲ ਵੀ ਨੇੜਿਓਂ ਜੁੜੇ ਰਹੇ ਹਨ।ਕਮਿਊਨਿਸਟ ਆਗੂਆਂ ਨੇ ਕਿਹਾ ਕਿ ਕਾਮਰੇਡ ਗੁਰਮੀਤ ਸਿੰਘ ਸ਼ੁਗਲੀ ਦੇ ਚਲੇ ਜਾਣ ਨਾਲ ਨਾ ਸਿਰਫ ਨਵਾਂ ਜ਼ਮਾਨਾ ਨੂੰ ਸਗੋਂ ਇਨਕਲਾਬੀ ਧਿਰਾਂ ਨੂੰ ਵੀ ਵੱਡਾ ਘਾਟਾ ਪਿਆ ਹੈ, ਉਨ੍ਹਾਂ ਦੀ ਯਾਦ ਲੋਕਾਂ ਦੇ ਦਿਲਾਂ ਵਿੱਚ ਸਦਾ ਬਣੀ ਰਹੇਗੀ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਕਮਿਊਨਿਸਟ ਆਗੂ ਬਿਰਜ ਲਾਲ ਬਿਠਾਉਣੀਆਂ, ਸੰਤੋਖ ਸਿੰਘ ਪਟਿਆਲਾ, ਹਰਜੀਤ ਸਿੰਘ, ਅਮਰਜੀਤ ਸਿੰਘ, ਕੁਲਦੀਪ ਸਿੰਘ ਗਲੌਲੀ ਤੇ ਬਲਦੇਵ ਸਿੰਘ ਆਦਿ ਨੇ ਸ਼ਰਧਾਂਜਲੀਆਂ ਭੇਟ ਕੀਤੀਆਂ।

## ਕਾਤਰਾਂ

### ਮਜ਼ਦੂਰ ਲੋਕ ਲਹਿਰ ਵੱਲੋਂ ਸਰਗਰਮੀਆਂ ਤੇਜ਼ ਕਰਨ ਦਾ ਫੈਸਲਾ : ਜਸਵਿੰਦਰ ਵੱਟੂ



**ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)**- ਮਜ਼ਦੂਰ ਲੋਕ ਲਹਿਰ ਜਥੇਬੰਦੀ ਦੇ ਸੂਬਾ ਪ੍ਰਧਾਨ ਜਸਵਿੰਦਰ ਸਿੰਘ ਵੱਟੂ, ਜਗਸੀਰ ਸਿੰਘ ਬਾਜਾ, ਕਾਰਜ ਸਿੰਘ ਗੁੜੀ ਸੰਘਰ, ਗੁਰਦੀਪ ਸਿੰਘ ਕਾਨਿਆਂ ਵਾਲੀ, ਪ੍ਰਧਾਨ ਕਿਰਨ ਕੌਰ ਕਾਨਿਆਂ ਵਾਲੀ ਨੇ ਸਾਂਝੇ ਪ੍ਰੈੱਸ ਬਿਆਨ ਰਾਹੀਂ ਦੱਸਿਆ ਕਿ ਮਨਰੇਗਾ ਵਰਕਰਾਂ ਵੱਲੋਂ ਪੰਜਾਬ ਵਿੱਚ ਮਾਝਾ, ਮਾਲਵਾ, ਦੁਆਬਾ ਵਿੱਚ ਜੁਲਾਈ ਦੇ ਪਹਿਲੇ ਹਫਤੇ ਵਿਸ਼ਾਲ ਕਨਵੈਨਸ਼ਨਾਂ ਕੀਤੀਆਂ ਜਾਣੀਆਂ, ਜਿਸ ਵਿੱਚ ਮੰਗ ਕੀਤੀ ਜਾਵੇਗੀ ਕਿ ਨਰੇਗਾ ਕਾਨੂੰਨ ਸਖਤੀ ਨਾਲ ਲਾਗੂ ਕਰਕੇ ਮਜ਼ਦੂਰਾਂ ਨੂੰ ਵੱਧ ਤੋਂ ਵੱਧ ਕੰਮ ਦਿੱਤਾ ਜਾਵੇ। ਨਰੇਗਾ ਅਧੀਨ ਸਾਰੇ ਪਰਿਵਾਰ ਨੂੰ ਸਾਰਾ ਸਾਲ ਕੰਮ ਦਿੱਤਾ ਜਾਵੇ ਅਤੇ ਦਿਹਾੜੀ 700 ਰੁਪੈ ਕੀਤੀ ਜਾਵੇ, ਨਰੇਗਾ ਵਿੱਚ ਸਿਆਸੀ ਦਖਲ ਅੰਦਾਜ਼ੀ ਬੰਦ ਕੀਤੀ ਜਾਵੇ। ਉਕਤ ਆਗੂਆਂ ਨੇ ਦੱਸਿਆ ਕਿ ਪੰਜਾਬ ਵਿੱਚ ਕੀਤੀਆਂ ਜਾ ਰਹੀਆਂ ਕਨਵੈਂਸ਼ਨ ਵਿੱਚ ਵੱਡੀ ਗਿਣਤੀ ਵਿੱਚ ਨਰੇਗਾ ਮਜ਼ਦੂਰਾਂ ਦੀ ਸ਼ਮੂਲੀਅਤ ਕੀਤੀ ਜਾਵੇਗੀ।

### ਗਣਪਤੀ ਟਰੇਡਿੰਗ ਕੰਪਨੀ 'ਚ ਲੱਗੀ ਅੱਗ



**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਰਾਜਲਾ 'ਚ ਰੋਡ 'ਤੇ ਸਥਿਤ ਗਣਪਤੀ ਟ੍ਰੇਡਿੰਗ ਕੰਪਨੀ 'ਚ ਅਚਾਨਕ ਅੱਗ ਲੱਗਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ, ਜਿਸ ਨੂੰ ਸਮੇਂ 'ਤੇ ਲੇਬਰ ਤੇ ਫਾਇਰਬ੍ਰਿਗੇਡ ਦੇ ਮੁਲਾਜ਼ਮਾਂ ਨੇ ਅੱਗ ਬੁਝਾ ਦਿੱਤੀ, ਪਰ ਇਸ ਅੱਗ ਨਾਲ ਲਗਭਗ 40 ਤੋਂ 45 ਲੱਖ ਰੁਪਏ ਦਾ ਨੁਕਸਾਨ ਹੋ ਗਿਆ।ਜਾਣਕਾਰੀ ਦਿੰਦੇ ਹੋਏ ਐੱਮ ਡੀ ਨੋਤਲ ਸਿੰਘ ਠਾਕੁਰ ਨੇ ਦੱਸਿਆ ਕਿ ਰਾਤ ਹੋਵੇ ਜਾਂ ਦਿਨ ਫੈਕਟਰੀ 'ਚ ਹਮੇਸ਼ਾ ਲੇਬਰ ਰਹਿੰਦੀ ਹੈ ਅਤੇ ਫੈਕਟਰੀ 'ਚ ਕਿਸੇ ਵੀ ਘਟਨਾ ਦੇ ਬਚਾਅ ਲਈ ਸਾਰੇ ਪ੍ਰਬੰਧ ਕੀਤੇ ਹੋਏ ਹਨ।ਉਨ੍ਹਾਂ ਦੱਸਿਆ ਕਿ ਫੈਕਟਰੀ 'ਚ ਰਹਿ ਰਹੀ ਲੇਬਰ ਨੇ ਉਨ੍ਹਾਂ ਨੂੰ ਦੱਸਿਆ ਕਿ ਦੁਪਹਿਰ ਵੇਲੇ 3-4 ਵਜੇ ਦੇ ਕਰੀਬ ਫੈਕਟਰੀ 'ਚ ਲੱਗੀ ਕਾਰਡਿੰਗ ਮਸ਼ੀਨ 'ਚ ਅਚਾਨਕ ਅੱਗ ਲੱਗ ਗਈ ਤਾਂ ਉੱਥੇ ਰਹਿ ਰਹੀ ਲੇਬਰ ਨੇ ਫਾਇਰਬ੍ਰਿਗੇਡ ਦੀਆਂ ਗੱਡੀਆਂ ਵਾਲੇ ਮੁਲਾਜ਼ਮਾਂ ਨਾਲ ਮਿਲ ਕੇ ਆਪਣੇ ਆਪ ਹੀ ਸਮਾਂ ਰਹਿੰਦਿਆਂ ਅੱਗ 'ਤੇ ਕਾਬੂ ਪਾ ਲਿਆ, ਜਿਸ ਕਰ ਕੇ ਲੇਬਰ ਦੀ ਮੁਸ਼ਤੈਦੀ ਦੇ ਕਾਰਨ ਵੱਡਾ ਨੁਕਸਾਨ ਹੋਣ ਤੋਂ ਬਚਾਅ ਰਿਹਾ।ਉਨ੍ਹਾਂ ਦੱਸਿਆ ਕਿ ਲੱਗੀ ਅੱਗ ਦੇ ਹਾਲਾਤਾਂ ਨੂੰ ਵੇਖਦੇ ਹੋਏ ਉਨ੍ਹਾਂ ਨੂੰ ਸ਼ੰਕਾ ਹੈ ਕਿ ਇਹ ਅੱਗ ਸਪਾਰਕਿੰਗ ਦੇ ਕਾਰਨ ਲੱਗੀ ਹੈ।

# ਪੈਨਸ਼ਨਰਾਂ ਵੱਲੋਂ ਪਾਵਰਕਾਮ ਮੈਨੇਜਮੈਂਟ ਖਿਲਾਫ ਰੋਸ ਪ੍ਰਦਰਸ਼ਨ



**ਮਾਨਸਾ (ਆਤਮਾ ਸਿੰਘ ਪਮਾਰ)**-ਪੈਨਸ਼ਨਰ ਐਸੋਸੀਏਸ਼ਨ ਪਾਵਰਕਾਮ ਮੰਡਲ ਮਾਨਸਾ ਵੱਲੋਂ ਸੂਬਾ ਕਮੇਟੀ ਦੇ ਸੱਦੇ ਉੱਪਰ ਮੰਡਲ ਪੱਧਰ 'ਤੇ ਰੋਸ ਪ੍ਰਦਰਸ਼ਨ ਮੰਡਲ ਪ੍ਰਧਾਨ ਲੱਖਣ ਲਾਲ ਦੀ ਪ੍ਰਧਾਨਗੀ ਹੇਠ ਕੀਤਾ ਗਿਆ। ਮੰਚ ਸੰਚਾਲਨ ਮੰਡਲ ਸਕੱਤਰ ਦਰਸ਼ਨ ਸਿੰਘ ਜੋਗਾ ਵੱਲੋਂ ਕੀਤਾ ਗਿਆ। ਮੰਡਲ ਸਕੱਤਰ ਦਰਸ਼ਨ ਸਿੰਘ ਜੋਗਾ ਨੇ ਪ੍ਰੈੱਸ ਨੂੰ ਬਿਆਨ ਜਾਰੀ ਕਰਦੇ ਹੋਏ ਦੱਸਿਆ ਕਿ ਸੂਬਾ ਕਮੇਟੀ ਵੱਲੋਂ 2 ਜੂਨ 2025 ਤੋਂ 20 ਜੂਨ 2025 ਤੱਕ ਮੰਡਲ ਪੱਧਰ 'ਤੇ ਰੋਸ ਪ੍ਰਦਰਸ਼ਨ ਕਰਨ ਲਈ ਦਿੱਤੇ ਗਏ ਸੱਦੇ ਵਜੋਂ ਇਹ ਪ੍ਰਦਰਸ਼ਨ ਕੀਤਾ ਗਿਆ ਹੈ, ਜਿਸ ਵਿੱਚ ਸੂਬਾ ਸਕੱਤਰ ਅਮਰਜੀਤ ਸਿੰਘ ਸਿੱਧੂ ਤੇ ਸਰਕਲ ਬਠਿੰਡਾ ਦੇ ਸੀਨੀਅਰ ਮੀਤ ਪ੍ਰਧਾਨ ਜਗਰਾਜ ਸਿੰਘ ਰੱਲਾ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਸੰਬੋਧਨ ਕਰਦੇ ਹੋਏ ਜਗਰਾਜ ਰੱਲਾ ਨੇ ਕਿਹਾ ਕਿ ਇਹ ਰੋਸ ਪ੍ਰਦਰਸ਼ਨ ਪਾਵਰਕਾਮ ਦੀ ਮੈਨੇਜਮੈਂਟ ਵੱਲੋਂ ਪੈਨਸ਼ਨਰਾਂ ਦੇ ਬਕਾਏ ਦਾ ਏਰੀਅਰ ਇੱਕਸਾਰ ਨਾ ਪਾਉਣ ਦੇ ਵਿਰੋਧ ਵਿੱਚ ਕੀਤਾ ਗਿਆ ਹੈ।

ਪੰਜਾਬ ਦੇ ਪੈਨਸ਼ਨਰਾਂ ਦਾ ਏਰੀਅਰ ਅਪ੍ਰੈਲ ਮਹੀਨੇ ਦੀ ਪੈਨਸ਼ਨ ਨਾਲ ਜਾਰੀ ਕੀਤਾ ਜਾਣਾ ਸੀ, ਪ੍ਰੰਤੂ ਨਹੀਂ ਕੀਤਾ ਗਿਆ। ਜਦੋਂ ਮਈ ਵਿੱਚ ਰੋਸ ਪ੍ਰਦਰਸ਼ਨ ਕੀਤੇ ਗਏ ਤਾਂ ਜੂਨ ਮਹੀਨੇ ਦੀ ਪੈਨਸ਼ਨ ਨਾਲ ਏਰੀਅਰ ਜਾਰੀ ਤਾਂ ਕੀਤਾ, ਪ੍ਰੰਤੂ ਪਾਵਰਕਾਮ ਦੇ ਅੱਧੇ ਦਫਤਰਾਂ ਵਿੱਚ ਏਰੀਅਰ ਜਾਰੀ ਨਹੀਂ ਕੀਤਾ ਗਿਆ, ਜਿਸ ਦਾ ਪੈਨਸ਼ਨਰਾਂ ਵਿੱਚ ਵਿਆਪਕ ਰੋਸ ਦੀ ਲਹਿਰ ਹੈ। ਰੱਲਾ ਨੇ ਕਿਹਾ ਕਿ ਮੈਨੇਜਮੈਂਟ ਜਾਣ ਬੁੱਝ ਕੇ ਪੈਨਸ਼ਨਰਾਂ ਨੂੰ ਪ੍ਰੇਸ਼ਾਨ ਕਰ ਰਹੀ ਹੈ ਤੇ ਪਾੜਨ ਦੀ ਕੋਸ਼ਿਸ਼ ਕਰ ਰਹੀ ਹੈ, ਜਦੋਂਕਿ ਪੈਨਸ਼ਨਰ ਇੱਕਜੁੱਟ ਹਨ। ਸੂਬਾ ਸਕੱਤਰ ਅਮਰਜੀਤ ਸਿੰਘ ਸਿੱਧੂ ਨੇ ਕਿਹਾ ਕਿ ਪਾਵਰਕਾਮ ਦੀ ਮੈਨੇਜਮੈਂਟ ਨੂੰ ਵਾਰ ਵਾਰ ਮਿਲਣ ਤੇ ਵਿਸ਼ਵਾਸ ਦੁਆਉਣ ਦੇ ਬਾਵਜੂਦ ਫਿਰ ਪੈਨਸ਼ਨਰਾਂ ਨਾਲ ਕੋਝਾ ਮਜ਼ਾਕ ਕਰ ਰਹੀ ਹੈ ਤੇ ਪੈਨਸ਼ਨਰਾਂ ਦਾ ਏਰੀਅਰ ਜਾਰੀ ਕਰਨ ਵਿੱਚ ਆਨਾ-ਕਾਨੀ ਕਰ ਰਹੀ ਹੈ, ਜਦੋਂਕਿ ਪੰਜਾਬ ਸਰਕਾਰ ਦੀਆਂ ਸਪੱਸ਼ਟ ਹਦਾਇਤਾਂ ਹਨ ਕਿ ਏਰੀਅਰ ਜਲਦੀ ਜਾਰੀ ਕੀਤਾ ਜਾਵੇ। ਉਨ੍ਹਾਂ ਮੈਨੇਜਮੈਂਟ ਨੂੰ ਸਖਤ ਚੇਤਾਵਨੀ ਦਿੰਦੇ ਹੋਏ ਕਿਹਾ ਕਿ ਜੇਕਰ ਜੂਨ ਮਹੀਨੇ ਦੀ ਪੈਨਸ਼ਨ ਨਾਲ ਰਹਿੰਦੇ ਪੈਨਸ਼ਨਰਾਂ ਦੀਆਂ ਤਿੰਨ ਕਿਸ਼ਤਾਂ ਜਾਰੀ ਨਾ ਕੀਤੀਆਂ ਗਈਆਂ ਤਾਂ ਮੈਨੇਜਮੈਂਟ ਖਿਲਾਫ ਪੈਨਸ਼ਨਰ ਸੰਘਰਸ਼ ਕਰਨ ਲਈ ਤਿਆਰ ਬੈਠੇ ਹਨ।

ਉਨ੍ਹਾਂ ਕਿਹਾ ਕਿ ਮੈਨੇਜਮੈਂਟ ਨੂੰ ਵਾਰ ਵਾਰ ਮੀਟਿੰਗਾਂ ਦੌਰਾਨ ਕਿਹਾ ਗਿਆ ਕਿ 200 ਰੁਪਏ ਵਿਕਾਸ ਫੰਡ ਦੇ ਨਾਮ 'ਤੇ ਪੈਨਸ਼ਨਰਾਂ ਦਾ ਕੱਟਣਾ ਬੰਦ ਕੀਤਾ ਜਾਵੇ, ਪ੍ਰੰਤੂ ਮੈਨੇਜਮੈਂਟ ਵਿਸ਼ਵਾਸ ਦੁਆ ਕੇ ਵਿਸ਼ਵਾਸਘਾਤ ਕਰ ਰਹੀ ਹੈ। ਅਖੀਰ ਵਿੱਚ ਉਨ੍ਹਾਂ ਪੈਨਸ਼ਨਰਾਂ ਨੂੰ ਲੜਾਈ ਲੜਨ ਲਈ ਤਿਆਰ ਰਹਿਣ ਦਾ ਹੋਕਾ ਦਿੱਤਾ। ਹੋਰਨਾਂ ਤੋਂ ਇਲਾਵਾ ਬਿੱਕਰ ਸਿੰਘ ਮੰਘਾਣੀਆ, ਚਾਨਣ ਰਾਮ, ਜੋਗਿੰਦਰ ਮਾਨਸ਼ਾਹੀਆ, ਦਰਸ਼ਨ ਮੋਫਰ, ਬਘੇਲ ਸਿੰਘ, ਜਗਜੀਤ ਸਿੰਘ ਜੋਗਾ, ਬਲਦੇਵ ਸਿੰਘ ਬਰਨਾਲਾ, ਕਰਮ ਸਿੰਘ ਜੋਗਾ, ਮਨਿੰਦਰ ਸਿੰਘ, ਮੇਜਰ ਸਿੰਘ, ਜਗਮੇਲ ਸਿੰਘ ਆਦਿ ਨੇ ਵੀ ਸੰਬੋਧਨ ਕੀਤਾ।

# ਜਿਓਣੇਵਾਲ 'ਚ ਬਜ਼ੁਰਗ ਮਹਿਲਾ ਦੀ ਕੋਰੋਨਾ ਕਾਰਨ ਮੌਤ

## ਪਰਵਾਰ ਨੂੰ ਕੀਤਾ ਗਿਆ ਕੁਆਇੰਰਨਟੀਨ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਨੇੜਲੇ ਪਿੰਡ ਜਿਓਣੇਵਾਲ ਵਿਖੇ ਇੱਕ ਬਜ਼ੁਰਗ ਮਹਿਲਾ ਦੀ ਕੋਰੋਨਾ ਕਾਰਨ ਮੌਤ ਹੋ ਗਈ ਅਤੇ ਉਸ ਤੋਂ ਬਾਅਦ ਸਿਹਤ ਵਿਭਾਗ ਦੀਆਂ ਟੀਮਾਂ ਪੂਰੀ ਤਰ੍ਹਾਂ ਚੌਕਸ ਹੋ ਗਈਆਂ ਹਨ। ਜਿਓਣੇਵਾਲ ਵਾਸੀ ਕ੍ਰਿਸ਼ਨਾ ਦੇਵੀ (75) ਦੇ ਪਰਿਵਾਰਕ ਮੈਂਬਰਾਂ ਅਨੁਸਾਰ ਉਨ੍ਹਾਂ ਨੂੰ ਪਿਛਲੇ ਕੁਝ ਦਿਨਾਂ ਤੋਂ ਬੁਖਾਰ ਚੜ੍ਹ ਰਿਹਾ ਸੀ, ਜਿਸ ਸਬੰਧੀ ਇਲਾਜ ਵੀ ਚੱਲ ਰਿਹਾ ਸੀ। ਕ੍ਰਿਸ਼ਨਾ ਦੇਵੀ ਜ਼ਿਆਦਾ ਬੀਮਾਰ ਹੋਣ ਕਾਰਨ ਉਨ੍ਹਾਂ ਨੂੰ ਪੀਜੀਆਈ ਭਰਤੀ ਕਰਵਾਇਆ ਗਿਆ, ਜਿੱਥੇ ਉਨ੍ਹਾਂ ਦੀ ਰਿਪੋਰਟ ਕੋਰੋਨਾ ਪੌਜ਼ਟਿਵ ਆਈ ਤੇ ਇਲਾਜ ਦੌਰਾਨ ਉਨ੍ਹਾਂ ਦੀ ਮੌਤ ਹੋ ਗਈ। ਸਿਹਤ ਵਿਭਾਗ ਟੀਮ ਦੀ ਨਿਗਰਾਨੀ ਹੇਠ ਕ੍ਰਿਸ਼ਨਾ ਦੇਵੀ ਦਾ ਅੰਤਿਮ ਸੰਸਕਾਰ ਕਰ ਦਿੱਤਾ ਗਿਆ। ਕੂੰਮਕਲਾਂ ਸਿਵਲ ਹਸਪਤਾਲ ਦੇ ਐੱਸ ਐੱਮ ਓ ਡਾ. ਰੁਪਿੰਦਰ ਸਿੰਘ ਗਿੱਲ ਨੇ ਦੱਸਿਆ ਕਿ ਮ੍ਰਿਤਕ ਕ੍ਰਿਸ਼ਨਾ ਦੇਵੀ ਦੀ ਰਿਪੋਰਟ ਕੋਰੋਨਾ ਪੌਜ਼ਟਿਵ ਆਉਣ ਤੋਂ ਬਾਅਦ ਸਿਹਤ ਵਿਭਾਗ ਵੱਲੋਂ ਸਾਰੇ ਪਰਿਵਾਰਕ ਮੈਂਬਰਾਂ ਦੇ ਟੈਸਟ ਵੀ ਕੀਤੇ ਗਏ ਹਨ, ਜਿਨ੍ਹਾਂ 'ਚੋਂ ਇੱਕ ਬੱਚੇ ਦੀ ਰਿਪੋਰਟ ਪੌਜ਼ਟਿਵ ਆਈ ਹੈ, ਜਿਸ ਵਿੱਚ ਮਾਮੂਲੀ ਲੱਛਣ ਹਨ, ਜਦਕਿ ਬਾਕੀ 7 ਮੈਂਬਰਾਂ ਦੀ ਰਿਪੋਰਟ ਨੈਗੇਟਿਵ ਆਈ ਹੈ ਅਤੇ ਉਹ ਤੰਦਰੁਸਤ ਹਨ। ਉਨ੍ਹਾਂ ਦੱਸਿਆ ਕਿ ਫਿਰ ਵੀ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਨੂੰ ਇੱਕ ਹਫ਼ਤੇ ਲਈ ਕੁਆਇੰਰਨਟੀਨ ਕਰ ਦਿੱਤਾ ਗਿਆ ਹੈ ਅਤੇ ਸਿਹਤ ਵਿਭਾਗ ਦੀ ਟੀਮ ਵੱਲੋਂ ਇਮਿਊਨਿਟੀ ਵਧਾਉਣ ਵਾਲੀਆਂ ਦਵਾਈਆਂ ਦੇ ਕੇ ਲਗਾਤਾਰ ਨਿਗਰਾਨੀ ਵੀ ਰੱਖੀ ਜਾ ਰਹੀ ਹੈ। ਪਰਿਵਾਰ ਵੱਲੋਂ ਪਿੰਡ ਵਾਸੀਆਂ ਨੂੰ ਕਹਿ ਦਿੱਤਾ ਗਿਆ ਹੈ ਕਿ ਕੋਈ ਵੀ ਰਿਸ਼ਤੇਦਾਰ ਜਾਂ ਪਿੰਡ ਵਾਸੀ ਉਨ੍ਹਾਂ ਦੇ ਘਰ ਇੱਕ ਹਫ਼ਤਾ ਮ੍ਰਿਤਕਾ ਦਾ ਅਫ਼ਸੋਸ ਕਰਨ ਲਈ ਨਾ ਆਵੇ। ਡਾ. ਰੁਪਿੰਦਰ ਸਿੰਘ ਗਿੱਲ ਨੇ ਦੱਸਿਆ ਕਿ ਕੋਰੋਨਾ ਕਾਰਨ ਹੋਈ ਮੌਤ ਤੋਂ ਬਾਅਦ ਸਿਹਤ ਵਿਭਾਗ ਦੀਆਂ ਟੀਮਾਂ ਪੂਰੀ ਤਰ੍ਹਾਂ ਮੁਸ਼ਤੈਦ ਹਨ, ਪਰ ਲੋਕਾਂ ਨੂੰ ਘਬਰਾਉਣ ਦੀ ਲੋੜ ਨਹੀਂ, ਕਿਉਂਕਿ ਕੋਰੋਨਾ ਦਾ ਵੈਰੀਐਂਟ ਘਾਤਕ ਨਹੀਂ ਹੈ। ਉਨ੍ਹਾਂ ਕਿਹਾ ਕਿ ਲੋਕ ਆਪਣੀ ਸਿਹਤ ਦਾ ਖਿਆਲ ਰੱਖਣ ਤੇ ਜੇਕਰ ਸ਼ੱਕੀ ਲੱਛਣ ਨਜ਼ਰ ਆਉਂਦੇ ਹਨ ਤਾਂ ਤੁਰੰਤ ਡਾਕਟਰੀ ਚੈੱਕਅਪ ਕਰਵਾਉਣ।

# ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੀ ਅਗਵਾਈ ਹੇਠ ਕਕਰਾਲਾ 'ਚ ਪੱਕਾ ਮੋਰਚਾ ਜਾਰੀ

## ਡੀ ਸੀ ਦਫਤਰ ਦੇ ਗੇਟ ਅੱਗੇ ਧਰਨੇ ਦਾ ਕੀਤਾ ਐਲਾਨ



**ਨਾਭਾ (ਵਰਿੰਦਰ ਵਰਮਾ)**-ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੀ ਅਗਵਾਈ ਵਿੱਚ ਪਿੰਡ ਕਕਰਾਲਾ ਵਿੱਚ ਚੱਲਦਾ ਪੱਕਾ ਮੋਰਚਾ ਸੱਤਵੇਂ ਦਿਨ 'ਚ ਸ਼ਾਮਲ ਹੋ ਗਿਆ। ਪਿਛਲੇ ਦਿਨੀਂ ਪਿੰਡ ਕਕਰਾਲਾ ਵਿੱਚ ਕੀਤੀ ਗਲਤ ਬੋਲੀ ਖਿਲਾਫ ਡੀ ਸੀ ਪਟਿਆਲਾ ਨੂੰ ਦਿੱਤੇ ਮੰਗ ਪੱਤਰ 'ਤੇ ਕੀਤੀ ਕਾਰਵਾਈ ਦੀ ਰਿਪੋਰਟ ਲਈ ਤੇ ਡੀ ਡੀ ਪੀ ਓ ਪਟਿਆਲਾ ਸਵਿੰਦਰ ਸਿੰਘ 'ਤੇ ਪਰਚਾ ਦਰਜ ਕਰਨ ਲਈ ਡੀ ਸੀ ਪਟਿਆਲਾ ਦੇ ਗੇਟ ਅੱਗੇ ਧਰਨਾ ਲਗਾਇਆ ਜਾਵੇਗਾ। ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਜ਼ੋਨਲ ਸਕੱਤਰ ਗੁਰਵਿੰਦਰ ਬੌੜਾਂ ਤੇ ਜਗਜੀਤ ਸਿੰਘ ਜੱਗੀ, ਸੁਰਜੀਤ ਸਿੰਘ ਸੀਤਾ, ਬਲਵੀਰ ਸਿੰਘ ਬੀਰਾ, ਚਰਨਜੀਤ ਕੌਰ, ਕਰਮਜੀਤ ਕੌਰ ਤੇ ਸੁਖਪਾਲ ਕੌਰ ਨੇ ਪ੍ਰੈੱਸ ਨੂੰ ਦੱਸਿਆ ਕਿ ਪਿੰਡ ਕਕਰਾਲਾ ਵਿੱਚ ਜਿੱਥੇ ਡੀ ਡੀ ਪੀ ਓ ਪਟਿਆਲਾ ਸਵਿੰਦਰ ਸਿੰਘ ਵੱਲੋਂ ਪੰਚਾਇਤ ਦਾ ਕੋਰਮ ਪੂਰਾ ਨਾ ਹੋਣ ਅਤੇ 10 ਏਕੜ ਤੋਂ ਵੱਧ ਇੱਕ ਵਿਅਕਤੀ ਨੂੰ ਪੰਚਾਇਤੀ ਰਿਜ਼ਰਵ ਜ਼ਮੀਨ ਦੇਣ ਖਿਲਾਫ ਲੋਕਾਂ ਵੱਲੋਂ ਡੀ ਸੀ ਪਟਿਆਲਾ ਨੂੰ ਮੰਗ ਪੱਤਰ ਦੇਣ ਬਾਵਜੂਦ ਪ੍ਰਸ਼ਾਸਨ ਵੱਲੋਂ ਡੀ ਡੀ ਪੀ ਓ 'ਤੇ ਕਾਨੂੰਨੀ ਕਾਰਵਾਈ ਕਰਨ ਅਤੇ ਬੋਲੀ ਰੱਦ ਕਰਨ ਦਾ ਕੋਈ ਵੀ ਸੁਨੇਹਾ ਨਾ ਆਉਣ 'ਤੇ ਕਕਰਾਲਾ ਦੇ ਲੋਕਾਂ ਵੱਲੋਂ ਇਕੱਠੇ ਹੋ ਕੇ ਡੀ ਸੀ ਪਟਿਆਲਾ ਦੇ ਗੇਟ ਅੱਗੇ ਧਰਨਾ ਲਾਉਣ ਦਾ ਮੋਰਚੇ ਵਿੱਚ ਐਲਾਨ ਕੀਤਾ ਗਿਆ ਹੈ।

ਉਪਰੋਕਤ ਤੋਂ ਇਲਾਵਾ ਕਿਰਨ ਕੌਰ, ਜਗਦੇਵ ਸਿੰਘ, ਅਮਰੀਕ ਸਿੰਘ, ਰਣਧੀਰ ਸਿੰਘ, ਜਸਵੀਰ ਕੌਰ ਨੇ ਇਹ ਵੀ ਕਿਹਾ ਕਿ ਜੇਕਰ ਅਜੇ ਵੀ ਪ੍ਰਸ਼ਾਸਨ ਵੱਲੋਂ ਸਹੀ ਕਾਨੂੰਨੀ ਕਾਰਵਾਈ ਨਾ ਕੀਤੀ ਤਾਂ ਅਗਲਾ ਸੰਘਰਸ਼ ਉਲੀਕਿਆ ਜਾਵੇਗਾ।

# ਗੈਰ-ਕਾਨੂੰਨੀ ਹਿਰਾਸਤ 'ਚ ਰੱਖੇ ਮਾਓਵਾਦੀ ਆਗੂਆਂ ਨੂੰ ਝੂਠੇ ਮੁਕਾਬਲਿਆਂ 'ਚ ਮਾਰਨ ਦਾ ਖਦਸ਼ਾ

*• ਸੁਪਰੀਮ ਕੋਰਟ ਤੇ ਰਾਸ਼ਟਰਪਤੀ ਦੇ ਦਖਲ ਦੀ ਕੀਤੀ ਮੰਗ • ਜਮਹੂਰੀ ਫਰੰਟ ਨੇ ਇਨ੍ਹਾਂ ਆਗੂਆਂ ਨੂੰ ਅਦਾਲਤ ਵਿੱਚ ਪੇਸ਼ ਕਰਨ ਦੀ ਮੰਗ ਦੁਹਰਾਈ*

**ਲੁਧਿਆਣਾ (ਰੈਕਟਰ ਕਥੂਰੀਆ)**-ਪੰਜਾਬ ਵਿੱਚ ਸਰਗਰਮ ਜਮਹੂਰੀ ਅਧਿਕਾਰਾਂ ਤੇ ਮਨੁੱਖੀ ਅਧਿਕਾਰਾਂ ਨਾਲ ਸਬੰਧਤ ਸੰਗਠਨਾਂ ਵੱਲੋਂ ਛੱਤੀਸਗੜ੍ਹ ਵਿੱਚ ਚੱਲ ਰਹੇ ਸਰਕਾਰੀ ਐਕਸ਼ਨਾਂ ਖਿਲਾਫ ਆਵਾਜ਼ ਲਗਾਤਾਰ ਬੁਲੰਦ ਕੀਤੀ ਜਾ ਰਹੀ ਹੈ।ਅੱਜ ਪ੍ਰੈੱਸ ਬਿਆਨ ਜਾਰੀ ਕਰਦੇ ਹੋਏ ਓਪਰੇਸ਼ਨ ਗ੍ਰੀਨ ਹੰਟ ਵਿਰੋਧੀ ਜਮਹੂਰੀ ਫਰੰਟ ਪੰਜਾਬ ਦੇ ਕਨਵੀਨਰਾਂ ਡਾ. ਪਰਮਿੰਦਰ ਸਿੰਘ, ਪ੍ਰੋਫੈਸਰ ਏ. ਕੇ. ਮਲੇਰੀ, ਬੂਟਾ ਸਿੰਘ ਮਹਿਮੂਦਪੁਰ ਤੇ ਯਸ਼ਪਾਲ ਨੇ ਛੱਤੀਸਗੜ੍ਹ ਪੁਲਸ ਵੱਲੋਂ ਹਿਰਾਸਤ ਵਿੱਚ ਲਏ ਮਾਓਵਾਦੀ ਆਗੂ ਬੰਡੀ ਪ੍ਰਕਾਸ਼ ਤੇ ਦਰਜਨ ਤੋਂ ਵੱਧ ਹੋਰ ਮਾਓਵਾਦੀ ਆਗੂਆਂ ਨੂੰ ਤੁਰੰਤ ਅਦਾਲਤ ਵਿੱਚ ਪੇਸ਼ ਕੀਤੇ ਜਾਣ ਦੀ ਮੰਗ ਕੀਤੀ ਹੈ।ਇਸ ਮਕਸਦ ਦੀ ਮੰਗ ਪੰਜਾਬ ਦੇ ਕਈ ਹੋਰਨਾਂ ਸਟੇਸ਼ਨਾਂ ਤੋਂ ਵੀ ਤੇਜ਼ੀ ਨਾਲ ਉੱਠਣ ਲੱਗੀ ਹੈ।

ਜਮਹੂਰੀ ਫਰੰਟ ਦੇ ਆਗੂਆਂ ਨੇ ਕਿਹਾ ਕਿ ਤੇਲੰਗਾਨਾ ਸਿਵਲ ਰਾਈਟਸ ਐਸੋਸੀਏਸ਼ਨ ਤੇ ਤੇਲੰਗਾਨਾ ਸਿਵਲ ਲਿਬਰਟੀਜ਼ ਕਮੇਟੀ ਵੱਲੋਂ ਜਨਤਕ ਕੀਤੀ ਜਾਣਕਾਰੀ ਅਨੁਸਾਰ ਇਨ੍ਹਾਂ ਆਗੂਆਂ ਨੂੰ ਬੀਤੇ ਕੱਲ੍ਹ ਬੀਜਾਪੁਰ ਦੇ ਇੰਦਰਾਵਤੀ ਨੈਸ਼ਨਲ ਪਾਰਕ ਖੇਤਰ ਦੇ ਇੱਕ ਪਿੰਡ ਤੋਂ ਗ੍ਰਿਫ਼ਤਾਰ ਕੀਤਾ ਗਿਆ ਹੈ।ਉਨ੍ਹਾਂ ਕਿਹਾ ਕਿ ਜਿਵੇਂ ਭਾਜਪਾ ਸਰਕਾਰ ਵੱਲੋਂ 31 ਮਾਰਚ 2026 ਤੱਕ ਭਾਰਤ ਨੂੰ 'ਨਕਸਲ-ਮੁਕਤ' ਕਰਨ ਦਾ ਫਾਸ਼ੀਵਾਦੀ ਟੀਚਾ ਤੈਅ ਕਰਕੇ ਛੱਤੀਸਗੜ੍ਹ ਤੇ ਝਾਰਖੰਡ ਵਿਚ ਮਾਓਵਾਦੀ ਆਗੂਆਂ ਅਤੇ ਆਦਿਵਾਸੀਆਂ ਨੂੰ ਕਥਿਤ ਮੁਕਾਬਲਿਆਂ ਵਿੱਚ ਮਾਰਿਆ ਜਾ ਰਿਹਾ ਹੈ, ਉਸ ਦੇ ਮੱਦੇਨਜ਼ਰ ਇਨ੍ਹਾਂ ਆਗੂਆਂ ਨੂੰ ਵੀ 'ਮੁਕਾਬਲੇ' ਬਣਾ ਕੇ ਮਾਰ ਦਿੱਤੇ ਜਾਣ ਦਾ ਖ਼ਤਰਾ ਹੈ।ਇਸ ਦੇ ਨਾਲ ਹੀ ਉਨ੍ਹਾਂ ਕਿਹਾ ਕਿ ਦੋ ਦਿਨ ਪਹਿਲਾਂ ਹੀ ਸੀਪੀਆਈ (ਮਾਓਵਾਦੀ) ਦੀ ਕੇਂਦਰੀ ਕਮੇਟੀ ਦੇ ਮੈਂਬਰ ਸੁਧਾਕਰ ਤੇ ਇਕ ਹੋਰ ਸੀਨੀਅਰ ਆਗੂ ਭਾਸਕਰ ਨੂੰ ਇਸੇ ਤਰ੍ਹਾਂ ਜ਼ਿੰਦਾ ਗ੍ਰਿਫ਼ਤਾਰ ਕਰਨ ਤੋਂ ਬਾਅਦ ਮੁਕਾਬਲੇ ਵਿੱਚ ਮਰੇ ਦਿਖਾ ਦਿੱਤਾ ਗਿਆ।ਇਸ ਸਬੰਧੀ ਅੰਕੜੇ ਦਿੰਦਿਆਂ ਇਨ੍ਹਾਂ ਆਗੂਆਂ ਨੇ ਦੱਸਿਆ ਕਿ ਜਨਵਰੀ 2025 ਤੋਂ ਲੈ ਕੇ ਹੁਣ ਤੱਕ ਇਕੱਲੇ ਬਸਤਰ ਖੇਤਰ ਵਿੱਚ 182 ਮਾਓਵਾਦੀਆਂ ਨੂੰ 'ਮੁਕਾਬਲਿਆਂ' ਦੇ ਨਾਂ ਹੇਠ ਕਤਲ ਕੀਤਾ ਗਿਆ ਹੈ।

# ਸਰਕਾਰ ਦੀ ਪੈਨਸ਼ਨਰਜ਼ ਦੀਆਂ ਮੰਗਾਂ ਲਾਗੂ ਕਰਨ ਪ੍ਰਤੀ ਅਪਣਾਈ ਨੀਤੀ ਦਾ ਵਿਰੋਧ



**ਦੋਰਾਹਾ (ਹਰਮਿੰਦਰ ਸੇਠ)**-ਗੌਰਮਿੰਟ ਪੈਨਸ਼ਨਰਜ਼ ਦੀ ਪਵਨ ਕੁਮਾਰ ਕੌਸ਼ਲ ਦੀ ਪ੍ਰਧਾਨਗੀ ਹੋਈ ਮਹੀਨਾਵਾਰ ਮੀਟਿੰਗ ਵਿੱਚ ਪੰਜਾਬ ਸਰਕਾਰ ਦੀ ਪੈਨਸ਼ਨਰਜ਼ ਵਿਰੋਧੀ ਨੀਤੀ ਤੇ ਦਿੱਲੀ ਵਿੱਚ ਆਮ ਆਦਮੀ ਪਾਰਟੀ ਹੋਈ ਸ਼ਰਮਨਾਕ ਉਪਰੰਤ ਦਿੱਲੀ ਦੇ ਅਮਲੇ ਫੈਲੇ ਦੀ ਪੰਜਾਬ ਸਰਕਾਰ ਵੱਲੋਂ ਮਹੱਤਵ ਪੂਰਨ ਵਿਭਾਗਾ ਦੇ ਮੁੱਖੀ ਲਗਾਉਣ ਦੀ ਸਖਤ ਨਿੰਦਾ ਕੀਤੀ ਗਈ।ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਵੱਖ ਵੱਖ ਬੁਲਾਰਿਆਂ ਨੇ ਦਿੱਲੀ ਤੋਂ ਫੇਲ੍ਹ ਹੋਈ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਹਾਰੇ ਹੋਏ ਮੰਤਰੀਆਂ ਤੇ ਚਹੇਤਿਆਂ ਵੱਲੋਂ ਪੰਜਾਬ ਵਿੱਚ ਮੰਤਰੀਆਂ ਤੇ ਵਿਭਾਗਾਂ ਨੂੰ ਸੇਧਾਂ ਦੇਣ ਦੀ ਕਾਰਵਾਈ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕੀਤੀ।

ਸਰਕਾਰ ਵੱਲੋਂ 2022 ਦੀਆਂ ਵਿਧਾਨ ਸਭਾ ਚੋਣਾਂ ਅੰਦਰ ਤੇ ਗੱਦੀ ਉੱਪਰ ਬੈਠਣ ਉਪਰੰਤ ਮੰਨੀਆਂ ਮੰਗਾਂ, ਜਿਨ੍ਹਾਂ ਵਿੱਚ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਪੰਜਾਬ ਸਰਕਾਰ ਵੱਲੋਂ ਜੁਲਾਈ 2023 ਤੋਂ ਪੈਂਡਿੰਗ ਪਈਆਂ ਡੀ ਏ ਦੀਆਂ ਚਾਰ ਕਿਸ਼ਤਾਂ ਅਜੇ ਤੱਕ ਨਾ ਦੇਣ ਤੇ ਸਰਕਾਰ ਦੀ ਨਿਖੇਧੀ ਕੀਤੀ ਗਈ।ਪੈਨਸ਼ਨਰਾਂ ਦੀਆਂ ਪੈਨਸ਼ਨਾਂ ਦਾ 1/1/2016 ਤੋਂ 30.6.2021 ਤੱਕ ਦਾ ਬਕਾਇਆ ਦੇਣ ਦੀ ਨੀਤੀ ਦੀ ਸਖਤ ਆਲੋਚਨਾ ਕਰਦੇ ਹੋਏ ਬਕਾਇਆ ਯੱਕਮੁਸ਼ਤ ਕਿਸ਼ਤ ਵਿੱਚ ਅਦਾ ਕਰਨ ਤੇ ਸੇਵਾ ਕਾਲ ਵਿੱਚ ਵਾਧੇ ਕਾਰਨ 2016-2017 ਵਿੱਚ ਸੇਵਾ ਮੁਕਤ ਹੋਣ ਵਾਲੇ ਮੁਲਾਜ਼ਮਾਂ ਨੂੰ ਪੈਨਸ਼ਨਰਾਂ ਵਾਂਗ ਬਣਦੇ ਬਕਾਏ ਦੀਆਂ ਕਿਸ਼ਤਾਂ ਦੇਣ ਦੀ ਮੰਗ ਕੀਤੀ।

ਕੇਂਦਰ ਸਰਕਾਰ ਵੱਲੋਂ ਬਣਾਏ ਗਏ ਨਵੇਂ ਕਾਨੂੰਨ, ਜਿਸ ਅਨੁਸਾਰ ਪੈਨਸ਼ਨਰਾਂ ਦੀ ਪੈਨਸ਼ਨ ਵਿੱਚ ਕੋਈ ਵਾਧਾ ਨਹੀਂ ਹੋਵੇਗਾ ਤੇ ਨਾ ਹੀ ਡੀ ਏ ਮਿਲੇਗਾ ਬਾਰੇ ਦੱਸਦੇ ਹੋਏ ਕਿਹਾ ਕਿ ਅਜਿਹੀਆਂ ਮਾਰੂ ਨੀਤੀਆਂ ਨੂੰ ਕਦੇ ਵੀ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ ਅਤੇ ਇਸ ਪ੍ਰਤੀ 1972 ਦੇ ਸੁਪਰੀਮ ਕੋਰਟ ਦੇ ਫੈਸਲੇ ਨੂੰ ਉਲਟਾਉਣ ਨਹੀਂ ਦਿੱਤਾ ਜਾਵੇਗਾ।ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਉਹ ਵੀ ਕੇਂਦਰ ਸਰਕਾਰ ਵਾਂਗ ਆਪਣੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਲਈ ਸੱਤਵਾਂ ਪੇ ਕਮਿਸ਼ਨ ਦਾ ਗਠਨ ਕਰੇ।ਪ੍ਰਿੰਸੀਪਲ ਬਲਵੰਤ ਸਿੰਘ ਉਕਸੀ ਨੇ ਸਾਰੇ ਪੈਨਸ਼ਨਰਾਂ ਨੂੰ 1/1/2016 ਤੋਂ ਬਣਦੇ ਬਕਾਏ ਯਕਮੁਸ਼ਤ ਦੇਣ ਦੀ ਮੰਗ ਕੀਤੀ ਤੇ ਕੋਰਟਾਂ ਵੱਲੋਂ ਮੁਲਾਜ਼ਮਾਂ ਦੇ ਹੱਕ ਵਿੱਚ ਦਿੱਤੇ ਗਏ ਫੈਸਲਿਆਂ ਨੂੰ ਲਾਗੂ ਕਰਨ ਦੀ ਮੰਗ ਕੀਤੀ।ਅਖੀਰ ਵਿੱਚ ਪ੍ਰਧਾਨ ਪਵਨ ਕੁਮਾਰ ਕੌਸ਼ਲ ਨੇ ਪੈਨਸ਼ਨਰਾਂ ਆਪਣੀਆਂ ਮੰਗਾਂ ਮਨਾਉਣ ਲਈ ਇੱਕਮੁੱਠ ਹੋ ਕੇ ਸਰਕਾਰ 'ਤੇ ਦਬਾਅ ਪਾਉਣ ਲਈ ਪ੍ਰੇਰਿਤ ਕੀਤਾ ਤੇ 14 ਜੂਨ ਵਿਧਾਨ ਸਭਾ ਹਲਕਾ ਲੁਧਿਆਣਾ ਪੱਛਮੀ ਵਿਖੇ ਹੋ ਰਹੀ ਉੱਪ-ਚੋਣ ਵਿੱਚ ਮੁਲਾਜ਼ਮ ਤੇ ਪੈਨਸ਼ਨਰ ਸਾਂਝੇ ਫਰੰਟ ਵੱਲੋਂ ਕੀਤੇ ਗਏ ਫੈਸਲੇ ਅਨੁਸਾਰ ਕੀਤੀ ਜਾ ਰਹੀ ਰੋਸ ਰੈਲੀ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣ ਲਈ ਕਿਹਾ।ਮੀਟਿੰਗ ਵਿੱਚ ਗੁਰਦਿਆਲ, ਸਤਿੰਦਰਪਾਲ ਸਿੰਘ, ਕਮਲਜੀਤ ਸਿੰਘ, ਰੁਪਿੰਦਰ ਸਿੰਘ, ਦਰਸ਼ਨ ਸਿੰਘ, ਕਰਮ ਸਿੰਘ ਜਟਾਣਾ ਤੇ ਹੋਰ ਮੈਂਬਰਾਂ ਨੇ ਆਪਣੇ ਵਿਚਾਰ ਰੱਖੇ।ਮੀਟਿੰਗ ਦੇ ਅਖੀਰ ਵਿੱਚ ਪੰਜਾਬ ਸਰਕਾਰ ਵੱਲੋਂ ਮਜ਼ਦੂਰਾਂ ਵਪਾਰਕ ਅਦਾਰਿਆਂ ਨੂੰ ਰਾਹਤ ਦਿੰਦਿਆਂ ਕੰਮ ਦਿਹਾੜੀ ਅੱਠ ਘੰਟਿਆਂ ਤੋਂ 12 ਘੰਟੇ ਕਰਨ ਤੇ ਮਜ਼ਦੂਰ ਵਿਰੋਧੀ ਲਏ ਫੈਸਲਿਆਂ ਦੀ ਸਖਤ ਨਿਖੇਧੀ ਕਰਦਿਆਂ ਇਸ ਲੋਕ ਮਾਰੂ ਫੈਸਲਿਆਂ ਨੂੰ ਵਾਪਸ ਲੈਣ ਦੀ ਮੰਗ ਕੀਤੀ।

# ਸ਼ਹਿਰੀ ਖੇਤਰ 'ਚ ਭਾਰੀ ਵਾਹਨਾਂ 'ਤੇ ਪਾਬੰਦੀ

**ਪਟਿਆਲਾ (ਰਾਜਿੰਦਰ ਥਿੰਦ)**-ਵਧੀਕ ਜ਼ਿਲ੍ਹਾ ਮੈਜਿਸਟਰੇਟ ਇਸ਼ਾ ਸਿੰਗਲ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ 2023 ਦੀ ਧਾਰਾ 163 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਰਾਜਪੁਰਾ ਚੁੰਗੀ ਤੋਂ ਪੁਰਾਣਾ ਬੱਸ ਸਟੈਂਡ ਦੇ ਅੰਦਰ ਦੇ ਇਲਾਕੇ, ਪੁਰਾਣਾ ਬੱਸ ਸਟੈਂਡ ਤੋਂ ਫੁਆਰਾ ਚੌਕ (ਦੀ ਮਾਲ ਰੋਡ), ਫੁਆਰਾ ਚੌਕ ਲੋਅਰ ਮਾਲ ਤੋਂ ਮਹਿੰਦਰਾ ਕਾਲਜ ਤੇ ਮਹਿੰਦਰਾ ਕਾਲਜ ਤੋਂ ਸਨੌਰੀ ਅੱਡੇ ਦੇ ਅੰਦਰ ਸਵੇਰੇ 8 ਵਜੇ ਤੋਂ ਸ਼ਾਮ 8 ਵਜੇ ਤੱਕ ਭਾਰੀ ਵਾਹਨਾਂ ਦੇ ਦਾਖਲੇ 'ਤੇ ਪਾਬੰਦੀ ਲਗਾਈ ਹੈ।5 ਅਗਸਤ 2025 ਤੱਕ ਲਾਗੂ ਰਹਿਣ ਵਾਲੇ ਇਨ੍ਹਾਂ ਹੁਕਮਾਂ ਵਿੱਚ ਕਿਹਾ ਗਿਆ ਹੈ ਕਿ ਜ਼ਿਲ੍ਹਾ ਪਟਿਆਲਾ ਦੇ ਸ਼ਹਿਰੀ ਖੇਤਰ ਅੰਦਰ ਭਾਰੀ ਵਾਹਨਾਂ ਦੀ ਆਵਾਜਾਈ ਬਹੁਤ ਜ਼ਿਆਦਾ ਵੱਧ ਗਈ ਹੈ, ਇਨ੍ਹਾਂ ਵਾਹਨਾਂ ਦੀ ਦਿਨ ਦੇ ਸਮੇਂ ਸ਼ਹਿਰ ਵਿੱਚ ਆਮਦ ਨਾਲ ਆਮ ਟ੍ਰੈਫਿਕ ਦੀ ਆਵਾਜਾਈ ਵਿੱਚ ਕਾਫ਼ੀ ਵਿਘਨ ਪੈ ਰਿਹਾ ਹੈ, ਜਿਸ ਨਾਲ ਲੰਮੇ ਸਮੇਂ ਜਾਮ ਲੱਗ ਜਾਂਦੇ ਹਨ।ਇਨ੍ਹਾਂ ਟ੍ਰੈਫਿਕ ਜਾਮਾਂ ਕਾਰਨ ਜਿੱਥੇ ਆਮ ਜਨਤਾ ਦੇ ਕੰਮਕਾਰ ਪ੍ਰਭਾਵਿਤ ਹੁੰਦੇ ਹਨ, ਉੱਥੇ ਨਾਲ ਹੀ ਬਿਮਾਰ/ਬਜ਼ੁਰਗ/ਮਰੀਜ਼/ਐਂਬੂਲੈਂਸਾਂ/ਸਕੂਲੀ ਬੱਚਿਆਂ ਦੇ ਇੱਕ ਥਾਂ ਤੋਂ ਦੂਜੀ ਥਾਂ ਸਮੇਂ ਸਿਰ ਪੁੱਜਣ ਵਿੱਚ ਵੀ ਵਿਘਨ ਪੈਂਦਾ ਹੈ, ਅਜਿਹੇ ਹਾਲਤਾਂ ਨਾਲ ਅਮਨ ਕਾਨੂੰਨ ਦੀ ਸਥਿਤੀ ਦੇ ਖਰਾਬ ਹੋਣ ਦਾ ਖਦਸ਼ਾ ਬਣਿਆ ਰਹਿੰਦਾ ਹੈ।ਇਸ ਲਈ ਇਹ ਪਾਬੰਦੀ ਲਗਾਈ ਗਈ ਹੈ।

# ਜਦੋਂ ਪ੍ਰਮਾਤਮਾ ਨੇ ਰੱਜੋ ਨੂੰ ਔਲਾਦ ਨਾਲ ਰਜਾ ਦਿੱਤਾ

## ਇਕੋ ਸਮੇਂ ਜਨਮੇ ਦੋਵੇਂ ਲੜਕੇ ਤੇ ਦੋਵੇਂ ਲੜਕੀਆਂ ਮਾਂ ਸਮੇਤ ਤੰਦਰੁਸਤ



**ਸਿਰਸਾ (ਸੁਰਿੰਦਰ ਪਾਲ ਸਿੰਘ)**
ਸਿਰਸਾ ਖੇਤਰ ਦੇ ਪਿੰਡ ਟੀਟੂ ਖੇੜਾ ਦੇ ਮਜ਼ਦੂਰ ਨੌਜਵਾਨ ਸੋਨੂੰ ਦੇ ਵਿਆਹ ਦੇ ਇਕ ਸਾਲ ਉਪਰੰਤ ਉਸ ਦੀ ਸੁਪਤਨੀ ਰੱਜੋ ਨੂੰ ਜਦੋਂ ਡਲਿਵਰੀ ਲਈ ਸਿਰਸਾ ਦੇ ਸਰਕਾਰੀ ਹਸਪਤਾਲ ਲੈ ਗਿਆ ਤਾਂ ਉਸ ਨੇ ਇੱਕੋ ਸਮੇਂ 4 ਬੱਚਿਆਂ ਨੂੰ ਜਨਮ ਦਿੱਤਾ, ਜਿਨ੍ਹਾਂ ਵਿੱਚ ਦੋ ਮੁੰਡੇ ਤੇ ਦੋ ਕੁੜੀਆਂ ਹਨ। ਚਾਰੇ ਬੱਚੇ ਤੇ ਮਾਂ ਪੂਰੀ ਤਰ੍ਹਾਂ ਤੰਦਰੁਸਤ ਹਨ। ਖਾਸ ਗੱਲ ਇਹ ਹੈ ਕਿ ਇਹ ਔਰਤ ਪਹਿਲੀ ਵਾਰ ਮਾਂ ਬਣੀ ਹੈ। ਜਣੇਪੇ ਤੋਂ ਬਾਅਦ ਪਰਿਵਾਰ ਵਿੱਚ ਖੁਸ਼ੀ ਦਾ ਮਾਹੌਲ ਹੈ, ਬੱਚਿਆਂ ਦੀ ਦਾਦੀ ਅਤੇ ਨਾਨੀ ਨਵ-ਜਨਮਿਆਂ ਦੀ ਦੇਖਭਾਲ ਕਰ ਰਹੀਆਂ ਹਨ। ਸਿਰਸਾ ਦੇ ਸਰਕਾਰੀ ਹਸਪਤਾਲ 'ਚ ਅਲਟਰਾਸਾਊਂਡ ਤੋਂ ਬਾਅਦ ਡਾਕਟਰਾਂ ਨੇ ਦੱਸਿਆ ਕਿ ਤਿੰਨ ਬੱਚੇ ਹਨ, ਪਰ ਜਨਮ ਚਾਰ ਨੇ ਲਿਆ। ਡਾਕਟਰਾਂ ਦਾ ਕਹਿਣਾ ਸੀ ਕਿ ਇਹ ਮਾਮਲਾ ਚੁਣੌਤੀ ਪੂਰਨ ਇਸ ਲਈ ਸੀ ਕਿਉਂਕਿ ਜਣੇਪੇ ਬਹੁਤ ਜੋਖਮ ਭਰੇ ਸਨ। ਦੂਜੇ ਪਾਸੇ ਮਜ਼ਦੂਰ ਨੌਜਵਾਨ ਸੋਨੂ ਦੀ ਸੁਪਤਨੀ ਰੱਜੋ ਨੇ ਕਿਹਾ ਕਿ ਮੈਂ ਜੋ ਵੀ ਖਾਣਾ ਚਾਹੁੰਦੀ ਸੀ, ਸੋਨੂੰ ਮੇਰੇ ਲਈ ਲਿਆਉਂਦਾ ਸੀ, ਉਹ ਮੇਰਾ ਪੂਰਾ ਧਿਆਨ ਰੱਖਦਾ ਸੀ ਤੇ ਮੈਨੂੰ ਹਿੰਮਤ ਦਿੰਦਾ ਸੀ, ਇਸ ਦੇ ਪਰਵਾਰ ਨੇ ਵੀ ਮੇਰਾ ਪੂਰਾ ਸਾਥ ਦਿੱਤਾ। ਰੱਜੋ ਦੀ ਸੱਸ ਨੇ ਖੁਸ਼ ਹੋ ਕੇ ਕਿਹਾ ਕਿ ਨੂੰਹ ਰਾਣੀ ਤੂੰ ਆਪਣਾ ਧਿਆਨ ਰੱਖ, ਬੱਚਿਆਂ ਦੀ ਚਿੰਤਾ ਨਾ ਕਰ, ਅਸੀਂ ਸਾਰੇ ਉਨ੍ਹਾਂ ਦੀ ਦੇਖਭਾਲ ਕਰਾਂਗੇ।

# ਜਾਤ ਅਧਾਰਤ ਵਿਤਕਰੇ ਨੂੰ ਖ਼ਤਮ ਕੀਤੇ ਬਿਨਾਂ ਬਿਹਤਰ ਸਮਾਜ ਦੀ ਸਿਰਜਣਾ ਅਸੰਭਵ : ਗੜ੍ਹੀ




**ਮਾਨਸਾ (ਆਤਮਾ ਸਿੰਘ ਪਮਾਰ)**
ਜਦੋਂ ਤੱਕ ਸਮਾਜ 'ਚੋਂ ਜਾਤ ਅਧਾਰਤ ਵਿਤਕਰੇ ਨੂੰ ਖ਼ਤਮ ਨਹੀਂ ਕੀਤਾ ਜਾਂਦਾ, ਉਦੋਂ ਤੱਕ ਬਿਹਤਰ ਸਮਾਜ ਦੀ ਕਲਪਨਾ ਕੀਤੀ ਹੀ ਨਹੀਂ ਜਾ ਸਕਦੀ।ਸਾਨੂੰ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਜੀ ਨੇ 'ਪੜ੍ਹੋ-ਜੁੜੋ-ਸੰਘਰਸ਼ ਕਰੋ' ਦਾ ਇੱਕ ਬਹੁਤ ਹੀ ਵਧੀਆ ਸਿਧਾਂਤ ਦਿੱਤਾ ਹੈ, ਸਾਨੂੰ ਇਸ ਸੰਦੇਸ਼ 'ਤੇ ਅਮਲ ਕਰਨ ਦੀ ਲੋੜ ਹੈ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਅਨੁਸੂਚਿਤ ਜਾਤੀਆਂ ਕਮਿਸ਼ਨ ਪੰਜਾਬ ਦੇ ਚੇਅਰਮੈਨ ਸ੍ਰ. ਜਸਵੀਰ ਸਿੰਘ ਗੜ੍ਹੀ ਨੇ ਸਥਾਨਕ ਸ਼ਾਂਤੀ ਭਵਨ ਵਿਖੇ ਡਾ. ਭੀਮ ਰਾਓ ਅੰਬੇਡਕਰ ਜੀ ਦੇ 134ਵੇਂ ਜਨਮ ਦਿਵਸ ਨੂੰ ਸਮਰਪਤ ਚੇਤਨਾ ਸਮਾਗਮ 'ਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਕੀਤਾ।'ਸਮਾਜਿਕ ਪਰਿਵਰਤਨ ਤੇ ਆਰਥਿਕ ਮੁਕਤੀ ਦੇ ਟੀਚੇ ਦੀ ਪ੍ਰਾਪਤੀ ਕਿਵੇਂ' ਵਿਸ਼ੇ ਹੇਠ ਆਯੋਜਤ ਇਸ ਸਮਾਗਮ ਦੇ ਮੁੱਖ ਮਹਿਮਾਨ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਨੇ ਡਾ. ਭੀਮ ਰਾਓ ਅੰਬੇਡਕਰ ਜੀ ਨੂੰ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਉਨ੍ਹਾਂ ਨੂੰ ਨਮਨ ਵੀ ਕੀਤਾ।ਉਨ੍ਹਾਂ ਸਮੂਹ ਹਾਜ਼ਰੀਨ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਇਸ ਸਮਾਗਮ ਦਾ ਮੰਤਵ ਅਨੁਸੂਚਿਤ ਜਾਤੀਆਂ ਨਾਲ ਸਬੰਧਤ ਲੋਕਾਂ ਨੂੰ ਉਨ੍ਹਾਂ ਦੇ ਹੱਕਾਂ ਤੇ ਅਧਿਕਾਰਾਂ ਪ੍ਰਤੀ ਜਾਗਰੂਕ ਕਰਨਾ ਹੈ।ਉਨ੍ਹਾਂ ਕਿਹਾ ਕਿ ਡਾ. ਭੀਮ ਰਾਓ ਅੰਬੇਡਕਰ ਜੀ ਦੀ ਦੂਰਅੰਦੇਸ਼ੀ ਤੇ ਸੁਚੱਜੀ ਅਗਵਾਈ ਨਾਲ ਤਿਆਰ ਸੰਵਿਧਾਨ ਵਿੱਚ ਸਮਾਜ ਦੇ ਹਰ ਵਰਗ ਦੇ ਹੱਕਾਂ-ਅਧਿਕਾਰਾਂ ਨੂੰ ਤਰਜੀਹ ਦਿੱਤੀ ਗਈ ਹੈ।ਉਨ੍ਹਾਂ ਨੌਜਵਾਨ ਪੀੜ੍ਹੀ ਨੂੰ ਅਪੀਲ ਕੀਤੀ ਕਿ ਉਹ ਸਮਾਜ ਦੇ ਬਿਹਤਰ ਨਿਰਮਾਣ ਲਈ ਬਾਬਾ ਸਾਹਿਬ ਦੀਆਂ ਸਿੱਖਿਆਵਾਂ ਗ੍ਰਹਿਣ ਕਰਨ ਤੇ ਚੰਗੀ ਸਿੱਖਿਆ ਪ੍ਰਾਪਤ ਕਰ ਕੇ ਸਮਾਜ ਵਿੱਚ ਉੱਚਾ ਮੁਕਾਮ ਹਾਸਲ ਕਰਨ।ਉਨ੍ਹਾਂ ਹਾਜ਼ਰੀਨ ਨੂੰ ਕਿਹਾ ਕਿ ਅਨੁਸੂਚਿਤ ਜਾਤੀਆਂ ਕਮਿਸ਼ਨ ਪੰਜਾਬ ਹਰ ਸਮੇਂ ਤੁਹਾਡੇ ਨਾਲ ਖੜ੍ਹਾ ਹੈ, ਤੁਸੀਂ ਕਿਸੇ ਵੀ ਮੁਸ਼ਕਲ ਦੇ ਹੱਲ ਲਈ ਕਮਿਸ਼ਨ ਤੱਕ ਪਹੁੰਚ ਕਰ ਸਕਦੇ ਹੋ, ਕਮਿਸ਼ਨ ਤੁਹਾਡੀ ਮੁਸ਼ਕਲ ਨੂੰ ਹੱਲ ਕਰਨ ਦੀ ਹਰ ਸੰਭਵ ਕੋਸ਼ਿਸ਼ ਕਰੇਗਾ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਐੱਸ ਸੀ ਕਾਰਪੋਰੇਸ਼ਨ ਦੇ ਮਾਰਚ 2020 ਤੱਕ ਦੇ ਕਰੀਬ 67 ਕਰੋੜ ਦੇ ਬਕਾਇਆ ਕਰਜ਼ੇ ਮੁਆਫ ਕਰ ਦਿੱਤੇ ਗਏ ਹਨ, ਜਿਸ ਨਾਲ ਕਰੀਬ 4727 ਪਰਵਾਰਾਂ ਨੂੰ ਆਰਥਿਕ ਰਾਹਤ ਮਿਲੀ ਹੈ।ਉਨ੍ਹਾਂ ਕਿਹਾ ਕਿ ਉਹ ਅਨੁਸੂਚਿਤ ਜਾਤੀਆਂ ਤੇ ਪੱਛੜੀਆਂ ਸ਼੍ਰੇਣੀਆਂ ਦੀ ਭਲਾਈ ਨਾਲ ਸਬੰਧਤ ਮਾਮਲੇ ਸਰਕਾਰ ਦੇ ਧਿਆਨ ਵਿੱਚ ਲਿਆਉਂਦੇ ਰਹਿਣਗੇ ਤਾਂ ਜੋ ਹਰ ਮਸਲੇ ਦਾ ਯੋਗ ਹੱਲ ਹੋ ਸਕੇ।ਸਮਾਗਮ ਦੇ ਵਿਸ਼ੇਸ਼ ਮਹਿਮਾਨ ਖਾਦੀ ਬੋਰਡ ਦੇ ਨੋਡਲ ਅਫ਼ਸਰ ਦਵਿੰਦਰ ਸਿੰਘ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਅੱਜ ਦੇ ਸਮੇਂ ਸਮਾਜ ਨੂੰ ਇੱਕ ਦੂਜੇ ਨਾਲ ਮਿਲ ਕੇ ਚੱਲਣ ਦੀ ਬੇਹੱਦ ਲੋੜ ਹੈ।ਉਨ੍ਹਾਂ ਕਿਹਾ ਕਿ ਡਾ. ਭੀਮ ਰਾਓ ਅੰਬੇਡਕਰ ਜੀ ਨੂੰ ਸੱਚੀ ਸ਼ਰਧਾਂਜਲੀ ਤਾਂ ਹੀ ਹੋਵੇਗੀ, ਜਦੋਂ ਅਸੀਂ ਉਨ੍ਹਾਂ ਦੇ ਦੱਸੇ ਰਾਹ 'ਤੇ ਤੁਰਨ ਦੀ ਕੋਸ਼ਿਸ਼ ਕਰਾਂਗੇ।ਦਲਿਤ ਸੈਨਾ ਦੇ ਸੂਬਾ ਪ੍ਰਧਾਨ ਗੁਰਤੇਜ ਸਿੰਘ ਜੋਧਪੁਰੀ ਨੇ ਸਮਾਗਮ 'ਚ ਸ਼ਾਮਲ ਸਮੂਹ ਹਾਜ਼ਰੀਨ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਜੀ ਦੀ ਸੋਚ ਹਰ ਘਰ ਤੱਕ ਜਾਣੀ ਲਾਜ਼ਮੀ ਹੈ ਤਾਂ ਜੋ ਹਰ ਇੱਕ ਨੌਜਵਾਨ ਸਿੱਖਿਅਤ ਹੋ ਸਕੇ।ਇਸ ਦੌਰਾਨ ਸਵਰਨਜੀਤ ਸਿੰਘ ਨੂਰ ਵੱਲੋਂ ਤਿਆਰ ਕੀਤੀ ਬੱਚਿਆਂ ਦੀ ਟੀਮ ਨੇ ਬਾਬਾ ਸਾਹਿਬ ਦੀ ਵਿਚਾਰਧਾਰਾ ਨੂੰ ਸਮਰਪਤ ਗੀਤ ਪੇਸ਼ ਕੀਤਾ ਅਤੇ ਸਮਾਗਮ ਦੇ ਅਖੀਰ ਵਿੱਚ ਚੇਅਰਮੈਨ ਸ੍ਰ. ਜਸਵੀਰ ਸਿੰਘ ਗੜ੍ਹੀ ਨੇ ਲੋਕਾਂ ਦੀਆਂ ਸ਼ਿਕਾਇਤਾਂ ਸੁਣੀਆਂ ਤੇ ਲਿਖਤੀ ਸ਼ਿਕਾਇਤਾਂ ਪ੍ਰਾਪਤ ਕਰਦਿਆਂ ਹਰ ਸ਼ਿਕਾਇਤ ਦਾ ਯੋਗ ਪ੍ਰਕਿਰਿਆ ਅਨੁਸਾਰ ਹੱਲ ਕਰਨ ਦਾ ਭਰੋਸਾ ਵੀ ਦਿੱਤਾ। ਇਸ ਮੌਕੇ ਦਲਿਤ ਸੈਨਾ ਜ਼ਿਲ੍ਹਾ ਮਾਨਸਾ ਦੇ ਪ੍ਰਧਾਨ ਹਰਪ੍ਰੀਤ ਸਿੰਘ, ਰਾਜਵਿੰਦਰ ਸਿੰਘ ਯੂਥ ਆਗੂ, ਇੰਦਰਜੀਤ ਸਿੰਘ, ਗੁਰਵਿੰਦਰ ਸਿੰਘ ਰਿੰਕੂ, ਪਵਨ ਕੁਮਾਰ ਪ੍ਰਧਾਨ ਅੰਬੇਡਕਰ ਯੂਥ ਕਲੱਬ ਮਾਨਸਾ, ਅਮਨਦੀਪ ਸਿੰਘ ਸਿਵੀਆ ਯੂਥ ਆਗੂ, ਐੱਸ ਸੀ ਬੀ ਸੀ ਭਲਾਈ ਮੰਚ ਦੇ ਪ੍ਰਧਾਨ ਤਾਰਾ ਚੰਦ ਐੱਮ ਸੀ, ਕੁਲਵੰਤ ਸਿੰਘ ਕਾਲਝਰਾਣੀ, ਬਲਵੰਤ ਸਿੰਘ ਭੀਖੀ, ਹਰਬੰਸ ਸਿੰਘ, ਗੁਰਵਿੰਦਰ ਸਿੰਘ, ਜ਼ਿਲ੍ਹਾ ਪ੍ਰਧਾਨ ਹਰਪ੍ਰੀਤ ਸਿੰਘ, ਰਾਜਵਿੰਦਰ ਸਿੰਘ, ਸਵਰਨਦੀਪ ਸਿੰਘ ਨੂਰ, ਯਾਦਵਿੰਦਰ ਸਿੰਘ ਪਮਾਰ ਤੋਂ ਇਲਾਵਾ ਹੋਰ ਪਤਵੰਤੇ ਤੇ ਵੱਡੀ ਗਿਣਤੀ ਵਿੱਚ ਮਰਦ ਤੇ ਔਰਤਾਂ ਹਾਜ਼ਰ ਸਨ।

# ਖੰਡ ਮਿੱਲਾਂ ਦੀ ਭਰਤੀ 'ਚ ਕਿਸਾਨ ਅੰਦੋਲਨ ਦੇ ਪੀੜਤ ਪਰਵਾਰਾਂ ਨੂੰ ਪਹਿਲ ਦਿੱਤੀ ਜਾਵੇ : ਦੌਲਤਪੁਰਾ, ਸੋਢੀ



**ਮੋਗਾ (ਇਕਬਾਲ ਸਿੰਘ ਖਹਿਰਾ)**- ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਜ਼ਿਲ੍ਹਾ ਪ੍ਰਧਾਨ ਭੁਪਿੰਦਰ ਸਿੰਘ ਦੌਲਤਪੁਰਾ ਤੇ ਸੀਨੀਅਰ ਆਗੂ ਹਰਜੀਤ ਸਿੰਘ ਸੋਢੀ ਕਿਹਾ ਕਿ ਪੰਜਾਬ ਸਰਕਾਰ ਪੰਜਾਬ ਦੀਆਂ ਖੰਡ ਮਿੱਲਾਂ ਵਿੱਚ ਤਕਰੀਬਨ 166 ਦੇ ਕਰੀਬ ਅਸਾਮੀਆਂ ਦੀ ਭਰਤੀ ਕਰਨ ਜਾ ਰਹੀ ਹੈ। ਵੱਖ ਵੱਖ ਮੀਡੀਆ ਤੋਂ ਮਿਲ ਰਹੀ ਜਾਣਕਾਰੀ ਅਨੁਸਾਰ ਅਸਾਮੀਆਂ ਦੀ ਭਰਤੀ ਦੇ ਮਾਪਦੰਡ ਪੰਜਾਬ ਸਰਕਾਰ ਨੇ ਕਿਹਾ ਹੈ ਕਿ ਜੋ ਵੀ ਵਿਅਕਤੀ ਭਰਤੀ ਹੋਵੇਗਾ, ਉਸ ਨੂੰ ਬਾਅਦ ਵਿੱਚ ਪੰਜਾਬੀ ਦਾ ਪੇਪਰ ਕਲੀਅਰ ਕਰਨਾ ਜ਼ਰੂਰੀ ਹੋਵੇਗਾ, ਪਰ ਅਸੀਂ ਪੰਜਾਬ ਸਰਕਾਰ ਤੋਂ ਮੰਗ ਕਰਦੇ ਹਾਂ ਕਿ ਜੋ ਪੰਜਾਬ ਸਰਕਾਰ ਦੇ ਨੁਮਾਇੰਦੇ ਜਸਵੰਤ ਸਿੰਘ ਜਾਫਰ ਨੇ ਪੰਜਾਬ ਸਰਕਾਰ ਨੂੰ ਚਿੱਠੀ ਲਿਖ ਕੇ ਸਿਫਾਰਿਸ਼ ਕੀਤੀ ਹੈ ਕਿ ਇਹ ਜੋ ਪੰਜਾਬ ਸਰਕਾਰ ਖੰਡ ਮਿੱਲਾਂ ਵਿੱਚ ਭਰਤੀ ਕਰਨ ਜਾ ਰਹੀ ਹੈ, ਉਸ ਵਿੱਚ ਪੰਜਾਬੀ ਦਾ ਪੇਪਰ ਕਲੀਅਰ ਕਰਨਾ ਸ਼ੁਰੂ ਤੋਂ ਹੀ ਲਾਗੂ ਹੋਣਾ ਚਾਹੀਦਾ ਹੈ।ਅਸੀਂ ਜਸਵੰਤ ਸਿੰਘ ਜਾਫਰ ਦੀ ਇਸ ਦਲੀਲ ਨਾਲ ਸਹਿਮਤ ਹਾਂ ਅਤੇ ਨਾਲ ਹੀ ਅਸੀਂ ਮੰਗ ਕਰਦੇ ਹਾਂ ਕਿ ਕਿਸਾਨ ਅੰਦੋਲਨ ਦੌਰਾਨ ਜੋ ਕਿਸਾਨ ਸ਼ਹੀਦ ਹੋਏ ਜਾਂ ਜ਼ਖਮੀ ਹੋ ਕੇ ਬਿਲਕੁਲ ਹੀ ਨਕਾਰਾ ਹੋਏ ਸਨ, ਉਨ੍ਹਾਂ ਪਰਵਾਰਾਂ ਦੇ ਬੱਚਿਆਂ ਦਾ ਯੋਗਤਾ ਅਨੁਸਾਰ ਪੇਪਰ ਲੈ ਕੇ ਉਨ੍ਹਾਂ ਨੂੰ ਪੰਜਾਬ ਦੀਆਂ ਖੰਡ ਮਿੱਲਾਂ ਵਿੱਚ ਭਰਤੀ ਕੀਤਾ ਜਾਵੇ, ਜਿਸ ਨਾਲ ਉਨ੍ਹਾਂ ਕਿਸਾਨਾਂ ਦੇ ਪਰਵਾਰਾਂ ਨੂੰ ਕੁਝ ਰਾਹਤ ਮਿਲੇਗੀ ਅਤੇ ਆਪਣੀ ਜ਼ਿੰਦਗੀ ਸੁਖਾਲੇ ਢੰਗ ਨਾਲ ਬਤੀਤ ਕਰ ਸਕਣਗੇ। ਜੇ ਪੰਜਾਬ ਸਰਕਾਰ ਇਸ ਭਰਤੀ ਵਿੱਚ ਬਾਹਰੀ ਸੂਬਿਆਂ ਨੂੰ ਪਹਿਲ ਦੇਵੇਗੀ ਤਾਂ ਅਸੀਂ ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਵੱਲੋਂ ਇਸ ਫੈਸਲੇ ਦਾ ਡੱਟ ਕੇ ਵਿਰੋਧ ਕਰਾਂਗੇ ਤੇ ਸੰਘਰਸ਼ ਵਿੱਢਾਂਗੇ। ਇਸ ਸਮੇਂ ਜ਼ਿਲ੍ਹਾ ਮੀਡੀਆ ਇੰਚਾਰਜ ਬਲਕਰਨ ਸਿੰਘ ਢਿੱਲੋਂ, ਲਖਬੀਰ ਸਿੰਘ ਸੰਧੂਆਣਾ ਸਾਬਕਾ ਸਰਪੰਚ, ਲਖਵਿੰਦਰ ਸਿੰਘ ਰੌਲੀ ਬਲਾਕ ਮੀਤ ਪ੍ਰਧਾਨ, ਦਫਤਰ ਇੰਚਾਰਜ ਪ੍ਰਕਾਸ਼ ਸਿੰਘ, ਪ੍ਰਗਟ ਸਿੰਘ ਚੋਟੀਆਂ ਆਦਿ ਹਾਜ਼ਰ ਸਨ।

# ਅਕਾਲੀ ਦਲ ਵੱਲੋਂ ਸੰਸਦ ਦੇ ਸਾਹਮਣੇ ਰੋਸ ਪ੍ਰਦਰਸ਼ਨ

## ਪੁਲਸ ਨੇ ਪ੍ਰਦਰਸ਼ਨਕਾਰੀਆਂ ਨੂੰ ਮੁੱਖ ਮੰਤਰੀ ਦਾ ਪੁਤਲਾ ਸਾੜਨ ਤੋਂ ਰੋਕਿਆ



**ਨਵੀਂ ਦਿੱਲੀ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**-ਦਿੱਲੀ ਸਰਕਾਰ ਅਤੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਕਥਿਤ ਗਠਜੋੜ ਨੂੰ ਸਿੱਖਾਂ ਦੇ ਧਾਰਮਿਕ ਮਾਮਲਿਆਂ ਵਿੱਚ ਦਖਲਅੰਦਾਜ਼ੀ ਦੱਸਦਿਆਂ, ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਨੇ ਸੰਸਦ ਵੱਲ ਮਾਰਚ ਕੀਤਾ। ਸਤਿਨਾਮ-ਵਾਹਿਗੁਰੂ ਦਾ ਜਾਪ ਕਰਦੇ ਹੋਏ ਹਜ਼ਾਰਾਂ ਲੋਕਾਂ ਨੇ ਦਿੱਲੀ ਕਮੇਟੀ ਦੇ ਸਾਬਕਾ ਪ੍ਰਧਾਨ ਪਰਮਜੀਤ ਸਿੰਘ ਸਰਨਾ ਅਤੇ ਮਨਜੀਤ ਸਿੰਘ ਜੀ ਕੇ ਦੀ ਸਾਂਝੀ ਅਗਵਾਈ ਹੇਠ ਸ਼੍ਰੋਮਣੀ ਅਕਾਲੀ ਦਲ ਦਫਤਰ ਤੋਂ ਸੰਸਦ ਵੱਲ ਰੋਸ ਮਾਰਚ ਸ਼ੁਰੂ ਕੀਤਾ ਪਰ ਦਿੱਲੀ ਪੁਲਸ ਨੇ ਉਨ੍ਹਾਂ ਨੂੰ ਗੁਰਦੁਆਰਾ ਰਕਾਬਗੰਜ ਸਾਹਿਬ ਚੌਕ 'ਤੇ ਬੈਰੀਕੇਡਿੰਗ ਕਰਕੇ ਰੋਕ ਲਿਆ ਜਿਸ ਤੋਂ ਬਾਅਦ ਦੋਵਾਂ ਆਗੂਆਂ ਨੇ ਸ਼੍ਰੋਮਣੀ ਅਕਾਲੀ ਦਲ ਦੇ ਸਾਬਕਾ ਪ੍ਰਧਾਨ ਮਾਸਟਰ ਤਾਰਾ ਸਿੰਘ ਦੇ ਬੁੱਤ ਸਾਹਮਣੇ ਸੰਗਤਾਂ ਨੂੰ ਸੰਬੋਧਨ ਕੀਤਾ। ਅਕਾਲੀ ਆਗੂਆਂ ਨੇ ਦੋਸ਼ ਲਗਾਇਆ ਕਿ ਦਿੱਲੀ ਸਰਕਾਰ ਦੇ ਮੰਤਰੀਆਂ ਵੱਲੋਂ ਦਿੱਲੀ ਕਮੇਟੀ ਦੇ ਦੋ ਚੁਣੇ ਹੋਏ ਮੈਂਬਰਾਂ ਦੀ ਮੈਂਬਰਸ਼ਿਪ ਸਿਆਸੀ ਦੁਰਭਾਵਨਾ ਕਾਰਨ ਰੱਦ ਕਰਵਾਉਣ ਦੇ ਵਿਰੋਧ ਵਿੱਚ ਅੱਜ ਹਜ਼ਾਰਾਂ ਪੰਥਪ੍ਰਸਤ ਸਿੱਖ ਇੱਥੇ ਇਕੱਠੇ ਹੋਏ ਹਨ। ਇਸ ਮੌਕੇ ਦਿੱਲੀ ਪੁਲਿਸ ਨੇ ਪ੍ਰਦਰਸ਼ਨਕਾਰੀਆਂ ਨੂੰ ਦਿੱਲੀ ਦੀ ਮੁੱਖ ਮੰਤਰੀ ਰੇਖਾ ਗੁਪਤਾ ਦਾ ਪੁਤਲਾ ਸਾੜਨ ਨਹੀਂ ਦਿੱਤਾ ਅਤੇ ਪੁਤਲਾ ਫਾੜ ਦਿੱਤਾ ਜਿਸ ਕਾਰਨ ਕਾਫ਼ੀ ਸਮੇਂ ਤੱਕ ਟਕਰਾਅ ਚਲਦਾ ਰਿਹਾ। ਸਰਨਾ ਨੇ ਦਾਅਵਾ ਕੀਤਾ ਕਿ ਭਾਜਪਾ ਸਿੱਖਾਂ ਦੀਆਂ ਧਾਰਮਿਕ ਕਮੇਟੀਆਂ ਵਿੱਚ ਲਗਾਤਾਰ ਦਖਲਅੰਦਾਜ਼ੀ ਕਰ ਰਹੀ ਹੈ। ਹਜ਼ੂਰ ਸਾਹਿਬ, ਪਟਨਾ ਸਾਹਿਬ, ਹਰਿਆਣਾ ਕਮੇਟੀ ਤੋਂ ਬਾਅਦ ਹੁਣ ਇਹ ਰਾਜਨੀਤਿਕ ਦਖਲਅੰਦਾਜ਼ੀ ਦਿੱਲੀ ਕਮੇਟੀ ਤੱਕ ਪਹੁੰਚ ਗਈ ਹੈ। ਸਰਨਾ ਨੇ ਕਿਹਾ ਕਿ ਮਾਸਟਰ ਤਾਰਾ ਸਿੰਘ ਦੀ ਉਂਗਲੀ ਅੱਜ ਵੀ ਦੇਸ਼ ਦੀ ਸੰਸਦ ਵੱਲ ਹੈ। ਇਹ ਇਸ ਗੱਲ ਦਾ ਸੰਕੇਤ ਹੈ ਕਿ ਸਰਕਾਰ ਨੂੰ ਆਜ਼ਾਦੀ ਦੇ ਸਮੇਂ ਉਨ੍ਹਾਂ ਨਾਲ ਕੀਤੇ ਵਾਅਦੇ ਪੂਰੇ ਕਰਨੇ ਚਾਹੀਦੇ ਹਨ ਪਰ ਸਰਕਾਰ ਸਿੱਖਾਂ ਨਾਲ ਟਕਰਾਅ ਦੀ ਰਾਹ 'ਤੇ ਚੱਲ ਰਹੀ ਹੈ। ਜੀ. ਕੇ. ਨੇ ਕਿਹਾ ਕਿ ਅਸੀਂ ਇਹ ਲੜਾਈ ਸੜਕਾਂ ਤੋਂ ਲੈ ਕੇ ਅਦਾਲਤਾਂ ਤੱਕ ਲੜਾਂਗੇ ਅਤੇ ਸਰਕਾਰ ਦੀ ਬੇਇਨਸਾਫ਼ੀ ਅਤੇ ਅਨੈਤਿਕ ਕੰਮਾਂ ਦਾ ਵਿਰੋਧ ਕਰਾਂਗੇ ਕਿਉਂਕਿ ਸਰਕਾਰ ਨੇ ਲੋਕਤੰਤਰ ਦਾ ਕਤਲ ਕੀਤਾ ਹੈ। ਸਾਡਾ ਗੁੱਸਾ ਦਿੱਲੀ ਸਰਕਾਰ ਅਤੇ ਦਿੱਲੀ ਕਮੇਟੀ ਦੋਵਾਂ ਵਿਰੁੱਧ ਹੈ ਕਿਉਂਕਿ ਦਿੱਲੀ ਹਾਈਕੋਰਟ ਦੇ ਹੁਕਮਾਂ ਦੇ ਬਾਵਜੂਦ ਦਿੱਲੀ ਸਰਕਾਰ ਆਮ ਚੋਣਾਂ ਲਈ ਵੋਟਰ ਬਣਾਉਣ ਦੀ ਬਜਾਏ ਚੋਰ ਮੋਰੀ ਰਾਹੀਂ ਗੈਰ-ਕਾਨੂੰਨੀ ਤੌਰ 'ਤੇ ਮੈਂਬਰਾਂ ਦੀ ਅਦਲਾ ਬਦਲੀ ਕਰ ਰਹੀ ਹੈ। ਜਿਨ੍ਹਾਂ ਮੈਂਬਰਾਂ ਦੀ ਮੈਂਬਰਸ਼ਿਪ ਖਤਮ ਕੀਤੀ ਗਈ ਹੈ, ਉਨ੍ਹਾਂ ਨੂੰ ਕੋਈ ਅਗਾਊਂ ਸੂਚਨਾ ਨਹੀਂ ਦਿੱਤੀ ਗਈ। ਜਿਨ੍ਹਾਂ ਨੂੰ ਨਵੇਂ ਮੈਂਬਰ ਬਣਾਇਆ ਗਿਆ ਹੈ ਉਨ੍ਹਾਂ ਦੀ ਯੋਗਤਾ ਦਿੱਲੀ ਕਮੇਟੀ ਦੀ ਧਾਰਾ 10 ਤਹਿਤ ਨਹੀਂ ਜਾਂਚੀ ਗਈ ਅਤੇ ਨਾ ਹੀ ਉਨ੍ਹਾਂ ਦਾ ਗੁਰਮੁਖੀ ਦਾ ਟੈਸਟ ਲਿਆ ਗਿਆ ਹੈ। ਇਸ ਮੌਕੇ ਦਿੱਲੀ ਕਮੇਟੀ ਦੇ ਕਈ ਮੈਂਬਰ ਅਤੇ ਵੱਡੀ ਗਿਣਤੀ ਵਿੱਚ ਅਕਾਲੀ ਦਲ ਦੇ ਅਹੁਦੇਦਾਰ ਅਤੇ ਵਰਕਰ ਮੌਜੂਦ ਸਨ।

# ਸਰਕਾਰੀ ਸਕੂਲ ਬੋਹਣ 'ਚ ਵਿਦਿਆਰਥੀਆਂ ਨੂੰ ਸਰਟੀਫਿਕੇਟ ਵੰਡੇ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-ਪੰਜਾਬ ਸਿੱਖਿਆ ਵਿਭਾਗ ਵੱਲੋਂ ਰਾਜ ਵਿੱਚ ਤੇਲਗੂ ਭਾਸ਼ਾ ਨੂੰ ਪ੍ਰਸ਼ਾਸਿਤ ਕਰਨ ਵਾਸਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬੋਹਣ ਵਿਖੇ ਇਕ ਵਿਸ਼ੇਸ਼ ਸਮਰ ਕੈਂਪ ਪ੍ਰਿੰਸੀਪਲ ਮਲਕੀਤ ਕੌਰ ਦੀ ਦੇਖ ਰੇਖ ਅਧੀਨ ਲਗਾਇਆ ਗਿਆ। ਲੈਕਚਰਾਰ ਅੰਗਰੇਜ਼ੀ ਮੁਨੀਸ਼ ਮੰਦਿਰਾਲ ਨੇ ਦੱਸਿਆ ਕਿ ਇਸ ਸਮਰ ਕੈਂਪ ਦੌਰਾਨ ਸਕੂਲ ਦੇ ਛੇਵੀਂ ਤੋਂ ਦਸਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਤੇਲਗੂ ਭਾਸ਼ਾ ਦੇ ਮੁਢਲੇ ਨਿਯਮ ਅਤੇ ਸਿਧਾਂਤਾਂ ਬਾਰੇ ਜਾਣਕਾਰੀ ਦਿੱਤੀ ਗਈ। ਹਿੰਦੀ ਅਧਿਆਪਕ ਸ਼ਬਨਮ, ਪੰਜਾਬੀ ਅਧਿਆਪਕ ਹਰਮੇਸ਼ ਕੁਮਾਰੀ ਅਤੇ ਅੰਗਰੇਜ਼ੀ ਅਧਿਆਪਕ ਅਮਨਪ੍ਰੀਤ ਕੌਰ ਨੇ ਰਿਸੋਰਸ ਪਰਸਨਜ਼ ਦੀ ਭੂਮਿਕਾ ਨਿਭਾਈ ਜਦਕਿ ਕੰਪਿਊਟਰ ਫੈਕਲਟੀ ਸੀਮਾ ਨੇ ਕੈਂਪ ਦੌਰਾਨ ਤਕਨੀਕੀ ਸਹਾਇਤਾ ਪ੍ਰਦਾਨ ਕੀਤੀ। ਇਸ ਕੈਂਪ ਦੌਰਾਨ ਵਿਦਿਆਰਥੀਆਂ ਨੂੰ ਤਿੰਨ ਗਰੁੱਪਾਂ ਵਿੱਚ ਵੰਡ ਕੇ ਤੇਲਗੂ ਦੇ ਮੁਢਲੇ ਗ੍ਰੀਟਿੰਗਸ ਤੋਂ ਇਲਾਵਾ ਫਲਾਂ, ਸਬਜ਼ੀਆਂ, ਮਸਾਲਿਆਂ ਦੇ ਨਾਂਅ, ਤੇਲਗੂ ਭਾਸ਼ਾ ਵਿਚ ਗਿਣਤੀ ਬਾਰੇ ਜਾਣੂ ਕਰਵਾਇਆ ਗਿਆ। ਵਿਦਿਆਰਥੀਆਂ ਨੂੰ ਆਂਧਰਾ ਪ੍ਰਦੇਸ਼ ਦੀਆਂ ਮਹਾਨ ਸ਼ਖਸੀਅਤਾਂ ਬਾਰੇ ਵੀ ਜਾਣਕਾਰੀ ਮੁਹੱਈਆ ਕਰਵਾਈ ਗਈ। ਸਮਰ ਕੈਂਪ ਦੇ ਆਖਰੀ ਦਿਨ ਚਾਰਟ ਬਣਾਉਣ ਦੇ ਮੁਕਾਬਲੇ ਕਰਵਾਏ ਗਏ। ਇਨ੍ਹਾਂ ਮੁਕਾਬਲਿਆਂ ਦੇ ਜੇਤੂਆਂ ਨੂੰ ਪ੍ਰਿੰਸੀਪਲ ਮਲਕੀਤ ਕੌਰ, ਲੈਕਚਰਾਰ ਮੁਨੀਸ਼ ਮੰਦਿਰਾਲ, ਲੈਕਚਰਾਰ ਜੁਗਲਜੀਤ ਸਿੰਘ, ਲੈਕਚਰਾਰ ਗੁਰਪ੍ਰੀਤ ਕੌਰ, ਲੈਕਚਰਾਰ ਹਰਵਿੰਦਰ ਕੌਰ ਅਤੇ ਲੈਕਚਰਾਰ ਕੁਲਵਿੰਦਰਦੀਪ ਕੌਰ ਸਮੇਤ ਸਮੂਹ ਸਟਾਫ ਵੱਲੋਂ ਸਰਟੀਫਿਕੇਟ ਵੰਡੇ ਗਏ। ਇਸ ਮੌਕੇ ਅਰਵਿੰਦ ਸਿੰਘ, ਹਰਮੇਸ਼ ਕੁਮਾਰੀ, ਰਜਨੀ ਰਾਣੀ, ਅਰਵਿੰਦਰ ਕੌਰ, ਸ਼ਬਨਮ, ਅਮਨਪ੍ਰੀਤ ਕੌਰ, ਬਲਜਿੰਦਰ ਕੌਰ, ਸੀਮਾ, ਸੁਨੀਤਾ ਦੇਵੀ ਅਤੇ ਜਸਵਿੰਦਰ ਸਿੰਘ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ।

# ਬੱਚਿਆਂ ਦਾ 7 ਰੋਜ਼ਾ ਟ੍ਰੇਨਿੰਗ ਪ੍ਰੋਗਰਾਮ ਅੱਜ ਤੋਂ

**ਸਮਰਾਲਾ, (ਪੱਤਰ ਪ੍ਰੇਰਕ)** ਸਮਾਜ ਦੇ ਵੱਖ ਵੱਖ ਖੇਤਰਾਂ ਵਿਚ ਨਿਸ਼ਕਾਮ ਭਾਵਨਾ ਨੂੰ ਲੈਕੇ ਲੋਕ ਭਲਾਈ ਦੇ ਕਾਰਜ ਕਰ ਰਹੇ ਸਥਾਨਕ ਸੰਨਾਲੀ ਜੀਤ ਰਾਵਲ ਚੈਰੀਟੇਬਲ ਟਰੱਸਟ ਵੱਲੋਂ ਬੱਚਿਆਂ ਨੂੰ ਮੁਫਤ ਡਰਾਇੰਗ ਅਤੇ ਪੇਂਟਿੰਗ ਸਿਖਾਉਣ ਅਤੇ ਉਨ੍ਹਾਂ ਵਿੱਚ ਰਚਨਾਤਮਕ ਰੁਚੀਆਂ ਜਗਾਉਣ ਲਈ ਇੱਕ ਵਿਸ਼ੇਸ਼ 7 ਰੋਜ਼ਾ ਕਾਰਜਸ਼ਾਲਾ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡਾ ਜੀਤ ਰਾਵਲ ਨੇ ਦੱਸਿਆ ਕਿ ਸਕੂਲ ਦੇ ਬੱਚਿਆਂ ਨੂੰ ਮੁਫਤ ਡਰਾਇੰਗ ਅਤੇ ਪੇਂਟਿੰਗ ਦਾ ਪ੍ਰੋਗਰਾਮ ਉਲੀਕਿਆ ਗਿਆ ਹੈ। ਜਿਸ ਵਿਚ ਪਹਿਲੀ ਤੋਂ ਅੱਠਵੀਂ ਜਮਾਤ ਤੱਕ ਸਵੇਰੇ 8 ਵਜੇ ਤੋਂ 9 ਵਜੇ ਤੱਕ ਅਤੇ ਨੌਵੀਂ ਕਲਾਸ ਤੋਂ ਬਾਰਵੀਂ ਕਲਾਸ ਤੱਕ ਸਵੇਰੇ 9:15 ਵਜੇ ਤੋਂ 10:15 ਵਜੇ ਤੱਕ ਫ੍ਰੀ ਟ੍ਰੇਨਿੰਗ ਦਿੱਤੀ ਜਾਵੇਗੀ। ਟ੍ਰੇਨਿੰਗ ਲੈਣ ਵਾਲੇ ਬੱਚੇ ਆਪਣੇ ਨਾਲ ਗੱਤਾ, ਪੈਨਸਿਲ, ਪੈਨ ਅਤੇ ਰਬੜ ਆਦਿ ਲੈਕੇ ਆਉਣਗੇ। ਡਰਾਇੰਗ ਸੀਟਾਂ ਟਰੱਸਟ ਵੱਲੋਂ ਦਿੱਤੀਆਂ ਜਾਣਗੀਆਂ। ਟ੍ਰੇਨਿੰਗ ਲਈ ਆਉਣ ਵਾਲੇ ਬੱਚਿਆਂ ਨੂੰ ਛੱਡਣ ਅਤੇ ਵਾਪਸ ਲੈ ਕੇ ਜਾਣ ਦੀ ਜ਼ਿੰਮੇਵਾਰੀ ਬੱਚਿਆਂ ਦੇ ਮਾਪਿਆਂ ਦੀ ਹੋਵੇਗੀ। ਵੱਧ ਤੋਂ ਵੱਧ ਸਕੂਲਾਂ ਦੇ ਬੱਚਿਆਂ ਨੂੰ ਸ਼ਾਮਲ ਹੋਣ ਦੀ ਅਪੀਲ ਕੀਤੀ ਗਈ ਹੈ।

# ਸੂਲ ਸੁਰਾਹੀ ਸਾਹਿਤ ਕੇਂਦਰ ਵੱਲੋਂ ਸਾਹਿਤਕ ਮੀਟਿੰਗ



**ਖਰੜ : (ਹਰਨਾਮ ਸਿੰਘ ਡੱਲਾ)**- ਸ੍ਰੀ ਗੁਰੂ ਰਵਿਦਾਸ ਭਵਨ ਖਰੜ ਵਿਖੇ ਆਯੋਜਿਤ ਕੀਤੀ ਗਈ ਸੂਲ ਸੁਰਾਹੀ ਸਾਹਿਤ ਕੇਂਦਰ ਖਰੜ ਦੀ ਮਾਸਿਕ ਇਕੱਤਰਤਾ ਵਿੱਚ ਕਵਿਤਾ ਵਰਕਸ਼ਾਪ ਨੂੰ ਨਿਭਾਇਆ। ਸ਼ਾਇਰਾ ਅਮਰਜੀਤ ਕੌਰ ਮੋਰਿੰਡਾ ਦੀ ਪ੍ਰਧਾਨਗੀ ਹੇਠ ਹੋਈ ਇਸ ਮੀਟਿੰਗ ਵਿੱਚ ਬਚਿੱਤਰ ਸਿੰਘ, ਹਰਜੀਤ ਕੌਰ, ਡਾਕਟਰ ਸੁਦਾਗਰ ਸਿੰਘ ਪਾਲ, ਹਿੰਤ ਅਭਿਲਾਸ਼ੀ ਹਿੰਤ, ਗੀਤਕਾਰ ਖੁਸ਼ੀ ਰਾਮ ਨਿਮਾਣਾ, ਹਰਨਾਮ ਸਿੰਘ ਡੱਲਾ, ਜੰਗ ਸਿੰਘ, ਗੁਰਮੇਲ ਸਿੰਘ ਧਾਲੀਵਾਲ, ਪ੍ਰਿੰਸੀਪਲ ਹਰਚਰਨ ਸਿੰਘ, ਸ਼ੀਤਲ ਸਿੰਘ ਸਹੋਤਾਂ ਅਤੇ ਸੱਜਣ ਸਿੰਘ ਨੇ ਭਾਗ ਲਿਆ। ਹਾਜ਼ਰ ਸਾਹਿਤਕਾਰਾਂ ਨੇ ਗੀਤ ਸਿਨਫ਼ ਉੱਤੇ ਆਪੋ ਆਪਣੇ ਵਿਚਾਰ ਰੱਖੇ। ਸਾਰਿਆਂ ਦਾ ਮੱਤ ਸੀ ਕਿ ਮਨ ਨੂੰ ਸਕੂਨ, ਮਨੁੱਖੀ ਚੇਤਨਾ ਅਤੇ ਸਮਾਜਿਕ ਸਰੋਕਾਰਾਂ ਵਿਹੂਣਾ ਸਾਹਿਤ ਕਦੇ ਵੀ ਲੋਕ ਮਨਾਂ ਦੀ ਤਰਜਮਾਨੀ ਨਹੀਂ ਕਰ ਸਕਦਾ। ਇਸ ਤੋਂ ਇਲਾਵਾ ਵਿਆਕਰਨ ਦੀਆਂ ਗਲਤੀਆਂ ਵੀ ਸਾਹਿਤ ਦੀ ਸ਼ਾਨ ਦੇ ਖ਼ਿਲਾਫ਼ ਹੀ ਭੁਗਤਦੀਆਂ ਹਨ। ਉਪਰੰਤ ਰਚਨਾਵਾਂ ਦਾ ਦੌਰ ਸ਼ੁਰੂ ਹੋਇਆ। ਜਿਸ ਵਿੱਚ ਸ਼ੀਤਲ ਸਿੰਘ ਸਹੋਤਾਂ, ਹਿੰਤ ਅਭਿਲਾਸ਼ੀ ਹਿੰਤ, ਡਾਕਟਰ ਸੁਦਾਗਰ ਸਿੰਘ ਪਾਲ ਨੇ ਗ਼ਜ਼ਲਾਂ ਪੇਸ਼ ਕੀਤੀਆਂ। ਹਰਨਾਮ ਸਿੰਘ ਡੱਲਾ ਨੇ ਗੀਤ, ਖੁਸ਼ੀ ਰਾਮ ਨਿਮਾਣਾ ਨੇ ਤਰੰਨਮ ਵਿੱਚ ਦੋ ਗੀਤ ਸੁਣਾਏ ਅਤੇ ਸ਼ਾਇਰਾ ਅਮਰਜੀਤ ਕੌਰ ਮੋਰਿੰਡਾ ਨੇ ਇੱਕ ਗ਼ਜ਼ਲ ਅਤੇ ਤਰੰਨਮ ਵਿੱਚ ਗੀਤ ਸੁਣਾ ਕੇ ਮਹਿਫ਼ਲ ਨੂੰ ਸਮੇਟਿਆ।

# ਭਗਤ ਸੈਣ ਜੀ ਦੇ ਵਿਆਹ ਪੁਰਬ ਸੰਬੰਧੀ ਪਿੰਡ ਸੋਹਲ 'ਚ ਮੀਟਿੰਗ



**ਝਬਾਲ, (ਹਰਜਿੰਦਰ ਸਿੰਘ ਸੋਨੀ)**-ਗੁਰਦੁਆਰਾ ਜਨਮ ਅਸਥਾਨ ਬਾਬਾ ਸੈਣ ਭਗਤ ਜੀ ਵਿਖੇ ਭਗਤ ਸੈਣ ਦਾ ਵਿਆਹ ਪੁਰਬ 4 ਜੁਲਾਈ 2025 ਨੂੰ ਮਨਾਇਆ ਜਾ ਰਿਹਾ ਹੈ।ਭਗਤ ਸੈਣ ਜੀ ਦੇ ਵਿਆਹ ਪੁਰਬ ਦੇ ਮੇਲੇ ਸਬੰਧੀ ਮੀਟਿੰਗ ਗੁ: ਸਾਹਿਬ ਦੇ ਮੁੱਖ ਸੇਵਾਦਾਰ ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਕਮੇਟੀ ਪੰਜਾਬ ਪ੍ਰਧਾਨ ਤਰਲੋਚਨ ਸਿੰਘ ਸੋਹਲ ਤੇ ਪਿੰਡ ਗ੍ਰਾਮ ਪੰਚਾਇਤ ਪਿੰਡ ਸੋਹਲ ਸਰਪੰਚ ਰਣਜੋਧ ਸਿੰਘ ਅਤੇ ਗ੍ਰਾਮ ਪੰਚਾਇਤ ਪਿੰਡ ਸੈਣ ਭਗਤ ਸੋਹਲ ਸਰਪੰਚ ਗੁਰਦੇਵ ਸਿੰਘ, ਪੰਚਾਇਤ ਮੈਂਬਰ, ਮੋਹਤਬਰਾਂ ਤੇ ਪਿੰਡ ਦੀ ਸੰਗਤ ਦੀ ਹਾਜ਼ਰੀ ਵਿੱਚ ਹੋਈ। ਵਿਚਾਰ ਵਟਾਂਦਰਾ ਕੀਤਾ ਗਿਆ ਕਿ 2 ਜੁਲਾਈ ਨੂੰ ਸ੍ਰੀ ਅਖੰਡ ਪਾਠ ਸਾਹਿਬ ਦਾ ਪਾਠ ਸ਼ੁਰੂ ਕੀਤਾ ਜਾਵੇਗਾ, 3 ਜੁਲਾਈ ਨੂੰ ਰਾਤ 7 ਵਜੇ ਤੋਂ 10 ਵਜੇ ਤੱਕ ਕਥਾ ਤੇ ਕੀਰਤਨ ਹੋਵੇਗਾ, 4 ਜੁਲਾਈ ਨੂੰ ਸਵੇਰੇ ਅਖੰਡ ਪਾਠ ਸਾਹਿਬ ਦੇ ਭੋਗ ਪੈਣ ਉਪਰੰਤ 10.30 ਤੋਂ 11.15 ਤੱਕ ਕੀਰਤਨ ਹੋਵੇਗਾ ਤੇ ਬਾਅਦ ਵਿੱਚ ਪੰਜਾਬ ਦੇ ਮਸ਼ਹੂਰ ਰਾਗੀ, ਢਾਡੀ, ਕਵੀਸ਼ਰ ਗੁਰਬਾਣੀ ਤੇ ਬਾਬਾ ਸੈਣ ਭਗਤ ਜੀ ਦੇ ਜੀਵਨ ਦੇ ਇਤਿਹਾਸ ਬਾਰੇ ਸੰਗਤ ਨੂੰ ਚਾਨਣਾ ਪਾਉਣਗੇ। ਸ਼ਾਮ ਨੂੰ 5 ਵਜੇ ਕਬੱਡੀ ਦਾ ਸ਼ੋਅ ਮੈਚ ਕਰਵਾਇਆ ਜਾਵੇਗਾ।ਗੁਰੂ ਕਾ ਲੰਗਰ ਅਤੁੱਟ ਵਰਤੇਗਾ।

# ਪੰਜਾਬੀ ਸਾਹਿਤ ਅਕਾਦਮੀ ਲੁਧਿਆਣਾ ਦੇ ਇਤਿਹਾਸ ਦਾ ਖਰੜਾ ਤਿਆਰ

## ਖਰੜਾ ਚਾਰ ਪ੍ਰਮੁੱਖ ਸ਼ਖਸੀਅਤਾਂ ਨੂੰ ਨਜ਼ਰਸਾਨੀ ਲਈ ਭੇਜਣ ਦਾ ਫੈਸਲਾ



**ਲੁਧਿਆਣਾ, (ਰੈਕਟਰ ਕਥੂਰੀਆ) :** ਪੰਜਾਬੀ ਸਾਹਿਤ ਅਕਾਦਮੀ ਲੁਧਿਆਣਾ ਦਾ ਸ਼ਾਨਾਮੱਤਾ ਇਤਿਹਾਸ ਹੈ।ਅਕਾਦਮੀ ਦੀ ਸਥਾਪਨਾ 24 ਅਕਤੂਬਰ 1954 ਨੂੰ ਹੋਈ ਸੀ ਤੇ ਪਿਛਲੇ ਸਾਲ ਇਸ ਅਕਾਦਮੀ ਦੇ ਮਾਣਮੱਤੇ ਇਤਿਹਾਸ ਨੂੰ ਲਿਖਣ ਦੀ ਸੇਵਾ ਡਾ. ਹਰੀ ਸਿੰਘ ਜਾਚਕ ਸਕੱਤਰ ਸਾਹਿਤਕ ਸਰਗਰਮੀਆਂ ਦੀ ਲਗਾਈ ਗਈ ਸੀ।ਉਨ੍ਹਾਂ ਨੇ ਪਿਛਲੇ ਇਕ ਸਾਲ ਤੋਂ ਦਿਨ ਰਾਤ ਇਕ ਕਰ ਕੇ ਇਸ ਦੇ ਇਤਿਹਾਸ ਦਾ ਤਿਆਰ ਕੀਤਾ ਖਰੜਾ, ਅਕਾਦਮੀ ਦੇ ਪ੍ਰਧਾਨ ਡਾ. ਸਰਬਜੀਤ ਸਿੰਘ ਨੂੰ ਪ੍ਰਬੰਧਕੀ ਬੋਰਡ ਦੀ ਮੀਟਿੰਗ ਵਿੱਚ ਪੇਸ਼ ਕੀਤਾ।ਪ੍ਰਬੰਧਕੀ ਬੋਰਡ ਵੱਲੋਂ ਅਕਾਦਮੀ ਦੀਆਂ ਚਾਰ ਪ੍ਰਮੁੱਖ ਸ਼ਖ਼ਸੀਅਤਾਂ ਸ੍. ਸਰਦਾਰਾ ਸਿੰਘ ਜੌਹਲ, ਪ੍ਰੋਫੈਸਰ ਗੁਰਭਜਨ ਸਿੰਘ ਗਿੱਲ, ਡਾ. ਸੁਖਦੇਵ ਸਿੰਘ ਸਿਰਸਾ ਤੇ ਪ੍ਰੋਫੈਸਰ ਰਵਿੰਦਰ ਭੱਠਲ ਨੂੰ ਨਜ਼ਰਸਾਨੀ ਲਈ ਭੇਜਣ ਦਾ ਫੈਸਲਾ ਲਿਆ ਗਿਆ।ਇਸ ਮੌਕੇ ਡਾ. ਸਰਬਜੀਤ ਸਿੰਘ ਪ੍ਰਧਾਨ ਤੇ ਡਾ. ਗੁਲਜ਼ਾਰ ਸਿੰਘ ਪੰਧੇਰ ਨੇ ਅਕਾਦਮੀ ਦੇ ਇਤਿਹਾਸ 'ਤੇ ਚਾਨਣਾ ਪਾਇਆ ਤੇ ਡਾ. ਜਾਚਕ ਦੀ ਇਸ ਉੱਦਮ ਲਈ ਸ਼ਲਾਘਾ ਕੀਤੀ।ਡਾ. ਜਾਚਕ ਨੇ ਤਾੜੀਆਂ ਦੀ ਗੂੰਜ ਵਿੱਚ ਇਸ ਇਤਿਹਾਸ ਨੂੰ ਤਿਆਰ ਕਰਨ ਦੇ ਪਿਛੋਕੜ ਬਾਰੇ ਭਾਵਪੂਰਤ ਕਵਿਤਾ ਸੁਣਾਈ।ਇਸ ਮੌਕੇ ਡਾ. ਗੁਰਚਰਨ ਕੌਰ ਕੋਚਰ, ਡਾ. ਹਰਵਿੰਦਰ ਸਿੰਘ ਸਿਰਸਾ, ਡਾ. ਅਰਵਿੰਦਰ ਕੌਰ ਕਾਕੜਾ, ਜਸਪਾਲ ਮਾਨਖੇੜਾ ਸਾਰੇ ਮੀਤ ਪ੍ਰਧਾਨ, ਡਾ. ਅਨੂਪ ਸਿੰਘ ਸਾਬਕਾ ਜਨਰਲ ਸਕੱਤਰ, ਜਸਵੀਰ ਝੱਜ ਦਫਤਰ ਸਕੱਤਰ ਤੇ ਪ੍ਰੈੱਸ ਸਕੱਤਰ, ਸ੍ਰੀ ਵਰਗਿਸ ਸਲਾਮਤ, ਪ੍ਰੇਮ ਸਾਹਿਲ ਦੇਹਰਾਦੂਨ, ਜਨਮੇਜਾ ਜੌਹਲ, ਕੰਵਰਜੀਤ ਭੱਠਲ, ਡਾ. ਸੰਤੋਖ ਸਿੰਘ ਸੁੱਖੀ, ਦੀਪ ਜਗਦੀਪ ਸਿੰਘ ਤੇ ਸੰਜੀਵਨ ਸਿੰਘ ਮੈਂਬਰ ਸਾਹਿਬਾਨ ਸ਼ਾਮਲ ਹੋਏ।

# ਕਾਮਰੇਡ ਤੱਗੜ , ਕਾਮਰੇਡ ਬਾਸੀ ਤੇ ਬੀਬੀ ਤੱਗੜ ਵੱਲੋਂ ਕਾਮਰੇਡ ਸ਼ੁਗਲੀ ਦੇ ਚਲਾਣੇ 'ਤੇ ਦੁੱਖ ਦਾ ਪ੍ਰਗਟਾਵਾ



**ਜਲੰਧਰ (ਰਾਜੇਸ਼ ਥਾਪਾ)** ਸੀ ਪੀ ਆਈ ( ਐਮ ) ਦੇ ਸੂਬਾ ਕੰਟਰੋਲ ਕਮਿਸ਼ਨ ਦੇ ਚੇਅਰਮੈਨ ਕਾਮਰੇਡ ਲਹਿੰਬਰ ਸਿੰਘ ਤੱਗੜ, ਕਾਮਰੇਡ ਹਰਕਿਸ਼ਨ ਸਿੰਘ ਸੁਰਜੀਤ ਦੇ ਸਪੁੱਤਰ ਕਾਮਰੇਡ ਗੁਰਚੇਤਨ ਸਿੰਘ ਬਾਸੀ ਅਤੇ ਬੀਬੀ ਗੁਰਪਰਮਜੀਤ ਕੌਰ ਤੱਗੜ ਵਲੋਂ ਨਵਾਂ ਜ਼ਮਾਨਾ ਅਖਬਾਰ ਨੂੰ ਚਲਾਉਣ ਵਾਲੀ ਸੰਸਥਾ ਕਾਮਰੇਡ ਅਰਜਨ ਸਿੰਘ ਗੜਗਜ ਫਾਊਂਡੇਸ਼ਨ ਦੇ ਜਨਰਲ ਸਕੱਤਰ ਅਤੇ ਨਵਾਂ ਜ਼ਮਾਨਾ ਦੇ ਪਰਿੰਟਰ ਅਤੇ ਪਬਲਿਸ਼ਰ ਕਾਮਰੇਡ ਗੁਰਮੀਤ ਸਿੰਘ ਸ਼ੁਗਲੀ ਐਡਵੋਕੇਟ ਦੇ ਅਚਾਨਕ ਚਲਾਣੇ 'ਤੇ ਡੂੰਘੇ ਦੁੱਖ , ਹਮਦਰਦੀ ਅਤੇ ਅਫਸੋਸ ਦਾ ਪ੍ਰਗਟਾਵਾ ਕੀਤਾ ਗਿਆ। ਕਾਮਰੇਡ ਤੱਗੜ ਵਲੋਂ ਜਾਰੀ ਪ੍ਰੈਸ ਨੋਟ ਵਿੱਚ ਕਿਹਾ ਗਿਆ ਹੈ ਕਿ ਕਾਮਰੇਡ ਜਗਜੀਤ ਸਿੰਘ ਆਨੰਦ ਦੇ ਸਦੀਵੀ ਵਿਛੋੜੇ ਤੋਂ ਬਾਅਦ ਨਵਾਂ ਜ਼ਮਾਨਾ ਨੂੰ ਚਲਦਾ ਰੱਖਣ ਅਤੇ ਹਰ ਮੁਸ਼ਕਲਾਂ ਚੋਂ ਕੱਢ ਕੇ ਹੋਰ ਅੱਗੇ ਵਧਾਉਣ ਵਿਚ ਕਾਮਰੇਡ ਸ਼ੁਗਲੀ ਨੇ ਅਤਿ ਮਹੱਤਵਪੂਰਨ ਰੋਲ ਅਦਾ ਕੀਤਾ । ਨਵਾਂ ਜ਼ਮਾਨਾ ਦੀ ਜ਼ਿੰਮੇਵਾਰੀ ਸੰਭਾਲਣ ਤੋਂ ਪਹਿਲਾਂ ਉਨ੍ਹਾਂ ਸੀ ਪੀ ਆਈ ਅਤੇ ਇਸ ਨਾਲ ਸੰਬੰਧਤ ਜਨਤਕ ਜਥੇਬੰਦੀਆਂ ਵਿਚ ਸਰਗਰਮੀ ਨਾਲ ਕੰਮ ਕੀਤਾ। ਕਾਮਰੇਡ ਸ਼ੁਗਲੀ ਇੱਕ ਨਾਮਵਰ ਵਕੀਲ ਵੀ ਸਨ ਅਤੇ ਕਾਮਰੇਡ ਅਤੇ ਹੋਰ ਲੋੜਵੰਦ ਮਿਹਨਤਕਸ਼ ਲੋਕਾਂ ਦੇ ਕੇਸ ਬੜੀ ਮਿਹਨਤ ਅਤੇ ਦਿਲਚਸਪੀ ਨਾਲ ਲੜਦੇ ਸਨ। ਸੀ ਪੀ ਆਈ ਦੇ ਵਫ਼ਾਦਾਰ ਸਿਪਾਹੀ ਹੋਣ ਦੇ ਨਾਲ ਨਾਲ ਕਾਮਰੇਡ ਗੁਰਮੀਤ ਸਿੰਘ ਸ਼ੁਗਲੀ ਹੋਰ ਜਮਹੂਰੀਅਤ ਪਸੰਦ ਲੋਕਾਂ ਵਿਚ ਵੀ ਉਹ ਹਰਮਨ ਪਿਆਰੇ ਸਨ। ਕਾਮਰੇਡ ਤੱਗੜ ਨੇ ਯਾਦ ਕੀਤਾ ਕਿ ਉਹ ਪ੍ਰਸਿੱਧ ਕਮਿਊਨਿਸਟ ਆਗੂ ਕਾਮਰੇਡ ਰਤਨ ਸਿੰਘ ਦੌਲੀਕੇ ਦੀ ਯਾਦ ਵਿੱਚ ਇਨਕਲਾਬੀ ਭਾਵਨਾਵਾਂ ਨਾਲ ਭਰਪੂਰ ਅੱਡਾ ਕਠਾਰ ਵਿਖੇ ਯਾਦਗਾਰੀ ਮੇਲਾ ਕਰਵਾਇਆ ਕਰਦੇ ਸਨ। ਉਨ੍ਹਾਂ ਇਸ ਮੌਕੇ ਇਸ ਯਾਦਗਾਰੀ ਟਰਾਫੀ ਦੀ ਫੋਟੋ ਵੀ ਪ੍ਰੈਸ ਲਈ ਜਾਰੀ ਕੀਤੀ। ਅੰਤ ਵਿੱਚ ਕਾਮਰੇਡ ਤੱਗੜ , ਕਾਮਰੇਡ ਗੁਰਚੇਤਨ ਸਿੰਘ ਬਾਸੀ ਅਤੇ ਬੀਬੀ ਗੁਰਪਰਮਜੀਤ ਕੌਰ ਤੱਗੜ ਅਤੇ ਕਾਮਰੇਡ ਗੁਰਚੇਤਨ ਸਿੰਘ ਬਾਸੀ ਨੇ ਕਾਮਰੇਡ ਸ਼ੁਗਲੀ ਦੇ ਪਰਵਾਰ ਨਾਲ ਦੁੱਖ, ਹਮਦਰਦੀ ਅਤੇ ਅਫਸੋਸ ਦਾ ਪ੍ਰਗਟਾਵਾ ਕੀਤਾ ਹੈ।


## COURT NOTICE

(U/o 5 Rule 20 CPC)
In the Court of Ms. Ranjeet Kaur
Additional Principal Judge Family Court, Garhshankar
INDIG/2/2022
CNR No. PBHOF3-000078-2022
Next Date:- 18-07-2025

Asha Rani W/o Kulwinder Singh Alias Kulwinder Kumar S/o Darshan Lal Son of Karam Chand R/o Village Ghumiala, Tehsil Garhshankar at Present R/o Village R/o H.No. 132, Main Road, Preet Vihar Colony Basti Jodhewal Ludhiana

Vs.

Kulwinder Singh alias Kulwinder Kumar S/o Darshan Lal S/o Karam Chand R/o Village Ghumiala, Teh. Garhshankar Distt. Hoshiarpur.

Application Under Order 33 Rule 1 CPC
Publication Issued To:
Kulwinder Singh alias Kulwinder Kumar S/o Darshan Lal S/o Karam Chand, R/o Village Ghumiala, Teh. Garhshankar Distt. Hoshiarpur

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 18-07-2025 at 10:00 a.m.

For details logon to https://highcourtchd.gov.in/?mod=district_notice & district Hoshiarpur

Additional Principal Judge Family Court, Garhshankar
Dated, this day of 06-06-2025


# 68 ਕਰੋੜ ਰੁਪਏ ਦੀ ਕਰਜ਼ਾ ਮੁਆਫੀ ਲਈ ਰਮਨ ਬਹਿਲ ਵੱਲੋਂ 'ਆਪ' ਲੀਡਰਸ਼ਿਪ ਦਾ ਧੰਨਵਾਦ



**ਗੁਰਦਾਸਪੁਰ, (ਜਨਕ ਮਹਾਜਨ)**-ਬੀਤੇ ਦਿਨੀਂ ਪੰਜਾਬ ਕੈਬਨਿਟ ਵੱਲੋਂ 4,727 ਗਰੀਬ ਅਨੁਸੂਚਿਤ ਜਾਤੀ ਪਰਿਵਾਰਾਂ ਦਾ 31 ਮਾਰਚ 2020 ਤੱਕ ਦਾ ਪੰਜਾਬ ਅਨੁਸੂਚਿਤ ਜਾਤੀਆਂ ਭੌਂ ਵਿਕਾਸ ਅਤੇ ਵਿੱਤ ਨਿਗਮ ਵੱਲ ਬਕਾਇਆ 68 ਕਰੋੜ ਰੁਪਏ ਦੇ ਕਰਜ਼ੇ ਨੂੰ ਮੁਆਫ ਕਰਨ ਦੇ ਇਤਿਹਾਸਕ ਫੈਸਲੇ ਲਈ ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਰਮਨ ਬਹਿਲ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ 'ਆਪ' ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਦਾ ਤਹਿ ਦਿਲੋਂ ਧੰਨਵਾਦ ਕੀਤਾ ਹੈ। ਉਨ੍ਹਾਂ ਕਿਹਾ ਕਿ ਇਹ ਫੈਸਲਾਕੁੰਨ ਕਾਰਵਾਈ ਨਾਲ ਉਨ੍ਹਾਂ ਹਜ਼ਾਰਾਂ ਪਰਿਵਾਰਾਂ ਨੂੰ ਰਾਹਤ ਮਿਲੇਗੀ ਜੋ 2 ਦਹਾਕਿਆਂ ਤੋਂ ਇਸ ਵਿੱਤੀ ਬੋਝ ਨਾਲ ਜੂਝ ਰਹੇ ਸਨ। ਚੇਅਰਮੈਨ ਰਮਨ ਬਹਿਲ ਨੇ ਦੱਸਿਆ ਕਿ ਮੁਆਫ ਕੀਤੀ ਗਈ ਕੁੱਲ 68 ਕਰੋੜ ਰੁਪਏ ਦੀ ਰਕਮ ਵਿੱਚ ਲਗਭਗ 30 ਕਰੋੜ ਰੁਪਏ ਮੂਲ, 22 ਕਰੋੜ ਰੁਪਏ ਵਿਆਜ ਅਤੇ 15 ਕਰੋੜ ਰੁਪਏ ਜੁਰਮਾਨਾ ਵਿਆਜ ਸ਼ਾਮਲ ਹੈ। ਉਨ੍ਹਾਂ ਕਿਹਾ ਕਿ ਇਹ ਕਰਜ਼ੇ ਪਿਛਲੇ ਦੋ ਦਹਾਕਿਆਂ ਤੋਂ ਬਕਾਇਆ ਹਨ, ਜਿਸ ਦੌਰਾਨ ਪ੍ਰਭਾਵਿਤ ਵਿਅਕਤੀਆਂ ਨੇ ਵਾਰ-ਵਾਰ ਕਾਂਗਰਸ ਅਤੇ ਅਕਾਲੀ-ਭਾਜਪਾ ਸਰਕਾਰਾਂ ਤੱਕ ਪਹੁੰਚ ਕੀਤੀ, ਪਰ ਉਨ੍ਹਾਂ ਦੇ ਕੰਨੀ ਜੂੰ ਤੱਕ ਨਹੀਂ ਸਰਕੀ। ਚੇਅਰਮੈਨ ਰਮਨ ਬਹਿਲ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸਰਗਰਮ ਪਹੁੰਚ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਕਰਜ਼ੇ ਦੇ ਬੋਝ ਥੱਲੇ ਦੱਬੇ ਪਰਿਵਾਰਾਂ ਦੁਆਰਾ ਬੇਨਤੀ ਕੀਤੇ ਜਾਣ 'ਤੇ ਮੁੱਖ ਮੰਤਰੀ ਨੇ ਨਿੱਜੀ ਤੌਰ 'ਤੇ ਵਿੱਤ ਮੰਤਰੀ ਨੂੰ ਬਜਟ ਤਿਆਰ ਕਰਦੇ ਸਮੇਂ ਕਰਜ਼ਾ ਮੁਆਫੀ ਲਈ ਪ੍ਰਬੰਧ ਕਰਨ ਦੇ ਨਿਰਦੇਸ਼ ਦਿੱਤੇ ਸਨ। ਉਨ੍ਹਾਂ ਕਿਹਾ ਕਿ ਇਹ ਫੈਸਲਾ 'ਆਪ' ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦਾ ਸਮਾਜਿਕ ਨਿਆਂ ਅਤੇ ਸਮਾਜ ਦੇ ਸਭ ਤੋਂ ਕਮਜ਼ੋਰ ਵਰਗਾਂ ਦੀ ਭਲਾਈ ਪ੍ਰਤੀ ਵਚਨਬੱਧਤਾ ਦਾ ਪ੍ਰਮਾਣ ਹੈ।

# ਹੈਰੋਇਨ ਸਮੇਤ ਇੱਕ ਨਸ਼ਾ ਤਸਕਰ ਗ੍ਰਿਫ਼ਤਾਰ



**ਟਾਂਡਾ ਉੜਮੁੜ, ( ਜਸਵਿੰਦਰ ਸੰਧੂ ਓਂਕਾਰ ਸਿੰਘ)**-ਯੁੱਧ ਨਸ਼ਿਆਂ ਵਿਰੁੱਧ ਤਹਿਤ ਟਾਂਡਾ ਪੁਲਸ ਨੂੰ ਉਸ ਸਮੇਂ ਵੱਡੀ ਸਫਲਤਾ ਮਿਲੀ ਜਦੋਂ ਐਨ.ਡੀ.ਪੀ.ਐਸ ਦੇ ਮਾਮਲੇ ਵਿੱਚ ਨਾਮਜ਼ਦ ਇਕ ਨਸ਼ਾ ਤਸਕਰ ਨੂੰ ਗ੍ਰਿਫਤਾਰ ਕੀਤਾ।ਇਸ ਸਬੰਧੀ ਡੀ.ਐਸ.ਪੀ ਟਾਂਡਾ ਦਵਿੰਦਰ ਸਿੰਘ ਬਾਜਵਾ ਤੇ ਥਾਣਾ ਮੁਖੀ ਟਾਂਡਾ ਇੰਸਪੈਕਟਰ ਗੁਰਿੰਦਰਜੀਤ ਸਿੰਘ ਨਾਗਰਾ ਨੇ ਦੱਸਿਆ ਕਿ ਜ਼ਿਲ੍ਹਾ ਪੁਲਸ ਮੁਖੀ ਸੰਦੀਪ ਕੁਮਾਰ ਮਲਿਕ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਐਸ ਪੀ ਇਨਵੈਸਟੀਗੇਸ਼ਨ ਮੁਕੇਸ਼ ਕੁਮਾਰ ਦੀ ਯੋਗ ਅਗਵਾਈ ਵਿੱਚ ਟਾਂਡਾ ਪੁਲਸ ਦੇ ਏ.ਐਸ.ਆਈ ਚੌਂਕੀ ਇੰਚਾਰਜ ਅੱਡਾ ਸਰਾਂ ਵੱਲੋਂ ਮੁਕੱਦਮਾ ਨੰਬਰ 140 ਤਹਿਤ 260 ਗ੍ਰਾਮ ਹੈਰੋਇਨ ਸਮੇਤ ਗ੍ਰਿਫਤਾਰ ਕੀਤੇ ਗਏ ਬੌਬੀ ਪੁੱਤਰ ਵਿਜੇ ਕੁਮਾਰ ਵਾਸੀ ਚੰਡੀਗੜ੍ਹ ਕਲੋਨੀ ਵੱਲੋਂ ਪੁੱਛਗਿੱਛ ਦੌਰਾਨ ਉਸੇ ਦੇ ਹੀ ਨਿਸ਼ਾਨਦੇਹੀ ਤੇ ਟਾਂਡਾ ਪੁਲਸ ਨੇ ਨਾਮਜ਼ਦ ਦੋਸ਼ੀ ਅਮਿਤ ਉਰਫ ਹੀਰਾ ਪੁੱਤਰ ਕਰਨੈਲ ਚੰਦ ਵਾਸੀ ਵਾਰਡ ਨੰਬਰ 8 ਨੇੜੇ ਬਿਜਲੀ ਘਰ ਟਾਂਡਾ ਨੂੰ 16 ਗ੍ਰਾਮ ਹੈਰੋਇਨ ਸਮੇਤ ਗ੍ਰਿਫਤਾਰ ਕੀਤਾ ਹੈ।ਡੀ.ਐਸ.ਪੀ ਟਾਂਡਾ ਦਵਿੰਦਰ ਸਿੰਘ ਬਾਜਵਾ ਨੇ ਦੱਸਿਆ ਕਿ ਪੁਲਸ ਦੀ ਗ੍ਰਿਫਤ ਵਿੱਚ ਆਇਆ ਦੋਸ਼ੀ ਹੀਰਾ ਪਹਿਲਾਂ ਤੋਂ ਹੀ ਨਸ਼ਿਆਂ ਦੇ ਮਾਮਲੇ ਵਿੱਚ ਹਿਸਟਰੀ ਸ਼ੀਟਰ ਮੁਲਜ਼ਮ ਹੈ ਅਤੇ ਪੁੱਛਗਿੱਛ ਦੌਰਾਨ ਉਸ ਪਾਸੋਂ ਹੋਰ ਵੀ ਨਸ਼ਾ ਤਸਕਰਾਂ ਦੇ ਨਾਂਅ ਸਾਹਮਣੇ ਆਉਣ ਦੀ ਉਮੀਦ ਹੈ। ਟਾਂਡਾ ਪੁਲਸ ਨੇ ਅਮਿਤ ਨੂੰ ਗ੍ਰਿਫਤਾਰ ਕਰਦੇ ਹੋਏ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ।

# ਛੀਨਾ ਨੇ ਖਾਲਸਾ ਕਾਲਜ ਕੈਂਪਸ 'ਚ ਪੌਦੇ ਲਗਾਏ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**-ਸਾਡੇ ਭਵਿੱਖ ਦੀ ਸੁਰੱਖਿਆਂ ਵਾਤਾਵਰਣ ਦੀ ਸਾਂਭ-ਸੰਭਾਲ 'ਤੇ ਨਿਰਭਰ ਕਰਦੀ ਹੈ। ਇਸ ਪ੍ਰਤੀ ਹਰੇਕ ਮਨੁੱਖ ਨੂੰ ਆਪਣੀ ਜ਼ਿੰਮੇਵਾਰੀ ਸਮਝਦਿਆਂ ਇਸਦੀ ਸਾਂਭ-ਸੰਭਾਲ ਲਈ ਹਮੇਸ਼ਾ ਤੱਤਪਰ ਰਹਿਣਾ ਚਾਹੀਦਾ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਖ਼ਾਲਸਾ ਕਾਲਜ ਗਵਰਨਿੰਗ ਕੌਂਸਲ ਦੇ ਆਨਰੇਰੀ ਸਕੱਤਰ ਸ: ਰਜਿੰਦਰ ਮੋਹਨ ਸਿੰਘ ਛੀਨਾ ਨੇ ਖਾਲਸਾ ਕਾਲਜ ਵਿਖੇ ਮੁੱਖ ਮਹਿਮਾਨ ਵਜੋਂ ਪੁੱਜੇ ਸ਼ਿਰਕਤ ਕਰਦਿਆਂ ਪੌਦਾ ਲਗਾਉਣ ਸਮੇਂ ਕੀਤਾ। ਪ੍ਰਿੰ. ਡਾ. ਰੰਧਾਵਾ ਨੇ ਕਿਹਾ ਕਿ ਕਾਲਜ ਵਾਤਾਵਰਣ ਦੀ ਸੁਰੱਖਿਆ ਲਈ ਵਚਨਬੱਧ ਹੈ ਅਤੇ ਵਿਦਿਆਰਥੀਆਂ 'ਚ ਵਾਤਾਵਰਣ ਪ੍ਰਤੀ ਜ਼ਿੰਮੇਵਾਰੀ ਦੇ ਭਾਵਾਂ ਨੂੰ ਉਜਾਗਰ ਕਰਨ ਲਈ ਯੋਗ ਉਪਰਾਲੇ ਕਰਦਾ ਰਹੇਗਾ। ਉਨ੍ਹਾਂ ਕਿਹਾ ਕਿ ਅਜਿਹੇ ਸਮਾਗਮਾਂ ਦੁਆਰਾ ਕਾਲਜ ਦੇ ਨੌਜਵਾਨ ਵਿਦਿਆਰਥੀਆਂ 'ਚ ਵਾਤਾਵਰਣ ਪ੍ਰਤੀ ਆਪਣੀ ਜ਼ਿੰਮੇਵਾਰੀ ਦੇ ਭਾਵਾਂ ਨੂੰ ਉਜਾਗਰ ਕਰਨ ਲਈ ਹਮੇਸ਼ਾ ਮੋਹਰੀ ਬਣਿਆ ਰਹੇਗਾ। ਇਸ ਮੌਕੇ ਡੀਨ ਅਕਾਦਮਿਕ ਮਾਮਲੇ ਡਾ. ਤਮਿੰਦਰ ਸਿੰਘ ਭਾਟੀਆ, ਰਜਿਸਟਰਾਰ ਡਾ. ਦਵਿੰਦਰ ਸਿੰਘ, ਐੱਨ. ਐੱਸ. ਯੂਨਿਟ ਦੇ ਕੋਆਰਡੀਨੇਟਰ ਪ੍ਰੋ. ਰਣਦੀਪ ਸਿੰਘ, ਐੱਨ. ਐੱਸ. ਐੱਸ. ਵਲੰਟੀਅਰਜ਼, ਫੈਕਲਟੀ ਮੈਂਬਰ ਅਤੇ ਵਿਦਿਆਰਥੀਆਂ ਮੌਜੂਦ ਸਨ।

# ਜ਼ਿਲ੍ਹੇ ਅੰਦਰ ਯੂਰੀਆ ਖਾਦ ਦਾ ਸਟਾਕ ਮੌਜੂਦ : ਮੁੱਖ ਖੇਤੀਬਾੜੀ ਅਫ਼ਸਰ

**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**-ਝੋਨੇ ਦੀ ਲਵਾਈ ਦਾ ਕੰਮ ਹੌਲੀ ਹੌਲੀ ਰਫ਼ਤਾਰ ਫੜ ਰਿਹਾ ਹੈ, ਕਿਸਾਨਾਂ ਵੱਲੋਂ ਮੁੱਖ ਤੌਰ 'ਤੇ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਦੁਆਰਾ ਸਿਫਾਰਸ਼ਸ਼ੁਦਾ ਕਿਸਮਾਂ ਦੀ ਲਵਾਈ ਕੀਤੀ ਜਾ ਰਹੀ ਹੈ।ਲਵਾਈ ਤੋਂ ਇੱਕ ਹਫ਼ਤੇ ਬਾਅਦ ਝੋਨੇ ਦੀ ਫ਼ਸਲ ਨੂੰ ਯੂਰੀਆ ਖਾਦ ਦੀ ਪਹਿਲੀ ਕਿਸ਼ਤ ਪਾਉਣ ਦੀ ਸਿਫਾਰਸ਼ ਕੀਤੀ ਜਾਂਦੀ ਹੈ।ਇਸ ਬਾਰੇ ਜਾਣਕਾਰੀ ਦਿੰਦਿਆਂ ਮੁੱਖ ਖੇਤੀਬਾੜੀ ਅਫ਼ਸਰ ਡਾ. ਅਮਰੀਕ ਸਿੰਘ ਨੇ ਦੱਸਿਆ ਕਿ ਜ਼ਿਲਾ ਗੁਰਦਾਸਪੁਰ ਵਿਚ ਤਕਰੀਬਨ ਇਕ ਲੱਖ ਬੱਤੀ ਹਜ਼ਾਰ ਹੈਕਟੇਅਰ ਰਕਬੇ ਵਿੱਚ ਝੋਨੇ ਅਤੇ ਚਾਲੀ ਹਜ਼ਾਰ ਹੈਕਟੇਅਰ ਰਕਬੇ ਵਿੱਚ ਬਾਸਮਤੀ ਦੀ ਕਾਸ਼ਤ ਕੀਤੀ ਜਾਣੀ ਹੈ ਜਿਸ ਲਈ ਸਤੰਬਰ 2025 ਤਕ ਕੁੱਲ 93 ਹਜ਼ਾਰ ਮੀਟ੍ਰਿਕ ਟਨ ਯੂਰੀਆ ਖਾਦ ਦੀ ਜ਼ਰੂਰਤ ਹੈ ਅਤੇ 31 ਮਈ ਤੱਕ 48042 ਮੀਟ੍ਰਿਕ ਟਨ ਸਹਿਕਾਰੀ ਸਭਾਵਾਂ ਅਤੇ ਨਿੱਜੀ ਅਦਾਰਿਆਂ ਕੋਲ ਯੂਰੀਆ ਖਾਦ ਪਹੁੰਚ ਚੁੱਕੀ ਹੈ।ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਕਾਹਲੀ ਨਹੀਂ ਕਰਨੀ ਚਾਹੀਦੀ । ਉਨ੍ਹਾਂ ਕਿਹਾ ਕਿ ਝੋਨੇ ਦੀਆਂ ਆਮ ਕਿਸਮਾਂ ਨੂੰ 90 ਕਿਲੋ ਪ੍ਰਤੀ ਏਕੜ ਯੂਰੀਆ ਖਾਦ ਤਿੰਨ ਬਰਾਬਰ ਕਿਸ਼ਤਾਂ, ਲਵਾਈ ਤੋਂ 7ਵੇਂ, 21ਵੇਂ ਅਤੇ 42 ਵੇਂ ਦਿਨਾਂ ਦੇ ਵਕਫੇ 'ਤੇ ਜਦਕਿ ਪੀਆਰ 126 ਕਿਸਮ ਨੂੰ 7ਵੇਂ, 21ਵੇਂ ਅਤੇ 35 ਵੇਂ ਦਿਨਾਂ ਦੇ ਵਕਫੇ 'ਤੇ ਪਾਉਣ ਦੀ ਸਿਫਾਰਸ਼ ਕੀਤੀ ਜਾਂਦੀ ਹੈ ।


## ਜਨਮ ਦਿਨ ਮੁਬਾਰਕ



ਦਨਵੀਰ ਭਾਟੀਆ
ਸੈਕਰਾਮੈਂਟੋ ਅਮਰੀਕਾ



## ਟਰੂਕੈਪ ਫਾਇਨਾਂਸ ਲਿਮਟਿਡ

ਰਜਿਸਟਰਡ ਦਫਤਰ : ਰਜਿਸਟਰਡ ਦਫਤਰ, ਚੌਥੀ ਮੰਜ਼ਲ, ਏ-ਵਿੰਗ, ਡੀ.ਜੇ. ਹਾਊਸ, ਪੁਰਾਣੀ ਨਗਾਰਦਾਸ ਰੋਡ, ਅੰਧੇਰੀ (ਪੂਰਬ), ਮੁੰਬਈ-400069, ਮਹਾਰਾਸ਼ਟਰ
ਜੀ ਐੱਸ ਟੀ ਨੰਬਰ : 27AAACD9887D1ZC
ਕਾਰਪੋਰੇਟ ਪਛਾਣ ਨੰਬਰ : L64920MH1994PLC334457

### ਜਨਤਕ ਨੋਟਿਸ

ਆਮ ਜਨਤਾ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਰਹਿਣ ਕੀਤੇ ਸੋਨੇ ਦੇ ਗਹਿਣਿਆਂ ਦੀ ਨਿਲਾਮੀ ਟਰੂਕੈਪ ਫਾਇਨਾਂਸ ਲਿਮਟਿਡ ਵੱਲੋਂ 26 ਜੂਨ 2025 ਨੂੰ ਅਬੋਹਰ ਵਿਖੇ ਸਵੇਰੇ 11.00 ਵਜੇ ਕੀਤੀ ਜਾਵੇਗੀ।
ਬਰਾਂਚ ਦਾ ਪਤਾ : ਟਰੂਕੈਪ ਫਾਇਨਾਂਸ ਲਿਮਟਿਡ, ਪਹਿਲੀ ਮੰਜ਼ਲ, ਮੇਵਾ ਮਾਰਕੀਟ ਕੰਪਲੈਕਸ ਸਰਕੂਲਰ ਰੋਡ ਗਲੀ ਨੰ. 3, ਅਬੋਹਰ, ਪੰਜਾਬ-152116
ਨਿਲਾਮੀ ਕੀਤੇ ਜਾ ਰਹੇ ਸੋਨੇ ਦੇ ਗਹਿਣੇ ਸਾਡੇ ਬਹੁਤ ਸਾਰੇ ਗਾਹਕਾਂ ਦੇ ਕਰਜ਼ਾ ਖਾਤਿਆਂ ਨਾਲ ਸੰਬੰਧਤ ਹਨ, ਜੋ ਆਪਣੇ ਬਕਾਏ ਅਦਾ ਕਰਨ 'ਚ ਅਸਫਲ ਰਹੇ ਹਨ। ਸਾਡੇ ਨਿਲਾਮੀ ਦੇ ਨੋਟਿਸ ਬਕਾਇਦਾ ਇਨ੍ਹਾਂ ਕਰਜ਼ਦਾਰਾਂ ਨੂੰ ਜਾਰੀ ਕੀਤੇ ਜਾ ਚੁੱਕੇ ਹਨ।
ਨਿਲਾਮੀ ਕੀਤੇ ਜਾ ਰਹੇ ਸੋਨੇ ਦੇ ਗਹਿਣੇ ਸਾਡੇ ਬਹੁਤ ਸਾਰੇ ਗਾਹਕਾਂ ਦੇ ਬਕਾਇਆ ਕਰਜ਼ਾ ਖਾਤਿਆਂ ਨਾਲ ਸੰਬੰਧਤ ਹਨ, ਜਿਨ੍ਹਾਂ ਦਾ ਵੇਰਵਾ ਸਮੇਤ ਬਰਾਂਚ ਦੇ ਨਾਂਅ ਨਾਲ ਹੇਠਾਂ ਦਰਸਾਇਆ ਗਿਆ ਹੈ।
ਅਬੋਹਰ ਬਰਾਂਚ : GL0000000330683 , GL0000000263355 , GL0000000270948 , GL0000000332430 , GL0000000334187 , GL0000000293150 , GL0000000300898 , GL0000000330677 , GL0000000333015.
ਬਠਿੰਡਾ ਬਰਾਂਚ : GL0000000331981 , GL0000000330886.
ਹੋਰ ਵੇਰਵਿਆਂ ਲਈ ਕ੍ਰਿਪਾ ਕਰਕੇ ਟਰੂਕੈਪ ਫਾਇਨਾਂਸ ਲਿਮਟਿਡ ਨਾਲ ਸੰਪਰਕ ਕੀਤਾ ਜਾਵੇ।
**ਸੰਪਰਕ ਵਿਅਕਤੀ : ਸਤੀਸ਼ ਕੁਮਾਰ**
**ਸੰਪਰਕ ਨੰਬਰ : 9560735444**
ਟਰੂਕੈਪ ਫਾਇਨਾਂਸ ਲਿਮਟਿਡ ਨੂੰ ਬਿਨਾਂ ਕਿਸੇ ਅਗਾਊਂ ਨੋਟਿਸ ਨਿਲਾਮੀ ਕੀਤੇ ਜਾ ਰਹੇ ਖਾਤਿਆਂ ਦੇ ਨੰਬਰ ਤਬਦੀਲ ਕਰਨ ਅਤੇ ਨਿਲਾਮੀ ਮੁਲਤਵੀ/ਰੱਦ ਕਰਨ ਦਾ ਅਧਿਕਾਰ ਹੈ।
ਟਰੂਕੈਪ ਫਾਇਨਾਂਸ ਲਿਮਟਿਡ



## ਟਰੂਕੈਪ ਫਾਇਨਾਂਸ ਲਿਮਟਿਡ

ਰਜਿਸਟਰਡ ਦਫਤਰ : ਰਜਿਸਟਰਡ ਦਫਤਰ, ਚੌਥੀ ਮੰਜ਼ਲ, ਏ-ਵਿੰਗ, ਡੀ.ਜੇ. ਹਾਊਸ, ਪੁਰਾਣੀ ਨਗਾਰਦਾਸ ਰੋਡ, ਅੰਧੇਰੀ (ਪੂਰਬ), ਮੁੰਬਈ-400069, ਮਹਾਰਾਸ਼ਟਰ
ਜੀ ਐੱਸ ਟੀ ਨੰਬਰ : 27AAACD9887D1ZC
ਕਾਰਪੋਰੇਟ ਪਛਾਣ ਨੰਬਰ : L64920MH1994PLC334457

### ਜਨਤਕ ਨੋਟਿਸ

ਆਮ ਜਨਤਾ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਰਹਿਣ ਕੀਤੇ ਸੋਨੇ ਦੇ ਗਹਿਣਿਆਂ ਦੀ ਨਿਲਾਮੀ ਟਰੂਕੈਪ ਫਾਇਨਾਂਸ ਲਿਮਟਿਡ ਵੱਲੋਂ 26 ਜੂਨ 2025 ਨੂੰ ਲੁਧਿਆਣਾ ਵਿਖੇ ਸਵੇਰੇ 11.00 ਵਜੇ ਕੀਤੀ ਜਾਵੇਗੀ।
ਬਰਾਂਚ ਦਾ ਪਤਾ : ਟਰੂਕੈਪ ਫਾਇਨਾਂਸ ਲਿਮਟਿਡ, ਆਰ ਕੇ ਟਾਵਰ, ਹੈਬੋਵਾਲ ਰੋਡ, ਬੀ-1461/1, ਰਾਮ ਸ਼ਰਨਮ ਚੌਕ, ਹੰਬੜਾਂ ਰੋਡ, ਲੁਧਿਆਣਾ, ਪੰਜਾਬ-141001
ਨਿਲਾਮੀ ਕੀਤੇ ਜਾ ਰਹੇ ਸੋਨੇ ਦੇ ਗਹਿਣੇ ਸਾਡੇ ਬਹੁਤ ਸਾਰੇ ਗਾਹਕਾਂ ਦੇ ਕਰਜ਼ਾ ਖਾਤਿਆਂ ਨਾਲ ਸੰਬੰਧਤ ਹਨ, ਜੋ ਆਪਣੇ ਬਕਾਏ ਅਦਾ ਕਰਨ 'ਚ ਅਸਫਲ ਰਹੇ ਹਨ। ਸਾਡੇ ਨਿਲਾਮੀ ਦੇ ਨੋਟਿਸ ਬਕਾਇਦਾ ਇਨ੍ਹਾਂ ਕਰਜ਼ਦਾਰਾਂ ਨੂੰ ਜਾਰੀ ਕੀਤੇ ਜਾ ਚੁੱਕੇ ਹਨ।
ਨਿਲਾਮੀ ਕੀਤੇ ਜਾ ਰਹੇ ਸੋਨੇ ਦੇ ਗਹਿਣੇ ਸਾਡੇ ਬਹੁਤ ਸਾਰੇ ਗਾਹਕਾਂ ਦੇ ਬਕਾਇਆ ਕਰਜ਼ਾ ਖਾਤਿਆਂ ਨਾਲ ਸੰਬੰਧਤ ਹਨ, ਜਿਨ੍ਹਾਂ ਦਾ ਵੇਰਵਾ ਸਮੇਤ ਬਰਾਂਚ ਦੇ ਨਾਂਅ ਨਾਲ ਹੇਠਾਂ ਦਰਸਾਇਆ ਗਿਆ ਹੈ।
ਜਲੰਧਰ ਬਰਾਂਚ : GL0000000305223 , GL0000000319807 , GL0000000249973 , GL0000000257505 , GL0000000301219 , GL0000000330807 , GL0000000334336 , GL0000000227715.
ਲੁਧਿਆਣਾ ਬਰਾਂਚ : GL0000000295776 , GL0000000240126 , GL0000000216499 , GL0000000217630 , GL0000000226394 , GL0000000225763.
ਸਰਹਿੰਦ ਬਰਾਂਚ : GL0000000186695 , GL0000000212412 , GL0000000324869 , GL0000000184513 , GL0000000184509 , GL0000000200711 , GL0000000196461 , GL0000000214791 , GL0000000192716 , GL0000000206677 , GL0000000207257 , GL0000000235236 , GL0000000260684 , GL0000000260973 , GL0000000259912 , GL0000000274786 , GL0000000292107 , GL0000000311039 , GL0000000322440 , GL0000000330395 , GL0000000331983 , GL0000000331841 , GL0000000334841 , GL0000000333870 , GL0000000335687 , GL0000000215359 , GL0000000217290 , GL0000000215375 , GL0000000216318 , GL0000000212568 , GL0000000221489 , GL0000000221624.
ਹੋਰ ਵੇਰਵਿਆਂ ਲਈ ਕ੍ਰਿਪਾ ਕਰਕੇ ਟਰੂਕੈਪ ਫਾਇਨਾਂਸ ਲਿਮਟਿਡ ਨਾਲ ਸੰਪਰਕ ਕੀਤਾ ਜਾਵੇ।
**ਸੰਪਰਕ ਵਿਅਕਤੀ : ਸਤੀਸ਼ ਕੁਮਾਰ**
**ਸੰਪਰਕ ਨੰਬਰ : 9560735444**
ਟਰੂਕੈਪ ਫਾਇਨਾਂਸ ਲਿਮਟਿਡ ਨੂੰ ਬਿਨਾਂ ਕਿਸੇ ਅਗਾਊਂ ਨੋਟਿਸ ਨਿਲਾਮੀ ਕੀਤੇ ਜਾ ਰਹੇ ਖਾਤਿਆਂ ਦੇ ਨੰਬਰ ਤਬਦੀਲ ਕਰਨ ਅਤੇ ਨਿਲਾਮੀ ਮੁਲਤਵੀ/ਰੱਦ ਕਰਨ ਦਾ ਅਧਿਕਾਰ ਹੈ।
ਟਰੂਕੈਪ ਫਾਇਨਾਂਸ ਲਿਮਟਿਡ



## ਟਰੂਕੈਪ ਫਾਇਨਾਂਸ ਲਿਮਟਿਡ

ਰਜਿਸਟਰਡ ਦਫਤਰ : ਰਜਿਸਟਰਡ ਦਫਤਰ, ਚੌਥੀ ਮੰਜ਼ਲ, ਏ-ਵਿੰਗ, ਡੀ.ਜੇ. ਹਾਊਸ, ਪੁਰਾਣੀ ਨਗਾਰਦਾਸ ਰੋਡ, ਅੰਧੇਰੀ (ਪੂਰਬ), ਮੁੰਬਈ-400069, ਮਹਾਰਾਸ਼ਟਰ
ਜੀ ਐੱਸ ਟੀ ਨੰਬਰ : 27AAACD9887D1ZC
ਕਾਰਪੋਰੇਟ ਪਛਾਣ ਨੰਬਰ : L64920MH1994PLC334457

### ਜਨਤਕ ਨੋਟਿਸ

ਆਮ ਜਨਤਾ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਰਹਿਣ ਕੀਤੇ ਸੋਨੇ ਦੇ ਗਹਿਣਿਆਂ ਦੀ ਨਿਲਾਮੀ ਟਰੂਕੈਪ ਫਾਇਨਾਂਸ ਲਿਮਟਿਡ ਵੱਲੋਂ 26 ਜੂਨ 2025 ਨੂੰ ਪਠਾਨਕੋਟ ਵਿਖੇ ਸਵੇਰੇ 11.00 ਵਜੇ ਕੀਤੀ ਜਾਵੇਗੀ।
ਬਰਾਂਚ ਦਾ ਪਤਾ : ਟਰੂਕੈਪ ਫਾਇਨਾਂਸ ਲਿਮਟਿਡ, ਸਟੇਟ ਬੈਂਕ ਆਫ ਇੰਡੀਆ ਦੇ ਉੱਪਰ, ਸੈਲਾਈ ਰੋਡ, ਪਠਾਨਕੋਟ, ਪੰਜਾਬ-145001
ਨਿਲਾਮੀ ਕੀਤੇ ਜਾ ਰਹੇ ਸੋਨੇ ਦੇ ਗਹਿਣੇ ਸਾਡੇ ਬਹੁਤ ਸਾਰੇ ਗਾਹਕਾਂ ਦੇ ਕਰਜ਼ਾ ਖਾਤਿਆਂ ਨਾਲ ਸੰਬੰਧਤ ਹਨ, ਜੋ ਆਪਣੇ ਬਕਾਏ ਅਦਾ ਕਰਨ 'ਚ ਅਸਫਲ ਰਹੇ ਹਨ। ਸਾਡੇ ਨਿਲਾਮੀ ਦੇ ਨੋਟਿਸ ਬਕਾਇਦਾ ਇਨ੍ਹਾਂ ਕਰਜ਼ਦਾਰਾਂ ਨੂੰ ਜਾਰੀ ਕੀਤੇ ਜਾ ਚੁੱਕੇ ਹਨ।
ਨਿਲਾਮੀ ਕੀਤੇ ਜਾ ਰਹੇ ਸੋਨੇ ਦੇ ਗਹਿਣੇ ਸਾਡੇ ਬਹੁਤ ਸਾਰੇ ਗਾਹਕਾਂ ਦੇ ਬਕਾਇਆ ਕਰਜ਼ਾ ਖਾਤਿਆਂ ਨਾਲ ਸੰਬੰਧਤ ਹਨ, ਜਿਨ੍ਹਾਂ ਦਾ ਵੇਰਵਾ ਸਮੇਤ ਬਰਾਂਚ ਦੇ ਨਾਂਅ ਨਾਲ ਹੇਠਾਂ ਦਰਸਾਇਆ ਗਿਆ ਹੈ।
ਪਠਾਨਕੋਟ ਬਰਾਂਚ : GL0000000197851 , GL0000000203338 , GL0000000206566 , GL0000000211748 , GL0000000194293 , GL0000000183575 , GL0000000183728 , GL0000000185589 , GL0000000206047 , GL0000000201933 , GL0000000330665 , GL0000000332075 , GL0000000314377 , GL0000000302330 , GL0000000333997 , GL0000000335974 , GL0000000335631 , GL0000000217201 , GL0000000219732 , GL0000000225247 , GL0000000230454 , GL0000000224679 , GL0000000225018 , GL0000000218724 , GL0000000225678 , GL0000000228177 , GL0000000227880 , GL0000000222440 , GL0000000217835.
ਹੋਰ ਵੇਰਵਿਆਂ ਲਈ ਕ੍ਰਿਪਾ ਕਰਕੇ ਟਰੂਕੈਪ ਫਾਇਨਾਂਸ ਲਿਮਟਿਡ ਨਾਲ ਸੰਪਰਕ ਕੀਤਾ ਜਾਵੇ
**ਸੰਪਰਕ ਵਿਅਕਤੀ : ਸਤੀਸ਼ ਕੁਮਾਰ**
**ਸੰਪਰਕ ਨੰਬਰ : 9560735444**
ਟਰੂਕੈਪ ਫਾਇਨਾਂਸ ਲਿਮਟਿਡ ਨੂੰ ਬਿਨਾਂ ਕਿਸੇ ਅਗਾਊਂ ਨੋਟਿਸ ਨਿਲਾਮੀ ਕੀਤੇ ਜਾ ਰਹੇ ਖਾਤਿਆਂ ਦੇ ਨੰਬਰ ਤਬਦੀਲ ਕਰਨ ਅਤੇ ਨਿਲਾਮੀ ਮੁਲਤਵੀ/ਰੱਦ ਕਰਨ ਦਾ ਅਧਿਕਾਰ ਹੈ।
ਟਰੂਕੈਪ ਫਾਇਨਾਂਸ ਲਿਮਟਿਡ



## ਟਰੂਕੈਪ ਫਾਇਨਾਂਸ ਲਿਮਟਿਡ

ਰਜਿਸਟਰਡ ਦਫਤਰ : ਰਜਿਸਟਰਡ ਦਫਤਰ, ਚੌਥੀ ਮੰਜ਼ਲ, ਏ-ਵਿੰਗ, ਡੀ.ਜੇ. ਹਾਊਸ, ਪੁਰਾਣੀ ਨਗਾਰਦਾਸ ਰੋਡ, ਅੰਧੇਰੀ (ਪੂਰਬ), ਮੁੰਬਈ-400069, ਮਹਾਰਾਸ਼ਟਰ
ਜੀ ਐੱਸ ਟੀ ਨੰਬਰ : 27AAACD9887D1ZC
ਕਾਰਪੋਰੇਟ ਪਛਾਣ ਨੰਬਰ : L64920MH1994PLC334457

### ਜਨਤਕ ਨੋਟਿਸ

ਆਮ ਜਨਤਾ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਰਹਿਣ ਕੀਤੇ ਸੋਨੇ ਦੇ ਗਹਿਣਿਆਂ ਦੀ ਨਿਲਾਮੀ ਟਰੂਕੈਪ ਫਾਇਨਾਂਸ ਲਿਮਟਿਡ ਵੱਲੋਂ 26 ਜੂਨ 2025 ਨੂੰ ਜ਼ੀਰਾ ਵਿਖੇ ਸਵੇਰੇ 11.00 ਵਜੇ ਕੀਤੀ ਜਾਵੇਗੀ।
ਬਰਾਂਚ ਦਾ ਪਤਾ : ਟਰੂਕੈਪ ਫਾਇਨਾਂਸ ਲਿਮਟਿਡ, ਮਾਰਫਤ ਮਲਕੀਤ ਸਿੰਘ, ਤਲਵੰਡੀ ਰੋਡ, ਨੇੜੇ ਕਲਾਕ ਟਾਵਰ ਜ਼ੀਰਾ, ਜ਼ਿਲ੍ਹਾ ਫਿਰੋਜ਼ਪੁਰ, ਪੰਜਾਬ-142047
ਨਿਲਾਮੀ ਕੀਤੇ ਜਾ ਰਹੇ ਸੋਨੇ ਦੇ ਗਹਿਣੇ ਸਾਡੇ ਬਹੁਤ ਸਾਰੇ ਗਾਹਕਾਂ ਦੇ ਕਰਜ਼ਾ ਖਾਤਿਆਂ ਨਾਲ ਸੰਬੰਧਤ ਹਨ, ਜੋ ਆਪਣੇ ਬਕਾਏ ਅਦਾ ਕਰਨ 'ਚ ਅਸਫਲ ਰਹੇ ਹਨ। ਸਾਡੇ ਨਿਲਾਮੀ ਦੇ ਨੋਟਿਸ ਬਕਾਇਦਾ ਇਨ੍ਹਾਂ ਕਰਜ਼ਦਾਰਾਂ ਨੂੰ ਜਾਰੀ ਕੀਤੇ ਜਾ ਚੁੱਕੇ ਹਨ।
ਨਿਲਾਮੀ ਕੀਤੇ ਜਾ ਰਹੇ ਸੋਨੇ ਦੇ ਗਹਿਣੇ ਸਾਡੇ ਬਹੁਤ ਸਾਰੇ ਗਾਹਕਾਂ ਦੇ ਬਕਾਇਆ ਕਰਜ਼ਾ ਖਾਤਿਆਂ ਨਾਲ ਸੰਬੰਧਤ ਹਨ, ਜਿਨ੍ਹਾਂ ਦਾ ਵੇਰਵਾ ਸਮੇਤ ਬਰਾਂਚ ਦੇ ਨਾਂਅ ਨਾਲ ਹੇਠਾਂ ਦਰਸਾਇਆ ਗਿਆ ਹੈ।
ਫਰੀਦਕੋਟ: GL0000000206821 , GL0000000211154 , GL0000000194058 , GL0000000202175 , GL0000000210271 , GL0000000333429 , GL0000000335288 , GL0000000336796 , GL0000000252736 , GL0000000260142 , GL0000000292935 , GL0000000296267 , GL0000000334208 , GL0000000225256 , GL0000000221079 , GL0000000216848 , GL0000000217858 , GL0000000215760 , GL0000000213810.
ਜ਼ੀਰਾ ਬਰਾਂਚ : GL0000000258209 , GL0000000172305 , GL0000000260747 , GL0000000262010 , GL0000000333264 , GL0000000301280 , GL0000000253175 , GL0000000257447 , GL0000000293473 , GL0000000298551 , GL0000000335101 , GL0000000218181 , GL0000000218358 , GL0000000211868 , GL0000000220897 , GL0000000223475 , GL0000000220129 , GL0000000217935.
ਹੋਰ ਵੇਰਵਿਆਂ ਲਈ ਕ੍ਰਿਪਾ ਕਰਕੇ ਟਰੂਕੈਪ ਫਾਇਨਾਂਸ ਲਿਮਟਿਡ ਨਾਲ ਸੰਪਰਕ ਕੀਤਾ ਜਾਵੇ।
**ਸੰਪਰਕ ਵਿਅਕਤੀ : ਸਤੀਸ਼ ਕੁਮਾਰ**
**ਸੰਪਰਕ ਨੰਬਰ : 9560735444**
ਟਰੂਕੈਪ ਫਾਇਨਾਂਸ ਲਿਮਟਿਡ ਨੂੰ ਬਿਨਾਂ ਕਿਸੇ ਅਗਾਊਂ ਨੋਟਿਸ ਨਿਲਾਮੀ ਕੀਤੇ ਜਾ ਰਹੇ ਖਾਤਿਆਂ ਦੇ ਨੰਬਰ ਤਬਦੀਲ ਕਰਨ ਅਤੇ ਨਿਲਾਮੀ ਮੁਲਤਵੀ/ਰੱਦ ਕਰਨ ਦਾ ਅਧਿਕਾਰ ਹੈ।
ਟਰੂਕੈਪ ਫਾਇਨਾਂਸ ਲਿਮਟਿਡ


# ਕਲਾਸੀਫਾਈਡ ਇਸ਼ਤਿਹਾਰ


## Change of Name

I Rahul Sharma S/o Hans Raj R/o H.No. 300, Near Dips School, Karol Bagh, Jalandhar declare that my father name has been wrongly written as Hans Raj Sharma instead of Hans Raj.

I, Subhash Chand S/o Sh. Lubhaya Ram R/o 294/6, Shaheed Baba Labh Singh Nagar, Jalandhar, Punjab, India have changed my name from Subhash Chand to Subash Chander. All concerned please note.

I, Mahinder Kaur Alias Maninder Kaur W/o Jaswinder Singh R/o Village Maksudpur, Distt. Kapurthala, Punjab-144819, India have changed my name from Mahinder Kaur Alias Maninder Kaur to Maninder Kaur. All concerned please note.

I, Ashok Kumar Chander S/o Ram Sharan Dass R/o H.No.96, V. Bhagwanpur, Po.Tajpur, Distt. Jalandhar, Punjab have changed my name from Ashok Kumar to Ashok Kumar Chander. (Chander as surname). All please note.

I, Jasvir Kaur Thind W/O Palwinder Singh R/O VPO. Tibba, Distt. Kapurthala -144628, Punjab have changed my name from Jasvir Kaur Thind to Jasvir Kaur. All note.

I, Sahil Pangasa S/o Yashpal Pangasa R/o 2640, Street No.1, Ward No.27, Tehsilpura, Amritsar have changed my name from Sahil Pangasa to Sahil.

I, Harsh s/o Gurnam Singh r/o Ward No. 11, Bagowal Colony Mukerian, Distt. Hoshiarpur have added my surname to Harsh Singh (Surname as Singh) All Please Note.

I, Arti Verma w/o Hemant Kumar r/o 55, Anoop Nagar, Near Satsang Ghar, Center No.7, Malhotra Colony, Jalandhar, Punjab have changed my name to Aarti. All Please Note.

I, Daman Preet Kaur w/o Karan Singh r/o H.No. 523, Mithapur Road, Cheema Nagar Extension, Jalandhar have changed my name to Given name as Daman Preet & Surname as Kaur) All Please Note.

## Change of Name

I, Karan Singh s/o Davinder Singh R/o H.No. 523, Mithapur Road, Cheema Nagar Extension, Jalandhar have changed my name to Given name as Karan & Surname as Singh) All Please Note.

I, Nishi Bhargav w/o Ravinder Kumar r/o H.No.54, Ambika Colony, Jalandhar-144004, Punjab have changed my name to Nishi Shukla. All Please Note.

I, hitherto known as Ashmita D/o Dev Raj W/o Parshotam Lal R/o H.No.112, Street No. 2, Akash Nagar, Distt.Ludhiana, Punjab-141008, have changed my name and shall hereafter be known as Ashu Meeta.

I, hitherto known as Harminder Singh Dhadly S/o Balraj Singh R/o VPO. Malmajra, Tehsil Samrala, Khanna, Ludhiana, Punjab- 141114, have changed my name and shall hereafter be known as Harminder Singh.

I, Ranjana W/o Vinod Kumar Bedi R/o H.No. 436/A, Master Tara Singh Nagar, Jalandhar, Punjab have changed my name from Ranjana to Ranjna Bedi. All Please Note.

I, Dhruv S/o Surinder Chand R/o Near Budhawar Road, VPO Hajipur, Tehsil Mukerian Distt. Hoshiarpur have changed my name from Dhruv to Dhruv Sawraj. All Please Note.

I, Sukhjinder Singh S/o Partap Singh R/o H.No. 172, South City Colony, Prem Nagar, Distt. Amritsar have changed my name from Sukhjinder Singh to Jaskaran Singh. All Please Note.

## ਆਮ ਸੂਚਨਾ

ਟਿਊਬਲ ਕੁਨੈਕਸ਼ਨ ਖਾਤਾ ਨੰਬਰ ਏਪੀ 28/65 ਜੋ ਸੰਸਾਰ ਸਿੰਘ ਪੁੱਤਰ ਚੰਨਣ ਸਿੰਘ ਵਾਸੀ ਪੱਦੀ ਜਗੀਰ ਦੇ ਨਾਮ ਤੇ ਚੱਲ ਰਿਹਾ ਹੈ ਜਿਸ ਨੂੰ ਮਨਜੀਤ ਕੌਰ ਪਤਨੀ ਇਕਬਾਲ ਸਿੰਘ ਦੇ ਨਾਮ ਤਬਦੀਲ ਕੀਤਾ ਜਾਣਾ ਹੈ। ਇਸ ਤਬਦੀਲੀ ਸੰਬੰਧੀ ਇਤਰਾਜ 30 ਦਿਨਾਂ ਦੇ ਅੰਦਰ ਅੰਦਰ ਪਾਵਰਕਾਮ ਦਿਹਾਤੀ ਉਪ ਮੰਡਲ ਗੁਰਾਇਆਂ ਕੋਲ ਕੀਤਾ ਜਾ ਸਕਦਾ ਹੈ।

## ਬੇਦਖਲੀ ਨੋਟਿਸ

ਮੈਂ, ਮੋਹਨ ਕਟਾਰਾ ਪੁੱਤਰ ਸ਼ਾਮ ਲਾਲ ਕਟਾਰਾ ਵਾਸੀ ਮਕਾਨ ਨੰਬਰ 75, ਜਲੰਧਰ ਵਿਹਾਰ ਐਕਸਟੈਂਸ਼ਨ, ਵਰਿਆਣਾ, ਕਪੂਰਥਲਾ ਰੋਡ, ਜਲੰਧਰ, ਪੰਜਾਬ ਸੂਚਿਤ ਕਰਦਾ ਹਾਂ ਕਿ ਮੇਰਾ ਲੜਕਾ ਕ੍ਰਿਸ਼ਨ ਕਾਂਤ ਕਟਾਰਾ ਵਾ ਉਸਦੀ ਪਤਨੀ ਪ੍ਰਿਅੰਕਾ ਕਟਾਰਾ ਦੋਵੇਂ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨ ਮਰਜੀ ਕਰਦੇ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ, ਵੀਨਾ ਕੁਮਾਰੀ ਪਤਨੀ ਬਚਨ ਲਾਲ ਵਾਸੀ ਮਕਾਨ ਨੰ. 2408, ਗਲੀ ਨੰ. 3, ਭਾਰਗੋ ਕੈਂਪ, ਜਲੰਧਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਵਿੱਕੀ ਕੁਮਾਰ (ਉਮਰ ਤਕਰੀਬਨ 40 ਸਾਲ) ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਮੇਰਾ ਅਤੇ ਮੇਰੇ ਬਾਕੀ ਪਰਿਵਾਰ ਦਾ ਇਸ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਸ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

## PUBLIC NOTICE

I, Lalita W/o Late Shri Vrinder Kumar R/o H.No. 4, Gali No. 3, Guru Nanak Nagar, Jalandhar at Present resident of H.No. 22-S111, Basti Sheikh, Satra Mohalla, Jalandhar declare that my son Mohit Verma & his wife Khushi are out of my control. I disinherit them from my movable and immovable properties. I and my family shall not be held responsible for any of their acts deeds and things. All Please Note.

I, Gurmeet Kaur W/O Sh. Nirmal Singh R/O Village Padhiana, Tehsil Adampur, Distt. Jalandhar, Punjab do hereby solemnly affirm and declare that I have one son named Kuldeep Singh S/O Sh. Nirmal Singh and and one daughter named Amarjit Kaur W/O Surjit Singh. That my daughter have two Children named Baljit Singh and Harpreet Singh and She is living happily at her Matrimonial House. That My daughter Amarjit Kaur and her sons are out of my control. That I disinherited my daughter Amarjit Kaur and her Sons Baljit Singh and Harpreet Singh from my movable and immovable property and I am not responsible for their acts. Anybody dealing with them in any manner shall be dealing at their own risk.

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

## ਦਿਵਿਆਂਗਜਨ ਨੂੰ ਸਹਾਇਕ ਉਪਕਰਨ ਮੁਹੱਈਆ ਕਰਵਾਉਣ ਸੰਬੰਧੀ ਅਸੈਸਮੈਂਟ ਕੈਂਪ



**ਮਲੋਟ (ਓਮ ਪ੍ਰਕਾਸ਼ ਸ਼ੇਖੂ)**-ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਰੈੱਡ ਕਰਾਸ ਜ਼ਿਲ੍ਹਾ ਵਿਕਲਾਂਗ ਪੁਨਰਵਾਸ ਕੇਂਦਰ ਤੇ ਜ਼ਿਲ੍ਹਾ ਸਮਾਜਿਕ ਸੁਰੱਖਿਆ ਵਿਭਾਗ ਵੱਲੋਂ ਅਲਿਮਕੋ, ਮੋਹਾਲੀ ਦੇ ਸਹਿਯੋਗ ਨਾਲ ਦਿਵਿਆਂਗਜਨ ਵਿਅਕਤੀਆਂ ਨੂੰ ਸਹਾਇਕ ਉਪਕਰਨ ਮੁਹੱਈਆ ਕਰਵਾਉਣ ਲਈ ਮਲੋਟ ਦੇ ਭਾਈ ਜਗਤਾ ਜੀ ਗੁਰਦੁਆਰਾ ਸਾਹਿਬ ਵਿਖੇ ਲਗਾਏ ਅਸੈਸਮੈਂਟ ਕੈਂਪ ਦੌਰਾਨ 120 ਦਿਵਿਆਂਗਜਨ ਵਿਅਕਤੀਆਂ ਦੀ ਪਛਾਣ ਕੀਤੀ ਗਈ।ਇਸ ਮੌਕੇ ਡਿਪਟੀ ਕਮਿਸ਼ਨਰ ਅਭਿਜੀਤ ਕਪਲਿਸ਼ ਦੀਆਂ ਹਦਾਇਤਾਂ ਤਹਿਤ ਰੈੱਡ ਕ੍ਰਾਸ ਦੇ ਬੁਲਾਰੇ ਨੇ ਦੱਸਿਆ ਕਿ ਕੈਂਪ ਵਿੱਚ ਨਕਲੀ ਅੰਗਾਂ ਤੇ ਸਹਾਇਕ ਉਪਕਰਨਾਂ ਦੇ ਨਾਲ ਨਾਲ ਯੂ. ਡੀ. ਆਈ. ਡੀ. ਦਾ ਰਜਿਸਟ੍ਰੇਸ਼ਨ ਕੈਂਪ ਵੀ ਲਗਾਇਆ ਗਿਆ ਤਾਂ ਜੋ ਕੋਈ ਵੀ ਦਿਵਿਆਂਗ ਲਾਭਪਾਤਰੀ ਇਨ੍ਹਾਂ ਸੁਵਿਧਾਵਾਂ ਤੋਂ ਵਾਂਝਾ ਨਾ ਰਹਿ ਸਕੇ।ਉਨ੍ਹਾਂ ਦੱਸਿਆ ਕਿ ਇਸ ਕੈਂਪ ਵਿੱਚ ਮੋਟਰਾਈਜ਼ਡ ਟਰਾਈਸਾਈਕਲ, ਵ੍ਹੀਲ ਚੇਅਰ, ਨਕਲੀ ਅੰਗ, ਪੋਲਿਓ ਕੈਲਿਪਰ, ਕੰਨਾਂ ਦੀਆਂ ਮਸ਼ੀਨਾਂ, ਸਮਾਰਟ ਫੋਨ, ਸੀ ਪੀ ਚੇਅਰ, ਐੱਮ ਆਰ ਕਿੱਟ, ਨੇਤਰਹੀਣਾਂ ਲਈ ਸਮਾਰਟ ਕੇਨ, ਐਲਬੋ ਕਰੱਚ, ਚੱਲਣ ਵਾਲੀ ਸੋਟੀ, ਬਰੇਲ ਕੇਨ, ਵਾਕਰ, ਏ ਡੀ ਐੱਲ ਕਿੱਟ (ਲੈਪਰੋਸੀ), ਬੀ ਟੀ ਈ (2 ਸਾਲ ਤੋਂ ਛੋਟੇ ਬੱਚੇ ਲਈ ਕੰਨ ਦੀ ਮਸ਼ੀਨ) ਤੇ ਹੋਰ ਸਹਾਇਕ ਉਪਕਰਨਾਂ ਲਈ ਲਾਭਪਾਤਰੀਆਂ ਦੀ ਅਸੈਸਮੈਂਟ ਕੀਤੀ ਗਈ।ਉਨ੍ਹਾਂ ਕਿਹਾ ਕਿ ਇਸ ਮੌਕੇ ਕੁਝ ਲੋੜਵੰਦਾਂ ਨੂੰ ਮੌਕੇ 'ਤੇ ਹੀ ਟਰਾਈਸਾਈਕਲਾਂ ਦੀ ਵੰਡ ਵੀ ਕੀਤੀ ਗਈ।ਇਸ ਮੌਕੇ ਡਾ. ਪੁਨੀਤ ਧਾਰ ਦੂਬੇ, ਡਾ. ਸੁਸ਼ੀਲ ਪਾਲੀ, ਪਰਮਜੀਤ ਗਿੱਲ (ਦਫ਼ਤਰ ਇੰਚਾਰਜ ਕੈਬਨਿਟ ਮੰਤਰੀ, ਡਾਕਟਰ ਬਲਜੀਤ ਕੌਰ), ਪ੍ਰਧਾਨ ਸਲਵਿੰਦਰ ਸਿੰਘ, ਐੱਮ ਸੀ ਹਰਮੇਲ ਸਿੰਘ ਸੰਧੂ, ਜਸਦੇਵ ਸੰਧੂ ਐੱਮ ਸੀ, ਬਲਰਾਜ ਸਿੰਘ, ਗੁਰਦੁਆਰਾ ਭਾਈ ਜਗਤਾ ਜੀ ਦੀ ਸਮੂਹ ਟੀਮ ਤੇ ਦਫਤਰੀ ਕਲਰਕ ਜਗਦੀਸ਼ ਸ਼ਰਮਾ ਮੌਜੂਦ ਰਹੇ।

## ਇਨਕਲਾਬੀ ਜਥੇਬੰਦੀਆਂ ਤੇ ਖੱਬੀਆਂ ਪਾਰਟੀਆਂ ਵੱਲੋਂ 10 ਨੂੰ ਜਲੰਧਰ 'ਚ ਕਨਵੈਨਸ਼ਨ



**ਜਗਰਾਉਂ (ਨਛੱਤਰ ਸੰਧੂ)**-ਕੇਂਦਰ ਦੀ ਬੀਜੇਪੀ ਦੀ ਅਗਵਾਈ ਵਾਲੀ ਸਰਕਾਰ ਮਾਉਵਾਦੀਆਂ ਤੇ ਆਦਿਵਾਸੀਆਂ ਦੇ ਖ਼ਾਤਮੇ ਦੇ ਬਹਾਨੇ ਜੰਗਲ ਤੇ ਉੱਥੋਂ ਦੇ ਕੁਦਰਤੀ ਸਰੋਤਾਂ ਨੂੰ ਕਾਰਪੋਰੇਟ ਘਰਾਣਿਆਂ ਨੂੰ ਸੌਂਪਣ ਦਾ ਕੰਮ ਕਰ ਰਹੀ ਹੈ।ਖੱਬੀਆਂ ਪਾਰਟੀਆਂ ਤੇ ਇਨਕਲਾਬੀ ਜਥੇਬੰਦੀਆਂ ਵੱਲੋਂ ਇਸ ਅਹਿਮ ਮਸਲੇ 'ਤੇ ਵਿਚਾਰ ਕਰਕੇ 10 ਜੂਨ ਨੂੰ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਸੂਬਾਈ ਕਨਵੈਨਸ਼ਨ ਕਰਨ ਦਾ ਨਿਰਣਾ ਲਿਆ ਗਿਆ।

ਇਸ ਸੰਬੰਧੀ ਮੀਟਿੰਗ ਆਰ ਐੱਮ ਪੀ ਆਈ ਦੇ ਕੌਮੀ ਜਨਰਲ ਸਕੱਤਰ ਮੰਗਤ ਰਾਮ ਪਾਸਲਾ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਵਿੱਚ ਸੀ ਪੀ ਆਈ ਦੇ ਸੂਬਾਈ ਆਗੂ ਪ੍ਰਿਥੀਪਾਲ ਸਿੰਘ ਮਾੜੀਮੇਘਾ, ਸੀ ਪੀ ਆਈ ਐੱਮ ਐੱਲ (ਨਿਊ ਡੈਮੋਕਰੇਸੀ) ਦੇ ਸੂਬਾ ਆਗੂ ਅਜਮੇਰ ਸਿੰਘ, ਸੀ ਪੀ ਆਈ ਐੱਮ ਐੱਲ ਲਿਬਰੇਸ਼ਨ ਦੇ ਸੂਬਾ ਆਗੂ ਗੁਰਮੀਤ ਸਿੰਘ ਬਖ਼ਤਪੁਰਾ, ਇਨਕਲਾਬੀ ਕੇਂਦਰ ਪੰਜਾਬ ਦੇ ਸੂਬਾਈ ਆਗੂ ਕੰਵਲਜੀਤ ਖੰਨਾ, ਲੋਕ ਸੰਗਰਾਮ ਮੰਚ ਦੇ ਸੂਬਾਈ ਆਗੂ ਰਾਜੇਸ਼ ਮਲਹੋਤਰਾ ਤੇ ਯੂ ਸੀ ਪੀ ਆਈ ਦੇ ਸੂਬਾ ਆਗੂ ਕਿਰਨਜੀਤ ਸਿੰਘ ਸੇਖੋਂ ਮੁੱਖ ਤੌਰ 'ਤੇ ਹਾਜ਼ਰ ਸਨ।ਮੀਟਿੰਗ ਵਿੱਚ ਕੇਂਦਰ ਸਰਕਾਰ ਦੀ ਆਦਿਵਾਸੀਆਂ ਨੂੰ ਖ਼ਤਮ ਕਰਨ ਦੀ ਨੀਤੀ ਦੀ ਜ਼ੋਰਦਾਰ ਨਿਖੇਧੀ ਕੀਤੀ।ਹਕੀਕਤ ਇਹ ਹੈ ਕਿ ਸਰਕਾਰ ਜਲ, ਜੰਗਲ ਤੇ ਉੱਥੋਂ ਦੀ ਬੇਸ਼ਕੀਮਤੀ ਜ਼ਮੀਨ 'ਚ ਪਾਏ ਜਾਂਦੇ ਕੁਦਰਤੀ ਸਰੋਤਾਂ ਨੂੰ ਕਾਰਪੋਰੇਟਾਂ ਨੂੰ ਵੇਚੀ ਜਾ ਰਹੀ ਹੈ।ਮਾਉਵਾਦੀ ਲੜਾਕੇ ਵਗ਼ੈਰਾ ਤਾਂ ਸਰਕਾਰ ਦੀ ਇਸ ਕਾਰਪੋਰੇਟ ਪੱਖੀ ਨੀਤੀ ਦੀ ਵਿਰੋਧਤਾ ਕਰਦੇ ਆ ਰਹੇ ਹਨ।ਸਰਕਾਰ ਵਿਰੋਧ ਕਰਨ ਵਾਲੇ ਲੋਕਾਂ ਦਾ ਕਤਲੇਆਮ ਕਰ ਰਹੀ ਹੈ।ਛਤੀਸਗੜ੍ਹ, ਬਸਤਰ ਆਦਿ ਇਲਾਕਿਆਂ ਵਿੱਚ ਸਰਕਾਰ ਨੇ ਮਾਉਵਾਦੀਆਂ ਦੇ ਨਾਮ 'ਤੇ ਆਦਿਵਾਸੀਆਂ ਨੂੰ ਵੀ ਵੱਡੀ ਪੱਧਰ 'ਤੇ ਮਾਰਨ ਜਾਂ ਜੇਲ੍ਹਾਂ ਅੰਦਰ ਡੱਕਣ ਦਾ ਕੰਮ ਕੀਤਾ ਹੈ।ਪਿੰਡਾਂ ਦੇ ਪਿੰਡ ਖ਼ਾਲੀ ਹੋ ਗਏ ਹਨ। ਆਦਿਵਾਸੀਆਂ ਦੇ ਬੱਚਿਆਂ 'ਤੇ ਸਰਕਾਰ ਵੱਲੋਂ ਜ਼ੁਲਮ ਢਾਹਿਆ ਜਾ ਰਿਹਾ ਹੈ।ਇਸੇ ਤਰ੍ਹਾਂ ਬੇਜ਼ਮੀਨੇ ਕਿਸਾਨਾਂ ਤੇ ਮਜ਼ਦੂਰਾਂ ਨੇ ਸੰਗਰੂਰ ਇਲਾਕੇ ਵਿੱਚ ਪਿਛਲੇ ਸਮੇਂ ਵੱਲੋਂ ਦੱਬੀਆਂ ਜ਼ਮੀਨਾਂ ਬੇਜ਼ਮੀਨੇ ਕਿਸਾਨਾਂ ਤੇ ਮਜ਼ਦੂਰਾਂ ਵਿੱਚ ਵੰਡਣ ਲਈ ਸੰਘਰਸ਼ ਸ਼ੁਰੂ ਕੀਤਾ ਹੈ।ਇਸ ਸੰਘਰਸ਼ ਨੂੰ ਰੋਕਣ ਲਈ ਪੰਜਾਬ ਸਰਕਾਰ ਨੇ ਵੱਡੀ ਪੱਧਰ 'ਤੇ ਕਿਸਾਨ ਮਰਦਾਂ ਤੇ ਔਰਤਾਂ ਨੂੰ ਜੇਲ੍ਹੀਂ ਡੱਕਿਆ ਹੋਇਆ ਹੈ।ਮੀਟਿੰਗ ਦੀ ਪੁਰਜ਼ੋਰ ਮੰਗ ਹੈ ਕਿ ਸਰਕਾਰ ਜ਼ਮੀਨਾਂ ਇਕੁਆਇਰ ਕਰਕੇ ਬੇਜ਼ਮੀਨੇ ਲੋਕਾਂ ਨੂੰ ਵੰਡੇ, ਜੋ ਕਿਸਾਨ ਮਜ਼ਦੂਰ ਮਰਦ ਤੇ ਔਰਤਾਂ ਜੇਲ੍ਹਾਂ ਵਿੱਚ ਹਨ, ਉਨ੍ਹਾਂ ਨੂੰ ਰਿਹਾਅ ਕੀਤਾ ਜਾਵੇ।

ਇਸੇ ਤਰ੍ਹਾਂ ਪੰਜਾਬ ਸਰਕਾਰ ਦੇ ਮਹਿਕਮੇ ਗਲਾਡਾ ਨੇ 24311 ਹਜ਼ਾਰ ਏਕੜ ਜ਼ਮੀਨ 'ਤੇ ਕਬਜ਼ਾ ਕਰਨ ਦੀ ਠਾਣੀ ਹੋਈ ਹੈ।ਸਰਕਾਰ ਦੀ ਇਸ ਲੈਂਡ ਪੂਲਿੰਗ ਨੀਤੀ ਵਿੱਚ ਲੁਧਿਆਣਾ ਦੇ 42 ਪਿੰਡ, 5 ਮੋਗਾ, 3 ਫ਼ਿਰੋਜ਼ਪੁਰ ਤੇ ਇੱਕ ਪਿੰਡ ਨਵਾਂ ਸ਼ਹਿਰ ਦਾ ਆਉਂਦਾ ਹੈ।ਇਹ ਅੰਦਾਜ਼ਾ ਲਾਉਣਾ ਕੋਈ ਔਖਾ ਨਹੀਂ ਕਿ ਸਰਕਾਰ ਦੀ ਇਸ ਨੀਤੀ ਨਾਲ ਕਿੰਨੇ ਲੋਕ ਬੇਰੁਜ਼ਗਾਰ ਹੋਣਗੇ।ਇਨ੍ਹਾਂ ਮਸਲਿਆਂ ਨੂੰ ਲੈ ਕੇ ਖੱਬੀਆਂ ਪਾਰਟੀਆਂ ਤੇ ਇਨਕਲਾਬੀ ਜਥੇਬੰਦੀਆਂ ਵੱਲੋਂ ਦੇਸ਼ ਭਗਤ ਯਾਦਗਾਰ ਹਾਲ ਵਿਖੇ ਸੂਬਾਈ ਕਨਵੈਨਸ਼ਨ ਕਰਨ ਤੋਂ ਬਾਅਦ ਸ਼ਹਿਰ 'ਚ ਰੋਹ ਭਰਪੂਰ ਮਾਰਚ ਵੀ ਕੀਤਾ ਜਾਵੇਗਾ।ਮੀਟਿੰਗ ਵਿੱਚ ਰਣਜੀਤ ਸਿੰਘ ਔਲਖ, ਪਰਗਟ ਸਿੰਘ ਜਾਮਾਰਾਏ ਤੇ ਕੁਲਵਿੰਦਰ ਸਿੰਘ ਵੜੈਚ ਹਾਜ਼ਰ ਸਨ।

## ਚੇਅਰਮੈਨ ਦੀਦਾਰੇਵਾਲਾ ਦੀਆਂ ਪਾਰਟੀ ਪ੍ਰਤੀ ਸੇਵਾਵਾਂ ਸ਼ਲਾਘਾਯੋਗ : ਸਰਪੰਚ ਮੱਲਕੇ




**ਬਾਘਾ ਪੁਰਾਣਾ (ਮਨੀ ਸਿੰਗਲਾ)**-ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਤੇ ਚੇਅਰਮੈਨ ਹਰਮਨਜੀਤ ਸਿੰਘ ਦੀਦਾਰੇਵਾਲਾ ਨੇ ਆਮ ਆਦਮੀ ਪਾਰਟੀ ਵੱਲੋਂ ਜ਼ਿਲ੍ਹਾ ਮੋਗਾ ਦੀ ਪ੍ਰਧਾਨਗੀ ਦੇ ਅਹੁਦੇ 'ਤੇ ਹੁੰਦਿਆਂ ਪਾਰਟੀ ਨੂੰ ਜਿੱਥੇ ਇੱਕ ਮਾਲਾ ਵਿੱਚ ਪ੍ਰੋਅ ਕੇ ਰੱਖਿਆ, ਉੱਥੇ ਹੀ ਪਾਰਟੀ ਨੂੰ ਜ਼ਮੀਨੀ ਪੱਧਰ 'ਤੇ ਮਜ਼ਬੂਤ ਵੀ ਰੱਖਿਆ, ਜਿਸ ਲਈ ਹਰਮਨਜੀਤ ਸਿੰਘ ਦੀਦਾਰੇਵਾਲਾ ਵੱਲੋਂ ਨਿਭਾਈਆਂ ਗਈਆਂ ਪ੍ਰਧਾਨਗੀ ਦੇ ਤੌਰ 'ਤੇ ਸੇਵਾਵਾਂ ਦੀ ਜਿੰਨੀ ਸ਼ਲਾਘਾ ਕੀਤੀ ਜਾਵੇ, ਉਨ੍ਹੀ ਹੀ ਘੱਟ ਹੋਵੇਗੀ।

ਉਕਤ ਸ਼ਬਦਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਤੇ ਬਾਘਾ ਪੁਰਾਣਾ ਹਲਕੇ ਅਧੀਨ ਪੈਂਦੇ ਪਿੰਡ ਮੱਲਕੇ ਦੇ ਸਰਪੰਚ ਰਾਜਾ ਮੱਲਕੇ ਨੇ ਕਰਦਿਆਂ ਕਿਹਾ ਕਿ ਲੰਘੀਆਂ 2022 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਮੋਗਾ ਜ਼ਿਲ੍ਹੇ ਦੇ ਚਾਰੇ ਵਿਧਾਨ ਸਭਾ ਹਲਕਿਆਂ ਵਿੱਚ ਹਰਮਨਜੀਤ ਸਿੰਘ ਦੀਦਾਰੇਵਾਲਾ ਦੀ ਅਗਵਾਈ ਹੇਠ ਪਾਰਟੀ ਨੇ ਹੂੰਝਾਫੇਰ ਜਿੱਤ ਪ੍ਰਾਪਤ ਕਰਦਿਆਂ ਵਿਧਾਨ ਸਭਾ ਹਲਕਾ ਮੋਗਾ, ਵਿਧਾਨ ਸਭਾ ਹਲਕਾ ਬਾਘਾ ਪੁਰਾਣਾ, ਵਿਧਾਨ ਸਭਾ ਹਲਕਾ ਧਰਮਕੋਟ ਦੇ ਇਲਾਵਾ ਵਿਧਾਨ ਸਭਾ ਹਲਕਾ ਨਿਹਾਲ ਸਿੰਘ ਵਾਲਾ ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਇਹ ਚਾਰੇ ਸੀਟਾਂ ਆਮ ਆਦਮੀ ਪਾਰਟੀ ਦੀ ਝੋਲੀ ਪਾਈਆਂ ਸਨ, ਜਿਸ ਦਾ ਸਿਹਰਾ ਤਤਕਾਲੀ ਜ਼ਿਲ੍ਹਾ ਪ੍ਰਧਾਨ ਹਰਮਨਜੀਤ ਸਿੰਘ ਦੀਦਾਰੇਵਾਲਾ ਨੂੰ ਜਾਂਦਾ ਹੈ, ਜਿਸ ਦੇ ਬਾਅਦ ਦੀਦਾਰੇਵਾਲਾ ਦੀ ਮਿਹਨਤ ਨੂੰ ਦੇਖਦਿਆਂ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਉਨ੍ਹਾਂ ਨੂੰ ਜ਼ਿਲ੍ਹਾ ਯੋਜਨਾ ਬੋਰਡ ਦਾ ਚੇਅਰਮੈਨ ਲਾ ਕੇ ਉਨ੍ਹਾਂ ਨੂੰ ਅਹਿਮ ਜ਼ਿੰਮੇਵਾਰੀ ਸੌਂਪੀ। ਇਸ ਤੋਂ ਇਹ ਅੰਦਾਜ਼ਾ ਸਹਿਜੇ ਹੀ ਲਗਾਇਆ ਜਾ ਸਕਦਾ ਹੈ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਆਪਣੇ ਪਾਰਟੀ ਆਗੂਆਂ ਤੇ ਵਰਕਰਾਂ ਨੂੰ ਬਣਦਾ ਮਾਨ ਸਨਮਾਨ ਦਿੰਦੀ ਹੈ ਅਤੇ ਵਰਕਰਾਂ ਵੱਲੋਂ ਕੀਤੀ ਗਈ ਪਾਰਟੀ ਲਈ ਮਿਹਨਤ ਦਾ ਮੁੱਲ ਸਮਾਂ ਆਉਣ 'ਤੇ ਜ਼ਰੂਰ ਦਿੰਦੀ ਹੈ।ਸਰਪੰਚ ਰਾਜਾ ਮੱਲਕੇ ਨੇ ਕਿਹਾ ਕਿ ਹਰਮਨਜੀਤ ਸਿੰਘ 2022 ਵਿੱਚ ਇਹ ਪਹਿਲਾ ਮੌਕਾ ਸੀ, ਜਦੋਂ ਕਿਸੇ ਇੱਕ ਪਾਰਟੀ ਨੇ ਚਾਰੇ ਵਿਧਾਇਕ ਜ਼ਿਲ੍ਹੇ 'ਚੋਂ ਜਿੱਤੇ ਹੋਣ। ਪੰਜਾਬ ਵਿੱਚ ਆਪ ਪਾਰਟੀ ਦੀ ਸਰਕਾਰ ਬਣਨ ਮਗਰੋਂ ਵੀ ਪ੍ਰਧਾਨ ਦੀਦਾਰੇਵਾਲਾ ਨੇ ਅਣਥੱਕ ਮਿਹਨਤ ਕੀਤੀ ਤੇ ਉਨ੍ਹਾਂ ਪਾਰਟੀ ਨਾਲ ਵਲੰਟੀਅਰ ਤੌਰ 'ਤੇ ਜੁੜੇ ਦਰਜਨਾਂ ਨੌਜਵਾਨਾਂ ਨੂੰ ਪਾਰਟੀ ਪਲੇਟਫਾਰਮ 'ਤੇ ਸਰਗਰਮ ਹੀ ਨਹੀਂ ਕੀਤਾ, ਸਗੋਂ ਉਨ੍ਹਾਂ ਨੂੰ ਪੰਚ, ਸਰਪੰਚ, ਕੌਂਸਲਰ, ਚੇਅਰਮੈਨ, ਡਾਇਰੈਕਟਰ ਬਣਾਉਣ ਸਮੇਤ ਹੋਰ ਬਣਦਾ ਮਾਨ ਸਨਮਾਨ ਦਿਵਾਉਣ ਲਈ ਵੱਡੀ ਘਾਲਣਾ ਘਾਲੀ। ਆਪਣੀ ਜ਼ਿਲ੍ਹੇ ਤੋਂ ਇਲਾਵਾ ਸੂਬੇ ਦੀ ਸਿਆਸਤ ਵਿੱਚ ਪਹਿਚਾਣ ਬਣਾਉਣ 'ਚ ਦੀਦਾਰੇਵਾਲਾ ਕਾਮਯਾਬ ਰਹੇ।

## ਵਾਹੀਯੋਗ ਜ਼ਮੀਨ ਨੂੰ ਸ਼ਹਿਰੀਕਰਨ ਹੇਠ ਲਿਆਉਣ ਦਾ ਵਿਰੋਧ



**ਅਜੀਤਵਾਲ (ਨਛੱਤਰ ਸੰਧੂ)**-ਭਾਰਤੀ ਕਿਸਾਨ ਯੂਨੀਅਨ ਏਕਤਾ ਆਜ਼ਾਦ ਦੀ ਜ਼ਿਲ੍ਹਾ ਪੱਧਰੀ ਮੀਟਿੰਗ ਜ਼ਿਲ੍ਹਾ ਆਗੂ ਜਗਰਾਜ ਸਿੰਘ ਦੱਦਾਹੂਰ ਦੀ ਅਗਵਾਈ ਵਿੱਚ ਨਹਿਰ ਵਾਲੀ ਠਾਠ ਬੱਧਨੀ ਕਲਾਂ ਵਿਖੇ ਹੋਈ।ਸੂਬਾ ਆਗੂ ਲਖਵੀਰ ਸਿੰਘ ਦੌਧਰ ਵੀ ਹਾਜ਼ਰ ਹੋਏ।ਪ੍ਰੈੱਸ ਨੂੰ ਜਾਣਕਾਰੀ ਦਿੰਦੇ ਹੋਏ ਗੁਰਬਿੰਦਰ ਸਿੰਘ ਕੋਕਰੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮਾਲਵੇ ਦੇ ਦੋ ਜ਼ਿਲ੍ਹਿਆਂ ਲੁਧਿਆਣਾ ਤੇ ਮੋਗਾ ਦੀ 24311 ਏਕੜ ਵਾਹੀਯੋਗ ਜ਼ਮੀਨ ਅਰਬਨ ਅਸਟੇਟ ਦੇ ਨਾਮ ਹੇਠ ਦੇਸੀ ਵਿਦੇਸ਼ੀ ਕਾਰੋਬਾਰੀਆਂ ਨੂੰ ਸੌਂਪਣ ਦਾ ਫੈਸਲਾ ਕਰ ਲਿਆ ਹੈ।ਇਸ ਫ਼ੈਸਲੇ ਨਾਲ ਖੇਤੀ 'ਤੇ ਨਿਰਭਰ ਹਜ਼ਾਰਾਂ ਪੇਂਡੂ ਕਿਸਾਨ ਪਰਿਵਾਰਾਂ ਸਮੇਤ ਖੇਤ ਮਜ਼ਦੂਰ ਪਰਵਾਰਾਂ ਦਾ ਵੀ ਰੁਜ਼ਗਾਰ ਖਤਮ ਹੋ ਜਾਵੇਗਾ।ਇਹ ਅਮਲ ਵਿਸ਼ਵਵਪਾਰ ਸੰਸਥਾ ਦੀਆਂ ਸੰਸਾਰੀਕਰਨ, ਵਪਾਰੀਕਰਨ, ਉਦਾਰੀਕਰਨ ਤੇ ਨਿੱਜੀਕਰਨ ਦੀਆਂ ਨੀਤੀਆਂ ਦਾ ਸਿੱਟਾ ਹੈ।ਪਿੰਡਾਂ ਨੂੰ ਸ਼ਹਿਰਾਂ ਵਿੱਚ ਮਿਲਾਇਆ ਜਾਏਗਾ।ਲੋਕਾਂ ਦੀ ਜੱਦੀ ਜਾਇਦਾਦ ਦਾ ਪਹਿਲਾਂ ਸ਼ਹਿਰੀਕਰਨ, ਫਿਰ ਵਪਾਰੀਕਰਨ, ਅਖੀਰ ਨਿੱਜੀਕਰਨ ਕਰਕੇ, ਪੈਦਾਵਾਰੀ ਸਾਧਨ ਲੋਕਾਂ ਤੋਂ ਖੋਹ ਕੇ, ਲੁਟੇਰੇ ਪੂੰਜੀਪਤੀਆਂ ਨੂੰ ਸੰਭਾਲਣ ਲਈ ਕੇਂਦਰ ਤੇ ਸੂਬਾ ਸਰਕਾਰਾਂ ਨੇ ਕਮਰ ਕੱਸੀ ਹੋਈ ਹੈ।ਇਸ ਲੜਾਈ ਨੂੰ ਸਮਝ ਕੇ ਜਾਨ ਹੂਲਵਾਂ ਸੰਘਰਸ਼ ਆਰੰਭੇ ਬਿਨਾਂ ਖੇਤੀ ਤੇ ਜ਼ਮੀਨ ਬਚਾਉਣੀ ਆਸਨ ਨਹੀਂ ਹੈ।ਲੋਕ ਤਾਕਤ ਅੱਗੇ ਕੋਈ ਮਸਲਾ ਵੱਡਾ ਨਹੀਂ ਹੈ।ਇਸ ਮੌਕੇ ਬਲਜਿੰਦਰ ਸਿੰਘ ਸ਼ੰਭੂ, ਅਜਮੇਰ ਸਿੰਘ ਕਿਸ਼ਨਪੁਰਾ, ਸੁਖਜੀਤ ਸਿੰਘ ਕਰਮਜੀਤ ਸਿੰਘ ਦੌਧਰ, ਗੁਰਪ੍ਰੀਤ ਸਿੰਘ ਦੋਸਾਂਝ ਤੇ ਹੋਰ ਪਿੰਡ ਆਗੂ ਹਾਜ਼ਰ ਸਨ।

## ਜੀ ਈ ਈ ਅਡਵਾਂਸ ਟੈਸਟ ਪਾਸ ਜਸਪ੍ਰੀਤ ਸਿੰਘ ਦਾ ਮੁੱਖ ਮੰਤਰੀ ਵੱਲੋਂ ਸਨਮਾਨ




**ਮਲੋਟ (ਓਮ ਪ੍ਰਕਾਸ਼ ਸ਼ੇਖੂ)**-ਪਾਸਟਰ ਹਰਦੀਪ ਸਿੰਘ ਵਾਸੀ ਪਿੰਡ ਰੱਥੜੀਆਂ ਦੇ ਬੇਟੇ ਜਸਪ੍ਰੀਤ ਸਿੰਘ ਨੇ ਨਾਨ-ਮੈਡੀਕਲ ਪਲਸ ਟੂ ਮੋਹਾਲੀ ਮੈਰੀਟੋਰੀਅਸ ਤੋਂ ਪ੍ਰਾਪਤ ਕੀਤੀ ਤੇ ਜੀ ਈ ਈ ਅਡਵਾਂਸ ਵਿੱਚ ਪੇਪਰ ਪਾਸ ਕਰਕੇ ਉਨ੍ਹਾਂ 44 ਬੱਚਿਆਂ ਵਿੱਚ ਆਪਣੀ ਗਿਣਤੀ ਕਰਵਾਈ, ਜਿਨ੍ਹਾਂ ਨੂੰ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਤੋਂ ਸਰਟੀਫਿਕੇਟ ਲੈਣ ਦਾ ਮਾਣ ਪ੍ਰਾਪਤ ਹੋਇਆ। ਪੰਜਾਬ ਦੇ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਨੇ ਇਨ੍ਹਾਂ ਬੱਚਿਆਂ ਨੂੰ ਉਨ੍ਹਾਂ ਦੀ ਕਾਮਯਾਬੀ ਲਈ ਜਿੱਥੇ ਵਧਾਈ ਦਿੱਤੀ, ਉੱਥੇ ਉਨ੍ਹਾਂ ਦਾ ਹੌਸਲਾ ਵਧਾਉਂਦੇ ਹੋਏ ਕਿਹਾ ਕਿ ਜੋ ਆਪਣੀ ਮੰਜ਼ਿਲ ਦਾ ਟੀਚਾ ਲੈ ਕੇ ਚੱਲਦਾ ਹੈ, ਉਸ ਦੇ ਰਸਤੇ ਵਿੱਚ ਕਿਸੇ ਵੀ ਤਰ੍ਹਾਂ ਦੀ ਕੋਈ ਵੀ ਮੁਸ਼ਕਲ ਰੁਕਾਵਟ ਨਹੀਂ ਬਣ ਸਕਦੀ। ਇਸ ਬੱਚੇ ਨੇ ਮਲੋਟ ਖੇਤਰ ਦੇ ਨਾਲ ਨਾਲ ਆਪਣੇ ਮਾਂ-ਬਾਪ ਤੇ ਇਲਾਕਾ ਨਿਵਾਸੀਆਂ ਦਾ ਜਿੱਥੇ ਨਾਮ ਰੋਸ਼ਨ ਕੀਤਾ ਹੈ। ਇਸ ਮੌਕੇ ਮਲੋਟ ਲੰਬੀ ਨਿਊਜ਼ ਅਦਾਰਾ ਜਸਪ੍ਰੀਤ ਸਿੰਘ ਤੇ ਉਸ ਦੇ ਪਰਵਾਰ ਨੂੰ ਲੱਖ ਲੱਖ ਵਧਾਈ ਦਿੰਦਾ ਹੈ।

## ਮੁਸਲਿਮ ਭਾਈਚਾਰੇ ਨੇ ਬਹੋਨਾ ਰੋਡ ਈਦਗਾਹ 'ਚ ਅਦਾ ਕੀਤੀ ਈਦ ਦੀ ਨਮਾਜ਼



**ਮੋਗਾ (ਇਕਬਾਲ ਸਿੰਘ ਖਹਿਰਾ)**-ਈਦ-ਉਲ-ਜ਼ੂਹਾ ਦੇ ਮੌਕੇ 'ਤੇ ਮੋਗਾ ਦੇ ਮੁਸਲਿਮ ਭਾਈਚਾਰੇ ਵੱਲੋਂ ਬਹੋਨਾ ਰੋਡ 'ਤੇ ਸਥਿਤ ਈਦਗਾਹ ਵਿੱਚ ਈਦ ਦੀ ਨਮਾਜ ਅਦਾ ਕੀਤੀ ਗਈ, ਜਿਸ ਵਿੱਚ ਭਾਰੀ ਇਕੱਠ ਦੇਖਣ ਨੂੰ ਮਿਲਿਆ।ਇਸ ਪਵਿੱਤਰ ਮੌਕੇ ਮੁਸਲਿਮ ਵੈੱਲਫੇਅਰ ਕਲੱਬ ਮੋਗਾ ਦੇ ਸਾਰੇ ਹੀ ਮੈਂਬਰ ਮੌਜੂਦ ਸਨ।ਈਦ ਦੀ ਨਮਾਜ 7:30 ਵਜੇ ਵੱਡੀ ਜੁਮਾ ਮਸਜਿਦ ਦੇ ਇਮਾਮ ਮੁਹੰਮਦ ਇਸਤਿਖਾਰ ਦੁਆਰਾ ਕਰਵਾਈ ਗਈ।ਨਮਾਜ ਦੀ ਸਮਾਪਤੀ ਤੋਂ ਬਾਅਦ ਸਾਰੀ ਦੁਨੀਆ ਲਈ ਤੰਦਰੁਸਤੀ ਤੇ ਆਪਸੀ ਭਾਈਚਾਰਾ ਬਣਾਏ ਰੱਖਣ ਦੀ ਦੁਆ ਕਰਵਾਈ ਗਈ।ਇਸ ਮੌਕੇ ਮੁਹੰਮਦ ਅਸਲਮ, ਡਾ. ਜੋਨੀ ਸਦੀਕ, ਡਾ. ਮਾਮਦੀਨ ਮੱਖਣ, ਰਫ਼ੀਕ ਖਾਨ, ਇਮਤਿਆਜ਼ ਅਲੀ ਪੱਪੂ, ਮੁਹੰਮਦ ਅਜ਼ਹਰ, ਮੁਹੰਮਦ ਅਕੀਬ ਆਦਿ ਹਾਜ਼ਰ ਸਨ।ਇਸ ਮੌਕੇ ਡਾ. ਜੋਨੀ ਸਦੀਕ ਨੇ ਸਾਰੇ ਮੁਸਲਮਾਨ ਵੀਰਾਂ ਨੂੰ ਈਦ ਦੇ ਤਿਉਹਾਰ ਦੀ ਵਧਾਈ ਦਿੱਤੀ।ਉਨ੍ਹਾਂ ਕਿਹਾ ਕਿ ਸਾਨੂੰ ਨਿੰਦਾ ਚੁਗਲੀ ਤਿਆਗ ਕੇ ਲੋਕਾਂ ਦੀ ਸੇਵਾ ਕਰਨੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਜੇਕਰ ਅੱਲਾ ਨੇ ਸਾਨੂੰ ਇਸ ਕਾਬਿਲ ਬਣਾਇਆ ਹੈ ਕਿ ਅਸੀਂ ਕਿਸੇ ਦੀ ਲੋੜ ਪੈਣ ਦੀ ਮੱਦਦ ਕਰ ਸਕੀਏ ਤਾਂ ਸਾਨੂੰ ਕਦੇ ਵੀ ਪਿੱਛੇ ਨਹੀਂ ਹਟਣਾ ਚਾਹੀਦਾ।ਇਸ ਮੌਕੇ ਮੁਸਲਿਮ ਵੈੱਲਫੇਅਰ ਕਲੱਬ ਦੇ ਸਰਫਰੋਜ਼ ਅਲੀ ਭੁੱਟੋ ਨੇ ਵੀ ਸਾਰਿਆਂ ਨੂੰ ਈਦ ਉੱਲ ਜ਼ੂਹਾ ਦੀ ਵਧਾਈ ਦਿੱਤੀ।

## ਭਗਤ ਹਮੇਸ਼ਾ ਪ੍ਰਮਾਤਮਾ ਦੀ ਰਜ਼ਾ 'ਚ ਰਹਿੰਦੇ ਹਨ : ਲੱਕੀ ਨੂਰ



**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਇਨਸਾਨ ਪ੍ਰਮਾਤਮਾ ਕੋਲੋਂ ਜੋ ਚਾਹੁੰਦਾ ਹੈ ਕਿ ਇਹ ਹੋਵੇ, ਉਹ ਹੋ ਨਹੀਂ ਰਿਹਾ, ਇਸ ਕਰਕੇ ਅੱਜ ਦਾ ਇਨਸਾਨ ਦੁਖੀ ਹੈ, ਪਰ ਪ੍ਰਮਾਤਮਾ ਦੀ ਭਗਤੀ ਕਰਨ ਵਾਲੇ ਪ੍ਰਮਾਤਮਾ ਦੀ ਰਜ਼ਾ ਵਿੱਚ ਰਹਿੰਦੇ ਹਨ, ਕਿਉਂਕਿ ਉਨ੍ਹਾਂ ਨੂੰ ਪਤਾ ਹੁੰਦਾ ਹੈ ਕਿ ਪ੍ਰਮਾਤਮਾ ਦੀ ਮਰਜ਼ੀ ਤੋਂ ਬਿਨਾਂ ਪੱਤਾ ਵੀ ਹਿੱਲ ਨਹੀਂ ਸਕਦਾ, ਇਸ ਕਰਕੇ ਸਕੂਨ/ਸ਼ਾਂਤੀ ਵਿੱਚ ਜ਼ਿੰਦਗੀ ਜਿਉਂਦੇ ਹਨ।ਆਦਮੀ ਨੂੰ ਪੱਕੇ ਤੌਰ 'ਤੇ ਸਕੂਨ ਤੇ ਸ਼ਾਂਤੀ ਸਤਿਸੰਗ ਵਿੱਚੋਂ ਪ੍ਰਾਪਤ ਹੁੰਦੀ ਹੈ, ਇਸ ਲਈ ਗੁਰਸਿੱਖ ਲਈ ਜ਼ਰੂਰੀ ਹੈ ਕਿ ਉਹ ਸੇਵਾ, ਸਤਿਸੰਗ, ਸਿਮਰਨ ਨਿਰੰਤਰ ਕਰਦਾ ਰਹੇ। ਇਹ ਵਿਚਾਰ ਸੰਤ ਨਿਰੰਕਾਰੀ ਮਿਸ਼ਨ ਤੇ ਕੇਂਦਰੀ ਪ੍ਰਚਾਰਕ ਭਾਈ ਲੱਕੀ ਨੂਰ ਜੀ ਨੇ ਸਮਾਣਾ ਵਿਖੇ ਸਤਿਸੰਗ ਨੂੰ ਸੰਬੋਧਨ ਕਰਦਿਆਂ ਫਰਮਾਏ।ਉਨ੍ਹਾਂ ਕਿਹਾ ਕਿ ਸਤਿਸੰਗ ਇੱਕ ਅਜਿਹੀ ਟਕਸਾਲ ਹੈ, ਜਿਸ ਵਿੱਚ ਲਗਾਤਾਰ ਆਉਣ ਨਾਲ ਗੁਰਸਿੱਖ ਦਾ ਜੀਵਨ ਹੀਰਿਆਂ ਦੀ ਤਰ੍ਹਾਂ ਚਮਕਣਾ ਸ਼ੁਰੂ ਹੋ ਜਾਦਾ ਹੈ, ਕਿਉਂਕਿ ਸਤਿਸੰਗ ਵਿੱਚ ਆਉਣ ਨਾਲ ਜੀਵਨ ਵਿੱਚੋਂ ਔਗੁਣ ਨਿਕਲ ਜਾਂਦੇ ਹਨ ਤੇ ਸੰਤਾਂ ਮਹਾਂਪੁਰਸ਼ਾਂ ਵਾਲੇ ਗੁਣ ਜੀਵਨ ਵਿੱਚ ਪ੍ਰਵੇਸ਼ ਹੋ ਜਾਂਦੇ ਹਨ। ਇਸੇ ਕਰਕੇ ਸਤਿਗੁਰੂ ਬ੍ਰਹਮ ਗਿਆਨ ਦੇਣ ਉਪਰੰਤ ਜਿਗਿਆਸੂ ਨੂੰ ਸਤਿਸੰਗ ਨਾਲ ਜੋੜਦਾ ਹੈ ਤਾਂ ਜੋ ਉਸ ਦਾ ਜੀਵਨ ਸੰਤਾਂ ਮਹਾਂਪੁਰਸ਼ਾਂ ਵਾਲਾ ਬਣ ਜਾਵੇ।ਜਿਸ ਗੁਰਸਿੱਖ ਨੇ ਸਤਿਗੁਰੂ ਪਾਸੋਂ ਬ੍ਰਹਮ ਗਿਆਨ ਪ੍ਰਾਪਤ ਕਰਕੇ ਨਿਰੰਕਾਰ ਪ੍ਰਭੂ ਨੂੰ ਜਾਣ ਲਿਆ ਹੈ, ਉਸ ਨੇ ਸਤਿਗੁਰੂ ਦੇ ਆਦੇਸ਼ਾਂ 'ਤੇ ਚਲਦਿਆਂ ਸਤਿਸੰਗ ਨਾਲ ਜੁੜ ਕੇ ਆਪਣੇ ਅੰਦਰ ਨਿਰੰਕਾਰ ਪ੍ਰਮਾਤਮਾ ਨੂੰ ਪ੍ਰਗਟ ਕਰਨਾ ਹੈ ਤਾਂ ਜੋ ਨਿਰੰਕਾਰ ਪ੍ਰਭੂ ਪ੍ਰਮਾਤਮਾ ਨਾਲ ਪਿਆਰ ਪੈਦਾ ਹੋ ਸਕੇ, ਕਿਉਂਕਿ ਮਨੁੱਖ ਦਾ ਮੂਲ ਨਿਰੰਕਾਰ ਪ੍ਰਮਾਤਮਾ ਹੈ। ਜਿਸ ਆਤਮਾ ਨੂੰ ਨਿਰੰਕਾਰ ਪ੍ਰਮਾਤਮਾ ਦੀ ਜਾਣਕਾਰੀ ਹੋਵਗੀ, ਉਹ ਆਤਮਾ ਇਸ ਸਰੀਰ ਨੂੰ ਛੱਡਣ ਉਪਰੰਤ ਨਿਰੰਕਾਰ ਪ੍ਰਭੂ ਵਿੱਚ ਮਿਲ ਕੇ ਨਿਰੰਕਾਰ ਪ੍ਰਭੂ ਪ੍ਰਮਾਤਮਾ ਦਾ ਰੂਪ ਬਣ ਜਾਵੇਗੀ ਜਨਮ ਮਰਨ ਤੇ ਚੱਕਰ ਤੋਂ ਮੁਕਤ ਹੋ ਜਾਵੇਗੀ। ਉਨ੍ਹਾਂ ਕਿਹਾ ਕਿ ਨਿਰੰਕਾਰੀ ਸਤਿਗੁਰੂ ਮਾਤਾ ਸੁਦੀਕਸ਼ਾ ਮਹਾਰਾਜ ਸੰਸਾਰ ਦੇ ਕੋਨੇ ਕੋਨੇ ਵਿੱਚ ਜਾ ਕੇ ਇਹ ਬ੍ਰਹਮ ਗਿਆਨ ਰੂਪੀ ਰੋਸ਼ਨੀ ਫੈਲਾ ਰਹੇ ਹਨ। ਸਤਿਸੰਗ ਦੀ ਸਮਾਪਤੀ ਉਪਰੰਤ ਭਾਈ ਸਾਹਿਬ ਮੁਲਖ ਰਾਜ ਤੇ ਭੈਣ ਸੋਮਾ ਰਾਣੀ ਦੇ ਪਰਿਵਾਰ ਵੱਲੋਂ ਸਰਬੱਤ ਸਾਧ ਸੰਗਤ ਨੂੰ ਅਤੁੱਟ ਲੰਗਰ ਵਰਤਾਇਆ ਗਿਆ।

## ਲੁਧਿਆਣੇ ਦੀ ਫਿਜ਼ਾ 'ਚ ਗੂੰਜੇਗੀ ਪੁਰਾਣੀ ਪੈਨਸ਼ਨ ਬਹਾਲੀ ਦੀ ਮੰਗ

### ਹਜ਼ਾਰਾਂ ਮੁਲਾਜ਼ਮ 12 ਨੂੰ ਲੁਧਿਆਣਾ 'ਚ ਕਰਨਗੇ ਵਹੀਕਲ ਮਾਰਚ

**ਸ਼੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਲੁਧਿਆਣਾ ਜ਼ਿਮਨੀ ਚੋਣਾਂ ਵਿੱਚ ਜਿੱਥੇ ਇੱਕ ਪਾਸੇ ਸਰਕਾਰ ਦੀ ਸਮੁੱਚੀ ਲੀਡਰਸ਼ਿਪ ਆਪਣੀ ਪਾਰਟੀ ਦੇ ਚੋਣ ਪ੍ਰਚਾਰ ਵਿੱਚ ਲੱਗੀ ਹੋਈ ਹੈ, ਉੱਥੇ ਦੂਜੇ ਪਾਸੇ ਸੂਬੇ ਦੇ ਲੱਖਾਂ ਮੁਲਾਜ਼ਮਾਂ ਨੇ ਸਰਕਾਰ ਵਿਰੁੱਧ ਸੰਘਰਸ਼ ਦਾ ਬਿਗੁਲ ਵਜਾ ਦਿੱਤਾ ਹੈ, ਜਿਸ ਦੇ ਚਲਦਿਆਂ ਸੀ.ਪੀ.ਐੱਫ. ਕਰਮਚਾਰੀ ਯੂਨੀਅਨ ਤੇ ਪੁਰਾਣੀ ਪੈਨਸ਼ਨ ਬਹਾਲ ਕਮੇਟੀ ਵੱਲੋਂ ਸਾਂਝੇ ਤੌਰ 'ਤੇ 12 ਜੂਨ ਨੂੰ ਲੁਧਿਆਣਾ ਵਿਖੇ ਸੂਬਾ ਪ੍ਰਧਾਨ ਸੁਖਜੀਤ ਸਿੰਘ ਦੀ ਅਗਵਾਈ ਵਿੱਚ ਵਿਸ਼ਾਲ ਵਹੀਕਲ ਮਾਰਚ ਕੱਢਣ ਦਾ ਐਲਾਨ ਕਰ ਦਿੱਤਾ ਹੈ।

ਇਹ ਜਾਣਕਾਰੀ ਦਿੰਦਿਆਂ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਦੀਪਕ ਕੁਮਾਰ ਤੇ ਜਨਰਲ ਸਕੱਤਰ ਤਲਵਿੰਦਰ ਸਿੰਘ ਨਿੱਝਰ ਨੇ ਦੱਸਿਆ ਕਿ ਸਰਕਾਰ ਨੇ 2022 ਦੌਰਾਨ ਆਪਣੇ ਚੋਣ ਮਨੋਰਥ ਪੱਤਰ ਵਿੱਚ ਪੁਰਾਣੀ ਪੈਨਸ਼ਨ ਬਹਾਲ ਕਰਨ ਦਾ ਵਾਅਦਾ ਕੀਤਾ ਸੀ ਅਤੇ ਇਸ ਬਾਬਤ ਸਰਕਾਰ ਨੇ ਇੱਕ ਅਧੂਰਾ ਨੋਟੀਫਿਕੇਸ਼ਨ ਵੀ ਜਾਰੀ ਕਰ ਦਿੱਤਾ ਸੀ, ਪ੍ਰੰਤੂ ਇਸ ਨੋਟੀਫਿਕੇਸ਼ਨ ਉਪਰੰਤ ਸਰਕਾਰ ਨੇ ਕੋਈ ਐੱਸ.ਓ.ਪੀ. ਜਾਰੀ ਨਹੀਂ ਕੀਤੀ ਅਤੇ ਨਾ ਹੀ ਕਰਮਚਾਰੀਆਂ ਦੇ ਜੀ.ਪੀ.ਐੱਫ. ਖਾਤੇ ਖੋਲ੍ਹੇ। ਉਨ੍ਹਾਂ ਦੱਸਿਆ ਕਿ ਪੁਰਾਣੀ ਪੈਨਸ਼ਨ ਮੁਲਾਜ਼ਮਾਂ ਦਾ ਜਮਹੂਰੀ ਹੱਕ ਹੈ, ਕਿਉਂਕਿ ਆਪਣੀ ਜ਼ਿੰਦਗੀ ਦਾ ਵੱਡਾ ਹਿੱਸਾ ਮੁਲਾਜ਼ਮ ਸਰਕਾਰੀ ਸੇਵਾ ਵਿੱਚ ਲਗਾ ਦਿੰਦੇ ਹਨ, ਪ੍ਰੰਤੂ ਨਵੀਂ ਪੈਨਸ਼ਨ ਨੀਤੀ ਤਹਿਤ ਰਿਟਾਇਰ ਹੋਣ 'ਤੇ ਕਰਮਚਾਰੀ ਨੂੰ ਨਾਮਾਤਰ ਹੀ ਪੈਨਸ਼ਨ ਮਿਲਦੀ ਹੈ, ਜਿਸ ਨਾਲ ਰਿਟਾਇਰੀ ਕਰਮਚਾਰੀ ਨੂੰ ਆਪਣਾ ਗੁਜ਼ਾਰਾ ਕਰਨਾ ਅਸੰਭਵ ਹੈ।

ਇਸ ਮੌਕੇ ਡੀ.ਸੀ. ਦਫ਼ਤਰ ਕਰਮਚਾਰੀ ਯੂਨੀਅਨ ਦੇ ਜਨਰਲ ਸਕੱਤਰ ਪੁਸ਼ਪਿੰਦਰ ਸਿੰਘ ਤੇ ਸੀ.ਪੀ.ਐੱਫ. ਯੂਨੀਅਨ ਦੇ ਸੀਨੀਅਰ ਆਗੂ ਸਤਨਾਮ ਸਿੰਘ ਨੇ ਕਿਹਾ ਕਿ ਸਰਕਾਰ ਵਿੱਚ ਕੇਵਲ ਪੰਜ ਸਾਲ ਵਿਧਾਇਕ ਜਾਂ ਐੱਮ. ਪੀ. ਰਹਿਣ ਵਾਲੇ ਆਗੂ ਪੁਰਾਣੀ ਪੈਨਸ਼ਨ ਦੇ ਹੱਕਦਾਰ ਹੋ ਜਾਂਦੇ ਹਨ, ਪ੍ਰੰਤੂ 30-40 ਸਾਲ ਸਰਕਾਰੀ ਸੇਵਾ ਵਿੱਚ ਰਹਿਣ ਵਾਲੇ ਮੁਲਾਜ਼ਮਾਂ ਤੋਂ ਇਹ ਹੱਕ ਖੁਸ ਗਿਆ ਹੈ। ਉਨ੍ਹਾਂ ਕਿਹਾ ਕਿ ਮੌਜੂਦਾ ਸਰਕਾਰ ਵੱਲੋਂ ਕੀਤਾ ਵਾਅਦਾ ਪੂਰਾ ਨਾ ਕਰਕੇ ਆਪਣੇ ਮੁਲਾਜ਼ਮ ਵਿਰੋਧੀ ਚਿਹਰੇ ਨੂੰ ਨੰਗਾ ਕੀਤਾ ਹੈ, ਜਿਸ ਦਾ ਖਾਮਿਆਜ਼ਾ ਸਰਕਾਰ ਨੂੰ ਇਨ੍ਹਾਂ ਜ਼ਿਮਨੀ ਚੋਣਾਂ ਦੌਰਾਨ ਭੁਗਤਣਾ ਪਵੇਗਾ। ਉਨ੍ਹਾਂ ਕਿਹਾ ਕਿ 12 ਦੀ ਵਹੀਕਲ ਰੈਲੀ ਸਬੰਧੀ ਸਮੂਹ ਮੁਲਾਜ਼ਮਾਂ ਵਿੱਚ ਪੂਰਾ ਜੋਸ਼ ਪਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਨੇ ਮੁਲਾਜ਼ਮਾਂ ਦੀਆਂ ਹੱਕੀ ਤੇ ਜਾਇਜ਼ ਮੰਗਾਂ ਨੂੰ ਪੂਰਾ ਨਾ ਕੀਤਾ ਤਾਂ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ, ਜਿਸ ਦੀ ਸਾਰੀ ਜ਼ਿੰਮੇਵਾਰੀ ਸਰਕਾਰ ਦੀ ਹੋਵੇਗੀ। ਇਸ ਮੌਕੇ ਉਨ੍ਹਾਂ ਨਾਲ ਵੱਡੀ ਗਿਣਤੀ ਵਿੱਚ ਸੀ.ਪੀ.ਐੱਫ. ਕਰਮਚਾਰੀ ਮੌਜੂਦ ਸਨ।

## ਰਾਇਟ ਵੇ ਏਅਰਲਿੰਕਸ ਨੇ ਲਵਾਇਆ ਆਸਟ੍ਰੇਲੀਆ ਦਾ ਸਟੂਡੈਂਟ ਵੀਜ਼ਾ



**ਮੋਗਾ (ਇਕਬਾਲ ਸਿੰਘ ਖਹਿਰਾ)**-ਮਾਲਵਾ ਖੇਤਰ ਦੀ ਪ੍ਰਸਿੱਧ ਰਾਇਟ ਵੇ ਏਅਰਲਿੰਕਸ ਇੰਮੀਗ੍ਰੇਸ਼ਨ ਤੇ ਆਈਲਟਸ ਸੰਸਥਾ ਨੇ ਪਲਕ ਭਾਟੀਆ ਪੁੱਤਰੀ ਸੰਦੀਪ ਭਾਟੀਆ ਵਾਸੀ ਮੋਗਾ ਦਾ ਆਸਟ੍ਰੇਲੀਆ ਦੇ ਲੀ ਕੌਰਡਨ ਬਲੂ ਕਾਲਜ ਦਾ ਸਟੂਡੈਂਟ ਵੀਜ਼ਾ ਲਗਵਾ ਕੇ ਦਿੱਤਾ।ਇਸ ਮੌਕੇ ਸੰਸਥਾ ਦੇ ਡਾਇਰੈਕਟਰ ਦੇਵਪ੍ਰਿਅ ਤਿਆਗੀ ਨੇ ਕਿਹਾ ਕਿ ਅਫਵਾਹਾਂ ਤੇ ਧਿਆਨ ਨਾ ਦਿਉ। ਉਨ੍ਹਾਂ ਕਿਹਾ ਕਿ ਜਿਨ੍ਹਾਂ ਬੱਚਿਆ ਦੇ ਕੈਨੇਡਾ ਤੇ ਯੂ ਕੇ ਦੇ ਸਟੱਡੀ ਕੇਸ ਰੀਫਿਊਜ਼ ਹੋ ਚੁੱਕੇ ਹੈ, ਉਹ ਆਸਟ੍ਰੇਲੀਆ ਲਈ ਅਪਲਾਈ ਕਰ ਸਕਦੇ ਹੈ ਤੇ ਜੇਕਰ ਕੋਈ ਵੀ ਵਿਜ਼ਿਟਰ ਜਾਂ ਟੂਰਿਸਟ ਵੀਜ਼ੇ 'ਤੇ ਯੂਕੇ, ਕੈਨੇਡਾ ਜਾਂ ਆਸਟ੍ਰੇਲੀਆ ਜਾਣਾ ਚਾਹੁੰਦਾ ਹੋਵੇ ਤਾਂ ਉਹ ਵੀ ਅਪਲਾਈ ਕਰ ਸਕਦਾ ਹੈ।ਉਨ੍ਹਾਂ ਕਿਹਾ ਕਿ ਹੁਣ ਬੱਚੇ ਕਾਲਜ ਦੀ ਅਤੇ ਅੰਬੈਸੀ ਦੀ ਫੀਸ ਵੀਜ਼ਾ ਲੱਗਣ ਤੋਂ ਬਾਅਦ ਦੇ ਸਕਦੇ ਹੈ।ਰਾਇਟਵੇ ਏਅਰਲਿੰਕਸ ਬੈਂਕ ਦੇ ਜ਼ਰੀਏ ਬੱਚਿਆਂ ਨੂੰ ਐਜੂਕੇਸ਼ਨ ਲੋਨ ਦੀ ਸੁਵਿਧਾ ਲੈ ਕੇ ਦਿੰਦਾ ਹੈ, ਜਿਨ੍ਹਾਂ ਪੈਸਿਆਂ ਨੂੰ ਬੱਚੇ ਅਪਣੇ ਖਰਚੇ ਲਈ ਵਰਤ ਸਕਦੇ ਹਨ।ਇਸ ਮੌਕੇ ਸੰਸਥਾ ਦੇ ਡਾਇਰੈਕਟਰ ਦੇਵਪ੍ਰਿਅ ਤਿਆਗੀ ਨੇ ਪਲਕ ਭਾਟੀਆ ਨੂੰ ਵਧਾਈ ਦਿੱਤੀ।

## ਟਰੇਡ ਯੂਨੀਅਨਾਂ ਅੱਜ ਦੇਣਗੀਆਂ ਅਸਿਸਟੈਂਟ ਲੇਬਰ ਕਮਿਸ਼ਨਰ ਨੂੰ ਮੰਗ ਪੱਤਰ

**ਲੁਧਿਆਣਾ (ਭਾਟੀਆ/ਕਥੂਰੀਆ)**

ਪੰਜਾਬ ਸ਼ਾਪਸ ਐਂਡ ਕਮਰਸ਼ੀਅਲ ਐਸਟੈਬਲਿਸ਼ਮੈਂਟ ਐਕਟ 1958 ਵਿੱਚ ਮਜ਼ਦੂਰਾਂ ਤੇ ਮੁਲਾਜ਼ਮ ਵਿਰੋਧੀ ਸੋਧ ਵਜੋਂ ਭਗਵੰਤ ਮਾਨ ਸਰਕਾਰ ਦੇ ਨਾਦਰਸ਼ਾਹੀ ਹੁਕਮਾਂ ਦੇ ਵਿਰੁੱਧ ਟਰੇਡ ਯੂਨੀਅਨਾਂ ਨੇ ਸਾਂਝੀ ਮੀਟਿੰਗ ਸੱਦੀ।

ਸ਼ਹੀਦ ਕਰਨੈਲ ਸਿੰਘ ਈਸੜੂ ਭਵਨ ਵਿਖੇ ਹੋਈ ਇਸ ਮੀਟਿੰਗ ਵਿੱਚ ਟਰੇਡ ਯੂਨੀਅਨ ਆਗੂਆਂ ਨੇ ਇਹ ਮਹਿਸੂਸ ਕੀਤਾ ਕਿ ਭਗਵੰਤ ਮਾਨ ਦੀ ਆਪ ਦੀ ਸਰਕਾਰ ਮੋਦੀ ਦੀ ਬੀ ਟੀਮ ਹੋਣ ਦਾ ਪੂਰਾ ਪੂਰਾ ਸਬੂਤ ਦੇ ਰਹੀ ਹੈ, ਜਦੋਂ ਕਿ ਮਜ਼ਦੂਰ ਜਮਾਤ ਪਹਿਲਾਂ ਹੀ 12 ਘੰਟੇ ਦੀ ਦਿਹਾੜੀ ਵਾਲੀ ਨੋਟੀਫਿਕੇਸ਼ਨ ਨੂੰ ਰੱਦ ਕਰਾਉਣ ਲਈ ਸੰਘਰਸ਼ ਕਰ ਰਹੀ ਹੈ, ਉਸ ਨੂੰ ਰੱਦ ਕਰਨ ਦੀ ਥਾਂ 'ਤੇ 144 ਘੰਟੇ ਕਰਕੇ, ਮਜ਼ਦੂਰ ਜਮਾਤ ਦੇ ਸਬਰ ਨੂੰ ਪਰਖਣ ਦੀ ਕੋਸ਼ਿਸ਼ ਕੀਤੀ ਹੈ ਤੇ ਮਜ਼ਦੂਰ ਜਮਾਤ ਨੂੰ ਚੈਲੇਂਜ ਕੀਤਾ ਹੈ।ਟਰੇਡ ਯੂਨੀਅਨਾਂ ਨੇ ਫੈਸਲਾ ਕੀਤਾ ਕਿ ਸਾਨੂੰ ਸਰਕਾਰ ਦਾ ਚੈਲੇਂਜ ਮਨਜ਼ੂਰ ਹੈ।ਅਸੀਂ ਉਸ ਵੇਲੇ ਤੱਕ ਕਿਸੇ ਹਾਲਤ ਵਿੱਚ ਵੀ ਟਿਕ ਕੇ ਨਹੀਂ ਬੈਠਾਂਗੇ, ਜਦੋਂ ਤੱਕ ਇਹ ਮਜ਼ਦੂਰ ਮਾਰੂ ਤੇ ਸੰਵਿਧਾਨ ਵਿਰੋਧੀ ਨੋਟੀਫਿਕੇਸ਼ਨ ਨੂੰ ਰੱਦ ਨਹੀਂ ਕਰਾ ਲੈਂਦੇ।ਇਸ ਸੰਬੰਧੀ 9 ਜੂਨ ਸੋਮਵਾਰ ਨੂੰ ਅਸਿਸਟੈਂਟ ਲੇਬਰ ਕਮਿਸ਼ਨਰ ਲੁਧਿਆਣਾ ਨੂੰ ਇਕ ਮੰਗ ਪੱਤਰ ਦਿੱਤਾ ਜਾਵੇਗਾ।ਮੀਟਿੰਗ ਵਿੱਚ ਇਹ ਵੀ ਫੈਸਲਾ ਕੀਤਾ ਗਿਆ ਕਿ ਜੇ ਨੋਟੀਫਿਕੇਸ਼ਨ ਵਾਪਸ ਨਹੀਂ ਲਿਆ ਜਾਂਦਾ, ਤਾਂ ਲੁਧਿਆਣਾ ਪੱਛਮੀ ਉਪ ਚੋਣ ਵਿੱਚ ਮਜ਼ਦੂਰਾਂ ਵੱਲੋਂ ਵਿਸ਼ਾਲ ਮਾਰਚ ਕੀਤੇ ਜਾਣਗੇ ਅਤੇ ਆਪ ਦੇ ਉਮੀਦਵਾਰ ਨੂੰ ਕਾਲੇ ਝੰਡੇ ਦਿਖਾਏ ਜਾਣਗੇ।

ਮੀਟਿੰਗ ਤੋਂ ਬਾਅਦ ਬਿਆਨ ਜਾਰੀ ਕਰਨ ਵਾਲਿਆਂ ਵਿੱਚ ਆਲ ਇੰਡੀਆ ਟ੍ਰੇਡ ਯੂਨੀਅਨ ਕਾਂਗਰਸ (ਏਟਕ) ਦੇ ਵਿਜੇ ਕੁਮਾਰ, ਐੱਮ ਐੱਸ ਭਾਟੀਆ, ਡੀ ਪੀ ਮੌੜ, ਕੇਵਲ ਸਿੰਘ ਬਣਵੈਤ, ਚਮਕੌਰ ਸਿੰਘ, ਸੀਟੂ ਦੇ ਸੁਖਮਿੰਦਰ ਸਿੰਘ ਲੋਟੇ, ਅਮਰਨਾਥ ਕੂਮ ਕਲਾਂ, ਸਮਰ ਬਹਾਦਰ ਰਾਮ ਲਾਲ, ਸੀਟੀਯੂ ਪੰਜਾਬ ਦੇ ਜਗਦੀਸ਼ ਚੰਦ, ਪਰਮਜੀਤ ਸਿੰਘ, ਬਲਰਾਮ ਸਿੰਘ, ਅਜੀਤ ਕੁਮਾਰ, ਸੁਦੇਸ਼ਵਰ ਤਿਵਾੜੀ ਤੇ ਇੰਟਕ ਵੱਲੋਂ ਐਡਵੋਕੇਟ ਸਰਬਜੀਤ ਸਿੰਘ ਸਰਹਾਲੀ, ਗੁਰਜੀਤ ਸਿੰਘ ਜਗਪਾਲ, ਕੁਲਦੀਪ ਸਿੰਘ, ਤਿਲਕ ਰਾਜ ਡੋਗਰਾ ਸ਼ਾਮਲ ਹਨ।

## ਪੀ ਆਰ ਟੀ ਸੀ ਵਰਕਰਾਂ ਵੱਲੋਂ ਹੜਤਾਲ ਸਮੇਤ ਤਿੱਖੇ ਸੰਘਰਸ਼ ਕਰਨ ਦਾ ਐਲਾਨ

### ਵਰਕਰਾਂ ਨੂੰ ਆ ਰਹੀਆਂ ਮੁਸ਼ਕਲਾਂ ਤੇ ਵਿਭਾਗ ਦੇ ਹੋ ਰਹੇ ਨੁਕਸਾਨ ਨੂੰ ਨਹੀਂ ਕੀਤਾ ਜਾਵੇਗਾ ਸਹਿਣ : ਮਨੇਸ, ਬਰਾੜ

**ਬਠਿੰਡਾ (ਪਰਵਿੰਦਰ ਜੀਤ ਸਿੰਘ)**

ਪੀਆਰਟੀਸੀ ਬਠਿੰਡਾ ਡੀਪੂ ਵਿਖੇ ਮਹੀਨਾਵਾਰ ਮੀਟਿੰਗ ਵਿੱਚ ਸੂਬਾ ਆਗੂ ਕੁਲਵੰਤ ਸਿੰਘ ਮਨੇਸ ਨੇ ਬੋਲਦਿਆਂ ਕਿਹਾ ਕਿ ਪੀਆਰਟੀਸੀ ਬਠਿੰਡਾ ਡੀਪੂ ਦੀ ਮੈਨੇਜਮੈਂਟ ਵੱਲੋਂ ਪੀਆਰਟੀਸੀ ਦੇ ਮੁਨਾਫੇ ਵਾਲੇ ਟਾਈਮ ਬੰਦ ਕਰਕੇ ਡੈੱਡ ਟਾਈਮ ਚਲਾਏ ਜਾ ਰਹੇ ਹਨ, ਜਿਸ ਦਾ ਕਾਰਨ ਸਿੱਧੇ ਤੌਰ 'ਤੇ ਪ੍ਰਾਈਵੇਟ ਨੂੰ ਫ਼ਾਇਦਾ ਦੇਣਾ ਜਾਪਦਾ ਹੈ।ਵਰਕਰਾਂ ਦੀ ਮੰਗ ਨੂੰ ਮੁੱਖ ਰੱਖਦੇ ਹੋਏ ਉਨ੍ਹਾਂ ਵੱਲੋਂ ਕਿਹਾ ਗਿਆ ਕਿ ਜੋ ਟਾਈਮ ਮਹਿਕਮੇ ਦੀ ਵੱਧ ਬੁਕਿੰਗ ਵਾਲੇ ਬੰਦ ਕੀਤੇ ਗਏ ਹਨ, ਉਨ੍ਹਾਂ ਨੂੰ ਦੁਬਾਰਾ ਚਲਾਇਆ ਜਾਵੇ, ਜਿਸ ਨਾਲ ਮਹਿਕਮੇ ਦੀ ਬੁਕਿੰਗ ਵਿੱਚ ਵਾਧਾ ਹੋ ਸਕੇ।ਡੀਪੂ ਪ੍ਰਧਾਨ ਰਵਿੰਦਰ ਸਿੰਘ ਬਰਾੜ ਨੇ ਕਿਹਾ ਕਿ ਮੈਨੇਜਮੈਂਟ ਦਾ ਪੀਆਰਟੀਸੀ ਵਿੱਚ ਕਿਲੋਮੀਟਰ ਸਕੀਮ ਦਾ ਬੋਲਬਾਲਾ ਵਧਦਾ ਦਿੱਖ ਰਿਹਾ ਹੈ ਤਹਿ ਕੀਤੇ ਟੈਂਡਰ ਤੋਂ ਵੱਧ ਕਿਲੋਮੀਟਰ ਕਰਾ ਕੇ ਕਿਲੋਮੀਟਰ ਮਾਲਕਾਂ ਦੀਆ ਜੇਬਾਂ ਭਰੀਆਂ ਜਾ ਰਹੀਆਂ ਹਨ, ਜਿਸ ਨਾਲ ਮਹਿਕਮੇ ਨੂੰ ਵੱਡੇ ਪੱਧਰ 'ਤੇ ਖੋਰਾ ਲੱਗ ਰਿਹਾ ਹੈ।ਗੁਰਪ੍ਰੀਤ ਸਿੰਘ ਕਮਾਲੂ ਨੇ ਕਿਹਾ ਕਿ ਅੱਜ ਸਮੂਹ ਡੀਪੂ ਦੇ ਵਰਕਰਾਂ ਵੱਲੋਂ ਮਤਾ ਪਾਇਆ ਗਿਆ ਕਿ ਅਗਰ ਪੀ.ਆਰ.ਟੀ.ਸੀ. ਦੇ ਮੁਨਾਫੇ ਵਾਲੇ ਟਾਈਮਾਂ ਨੂੰ ਨਹੀਂ ਚਲਾਇਆ ਜਾਂਦਾ ਤੇ ਕਿਲੋਮੀਟਰ ਦੇ ਕਹਿਰ ਨੂੰ ਨਹੀਂ ਰੋਕਿਆ ਜਾਂਦਾ ਤਾਂ ਮਜਬੂਰਨ ਜਥੇਬੰਦੀ ਨੂੰ ਸੰਘਰਸ਼ ਦੇ ਰਾਹ 'ਤੇ ਚੱਲਣਾ ਪਏਗਾ, ਜਿਸ ਤਹਿਤ ਮੀਟਿੰਗ 13 ਜੂਨ 2025 ਨੂੰ ਗੇਟ ਰੈਲੀ ਕਰਕੇ ਮੈਨੇਜਮੈਂਟ ਦਾ ਪਿੱਟ ਸਿਆਪਾ ਕੀਤਾ ਜਾਵੇਗਾ, 20 ਜੂਨ 2025 ਨੂੰ ਪ੍ਰੈੱਸ ਕਾਨਫਰਸ ਕਰਕੇ ਮੈਨੇਜਮੈਂਟ ਤੇ ਸਰਕਾਰ ਦਾ ਸਬੂਤਾਂ ਤਹਿਤ ਪਰਦਾ ਫਾਸ਼ ਕੀਤਾ ਜਾਵੇਗਾ, ਮਸਲਾ ਹੱਲ ਨਾ ਹੋਣ 'ਤੇ 25 ਜੂਨ 2025 ਨੂੰ ਦੋ ਘੰਟੇ 10 ਤੋਂ 12 ਵਜੇ ਤੱਕ ਬੱਸ ਸਟੈਂਡ ਬੰਦ ਤੇ 3 ਜੁਲਾਈ 2025 ਨੂੰ ਪਹਿਲੇ ਟਾਈਮ ਤੋਂ ਡੀਪੂ ਬੰਦ ਕੀਤਾ ਜਾਵੇਗਾ, ਜਿਸ ਦੀ ਜ਼ਿੰਮੇਵਾਰੀ ਸਰਕਾਰ ਤੇ ਬਠਿੰਡਾ ਡੀਪੂ ਦੀ ਮੈਨੇਜਮੈਂਟ ਦੀ ਹੋਵੇਗੀ।ਮੀਟਿੰਗ ਵਿੱਚ ਅੰਗਰੇਜ ਸਿੰਘ ਸੈਕਟਰੀ, ਉਪ ਪ੍ਰਧਾਨ ਬਲਕਾਰ ਸਿੰਘ, ਕੁਲਵਿੰਦਰ ਸਿੰਘ ਸਾਹ. ਕੈਸ਼ੀਅਰ, ਰਣਜੀਤ ਸਿੰਘ ਖਾਲਸਾ, ਸੁਖਦੇਵ ਰਾਮ, ਨਾਜਰ ਖਾਨ, ਬਖਤੌਰ ਸਿੰਘ, ਅਜਮੇਰ ਸਿੰਘ, ਹਰਤਾਰ ਸ਼ਰਮਾ, ਮਨਦੀਪ ਸਿੰਘ, ਕੈਸ਼ੀਅਰ ਸਰਬਜੀਤ ਸਿੰਘ, ਹਰਵਿੰਦਰ ਸਿੰਘ ਮੀਟਿੰਗ ਵਿੱਚ ਸ਼ਾਮਲ ਸਨ।



## ਪੰਜਾਬ 'ਚ ਹਾਲਾਤ ਸੁਧਾਰਨ ਲਈ ਭਾਜਪਾ ਦੀ ਜਿੱਤ ਜ਼ਰੂਰੀ : ਚੁੱਘ/ਸਿਰਸਾ

**ਲੁਧਿਆਣਾ (ਜਸਦੀਪ ਵਰਤੀਆ)**

ਪੱਛਮੀ ਉੱਪ-ਚੋਣਾਂ ਲਈ ਭਾਜਪਾ ਦੇ ਉਮੀਦਵਾਰ ਜੀਵਨ ਗੁਪਤਾ ਦੇ ਚੋਣ ਪ੍ਰਚਾਰ ਨੂੰ ਭਾਰੀ ਸਮਰਥਨ ਮਿਲ ਰਿਹਾ ਹੈ।ਭਾਜਪਾ ਦੇ ਰਾਸ਼ਟਰੀ ਜਨਰਲ ਸਕੱਤਰ ਤਰੁਣ ਚੁੱਘ ਤੇ ਦਿੱਲੀ ਦੇ ਮੰਤਰੀ ਮਨਜਿੰਦਰ ਸਿੰਘ ਸਿਰਸਾ ਨੇ ਰਿਸ਼ੀ ਨਗਰ ਵਿੱਚ ਲੋਕਾਂ ਨਾਲ ਮੁਲਾਕਾਤ ਕੀਤੀ, ਜਿੱਥੇ ਉਨ੍ਹਾਂ ਨੂੰ ਲੋਕਾਂ ਵੱਲੋਂ ਚੰਗਾ ਹੁੰਗਾਰਾ ਮਿਲਿਆ।ਜਨਤਾ ਨੂੰ ਸੰਬੋਧਨ ਕਰਦਿਆਂ ਚੁੱਘ ਨੇ ਕਿਹਾ ਕਿ ਲੋਕਾਂ ਨੂੰ ਇਸ ਉਪ ਚੋਣ ਨੂੰ ਸਿਰਫ਼ ਇੱਕ ਰਸਮੀ ਕਾਰਵਾਈ ਨਹੀਂ ਸਮਝਣਾ ਚਾਹੀਦਾ, ਕਿਉਂਕਿ ਇਹ ਉਨ੍ਹਾਂ ਨੂੰ 2027 ਵਿੱਚ ਰਾਜ ਵਿੱਚ ਹੋਣ ਵਾਲੀਆਂ ਅਗਾਮੀ ਵਿਧਾਨ ਸਭਾ ਚੋਣਾਂ ਦੀ ਨੀਂਹ ਰੱਖਣ ਵਿੱਚ ਮਦਦ ਕਰੇਗਾ। ਤਰੁਣ ਚੁੱਘ ਨੇ ਕਿਹਾ ਕਿ ਜੇ ਲੋਕ ਪੰਜਾਬ ਨੂੰ ਕਾਂਗਰਸ ਤੇ ਆਮ ਆਦਮੀ ਪਾਰਟੀ ਦੇ ਚੁੰਗਲ ਤੋਂ ਬਚਾਉਣਾ ਚਾਹੁੰਦੇ ਹਨ ਤਾਂ ਉਨ੍ਹਾਂ ਨੂੰ ਭਾਜਪਾ ਨੂੰ ਚੁਣਨਾ ਪਵੇਗਾ।ਪੰਜਾਬ ਨਾਲ ਜੁੜੀਆਂ ਸਾਰੀਆਂ ਸਮੱਸਿਆਵਾਂ ਨੂੰ ਖ਼ਤਮ ਕਰਨ ਲਈ ਭਾਜਪਾ ਹੀ ਇੱਕੋ ਇੱਕ ਹੱਲ ਹੈ, ਚਾਹੇ ਉਹ ਨਸ਼ਾ ਹੋਵੇ, ਅਪਰਾਧ ਹੋਵੇ, ਜਾਂ ਵਿਕਾਸ ਕਾਰਜ ਹੋਣ।ਉਨ੍ਹਾਂ ਕਿਹਾ ਕਿ ਹੁਣ ਸਮਾਂ ਆ ਗਿਆ ਹੈ, ਜਦੋਂ ਲੋਕਾਂ ਨੂੰ ਬਦਲਾਅ ਬਾਰੇ ਸੋਚਣਾ ਚਾਹੀਦਾ ਹੈ, ਕਿਉਂਕਿ ਉਨ੍ਹਾਂ ਦਾ ਪਿਛਲਾ ਪ੍ਰਯੋਗ ਬੁਰੀ ਤਰ੍ਹਾਂ ਅਸਫ਼ਲ ਰਿਹਾ ਹੈ।ਸੀਨੀਅਰ ਨੇਤਾ ਨੇ ਸੱਤਾਧਾਰੀ ਪਾਰਟੀ 'ਤੇ ਹਮਲਾ ਕਰਦਿਆਂ ਕਿਹਾ ਕਿ ਉਸ ਨੇ ਆਪਣੇ ਇਸ਼ਤਿਹਾਰਬਾਜ਼ੀ ਤੋਂ ਇਲਾਵਾ ਜਨਤਾ ਦੀ ਭਲਾਈ ਲਈ ਕੁਝ ਨਹੀਂ ਕੀਤਾ ਅਤੇ ਉਨ੍ਹਾਂ ਨੇ ਆਪਣੇ ਇਸ਼ਤਿਹਾਰਾਂ 'ਤੇ ਜਨਤਕ ਪੈਸਾ ਬਰਬਾਦ ਕੀਤਾ ਹੈ।ਇਸ ਦੌਰਾਨ, ਦਿੱਲੀ ਕੈਬਨਿਟ ਵਿੱਚ ਮੰਤਰੀ ਮਨਜਿੰਦਰ ਸਿੰਘ ਸਿਰਸਾ ਨੇ ਸੱਤਾਧਾਰੀ ਆਮ ਆਦਮੀ ਪਾਰਟੀ (ਆਪ) 'ਤੇ ਹਮਲਾ ਕਰਦਿਆਂ ਕਿਹਾ ਕਿ ਦਿੱਲੀ ਦੇ ਲੋਕਾਂ ਨੇ 'ਆਪ' ਨੂੰ ਵੋਟ ਦਿੱਤੀ ਤੇ ਹੁਣ ਉਹ ਪੰਜਾਬ ਵਿੱਚ ਇਸ ਰਾਜ ਦੇ ਸਾਰੇ ਸਰੋਤਾਂ ਨੂੰ ਲੁੱਟਣ ਲਈ ਬੈਠੇ ਹਨ।ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕਾਂ ਨੂੰ ਸੱਤਾਧਾਰੀ ਪਾਰਟੀ ਨੂੰ ਕਰਾਰਾ ਜਵਾਬ ਦੇਣਾ ਚਾਹੀਦਾ ਹੈ ਤੇ ਉਨ੍ਹਾਂ ਨੂੰ ਇੱਥੋਂ ਵੀ ਭੇਜਣਾ ਚਾਹੀਦਾ ਹੈ, ਕਿਉਂਕਿ ਤਾਂ ਹੀ ਉਹ ਆਪਣੇ ਰਾਜ ਨੂੰ ਬਚਾ ਸਕਦੇ ਹਨ।ਇਸ ਮੌਕੇ ਭਾਜਪਾ ਦੇ ਬੁਲਾਰੇ ਗੁਰਦੀਪ ਸਿੰਘ ਗੋਸ਼ਾ ਨੇ ਆਏ ਸਭ ਸਤਵੰਤ ਸੱਜਣਾ ਧੰਨਵਾਦ ਕੀਤਾ।ਮੀਟਿੰਗ ਵਿੱਚ ਸਾਬਕਾ ਮੰਤਰੀ ਮਨੋਰੰਜਨ ਕਾਲੀਆ, ਪ੍ਰਦੇਸ਼ ਜਨਰਲ ਸਕੱਤਰ ਪਰਮਿੰਦਰ ਸਿੰਘ ਬਰਾੜ, ਬਿਕਰਮ ਸਿੰਘ ਸਿੱਧੂ, ਸਾਬਕਾ ਕੌਂਸਲਰ ਰਾਸ਼ੀ ਅਗਰਵਾਲ, ਗੁਰਦੀਪ ਸਿੰਘ ਗੋਸ਼ਾ, ਕੌਂਸਲਰ ਸੁਨੀਲ ਮੋਦਗਿੱਲ, ਗੁਰਜੀਤ ਸਿੰਘ ਗੋਰਾ, ਸਾਬਕਾ ਕੌਂਸਲਰ ਗੁਰਦੀਪ ਸਿੰਘ ਨੀਟੂ ਤੇ ਪਰਮਿੰਦਰ ਮਹਿਤਾ, ਜਸਬੀਰ ਸਿੰਘ, ਬਲਵਿੰਦਰ ਸੈਣੀ, ਸਤਨਾਮ ਸੇਠੀ, ਸੇਵਾ ਸਿੰਘ ਤੇ ਹੋਰ ਸੀਨੀਅਰ ਭਾਜਪਾ ਨੇਤਾ ਮੌਜੂਦ ਸਨ।

## ਗੰਦੇ ਤੇ ਅਸ਼ਲੀਲ ਪੋਸਟਰ ਲਗਾਉਣ 'ਤੇ ਪਾਬੰਦੀ

**ਮਾਨਸਾ (ਆਤਮਾ ਸਿੰਘ ਪਮਾਰ)**

ਡਿਪਟੀ ਕਮਿਸ਼ਨਰ ਸ੍ਰੀ ਕੁਲਵੰਤ ਸਿੰਘ ਆਈ.ਏ.ਐੱਸ. ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ ਦੀ ਧਾਰਾ 163 ਅਧੀਨ ਪ੍ਰਾਪਤ ਅਧਿਕਾਰ ਵਰਤਦਿਆਂ ਜ਼ਿਲ੍ਹਾ ਮਾਨਸਾ ਦੀ ਸੀਮਾ ਅੰਦਰ ਸਰਕਾਰੀ/ਗੈਰ-ਸਰਕਾਰੀ ਇਮਾਰਤਾਂ/ਥਾਵਾਂ ਤੇ ਗੰਦੇ ਅਤੇ ਅਸ਼ਲੀਲ ਪੋਸਟਰਾਂ ਦੇ ਲਗਾਉਣ 'ਤੇ ਮੁਕੰਮਲ ਪਾਬੰਦੀ ਦੇ ਹੁਕਮ ਜਾਰੀ ਕੀਤੇ ਹਨ।ਉਨ੍ਹਾਂ ਕਿਹਾ ਕਿ ਧਿਆਨ ਵਿੱਚ ਆਇਆ ਹੈ ਕਿ ਮਾਨਸਾ ਜ਼ਿਲ੍ਹੇ ਵਿੱਚ ਸਰਕਾਰੀ ਤੇ ਗੈਰ-ਸਰਕਾਰੀ ਇਮਾਰਤਾਂ, ਥਾਵਾਂ, ਸਿਨੇਮਿਆਂ ਤੇ ਵੀਡੀਓ ਹਾਲਾਂ 'ਤੇ ਅਕਸਰ ਆਮ ਤੌਰ 'ਤੇ ਗੰਦੇ ਤੇ ਅਸ਼ਲੀਲ ਪੋਸਟਰ ਲਗਾਏ ਜਾਂਦੇ ਹਨ। ਇਨ੍ਹਾਂ ਨਾਲ ਪੜ੍ਹਨ ਵਾਲੇ ਆਮ ਲੋਕਾਂ ਤੋਂ ਇਲਾਵਾ ਲੜਕੇ ਤੇ ਲੜਕੀਆਂ ਦੇ ਆਚਰਨ 'ਤੇ ਭੈੜਾ ਅਸਰ ਪੈਂਦਾ ਹੈ।ਇਸ ਨਾਲ ਪੈਂਦੇ ਬੁਰੇ ਪ੍ਰਭਾਵ ਨੂੰ ਰੋਕਣ ਲਈ ਇਨ੍ਹਾਂ ਅਸ਼ਲੀਲ ਪੋਸਟਰਾਂ ਦੀ ਰੋਕਥਾਮ ਅਤਿ ਜ਼ਰੂਰੀ ਹੋ ਜਾਂਦੀ ਹੈ।ਇਹ ਹੁਕਮ 31 ਜੁਲਾਈ 2025 ਤੱਕ ਲਾਗੂ ਰਹੇਗਾ।

## ਲੇਖਕ ਮੰਚ ਸਮਰਾਲਾ ਦਾ ਜਨਰਲ ਅਜਲਾਸ, ਰਾਜਵਿੰਦਰ ਬਣੇ ਪ੍ਰਧਾਨ



**ਸਮਰਾਲਾ (ਸੁਰਜੀਤ ਸਿੰਘ)**-ਲੇਖਕ ਮੰਚ ਸਮਰਾਲਾ (ਰਜਿ.) ਦਾ ਸਰਕਾਰੀ ਸਕੂਲ ਵਿੱਚ ਜਨਰਲ ਅਜਲਾਸ ਹੋਇਆ, ਜਿਸ ਵਿੱਚ ਦੋ ਸਾਲਾਂ ਦਾ ਸਮਾਂ ਪੁੱਗ ਜਾਣ ਉਪਰੰਤ ਮੰਚ ਦੇ ਸਰਪ੍ਰਸਤ ਪ੍ਰਿੰਸੀਪਲ ਡਾ. ਪਰਮਿੰਦਰ ਸਿੰਘ ਬੈਨੀਪਾਲ ਦੀ ਸਰਪ੍ਰਸਤੀ ਹੇਠ ਮੰਚ ਦੇ ਨਵੇਂ ਅਹੁਦੇਦਾਰਾਂ ਦੀ ਚੋਣ ਕੀਤੀ ਗਈ।ਇਸ ਤੋਂ ਪਹਿਲਾਂ ਸਾਬਕਾ ਪ੍ਰਧਾਨ ਦਲਜੀਤ ਸਿੰਘ ਸ਼ਾਹੀ ਨੇ ਦੋ ਸਾਲਾਂ ਦੀ ਕਾਰਗੁਜ਼ਾਰੀ ਦੀ ਰਿਪੋਰਟ ਪੇਸ਼ ਕੀਤੀ ਗਈ।ਇਸੇ ਦੌਰਾਨ ਪਿਛਲੀ ਕਾਰਗੁਜ਼ਾਰੀ ਦੀ ਰਿਪੋਰਟ 'ਤੇ ਵੱਖ ਵੱਖ ਲੇਖਕਾਂ ਨੇ ਆਪੋ ਆਪਣੇ ਵਿਚਾਰ ਰੱਖੇ।ਪ੍ਰਿੰਸੀਪਲ ਡਾ. ਪਰਮਿੰਦਰ ਸਿੰਘ ਬੈਨੀਪਾਲ ਨੇ ਨਵੇਂ ਅਹੁਦੇਦਾਰਾਂ ਦਾ ਪੈਨਲ ਪੇਸ਼ ਕੀਤਾ, ਜਿਸ ਨੂੰ ਸਮੁੱਚੇ ਹਾਊਸ ਨੇ ਸਰਵਸੰਮਤੀ ਨਾਲ ਪਰਵਾਨ ਕਰ ਲਿਆ।ਪੈਨਲ ਮੁਤਾਬਕ ਸਰਪ੍ਰਸਤ ਪ੍ਰਿੰਸੀਪਲ ਪਰਮਿੰਦਰ ਸਿੰਘ ਬੈਨੀਪਾਲ ਤੇ ਐਡਵੋਕੇਟ ਦਲਜੀਤ ਸਿੰਘ ਸ਼ਾਹੀ, ਪ੍ਰਧਾਨ ਉੱਘੇ ਨਾਟਕਕਾਰ ਤੇ ਨਿਰਦੇਸ਼ਕ ਰਾਜਵਿੰਦਰ ਸਿੰਘ ਸਮਰਾਲਾ, ਸੀਨੀਅਰ ਮੀਤ ਪ੍ਰਧਾਨ ਪ੍ਰੋ. ਡਾ. ਹਰਿੰਦਰਜੀਤ ਸਿੰਘ ਕਲੇਰ, ਮੀਤ ਪ੍ਰਧਾਨ ਗੁਰਵਿੰਦਰ ਸਿੰਘ ਬਾਗਲੀ, ਜਨਰਲ ਸਕੱਤਰ ਪੱਤਰਕਾਰ ਸੁਰਜੀਤ ਸਿੰਘ, ਸਕੱਤਰ ਤੇ ਵਿੱਤ ਸਕੱਤਰ ਹਰਜਿੰਦਰਪਾਲ ਸਿੰਘ ਅਤੇ ਪ੍ਰਚਾਰ ਸਕੱਤਰ ਕਰਮਜੀਤ ਸਿੰਘ ਬਾਸੀ ਚੁਣੇ ਗਏ।ਇਸ ਤੋਂ ਇਲਾਵਾ ਅਵਤਾਰ ਸਿੰਘ ਓਟਾਲਾਂ, ਕੇਵਲ ਕੁੱਲੇਵਾਲੀਆ, ਕਰਮ ਚੰਦ ਮੈਨੇਜਰ, ਕੇਵਲ ਸਿੰਘ ਮੰਜਾਲੀਆਂ, ਗੁਰਪ੍ਰੀਤ ਸਿੰਘ ਘੋਲੀ ਟੱਪਰੀਆਂ, ਲਖਬੀਰ ਸਿੰਘ ਸਾਬਕਾ ਮੁੱਖ ਅਧਿਆਪਕ, ਰਾਜਦੀਪ ਸਿੰਘ ਤੇ ਪੱਤਰਕਾਰ ਕੇਵਲ ਸਿੰਘ ਕੱਦੋਂ ਨੂੰ ਕਾਰਜਕਾਰਨੀ ਦੇ ਮੈਂਬਰ ਚੁਣਿਆ ਗਿਆ ਹੈ।ਉਪਰੰਤ ਕਵੀ ਗੋਸ਼ਠੀ ਵਿੱਚ ਰਚਨਾਵਾਂ ਦਾ ਦੌਰ ਚੱਲਿਆ, ਜਿਸ ਵਿੱਚ ਗ਼ਜ਼ਲਗੋ ਅਮਰਿੰਦਰ ਸਿੰਘ ਸੋਹਲ, ਪ੍ਰਭਜੋਤ ਸਿੰਘ, ਜੱਸੀ ਢਿੱਲਵਾਂ ਤੇ ਕੇਵਲ ਕੁੱਲੇਵਾਲੀਆ ਨੇ ਆਪੋ ਆਪਣੀਆਂ ਰਚਨਾਵਾਂ ਪੇਸ਼ ਕੀਤੀਆਂ, ਜਿਨ੍ਹਾਂ ਉੱਤੇ ਉਸਾਰੂ ਬਹਿਸ ਹੋਈ।ਮੰਚ ਸੰਚਾਲਨ ਐਡਵੋਕੇਟ ਦਲਜੀਤ ਸਿੰਘ ਸ਼ਾਹੀ ਨੇ ਬਾਖੂਬੀ ਕੀਤਾ।

## ਕਿਸਾਨ ਆਗੂ ਗੁਰਮੇਲ ਸਿੰਘ ਨਮਿੱਤ ਅੰਤਿਮ ਅਰਦਾਸ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਭਾਰਤੀ ਕਿਸਾਨ ਯੂਨੀਅਨ ਏਕਤਾ ਅਜ਼ਾਦ ਦੇ ਬਲਾਕ ਪਾਤੜਾਂ ਦੇ ਜਨਰਲ ਸਕੱਤਰ ਗੁਰਮੇਲ ਸਿੰਘ ਘੱਗਾ ਪਿਛਲੇ ਦਿਨੀਂ ਅਚਾਨਕ ਬੇਵਕਤਾ ਵਿਛੋੜਾ ਦੇ ਗਏ ਸਨ।ਉਨ੍ਹਾਂ ਨਮਿੱਤ ਅੰਤਿਮ ਅਰਦਾਸ ਤੇ ਸ਼ਰਧਾਂਜਲੀ ਸਮਾਗਮ ਅੱਜ ਉਨ੍ਹਾਂ ਦੇ ਜੱਦੀ ਪਿੰਡ ਘੱਗਾ ਦੇ ਗੁਰਦੁਆਰਾ ਸ੍ਰੀ ਨਾਨਕਸਰ ਸਾਹਿਬ ਵਿਖੇ ਹੋਇਆ।ਇਸ ਮੌਕੇ ਸਮੁੱਚੇ ਪਿੰਡ ਵਾਸੀਆਂ ਤੇ ਭਾਰਤੀ ਕਿਸਾਨ ਯੂਨੀਅਨ ਏਕਤਾ ਅਜ਼ਾਦ ਦੇ ਕਾਰਕੁਨਾਂ ਤੋਂ ਇਲਾਵਾ ਪਰਿਵਾਰ ਨਾਲ ਦੁੱਖ ਸਾਂਝਾ ਕਰਨ ਵਾਲਿਆਂ ਵਿੱਚ ਮਨਜੀਤ ਸਿੰਘ ਨਿਆਲ ਨੇ ਕਿਹਾ ਕਿ ਗੁਰਮੇਲ ਸਿੰਘ ਪੰਨੂ ਹਮੇਸ਼ਾ ਕਿਸਾਨਾਂ ਦੇ ਹੱਕ ਲਈ ਜੂਝਣ ਵਾਲੇ ਵਿਅਕਤੀ ਸਨ।ਕਿਸਾਨਾਂ ਦੀ ਅਗਵਾਈ ਤੇ ਅਵਾਜ਼ ਚੁੱਕਣ ਲਈ ਹਮੇਸ਼ਾ ਅੱਗੇ ਰਹਿੰਦੇ ਸਨ, ਪਰ ਪ੍ਰਮਾਤਮਾ ਨੇ ਉਨ੍ਹਾਂ ਤੋਂ ਇੱਕ ਸੱਚਾ ਸੱਜਣ ਖੋਹ ਲਿਆ ਹੈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਤਰਨਜੀਤ ਸਿੰਘ ਐੱਸਡੀਓ, ਅਮਰਿੰਦਰ ਸਿੰਘ ਘੱਗਾ, ਯਾਦਵਿੰਦਰ ਸਿੰਘ ਬੁਰੜ, ਜਗਜੀਤ ਸਿੰਘ ਗਲੋਲੀ, ਰਛਪਾਲ ਸਿੰਘ ਢੋਟ, ਅਮਰਜੀਤ ਸਿੰਘ ਘੱਗਾ, ਦਰਬਾਰਾ ਸਿੰਘ ਬੰਨਵਾਲਾ, ਮਨਦੀਪ ਸਿੰਘ ਭੂਤਗੜ੍ਹ, ਅਮਨਦੀਪ ਸਿੰਘ, ਦਿਲਬਰ ਸਿੰਘ ਵੱਲੋਂ ਅੰਤਿਮ ਅਰਦਾਸ ਵਿੱਚ ਹਾਜ਼ਰੀ ਭਰੀ ਗਈ।ਬੀਕੇਯੂ ਏਕਤਾ ਅਜ਼ਾਦ ਦੀ ਸੂਬਾ ਤੇ ਜ਼ਿਲ੍ਹਾ ਪੱਧਰੀ ਟੀਮ ਨੇ ਵੀ ਸ਼ਮੂਲੀਅਤ ਕੀਤੀ।

## ਵਾਲਮੀਕਿ ਮਹਾਂ ਪੰਚਾਇਤ ਪੰਜਾਬ ਵੱਲੋਂ ਫਰੀਦਕੋਟ 'ਚ ਚੌਧਰੀ ਸੰਮੇਲਨ

### ਸੁੰਦਰ ਲਾਲ ਨੂੰ ਫਰੀਦਕੋਟ ਜ਼ਿਲ੍ਹੇ ਦਾ ਚੌਧਰੀ ਨਿਯੁਕਤ ਕਰ ਕੀਤੀ ਤਾਜਪੋਸ਼ੀ



**ਗੁਰੂ ਹਰਸਹਾਏ (ਫ਼ਕੀਰ ਚੰਦ ਸਿਕਰੀ)**

ਵਾਲਮੀਕਿ ਮਹਾਂ ਪੰਚਾਇਤ ਪੰਜਾਬ ਵੱਲੋਂ ਫਰੀਦਕੋਟ ਸ਼ਹਿਰ 'ਚ ਚੌਧਰੀ ਸੰਮੇਲਨ ਕਰਵਾਇਆ ਗਿਆ, ਜਿਸ ਵਿੱਚ ਪੰਜਾਬ ਦੇ ਸਾਰੇ ਹੀ ਸ਼ਹਿਰਾਂ ਤੇ ਜ਼ਿਲ੍ਹਿਆਂ ਤੋਂ ਵਾਲਮੀਕਿ ਮਹਾਂ ਪੰਚਾਇਤ ਦੇ ਚੌਧਰੀ ਤੇ ਪੰਜਾਬ ਦੇ ਸਾਰੇ ਹੀ ਆਗੂਆਂ ਨੇ ਵੱਡੀ ਗਿਣਤੀ 'ਚ ਸ਼ਿਰਕਤ ਕੀਤੀ।ਇਸ ਮੌਕੇ ਸੁੰਦਰ ਰਾਮ ਨੂੰ ਜ਼ਿਲ੍ਹਾ ਫਰੀਦਕੋਟ ਦਾ ਚੌਧਰੀ ਨਿਯੁਕਤ ਕੀਤਾ। ਇਸ ਸੰਮੇਲਨ ਵਿੱਚ ਵਾਲਮੀਕਿ ਮਹਾਂ ਪੰਚਾਇਤ ਦੇ ਪੰਜਾਬ ਪ੍ਰਧਾਨ ਸ਼ਾਮ ਲਾਲ ਬਿੱਟੂ, ਚੇਅਰਮੈਨ ਸ਼ਿਵ ਕੁਮਾਰ ਪੰਜਾਬ, ਵਾਈਸ ਚੇਅਰਮੈਨ ਅਮੀ ਲਾਲ, ਵਾਈਸ ਪ੍ਰਧਾਨ ਪੰਜਾਬ ਨੱਥੂ ਰਾਮ, ਐਡਵਾਈਜ਼ਰ ਸਤਪਾਲ ਵਿਸ਼ੇਸ਼ ਤੌਰ 'ਤੇ ਪਹੁੰਚੇ।ਹਾਜ਼ਰ ਇਕੱਠ ਨੂੰ ਸੰਬੋਧਨ ਕਰਦਿਆਂ ਪ੍ਰਧਾਨ ਸ਼ਾਮ ਲਾਲ ਬਿੱਟੂ ਨੇ ਸਮਾਜ ਨੂੰ ਨਸ਼ਿਆਂ ਵਰਗੀ ਅਲਾਮਤਾਂ ਤੋਂ ਦੂਰ ਰਹਿਣ ਦੀ ਪ੍ਰੇਰਣਾ ਦਿੱਤੀ ਤੇ ਬੱਚਿਆਂ ਨੂੰ ਚੰਗੇ ਸਕੂਲਾਂ ਵਿੱਚ ਸਿੱਖਿਆ ਪ੍ਰਾਪਤ ਕਰਨ ਲਈ ਪ੍ਰੇਰਤ ਕੀਤਾ।ਇਸ ਦੌਰਾਨ ਸੰਮੇਲਨ 'ਚ ਪਹੁੰਚੀਆਂ ਸ਼ਖ਼ਸੀਅਤਾਂ ਨੂੰ ਜ਼ਿਲ੍ਹੇ ਦੇ ਆਗੂਆਂ ਵੱਲੋਂ ਸਨਮਾਨਤ ਕੀਤਾ ਗਿਆ।ਇਸ ਮੌਕੇ ਫ਼ਾਜ਼ਿਲਕਾ ਜ਼ਿਲ੍ਹੇ ਦੇ ਐਡਵਾਈਜ਼ਰ ਦੌਲਤ ਰਾਮ, ਵੇਦ ਪ੍ਰਕਾਸ਼ ਪਰਵਾਨਾ, ਚੌਧਰੀ ਰਵੀ ਕੁਮਾਰ, ਵਾਈਸ ਚੌਧਰੀ ਮੁੰਛੀ, ਚੌਧਰੀ ਰਾਜ ਕੁਮਾਰ ਗੋਹਰ, ਚੌਧਰੀ ਰਾਜ ਕੁਮਾਰ ਰੋਜੀਆ, ਜਲਾਲਾਬਾਦ ਤੋਂ ਵਾਈਸ ਚੇਅਰਮੈਨ ਪ੍ਰੇਮ ਕੁਮਾਰ ਸਾਰਵਾਨ, ਸਾਹਿਲ, ਮੁਕਤਸਰ ਤੋਂ ਚੌਧਰੀ ਚਰਨ ਦਾਸ, ਜਰਨਲ ਸੈਕਟਰੀ ਮੰਗਤ ਰਾਮ, ਬਰੀਵਾਲਾ ਤੋਂ ਚੌਧਰੀ ਬੁੱਧ ਰਾਮ, ਚੌਧਰੀ ਦੁਨੀ ਚੰਦ, ਚੌਧਰੀ ਰਾਮ ਚੰਦ, ਮੁਕਤਸਰ ਤੋਂ ਜ਼ਿਲ੍ਹਾ ਪ੍ਰਧਾਨ ਮੰਗਤ, ਫ਼ਿਰੋਜ਼ਪੁਰ ਜ਼ਿਲ੍ਹਾ ਤੋਂ ਚੇਅਰਮੈਨ ਭਗਵਾਨ ਦਾਸ, ਜ਼ਿਲ੍ਹਾ ਪ੍ਰਧਾਨ ਪੱਪੂ, ਪ੍ਰਧਾਨ ਅਸ਼ੋਕ ਕੁਮਾਰ, ਚੌਧਰੀ ਰਾਜੇਸ਼ ਖੰਨਾ, ਚੌਧਰੀ ਵਿਜੇ ਪਾਲ, ਨਿਹਾਲ ਸਿੰਘ ਵਾਲਾ ਤੋਂ ਚੌਧਰੀ ਭਜਨ ਲਾਲ, ਮੁੱਦਕੀ ਤੋਂ ਚੌਧਰੀ ਰਮੇਸ਼ ਕੁਮਾਰ, ਫ਼ਿਰੋਜ਼ਪੁਰ ਤੋਂ ਕਮਲ ਕੁਮਾਰ, ਪੰਜਾਬ ਦੇ ਕੈਸ਼ੀਅਰ ਸੁਰਜੀਤ ਕੁਮਾਰ, ਐਡਵਾਈਜ਼ਰ ਪੰਜਾਬ ਮੋਹਨ ਲਾਲ, ਚੇਅਰਮੈਨ ਪਿਆਰੇ ਲਾਲ, ਪ੍ਰਧਾਨ ਚਮਨ ਲਾਲ, ਫ਼ਰੀਦਕੋਟ ਤੋਂ ਪ੍ਰਧਾਨ ਸੁੰਦਰ ਰਾਮ, ਬਾਘਾ ਪੁਰਾਣਾ ਤੋਂ ਸੋਨੂੰ, ਪੱਪੂ ਪ੍ਰਧਾਨ, ਪ੍ਰਧਾਨ ਪਵਨ ਕੁਮਾਰ, ਜ਼ੀਰਾ ਤੋਂ ਜ਼ਿਲ੍ਹਾ ਸੈਕਟਰੀ ਰਜੇਸ਼ ਕੁਮਾਰ ਇਸ ਵਿੱਚ ਸੈਕਟਰੀ ਸੰਜੀਵ ਕੁਮਾਰ ਤੇ ਸੁਨੀਲ ਕੁਮਾਰ ਪ੍ਰਧਾਨ, ਕਾਓ ਪ੍ਰਧਾਨ, ਸੰਤਰਾਮ ਕੁਮਾਰ, ਰਾਜ ਕੁਮਾਰ ਪ੍ਰਧਾਨ, ਮੋਨੂੰ, ਵਿਕੀ ਪ੍ਰਧਾਨ, ਰਾਜ ਕੁਮਾਰ ਤੇ ਅਨੇਕਾਂ ਮੈਂਬਰ ਹਜ਼ਾਰ ਸਨ।

## 45 ਲੋਕਾਂ ਦੇ ਆਯੁਸ਼ਮਾਨ, ਆਧਾਰ ਕਾਰਡ, ਪੈਨਸ਼ਨ ਦੇ ਭਰੇ ਫਾਰਮ



**ਮੋਗਾ (ਇਕਬਾਲ ਸਿੰਘ ਖਹਿਰਾ)**-ਭਾਜਪਾ ਦੇ ਵਿਕਾਸ ਭਾਰਤ ਪ੍ਰੋਗਰਾਮ ਤਹਿਤ ਦੇਸ਼ ਭਰ ਵਿੱਚ ਪ੍ਰੋਗਰਾਮ ਚਲਾਏ ਜਾ ਰਹੇ ਹਨ ਤਾਂ ਜੋ ਲੋਕਾਂ ਨੂੰ ਕੇਂਦਰ ਸਰਕਾਰ ਦੀਆਂ ਯੋਜਨਾਵਾਂ ਦਾ ਲਾਭ ਜ਼ਮੀਨੀ ਪੱਧਰ 'ਤੇ ਮਿਲ ਸਕੇ।ਇਸੇ ਲੜੀ ਵਿੱਚ ਭਾਜਪਾ ਜ਼ਿਲ੍ਹਾ ਪ੍ਰਧਾਨ ਡਾ. ਸੀਮਾਂਤ ਗਰਗ ਦੇ ਨਿਰਦੇਸ਼ਾਂ 'ਤੇ ਭਾਜਪਾ ਦੇ ਜ਼ਿਲ੍ਹਾ ਦਫ਼ਤਰ ਵੱਲੋਂ ਮੰਡਲ ਪ੍ਰਧਾਨ ਭੁਪਿੰਦਰ ਹੈਪੀ ਦੀ ਅਗਵਾਈ ਹੇਠ ਇੱਕ ਕੈਂਪ ਲਗਾਇਆ ਗਿਆ ਤਾਂ ਜੋ ਸਾਧਾ ਵਾਲੀ ਬਸਤੀ, ਗਿੱਲ ਰੋਡ, ਲਾਲ ਸਿੰਘ ਰੋਡ ਦੇ ਲੋਕਾਂ ਨੂੰ ਕੇਂਦਰ ਸਰਕਾਰ ਦੀਆਂ ਯੋਜਨਾਵਾਂ ਦਾ ਲਾਭ ਦਿੱਤਾ ਜਾ ਸਕੇ।ਇਸ ਕੈਂਪ ਵਿੱਚ ਲਗਭਗ 45 ਲੋਕਾਂ ਨੂੰ ਆਧਾਰ ਕਾਰਡ, ਉੱਜਵਲਾ ਯੋਜਨਾ, ਆਯੁਸ਼ਮਾਨ ਕਾਰਡ, ਪੈਨਸ਼ਨ, ਪ੍ਰਧਾਨ ਮੰਤਰੀ ਆਵਾਸ ਯੋਜਨਾ ਦੇ ਲਾਭ ਪ੍ਰਦਾਨ ਕਰਨ ਲਈ ਲਾਭਪਾਤਰੀ ਫਾਰਮ ਭਰੇ ਗਏ।ਇਸ ਮੌਕੇ ਮੰਡਲ ਪ੍ਰਧਾਨ ਭੁਪਿੰਦਰ ਹੈਪੀ ਤੋਂ ਇਲਾਵਾ ਓਬੀਸੀ ਮੋਰਚਾ ਪ੍ਰਧਾਨ ਸੁਰਿੰਦਰ ਸਿੰਘ ਛਿੰਦਾ, ਸਤਨਾਮ ਸਿੰਘ, ਨਿਰਮਲ ਸਿੰਘ, ਡਾ. ਦੀਪੇਂਦਰ ਸਿੰਘ, ਵੀਰਪਾਲ ਕੌਰ, ਮਹਿਕ, ਸੁੱਖਾ ਸਿੰਘ, ਦਵਿੰਦਰ ਸਿੰਘ ਉਪ ਪ੍ਰਧਾਨ, ਸੁਰਿੰਦਰ ਪੁਰੀ, ਸਮਿੱਤਰ ਸਿੰਘ ਜਨਰਲ ਸਕੱਤਰ, ਲਾਲੀ ਸ਼ਰਮਾ ਆਦਿ ਮੌਜੂਦ ਸਨ।ਉਪਰੋਕਤ ਭਾਜਪਾ ਅਹੁਦੇਦਾਰਾਂ ਨੇ ਕਿਹਾ ਕਿ ਗਰੀਬ ਬਸਤੀਆਂ ਵਿੱਚ ਰਹਿਣ ਵਾਲੇ ਲੋਕ ਅਜੇ ਵੀ ਕੇਂਦਰ ਸਰਕਾਰ ਦੀਆਂ ਯੋਜਨਾਵਾਂ ਤੋਂ ਵਾਂਝੇ ਹਨ।ਇਸ ਲਈ ਭਾਜਪਾ ਨੇ ਵਿਕਾਸ ਭਾਰਤ ਪ੍ਰੋਗਰਾਮ ਸ਼ੁਰੂ ਕੀਤਾ ਹੈ, ਜਿਸ ਤਹਿਤ ਮੰਡਲ ਪ੍ਰਧਾਨ ਪਿੰਡਾਂ ਤੇ ਸ਼ਹਿਰਾਂ ਵਿੱਚ ਕੈਂਪ ਲਗਾ ਕੇ ਬੂਥ ਪੱਧਰ 'ਤੇ ਲੋਕਾਂ ਨੂੰ ਕੇਂਦਰ ਸਰਕਾਰ ਦੀਆਂ ਸਹੂਲਤਾਂ ਪ੍ਰਦਾਨ ਕਰ ਰਹੇ ਹਨ ਅਤੇ ਉਨ੍ਹਾਂ ਨੂੰ ਕੇਂਦਰੀ ਯੋਜਨਾਵਾਂ ਦਾ ਲਾਭ ਪ੍ਰਦਾਨ ਕਰਨ ਲਈ ਫਾਰਮ ਭਰੇ ਜਾ ਰਹੇ ਹਨ, ਤਾਂ ਜੋ ਇਹ ਲੋਕ ਕੇਂਦਰ ਸਰਕਾਰ ਦੀਆਂ ਯੋਜਨਾਵਾਂ ਦਾ ਲਾਭ ਲੈ ਸਕਣ।ਉਨ੍ਹਾਂ ਕਿਹਾ ਕਿ ਮੋਗਾ ਸ਼ਹਿਰ ਵਿੱਚ, ਸਾਰੇ ਮੰਡਲ ਵੱਖ-ਵੱਖ ਸਮੇਂ 'ਤੇ ਬੂਥ ਪੱਧਰ 'ਤੇ ਲੋਕਾਂ ਨੂੰ ਕੇਂਦਰ ਸਰਕਾਰ ਦੀਆਂ ਯੋਜਨਾਵਾਂ ਦਾ ਲਾਭ ਪ੍ਰਦਾਨ ਕਰਨ ਲਈ ਕੰਮ ਕਰ ਰਹੇ ਹਨ।ਉਨ੍ਹਾਂ ਕਿਹਾ ਕਿ ਭਾਜਪਾ ਦੇ ਜ਼ਿਲ੍ਹਾ ਦਫ਼ਤਰ ਵਿੱਚ ਵੀ ਵਾਂਝੇ ਲੋਕਾਂ ਨੂੰ ਕੇਂਦਰ ਸਰਕਾਰ ਦੀਆਂ ਯੋਜਨਾਵਾਂ ਦਾ ਲਾਭ ਪ੍ਰਦਾਨ ਕਰਨ ਲਈ ਹਰ ਤਰ੍ਹਾਂ ਦੀਆਂ ਸਹੂਲਤਾਂ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ।

## ਤਿੰਨ ਮੋਟਰਸਾਈਕਲ ਸਮੇਤ ਦੋ ਕਾਬੂ

**ਫਿਲੌਰ (ਨਿਰਮਲ)**- ਬਿਲਗਾ ਪੁਲਸ ਦੇ ਏ.ਐਸ.ਆਈ ਵਿਜੇ ਕੁਮਾਰ ਨੇ ਪੱਤਰਕਾਰਾ ਨੂੰ ਦੱਸਿਆ ਕਿ ਮਨਪ੍ਰੀਤ ਸਿੰਘ ਉਰਫ਼ ਮਨੀ ਪੁੱਤਰ ਬਲਵੀਰ ਸਿੰਘ ਅਤੇ ਲਲਿਤ ਕੁਮਾਰ ਉਰਫ਼ ਲੱਲੀ ਪੁੱਤਰ ਜੋਗਿੰਦਰ ਪਾਲ ਵਾਸੀ ਪੱਤੀ ਨੀਲੋਵਾਲ ਥਾਣਾ ਬਿਲਗਾ (ਫਿਲੌਰ) ਕੋਲੋਂ ਚੋਰੀ ਕੀਤਾ ਹੋਇਆ ਮੋਟਰਸਾਈਕਲ ਸਪਲੈਂਡਰ ਬਰਾਮਦ ਕੀਤਾ ਹੈ। ਜਦੋਂ ਇਨ੍ਹਾਂ ਤੋਂ ਹੋਰ ਡੂੰਘਾਈ ਨਾਲ ਪੁੱਛ ਪੜਤਾਲ ਕੀਤੀ ਤਾਂ ਹੋਰ ਦੋ ਮੋਟਰਸਾਈਕਲ ਚੋਰੀ ਕੀਤੇ ਹੋਏ ਬਰਾਮਦ ਹੋਏ। ਜਿਸ ਵਿੱਚ ਇੱਕ ਮੋਟਰਸਾਈਕਲ ਗੁੜ ਮੰਡੀ (ਲੁਧਿਆਣਾ) ਤੋਂ ਅਤੇ ਇੱਕ ਬਿਲਗਾ ਤੋਂ ਚੋਰੀ ਕੀਤਾ ਹੋਇਆ ਸੀ। ਉਨ੍ਹਾਂ ਅੱਗੇ ਦੱਸਿਆ ਕਿ ਇਹ ਦੋਨੋਂ ਵਿਅਕਤੀ ਨਸ਼ੇ ਦੇ ਆਦੀ ਹਨ। ਇਨ੍ਹਾਂ ਖਿਲਾਫ਼ ਥਾਣਾ ਬਿਲਗਾ ਵਿੱਚ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਜਾਰੀ ਹੈ।



## ਆਰ ਬੀ ਯੂ ਵੱਲੋਂ 25 ਕਰੋੜ ਰੁਪਏ ਦੀਆਂ ਸਕਾਲਰਸ਼ਿਪਾਂ ਦਾ ਐਲਾਨ




**ਚੰਡੀਗੜ੍ਹ (ਗੁਰਜੀਤ ਬਿੱਲਾ)** ਰਿਆਤ ਬਾਹਰਾ ਯੂਨੀਵਰਸਿਟੀ ਨੇ ਇਸ ਸਾਲ ਹੋਣਹਾਰ ਅਤੇ ਲੋੜਵੰਦ ਵਿਦਿਆਰਥੀਆਂ ਨੂੰ 25 ਕਰੋੜ ਰੁਪਏ ਦੇ ਵਜੀਫੇ ਦੇਣ ਦਾ ਫੈਸਲਾ ਕੀਤਾ ਹੈ। ਯੂਨੀਵਰਸਿਟੀ ਦੇ ਚਾਂਸਲਰ ਗੁਰਵਿੰਦਰ ਸਿੰਘ ਬਾਹਰਾ ਨੇ ਕਿਹਾ ਕਿ ਕਾਰਪੋਰੇਟ ਸਮਾਜਿਕ ਜ਼ਿੰਮੇਵਾਰੀ ਦੇ ਤਹਿਤ ਰਿਆਤ ਬਾਹਰਾ ਯੂਨੀਵਰਸਿਟੀ ਇੰਜੀਨੀਅਰਿੰਗ, ਮੈਨੇਜਮੈਂਟ, ਫਾਰਮਾਸਿਊਟੀਕਲ ਸਾਇੰਸਜ, ਐਜੂਕੇਸ਼ਨ , ਸਮਾਜਿਕ ਵਿਗਿਆਨ, ਬੁਨਿਆਦੀ ਵਿਗਿਆਨ, ਮੈਡੀਕਲ ਅਤੇ ਸਹਾਇਕ ਵਿਗਿਆਨ, ਏਅਰਲਾਈਨਜ ਅਤੇ ਸੈਰ-ਸਪਾਟਾ, ਲਾਅ ਅਤੇ ਡੈਂਟਲ ਦੇ ਖੇਤਰ ਵਿੱਚ ਹੋਣਹਾਰ, ਯੋਗ ਅਤੇ ਲੋੜਵੰਦ ਵਿਦਿਆਰਥੀਆਂ ਨੂੰ 25 ਕਰੋੜ ਰੁਪਏ ਤੱਕ ਦੀ ਵਿੱਤੀ ਸਹਾਇਤਾ (ਸਕਾਲਰਸ਼ਿਪ) ਦੀ ਪੇਸ਼ਕਸ਼ ਕੀਤੀ ਹੈ। ਯੋਗਤਾ ਮਾਪਦੰਡਾਂ ਦੀ ਵਿਆਖਿਆ ਕਰਦੇ ਹੋਏ, ਉਨ੍ਹਾਂ ਨੇ ਕਿਹਾ ਕਿ ਅੰਡਰਗ੍ਰੈਜੁਏਟ ਪ੍ਰੋਗਰਾਮਾਂ ਲਈ ਉਮੀਦਵਾਰਾਂ ਨੇ ਆਪਣੀ 12ਵੀਂ ਜਮਾਤ (ਜਾਂ ਇਸ ਦੇ ਬਰਾਬਰ) ਦੀ ਪ੍ਰੀਖਿਆ ਪੂਰੀ ਕੀਤੀ ਹੋਣੀ ਚਾਹੀਦੀ ਹੈ ਜਾਂ ਦੇ ਰਹੇ ਹੋਣੇ ਚਾਹੀਦੇ ਹਨ। ਪ੍ਰੋਗਰਾਮ ਦੀ ਯੋਗਤਾ ਦੇ ਅਨੁਸਾਰ ਘੱਟੋ-ਘੱਟ ਕੁੱਲ ਪ੍ਰਤੀਸ਼ਤ ਅੰਕਾਂ ਦੀ ਲੋੜ ਹੋਵੇਗੀ। ਜਦਕਿ ਪੋਸਟ ਗ੍ਰੈਜੂਏਟ ਪ੍ਰੋਗਰਾਮਾਂ ਲਈ ਉਮੀਦਵਾਰਾਂ ਕੋਲ ਗ੍ਰੈਜੂਏਟ ਡਿਗਰੀ ਹੋਣੀ ਚਾਹੀਦੀ ਹੈ ਜਾਂ ਉਹ ਆਪਣੇ ਬੈਚਲਰ ਪ੍ਰੋਗਰਾਮ ਦੇ ਆਖਰੀ ਸਾਲ ਵਿੱਚ ਹੋਣੇ ਚਾਹੀਦੇ ਹਨ। ਡਿਪਲੋਮਾ ਪ੍ਰੋਗਰਾਮਾਂ ਲਈ ਉਮੀਦਵਾਰਾਂ ਨੇ 10ਵੀਂ ਜਮਾਤ ਜਾਂ ਇਸ ਦੇ ਬਰਾਬਰ ਯੋਗਤਾਵਾਂ ਪਾਸ ਕੀਤੀਆਂ ਹੋਣ। ਅੰਤਰਰਾਸ਼ਟਰੀ ਵਿਦਿਆਰਥੀਆਂ ਲਈ ਇਹ ਟੈਸਟ ਹੋਰ ਦੇਸ਼ਾਂ ਦੇ ਉਹ ਉਮੀਦਵਾਰ ਭੀ ਭਰ ਸਕਦੇ ਹਨ, ਜਿਨ੍ਹਾਂ ਕੋਲ ਬਰਾਬਰ ਯੋਗਤਾਵਾਂ ਹਨ। ਇਸ ਮੌਕੇ ਰਿਆਤ ਬਾਹਰਾ ਗਰੁੱਪ ਦੇ ਵਾਈਸ ਚੇਅਰਮੈਨ ਗੁਰਿੰਦਰ ਸਿੰਘ ਬਾਹਰਾ ,ਪ੍ਰੋ ਵਾਈਸ ਚਾਂਸਲਰ ਡਾ: ਸਤੀਸ਼ ਕੁਮਾਰ ਬੰਸਲ , ਰਜਿਸਟਰਾਰ ਡਾ. ਗੁਰਦਰਸਨ ਸਿੰਘ ਬਰਾੜ ,ਪੰਕਜ ਵਰਮਾ (ਵੀ .ਪੀ ) ਅਤੇ ਹੋਰ ਉੱਚ ਅਧਿਕਾਰੀ ਮੌਜੂਦ ਸਨ ।

## ਮੁਸਲਿਮ ਭਾਈਚਾਰੇ ਨੇ ਅਦਾ ਕੀਤੀ ਈਦ ਦੀ ਨਮਾਜ਼

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)** ਮਦੀਨਾ ਮਸਜਿਦ ਪਿੰਡ ਲੱਖਪੁਰ ਵਿਖੇ ਈਦ ਉਪ ਅਜਹਾ ਦਾ ਪਵਿੱਤਰ ਤਿਉਹਾਰ ਹਰ ਸਾਲ ਦੀ ਤਰ੍ਹਾਂ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਮੌਲਵੀ ਹਾਫਿਜ ਅਬੁਦਲ ਕਦੀਰ ਦੀ ਅਗਵਾਈ ਹੇਠ ਸਮੂਹ ਮੁਸਲਿਮ ਭਾਈਚਾਰੇ ਨੇ ਈਦ ਦੀ ਨਮਾਜ ਅਦਾ ਕੀਤੀ। ਮੌਲਵੀ ਨੇ ਕਿਹਾ ਕਿ ਈਦ ਉੱਲ ਅਜਹਾ ਨਾ ਸਿਰਫ ਹਜਰਤ ਇਬਰਾਹੀਮ ਆਲੇ ਸਲਾਮ ਅਤੇ ਹਜਰਤ ਇਸਮਾਇਲ ਆਲੇ ਸਲਾਮ ਦੀ ਅਜੀਮ ਕੁਰਬਾਨੀ ਦੀ ਯਾਦਗਾਰ ਹੈ ਬਲਕਿ ਮੁਸਲਮਾਨਾਂ ਨੂੰ ਜਜਬਾ ਏ ਕੁਰਬਾਨੀ ਆਪਣੇ ਅੰਦਰ ਪੈਦਾ ਕਰਨ ਦਾ ਸਬਕ ਦਿੰਦਾ ਹੈ। ਉਹਨਾਂ ਨੇ ਦੁਆ ਕਰਦਿਆਂ ਕਿਹਾ ਕਿ ਦੁਨੀਆ ਨੂੰ ਹਰ ਮੁਸ਼ਕਿਲ ਤੋਂ ਰਾਹਤ ਮਿਲੇ ਅਤੇ ਦੇਸ਼ ਵਿੱਚ ਅਮਨ ਸ਼ਾਂਤੀ ਕਾਇਮ ਰਹੇ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਪਹੁੰਚੇ ਐਸ.ਐਚ.ਓ. ਰਾਵਲਪਿੰਡੀ ਮੇਜਰ ਸਿੰਘ ਨੇ ਸਮੂਹ ਮੁਸਲਿਮ ਭਾਈਚਾਰੇ ਨੂੰ ਈਦ ਮੁਬਾਰਕ ਕਹੀ ਅਤੇ ਪੁਰਜੋਰ ਅਪੀਲ ਕੀਤੀ ਕਿ ਉਹ ਨੇਕੀ ਦੇ ਰਸਤੇ 'ਤੇ ਚੱਲਦੇ ਹੋਏ ਦੇਸ਼ ਅਤੇ ਸਮਾਜ ਦੀ ਏਕਤਾ ਤੇ ਤੱਰਕੀ ਵਿਚ ਆਪਣਾ ਯੋਗਦਾਨ ਪਾਉਣ। ਇਸ ਦੌਰਾਨ ਮੁਸਲਿਮ ਭਾਈਚਾਰੇ ਨੇ ਆਪਸ ਵਿਚ ਗਲੇ ਮਿਲ ਕੇ ਇਕ ਦੂਸਰੇ ਨੂੰ ਈਦ ਦੀ ਮੁਬਾਰਕਬਾਦ ਦਿੱਤੀ। ਇਸ ਮੌਕੇ ਮੁਹੰਮਦ ਰਫੀ, ਯੂਨੁਸ ਖਾਨ, ਮੁਹੰਮਦ ਆਰਿਫ, ਸਲਮਾਨ ਖਾਨ, ਮੁਹੰਮਦ ਮੁਖਤਿਆਰ, ਮੁਹੰਮਦ ਸ਼ਰੀਫ, ਰਫੀਕ ਮੁਹੰਮਦ, ਪ੍ਰੇਮ ਮੁਹੰਮਦ, ਸੁਹੇਲ ਮਲਿਕ, ਰਿਹਾਣ ਮਲਿਕ, ਸਾਹਿਲ ਮਲਿਕ ਆਦਿ ਹਾਜਰ ਸਨ।



## ਜਾਂਚ ਡਾਇਰੈਕਟੋਰੇਟ ਵੱਲੋਂ ਵਿਧਾਨ ਸਭਾ ਉਪ ਚੋਣਾਂ 'ਚ ਕਾਲੇ ਧਨ ਦੀ ਵਰਤੋਂ ਨੂੰ ਰੋਕਣ ਲਈ ਪੁਖਤਾ ਪ੍ਰਬੰਧ

**ਜਲੰਧਰ (ਸ਼ੈਲੀ ਐਲਬਰਟ)**- ਭਾਰਤੀ ਚੋਣ ਕਮਿਸ਼ਨ ਦੇ ਹੁਕਮਾਂ ਤਹਿਤ ਆਮਦਨ ਕਰ ਵਿਭਾਗ ਦੇ ਜਾਂਚ ਡਾਇਰੈਕਟੋਰੇਟ ਨੇ ਆਗਾਮੀ ਵਿਧਾਨ ਸਭਾ ਉਪ ਚੋਣਾਂ 2025 (64-ਲੁਧਿਆਣਾ ਪੱਛਮੀ) ਵਿੱਚ ਕਾਲੇ ਧਨ ਦੀ ਵਰਤੋਂ ਨੂੰ ਰੋਕਣ ਲਈ ਪੁਖਤਾ ਪ੍ਰਬੰਧ ਕੀਤੇ ਹਨ। ਇੰਸਪੈਕਟਰ ਇਨਕਮ ਟੈਕਸ ਇਨਵੈਸਟੀਗੇਸ਼ਨ ਵਿੰਗ ਜਲੰਧਰ ਮਨਵਿੰਦਰਬੀਰ ਸਿੰਘ ਅਸੀਜਾ ਨੇ ਦੱਸਿਆ ਕਿ ਇਸ ਸਬੰਧ ਵਿੱਚ ਜਾਣਕਾਰੀ/ਸ਼ਿਕਾਇਤਾਂ ਪ੍ਰਾਪਤ ਕਰਨ ਲਈ ਪੰਜਾਬ ਰਾਜ ਲਈ ਇਨਕਮ ਟੈਕਸ ਦਫਤਰ, ਜਲੰਧਰ ਵਿਖੇ ਇੱਕ ਟੋਲ-ਫ੍ਰੀ ਨੰਬਰ (1800-180-2141) ਅਤੇ ਇੱਕ ਵਟਸਐਪ ਨੰਬਰ (758916-6713) ਵਾਲਾ ਕੰਟਰੋਲ ਰੂਮ ਸਥਾਪਤ ਕੀਤਾ ਗਿਆ ਹੈ, ਜੋ ਕਿ 24 ਘੰਟੇ ਕੰਮ ਕਰਦਾ ਹੈ। ਲੋਕਾਂ ਨੂੰ ਇਸ ਨੰਬਰ 'ਤੇ ਕਾਲ ਕਰਨ ਅਤੇ ਚੋਣ ਪ੍ਰਕਿਰਿਆ ਨੂੰ ਗਲਤ ਢੰਗ ਨਾਲ ਪ੍ਰਭਾਵਿਤ ਕਰਨ ਲਈ ਵਰਤੇ ਜਾਂਦੀ ਨਕਦੀ ਜਾਂ ਹੋਰ ਕੀਮਤੀ ਚੀਜ਼ਾਂ ਨਾਲ ਸਬੰਧਤ ਖਾਸ ਜਾਣਕਾਰੀ ਦੇਣ ਲਈ ਉਤਸ਼ਾਹਿਤ ਕੀਤਾ ਜਾਂਦਾ ਹੈ। ਉਨ੍ਹਾਂ ਦੱਸਿਆ ਕਿ ਕਾਲ ਕਰਨ ਵਾਲਿਆਂ ਦੀ ਪਛਾਣ ਗੁਪਤ ਰੱਖੀ ਜਾਵੇਗੀ। ਜ਼ਿਲ੍ਹੇ ਵਿੱਚ ਉਪ ਚੋਣ ਸਬੰਧੀ ਸ਼ਿਕਾਇਤਾਂ ਦੇ ਨਿਪਟਾਰੇ ਲਈ ਅਧਿਕਾਰੀਆਂ ਅਤੇ ਇੰਸਪੈਕਟਰਾਂ ਦੀਆਂ ਟੀਮਾਂ ਤਾਇਨਾਤ ਕੀਤੀਆਂ ਗਈਆਂ ਹਨ। ਸੂਚਨਾ ਦੀ ਪ੍ਰਮਾਣਿਕਤਾ ਦੇ ਆਧਾਰ 'ਤੇ ਅਤੇ ਜਾਂਚ ਤੋਂ ਬਾਅਦ ਕਾਨੂੰਨ ਅਨੁਸਾਰ ਢੁਕਵੇਂ ਮਾਮਲਿਆਂ 'ਚ ਨਕਦੀ ਆਦਿ ਜਬਤ ਕਰਨ ਦੀ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਏਅਰ ਇੰਟੈਲੀਜੈਂਸ ਯੂਨਿਟ ਪੰਜਾਬ ਰਾਜ ਦੇ ਸਾਰੇ ਹਵਾਈ ਅੱਡਿਆਂ ਦੇ ਨਾਲ-ਨਾਲ ਰਾਜ ਲਈ ਵਪਾਰਕ ਉਡਾਨਾਂ ਦੀ ਸੇਵਾ ਕਰਨ ਵਾਲੇ ਹਵਾਈ ਅੱਡਿਆਂ 'ਤੇ ਕਾਰਜਸ਼ੀਲ ਹੈ। ਇਹ ਯੂਨਿਟ ਹਵਾਈ ਮਾਰਗ ਰਾਹੀਂ ਨਕਦੀ ਦੀ ਆਵਾਜਾਈ 'ਤੇ ਤਿੱਖੀ ਨਜਰ ਰੱਖ ਰਹੇ ਹਨ। ਇਸੇ ਤਰ੍ਹਾਂ ਰੇਲਵੇ ਰਾਹੀਂ ਨਕਦੀ ਆਦਿ ਦੀ ਆਵਾਜਾਈ 'ਤੇ ਵੀ ਰੇਲਵੇ ਅਧਿਕਾਰੀਆਂ ਨਾਲ ਤਾਲਮੇਲ ਕਰਕੇ ਨਿਗਰਾਨੀ ਰੱਖੀ ਜਾ ਰਹੀ ਹੈ। ਬੈਂਕ ਖਾਤਿਆਂ ਤੋਂ ਇੱਕ ਨਿਸਚਿਤ ਸੀਮਾ ਤੋਂ ਵੱਧ ਨਕਦੀ ਕਢਵਾਉਣ ਨਾਲ ਸਬੰਧਤ ਜਾਣਕਾਰੀ ਪ੍ਰਾਪਤ ਕੀਤੀ ਜਾ ਰਹੀ ਹੈ । ਡਾਇਰੈਕਟੋਰੇਟ ਉਮੀਦਵਾਰਾਂ ਦੀਆਂ ਜਾਇਦਾਦਾਂ ਅਤੇ ਦੇਣਦਾਰੀਆਂ ਨੂੰ ਘੋਸ਼ਿਤ ਕਰਨ ਵਾਲੇ ਹਲਫਨਾਮਿਆਂ ਦੀ ਵੀ ਜਾਂਚ ਕਰੇਗਾ । ਜੇਕਰ ਉਮੀਦਵਾਰਾਂ ਵੱਲੋਂ ਚੋਣ ਖਰਚੇ ਸਬੰਧੀ ਕੋਈ ਇਤਰਾਜ਼ਯੋਗ ਜਾਣਕਾਰੀ ਇਕੱਠੀ ਕੀਤੀ ਜਾਂਦੀ ਹੈ ਤਾਂ ਉਸ ਦੀ ਸੂਚਨਾ ਚੋਣ ਕਮਿਸਨ ਨੂੰ ਵੀ ਦਿੱਤੀ ਜਾਵੇਗੀ।

## ਛੇਵੇਂ ਤਨਖਾਹ ਕਮਿਸ਼ਨ ਦੀਆਂ ਸਿਫਾਰਸ਼ਾਂ ਲਾਗੂ ਕਰਨ ਲਈ ਬੈਂਸ ਦਾ ਸਨਮਾਨ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਨਾਨ ਟੀਚਿੰਗ ਇੰਪਲਾਈਜ਼ ਯੂਨੀਅਨ ਪੰਜਾਬ ਵੱਲੋਂ ਛੇਵੇਂ ਤਨਖਾਹ ਕਮਿਸ਼ਨ ਦੀਆਂ ਸਿਫਾਰਸ਼ਾਂ ਲਾਗੂ ਕਰਨ ਲਈ ਹਰਜੋਤ ਸਿੰਘ ਬੈਂਸ ਉਚੇਰੀ ਸਿੱਖਿਆ ਮੰਤਰੀ ਪੰਜਾਬ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਚਿਰਾਂ ਤੋਂ ਲਟਕਦੀ ਆ ਰਹੀ ਨਾਨ ਟੀਚਿੰਗ ਇੰਪਲਾਈਜ਼ ਯੂਨੀਅਨ ਦੀ ਮੰਗ ਨੂੰ ਆਖ਼ਰ ਹਰਜੋਤ ਸਿੰਘ ਬੈਂਸ ਦੀਆਂ ਹਦਾਇਤਾਂ ਸਦਕਾ ਬੂਰ ਪਿਆ ਸੀ। ਇਸ ਮੌਕੇ ਨਾਨ ਟੀਚਿੰਗ ਇੰਪਲਾਈਜ਼ ਯੂਨੀਅਨ ਪੰਜਾਬ ਦੇ ਜਨਰਲ ਸਕੱਤਰ ਅਤੇ ਜਥੇਬੰਦਕ ਸਕੱਤਰ ਪ੍ਰੇਮ ਸਿੰਘ ਸੁਪ੍ਰਿੰਟੈਂਡੈਂਟ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਅਨੰਦਪੁਰ ਸਾਹਿਬ ਨੇ ਸਾਂਝੇ ਤੌਰ 'ਤੇ ਦੱਸਿਆ ਕਿ ਇਸ ਤੋਂ ਪਹਿਲਾਂ ਕਾਂਗਰਸ ਸਰਕਾਰ ਵੇਲੇ ਵੀ ਅਸੀਂ ਸਰਕਾਰ ਤੋਂ ਮੰਗ ਕਰਦੇ ਰਹੇ ਸੀ ਕਿ ਇਨ੍ਹਾਂ ਹਦਾਇਤਾਂ ਨੂੰ ਲਾਗੂ ਕੀਤਾ ਜਾਵੇ ਪਰ ਉਸ ਵੇਲੇ ਕਾਂਗਰਸ ਸਰਕਾਰ ਦੇ ਕੰਨਾਂ 'ਤੇ ਜੂੰ ਨਹੀਂ ਸਰਕੀ, ਪਰ ਜਦੋਂ ਸੂਬੇ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬਣੀ ਤਾਂ ਸਾਡੀ ਜਥੇਬੰਦੀ ਨੂੰ ਆਸ ਦੀ ਕਿਰਨ ਜਾਗੀ ਅਸੀਂ ਜਦੋਂ ਵੀ ਮਾਨਯੋਗ ਉਚੇਰੀ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਤੋਂ ਜਦੋਂ ਵੀ ਮੀਟਿੰਗ ਲਈ ਸਮਾਂ ਮੰਗਿਆ ਉਨ੍ਹਾਂ ਤੁਰੰਤ ਸਾਨੂੰ ਸਮਾਂ ਦਿੱਤਾ ਅਤੇ ਹਰ ਵਾਰ ਸਾਡੀ ਗੱਲ ਨੂੰ ਧਿਆਨ ਨਾਲ ਸੁਣਿਆ ਅਤੇ ਸਮੇਂ ਸਮੇਂ ਅਧਿਕਾਰੀਆਂ ਨੂੰ ਦਿਸ਼ਾ ਨਿਰਦੇਸ਼ ਜਾਰੀ ਕੀਤੇ। ਜਦੋਂ ਸਾਨੂੰ ਇਨ੍ਹਾਂ ਸੋਧੀਆਂ ਦਰਾਂ 'ਤੇ ਤਨਖਾਹ ਮਿਲਣ ਲੱਗੀ ਤਾਂ ਅਸੀਂ ਆਪਣਾ ਫਰਜ਼ ਸਮਝਦੇ ਹੋਏ ਆਪਣੇ ਹਰਮਨ ਪਿਆਰੇ ਆਗੂ ਨੂੰ ਸਨਮਾਨਤ ਕਰਨ ਨੂੰ ਤਰਜੀਹ ਦਿੱਤੀ। ਉਨ੍ਹਾਂ ਦੱਸਿਆ ਇਸ ਕਾਰਜ ਲਈ ਬਚਿੱਤਰ ਸਿੰਘ ਬੈਂਸ ਦਾ ਵਿਸ਼ੇਸ਼ ਯੋਗਦਾਨ ਰਿਹਾ। ਇਸ ਮੌਕੇ ਵੱਖ ਵੱਖ ਆਗੂ ਸਾਹਿਬ ਵੱਖ ਵੱਖ ਕਾਲਜਾਂ ਤੋਂ ਹਾਜ਼ਰ ਹੋਏ। ਹੋਰਨਾਂ ਤੋਂ ਇਲਾਵਾ ਸਾਬਕਾ ਪ੍ਰਧਾਨ ਪੰਜਾਬ ਰਾਜੀਵ ਸ਼ਰਮਾ, ਪ੍ਰਧਾਨ ਸਵਿੰਦਰ ਸਿੰਘ ਗੋਲਾ, ਸਕੱਤਰ ਜਗਦੀਪ ਸਿੰਘ (ਡੀ ਏ ਵੀ ਕਾਲਜ ਜਗਰਾਉਂ) , ਦੀਪਕ ਸ਼ਰਮਾ, ਸੁਨੀਲ ਕੁਮਾਰ, ਹਰਿੰਦਰ ਸਿੰਘ, ਅਮਰੀਕ ਸਿੰਘ, ਅਮਰਿੰਦਰ ਸਿੰਘ, ਸੁਖਚੈਨ ਸਿੰਘ, ਗੌਰਵ ਕੁਮਾਰ, ਰਵੀ ਵਸ਼ਿਸ਼ਟ ਅਤੇ ਗੁਰੂ ਤੇਗ ਬਹਾਦਰ ਕਾਲਜ ਆਨੰਦਪੁਰ ਸਾਹਿਬ ਤੋਂ ਜਥੇਬੰਧਕ ਸਕੱਤਰ ਸੁਪਰਡੈਂਟ ਪ੍ਰੇਮ ਸਿੰਘ ਆਦਿ ਹਾਜ਼ਰ ਸਨ।



## ਨੈਸ਼ਨਲ ਹਾਈ-ਵੇ 'ਤੇ ਪੈਚਵਰਕ ਦਾ ਕੰਮ ਜਾਰੀ : ਅਰੁਣ ਖੋਸਲਾ

**ਫਗਵਾੜਾ (ਜਸਵਿੰਦਰ ਢੱਡਾ, ਡਾ. ਰਮਨ)** ਸੀਨੀਅਰ ਭਾਜਪਾ ਆਗੂ ਅਤੇ ਸ਼ਹਿਰ ਦੇ ਸਾਬਕਾ ਮੇਅਰ ਅਰੁਣ ਖੋਸਲਾ ਨੇ ਦੱਸਿਆ ਕਿ ਸਾਬਕਾ ਕੇਂਦਰੀ ਮੰਤਰੀ ਸੋਮ ਪ੍ਰਕਾਸ਼ ਦੇ ਯਤਨਾਂ ਅਤੇ ਮਾਨਯੋਗ ਕੇਂਦਰੀ ਸੜਕ ਆਵਾਜਾਈ ਮੰਤਰੀ ਨਿਤਿਨ ਗਡਕਰੀ ਦੀਆਂ ਹਦਾਇਤਾਂ ਅਨੁਸਾਰ ਨੈਸ਼ਨਲ ਹਾਈਵੇ ਅਥਾਰਟੀ ਵੱਲੋਂ ਫਗਵਾੜਾ ਦੇ ਨੈਸ਼ਨਲ ਹਾਈਵੇ 'ਤੇ ਪੈਚ ਵਰਕ ਦਾ ਕੰਮ ਜੰਗੀ ਪੱਧਰ 'ਤੇ ਜਾਰੀ ਹੈ। ਜੀ.ਟੀ.ਰੋਡ ਪੁੱਲ ਦੇ ਉੱਪਰ ਅਤੇ ਹੇਠਾਂ ਦੋਵੇਂ ਪਾਸੇ ਸਰਵਿਸ ਲੇਨ 'ਤੇ ਪੈਚ ਵਰਕ ਦਾ ਕੰਮ ਆਉਂਦੇ ਬਰਸਾਤ ਦੇ ਮੌਸਮ ਨੂੰ ਧਿਆਨ 'ਚ ਰੱਖਦੇ ਹੋਏ ਕਰਵਾਇਆ ਜਾ ਰਿਹਾ ਹੈ ਤਾਂ ਰਾਹਗੀਰਾਂ ਤੇ ਵਾਹਨ ਚਾਲਕਾਂ ਨੂੰ ਕਿਸੇ ਤਰ੍ਹਾਂ ਦੀ ਮੁਸ਼ਕਲ ਨਾ ਹੋਵੇ। ਉਨ੍ਹਾਂ ਦੱਸਿਆ ਕਿ ਲਗਾਤਾਰ ਤੀਸਰੀ ਵਾਰ ਪ੍ਰਧਾਨ ਮੰਤਰੀ ਬਣੇ ਨਰਿੰਦਰ ਮੋਦੀ ਦੀ ਅਗਵਾਈ ਹੇਠ ਕੇਂਦਰ ਦੀ ਮੌਜੂਦਾ ਸਰਕਾਰ ਨੇ ਆਪਣਾ ਇਕ ਸਾਲ ਪੂਰਾ ਕਰ ਲਿਆ ਹੈ ਅਤੇ ਤੀਸਰੇ ਕਾਰਜਕਾਲ 'ਚ ਵੀ ਦੇਸ਼ ਦਾ ਵਿਕਾਸ ਜੰਗੀ ਪੱਧਰ 'ਤੇ ਜਾਰੀ ਹੈ। ਉਨ੍ਹਾਂ ਕਿਹਾ ਕਿ ਹੁਸ਼ਿਆਰਪੁਰ ਰੋਡ ਨੂੰ ਚਹੁੰ-ਮਾਰਗੀ ਕਰਨ ਦਾ ਕੰਮ ਉਸਾਰੀ ਅਧੀਨ ਹੈ ਅਤੇ ਕੇਂਦਰੀ ਰੇਲ ਮੰਤਰੀ ਅਸ਼ਵਨੀ ਵੈਸ਼ਨਵ ਦੇ ਨਿਰਦੇਸ਼ ਮੁਤਾਬਿਕ ਫਗਵਾੜਾ ਜੰਕਸ਼ਨ ਰੇਲਵੇ ਸਟੇਸ਼ਨ ਦੇ ਨਵੀਨੀਕਰਨ ਦਾ ਕੰਮ ਵੀ ਜੰਗੀ ਪੱਧਰ 'ਤੇ ਕੀਤਾ ਗਿਆ ਹੈ। ਫਗਵਾੜਾ ਦੇ ਆਲੇ-ਦੁਆਲੇ ਰਿੰਗ ਰੋਡ ਦੇ ਪ੍ਰੋਜੈਕਟ 'ਤੇ ਵੀ ਕੰਮ ਚਲ ਰਿਹਾ ਹੈ ਅਤੇ ਨਾਲ ਲੱਗਦੇ ਜਲੰਧਰ ਕੈਂਟ ਰੇਲਵੇ ਸਟੇਸ਼ਨ ਦੀ ਨੁਹਾਰ ਵੀ ਮੋਦੀ ਸਰਕਾਰ ਵਲੋਂ ਬਦਲੀ ਜਾ ਰਹੀ ਹੈ ਜਿਸ ਨਾਲ ਫਗਵਾੜਾ ਰੇਲਵੇ ਸਟੇਸ਼ਨ ਤੇ ਵਾਧੂ ਬੋਝ ਘਟੇਗਾ, ਕਿਉਂਕਿ ਐਲ.ਪੀ.ਯੂ. ਦੇ ਹਜਾਰਾਂ ਵਿਦਿਆਰਥੀ ਜਲੰਧਰ ਕੈਂਟ ਰੇਲਵੇ ਸਟੇਸ਼ਨ ਤੋਂ ਗੱਡੀ 'ਚ ਸਵਾਰ ਹੋ ਕੇ ਦੂਸਰੇ ਰਾਜਾਂ 'ਚ ਜਾ ਸਕਣਗੇ। ਇਸ ਮੌਕੇ ਉਹਨਾਂ ਦੇ ਨਾਲ ਸਾਬਕਾ ਕੌਂਸਲਰ ਰਾਜਕੁਮਾਰ ਗੁਪਤਾ ਵੀ ਹਾਜਰ ਸਨ।



## ਈਦ-ਉਲ-ਅਜ਼ਹਾ ਕੁਰਬਾਨੀ ਤੇ ਤਿਆਗ ਦਾ ਪ੍ਰਤੀਕ : ਐਡਵੋਕੇਟ ਨਈਮ ਖਾਨ

**ਜਲੰਧਰ (ਰਾਜੇਸ਼ ਥਾਪਾ)**- ਈਦ-ਉਲ-ਅਜ਼ਹਾ ਦੀ ਨਮਾਜ਼ ਮੁਸਲਿਮ ਸੈਂਟਰ ਆਫ ਪੰਜਾਬ ਗੁਲਾਬ ਦੇਵੀ ਹਸਪਤਾਲ ਰੋਡ ਜਲੰਧਰ ਵਿਖੇ ਨਈਮ ਖਾਨ ਐਡਵੋਕੇਟ ਦੀ ਪ੍ਰਧਾਨਗੀ ਹੇਠ ਖੁਸ਼ੀ ਅਤੇ ਸ਼ਰਧਾ ਨਾਲ ਅਦਾ ਕੀਤੀ ਗਈ, ਜਿਸ ਵਿੱਚ ਹਜ਼ਾਰਾਂ ਲੋਕਾਂ ਨੇ ਨਮਾਜ਼ ਅਦਾ ਕੀਤੀ। ਨਮਾਜ਼ ਦੀ ਮਸਜਿਦ ਦੇ ਇਮਾਮ ਕਾਰੀ ਅਬਦੁਲ ਸੁਭਾਨ ਵਲੋਂ ਅਦਾ ਕਰਵਾਈ ਗਈ ਅਤੇ ਉਨ੍ਹਾਂ ਨੇ ਕੁਰਬਾਨੀ ਦੀ ਮਹੱਤਤਾ ਬਾਰੇ ਦੱਸਿਆ ਅਤੇ ਨਮਾਜ਼ ਅਦਾ ਕਰਨ ਤੋਂ ਬਾਅਦ ਭਾਰਤ ਦੀ ਸ਼ਾਂਤੀ, ਤਰੱਕੀ ਅਤੇ ਆਪਸੀ ਭਾਈਚਾਰੇ ਲਈ ਅਰਦਾਸ ਕੀਤੀ। ਨਈਮ ਖਾਨ ਐਡਵੋਕੇਟ ਨੇ ਕਿਹਾ ਕਿ ਈਦ-ਉਲ-ਅਜ਼ਹਾ (ਬਕਰੀਦ) ਦਾ ਤਿਉਹਾਰ ਕੁਰਬਾਨੀ ਅਤੇ ਤਿਆਗ ਦਾ ਤਿਉਹਾਰ ਹੈ ਜੋ ਸਾਨੂੰ ਤਿਆਗ ਦੀ ਭਾਵਨਾ ਸਿਖਾਉਂਦਾ ਹੈ। ਐਡਵੋਕੇਟ ਨੇ ਕਿਹਾ ਕਿ ਅੱਜ ਮੁਸਲਿਮ ਭਾਈਚਾਰੇ ਦੇ ਇੰਨੇ ਵੱਡੇ ਤਿਉਹਾਰ ਦੇ ਮੌਕੇ ਮੁਸਲਿਮ ਸੈਂਟਰ ਆਫ ਪੰਜਾਬ ਈਦਗਾਹ ਮਸਜਿਦ ਗੁਲਾਬ ਦੇਵੀ ਰੋਡ ਜਲੰਧਰ ਵਿਖੇ ਮੁਸਲਿਮ ਭਾਈਚਾਰੇ ਨੂੰ ਵਧਾਈ ਦੇਣ ਲਈ ਸਰਕਾਰ ਦੇ ਕਿਸੇ ਵੀ ਨੁਮਾਇੰਦੇ ਦਾ ਨਾ ਆਉਣਾ ਦਰਸਾਉਂਦਾ ਹੈ ਕਿ ਆਮ ਆਦਮੀ ਪਾਰਟੀ ਮੁਸਲਮਾਨਾਂ ਨੂੰ ਸਿਰਫ ਵੋਟ ਬੈਂਕ ਵਜੋਂ ਵਰਤ ਰਹੀ ਹੈ। ਇਸ ਮੌਕੇ ਸਾਬਕਾ ਵਿਧਾਇਕ ਰਜਿੰਦਰ ਬੇਰੀ , ਕਾਂਗਰਸ ਨੇਤਾ ਕਮਲ ਭੈਰੋਂ, ਸੀਨੀਅਰ ਭਾਜਪਾ ਨੇਤਾ ਅਸ਼ੋਕ ਸਰੀਨ, ਨਾਸਿਰ ਸਲਮਾਨੀ, ਸਈਅਦ ਅਲੀ, ਮੌਲਾਨਾ ਜਾਕਿਰ ਰਿਜਵੀ, ਸਿਕੰਦਰ ਸ਼ੇਖ, ਸਰਫਰਾਜ ਖਾਨ, ਅਰਮਾਨ ਸੇਖ, ਹਾਜੀ ਆਬਿਦ ਸਲਮਾਨੀ, ਕਲੀਮ ਕਾਜਮੀ, ਅਹਿਸਾਨ ਖਾਨ, ਸਈਅਦ ਨਜਰੁਲ, ਸਕੀਲ ਖਾਨ, ਬਦਰੂਲ ਖਾਨ ਆਦਿ ਮੌਜੂਦ ਸਨ।

## ਕਮਿਸ਼ਨਰ ਨਗਰ ਨਿਗਮ ਨੇ ਏਕਤਾ ਨਗਰ ਗਊਸ਼ਾਲਾ 'ਚ ਲਗਾਏ ਪੌਦੇ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਨਗਰ ਨਿਗਮ ਹੁਸ਼ਿਆਰਪੁਰ ਦੇ ਕਮਿਸ਼ਨਰ ਡਾ. ਅਮਨਦੀਪ ਕੌਰ ਨੇ ਦੱਸਿਆ ਕਿ ਵਾਤਾਵਰਣ ਨੂੰ ਸਾਫ-ਸੁਥਰਾ ਅਤੇ ਪ੍ਰਦੂਸ਼ਣ ਮੁਕਤ ਬਣਾਉਣ ਦੇ ਉਦੇਸ਼ ਨਾਲ ਏਕਤਾ ਨਗਰ ਸਥਿਤ ਗਊਸ਼ਾਲਾ ਵਿਚ ਨਗਰ ਨਿਗਮ ਵੱਲੋਂ ਕਈ ਤਰ੍ਹਾਂ ਦੇ ਪੌਦੇ ਲਗਾਏ ਗਏ। ਇਸ ਮਹੱਤਵਪੂਰਨ ਕਾਰਜ ਵਿਚ ਗੋਬਿੰਦ ਗਊਧਾਮ ਗਊ ਸੇਵਾ ਸਮਿਤੀ ਦੇ ਵੱਖ-ਵੱਖ ਪ੍ਰਤੀਨਿਧੀਆਂ ਨੇ ਪੂਰਾ ਸਹਿਯੋਗ ਦਿੰਦੇ ਹੋਏ ਇਸ ਮੁਹਿੰਮ ਵਿਚ ਸਰਗਰਮੀ ਨਾਲ ਹਿੱਸਾ ਲਿਆ। ਸਾਰਿਆਂ ਨੇ ਇਹ ਸੰਕਲਪ ਲਿਆ ਕਿ ਇਸ ਮੁਹਿੰਮ ਨੂੰ ਲਗਾਤਾਰ ਜਾਰੀ ਰੱਖਿਆ ਜਾਵੇਗਾ। ਕਮਿਸ਼ਨਰ ਨਗਰ ਨਿਗਮ ਨੇ ਕਿਹਾ ਕਿ ਗਊਸ਼ਾਲਾ ਵਿਚ ਰੁੱਖ ਲਗਾਉਣ ਨਾਲ ਜਿਥੇ ਪਸ਼ੂਆਂ ਨੂੰ ਛਾਂ ਮਿਲੇਗੀ ਉਥੇ ਇਹ ਹਰਿਆ-ਭਰਿਆ ਵਾਤਾਵਰਣ ਬਣਾਉਣ ਵਿਚ ਵੀ ਮਦਦਗਾਰ ਸਿੱਧ ਹੋਵੇਗਾ। ਡਾ. ਅਮਨਦੀਪ ਕੌਰ ਨੇ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਵਾਤਾਵਰਣ ਨੂੰ ਸਵੱਛ ਰੱਖਣ ਅਤੇ ਸ਼ਹਿਰ ਨੂੰ ਸੁੰਦਰ ਬਣਾਉਣ ਲਈ 'ਇਕ ਮਨੁੱਖ - ਇਕ ਰੁੱਖ' ਦੇ ਸੰਕਲਪ ਤਹਿਤ ਘੱਟੋ-ਘੱਟ ਇਕ ਰੁੱਖ ਲਗਾਉਣ ਅਤੇ ਉਸ ਦੀ ਰੋਜ਼ਾਨਾ ਦੇਖ-ਭਾਲ ਕਰਨ।



## ਲੁਟੇਰਿਆਂ ਨੇ ਸਬਜ਼ੀ ਵੇਚਣ ਵਾਲੇ ਨੂੰ ਲੁੱਟਿਆ

**ਫਿਲੌਰ (ਨਿਰਮਲ)**- ਬੀਤੀ ਸ਼ਾਮ ਇੱਕ ਸਬਜ਼ੀ ਵੇਚਣ ਵਾਲੇ ਤੋਂ ਤਿੰਨ ਲੁਟੇਰਿਆਂ ਨੇ ਹਜ਼ਾਰਾਂ ਦੀ ਨਗਦੀ ਤੇ ਮਹਿੰਗੇ ਭਾਅ ਦਾ ਮੋਬਾਇਲ ਖੋਹਣ ਦਾ ਸਮਾਚਾਰ ਮਿਲਿਆ ਹੈ। ਜਾਣਕਾਰੀ ਦਿੰਦਿਆਂ ਪੀੜਤ ਸ਼ਿਵ ਨਰੈਣ ਵਾਸੀ ਦਿਆਲਪੁਰ ਥਾਣਾ ਫਿਲੌਰ ਨੇ ਦੱਸਿਆ ਕਿ ਮੈਂ ਆਪਣੇ ਮੋਟਰਸਾਈਕਲ 'ਤੇ ਸਬਜ਼ੀ ਵੇਚ ਕੇ ਅੱਪਰਾ ਤੋਂ ਸੁਲਤਾਨਪੁਰ ਤੋਂ ਹੁੰਦਾ ਹੋਇਆ ਆਪਣੇ ਪਿੰਡ ਦਿਆਲਪੁਰ ਨੂੰ ਜਾ ਰਿਹਾ ਸੀ ਤਾਂ ਜਦੋਂ ਸੁਲਤਾਨਪੁਰ ਕੋਲ ਪੁੱਜਾ ਤਾਂ ਪਿੱਛੇ ਆ ਰਹੇ ਇੱਕ ਮੋਟਰਸਾਈਕਲ 'ਤੇ ਤਿੰਨ ਨੌਜਵਾਨ ਆਏ। ਉਨ੍ਹਾਂ ਨੇ ਮੂੰਹ ਲਪੇਟੇ ਹੋਏ ਸਨ। ਉਨ੍ਹਾਂ ਦਾਤਰ ਦਿਖਾ ਕੇ ਕਿਹਾ ਕਿ ਦੇ ਦੇ ਜੋ ਤੇਰੇ ਕੋਲ ਹੈ। ਮੈਂ ਨਾਂਹ ਕੀਤੀ ਤਾਂ ਉਨ੍ਹਾਂ ਦਾਤਰ ਹਵਾ 'ਚ ਲਹਿਰਾਇਆ ਤੇ ਜੇਬ੍ਹ ਵਿੱਚੋਂ ਦਸ ਹਜ਼ਾਰ ਰੁਪਏ ਨਗਦ ਅਤੇ ਮਹਿੰਗੇ ਭਾਅ ਦਾ ਮੋਬਾਇਲ ਖੋਹ ਕੇ ਫਰਾਰ ਹੋ ਗਏ।ਲੁਟੇਰਿਆਂ ਖਿਲਾਫ਼ ਰਿਪੋਰਟ ਅੱਪਰਾ ਪੁਲਸ ਚੌਕੀ ਵਿੱਚ ਦਰਜ ਕਰਵਾ ਦਿੱਤੀ ਹੈ। ਉਨ੍ਹਾਂ ਪੁਲਸ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਇਲਾਕੇ ਦੀਆਂ ਲਿੰਕ ਸੜਕਾਂ 'ਤੇ ਪੁਲਸ ਗਸ਼ਤ ਵਧਾਈ ਜਾਵੇ ਤਾਂ ਜੋ ਹਰ ਰੋਜ਼ ਹੋ ਰਹੀਆਂ ਲੁੱਟ ਖੋਹ ਦੀਆਂ ਘਟਨਾਵਾਂ ਤੋਂ ਬਚਿਆ ਜਾ ਸਕੇ। ਜੋ ਲੁੱਟ ਖੋਹ ਕਰਦੇ ਹਨ ਉਨ੍ਹਾਂ ਨੂੰ ਫੜ ਫਕੇ ਸਖ਼ਤ ਕਾਰਵਾਈ ਕੀਤੀ ਜਾਵੇ।

## ਐੱਸ ਡੀ ਕਾਲਜ 'ਚ ਵਾਤਾਵਰਣ ਦਿਵਸ ਸੰਬੰਧੀ ਗਤੀਵਿਧੀਆਂ

**ਸੁਲਤਾਨਪੁਰ ਲੋਧੀ (ਹਨੀ)**- ਐਸ ਡੀ ਕਾਲਜ ਪ੍ਰਿੰਸੀਪਲ ਡਾ. ਵੰਦਨਾ ਸ਼ੁਕਲਾ ਦੀ ਅਗਵਾਈ ਵਿਚ ਈਕੋ ਕਲੱਬ ਵੱਲੋਂ ਇੰਚਾਰਜ ਮੈਡਮ ਰਾਜਿੰਦਰ ਕੌਰ ਦੀ ਦੇਖ ਰੇਖ ਵਿਚ ਵਿਸ਼ਵ ਵਾਤਾਵਰਣ ਦਿਵਸ ਮੁਹਿੰਮ ਸੰਬੰਧੀ ਵੱਖ ਵੱਖ ਗਤੀਵਿਧੀਆਂ ਕਰਵਾਈਆਂ ਗਈਆਂ । ਇਸ ਦੌਰਾਨ ਸਲੋਗਨ ਰਾਈਟਿੰਗ ਅਤੇ ਪੋਸਟਰ ਮੇਕਿੰਗ ਪ੍ਰਤੀਯੋਗਤਾ ਕਰਵਾਈ ਗਈ। ਜਿਸ ਵਿੱਚ ਪਲਾਸਟਿਕ ਦੀ ਵਰਤੋਂ ਨਾ ਕਰਨ ਅਤੇ ਘੱਟ ਤੋਂ ਘੱਟ ਕਰਨ ਦਾ ਸੁਨੇਹਾ ਦਿੱਤਾ ਗਿਆ। ਇਸ ਦੌਰਾਨ ਵਿਦਿਆਰਥਣਾਂ, ਸਟਾਫ ਮੈਂਬਰਾਂ ਅਤੇ ਪ੍ਰਿੰਸੀਪਲ ਵੱਲੋਂ ਐਨ ਐਸ ਵਿਭਾਗ ਦੇ ਸਹਿਯੋਗ ਨਾਲ ਪਲਾਂਟੇਸਨ ਡਰਾਈਵ ਵੀ ਚਲਾਈ ਗਈ । ਜਿਸ ਤਹਿਤ ਕਾਲਜ ਕੈਂਪਸ 'ਚ ਵੱਖ-ਵੱਖ ਪੌਦੇ ਲਗਾਏ ਗਏ । ਇਸ ਤੋਂ ਇਲਾਵਾ ਲੇਖ ਰਚਨਾ ਮੁਕਾਬਲਾ ਕਰਵਾਇਆ ਗਿਆ । ਇਕ ਹੋਰ ਗਤੀਵਿਧੀ ਵੈਬਿਨਾਰ ਉੱਤੇ ਅਧਾਰਿਤ ਰਹੀ। ਜਿਸ ਵਿਚ ਸਟਾਫ ਮੈਂਬਰਾਂ ਅਤੇ ਵਿਦਿਆਰਥਣਾਂ ਨੇ ਆਨਲਾਈਨ ਘਰ ਤੋਂ ਹਾਜ਼ਰੀ ਭਰੀ। ਵੈਬਿਨਾਰ ਦਾ ਸੰਚਾਲਨ ਅਤੇ ਮੁਢਲੀ ਜਾਣਕਾਰੀ ਕਲੱਬ ਇੰਚਾਰਜ ਮੈਡਮ ਰਾਜਿੰਦਰ ਕੌਰ ਨੇ ਕੀਤੀ । ਬੀ ਕਾਮ ਭਾਗ ਦੂਜਾ ਦੀ ਵਿਦਿਆਰਥਣ ਹਰਪ੍ਰੀਤ ਕੌਰ ਨੇ ਪਰਚਾ ਪੜ੍ਹਿਆ ਅਤੇ ਪ੍ਰਿੰਸੀਪਲ ਨੇ ਪਲਾਸਟਿਕ ਪੌਲਿਊਸ਼ਨ ਘਟਾਉਣ ਲਈ ਜੀਵਨਸ਼ੈਲੀ ਵਿੱਚ ਤਬਦੀਲੀ ਲਿਆਉਣ ਲਈ ਜ਼ੋਰ ਦਿੱਤਾ । ਆਖਰੀ ਗਤੀਵਿਧੀ ਦੇ ਸੰਬੰਧ ਵਿੱਚ ਵਿਦਿਆਰਥਣਾਂ ਨੂੰ ਵਾਤਾਵਰਣ ਦੀ ਸਾਂਭ ਸੰਭਾਲ ਅਤੇ ਪਲਾਸਟਿਕ ਪ੍ਰਦੂਸ਼ਣ ਖਤਮ ਕਰਨ ਦੇ ਨਾਲ ਨਾਲ ਹਰ ਤਰ੍ਹਾਂ ਦੇ ਪ੍ਰਦੂਸ਼ਣ ਨੂੰ ਘਟਾਉਣ ਦੇ ਸੁਨੇਹੇ ਨਾਲ ਇੱਕ ਸਹੁੰ ਚੁਕਾਉਂਦੇ ਹੋਏ ਸੰਪੰਨ ਕੀਤਾ।



## ਸੁਲਤਾਨਪੁਰ ਲੋਧੀ ਦੇ ਬਹੁਪੱਖੀ ਵਿਕਾਸ ਲਈ ਸੰਤ ਸੀਚੇਵਾਲ ਨੇ ਕੇਂਦਰੀ ਮੰਤਰੀ ਖੱਟਰ ਨਾਲ ਕੀਤੀ ਮੁਲਾਕਾਤ

**ਸੁਲਤਾਨਪੁਰ ਲੋਧੀ (ਬਲਵੀਰ ਸਾਲ੍ਹਪੁਰੀ)**- ਰਾਜ ਸਭਾ ਮੈਂਬਰ ਅਤੇ ਵਾਤਾਵਰਣ ਪ੍ਰੇਮੀ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਕੇਂਦਰੀ ਅਵਾਸ, ਸ਼ਹਿਰੀ ਮਾਮਲਿਆਂ ਬਾਰੇ ਅਤੇ ਬਿਜਲੀ ਮੰਤਰੀ ਮਨੋਹਰ ਲਾਲ ਖੱਟਰ ਨਾਲ ਸੁਲਤਾਨਪੁਰ ਲੋਧੀ ਦੇ ਵਿਕਾਸ ਸਬੰਧੀ ਮੁਲਾਕਾਤ ਕੀਤੀ। ਚੰਡੀਗੜ੍ਹ ਵਿਖੇ ਹਰਿਆਣਾ ਨਿਵਾਸ ਵਿੱਚ ਅੱਧੇ ਘੰਟੇ ਤੋਂ ਵੱਧ ਚੱਲੀ ਇਸ ਮੀਟਿੰਗ ਦੌਰਾਨ ਇਤਿਹਾਸਕ ਨਗਰੀ ਸੁਲਤਾਨਪੁਰ ਲੋਧੀ ਦੇ ਵਿਕਾਸ ਕਾਰਜਾਂ ਬਾਰੇ ਵਿਚਾਰ-ਚਰਚਾ ਕੀਤੀ ਗਈ। ਪੰਜਾਬ ਦੇ ਸਥਾਨਕ ਸਰਕਾਰਾਂ ਬਾਰੇ ਮੰਤਰੀ ਡਾ. ਰਵਜੋਤ ਸਿੰਘ, ਵਿਭਾਗ ਦੇ ਪ੍ਰਿੰਸੀਪਲ ਸਕੱਤਰ ਤੇਜਬੀਰ ਸਿੰਘ, ਆਈ.ਏ.ਐਸ ਦੀਪਤੀ ਉੱਪਲ ਅਤੇ ਮੀਟਿੰਗ ਦੇ ਪ੍ਰਬੰਧਕ ਡਾ. ਪ੍ਰਭਲੀਨ ਸਿੰਘ ਵੀ ਹਾਜ਼ਰ ਸਨ। ਕੇਂਦਰ ਸਰਕਾਰ ਨੇ ਸਾਲ 2019 ਵਿੱਚ ਸੁਲਤਾਨਪੁਰ ਲੋਧੀ ਨੂੰ ਸਮਾਰਟ ਸਿਟੀ ਐਲਾਨਿਆ ਸੀ। ਦੋ ਸਾਲ 2020 ਤੇ 2021 ਕਰੋਨਾ ਦੀ ਭੇਟ ਚੜ੍ਹ ਗਏ ਜਿਸ ਕਾਰਨ ਇਹਨਾਂ ਦੋ ਸਾਲਾਂ ਵਿੱਚ ਕੋਈ ਕੰਮ ਨਹੀਂ ਹੋ ਸਕਿਆ। ਕੇਂਦਰੀ ਮੰਤਰੀ ਖੱਟਰ ਨੇ ਸੱਪਸ਼ਟ ਕੀਤਾ ਕਿ ਹੁਣ ਇਸ ਸਕੀਮ ਦੀ ਮਿਆਦ 31 ਮਾਰਚ 2025 ਤੱਕ ਸੀ। ਖੱਟਰ ਨੇ ਦੱਸਿਆ ਕਿ ਉਨ੍ਹਾਂ ਹਰਿਆਣੇ ਦੇ ਮੁੱਖ ਮੰਤਰੀ ਹੁੰਦਿਆਂ ਸੁਲਤਾਨਪੁਰ ਲੋਧੀ ਅਤੇ ਸੀਚੇਵਾਲ ਦਾ ਦੌਰਾ ਕੀਤਾ ਸੀ। ਉਦੋਂ ਉਸ ਦੌਰੇ ਦਾ ਮੰਤਵ ਹਰਿਆਣਾ ਵਿੱਚ ਸੁਰਜੀਤ ਕੀਤੀ ਜਾ ਰਹੀ ਸਰਸਵਤੀ ਨਦੀ ਦੇ ਵਹਾਅ ਨੂੰ ਲਗਾਤਾਰਤਾ ਵਿੱਚ ਵਹਿਣ ਦਾ ਤਜਰਬਾ ਹਾਸਲ ਕਰਨਾ ਸੀ, ਜਿਵੇਂ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਅਣਥੱਕ ਮਿਹਨਤ ਕਰਦਿਆਂ ਬਾਬੇ ਨਾਨਕ ਦੀ ਪਵਿੱਤਰ ਵੇਈਂ ਨੂੰ ਮੁੜ ਨਿਰਮਲ ਬਣਾ ਦਿੱਤਾ ਹੈ। ਖੱਟਰ ਨੇ ਕਿਹਾ ਕਿ ਪਵਿੱਤਰ ਵੇਈਂ ਦੇ ਆਲੇ-ਦੁਆਲੇ ਪੱਥਰ ਲਗਾਉਣ ਦਾ ਜਿਹੜਾ ਕੰਮ ਰਹਿ ਗਿਆ ਹੈ, ਉਸ ਨੂੰ ਕੇਂਦਰ ਦੇ ਹੋਰ ਵਿਭਾਗਾਂ ਦੀਆਂ ਚੱਲ ਰਹੀਆਂ ਸਕੀਮਾਂ ਰਾਹੀਂ ਕਰਨ ਦੇ ਯਤਨ ਕੀਤੇ ਜਾਣਗੇ।



## ਉੱਤਰ ਰੇਲਵੇ ਮਜ਼ਦੂਰ ਯੂਨੀਅਨ ਦੀ ਮੀਟਿੰਗ



**ਲੋਹੀਆਂ ਖਾਸ (ਰੀਨਾ ਸ਼ਰਮਾ, ਯੋਗੇਸ਼ਵਰ)** ਲੋਹੀਆਂ ਖਾਸ ਰੇਲਵੇ ਸਟੇਸ਼ਨ ਤੇ ਉੱਤਰ ਰੇਲਵੇ ਮਜ਼ਦੂਰ ਯੂਨੀਅਨ ਜਲੰਧਰ ਦੀ ਬ੍ਰਾਂਚ ਕੌਂਸਲ ਹੋਈ। ਜਿਸ ਦੀ ਪ੍ਰਧਾਨਗੀ ਰਾਜਵੀਰ ਸਿੰਘ ਟਾਈਗਰ ਕਨਵੀਨਰ ਨੇ ਕੀਤੀ। ਇਸ ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਪ੍ਰਣਵ ਕੁਮਾਰ ਆਈ.ਓ.ਡਬਲਯੂ ਨਕੋਦਰ ਨੇ ਕੇਂਦਰ ਦੀ ਮਜ਼ਦੂਰ ਨੀਤੀ ਦੀ ਨਿੰਦਾ ਕੀਤੀ। ਰਾਜੇਸ਼ ਕੁਮਾਰ ਐਸ.ਐਸ ਲੋਹੀਆਂ ਖਾਸ ਨੇ ਅਠਵੇਂ ਪੇ ਕਮਿਸ਼ਨ ਨੂੰ ਜਲਦੀ ਲਾਗੂ ਕਰਨ ਦੀ ਮੰਗ ਕੀਤੀ। ਇਸ ਮੌਕੇ ਦੀਨਾ ਨਾਥ ਬ੍ਰਾਂਚ ਪ੍ਰਧਾਨਗੀ ਦੀ ਮੌਜੂਦਗੀ ਵਿੱਚ ਅਸ਼ੀਸ਼ ਕੁਮਾਰ ਖੈੜਾ ਦੋਨਾਂ ਨੂੰ ਸਹਾਇਕ ਸਕੱਤਰ ਨਿਯੁਕਤ ਕੀਤਾ ਗਿਆ। ਇਸ ਮੌਕੇ ਮੀਟਿੰਗ ਵਿੱਚ ਵਿਜੇ ਕੁਮਾਰ ਸੰਗਠਨ ਮੰਤਰੀ, ਚੰਦਨ ਕੁਮਾਰ ਬ੍ਰਾਂਚ ਕੈਸ਼ੀਅਰ, ਸੁਰਿੰਦਰ ਕੁਮਾਰ, ਰਣਜੀਤ ਸਿੰਘ, ਦੀਪਕ ਸੈਣੀ, ਵਿਕਾਸ ਕੁਮਾਰ, ਸੱਤ ਪ੍ਰਕਾਸ਼, ਮੀਨਾ, ਅਸ਼ਵਨੀ ਸਮੇਤ ਹੋਰ ਵੀ ਹਾਜਰ ਸਨ।

## ਅਨੁਪੂਰਕ ਪ੍ਰੀਖਿਆਵਾਂ ਕੰਪਾਰਟਮੈਂਟ/ਰੀਅਪੀਅਰ ਤੇ ਵਾਧੂ ਵਿਸ਼ਾ ਪ੍ਰੀਖਿਆ ਫੀਸਾਂ ਦਾ ਸ਼ਡਿਊਲ ਜਾਰੀ

**ਐਸ ਏ ਐਸ ਨਗਰ (ਗੁਰਜੀਤ ਬਿੱਲਾ)**- ਦਸਵੀਂ ਅਤੇ ਬਾਰ੍ਹਵੀਂ ਸ਼੍ਰੇਣੀ ਜੁਲਾਈ/ਅਗਸਤ-2025 ਦੀਆਂ ਅਨੁਪੂਰਕ ਪ੍ਰੀਖਿਆਵਾਂ ਕੰਪਾਰਟਮੈਂਟ/ਰੀਅਪੀਅਰ ਅਤੇ ਵਾਧੂ ਵਿਸ਼ਾ (ਸਮੇਤ ਓਪਨ ਸਕੂਲ) ਦੀਆਂ ਪ੍ਰੀਖਿਆ ਫੀਸਾਂ ਪ੍ਰਾਪਤ ਕਰਨ ਦਾ ਸ਼ਡਿਊਲ ਜਾਰੀ ਕਰ ਦਿੱਤਾ ਗਿਆ ਹੈ। ਆਨਲਾਈਨ ਪ੍ਰੀਖਿਆ ਫਾਰਮ ਅਤੇ ਫੀਸਾਂ ਭਰਨ ਸਬੰਧੀ ਵਧੇਰੇ ਜਾਣਕਾਰੀ ਲਈ ਪ੍ਰੋਸਪੈਕਟਸ ਬੋਰਡ ਦੀ ਵੈੱਬਸਾਈਟ 'ਤੇ ਉਪਲਬੱਧ ਹੈ।

## ਚਰਨ ਸਿੰਘ ਬੱਗਾ ਨੂੰ ਐਸ ਡੀ ਓ ਬਣਨ 'ਤੇ ਕੀਤਾ ਸਨਮਾਨਤ



**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਪੰਜਾਬ ਸਰਕਾਰ ਵੱਲੋਂ ਚਰਨ ਸਿੰਘ ਬੱਗਾ ਨੂੰ ਜੂਨੀਅਰ ਇੰਜੀਨੀਅਰ (ਜੇ.ਈ.) ਤੋਂ ਤਰੱਕੀ ਕਰਕੇ ਐਸ.ਡੀ.ਓ. ਬਣਾ ਦਿੱਤਾ ਗਿਆ ਅਤੇ ਉਹਨਾਂ ਨੂੰ ਨਵਾਂਸ਼ਹਿਰ ਨਗਰ ਕੌਂਸਲ ਵਿੱਚ ਲਗਾ ਦਿੱਤਾ ਗਿਆ।ਉਨਾਂ ਦੀ ਮਿਹਨਤ ਨੂੰ ਦੇਖਦੇ ਹੋਏ ਹਰਜੀਤ ਸਿੰਘ ਜੀਤਾ ਪ੍ਰਧਾਨ ਨਗਰ ਕੌਂਸਲ ਵੱਲੋਂ ਉਹਨਾਂ ਨੂੰ ਵਿਦਾਇਗੀ ਸਮੇਂ ਸਿਰੋਪਾਓ ਪਾ ਕੇ ਸਨਮਾਨਿਤ ਕੀਤਾ ਗਿਆ।ਉਹਨਾਂ ਦੇ ਮਾਤਾ-ਪਿਤਾ ਦਾ ਵੀ ਸਨਮਾਨ ਕੀਤਾ ਗਿਆ। ਇਸ ਮੌਕੇ ਮਦਨ ਲਾਲ ਸੈਨੇਟਰੀ ਇੰਸਪੈਕਟਰ, ਰਵਿੰਦਰ ਸਿੰਘ ਪਟਵਾਰੀ, ਰਮੇਸ਼ਵਰ ਸੋਨੀ, ਸਲਿੰਦਰ ਕੁਮਾਰ ਸ਼ਾਂਟੂ, ਗੁਰਮਿੰਦਰ ਸਿੰਘ ਗੁਰੀ, ਰਾਮ ਗੋਪਾਲ ਆਦਿ ਹਾਜਰ ਸਨ।

## ਪ੍ਰੇਮ ਨਗਰ ਸੇਵਾ ਸੁਸਾਇਟੀ ਨੇ 163ਵਾਂ ਮਹੀਨਾਵਾਰ ਸਮਾਗਮ ਕਰਵਾਇਆ



**ਫਗਵਾੜਾ (ਜਸਵਿੰਦਰ ਢੱਡਾ, ਡਾ. ਰਮਨ)**- ਪ੍ਰੇਮ ਨਗਰ ਸੇਵਾ ਸੁਸਾਇਟੀ ਵਲੋਂ ਨਗਰ ਕੌਂਸਲ ਫਗਵਾੜਾ ਦੇ ਸਾਬਕਾ ਪ੍ਰਧਾਨ ਮਲਕੀਅਤ ਸਿੰਘ ਰਘਬੋਤਰਾ ਦੇ ਯਤਨਾਂ ਸਦਕਾ ਅਜੀਤ ਸਿੰਘ ਢਿੱਲੋਂ ਦੀ ਯਾਦ ਵਿਚ 163ਵਾਂ ਮਾਸਿਕ ਰਾਸ਼ਨ ਵੰਡ ਸਮਾਗਮ ਸੀਨੀਅਰ ਸਿਟੀਜ਼ਨ ਕੇਅਰ ਸੈਂਟਰ ਖੇੜਾ ਰੋਡ ਫਗਵਾੜਾ ਵਿਖੇ ਕਰਵਾਇਆ ਗਿਆ। ਜਿਸ ਵਿੱਚ ਮੁੱਖ ਮਹਿਮਾਨ ਵਜੋਂ ਸਮਾਜ ਸੇਵਕ ਮਹਿੰਦਰ ਸਿੰਘ ਸੈਣੀ ਨੇ ਸ਼ਿਰਕਤ ਕੀਤੀ। ਮੁੱਖ ਮਹਿਮਾਨ ਨੇ ਲੋੜਵੰਦ ਪਰਿਵਾਰਾਂ ਦੀਆਂ ਔਰਤਾਂ ਨੂੰ ਰਾਸ਼ਨ ਦੀ ਵੰਡ ਕਰਦਿਆਂ ਸੁਸਾਇਟੀ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ। ਇਸ ਤੋਂ ਪਹਿਲਾਂ ਸੁਸਾਇਟੀ ਦੇ ਪ੍ਰਧਾਨ ਸੁਧੀਰ ਸ਼ਰਮਾ ਅਤੇ ਜਨਰਲ ਸਕੱਤਰ ਸੁਰਿੰਦਰ ਪਾਲ ਨੇ ਪਤਵੰਤਿਆਂ ਨੂੰ ਜੀ ਆਇਆਂ ਆਖਿਆ। ਸਮਾਗਮ ਦੇ ਪ੍ਰਬੰਧਕ ਮਲਕੀਅਤ ਸਿੰਘ ਰਘਬੋਤਰਾ ਨੇ ਦੱਸਿਆ ਕਿ ਇਹ ਸੇਵਾ ਪਿਛਲੇ ਕਰੀਬ 14 ਸਾਲਾਂ ਤੋਂ ਨਿਰੰਤਰ ਜਾਰੀ ਹੈ। ਜਿਸ ਵਿੱਚ ਸਵ. ਅਜੀਤ ਸਿੰਘ ਢਿੱਲੋਂ ਦੇ ਪਰਵਾਰ ਦਾ ਵਡਮੁੱਲਾ ਯੋਗਦਾਨ ਮਿਲਦਾ ਹੈ।ਪ੍ਰੇਮ ਨਗਰ ਮੁਹੱਲੇ ਦੇ ਵਿਕਾਸ ਵਿਚ ਵੀ ਉਹਨਾਂ ਨੇ ਹਮੇਸ਼ਾ ਵੱਧ-ਚੜ੍ਹ ਕੇ ਯਤਨ ਕੀਤੇ। ਇਸ ਮੌਕੇ ਮੋਹਨ ਲਾਲ ਤਨੇਜਾ, ਰਵੀ ਕਾਂਤ ਸਹਿਗਲ, ਰਾਮ ਲੁਭਾਇਆ, ਗੁਰਦੀਪ ਸਿੰਘ ਤੁਲੀ, ਮਨੀਸ਼ ਕਨੌਜੀਆ ਆਦਿ ਹਾਜ਼ਰ ਸਨ।

## ਦਰਬਾਰ ਮਸਤ ਮੌਲਾ ਬਾਬਾ ਗੁਲਾਮ ਨਬੀ ਦਾ ਸਲਾਨਾ ਉਰਸ ਮੁਬਾਰਕ ਮੇਲਾ 24, 25 ਨੂੰ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਦਰਬਾਰ ਮਸਤ ਮੌਲਾ ਬਾਬਾ ਗੁਲਾਮ ਨਬੀ ਜੀ ਮੁਹੱਲਾ ਮਕਬਰਾ ਰਾਹੋਂ ਵਿਖੇ 32 ਵਾਂ 24, 25 ਜੂਨ ਨੂੰ ਦੋ ਦਿਨਾ ਸਲਾਨਾ ਉਰਸ ਮੁਬਾਰਕ ਮੇਲਾ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਬੜੀ ਸ਼ਰਧਾਪੂਰਵਕ ਧੂਮਧਾਮ ਨਾਲ ਮਨਾਇਆ ਜਾ ਰਿਹਾ ਹੈ। ਦਰਬਾਰ ਦੇ ਖਾਦਿਮ ਦਰਵੇਸ਼ ਡਾ. ਪਰਮਜੀਤ ਨੇ ਦੱਸਿਆ ਕਿ ਦਾਤੀਆਂ ਮੁਬਾਰਕ ਮਹਿੰਦੀ ਦੀ ਰਸਮ 24 ਜੂਨ ਨੂੰ ਚਿਰਾਗ ਏ ਸ਼ਮ੍ਹਾਂ ਰੋਸ਼ਨ ਕੀਤੇ ਜਾਣਗੇ। ਸਵੇਰੇ ਝੰਡੇ ਦੀ ਰਸਮ ਕੀਤੀ ਜਾਵੇਗੀ। ਮਸਤਾਂ ਦਾ ਲੰਗਰ ਲਗਾਇਆ ਜਾਵੇਗਾ। ਮੇਲੇ ਦੇ ਮੁੱਖ ਮਹਿਮਾਨ ਮਲਵਿੰਦਰ ਸਿੰਘ ਕੰਗ ਐਮ ਪੀ ਅਨੰਦਪੁਰ ਸਾਹਿਬ, ਐਮ ਐਲ ਏ ਨਛੱਤਰ ਪਾਲ ਨਵਾਂਸ਼ਹਿਰ ਹੋਣਗੇ। ਰਾਤ ਨੂੰ ਮਹਿਫਲ ਕਵਾਲ 8:00 ਵਜੇ ਸ਼ੁਰੂ ਹੋਵੇਗਾ। ਸੂਫੀ ਕੁਵੀਨ ਰਜ਼ਾ ਹੀਰ, ਆਬਿਦ ਅਲੀ ਮਤੋਈ ਮਲੇਰਕੋਟਲਾ ਵਾਲੇ, ਗਾਇਕ ਸੂਫੀ ਕਲਾਕਾਰ ਕਾਸ਼ੀ ਨਾਥ, ਗਾਇਕ ਜਸਪ੍ਰੀਤ, ਸੋਨੂੰ ਮੋਨੂ ਨਕਾਲ ਪਾਰਟੀ ਵਲੋਂ ਕਵਾਲੀਆਂ ਪ੍ਰੋਗਰਾਮ ਪੇਸ਼ ਕੀਤਾ ਜਾਵੇਗਾ। 25 ਜੂਨ ਨੂੰ ਮੁਬਾਰਕ ਏ ਦਰਬਾਰ 'ਤੇ ਚਾਦਰ ਚੜ੍ਹਾਉਣ ਦੀ ਰਸਮ ਸਾਈਂ ਮੁਰਸ਼ਦ ਮਹਿੰਦਰ ਸ਼ਾਹ ਦਰਵੇਸ਼ ਗੱਦੀਨਸ਼ੀਨ ਦਾਤਾ ਮੀਆਂ ਓਸਮਾਨ ਚਿਸ਼ਤੀ ਹੈਦਰ ਅਲੀ ਦਰਬਾਰ ਕਰੀਹੇ ਵਾਲੇ ਕਰਨਗੇ। ਖਾਦਿਮ ਦਰਵੇਸ਼ ਡਾ. ਪਰਮਜੀਤ ਅਤੇ ਸਮੁੱਚੇ ਨਗਰ ਦੀ ਖੁਸ਼ਹਾਲੀ ਅਤੇ ਸੁੱਖ ਸ਼ਾਂਤੀ ਲਈ ਫਰਿਆਦ ਕਰਨਗੇ ਅਤੇ ਮਸ਼ਹੂਰ ਕਲਾਕਾਰ ਗਾਇਕ ਕਰਮਜੀਤ ਅਨਮੋਲ, ਕਮਲ ਖਾਨ, ਪੰਜਾਬੀ ਲੋਕ ਗੀਤਾਂ ਦੀ ਮਲਿਕਾ, ਅਮਨ ਰੋਜ਼ੀ, ਕਵਾਲ ਓਂਕਾਰ ਵਾਲੀਆ ਤੇ ਹਰਮੇਸ਼ ਰੰਗੀਲਾ ਕਵਾਲੀਆਂ, ਗੀਤਾਂ ਰਾਹੀ ਮਨੋਰੰਜਨ ਕਰਨਗੇ।ਆਸ਼ੀਰਵਾਦ ਦੇਣ ਲਈ ਵੱਖ ਵੱਖ ਡੇਰਿਆਂ ਤੋਂ ਸੰਤ ਫਕੀਰ ਵੀ ਸ਼ਿਰਕਤ ਕਰਨਗੇ। ਚਾਹ-ਪਕੌੜਿਆਂ, ਵੱਖ-ਵੱਖ ਪਕਵਾਨਾਂ, ਮਠਿਆਈਆਂ ਦਾ ਲੰਗਰ ਅਤੁੱਟ ਵਰਤਾਇਆ ਜਾਵੇਗਾ। ਠੰਢੇ ਮਿੱਠੇ ਜਲ ਦੀ ਛਬੀਲ ਵੀ ਲਗਾਈ ਜਾਵੇਗੀ।



## ਬੇਗਮਪੁਰਾ ਏਡ ਇੰਟਰਨੈਸ਼ਨਲ ਵੱਲੋਂ ਸ੍ਰੀ ਗੁਰੂ ਰਵਿਦਾਸ ਮੰਦਰ ਚੱਕ ਹਕੀਮ ਵਿਖੇ ਫ੍ਰੀ ਮੈਡੀਕਲ ਚੈੱਕਅੱਪ ਕੈਂਪ 16 ਨੂੰ : ਭਾਈ ਮੈਂਗੜਾ

**ਫਗਵਾੜਾ (ਡਾ. ਰਮਨ)** ਬੇਗਮਪੁਰਾ ਏਡ ਇੰਟਰਨੈਸ਼ਨਲ ਵਲੋਂ ਮੁੱਖ ਸੇਵਾਦਾਰ ਭਾਈ ਰਾਮ ਸਿੰਘ ਮੈਂਗੜਾ ਦੀ ਅਗਵਾਈ ਵਿੱਚ ਭਾਰਤ, ਹੋਲੈਂਡ, ਜਰਮਨੀ, ਅਮਰੀਕਾ ਆਦਿ ਬ੍ਰਾਂਚਾਂ ਦੀਆਂ ਟੀਮਾਂ ਦੇ ਸਹਿਯੋਗ ਨਾਲ 16 ਜੂਨ ਦਿਨ ਸੋਮਵਾਰ ਨੂੰ ਸ਼੍ਰੋਮਣੀ ਸ਼੍ਰੀ ਗੁਰੂ ਰਵਿਦਾਸ ਮੰਦਰ ਚੱਕ ਹਕੀਮ ਫਗਵਾੜਾ ਵਿਖੇ ਵਿਸ਼ਾਲ ਫ੍ਰੀ ਮੈਡੀਕਲ ਚੈੱਕਅੱਪ ਕੈਂਪ ਲਗਾਇਆ ਜਾ ਰਿਹਾ ਹੈ। ਸੰਸਥਾ ਦੇ ਮੁੱਖ ਸੇਵਾਦਾਰ ਭਾਈ ਰਾਮ ਸਿੰਘ ਮੈਂਗੜਾ ਨੇ ਜਾਣਕਾਰੀ ਦਿੰਦਿਆ ਦੱਸਿਆ ਕਿ ਸ਼੍ਰੋਮਣੀ ਸ਼੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਜੋਤੀ-ਜੋਤ ਦਿਵਸ ਤੇ ਉਹਨਾਂ ਦੀ ਚਰਨ ਛੋਹ ਪੰਜਾਬ ਦੁਆਬੇ ਦੀ ਪਵਿੱਤਰ ਧਰਤੀ ਤੇ ਸੰਸਥਾ ਬੇਗਮਪੁਰਾ ਏਡ ਇੰਟਰਨੈਸ਼ਨਲ ਵੱਲੋਂ ਪਹਿਲੀ ਵਾਰ ਇੱਕ ਰੋਜ਼ਾ ਫਰੀ ਮੈਡੀਕਲ ਕੈਂਪ 16 ਜੂਨ ਨੂੰ ਬੇਗਮਪੁਰਾ ਏਡ ਇੰਟਰਨੈਸ਼ਨਲ ਵਲੋਂ ਲਗਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪਿੰਡ ਚੱਕ ਹਕੀਮ ਦੀ ਧਰਤੀ ਬੜੀ ਭਾਗਾਂਭਰੀ ਧਰਤੀ ਹੈ, ਜਿੱਥੇ ਜਗਤ ਗੁਰੂ ਰਵਿਦਾਸ ਜੀ ਮਹਾਰਾਜ ਜੀ ਨੇ ਆ ਕੇ ਆਪਣੇ ਪਵਿੱਤਰ ਚਰਨ ਪਾਏ ਤੇ ਇਸ ਧਰਤੀ ਨੂੰ ਵੀ ਪਵਿੱਤਰ ਕਰ ਦਿੱਤਾ। ਇਤਹਾਸ ਦੱਸਦਾ ਹੈ ਇਸ ਸਥਾਨ ਤੇ ਜਗਤ ਗੁਰੂ ਰਵਿਦਾਸ ਜੀ ਮਹਾਰਾਜ ਤਕਰੀਬਨ 70 ਦਿਨ ਤੱਕ ਆ ਕੇ ਰਹੇ ਤੇ ਆਪਣੀ ਪਵਿੱਤਰ ਬਾਣੀ ਦਾ ਪ੍ਰਚਾਰ ਵੀ ਕੀਤਾ। ਇਹ ਵੀ ਮੰਨਿਆਂ ਜਾਂਦਾ ਹੈ ਕਿ ਚੂਹੜਕਾਣਾ ਸਾਹਿਬ ਜੀ ਦਾ ਨਕਸ਼ਾ ਵੀ ਇਸ ਜਗ੍ਹਾ ਤੇ ਹੀ ਤਿਆਰ ਕੀਤਾ ਗਿਆ ਸੀ। ਇਸ ਪਵਿੱਤਰ ਸਥਾਨ ਚੱਕ-ਹਕੀਮ ਦੀ ਧਰਤੀ ਉੱਤੇ ਜਗਤ ਗੁਰੂ ਰਵਿਦਾਸ ਜੀ ਮਹਾਰਾਜ ਜੀ ਦੇ ਬਹੁਤ ਸੁੰਦਰ ਮੰਦਰ ਦੀ ਸਥਾਪਨਾ ਕੀਤੀ ਗਈ ਹੈ। ਜਿਹੜੇ ਕਿ ਜਲੰਧਰ ਤੋਂ ਫਗਵਾੜਾ ਵਾਲੀ ਸੜਕ ਤੇ ਸੁਸ਼ੋਭਿਤ ਹਨ। ਮੈਂਗੜਾ ਨੇ ਕਿਹਾ ਬੇਗਮਪੁਰਾ ਏਡ ਇੰਟਰਨੈਸ਼ਨਲ ਵਲੋਂ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੀ ਚਰਨ ਛੋਹ ਪ੍ਰਾਪਤ ਇਤਿਹਾਸਕ ਧਰਤੀ ਤੇ ਪਹਿਲਾ ਫ੍ਰੀ ਮੈਡੀਕਲ ਕੈਂਪ ਲਗਾਉਣ ਜਾਂ ਰਹੀ ਹੈ। ਇਸ ਇਤਿਹਾਸਿਕ ਅਸਥਾਨ ਨੂੰ ਸਰਬ ਸਾਂਝੀਵਾਲਤਾ ਦਾ ਉਪਦੇਸ਼ ਦੇਣ ਵਾਲੇ ਮਾਨਵਤਾਵਾਦੀ ਧੰਨ ਧੰਨ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੇ ਪਵਿੱਤਰ ਚਰਨ ਛੋਹ ਪ੍ਰਾਪਤ ਅਖਵਾਉਣ ਦਾ ਮਾਣ ਵੀ ਹਾਸਲ ਹੈ। ਮੌਜੂਦਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਤਿਕਾਰਯੋਗ ਵੀਰ ਦਵਿੰਦਰ ਕੁਲਥਮ ਜੀ ਸਮੂਹ ਪ੍ਰਬੰਧਕ ਅਤੇ ਗੁਰੂ ਘਰ ਦੀਆਂ ਸੰਗਤਾਂ ਦਾ ਸੰਸਥਾ ਬੇਗਮਪੁਰਾ ਏਡ ਇੰਟਰਨੈਸ਼ਨਲ ਵੱਲੋਂ ਬਹੁਤ ਬਹੁਤ ਧੰਨਵਾਦ ਕਰਦੇ ਹਾਂ, ਜਿਹਨਾਂ ਦੀ ਬਦੌਲਤ ਸੰਸਥਾ ਇੱਥੇ ਵਿਸ਼ਾਲ ਮੈਗਾ ਫ੍ਰੀ ਮੈਡੀਕਲ ਮੈਡੀਕਲ ਕੈਂਪ ਲਗਵਾਉਣ ਦਾ ਸੁਭਾਗ ਪ੍ਰਾਪਤ ਹੋਣ ਜਾ ਰਿਹਾ ਹੈ ਅਤੇ ਆਸ ਕਰਦੇ ਹਾਂ ਆਉਣ ਵਾਲੇ ਸਮੇਂ ਵਿੱਚ ਵੀ ਸੰਸਥਾ ਨੂੰ ਇਸੇ ਤਰਾਂ ਸੇਵਾ ਕਰਨ ਦਾ ਮੌਕਾ ਜ਼ਰੂਰ ਦੇਵੋਗੇ। ਅਖੀਰ ਵਿੱਚ ਭਾਈ ਮੈਂਗੜਾ ਨੇਵਕਿਹਾ ਕਿ ਬੇਗ਼ਮਪੁਰਾ ਏਡ ਇੰਟਰਨੈਸ਼ਨਲ ਸੰਸਥਾ ਵੱਲੋਂ ਕੀਤੇ ਜਾ ਰਹੇ ਸਮਾਜ ਸੇਵਾ ਦੇ ਕਾਰਜ ਦੇਸ਼ਾਂ ਵਿਦੇਸ਼ਾਂ ਦੀਆਂ ਸੰਗਤਾ ਦੇ ਸਹਿਯੋਗ ਨਾਲ ਹੀ ਕੀਤੇ ਜਾਂਦੇ ਹਨ। ਸੰਸਥਾ ਦਾ ਵੱਧ ਤੋਂ ਵੱਧ ਸਹਿਯੋਗ ਕਰੋ ਤਾਂ ਜੋ ਅਸੀ ਜ਼ਰੂਰਤ ਮੰਦ ਲੋਕਾਂ ਦੀ ਮਦਦ ਕਰ ਸਕਈ।

## ਸੈਂਟੇਨਰੀ ਪਬਲਿਕ ਸਕੂਲ 'ਚ ਵਿਸ਼ਵ ਵਾਤਾਵਰਣ ਦਿਵਸ ਮਨਾਇਆ

**ਫਿਲੌਰ (ਬੀ ਐਸ ਕੈਨੇਡੀ)**- ਡੀ.ਆਰ.ਵੀ. ਸਥਾਨਕ ਡੀ ਆਰ ਵੀ ਡੀ.ਏ.ਵੀ. ਸੈਂਟੇਨਰੀ ਪਬਲਿਕ ਸਕੂਲ ਫਿਲੌਰ ਵੱਲੋਂ ਵਿਸ਼ਵ ਵਾਤਾਵਰਣ ਦਿਵਸ ਨੂੰ ਵਾਤਾਵਰਣ ਸੰਭਾਲ ਪ੍ਰਤੀ ਜਾਗਰੂਕਤਾ ਅਤੇ ਸਮਰਪਣ ਦੀ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਵਿਦਿਆਰਥੀਆਂ ਨੇ ਆਪਣੇ ਘਰਾਂ 'ਚ ਰੁੱਖ ਲਗਾ ਕੇ ਹਰੇ-ਭਰੇ ਭਵਿੱਖ ਵੱਲ ਆਪਣੀ ਵਚਨਬੱਧਤਾ ਦਾ ਪਰਗਟਾਵਾ ਕੀਤਾ। ਵਿਦਿਆਰਥੀਆਂ ਵੱਲੋਂ ਵਾਤਾਵਰਣ ਦੀ ਰੱਖਿਆ ਲਈ ਕਸਮਾਂ ਵੀ ਖਾਧੀਆਂ ਗਈਆਂ। ਇਸ ਦਿਨ ਵਿਦਿਆਰਥੀਆਂ ਨੇ ਪਲਾਸਟਿਕ ਰਹਿਤ ਜੀਵਨ ਸ਼ੈਲੀ ਨੂੰ ਅਪਨਾਉਣ ਅਤੇ ਟਿਕਾਊ ਵਿਕਾਸ ਵੱਲ ਪ੍ਰੇਰਿਤ ਹੋਣ ਲਈ ਕੱਪੜੇ ਦੀ ਥੈਲੀ ਬਣਾਉਣ ਵਰਗੀਆਂ ਰਚਨਾਤਮਕ ਗਤੀਵਿਧੀਆਂ ਵਿੱਚ ਭਾਗ ਲਿਆ। ਇਸ ਮੌਕੇ ਕਲਾਸ ਦਸਵੀਂ ਦੀ ਵਿਦਿਆਰਥਣ ਲਕਸ਼ਮੀ ਨੇ ਆਪਣੀ ਵਿਸ਼ੇਸ਼ ਉਪਲਬਧੀ ਨਾਲ ਸਕੂਲ ਦਾ ਨਾਂ ਰੌਸ਼ਨ ਕੀਤਾ। ਉਸ ਨੇ ਜਲੰਧਰ ਸਥਿਤ ਪੁਸ਼ਪਾ ਗੁਜਰਾਲ ਸਾਇੰਸ ਸੈਂਟਰ ਵੱਲੋਂ ਆਯੋਜਿਤ ਰਾਜ ਪੱਧਰੀ ਵਾਤਾਵਰਣ ਪ੍ਰਸ਼ਨੋਤਰੀ ਮੁਕਾਬਲੇ ਵਿੱਚ ਦੂਜਾ ਇਨਾਮ ਜਿੱਤਿਆ। ਸਕੂਲ ਪ੍ਰਬੰਧਕ ਕਮੇਟੀ ਅਤੇ ਪ੍ਰਿੰਸੀਪਲ ਡਾਕਟਰ ਯੋਗੇਸ਼ ਗੰਭੀਰ ਨੇ ਵਿਦਿਆਰਥੀਆਂ ਦੇ ਉਤਸਾਹ ਅਤੇ ਜਾਗਰੂਕਤਾ ਦੀ ਸ਼ਲਾਘਾ ਕੀਤੀ ਅਤੇ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੀਆਂ ਹੋਰ ਵੀ ਵਾਤਾਵਰਣ ਸੰਬੰਧੀ ਗਤੀਵਿਧੀਆਂ ਵਿੱਚ ਭਾਗ ਲੈਣ ਦੀ ਪ੍ਰੇਰਣਾ ਦਿੱਤੀ।




## ਮਨਵੀਰ ਰਾਣਾ ਤੇ ਸਰਬਜੀਤ ਮੱਟੂ ਦੇ ਗੀਤ ਦਾ ਸ਼ੂਟ ਹੋਇਆ ਮੁਕੰਮਲ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਅਨੇਕਾਂ ਹੀ ਧਾਰਮਿਕ ਤੇ ਸੱਭਿਆਚਾਰਕ ਗੀਤਾਂ ਨੂੰ ਗਾ ਕੇ ਚਰਚਾ ਵਿੱਚ ਰਹਿਣ ਵਾਲੇ ਗਾਇਕ ਮਨਵੀਰ ਰਾਣਾ ਦੁਆਰਾ ਗਾਏ ਦੋਗਾਣਾ ਗੀਤ ਦਾ ਸ਼ੂਟ ਨੂਰਮਹਿਲ ਵਿਖੇ ਮੁਕੰਮਲ ਹੋਇਆ । ਇਸ ਗੀਤ ਵਿੱਚ ਉਹਨਾਂ ਦਾ ਸਾਥ ਬਹੁਤ ਹੀ ਸੁਰੀਲੀ ਗਾਇਕਾ ਸਰਬਜੀਤ ਮੱਟੂ ਨੇ ਦਿੱਤਾ ਹੈ। ਗੱਲਬਾਤ ਦੌਰਾਨ ਰਾਣਾ ਨੇ ਦੱਸਿਆ ਕੇ ਵੀਰਪਾਲ ਕੌਰ ਭੱਠਲ ਦੁਆਰਾ ਲਿਖੇ ਇਸ ਗੀਤ ਦਾ ਸੰਗੀਤ ਸੰਸਾਰ ਪ੍ਰਸਿੱਧ ਸੰਗੀਤਕਾਰ ਜੀ ਗੁਰੀ ਨੇ ਤਿਆਰ ਕੀਤਾ ਹੈ। ਕੈਮਰਾਮੈਨ ਪ੍ਰਿਥਵੀ, ਮੇਕਅੱਪ ਜਗਰੂਪ ਅਤੇ ਐਨ ਬੀ ਸਾਬ੍ਹ ਦੀ ਨਿਰਦੇਸ਼ਨਾ ਹੇਠ ਸਾਰੀ ਟੀਮ ਨੇ ਬੜੀ ਹੀ ਮਿਹਨਤ ਨਾਲ ਇਸ ਗੀਤ ਦਾ ਵੀਡੀਓ ਤਿਆਰ ਕੀਤਾ ਗਿਆ ਹੈ। ਜਲਦ ਹੀ ਨਾਮਵਾਰ ਕੰਪਨੀ ਰਾਹੀਂ ਇਹ ਗੀਤ ਪੰਜਾਬੀ ਸਰੋਤਿਆਂ ਦੇ ਰੂਬਰੂ ਕੀਤਾ ਜਾਵੇਗਾ।





ਬੁੰਡਾਲਾ ਮੰਜਕੀ ਵਿੱਚ ਸ੍ਰੀ ਸੁਖਮਨੀ ਸਾਹਿਬ ਗਰੁੱਪ ਵਾਲੀਆਂ ਬੀਬੀਆਂ ਵੱਲੋਂ ਲਗਾਈ ਗਈ ਛਬੀਲ ਮੌਕੇ ਸੇਵਾ ਕਰਦੀਆਂ ਹੋਈਆਂ ਹਰਜਿੰਦਰ ਕੌਰ, ਮਨਜੀਤ ਕੌਰ, ਕੁਲਦੀਪ ਕੌਰ, ਜਸਵਿੰਦਰ ਕੌਰ, ਰਵਿੰਦਰ ਕੌਰ, ਹਰਦੀਪ ਕੌਰ, ਜਾਗੀਰ ਕੌਰ, ਸੰਤੋਸ਼ ਕੌਰ, ਰਾਜਵੀਰ ਕੌਰ, ਰਜਿੰਦਰ ਕੌਰ ਆਦਿ। ਛਬੀਲ ਲਈ ਜਸਵਿੰਦਰ, ਹਰਦੀਪ, ਰਵਿੰਦਰ ਕੌਰ ਅਤੇ ਸੰਗਤਾਂ ਦਾ ਪੂਰਾ ਸਹਿਯੋਗ ਰਿਹਾ। **ਫੋਟੋ ਤੇ ਵੇਰਵਾ : ਬਾਲ ਕ੍ਰਿਸ਼ਨ ਬਾਲੀ ਨੂਰਮਹਿਲ**

## ਪੁਣਛ ਵਿੱਚ ਜ਼ਖਮੀਆਂ ਦੀ ਮਦਦ ਕਰਨ ਵਾਲੇ ਜਗਤਾਰ ਸਿੰਘ ਦਾ ਸਨਮਾਨ

**ਚਮਕੌਰ ਸਾਹਿਬ (ਗੁਰਵਿੰਦਰ ਸਿੰਘ ਬੋਬੀ)**— ਅਪ੍ਰੇਸ਼ਨ ਸਿੰਧੂਰ ਦੌਰਾਨ ਪਾਕਿਸਤਾਨ ਵੱਲੋਂ ਕੀਤੀ ਗੋਲੀਬਾਰੀ ਦੌਰਾਨ ਪੁਣਛ ( ਜੰਮੂ-ਕਸ਼ਮੀਰ ) ਵਿੱਚ ਜ਼ਖ਼ਮੀਆਂ ਦੀ ਮਦਦ ਕਰਨ ਅਤੇ ਹਸਪਤਾਲ ਲਿਜਾਣ ਵਾਲੇ ਚਮਕੌਰ ਸਾਹਿਬ ਦੇ ਨੌਜਵਾਨ ਜਗਤਾਰ ਸਿੰਘ ਕਾਲਾ ਦਾ ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਅਮਨਦੀਪ ਸਿੰਘ ਮਾਂਗਟ ਦੀ ਅਗਵਾਈ ਹੇਠ ਸਥਾਨਕ ਅਮਨ ਪਸੰਦ ਲੋਕਾਂ ਵੱਲੋਂ ਸਨਮਾਨ ਕੀਤਾ ਗਿਆ। ਮਾਂਗਟ ਨੇ ਦੱਸਿਆ ਕਿ ਉਹ ਜਗਤਾਰ ਸਿੰਘ ਕਾਲਾ ਦਾ ਸਨਮਾਨ ਕਰਕੇ ਮਾਣ ਮਹਿਸੂਸ ਕਰ ਰਹੇ ਹਨ, ਕਿਉਂਕਿ ਕਾਲਾ ਗੋਲੀਬਾਰੀ ਦੌਰਾਨ ਪੁਣਛ ਵਿੱਚ ਆਪਣੇ ਸਾਥੀਆਂ ਸਮੇਤ ਜੋ ਜ਼ਖ਼ਮੀਆਂ ਦੀ ਮਦਦ ਕੀਤੀ ਹੈ, ਉਹ ਬਹੁਤ ਹੀ ਸ਼ਲਾਘਾਯੋਗ ਕਦਮ ਹਨ। ਕਾਲਾ ਨੇ ਦੱਸਿਆ ਕਿ ਉਹ ਪੀਜੀਆਈ ਚੰਡੀਗੜ੍ਹ ਬਤੌਰ ਡਰਾਇਵਰ ਕੰਮ ਕਰਦਾ ਹੈ ਅਤੇ ਉਨ੍ਹਾਂ ਦੀ ਡਿਊਟੀ ਗੋਲੀਬਾਰੀ ਦੌਰਾਨ 5 ਗੱਡੀਆਂ ਵਿੱਚ ਦਵਾਈਆਂ ਲੈ ਕੇ ਜਾਣ ਦੀ ਜੰਮੂ-ਕਸ਼ਮੀਰ ਵਿੱਚ ਲੱਗੀ। ਉਨ੍ਹਾਂ ਦੱਸਿਆ ਕਿ ਜਦੋਂ ਉਹ ਰਵਾਨਾ ਹੋਏ ਤਾਂ ਸਭ ਤੋਂ ਪਹਿਲਾ ਉਹ ਜੰਮੂ ਏਮਸ ਗਏ ਅਤੇ ਉੱਥੋਂ ਦੋ ਗੱਡੀਆਂ ਰਾਜੋਰੀ ਭੇਜੀਆਂ, ਜਿਸ ਵਿੱਚ ਜਸਵੀਰ ਸਿੰਘ ਅਤੇ ਰਾਜਵੀਰ ਸਿੰਘ ਮੌਜੂਦ ਸਨ। ਇਸ ਤੋਂ ਇਲਾਵਾ 3 ਗੱਡੀਆਂ ਪੁਣਛ ਗਈਆਂ, ਜਿਸ ਦੌਰਾਨ ਉਨ੍ਹਾਂ ਨਾਲ ਸੰਦੀਪ ਸਿੰਘ ਅਤੇ ਜਤਿੰਦਰ ਸਿੰਘ ਸ਼ਾਮਲ ਸਨ। ਉਨ੍ਹਾਂ ਦੱਸਿਆ ਕਿ ਜਦੋਂ ਗੋਲੀਬਾਰੀ ਹੁੰਦੀ ਸੀ ਤਾਂ ਉੱਥੋਂ ਦੇ ਲੋਕਾਂ ਨੇ ਉਨ੍ਹਾਂ ਦਾ ਸਾਥ ਦਿੱਤਾ, ਜਿਸ ਕਾਰਨ ਉਹ ਗੋਲੀਬਾਰੀ ਦੇ ਚੱਲਦਿਆ ਜ਼ਖ਼ਮੀ ਹੋਏ ਲੋਕਾਂ ਨੂੰ ਤੁਰੰਤ ਪੁਣਛ ਦੇ ਹਸਪਤਾਲ ਭਰਤੀ ਕਰਵਾਉਂਦੇ ਸਨ, ਜੋ ਕਿ 15 ਦਿਨ ਇਸੇ ਤਰ੍ਹਾਂ ਚੱਲਦੇ ਰਹੇ ਅਤੇ ਗੋਲੀਬਾਰੀ ਬੰਦ ਹੋਣ ਉਪਰੰਤ ਉਹ ਆਪਣੀ ਟੀਮ ਸਮੇਤ ਵਾਪਸ ਪੀਜੀਆਈ ਆ ਗਏ । ਮਾਂਗਟ ਨੇ ਦੱਸਿਆ ਕਿ ਉਨ੍ਹਾਂ ਤੋਂ ਪਹਿਲਾ ਜਗਤਾਰ ਸਿੰਘ ਕਾਲਾ ਸਮੇਤ ਉਨ੍ਹਾਂ ਦੇ ਸਾਥੀਆਂ ਦਾ ਪੀਜੀਆਈ ਦੇ ਡਾਇਰੈਕਟਰ ਵੀ ਸਨਮਾਨ ਕਰ ਚੁੱਕੇ ਹਨ। ਇਸ ਮੌਕੇ ਨਗਰ ਕੌਂਸਲ ਦੇ ਵਾਈਸ ਪ੍ਰਧਾਨ ਭੁਪਿੰਦਰ ਸਿੰਘ ਭੂਰਾ, ਅਕਾਲੀ ਆਗੂ ਬਲਦੇਵ ਸਿੰਘ ਹਾਫਿਜ਼ਾਬਾਦ, ਬਾਈ ਪਰਮਿੰਦਰ ਸਿੰਘ ਸੇਖੋ, ਗੁਰਵਿੰਦਰ ਸਿੰਘ ਬੌਬੀ, ਬਲਜੀਤ ਸਿੰਘ ਭੰਗੂ, ਜਤਿੰਦਰਪਾਲ ਸਿੰਘ ਜਿੰਦੂ ਅਤੇ ਦਰਸ਼ਨ ਸਿੰਘ ਆਦਿ ਹਾਜ਼ਰ ਸਨ।




## ਸੋਰਸ ਸੈਗਰੀਗੇਸ਼ਨ : 9 ਤੋਂ ਸ਼ਹਿਰ ਦੇ ਪੰਜ ਵਾਰਡਾਂ 'ਚ ਪਾਇਲਟ ਪ੍ਰੋਜੈਕਟ ਹੋਵੇਗਾ ਸ਼ੁਰੂ



**ਹੁਸ਼ਿਆਰਪੁਰ (ਓ ਪੀ ਰਾਣਾ)**- ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਕਿਹਾ ਕਿ ਸ਼ਹਿਰ ਦੀ ਸਫਾਈ ਪ੍ਰਣਾਲੀ ਨੂੰ ਮਜ਼ਬੂਤ ਕਰਨ ਅਤੇ ਸੋਰਸ ਸੈਗਰੀਗੇਸ਼ਨ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ 9 ਜੂਨ ਤੋਂ ਪੰਜ ਵਾਰਡਾਂ ਵਿਚ ਇਕ ਪਾਇਲਟ ਪ੍ਰੋਜੈਕਟ ਸ਼ੁਰੂ ਕੀਤਾ ਜਾ ਰਿਹਾ ਹੈ। ਉਹ ਅੱਜ ਆਪਣੇ ਦਫਤਰ ਵਿਚ ਇਸ ਪ੍ਰੋਜੈਕਟ ਨਾਲ ਸਬੰਧਤ ਅਧਿਕਾਰੀਆਂ ਦੀ ਮੀਟਿੰਗ ਨੂੰ ਸੰਬੋਧਨ ਕਰ ਰਹੇ ਸਨ। ਉਨ੍ਹਾ ਕਿਹਾ ਕਿ ਸ਼ਹਿਰ ਨੂੰ ਸਾਫ, ਸੁੰਦਰ ਅਤੇ ਵਾਤਾਵਰਨਣ ਪੱਖੀ ਬਣਾਉਣ ਦੇ ਉਦੇਸ਼ ਨਾਲ ਹੁਸ਼ਿਆਰਪੁਰ ਪ੍ਰਸ਼ਾਸਨ ਵੱਲੋਂ ਇਕ ਮਹੱਤਵਪੂਰਨ ਪਹਿਲਕਦਮੀ ਕੀਤੀ ਜਾ ਰਹੀ ਹੈ। ਇਸ ਪ੍ਰੋਜੈਕਟ ਤਹਿਤ ਵਾਰਡ ਨੰਬਰ 8, 9, 10, 11 ਅਤੇ 12 ਵਿਚ ਘਰ-ਘਰ ਕੂੜਾ ਇਕੱਠਾ ਕੀਤਾ ਜਾਵੇਗਾ। ਸਾਰੇ ਘਰਾਂ ਤੋਂ ਗਿੱਲਾ ਅਤੇ ਸੁੱਕਾ ਕੂੜਾ ਨਗਰ ਨਿਗਮ ਦੇ ਵਿਸ਼ੇਸ਼ ਵਾਹਨਾਂ ਦੁਆਰਾ ਵੱਖਰੇ ਤੌਰ 'ਤੇ ਇਕੱਠਾ ਕੀਤਾ ਜਾਵੇਗਾ ਅਤੇ ਇਸ ਨੂੰ ਸਿੱਧਾ ਡੰਪਿੰਗ ਗਰਾਊਂਡ ਵਿਚ ਲਿਜਾਇਆ ਜਾਵੇਗਾ। ਇਸ ਪਹਿਲਕਦਮੀ ਨਾਲ ਇਲਾਕੇ ਵਿਚ ਕੂੜੇ ਦੇ ਢੇਰ ਲੱਗਣ ਦੀ ਸਮੱਸਿਆ ਖਤਮ ਹੋ ਜਾਵੇਗੀ ਅਤੇ ਡੀ.ਏ.ਵੀ ਕਾਲਜ ਦੇ ਸਾਹਮਣੇ ਸਥਿਤ ਡੰਪਿੰਗ ਸੈੱਡ 'ਤੇ ਵੀ ਕੂੜਾ ਇਕੱਠਾ ਨਹੀਂ ਕੀਤਾ ਜਾਵੇਗਾ। ਡਿਪਟੀ ਕਮਿਸਨਰ ਨੇ ਕਿਹਾ ਕਿ ਇਸ ਮੁਹਿੰਮ ਤਹਿਤ ਡੀ.ਏ.ਵੀ ਕਾਲਜ ਦੇ ਸਾਹਮਣੇ ਸਥਿਤ ਡੰਪਿੰਗ ਸੈੱਡ ਨੂੰ ਹਟਾ ਦਿੱਤਾ ਜਾਵੇਗਾ ਅਤੇ ਉੱਥੇ ਸੁੰਦਰੀਕਰਨ ਕੀਤਾ ਜਾਵੇਗਾ। ਉਨ੍ਹਾਂ ਸਪੱਸਟ ਕੀਤਾ ਕਿ ਜੇਕਰ ਕੋਈ ਵਿਅਕਤੀ ਖੁੱਲ੍ਹੇ ਵਿਚ ਕੂੜਾ ਸੁੱਟਦਾ ਹੈ ਜਾਂ ਗਿੱਲਾ ਅਤੇ ਸੁੱਕਾ ਕੂੜਾ ਵੱਖ-ਵੱਖ ਕਰਨ ਤੋਂ ਬਾਅਦ ਨਗਰ ਨਿਗਮ ਨੂੰ ਨਹੀਂ ਦਿੰਦਾ ਹੈ ਤਾਂ ਉਸ ਦਾ ਚਲਾਨ ਕੀਤਾ ਜਾਵੇਗਾ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਇਸ ਸਫਾਈ ਮੁਹਿੰਮ ਵਿਚ ਸੋਨਾਲੀਕਾ ਉਦਯੋਗ ਸਮੂਹ ਅਤੇ ਸ੍ਰੀ ਕ੍ਰਿਸ਼ਨਾ ਇਨਫਰਾ ਸਰਵਿਸਿਜ਼ ਦਾ ਵੀ ਸਹਿਯੋਗ ਮਿਲ ਰਿਹਾ ਹੈ। ਇਨ੍ਹਾਂ ਵਾਰਡਾਂ ਵਿਚ 50 ਕੂੜਾ ਚੁੱਕਣ ਵਾਲੀਆਂ ਗੱਡੀਆਂ ਅਤੇ ਟਾਟਾ ਐਸ ਵਾਹਨ ਤਾਇਨਾਤ ਕੀਤੇ ਗਏ ਹਨ। ਇਸ ਮੌਕੇ ਨਗਰ ਨਿਗਮ ਕਮਿਸ਼ਨਰ ਡਾ. ਅਮਨਦੀਪ ਕੌਰ, ਸੰਯੁਕਤ ਕਮਿਸ਼ਨਰ ਸੰਦੀਪ ਤਿਵਾੜੀ, ਸੋਨਾਲੀਕਾ ਉਦਯੋਗ ਤੋਂ ਰਜਨੀਸ਼ ਸੰਦਲ, ਸ੍ਰੀ ਕ੍ਰਿਸ਼ਨਾ ਇੰਫਰਾ ਤੋਂ ਅਨਿਲ ਮਹਾਜਨ ਅਤੇ ਨਗਰ ਨਿਗਮ ਦੇ ਹੋਰ ਅਧਿਕਾਰੀ ਵੀ ਮੌਜੂਦ ਸਨ।

# 15 ਬੋਤਲਾਂ ਦੇਸੀ ਨਜਾਇਜ਼ ਸ਼ਰਾਬ ਸਮੇਤ ਕਾਬੂ



**ਕਾਲਾ ਸੰਘਿਆਂ (ਮਨਜੀਤ ਮਾਨ)**- ਪੁਲਸ ਚੌਕੀ ਉੱਗੀ ਦੇ ਇੰਚਾਰਜ ਐਸ ਆਈ ਲਵਲੀਨ ਕੁਮਾਰ ਵੱਲੋਂ ਆਪਣੀ ਪੁਲਸ ਪਾਰਟੀ ਸਮੇਤ ਆਉਣ ਜਾਣ ਵਾਲੇ ਵਾਹਨਾਂ ਦੀ ਚੈਕਿੰਗ ਕੀਤੀ ਜਾ ਰਹੀ ਸੀ। ਇਤਲਾਹ ਮਿਲੀ ਕਿ ਬਲਵਿੰਦਰ ਦੀਪ ਪੁੱਤਰ ਬੂਟਾ ਵਾਸੀ ਪਿੰਡ ਤਲਵੰਡੀ ਸਲੇਮ ਥਾਣਾ ਸਦਰ ਨਕੋਦਰ ਨੇ ਆਪਣੀ ਚਾਹ ਦੀ ਦੁਕਾਨ ਪਿੰਡ ਮੱਲ੍ਹੀਆਂ ਕਲਾਂ ਅੱਡੇ ਅੰਦਰ ਨਜਾਇਜ਼ ਸ਼ਰਾਬ ਲੁਕਾ ਕੇ ਰੱਖੀ ਹੋਈ ਸੀ। ਜਦੋਂ ਪੁਲਸ ਪਾਰਟੀ ਨੇ ਬਲਵਿੰਦਰ ਦੀਪ ਦੀ ਦੁਕਾਨ ਅੰਦਰ ਰੇਡ ਕੀਤਾ ਤਾਂ ਉਸ ਦੀ ਦੁਕਾਨ ਅੰਦਰੋਂ ਇੱਕ ਪਲਾਸਟਿਕ ਦੀ ਕੈਨੀ ਵਿੱਚੋਂ 15 ਬੋਤਲਾਂ ਦੇਸੀ ਨਜਾਇਜ਼ ਸ਼ਰਾਬ ਬਰਾਮਦ ਕਰਕੇ ਦੋਸ਼ੀ ਨੂੰ ਮੌਕੇ 'ਤੇ ਹੀ ਗ੍ਰਿਫਤਾਰ ਕਰਕੇ ਉਸ ਖਿਲਾਫ ਮੁਕੱਦਮਾ ਦਰਜ ਕਰ ਲਿਆ ਗਿਆ।

# 67.84 ਕਰੋੜ ਦੀ ਕਰਜ਼ਾ ਮੁਆਫੀ ਅਨੁਸੂਚਿਤ ਜਾਤੀਆਂ ਲਈ ਵੱਡਾ ਤੋਹਫਾ : ਇੰਦਰਜੀਤ ਕੌਰ ਮਾਨ

**ਨਕੋਦਰ (ਬਲਵਿੰਦਰ ਸਿੰਘ ਧਾਲੀਵਾਲ)**- ਪੰਜਾਬ ਸਰਕਾਰ ਨੇ ਅਨੁਸੂਚਿਤ ਜਾਤੀਆਂ ਲਈ ਇੱਕ ਵੱਡੀ ਰਾਹਤ ਦਾ ਐਲਾਨ ਕਰਦੇ ਹੋਏ 67.84 ਕਰੋੜ ਰੁਪਏ ਦੇ ਕਰਜ਼ੇ ਮੁਆਫ ਕਰਨ ਦਾ ਇਤਿਹਾਸਕ ਫੈਸਲਾ ਲਿਆ ਹੈ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਨਕੋਦਰ ਤੋਂ ਆਮ ਆਦਮੀ ਪਾਰਟੀ ਦੇ ਵਿਧਾਇਕ ਇੰਦਰਜੀਤ ਕੌਰ ਮਾਨ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਉਹਨਾਂ ਕਿਹਾ ਕਿ ਇਹ ਫੈਸਲਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਹੋਈ ਕੈਬਨਿਟ ਮੀਟਿੰਗ ਵਿੱਚ ਲਿਆ ਗਿਆ, ਜਿਸ ਨਾਲ ਲਗਭਗ 4727 ਪਰਵਾਰਾਂ ਨੂੰ ਸਿੱਧਾ ਲਾਭ ਹੋਵੇਗਾ। ਉਹਨਾਂ ਕਿਹਾ ਕਿ ਇਹ ਕਰਜ਼ਾ ਮੁਆਫੀ ਪੰਜਾਬ ਅਨੁਸੂਚਿਤ ਜਾਤੀਆਂ ਭੂਮੀ ਵਿਕਾਸ ਅਤੇ ਵਿੱਤ ਨਿਗਮ ਵੱਲੋਂ 31 ਮਾਰਚ, 2020 ਤੱਕ ਦਿੱਤੇ ਗਏ ਕਰਜ਼ਿਆਂ 'ਤੇ ਲਾਗੂ ਹੋਵੇਗੀ।



ਉਹਨਾਂ ਕਿਹਾ ਕਿ ਜਿਹੜੇ ਲੋਕ ਇਸ ਦੇ ਅਧੀਨ ਆਉਂਦੇ ਹਨ ਉਹ ਵੱਧ ਤੋਂ ਵੱਧ ਇਸ ਦਾ ਲਾਭ ਲੈ ਸਕਦੇ ਹਨ ਅਤੇ ਸਾਡੇ ਨਾਲ ਵੀ ਸੰਪਰਕ ਕਰ ਸਕਦੇ ਹਨ। ਇਸ ਮੌਕੇ ਵਿਧਾਇਕ ਮਾਨ ਨੇ ਸਪੱਸ਼ਟ ਕੀਤਾ ਹੈ ਕਿ ਸਾਡੀ ਸਰਕਾਰ ਵਿਰੁੱਧ ਅਦਾਲਤਾਂ ਵਿੱਚ ਕੇਸ ਦਾਇਰ ਕਰਨ ਵਾਲੇ ਕਰਜ਼ਦਾਰ ਇਸ ਕਰਜ਼ ਮੁਆਫੀ ਲਈ ਸਿਰਫ ਤਾਂ ਹੀ ਯੋਗ ਹੋਣਗੇ ਜੇਕਰ ਉਹ ਬਿਨਾਂ ਸ਼ਰਤ ਕੇਸ ਵਾਪਸ ਲੈ ਲੈਂਦੇ ਹਨ ਅਤੇ ਇਸ ਦੇ ਦਸਤਾਵੇਜ਼ੀ ਸਬੂਤ ਪ੍ਰਦਾਨ ਕਰਦੇ ਹਨ। ਇਸ ਫੈਸਲੇ ਦਾ ਸੁਆਗਤ ਕਰਦਿਆਂ ਨਕੋਦਰ ਦੇ ਵਿਧਾਇਕ ਇੰਦਰਜੀਤ ਕੌਰ ਮਾਨ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਇਹ ਸਿਰਫ ਕਰਜ਼ਾ ਮੁਆਫੀ ਨਹੀਂ ਹੈ, ਸਗੋਂ ਅਨੁਸੂਚਿਤ ਭਾਈਚਾਰੇ ਦੇ ਸਵੈ-ਮਾਣ ਨੂੰ ਬਹਾਲ ਕਰਨ ਵੱਲ ਇੱਕ ਮਜ਼ਬੂਤ ਕਦਮ ਹੈ।

# ਬੇਲਾ ਕਾਲਜ ਨੂੰ ਏ ਆਈ ਸੀ ਟੀ ਈ ਵੱਲੋਂ ਫੈਕਲਟੀ ਡਿਵੈੱਲਪਮੈਂਟ ਪ੍ਰੋਗਰਾਮ ਲਈ ਮਿਲੀ ਗ੍ਰਾਂਟ

**ਸ੍ਰੀ ਚਮਕੌਰ ਸਾਹਿਬ (ਗੁਰਵਿੰਦਰ ਸਿੰਘ ਬੋਬੀ)**- ਅਮਰ ਸ਼ਹੀਦ ਬਾਬਾ ਅਜੀਤ ਸਿੰਘ ਜੁਝਾਰ ਸਿੰਘ ਮੈਮੋਰੀਅਲ ਕਾਲਜ, ਬੇਲਾ ਨੂੰ ਏ.ਆਈ.ਸੀ.ਟੀ.ਈ. ਟ੍ਰੇਨਿੰਗ ਐਂਡ ਲਰਨਿੰਗ ਵਲੋਂ 22 ਤੋਂ 27 ਸਤੰਬਰ 2025 ਨੂੰ ਹਫ਼ਤਾਵਾਰੀ ਫੈਕਲਟੀ ਡਿਵੈੱਲਪਮੈਂਟ ਪ੍ਰੋਗਰਾਮ ਕਰਵਾਉਣ ਲਈ ਸਾਢੇ ਤਿੰਨ ਲੱਖ ਰੁਪਏ ਦੀ ਗ੍ਰਾਂਟ ਮਨਜ਼ੂਰ ਹੋਈ ਹੈ। ਕਾਲਜ ਪ੍ਰਿੰਸੀਪਲ ਡਾ. ਸਤਵੰਤ ਕੌਰ ਸ਼ਾਹੀ ਨੇ ਦੱਸਿਆ ਕਿ ਇਹ ਐਫ.ਡੀ.ਪੀ. "ਇਨਹਾਂਸਿੰਗ ਪੈਡਾਗੋਜੀ ਵਿਦ ਡਿਜ਼ੀਟਲ ਮਾਰਕੀਟਿੰਗ ਟੈਕਨੀਜ਼" ਥੀਮ 'ਤੇ ਆਧਾਰਿਤ ਹੈ ਜੋ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਵਿਕਸਿਤ ਭਾਰਤ ਦੇ ਸੁਪਨੇ ਦਾ ਸਾਰਥਿਕ ਰੂਪ ਹੈ। ਇਸ ਐਫ.ਡੀ.ਪੀ. ਦਾ ਇਨਫਾਰਮੇਸ਼ਨ ਬਰੋਸ਼ਰ ਜਨਤਕ ਜਾਣਕਾਰੀ ਹਿੱਤ ਕਾਲਜ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸੰਗਤ ਸਿੰਘ ਲੌਂਗੀਆ ਵੱਲੋਂ ਸਮੂਹ ਵਿਭਾਗ ਮੁਖੀਆਂ ਦੀ ਹਾਜ਼ਰੀ ਵਿੱਚ ਰਿਲੀਜ਼ ਕੀਤਾ ਗਿਆ। ਉਨ੍ਹਾਂ ਕਿਹਾ ਕਿ ਇਹ ਇੱਕ ਵੱਡੀ ਉਪਲਬਧੀ ਹੈ ਜੋ ਕਿ ਸੰਸਥਾ ਦੇ ਵਿਕਾਸ ਅਤੇ ਇਸ ਦੀ ਵਿੱਦਿਅਕ ਖੇਤਰ ਪ੍ਰਤੀ ਦ੍ਰਿੜਤਾ ਨੂੰ ਦਰਸਾਉਂਦੀ ਹੈ। ਉਹਨਾਂ ਬਿਜ਼ਨਸ ਸਟੱਡੀਜ਼ ਵਿਭਾਗ ਦੇ ਮੁਖੀ ਪ੍ਰੋ. ਗੁਰਲਾਲ ਸਿੰਘ ਅਤੇ ਡਾ. ਨਰਿਪਇੰਦਰ ਕੌਰ ਨੂੰ ਇਸ ਲਈ ਵਿਸ਼ੇਸ਼ ਵਧਾਈ ਦਿੱਤੀ ਕਿਉਂਕਿ ਇਹ ਉਹਨਾਂ ਦੇ ਪ੍ਰੋਜੈਕਟ ਦੀ ਮਿਹਨਤ ਦਾ ਨਤੀਜਾ ਹੈ। ਪ੍ਰੋ. ਗੁਰਲਾਲ ਸਿੰਘ ਨੇ ਆਸ ਜਤਾਈ ਕਿ ਇਹ ਪ੍ਰੋਗਰਾਮ ਭਾਗੀਦਾਰਾਂ ਲਈ ਬਹੁਤ ਹੀ ਲਾਹੇਵੰਦ ਸਾਬਿਤ ਹੋਵੇਗਾ ਅਤੇ ਕਈ ਨਵੀਆਂ ਸੰਭਾਵਨਾਵਾਂ ਦੀ ਸਿਰਜਣਾ ਵਿੱਚ ਸਹਾਈ ਬਣੇਗਾ। ਇਸ ਅਧੀਨ ਡਿਜੀਟਲ ਮਾਰਕੀਟਿੰਗ ਦੇ ਸਿਧਾਂਤ, ਸੋਸ਼ਲ ਮੀਡੀਆ ਮਾਰਕੀਟਿੰਗ ਫਾਰ ਐਜੂਕੇਸ਼ਨ, ਕੰਟੈਂਟ ਕ੍ਰੀਏਸ਼ਨ ਐਂਡ ਮੈਨਜਮੈਂਟ, ਸਰਚ ਇੰਜਨ ਓਪਟੇਮਾਈਜ਼ੇਸ਼ਨ, ਆਨਲਾਈਨ ਟੀਚਿੰਗ ਐਂਡ ਡਿਜ਼ੀਟਲ ਮਾਰਕੀਟਿੰਗ ਇੰਨਟੈਗਰੇਸ਼ਨ, ਰਿਸਰਚ ਡੀਸੀਮੀਨੇਸ਼ਨ ਆਦਿ ਵਿਸ਼ਿਆਂ ਤੇ ਵਿਸਥਾਰਪੂਰਵਕ ਚਰਚਾ ਕਰਨ ਲਈ ਮਾਹਿਰ ਬੁਲਾਰੇ ਵੱਖੋ-ਵੱਖਰੇ ਸੈਸ਼ਨਾਂ ਵਿੱਚ ਜਾਣਕਾਰੀ ਸਾਂਝੀ ਕਰਨਗੇ।



# ਗੋਰਾਇਆ 'ਚ ਠੰਢੇ-ਮਿੱਠੇ ਜਲ ਦੀ ਛਬੀਲ ਲਗਾਈ



**ਅੱਡਾ ਸਰਾਂ (ਜਸਵੀਰ ਕਾਜਲ)**- ਪਿੰਡ ਗੋਰਾਇਆਂ ਵਿਖੇ ਸ਼ਹੀਦਾਂ ਦੇ ਸਿਰਤਾਜ ਸ੍ਰੀ ਗੁਰੂ ਅਰਜਨ ਦੇਵ ਮਹਾਰਾਜ ਦੇ ਸ਼ਹੀਦੀ ਪੁਰਬ ਨੂੰ ਸਮਰਪਤ ਠੰਢੇ ਮਿੱਠੇ ਜਲ ਦੀ ਛਬੀਲ ਅਤੇ ਛੋਲੇ ਪੂੜੀਆਂ ਦਾ ਲੰਗਰ ਲਗਾਇਆ ਗਿਆ। ਇਸ ਮੌਕੇ ਸ਼ਰਮਾਨ ਸਿੰਘ , ਮਾਸਟਰ ਗੁਰਦਿਆਲ ਸਿੰਘ , ਸੰਦੀਪ ਸਿੰਘ ਸਰਪੰਚ ਮਾਣਕਢੇਰੀ, ਪਰਮਜੀਤ ਸਿੰਘ, ਵਰਿੰਦਰ ਸਿੰਘ, ਸ਼ਮਿੰਦਰ ਸਿੰਘ ਸਾਬੀ, ਜੀਤ ਸਿੰਘ ਅਤੇ ਹੋਰ ਨਗਰ ਦੀਆਂ ਸੰਗਤਾਂ ਹਾਜ਼ਰ ਸਨ।

# ਸ਼ਹੀਦਾਂ ਨੂੰ ਸਮਰਪਿਤ ਠੰਢੇ-ਮਿੱਠੇ ਜਲ ਦੀ ਛਬੀਲ ਲਗਾਈ

**ਬਲਾਚੌਰ (ਜਸਵਿੰਦਰ ਬੈਂਸ)**- ਸ਼ਹੀਦੇ ਸਰਤਾਜ ਸ੍ਰੀ ਗੁਰੂ ਅਰਜਨ ਦੇਵ ਜੀ ਅਤੇ 84 ਦੇ ਘੱਲੂਘਾਰੇ ਦੇ ਸਮੂਹ ਸ਼ਹੀਦਾਂ ਨੂੰ ਸਮਰਪਤ ਪਿੰਡ ਗੜ੍ਹੀ ਕਾਨੂੰਗੋਆਂ ਵਿਖੇ ਬਲਾਚੌਰ ਤੋਂ ਚੰਡੀਗੜ੍ਹ ਨੈਸ਼ਨਲ ਹਾਈਵੇ ਨੂੰ ਜਾਂਦੀ ਜਰਨੈਲੀ ਸੜਕ 'ਤੇ ਨਿੰਬੂ-ਪਾਣੀ, ਛੋਲਿਆਂ ਤੇ ਠੰਢੇ-ਮਿੱਠੇ ਜਲ ਦੀ ਛਬੀਲ ਲਾਈ ਗਈ। ਇਸ ਸਮੇਂ ਸੂਬੇਦਾਰ ਫਤਿਹ ਸਿੰਘ,



ਕੁਲਵਿੰਦਰ ਸਿੰਘ ਅਸਤਰੀਆ, ਕੈਪਟਨ ਕੁਲਦੀਪ ਸਿੰਘ, ਜਸਪ੍ਰੀਤ ਸਿੰਘ ਭੱਠੀ, ਗਿਆਨੀ ਸੰਤੋਖ ਸਿੰਘ, ਮਾਸਟਰ ਰਣਵੀਰ ਸਿੰਘ, ਮਹਿੰਦਰ ਸਿੰਘ ਕਿਸਾਨ ਆਗੂ, ਦਰਸ਼ਨ ਸਿੰਘ, ਜਸਵੰਤ ਸਿੰਘ ਸਰਪੰਚ, ਹਰਦੀਪ ਸਿੰਘ ਪ੍ਰਧਾਨ ਸਮੇਤ ਦੋਆਬ ਸਪੋਰਟਸ ਐਂਡ ਵੈਲਫੇਅਰ ਕਲੱਬ ਦੇ ਨੌਜਵਾਨ ਸੇਵਾਦਾਰ ਹਾਜ਼ਰ ਸਨ।

# ਗੌਰਮਿੰਟ ਟੀਚਰਜ਼ ਯੂਨੀਅਨ ਦਾ ਵਫਦ ਉੱਚ ਅਧਿਕਾਰੀਆਂ ਨੂੰ ਮਿਲਿਆ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਦਾ ਇੱਕ ਵਫਦ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਚਾਹਲ ਦੀ ਅਗਵਾਈ ਵਿਚ ਮੁੱਖ ਦਫਤਰ ਮੋਹਾਲੀ ਵਿਖੇ ਸਿੱਖਿਆ ਵਿਭਾਗ ਦੇ ਵੱਖ-ਵੱਖ ਅਧਿਕਾਰੀਆਂ ਨੂੰ ਮਿਲਿਆ ਅਤੇ ਅਧਿਆਪਕ ਮਸਲਿਆਂ ਸਬੰਧੀ ਜਥੇਬੰਦੀ ਦਾ ਲਿਖਤੀ ਪੱਖ ਰੱਖਿਆ। ਸੂਬਾ ਜਨਰਲ ਸਕੱਤਰ ਗੁਰਬਿੰਦਰ ਸਿੰਘ ਸਸਕੌਰ ਨੇ ਦੱਸਿਆ ਬਦਲੀਆਂ ਦਾ ਪੋਰਟਲ ਤੁਰੰਤ ਖੋਲ੍ਹਣ ਸਬੰਧੀ ਮੰਗ ਕਰਦਿਆਂ ਨਵ-ਨਿਯੁਕਤ ਤੇ ਪ੍ਰਮੋਟ ਹੋਏ ਅਧਿਆਪਕਾਂ ਨੂੰ ਬਦਲੀ ਕਰਾਉਣ ਦਾ ਮੌਕਾ ਦੇਣ ਲਈ ਕਿਹਾ, ਜਿਸ ਬਾਰੇ ਅਧਿਕਾਰੀਆਂ ਨੇ ਭਰੋਸਾ ਦਿੱਤਾ ਕਿ ਆਉਣ ਵਾਲੇ ਦੋ ਦਿਨਾਂ ਤੱਕ ਪੋਰਟਲ ਖੋਲ੍ਹਿਆ ਜਾਵੇਗਾ ਅਤੇ ਪੋਰਟਲ ਸਬੰਧੀ ਤਕਨੀਕੀ ਦਿੱਕਤਾਂ ਦੂਰ ਕਰ ਲਈਆਂ ਗਈਆਂ ਹਨ। ਉਨ੍ਹਾ ਕਿਹਾ ਕਿ ਰੀਕਾਸਟ ਲਿਸਟਾਂ ਸਬੰਧੀ ਜਥੇਬੰਦੀ ਨੇ ਸਖਤ ਸਟੈਂਡ ਲੈਂਦਿਆਂ ਕਿਹਾ ਕਿ ਜੇਕਰ ਕਿਸੇ ਵੀ ਅਧਿਆਪਕ ਦੀ ਨੌਕਰੀ ਨੂੰ ਕੋਈ ਖਤਰਾ ਹੋਇਆ ਤਾਂ ਸਖਤ ਵਿਰੋਧ ਕੀਤਾ ਜਾਵੇਗਾ। ਯੂਨੀਅਨ ਵੱਲੋਂ ਸਿਵਲ ਵਰਕਸ ਦੀਆਂ ਗ੍ਰਾਂਟਾਂ ਸਬੰਧੀ ਵਾਪਸ ਕੀਤੀਆਂ ਗ੍ਰਾਂਟਾਂ ਅਤੇ ਉਹਨਾਂ ਦਾ ਬਾਕੀ ਦਾ ਰਹਿੰਦਾ ਹਿੱਸਾ ਤੁਰੰਤ ਜਾਰੀ ਕਰਨ ਦੀ ਮੰਗ ਕੀਤੀ ਗਈ। ਉਨ੍ਹਾਂ ਦੱਸਿਆ ਕਿ ਕੇ ਅਧਿਕਾਰੀਆਂ ਨੇ ਜਥੇਬੰਦੀ ਵੱਲੋਂ ਦਿੱਤਾ ਹਰ ਪੱਖ ਵਿਚਾਰਨ ਦਾ ਭਰੋਸਾ ਦਿੱਤਾ ਤੇ ਅਧਿਕਾਰੀਆਂ ਵੱਲੋਂ ਸਮੇਂ-ਸਮੇਂ ਤੇ ਜਥੇਬੰਦੀ ਦੇ ਆਗੂਆਂ ਨਾਲ ਸਲਾਹ ਮਸ਼ਵਰਾ ਕਰਕੇ ਫੈਸਲਾ ਲਏ ਜਾਣ ਦੀ ਗੱਲ ਆਖੀ। ਉਹਨਾਂ ਕਿਹਾ ਕਿ 4161 ਅਧਿਆਪਕਾਂ ਨਾਲ ਸਬੰਧਿਤ ਮਸਲੇ ਸਾਥੀ ਗੁਰਮੇਲ ਸਿੰਘ ਕੁਲਰੀਆਂ ਸੂਬਾ ਪ੍ਰਧਾਨ 4161 ਮਾਸਟਰ ਕਾਡਰ ਯੂਨੀਅਨ ਦੇ ਨਾਲ ਆਏ ਸਾਥੀਆਂ ਤੇ ਮਹਿਲਾ ਅਧਿਆਪਕਾਂ ਦੀ ਹਾਜ਼ਰੀ ਵਿਚ ਜਥੇਬੰਦੀ ਤੇ ਸਬੰਧਤ 4161 ਦੇ ਸਾਥੀਆਂ ਵੱਲੋਂ ਖੁਦ ਰੱਖੇ ਗਏ। ਅਧਿਆਪਕਾਂ ਦੇ ਕਈ ਮੈਡੀਕਲ ਕਲੇਮ, ਵਿਦੇਸ਼ ਛੁੱਟੀ ਤੇ ਉਹਨਾਂ ਦੇ ਨਿੱਜੀ ਕੰਮ ਦਾ ਮੌਕੇ ਤੇ ਹੀ ਨਿਬੇੜਾ ਕਰਵਾਇਆ ਗਿਆ। ਇਸ ਮੌਕੇ ਕੁਲਦੀਪ ਸਿੰਘ ਦੌੜਕਾ, ਪ੍ਰਿੰਸੀਪਲ ਅਮਨਦੀਪ ਸ਼ਰਮਾ, ਬਲਵਿੰਦਰ ਭੁੱਟੋ, ਹਰਿੰਦਰ ਮੱਲ੍ਹੀਆਂ, ਜਸਵਿੰਦਰ ਸਮਾਣਾ, ਸੁਭਾਸ਼ ਪਠਾਨਕੋਟ, ਮਨਪ੍ਰੀਤ ਮੋਹਾਲੀ, ਸੁਖਚੈਨ ਬੱਧਣ ਕਪੂਰਥਲਾ, ਸੁੱਚਾ ਸਿੰਘ ਟਰਪਈ ਅੰਮ੍ਰਿਤਸਰ, ਅਮਰਜੀਤ ਸਿੰਘ ਫਤਿਹਗੜ੍ਹ ਸਾਹਿਬ,ਵਿਕਾਸ ਸਰਮਾ, ਪ੍ਰਿਤਪਾਲ ਚੌਂਟਾਲਾ ਹੁਸ਼ਿਆਰਪੁਰ, ਤੇਜਿੰਦਰ ਤੇਜੀ, ਸਾਧੂ ਸਿੰਘ, ਜਸਵੰਤ ਸਿੰਘ ਤੇ ਰਮੇਸ਼ ਕੁਮਾਰ ਆਦਿ ਸਾਥੀ ਹਾਜ਼ਰ ਸਨ।

# ਸੰਤ ਸੀਚੇਵਾਲ ਵੱਲੋਂ ਡਰੇਨ ਨੂੰ ਪ੍ਰਦੂਸ਼ਿਤ ਕਰਨ ਵਾਲਿਆਂ ਖਿਲਾਫ਼ ਸਖ਼ਤ ਕਾਰਵਾਈ ਦੇ ਨਿਰਦੇਸ਼

**ਜਲੰਧਰ (ਸੁਰਿੰਦਰ ਕੁਮਾਰ)** ਰਾਜ ਸਭਾ ਮੈਂਬਰ ਅਤੇ ਪ੍ਰਸਿੱਧ ਵਾਤਾਵਰਣ ਪ੍ਰੇਮੀ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨੂੰ ਕਾਲਾ ਸੰਘਿਆਂ ਡਰੇਨ ਨੂੰ ਪ੍ਰਦੂਸ਼ਿਤ ਕਰਨ ਵਾਲਿਆਂ ਖਿਲਾਫ ਸਖ਼ਤ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ।ਡਰੇਨ ਨੂੰ ਪ੍ਰਦੂਸ਼ਣ ਮੁਕਤ ਬਣਾਉਣ ਲਈ ਕੀਤੇ ਜਾ ਰਹੇ ਉਪਰਾਲਿਆਂ ਸਬੰਧੀ ਇੱਕ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਸੰਤ ਸੀਚੇਵਾਲ ਨੇ ਨਗਰ ਨਿਗਮ ਜਲੰਧਰ, ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ (ਪੀ.ਪੀ.ਸੀ.ਬੀ.) ਅਤੇ ਸੀਵਰੇਜ ਬੋਰਡ ਦੇ ਅਧਿਕਾਰੀਆਂ ਨੂੰ ਡਰੇਨ ਵਿੱਚ ਸੀਵਰੇਜ ਵੇਸਟ ਦੇ ਸਿੱਧੇ ਪ੍ਰਵਾਹ ਨੂੰ ਰੋਕਣ ਲਈ ਤਾਲਮੇਲ ਵਾਲੀ ਰਣਨੀਤੀ ਅਪਨਾਉਣ ਦੀ ਅਪੀਲ ਕੀਤੀ। ਰਾਜ ਸਭਾ ਮੈਂਬਰ ਨੇ ਜ਼ੋਰ ਦਿੰਦਿਆਂ ਕਿਹਾ ਕਿ ਡਰੇਨ ਨੂੰ ਪ੍ਰਦੂਸ਼ਿਤ ਕਰਦੇ ਪਾਏ ਜਾਣ 'ਤੇ ਵਿਅਕਤੀਆਂ ਜਾਂ ਉਦਯੋਗਾਂ ਵਿਰੁੱਧ ਐਫ.ਆਈ.ਆਰ. ਦਰਜ ਕੀਤੀ ਜਾਣੀ ਚਾਹੀਦੀ ਹੈ ਅਤੇ ਨਾਲ ਹੀ ਨਿਯਮਾਂ ਦੀ ਪਾਲਣਾ ਨੂੰ ਯਕੀਨੀ ਬਣਾਉਣ ਲਈ ਨਿਯਮਿਤ ਨਿਰੀਖਣ ਕੀਤੇ ਜਾਣੇ ਚਾਹੀਦੇ ਹਨ। ਉਨ੍ਹਾਂ ਜਲੰਧਰ ਨਗਰ ਨਿਗਮ ਅਤੇ ਪੀ.ਪੀ.ਸੀ.ਬੀ. ਨੂੰ ਢੁੱਕਵਾਂ ਸਲੱਜ ਪ੍ਰਬੰਧਨ ਯਕੀਨੀ ਬਣਾਉਣ ਲਈ ਸੀਵਰੇਜ ਟ੍ਰੀਟਮੈਂਟ



ਪਲਾਂਟਾਂ (ਐਸ.ਟੀ.ਪੀਜ਼) ਦੇ ਸੰਚਾਲਨ 'ਤੇ ਨੇੜਿਓਂ ਨਜ਼ਰ ਰੱਖਣ ਦੇ ਨਿਰਦੇਸ਼ ਵੀ ਦਿੱਤੇ ਅਤੇ ਨਿਯਮਾਂ ਦੀ ਪਾਲਣਾ ਨਾ ਕਰਨ ਵਾਲੇ ਓਪਰੇਟਰਾਂ ਵਿਰੁੱਧ ਕਾਰਵਾਈ ਦੀ ਚਿਤਾਵਨੀ ਦਿੱਤੀ। ਉਦਯੋਗਿਕ ਇਕਾਈਆਂ ਦੀ ਸਖ਼ਤ ਨਿਗਰਾਨੀ ਦੀ ਲੋੜ 'ਤੇ ਜ਼ੋਰ ਦਿੰਦਿਆਂ ਸੰਤ ਸੀਚੇਵਾਲ ਨੇ ਅਧਿਕਾਰੀਆਂ ਨੂੰ ਉਦਯੋਗਿਕ ਨਿਕਾਸੀ ਪੁਆਇੰਟਾਂ ਦੀ ਨਿਗਰਾਨੀ ਕਰਨ ਅਤੇ ਪ੍ਰਦੂਸ਼ਣ ਕੰਟਰੋਲ ਦਿਸ਼ਾ-ਨਿਰਦੇਸ਼ਾਂ ਦੀ ਉਲੰਘਣਾ ਕਰਨ ਵਾਲਿਆਂ ਨੂੰ ਸਜ਼ਾ ਦੇਣ ਦੇ ਨਿਰਦੇਸ਼ ਦਿੱਤੇ। ਇੱਕ ਮਹੱਤਵਪੂਰਨ ਕਦਮ ਚੁੱਕਦਿਆਂ ਉਨ੍ਹਾਂ ਨੇ ਜਮਸ਼ੇਰ ਡੇਅਰੀ ਕੰਪਲੈਕਸ ਵਿਚ ਵਾਟਰ ਟ੍ਰੀਟਮੈਂਟ ਪਲਾਂਟ ਚਲਾਉਣ ਲਈ ਵੀ ਕਿਹਾ ਤਾਂ ਜੋ ਡੇਅਰੀਆਂ ਤੋਂ ਸਿਰਫ ਸੋਧਿਆ ਪਾਣੀ ਹੀ ਡਰੇਨ ਵਿੱਚ ਜਾਣਾ ਯਕੀਨੀ ਬਣਾਇਆ ਜਾ ਸਕੇ।ਇਸ ਤੋਂ ਇਲਾਵਾ, ਰਾਜ ਸਭਾ ਮੈਂਬਰ ਨੇ ਵਰਿਆਣਾ ਵਿਖੇ ਬਾਇਓ-ਮਾਈਨਿੰਗ ਪ੍ਰਾਜੈਕਟ ਦੀ ਪ੍ਰਗਤੀ ਅਤੇ ਜਮਸ਼ੇਰ ਵਿਖੇ ਬਾਇਓਗੈਸ ਪਲਾਂਟ ਦੀ ਤਜਵੀਜ਼ ਦਾ ਜਾਇਜ਼ਾ ਲਿਆ, ਜਿਸਦਾ ਉਦੇਸ਼ ਖੇਤਰ ਦੇ ਵਾਤਾਵਰਣ ਵਿੱਚ ਸੁਧਾਰ ਕਰਨਾ ਹੈ। ਉਨ੍ਹਾਂ ਨੇ ਜਲੰਧਰ ਨਗਰ ਨਿਗਮ ਨੂੰ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪਾਣੀ ਦੀ ਸਪਲਾਈ ਦੀ ਹਦਾਇਤ ਕੀਤੀ ਕਿਉਂਕਿ ਜ਼ਿਆਦਾਤਰ ਪਾਣੀ ਦੀ ਸਪਲਾਈ ਐਸ.ਟੀ.ਪੀ. ਦੇ ਕੰਮਕਾਜ ਵਿਚ ਰੁਕਾਵਟ ਪਾ ਸਕਦੀ ਹੈ।ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਬੁੱਧੀਰਾਜ ਸਿੰਘ, ਜ਼ਿਲ੍ਹਾ ਮਾਲ ਅਫ਼ਸਰ ਨਵਦੀਪ ਭੋਗਲ ਅਤੇ ਵੱਖ-ਵੱਖ ਵਿਭਾਗਾਂ ਦੇ ਨੁਮਾਇੰਦੇ ਮੌਜੂਦ ਸਨ।

# ਨਹਿਰ ਦਾ ਪਾਣੀ ਓਵਰਫਲੋ ਹੋਣ ਕਰਕੇ ਖੇਤਾਂ 'ਚ ਜਾ ਵੜਿਆ

**ਫਿਲੌਰ (ਨਿਰਮਲ)**- ਫਿਲੌਰ ਦੇ ਨਜ਼ਦੀਕ ਪਿੰਡ ਕੰਗ ਅਰਾਈਆਂ ਨੇੜਿਓਂ ਲੰਘਦੀ ਵੱਡੀ ਨਹਿਰ ਵਿੱਚ ਰਾਤ ਵੇਲੇ ਇਕਦਮ ਭਾਰੀ ਮਾਤਰਾ ਵਿੱਚ ਨਹਿਰੀ ਵਿਭਾਗ ਵੱਲੋਂ ਛੱਡਿਆ ਪਾਣੀ ਨਹਿਰ ਵਿੱਚ ਆ ਗਿਆ। ਨਹਿਰ ਦੇ



ਗੇਟ ਬੰਦ ਹੋਣ ਕਰਕੇ ਪਾਣੀ ਓਵਰਫਲੋ ਹੋ ਕੇ ਭਾਰੀ ਮਾਤਰਾ ਵਿੱਚ ਪਿੰਡ ਦੇ ਖੇਤਾਂ ਵਿੱਚ ਜਾ ਵੜਿਆ, ਜਿਸ ਦਾ ਪਤਾ ਪਿੰਡ ਵਾਸੀਆਂ ਨੂੰ ਸਵੇਰੇ ਤੜਕਸਾਰ ਲੱਗਿਆ ਅਤੇ ਗੁਰੂ ਘਰ ਵਿੱਚ ਜਾ ਕੇ ਅਨਾਊਂਸਮੈਂਟ ਕਰਵਾਈ ਗਈ। ਪਿੰਡ ਵਾਸੀ ਇਕੱਠੇ ਹੋ ਕੇ ਮੌਕੇ 'ਤੇ ਪੁੱਜੇ ਤੇ ਪਾਣੀ ਨੂੰ ਰੋਕਣ ਦੇ ਯਤਨ ਕਰਨ ਲੱਗੇ ਪਰ ਵਹਾਉ ਜ਼ਿਆਦਾ ਤੇਜ਼ ਹੋਣ ਕਾਰਨ ਪਾਣੀ ਰੁਕ ਨਹੀਂ ਰਿਹਾ ਸੀ। ਨਹਿਰੀ ਵਿਭਾਗ ਦੇ ਅਧਿਕਾਰੀਆਂ ਨੂੰ ਫੋਨ ਕਰਕੇ ਮੌਕੇ 'ਤੇ ਸੱਦਿਆ। ਜੇ.ਈ ਜੰਸੀਵ ਕੁਮਾਰ ਸਾਥੀ ਕਰਮਚਾਰੀਆਂ ਨਾਲ ਮੌਕੇ 'ਤੇ ਪੁੱਜੇ ਅਤੇ ਚਾਬੀਆਂ ਨਾਲ ਗੇਟ ਨੂੰ ਖੁਲ੍ਹਵਾਇਆ ਅਤੇ ਪਾਣੀ ਅਗਾਂਹ ਨੂੰ ਲੰਘਾਇਆ। ਹਰਦੀਪ ਸਿੰਘ ਮੈਂਬਰ ਗ੍ਰਾਮ ਪੰਚਾਇਤ ਕੰਗ ਰਾਈਆਂ ਨੇ ਪੱਤਰਕਾਰਾਂ ਨੂੰ ਦੱਸਿਆ ਕਿ ਜੇਕਰ ਅਸੀਂ ਵਿਭਾਗ ਨੂੰ ਸੂਚਿਤ ਨਾ ਕਰਦੇ ਤਾਂ ਸਾਡਾ ਭਾਰੀ ਨੁਕਸਾਨ ਹੋ ਜਾਣਾ ਸੀ। ਵਿਭਾਗ ਨਹਿਰੀ ਵਿੱਚ ਪਾਣੀ ਛੱਡਣ ਤੋਂ ਪਹਿਲਾਂ ਵਿਭਾਗ ਦੇ ਕਰਮਚਾਰੀਆਂ ਤੇ ਨੇੜਲੇ ਪਿੰਡਾਂ ਦੀ ਪੰਚਾਇਤ ਨੂੰ ਜ਼ਰੂਰ ਸੂਚਿਤ ਕਰਨ ਤਾਂ ਜੋ ਇਹੋ ਜਿਹੀ ਘਟਨਾ ਦੁਬਾਰਾ ਨਾ ਵਾਪਰ ਸਕੇ।

# ਹਰੀਪੁਰ ਪਿੰਡ ਦੇ ਛੱਪੜ ਦੀ ਸਫਾਈ ਦਾ ਕੰਮ ਸ਼ੁਰੂ

**ਆਦਮਪੁਰ (ਪਰਮਜੀਤ ਸਿੰਘ)**:- ਗ੍ਰਾਮ ਪੰਚਾਇਤ ਹਰੀਪੁਰ ਵਿਖੇ ਸਰਪੰਚ ਡਾਕਟਰ ਨਿਰਮਲ ਕੌਲ ਦੀ ਅਗਵਾਈ ਹੇਠ ਪੰਚਾਇਤ ਵੱਲੋਂ ਛੱਪੜ ਦੀ ਸਫਾਈ ਦਾ ਕੰਮ ਸ਼ੁਰੂ ਕਰ ਦਿੱਤਾ ਗਿਆ ਹੈ। ਇਸ ਮੌਕੇ ਸ਼ੁਰੂ ਹੋਏ ਕੰਮ ਦਾ ਜਾਇਜ਼ਾ ਲੈਣ ਲਈ ਅਮਰਜੀਤ ਸਿੰਘ ਬੀ.ਡੀ.ਪੀ.ਓ ਆਦਮਪੁਰ ਵਿਸ਼ੇਸ਼ ਤੌਰ 'ਤੇ ਪਹੁੰਚੇ। ਇਸ ਮੌਕੇ ਸਰਪੰਚ ਡਾਕਟਰ ਨਿਰਮਲ ਕੌਲ ਨੇ ਦੱਸਿਆ ਕਿ ਪਿਛਲੇ ਕਈ ਸਾਲਾਂ ਤੋਂ ਛੱਪੜ ਦੀ ਸਫਾਈ ਨਾ ਹੋਣ ਕਾਰਨ ਛੱਪੜ ਦੀ ਹਾਲਤ ਬਦ ਤੋਂ ਬਦਤਰ ਹੋ ਚੁੱਕੀ ਸੀ। ਉਨ੍ਹਾਂ ਦੱਸਿਆ ਕਿ ਛੱਪੜ ਦੀ ਸਫਾਈ ਉਹ ਬਹੁਤ ਹੀ ਜਾਇਜ਼ ਖਰਚੇ ਉਪਰ ਕਰਵਾ ਰਹੇ ਹਨ। ਉਨ੍ਹਾਂ ਦੱਸਿਆ ਕਿ ਉਹ ਆਪਣੇ ਪੰਚਾਇਤ ਮੈਂਬਰਾਂ ਸਮੇਤ ਸਮੂਹ ਪਿੰਡ ਵਾਸੀਆਂ ਨੂੰ ਨਾਲ ਲੈ ਕੇ ਪਿੰਡ ਦੇ ਵਿਕਾਸ ਲਈ ਹਰ ਸੰਭਵ ਯਤਨ ਕਰਨਗੇ। ਇਸ ਮੌਕੇ ਗੁਰਪ੍ਰੀਤ ਸਿੰਘ ਗੋਪੀ, ਜਗਜੀਤ ਸਿੰਘ, ਸੁਰਿੰਦਰ ਸਿੰਘ ਪੰਚ, ਨਰਿੰਦਰ ਪਾਲ ਪੰਚ, ਭੁਪਿੰਦਰ ਸਿੰਘ ਪੰਚ, ਗੁਰਮੇਲ ਸਿੰਘ ਗੇਲਾ, ਵਰਿਆਮ ਸਿੰਘ ਆਦਿ ਪਿੰਡ ਦੇ ਪਤਵੰਤੇ ਹਾਜ਼ਰ ਸਨ।



# ਸਮਗੋਲੀ 'ਚ ਬਾਲ ਨਿਰੰਕਾਰੀ ਸਮਾਗਮ ਸਫਲਤਾਪੂਰਵਕ ਸੰਪੰਨ



**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਨਿਰੰਕਾਰੀ ਮਿਸ਼ਨ ਵੱਲੋਂ ਸਮਗੋਲੀ ਪਿੰਡ ਵਿਖੇ ਵਿਸ਼ਾਲ ਬਾਲ ਨਿਰੰਕਾਰੀ ਸਮਾਗਮ ਕਰਵਾਇਆ ਗਿਆ। ਇਹ ਸਮਾਗਮ ਬੱਚਿਆਂ ਦੇ ਆਧਿਆਤਮਕ, ਨੈਤਿਕ ਅਤੇ ਸੱਭਿਆਚਾਰਕ ਵਿਕਾਸ ਨੂੰ ਧਿਆਨ ਵਿੱਚ ਰੱਖਦੇ ਹੋਏ ਮਨਾਇਆ ਗਿਆ। ਸਮਾਗਮ ਵਿੱਚ ਇਲਾਕੇ ਦੇ ਵੱਖ-ਵੱਖ ਪਿੰਡਾਂ ਤੋਂ ਨਿਰੰਕਾਰੀ ਸਤਸੰਗ ਭਵਨਾਂ ਨਾਲ ਸੰਬੰਧਤ ਸੈਂਕੜੇ ਬੱਚੇ, ਮਾਤਾ-ਪਿਤਾ ਅਤੇ ਸੰਗਤਾਂ ਸ਼ਾਮਲ ਹੋਈਆਂ। ਇਹ ਸਮਾਗਮ ਸਵੇਰੇ 9 ਵਜੇ ਤੋਂ ਸ਼ੁਰੂ ਹੋ ਕੇ ਦੁਪਿਹਰ 2 ਵਜੇ ਤੱਕ ਚੱਲਿਆ। ਸਮਾਗਮ ਦੀ ਸ਼ੁਰੂਆਤ ਨਿਰੰਕਾਰੀ ਮਿਸ਼ਨ ਦੇ ਮੁਖੀ ਬਾਬਾ ਹਰਦੇਵ ਸਿੰਘ ਦੀ ਬਾਣੀ ਨਾਲ ਹੋਈ। ਇਸ ਮੌਕੇ ਬੱਚਿਆਂ ਵੱਲੋਂ ਧਾਰਮਿਕ ਗੀਤ, ਸੂਤਰਵਾਕ, ਰੂਹਾਨੀ ਕਵਿਤਾਵਾਂ, ਭਾਵਨਾਤਮਕ ਨਾਟਕ ਤੇ ਨਾਚ ਗੀਤ ਪੇਸ਼ ਕੀਤੇ ਗਏ। ਇਸ ਦੇ ਨਾਲ-ਨਾਲ "ਨਵੀਂ ਪੀੜ੍ਹੀ ਤੇ ਨਿਰੰਕਾਰੀ ਮੂਲ ਮੱਤ" ਵਿਸ਼ੇ 'ਤੇ ਬਾਲ ਸਭਾ ਵੀ ਹੋਈ, ਜਿਸ ਵਿੱਚ ਵੱਖ-ਵੱਖ ਸਤਸੰਗ ਭਵਨਾਂ ਬੱਚਿਆਂ ਨੇ ਆਪਣੇ ਵਿਚਾਰ ਪ੍ਰਗਟ ਕੀਤੇ । ਸਮਾਗਮ ਦੌਰਾਨ ਪਿਆਰ, ਸ਼ਾਂਤੀ, ਏਕਤਾ ਅਤੇ ਸੇਵਾ ਦੇ ਸੰਦੇਸ਼ ਨੂੰ ਵੀ ਆਮ ਜਨਤਾ ਤੱਕ ਪਹੁੰਚਾਇਆ ਗਿਆ। ਇਸ ਸਮਾਗਮ ਦੀ ਅਗਵਾਈ ਅਜੇ ਕੁਮਾਰ ਡੇਰਾਬਸੀ ਦੁਆਰਾ ਕੀਤੀ ਗਈ ਜਿਨ੍ਹਾਂ ਦੱਸਿਆ ਕਿ ਇਹ ਸਮਾਗਮ ਕੇਵਲ ਮਨੋਰੰਜਨ ਦਾ ਸਾਧਨ ਨਹੀਂ, ਸਗੋਂ ਸੰਸਕਾਰਾਂ ਦੀ ਸਿੱਖਿਆ ਦੇਣ ਵਾਲਾ ਇੱਕ ਆਧਿਆਤਮਿਕ ਅਭਿਆਸ ਹੈ। ਸਮਾਗਮ ਦੌਰਾਨ ਨੌਜਵਾਨਾਂ ਦੀ ਸੇਵਾ ਦਲ ਵੱਲੋਂ ਪਾਣੀ ਦੀ ਛਬੀਲ, ਲੰਗਰ ਸੇਵਾ, ਟ੍ਰੈਫਿਕ ਕੰਟਰੋਲ ਤੇ ਸਫਾਈ ਦੀ ਵਿਵਸਥਾ ਵੀ ਕੀਤੀ ਗਈ।

# ਲਾਇਲਪੁਰ ਖਾਲਸਾ ਕਾਲਜ ਵਿਖੇ ਵਿਸ਼ਵ ਵਾਤਾਵਰਣ ਦਿਵਸ ਮਨਾਇਆ

**ਜਲੰਧਰ (ਸ਼ੈਲੀ ਐਲਬਰਟ)** ਲਾਇਲਪੁਰ ਖਾਲਸਾ ਕਾਲਜ, ਜਲੰਧਰ ਨੇ ਵਾਤਾਵਰਣ ਜਾਗਰੂਕਤਾ ਨੂੰ ਉਤਸ਼ਾਹਿਤ ਕਰਨ ਲਈ ਵਿਸ਼ਵ ਵਾਤਾਵਰਣ ਦਿਵਸ ਮਨਾਇਆ। ਜ਼ਿਲ੍ਹਾ ਜੰਗਲਾਤ ਅਫ਼ਸਰ, ਸ. ਜਰਨੈਲ ਸਿੰਘ ਬਾਠ ਬਤੌਰ ਮੁੱਖ ਮਹਿਮਾਨ ਅਤੇ ਜੰਗਲਾਤ ਅਤੇ ਜੰਗਲੀ ਜੀਵ ਵਿਭਾਗ, ਜਲੰਧਰ ਤੋਂ ਰੇਂਜ ਜੰਗਲਾਤ ਅਫ਼ਸਰ, ਹਰਗੁਰਨੇਕ ਸਿੰਘ ਰੰਧਾਵਾ ਬਤੌਰ ਵਿਸ਼ੇਸ਼ ਮਹਿਮਾਨ ਸ਼ਾਮਲ ਹੋਏ। ਪ੍ਰਿੰਸੀਪਲ, ਡਾ. ਸੁਮਨ ਚੋਪੜਾ ਨੇ ਆਪਣੇ ਸੰਦੇਸ਼ ਵਿਚ ਸ਼ੁਭਕਾਮਨਾਵਾਂ ਦਿੰਦੇ ਹੋਏ ਪ੍ਰਬੰਧਕ ਟੀਮ ਦੇ ਅਜਿਹੇ ਉਪਰਾਲਿਆਂ ਦੀ ਸ਼ਲਾਘਾ ਕੀਤੀ ਜੋ ਅਕਾਦਮਿਕ ਸੰਸਥਾਵਾਂ ਨੂੰ ਵਿਸ਼ਵਵਿਆਪੀ ਸਥਿਰਤਾ ਟੀਚਿਆਂ ਨਾਲ ਜੋੜਦੇ ਹਨ। ਵਾਈਸ ਪ੍ਰਿੰਸੀਪਲ ਪ੍ਰੋ. ਨਵਦੀਪ ਕੌਰ ਨੇ ਕਿਹਾ ਕਿ ਵਿਸ਼ਵ ਵਾਤਾਵਰਣ ਦਿਵਸ ਇੱਕ ਵਿਸ਼ਵਵਿਆਪੀ ਲਹਿਰ ਬਣ ਗਈ ਹੈ ਜੋ ਵਾਤਾਵਰਣ ਸੰਭਾਲ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀ ਹੈ। ਡਾ. ਗਗਨਦੀਪ ਕੌਰ, ਮੁਖੀ, ਜ਼ੂਆਲੋਜੀ ਅਤੇ ਬਾਟਨੀ ਵਿਭਾਗ ਨੇ ਦੱਸਿਆ ਕਿ ਵਿਭਾਗ ਨੇ 22 ਮਈ ਤੋਂ 5 ਜੂਨ ਤੱਕ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਦੇ ਵਿਸ਼ਵ ਵਾਤਵਰਣ ਲਈ ਪ੍ਰੀ-ਮੁਹਿੰਮ ਦੇ ਹਿੱਸੇ ਵਜੋਂ ਵੱਖ-ਵੱਖ ਗਤੀਵਿਧੀਆਂ ਦਾ ਆਯੋਜਨ ਕੀਤਾ। ਇਹ ਪ੍ਰੋਗਰਾਮ "ਪਲਾਸਟਿਕ ਪ੍ਰਦੂਸ਼ਣ ਨੂੰ ਹਰਾਓ" ਥੀਮ ਤੇ ਸਹੁੰ ਚੁੱਕਣ ਨਾਲ ਸ਼ੁਰੂ ਹੋਇਆ ਜਿਸ ਵਿਚ ਵਿਦਿਆਰਥੀਆਂ ਅਤੇ ਸਟਾਫ ਦੁਆਰਾ ਪਲਾਸਟਿਕ ਪ੍ਰਦੂਸ਼ਣ ਨੂੰ ਖਤਮ ਕਰਨ ਅਤੇ ਇੱਕ ਸਾਫ਼ ਅਤੇ ਹਰਾ ਵਾਤਾਵਰਣ



ਬਣਾਉਣ ਲਈ ਆਪਣੀ ਵਚਨਬੱਧਤਾ ਨੂੰ ਯਕੀਨੀ ਬਣਾਉਣ ਲਈ ਪ੍ਰੇਰਿਤ ਕੀਤਾ ਗਿਆ। ਇਸ ਦੌਰਾਨ ਪੋਸਟਰ ਮੇਕਿੰਗ ਮੁਕਾਬਲੇ, ਸਫਾਈ ਮੁਹਿੰਮਾਂ ਅਤੇ ਸਫਾਈ ਕਰਮਚਾਰੀਆਂ ਅਤੇ ਚਪੜਾਸੀਆਂ ਲਈ ਕੂੜੇ ਨੂੰ ਵੱਖ ਕਰਨ ਅਤੇ ਸੁਰੱਖਿਅਤ ਨਿਪਟਾਰੇ 'ਤੇ ਵਰਕਸ਼ਾਪ ਆਦਿ ਵਰਗੀਆਂ ਹੋਰ ਗਤੀਵਿਧੀਆਂ ਦਾ ਆਯੋਜਨ ਕੀਤਾ ਗਿਆ। ਅਜੀਤ ਸਿੰਘ ਫਾਊਂਡੇਸ਼ਨ (ਰਜਿਸਟਰਡ) ਦੇ ਪ੍ਰਧਾਨ ਮਿਸ ਰਮਨਪ੍ਰੀਤ ਕੌਰ ਅਤੇ ਮੈਂਬਰ ਸ੍ਰੀਮਤੀ ਰੇਖਾ ਕਸ਼ਅਪ ਦੇ ਸਹਿਯੋਗ ਨਾਲ ਪਲਾਸਟਿਕ ਵੇਸਟ ਤੋਂ ਵਿਦਿਆਰਥੀਆਂ ਦੁਆਰਾ ਬਣਾਈਆਂ ਗਈਆਂ ਵਸਤੂਆਂ ਦੀ ਪ੍ਰਦਰਸ਼ਨੀ ਦਾ ਆਯੋਜਨ ਕੀਤਾ ਗਿਆ। ਡਾ. ਜਤਿੰਦਰ ਕੌਰ, ਪ੍ਰੋ. ਬੋਟੈਨੀਕਲ ਅਤੇ ਵਾਤਾਵਰਣ ਵਿਗਿਆਨ ਵਿਭਾਗ, ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਨੇ ਪਲਾਸਟਿਕ ਕੂੜੇ ਦੇ ਪ੍ਰਬੰਧਨ, ਉਨ੍ਹਾਂ ਦੇ ਵਾਤਾਵਰਣ ਪ੍ਰਭਾਵ, ਅਤੇ ਟਿਕਾਊ ਰਹਿੰਦ-ਖੂੰਹਦ ਦੇ ਨਿਪਟਾਰੇ ਅਤੇ ਰੀਸਾਈਕਲਿੰਗ ਲਈ ਵਿਵਹਾਰਕ ਰਣਨੀਤੀਆਂ ਨਾਲ ਸਬੰਧਤ ਮੁੱਖ ਮੁੱਦਿਆਂ ਨੂੰ ਉਜਾਗਰ ਕਰਦੇ ਹੋਏ ਇੱਕ ਪ੍ਰਭਾਵਸ਼ਾਲੀ ਭਾਸ਼ਣ ਦਿੱਤਾ। ਡਾ. ਸਰਬਜੀਤ ਸਿੰਘ ਨੂੰ ਇਨ੍ਹਾਂ ਗਤੀਵਿਧੀਆਂ ਨੂੰ ਆਯੋਜਿਤ ਕਰਨ ਅਤੇ ਪੋਰਟਲ 'ਤੇ ਅਪਡੇਟ ਕਰਨ ਲਈ ਨੋਡਲ ਅਧਿਕਾਰੀ ਨਿਯੁਕਤ ਕੀਤਾ ਗਿਆ ਸੀ। ਇਸ ਮੌਕੇ ਡਾ. ਰਛਪਾਲ ਸਿੰਘ ਮੁਖੀ ਕਾਮਰਸ ਵਿਭਾਗ, ਡਾ. ਬਲਰਾਜ ਕੌਰ ਮੁਖੀ ਅੰਗਰੇਜ਼ੀ ਵਿਭਾਗ, ਡਾ. ਹਰਜੀਤ ਸਿੰਘ ਮੁਖੀ ਗਣਿਤ ਵਿਭਾਗ, ਡਾ. ਉਪਮਾ ਅਰੋੜਾ, ਡਾ. ਹਮਿੰਦਰ ਸਿੰਘ, ਸ੍ਰੀ ਸੁਰਿੰਦਰ ਕੁਮਾਰ ਚਲੋਤਰਾ (ਪੀ.ਏ.), ਸ੍ਰੀ ਜਗਦੀਸ਼ ਸਿੰਘ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਫੈਕਲਟੀ ਮੈਂਬਰਾਂ, ਵਿਦਿਆਰਥੀਆਂ ਅਤੇ ਵਾਤਾਵਰਣ ਪ੍ਰੇਮੀਆਂ ਦੀ ਸਰਗਰਮ ਭਾਗੀਦਾਰੀ ਦੇਖੀ ਗਈ।

# ਰਿਆਤ ਬਾਹਰਾ ਇੰਟਰਨੈਸ਼ਨਲ ਸਕੂਲ ਵਿਖੇ ਵਿਸ਼ਵ ਵਾਤਾਵਰਣ ਦਿਵਸ ਮਨਾਇਆ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**— ਰਿਆਤ ਬਾਹਰਾ ਇੰਟਰਨੈਸ਼ਨਲ ਸਕੂਲ ਨੇ ਵਿਸ਼ਵ ਵਾਤਾਵਰਣ ਦਿਵਸ ਮਨਾਇਆ। ਇਸ ਮੌਕੇ ਅਧਿਆਪਕ ਅਤੇ ਵਿਦਿਆਰਥੀਆਂ ਨੇ ਸਕੂਲ ਵਿੱਚ ਰੁੱਖ ਲਗਾਏ ਅਤੇ ਵਾਤਾਵਰਣ ਬਚਾਉਣ ਦੀ ਸਹੁੰ ਚੁੱਕੀ। ਪ੍ਰੋਗਰਾਮ ਦੀ ਸ਼ੁਰੂਆਤ ਕੈਂਪਸ ਡਾਇਰੈਕਟਰ ਡਾ. ਚੰਦਰ ਮੋਹਨ ਵੱਲੋਂ ਰੁੱਖ ਲਗਾਉਣ ਨਾਲ ਹੋਈ। ਉਨ੍ਹਾਂ ਕਿਹਾ ਕਿ ਸਾਨੂੰ ਸਿਰਫ਼ ਇੱਕ ਦਿਨ ਨਹੀਂ, ਸਗੋਂ ਹਰ ਰੋਜ਼ ਕੁਦਰਤ ਦੀ ਦੇਖਭਾਲ ਕਰਨੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਸਾਨੂੰ ਅਜਿਹਾ ਜੀਵਨ ਜਿਊਣਾ ਚਾਹੀਦਾ ਹੈ ਜੋ ਧਰਤੀ ਨੂੰ ਨੁਕਸਾਨ ਨਾ ਪਹੁੰਚਾਏ। ਇਸ ਮੌਕੇ ਬੱਚਿਆਂ ਅਤੇ ਅਧਿਆਪਕਾਂ ਨੇ ਮਿਲ ਕੇ ਰੁੱਖ ਲਗਾਏ ਅਤੇ ਵਾਅਦਾ ਕੀਤਾ ਕਿ ਉਹ ਪਲਾਸਟਿਕ ਦੀ ਘੱਟ ਵਰਤੋਂ ਕਰਨਗੇ, ਪਾਣੀ ਬਚਾਉਣਗੇ ਅਤੇ ਰੁੱਖ ਲਗਾਉਣਗੇ। ਇਸ ਮੌਕੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਮਿਲ ਕੇ ਸਹੁੰ ਚੁੱਕੀ ਕਿ ਉਹ ਵਾਤਾਵਰਣ ਦੀ ਰੱਖਿਆ ਕਰਨਗੇ।ਇਸ ਮੌਕੇ ਸਕੂਲ ਦੀ ਪ੍ਰਿੰਸੀਪਲ ਰਸ਼ਮੀ ਸ਼ਰਮਾ ਨੇ ਕਿਹਾ ਕਿ ਅਜਿਹੇ ਪ੍ਰੋਗਰਾਮ ਬੱਚਿਆਂ ਨੂੰ ਸਿਖਾਉਂਦੇ ਹਨ ਕਿ ਵਾਤਾਵਰਣ ਦੀ ਦੇਖਭਾਲ ਕਰਨਾ ਕਿੰਨਾ ਜ਼ਰੂਰੀ ਹੈ। ਇਸ ਮੌਕੇ ਸਕੂਲ ਦੇ ਸਾਰੇ ਅਧਿਆਪਕ ਮੌਜੂਦ ਸਨ।



# ਅੱਡਾ ਸਰਾਂ 'ਚ ਠੰਢੇ-ਮਿੱਠੇ ਜਲ ਦੀ ਛਬੀਲ ਲਗਾਈ



**ਅੱਡਾ ਸਰਾਂ (ਜਸਵੀਰ ਕਾਜਲ)**- ਅੱਡਾ ਸਰਾਂ ਵਿਖੇ ਘੱਲੂਘਾਰੇ ਨੂੰ ਸਮਰਪਤ ਸਲਾਨਾ ਦੀ ਤਰ੍ਹਾਂ ਇਲਾਕੇ ਦੇ ਨੌਜਵਾਨਾਂ ਵਲੋਂ ਐਨ ਆਰ ਆਈ ਵੀਰਾਂ ਦੇ ਸਹਿਯਗ ਨਾਲ ਸਰਬੱਤ ਭਲੇ ਦੀ ਅਰਦਾਸ ਕਰਨ ਉਪਰੰਤ ਠੰਢੇ ਮਿੱਠੇ ਜਲ ਦੀ ਛਬੀਲ ਲਗਾਈ ਗਈ। ਇਸ ਮੌਕੇ ਦਰਸਪ੍ਰੀਤ ਸਿੰਘ, ਕੰਨੂ ਢੱਟ, ਮਨਜੋਤ ਸਿੰਘ ਤਲਵੰਡੀ, ਹਰਜਿੰਦਰ ਸਿੰਘ, ਜਸਕਰਨ ਸਿੰਘ, ਸੰਨੀ ਥਿਆੜਾ, ਪਾਲਾ ਖਿਆਲਾਂ, ਫਲਪ੍ਰੀਤ ਸਿੰਘ, ਸਿਮਰਨ ਬੈਂਸ, ਲਖਵਿੰਦਰ ਸਿੰਘ, ਭੁਪਿੰਦਰ ਸਿੰਘ, ਕਰਨ, ਕਮਲ, ਗੱਗੀ ਆਦਿ ਹਾਜ਼ਰ ਸਨ।

# ਹਰੇਕ ਸ਼ੁੱਕਰਵਾਰ 'ਡੇਂਗੂ 'ਤੇ ਵਾਰ' ਮੁਹਿੰਮ ਤਹਿਤ ਐਕਟੀਵਿਟੀ

**ਬਲਾਚੌਰ (ਜਸਵਿੰਦਰ ਬੈਂਸ)**— ਸਿਵਲ ਸਰਜਨ ਸ਼ਹੀਦ ਭਗਤ ਸਿੰਘ ਨਗਰ ਡਾਕਟਰ ਗੁਰਿੰਦਰਜੀਤ ਸਿੰਘ ਅਤੇ ਐਪੀਡੀਮੋਲੋਜਿਸਟ ਡਾਕਟਰ ਰਕੇਸ਼ ਪਾਲ ਦੇ ਦਿਸ਼ਾ ਨਿਰਦੇਸ਼



ਅਨੁਸਾਰ ਅਤੇ ਸੀਨੀਅਰ ਮੈਡੀਕਲ ਅਫ਼ਸਰ ਸੜੋਆ ਡਾਕਟਰ ਨਵਰੀਤ ਕੌਰ ਦੀ ਅਗਵਾਈ ਹੇਠ ਹਰੇਕ ਸ਼ੁੱਕਰਵਾਰ ਡੇਗੂ 'ਤੇ ਵਾਰ ਮੁਹਿੰਮ ਤਹਿਤ ਪਿੰਡ ਮਾਲੇਵਾਲ ਵਿਖੇ ਐਕਟੀਵਿਟੀ ਕੀਤੀ ਗਈ, ਜਿਸ ਦੌਰਾਨ ਸਿਹਤ ਵਿਭਾਗ ਦੇ ਕਰਮਚਾਰੀ ਕਰਾਂਤੀ ਪਾਲ ਸਿੰਘ ਰੌੜੀ ਵਲੋਂ ਦੱਸਿਆ ਕਿ ਡੇਂਗੂ ਇੱਕ ਵਾਇਰਲ ਬੁਖਾਰ ਹੈ ਜੋ ਕਿ ਮਾਦਾ ਏਡੀਜ ਨਾ ਦੇ ਮੱਛਰ ਦੇ ਕੱਟਣ ਨਾਲ ਪੈਦਾ ਹੁੰਦਾ ਹੈ ਇਹ ਸਾਫ ਖੜ੍ਹੇ ਪਾਣੀ ਵਿਚ ਪੈਦਾ ਹੁੰਦਾ ਹੈ ਤੇਜ਼ ਸਿਰ ਦਰਦ ਬੁਖਾਰ ਹੋਣਾ ਮਾਸਪੇਸ਼ੀਆਂ ਅਤੇ ਜੋੜਾਂ ਵਿੱਚ ਦਰਦ ਹੋਣਾ ਉਲਟੀਆਂ ਲੱਗਣਾ ਨੱਕ ਮੂੰਹ ਅਤੇ ਮਸੂੜਿਆਂ ਵਿੱਚੋਂ ਖੂਨ ਵਗਣਾ ਡੇਂਗੂ ਦੇ ਲੱਛਣ ਹੋ ਸਕਦੇ ਹਨ। ਇਸ ਤੋਂ ਬਚਾਓ ਲਈ ਅਪਣੇ ਆਲੇ ਦੁਆਲੇ ਸਾਫ ਸਫਾਈ ਦਾ ਖਾਸ ਖਿਆਲ ਰੱਖਿਆ ਜਾਵੇ। ਕੂਲਰਾਂ ਗਮਲਿਆਂ ਪੁਰਾਣੇ ਟਾਇਰਾਂ ਆਦਿ ਵਿੱਚ ਪਾਣੀ ਨਾ ਖੜਨ ਦਿਓ। ਹਫਤੇ ਵਿੱਚ ਇੱਕ ਦਿਨ ਹਰੇਕ ਸ਼ੁੱਕਰਵਾਰ ਡਰਾਈ ਡੇ ਮਨਾਇਆ ਜਾਵੇ। ਰਾਤ ਨੂੰ ਸੌਣ ਸਮੇਂ ਮੱਛਰਦਾਨੀ ਅਤੇ ਮੱਛਰ ਭਜਾਉਣ ਵਾਲੀਆਂ ਕ੍ਰੀਮਾਂ ਦੀ ਵਰਤੋਂ ਕੀਤੀ ਜਾਵੇ। ਡੇਂਗੂ ਦਾ ਟੈਸਟ ਅਤੇ ਇਲਾਜ ਸਾਰੇ ਸਰਕਾਰੀ ਹਸਪਤਾਲਾਂ ਵਿਚ ਫਰੀ ਕੀਤਾ ਜਾਂਦਾ ਹੈ। ਅਗਰ ਕਿਸੇ ਨੂੰ ਸਿਹਤ ਸਬੰਧੀ ਕੋਈ ਮੁਸ਼ਕਲ ਆਵੇ ਤਾਂ ਨੇੜੇ ਦੇ ਸਿਹਤ ਕੇਂਦਰ ਨਾਲ ਸੰਪਰਕ ਕਰੇ। ਇਸ ਮੌਕੇ ਸਿਹਤ ਵਿਭਾਗ ਵੱਲੋਂ ਕਰਾਂਤੀ ਪਾਲ ਸਿੰਘ ਰੌੜੀ ਜਸਵਿੰਦਰ ਕੌਰ ਰਜਨੀ ਜਸਵਿੰਦਰ ਕੌਰ ਆਸ਼ਾ ਵਰਕਰ ਅਤੇ ਪਿੰਡ ਵਾਸੀ ਹਾਜ਼ਰ ਸਨ।

# ਬੀ ਬੀ ਐੱਮ ਬੀ ਬੋਰਡ ਦੀ ਢਿੱਲੀ ਕਾਰਗੁਜ਼ਾਰੀ ਦੀ ਸਖਤ ਨਿਖੇਧੀ



**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**— ਆਲ ਬੀ ਬੀ ਐਮ ਬੀ ਰੀਟਾਇਰੀਜ ਯੂਨੀਅਨ ਦੀ ਮਹੀਨਾਵਾਰ ਮੀਟਿੰਗ ਸਾਥੀ ਸੁੱਚਾ ਸਿੰਘ ਘਰੋਟੀਆਂ ਦੀ ਪ੍ਰਧਾਨਗੀ ਹੇਠ ਹੋਈ। ਜਿਸ ਨੂੰ ਗੁਰਨਾਮ ਸਿੰਘ ਔਲਖ ਜਨਰਲ ਸਕੱਤਰ ਆਲ ਬੀ ਬੀ ਐਮ ਬੀ ਰੀਟਾਇਰੀਜ ਯੂਨੀਅਨ ਨੰਗਲ ਤੋਂ ਬਿਨਾ ਸੁੱਚਾ ਸਿੰਘ ਘਰੋਟੀਆਂ, ਮੋਹਨ ਲਾਲ ਸੈਣੀ, ਬਾਬਾ ਹਰਵੰਤ ਸਿੰਘ ਆਦਿ ਨੇ ਸੰਬੋਧਨ ਕੀਤਾ। ਗੁਰਨਾਮ ਸਿੰਘ ਔਲਖ ਨੇ ਬੀ ਬੀ ਐਮ ਬੀ ਦੇ ਰੀਟਾਇਰੀਜ ਦੀਆਂ ਸਮੱਸਿਆਂਵਾਂ ਅਤੇ ਇਹਨਾਂ ਸਬੰਧੀ ਬੀ ਬੀ ਐਮ ਬੀ ਬੋਰਡ ਦੀ ਮੈਨੇਜਮੈਂਟ ਦੀ ਢਿੱਲੀ ਮੱਠੀ ਢੰਗ ਟਪਾਊ ਨੀਤੀ 'ਤੇ ਚਾਨਣਾ ਪਾਇਆ। ਉਹਨਾਂ ਨੇ ਬੋਰਡ ਮੈਨੇਜਮੈਂਟ ਦੀ ਪਾਣੀਆਂ ਦੀ ਵੰਡ ਸਬੰਧੀ ਪੈਦਾ ਹੋਏ ਸੰਕਟ ਦਾ ਬਹਾਨਾ ਲਾ ਕੇ ਰੀਟਾਇਰੀਜ ਅਤੇ ਕਰਮਚਾਰੀਆਂ ਦੀ ਮੰਗਾਂ ਦਾ ਨਿਪਟਾਰਾ ਨਾ ਕਰਨ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ। ਬੁਲਾਰਿਆਂ ਨੇ ਪੰਜਾਬ ਸਰਕਾਰ ਅਤੇ ਕੇਂਦਰ ਸਰਕਾਰ ਦੀਆਂ ਪੈਨਸ਼ਨਰ ਵਿਰੋਧੀ ਨੀਤੀਆਂ ਦੀ ਤਿੱਖੀ ਅਲੋਚਨਾ ਕੀਤੀ ਅਤੇ ਚੈਅਰਮੈਨ ਬੀ ਬੀ ਐਮ ਬੀ ਨੂੰ ਚੇਤਾਵਨੀ ਦਿੱਤੀ ਕਿ ਜੇਕਰ 25 ਜੂਨ ਤੱਕ ਮੰਗਾਂ ਦਾ ਨਿਪਟਾਰਾ ਨਾ ਕੀਤਾ ਤਾਂ ਸੰਘਰਸ਼ ਤੇਜ਼ ਕੀਤਾ ਜਾਏਗਾ।ਸਰਬਸੰਮਤੀ ਨਾਲ ਫੈਸਲਾ ਕੀਤਾ ਕਿ 9 ਜੁਲਾਈ ਨੂੰ ਹੋ ਰਹੀ ਮਜ਼ਦੂਰਾਂ ਮੁਲਾਜ਼ਮਾਂ ਦੀ ਆਮ ਹੜਤਾਲ ਦਾ ਡੱਟ ਕੇ ਸਮਰਥਨ ਕੀਤਾ ਜਾਏਗਾ।ਇਹ ਵੀ ਫੈਸਲਾ ਕੀਤਾ ਗਿਆ ਕਿ ਜਥੇਬੰਦੀ 15 ਜੂਨ ਨੂੰ ਰੋਪੜ ਵਿਖੇ ਹੋ ਰਹੀ ਪੈਨਸ਼ਨਰਜ ਦੀ ਕਨਵੈਨਸ਼ਨ ਵਿੱਚ ਭਾਗ ਲਏਗੀ ਤੇ ਆਲ ਬੀ ਬੀ ਐਮ ਬੀ ਪੈਨਸ਼ਨਰਜ਼ ਯੂਨੀਅਨ ਨੰਗਲ ਯੂਨਿਟ ਦਾ ਇਜਲਾਸ ਅਗਸਤ ਮਹੀਨੇ ਕੀਤਾ ਜਾਏਗਾ।

# ਸਰਕਾਰੀ ਬਹੁ-ਤਕਨੀਕੀ ਕਾਲਜ ਵਿਖੇ ਵਿਸ਼ਵ ਵਾਤਾਵਰਣ ਦਿਵਸ ਮਨਾਇਆ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਵਿਦਿਆਰਥੀਆਂ ਨੂੰ ਵਾਤਾਵਰਣ ਦੀ ਸੰਭਾਲ ਪ੍ਰਤੀ ਜਾਗਰੂਕ ਕਰਨ ਲਈ ਵਿਸ਼ਵ ਵਾਤਾਵਰਣ ਦਿਵਸ ਦੇ ਮੌਕੇ ਤੇ ਪੰਡਿਤ ਜਗਤ ਰਾਮ ਸਰਕਾਰੀ ਬਹੁ-ਤਕਨੀਕੀ ਕਾਲਜ ਵਿਖੇ ਬੀ. ਆਈ. ਐਸ. ਚੰਡੀਗੜ੍ਹ ਅਤੇ ਕਾਲਾਜ ਵਿੱਚ ਚੱਲ ਰਹੇ ਸਟੈਂਡਰਡ ਕਲੱਬ ਦੇ ਸਹਿਯੋਗ ਨਾਲ ਵਿਸ਼ਵ ਵਾਤਾਵਰਣ ਦਿਵਸ ਮਨਾਇਆ ਗਿਆ। ਇਸ ਦੌਰਾਨ ਕਾਲਜ ਦੇ ਪ੍ਰਿੰਸੀਪਲ ਰਾਜੇਸ਼ ਕੁਮਾਰ ਧੂੰਨਾ, ਲੁਧਿਆਣਾ ਬੀਵਰੇਜਿਸ ਪ੍ਰਾਈਵੇਟ ਲਿਮਟਿਡ (ਬੋਟਲਿੰਗ ਪਾਰਟਨਰ ਕੋਕਾ ਕੋਲਾ, ਇੰਡੀਆ) ਦੇ ਅਧਿਕਾਰੀਆਂ,



ਕਾਲਜ ਦੇ ਸਟਾਫ਼ ਅਤੇ ਵਿਦਿਆਰਥੀਆਂ ਵੱਲੋਂ ਕਾਲਜ ਦੇ ਪਰਾਂਗਣ ਵਿਖੇ 6 ਵੱਖ-ਵੱਖ ਪੌਦੇ ਲਗਾਏ ਗਏ। ਕਾਲਜ ਦੇ ਪ੍ਰਿੰਸੀਪਲ ਰਾਜੇਸ਼ ਕੁਮਾਰ ਧੂੰਨਾ ਨੇ ਵਿਦਿਆਰਥੀਆਂ ਨੂੰ ਵਿਸ਼ਵ ਵਾਤਾਵਰਣ ਦਿਵਸ ਦਾ ਉਦੇਸ਼ ਦੱਸਦਿਆਂ ਕਿਹਾ ਕਿ ਵਾਤਾਵਰਣ ਨੂੰ ਹਰਾ ਭਰਾ ਰੱਖਣ, ਪ੍ਰਦੂਸ਼ਣ ਤੋਂ ਬਚਨ ਲਈ, ਸ਼ੁੱਧ ਹਵਾ ਅਤੇ ਆਕਸੀਜਨ ਪ੍ਰਦਾਨ ਕਰਨ ਲਈ ਪੌਦੇ ਲਗਾਉਣੇ ਬਹੁਤ ਜ਼ਰੂਰੀ ਹਨ।ਪੰਕਜ ਚਾਵਲਾ ਮੈਂਟੋਰ ਸਟੈਂਡਰਡ ਕਲੱਬ ਨੇ ਵਿਦਿਆਰਥੀਆਂ ਨੂੰ ਪਲਾਸਟਿਕ ਦੇ ਰੀਸਾਈਕਲ ਤਕਨੀਕ, ਮਾਈਕਰੋ ਪਲਾਸਟਿਕ ਦੇ ਦੁਸ਼ਪ੍ਰਭਾਵ ਬਾਰੇ ਜਾਣਕਾਰੀ ਦਿੱਤੀ। ਇਸ ਤੋਂ ਬਾਅਦ ਪਲਾਸਟਿਕ ਪ੍ਰਦੂਸ਼ਣ ਨੂੰ ਜੜ੍ਹ ਤੋਂ ਖਤਮ ਅਤੇ ਵਾਤਾਵਰਣ ਦੀ ਸਾਂਭ ਸੰਭਾਲ ਲਈ ਸਹੁੰ ਵੀ ਚੁੱਕੀ ਗਈ। ਇਸ ਮੌਕੇ ਤੇ ਵਿਭਾਗੀ ਮੁਖੀ ਅਰਚਨਾ ਸ਼ਰਮਾ, ਸੀਨੀਅਰ ਲੈਕਚਰਾਰ ਜਸਮੇਰ ਕੌਰ, ਦਫ਼ਤਰ ਸੁਪਰਡੈਂਟ ਅੰਜੂ ਬਾਲਾ, ਐਸੋਸੀਏਟ ਮੈਨੇਜਰ (ਲੁਧਿਆਣਾ ਬੀਵਰੇਜਿਸ ਪ੍ਰਾਈਵੇਟ ਲਿਮਟਿਡ) ਸ਼ਸ਼ੀ ਕੁਮਾਰ, ਅਸਿਸਟੈਂਟ ਮੈਨੇਜਰ ਗੁਰਨਾਮ ਸਿੰਘ ਵੀ ਮੌਜੂਦ ਸਨ।

# ਗਲੋਬਲ ਵਿਜ਼ਡਮ ਇੰਟਰਨੈਸ਼ਨਲ ਸਕੂਲ 'ਚ ਕਠਪੁਤਲੀ ਕਲਾ ਵਰਕਸ਼ਾਪ

ਡੇਰਾ ਬੱਸੀ (ਵਿਨੈ ਕੁਮਾਰ ਜੈਨ)-ਗਲੋਬਲ ਵਿਜ਼ਡਮ ਇੰਟਰਨੈਸ਼ਨਲ ਸਕੂਲ, ਡੇਰਾਬੱਸੀ ਨੇ 7 ਜੂਨ ਨੂੰ ਆਪਣੇ ਅਧਿਆਪਕਾਂ ਲਈ ਇੱਕ ਜੀਵੰਤ ਕਠਪੁਤਲੀ ਬਣਾਉਣ ਦੀ ਵਰਕਸ਼ਾਪ ਦਾ ਆਯੋਜਨ ਕੀਤਾ। ਇਸ ਸੈਸ਼ਨ ਦੀ ਸਹੂਲਤ ਪ੍ਰਸਿੱਧ ਕਠਪੁਤਲੀ ਅਤੇ ਸਿੱਖਿਅਕ ਸ਼ੁਭਾਸਿਸ ਨਿਓਗੀ, ਪੁਤੁਲ ਨਾਚਰ ਅਸ਼ੋਰ (ਪੀ ਐਨ ਏ) ਦੇ ਸੰਸਥਾਪਕ ਅਤੇ ਨੇਕ ਚੰਦ ਐਕਸੀਲੈਂਸ ਅਵਾਰਡ ਪ੍ਰਾਪਤਕਰਤਾ ਨੇ ਆਪਣੀ ਟੀਮ ਦੇ ਨਾਲ ਕੀਤੀ। ਨਿਓਗੀ ਨੇ ਅਧਿਆਪਕਾਂ ਨੂੰ ਕਠਪੁਤਲੀ ਬਣਾਉਣ ਦੀ ਰਚਨਾਤਮਕ ਕਲਾ ਨਾਲ ਜਾਣੂ ਕਰਵਾਇਆ, ਜਿਸ ਵਿੱਚ ਕਹਾਣੀ ਸੁਣਾਉਣਾ, ਗੁੰਝਲਦਾਰ ਵਿਸ਼ਿਆਂ ਨੂੰ ਸਰਲ ਬਣਾਉਣ ਅਤੇ ਵਿਦਿਆਰਥੀਆਂ ਦੇ ਆਪਸੀ ਤਾਲਮੇਲ ਨੂੰ ਉਤਸ਼ਾਹਤ ਕਰਨ ਲਈ ਇੱਕ ਦਿਲਚਸਪ ਵਿੱਦਿਅਕ ਸਾਧਨ ਵਜੋਂ ਦਰਸਾਇਆ ਗਿਆ।ਪ੍ਰਿੰਸੀਪਲ ਡਾ. ਬਸੁੰਧਰਾ ਨੇ ਇਸ ਪਹਿਲਕਦਮੀ ਦੀ ਸ਼ਲਾਘਾ ਕੀਤੀ। ਵਰਕਸ਼ਾਪ ਨੇ ਅਧਿਆਪਕਾਂ ਨੂੰ ਕਠਪੁਤਲੀ ਰਾਹੀਂ ਸਿੱਖਣ ਨੂੰ ਅਨੰਦਮਈ ਅਤੇ ਅਰਥਪੂਰਨ ਬਣਾਉਣ ਲਈ ਨਵੀਨਤਾਕਾਰੀ ਰਣਨੀਤੀਆਂ ਨਾਲ ਪ੍ਰੇਰਿਤ ਕੀਤਾ।



# ਇਨਵਾਇਰਨਮੈਂਟ ਐਸੋਸੀਏਸ਼ਨ ਤੇ ਜੰਗਲਾਤ ਵਿਭਾਗ ਨੇ ਮਨਾਇਆ ਵਿਸ਼ਵ ਵਾਤਾਵਰਨ ਦਿਵਸ

**ਫਗਵਾੜਾ (ਜਸਵਿੰਦਰ ਢੱਡਾ, ਡਾ. ਰਮਨ)** ਫਗਵਾੜਾ ਇਨਵਾਇਰਨਮੈਂਟ ਐਸੋਸੀਏਸ਼ਨ ਵਲੋਂ ਵਣ ਵਿਭਾਗ, ਕਾਰਪੋਰੇਸ਼ਨ ਫਗਵਾੜਾ ਅਤੇ ਸ਼ਾਲਨੀ ਉਡਿਅਨ ਗਰੁੱਪ ਦੇ ਸਹਿਯੋਗ ਨਾਲ ਵਿਸ਼ਵ ਵਾਤਾਵਰਣ ਦਿਵਸ ਐਸੋਸੀਏਸ਼ਨ ਦੇ ਜਨਰਲ ਸਕੱਤਰ ਮਲਕੀਅਤ ਸਿੰਘ ਰਘਬੋਤਰਾ ਦੀ ਦੇਖਰੇਖ ਹੇਠ ਬਲੱਡ ਬੈਂਕ ਗੁਰੂ ਹਰਗੋਬਿੰਦ ਨਗਰ ਫਗਵਾੜਾ ਵਿਖੇ ਮਨਾਇਆ ਗਿਆ। ਸਮਾਗਮ ਦੀ ਆਰੰਭਤਾ ਮੁੱਖ ਮਹਿਮਾਨ ਵਜੋਂ ਪਹੁੰਚੇ ਏ.ਡੀ.ਸੀ. ਕਮ ਨਗਰ ਨਿਗਮ ਕਮਿਸ਼ਨਰ ਡਾ. ਅਕਸ਼ਿਤਾ ਗੁਪਤਾ ਨੇ ਦੀਪ ਪ੍ਰੱਜਵਲਿਤ ਕਰਕੇ ਕਰਵਾਈ। ਇਸ ਤੋਂ ਪਹਿਲਾਂ ਉਹਨਾਂ ਜੰਗਲਾਤ ਵਿਭਾਗ ਵਲੋਂ ਭੇਂਟ ਕੀਤੇ ਬੂਟੇ ਵੀ ਪਾਰਕ 'ਚ ਲਗਾਏ ਅਤੇ ਵਾਤਾਵਰਣ ਸੁਰੱਖਿਆ ਲਈ ਬੂਟੇ ਲਗਾਉਣ ਦਾ ਸੁਨੇਹਾ ਦਿੱਤਾ। ਸਮਾਗਮ ਦੌਰਾਨ ਮਲਕੀਅਤ ਸਿੰਘ ਰਘਬੋਤਰਾ ਨੇ ਸਮੂਹ ਮਹਿਮਾਨਾਂ ਦਾ ਸਵਾਗਤ ਕੀਤਾ ਅਤੇ ਦੱਸਿਆ ਕਿ ਵਿਸ਼ਵ ਵਾਤਾਵਰਣ ਦਿਵਸ ਯੂ.ਐਨ.ਓ. ਦੀ ਅਪੀਲ 'ਤੇ ਦੁਨੀਆ ਭਰ ਵਿੱਚ ਮਨਾਇਆ ਜਾਂਦਾ ਹੈ। ਮੁੱਖ ਮਹਿਮਾਨ ਡਾ. ਅਕਸ਼ਿਤਾ ਗੁਪਤਾ ਨੇ ਸਮਾਗਮ ਦੇ ਥੀਮ 'ਪਲਾਸਟਿਕ ਹਰਾਓ' ਬਾਰੇ ਵਿਚਾਰ ਸਾਂਝੇ ਕੀਤੇ ਅਤੇ ਕਿਹਾ ਕਿ ਪਲਾਸਟਿਕ ਦੇ ਨਾਲ ਹੋਣ ਵਾਲੇ ਨੁਕਸਾਨ ਦੇ ਚਲਦਿਆਂ ਹੀ ਸਰਕਾਰ ਲੋਕ ਹਿਤਾਂ



ਨੂੰ ਧਿਆਨ 'ਚ ਰਖਦਿਆਂ ਸਖ਼ਤ ਕਦਮ ਚੁੱਕ ਰਹੀ ਹੈ। ਉਹਨਾਂ ਧਰਤੀ ਨੂੰ ਪਲਾਸਟਿਕ ਮੁਕਤ ਕਰਨ ਦਾ ਸੰਦੇਸ਼ ਵੀ ਦਿੱਤਾ। ਲਵਲੀ ਯੂਨੀਵਰਸਿਟੀ ਤੋਂ ਮੁੱਖ ਬੁਲਾਰੇ ਵਜੋਂ ਪਹੁੰਚੇ ਪ੍ਰੋਫੈਸਰ ਡਾ. ਸ਼ਿਵਾਨੀ ਢੰਡ ਨੇ ਵਾਤਾਵਰਣ ਦੇ ਸਬੰਧ ਵਿਚ ਵਢਮੁੱਲੇ ਵਿਚਾਰ ਪੇਸ਼ ਕਰਦੇ ਹੋਏ ਪਾਵਰ ਪੁਆਇੰਟ ਪ੍ਰੈਜੇਨਟੇਸ਼ਨ ਅਤੇ ਡਾਕਿਊਮੈਂਟਰੀ ਫਿਲਮਾਂ ਰਾਹੀਂ ਹਾਜਰੀਨ ਦੇ ਗਿਆਨ ਵਿਚ ਵਾਧਾ ਕੀਤਾ ਅਤੇ ਦੱਸਿਆ ਕਿ ਵਾਤਾਵਰਣ ਕੀ ਹੈ ਤੇ ਇਸ ਦੀ ਸੰਭਾਲ ਕਿਉਂ ਜਰੂਰੀ ਹੈ। ਨੈਸ਼ਨਲ ਐਵਾਰਡੀ ਮਾਸਟਰ ਗੁਰਮੀਤ ਸਿੰਘ, ਰਿਟਾ. ਹੈੱਡਮਾਸਟਰ ਨਰੇਸ਼ ਕੋਹਲੀ ਨੇ ਵੀ ਵੱਡਮੁੱਲੇ ਵਿਚਾਰ ਪੇਸ਼ ਕੀਤੇ। ਕਾਰਪੋਰੇਸ਼ਨ ਵਲੋਂ ਜੂਟ ਦੇ ਥੈਲੇ ਵੰਡੇ ਗਏ। ਵਣ ਵਿਭਾਗ ਨੇ ਵਾਤਾਵਰਣ ਪ੍ਰੇਮੀਆਂ ਨੂੰ ਪੰਜਾਹ ਬੂਟੇ ਵੰਡੇ। ਇਸ ਮੌਕੇ ਜੰਗਲਾਤ ਵਿਭਾਗ, ਫਗਵਾੜਾ ਕਾਰਪੋਰੇਸ਼ਨ ਦੀ ਹੈੱਲਥ ਬ੍ਰਾਂਚ, ਸ਼ਾਲਨੀ ਗਰੁੱਪ ਦੇ ਨੁਮਾਇੰਦਿਆਂ ਤੋਂ ਇਲਾਵਾ ਧਰਮਵੀਰ ਨਾਰੰਗ, ਸੁਭਾਸ਼ ਚੰਦਰ ਅਭੀ, ਜੋਗਿੰਦਰ ਪਾਲ, ਸੁਭਾਸ਼ ਚਾਵਲਾ, ਸ਼ੁਭਮ, ਸ਼ਕਤੀ ਮਹਿੰਦਰੂ, ਪੁਰਸ਼ੋਤਮ ਲਾਲ ਭੱਟੀ, ਤਾਰਾ ਚੰਦ ਚੁੰਬਰ, ਮੋਹਨ ਲਾਲ ਤਨੇਜਾ, ਸੁਧਾ ਬੇਦੀ, ਮਦਨ ਲਾਲ, ਪ੍ਰਿੰਸੀਪਲ ਗੁਰਮੀਤ ਪਲਾਹੀ, ਟੀ.ਡੀ. ਚਾਵਲਾ, ਹਰਬੰਸ ਲਾਲ, ਪਤਵਿੰਦਰ ਸਿੰਘ ਛਾਬੜਾ, ਕ੍ਰਿਸ਼ਨ ਕੁਮਾਰ, ਹਰਜੀਤ ਸਿੰਘ ਵਣ ਰੇਂਜ ਅਫਸਰ, ਤੀਰਥ ਸਿੰਘ, ਕਾਰਪੋਰੇਸ਼ਨ ਫਗਵਾੜਾ ਦੇ ਸੈਨਟਰੀ ਅਫਸਰ ਗੁਰਿੰਦਰ ਸਿੰਘ, ਸੇਵਕ ਰਾਮ, ਨਾਮਦੇਵ, ਜਤਿੰਦਰ ਵਿੱਜ ਆਦਿ ਹਾਜਰ ਸਨ।

# ਡੇਂਗੂ ਦੀ ਬਿਮਾਰੀ 'ਤੇ ਕਾਬੂ ਪਾਉਣ ਲਈ ਜਾਗਰੂਕਤਾ ਅਹਿਮ ਉਪਾਅ : ਡਾ. ਸਤਵਿੰਦਰਪਾਲ ਸਿੰਘ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)** ਸਿਵਲ ਸਰਜਨ ਡਾ. ਗੁਰਿੰਦਰਜੀਤ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਹਸਪਤਾਲ, ਨਵਾਂਸ਼ਹਿਰ ਦੇ ਸੀਨੀਅਰ ਮੈਡੀਕਲ ਅਫਸਰ ਡਾ. ਸਤਵਿੰਦਰਪਾਲ ਸਿੰਘ ਦੀ ਯੋਗ ਰਹਿਨੁਮਾਈ ਹੇਠ ਸਿਹਤ ਵਿਭਾਗ ਜ਼ਿਲ੍ਹੇ ਵਿੱਚ 'ਹਰ ਸ਼ੁੱਕਰਵਾਰ-ਡੇਂਗੂ 'ਤੇ ਵਾਰ' ਮੈਗਾ ਮੁਹਿੰਮ ਤਹਿਤ ਡੇਂਗੂ ਦੇ ਪਸਾਰ ਨੂੰ ਰੋਕਣ ਲਈ ਪੂਰੀ ਤਰ੍ਹਾਂ ਨਾਲ ਚੌਕਸ ਹੈ।ਇਸੇ ਕੜੀ ਤਹਿਤ ਜ਼ਿਲ੍ਹਾ ਹਸਪਤਾਲ, ਨਵਾਂਸ਼ਹਿਰ ਦੇ ਸੀਨੀਅਰ ਮੈਡੀਕਲ ਅਫਸਰ ਡਾ. ਸਤਵਿੰਦਰਪਾਲ ਸਿੰਘ ਨੇ ਸ਼ੁੱਕਰਵਾਰ ਨੂੰ ਜ਼ਿਲ੍ਹਾ ਹਸਪਤਾਲ, ਨਵਾਂਸ਼ਹਿਰ ਅਤੇ ਸਾਈਂ ਪ੍ਰਕਾਸ਼ ਹਸਪਤਾਲ, ਨਵਾਂਸ਼ਹਿਰ ਸਮੇਤ ਵੱਖ-ਵੱਖ ਇਲਾਕਿਆਂ ਵਿੱਚ ਡੇਂਗੂ ਦੇ ਪ੍ਰਸਾਰ ਨੂੰ ਰੋਕਣ ਲਈ ਚਲਾਈ ਜਾ ਰਹੀ



'ਹਰ ਸ਼ੁੱਕਰਵਾਰ-ਡੇਂਗੂ 'ਤੇ ਵਾਰ' ਮੁਹਿੰਮ ਦਾ ਨਿਰੀਖਣ ਕੀਤਾ। ਉਨ੍ਹਾਂ ਨੇ ਖੁਦ ਆਪਣੀ ਸਮੁੱਚੀ ਸਿਹਤ ਟੀਮ ਸਮੇਤ ਕਾਲਜ ਦੀਆਂ ਵੱਖ-ਵੱਖ ਥਾਵਾਂ 'ਤੇ ਜਾ ਕੇ ਡੇਂਗੂ ਫੈਲਾਉਣ ਵਾਲੇ ਮੱਛਰ ਦੀ ਬ੍ਰੀਡਿੰਗ ਰੋਕਣ ਲਈ ਲਾਰਵਾ ਚੈੱਕ ਕੀਤਾ। ਉਨ੍ਹਾਂ ਨੇ ਦੱਸਿਆ ਕਿ ਇਸ ਮੁਹਿੰਮ ਦਾ ਮੰਤਵ ਇਸ ਭਿਆਨਕ ਬਿਮਾਰੀ ਦੇ ਫੈਲਾਅ ਨੂੰ ਰੋਕ ਕੇ ਲੋਕਾਂ ਦੀਆਂ ਕੀਮਤੀ ਜਾਨਾਂ ਬਚਾਉਣਾ ਹੈ। ਡਾ. ਸਤਵਿੰਦਰਪਾਲ ਸਿੰਘ ਨੇ ਲੋਕਾਂ ਨੂੰ ਜਾਗਰੂਕ ਕਰਦੇ ਹੋਏ ਦੱਸਿਆ ਕਿ ਡੇਂਗੂ ਇਕ ਵਾਇਰਲ ਬਿਮਾਰੀ ਹੈ ਜੋ ਕਿ ਏਡੀਜ਼ ਮੱਛਰ ਦੇ ਕੱਟਣ ਨਾਲ ਫੈਲਦੀ ਹੈ। ਇਹ ਮੱਛਰ ਦਿਨ ਵੇਲੇ ਕਟੱਦਾ ਹੈ ਅਤੇ ਇਹ ਰੁਕੇ ਹੋਏ ਸਾਫ ਪਾਣੀ ਵਿੱਚ ਹੀ ਪੈਦਾ ਹੁੰਦਾ ਹੈ। ਉਨ੍ਹਾਂ ਨੇ ਆਮ ਲੋਕਾਂ ਨੂੰ ਜਾਗਰੂਕ ਕਰਦੇ ਹੋਏ ਕਿਹਾ ਕਿ ਮੱਛਰਾਂ, ਜੋ ਸਿਰਫ ਇੱਕ ਹਫ਼ਤੇ ਵਿੱਚ ਅੰਡੇ ਤੋਂ ਵਿਕਸਿਤ ਹੋ ਸਕਦੇ ਹਨ, ਦੇ ਪ੍ਰਜਨਨ ਚੱਕਰ ਨੂੰ ਤੋੜਨ ਦੀ ਲੋੜ ਤੇ ਜੋਰ ਦਿੱਤਾ ਜਾਵੇ। ਇਸ ਲਈ ਉਹ ਆਪਣੇ ਘਰਾਂ, ਫਰਿੱਜਾਂ ਦੀਆਂ ਟਰੇਆਂ, ਕੂਲਰਾਂ, ਕੰਟੇਨਰਾਂ, ਗਮਲਿਆਂ, ਛੱਤਾਂ 'ਤੇ ਪਏ ਕਬਾੜ ਆਦਿ ਸਮੇਤ ਪਾਣੀ ਖੜ੍ਹਾ ਹੋਣ ਦੀ ਸੰਭਾਵਨਾ ਵਾਲੀਆਂ ਸਾਰੀਆਂ ਸੰਭਾਵਿਤ ਥਾਵਾਂ ਨੂੰ ਹਰੇਕ ਹਫਤੇ ਸਾਫ਼ ਕਰਕੇ ਸੁਕਾਉਣ। ਘਰਾਂ ਅੰਦਰ ਅਤੇ ਘਰਾਂ ਦੇ ਆਲੇ-ਦੁਆਲੇ ਪਾਣੀ ਖੜ੍ਹਾ ਹੋਣ ਕਾਰਨ ਮੱਛਰ ਦੇ ਪ੍ਰਜਣਨ ਵਿੱਚ ਹੁੰਦੇ ਵਾਧੇ ਨੂੰ ਰੋਕਣ ਦੀ ਸਖ਼ਤ ਲੋੜ ਹੈ। ਇਸ ਮੁਹਿੰਮ ਦਾ ਕੇਂਦਰ ਜ਼ਿਲ੍ਹੇ ਨੂੰ ਮੱਛਰਾਂ ਤੋਂ ਮੁਕਤ ਕਰਨ 'ਤੇ ਕੇਂਦਰਿਤ ਹੈ ਤਾਂ ਜੋ ਡੇਂਗੂ ਆਪਣੇ ਪੈਰ ਨਾ ਪਸਾਰ ਸਕੇ। ਘਰਾਂ ਅੰਦਰ ਅਤੇ ਘਰਾਂ ਦੇ ਆਲੇ-ਦੁਆਲੇ ਪਾਣੀ ਖੜ੍ਹਨ ਕਾਰਨ ਪੈਦਾ ਹੋਈਆਂ ਬਿਮਾਰੀਆਂ 'ਤੇ ਕਾਬੂ ਪਾਉਣਾ ਸਾਡਾ ਸਾਰਿਆਂ ਦਾ ਮੁੱਢਲਾ ਫ਼ਰਜ਼ ਹੈ। ਉਨ੍ਹਾਂ ਨੇ ਕਿਹਾ ਕਿ ਜਾਗਰੂਕਤਾ ਹੀ ਇਸ ਬਿਮਾਰੀ ਉਤੇ ਕਾਬੂ ਪਾਉਣ ਦੀ ਕੁੰਜੀ ਹੈ। ਉਨ੍ਹਾਂ ਨੇ ਲੋਕਾਂ ਨੂੰ ਸੱਦਾ ਦਿੱਤਾ ਕਿ ਉਹ ਡੇਂਗੂ ਵਿਰੁੱਧ ਮੁਹਿੰਮ ਵਿੱਚ ਸਿਹਤ ਵਿਭਾਗ ਦਾ ਸਾਥ ਦੇਣ।

# ਵਾਤਾਵਰਣ ਨੂੰ ਸ਼ੁੱਧ ਰੱਖਣ ਵਾਸਤੇ ਰੁੱਖ਼ ਲਗਾਉਣ ਦੀ ਲੋੜ : ਸੇਠੀ, ਖੁਰਾਣਾ

**ਅੱਡਾ ਸਰਾਂ (ਜਸਵੀਰ ਕਾਜਲ)**- ਦਫ਼ਤਰ ਭਾਵਾਧਸ ਟਾਂਡਾ ਵਿਖੇ ਭਾਰਤੀ ਵਾਲਮੀਕ ਧਰਮ ਸਮਾਜ ਦੇ ਸੂਬਾ ਪ੍ਰਧਾਨ ਸੇਠ ਰਾਮ ਸੇਠੀ ਦੀ ਰਹਿਨੁਮਾਈ ਹੇਠ ਅਹਿਮ ਮੀਟਿੰਗ ਹੋਈ। ਇਸ ਮੀਟਿੰਗ ਵਿਚ ਵਿਸ਼ੇਸ਼ ਤੌਰ 'ਤੇ ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਜਵਾਹਰ ਲਾਲ ਖੁਰਾਣਾ ਪਹੁੰਚੇ ਅਤੇ ਸਮਾਜ ਵਿਚ ਕੁਦਰਤ ਨਾਲ ਹੋ ਰਹੇ ਖਿਲਵਾੜ ਸੰਬੰਧੀ ਚਿੰਤਾ ਕਰਦਿਆਂ ਭਾਰਤੀ ਵਾਲਮੀਕ ਧਰਮ ਸਮਾਜ ਦੇ ਸੂਬਾ ਪ੍ਰਧਾਨ ਸੇਠ ਰਾਮ ਸੇਠੀ ਅਤੇ ਜਵਾਹਰ ਲਾਲ ਖੁਰਾਣਾ ਨੇ ਕਿਹਾ ਕਿ ਪਾਣੀ ਦੀ ਸੰਭਾਲ ਕਰਨੀ ਜ਼ਰੂਰੀ ਹੈ ਅਤੇ ਆਮ ਦੇਖਣ ਨੂੰ ਮਿਲਿਆ ਹੈ ਪਾਣੀ ਵਾਲੀਆਂ ਟੂਟੀਆਂ ਫਜ਼ੂਲ ਚਲਦੀਆਂ ਹਨ ਜੋ ਕਿ ਬੰਦ ਕਰਨੀਆਂ ਚਾਹੀਦੀਆਂ ਹਨ ਅਤੇ ਵਾਤਾਵਰਣ ਨੂੰ ਸ਼ੁੱਧ ਰੱਖਣ ਲਈ ਨੌਜਵਾਨ ਪੀੜ੍ਹੀ ਹਰੇਕ ਮੁਹੱਲੇ, ਸੜਕਾਂ, ਸਕੂਲਾਂ, ਧਾਰਮਿਕ ਸਥਾਨਾਂ ਵਿੱਚ ਰੁਖ਼ ਲਗਾਉਣੇ ਚਾਹੀਦੇ ਹਨ ਜਿਸ ਨਾਲ਼ ਸ਼ੁੱਧ ਆਕਸੀਜਨ ਮਿਲਦੀ ਹੈ ਅਤੇ ਸਰੀਰ ਤੰਦਰੁਸਤ ਰਹਿੰਦਾ ਹੈ। ਉਨ੍ਹਾਂ ਹਰੇਕ ਨੌਜਵਾਨ ਨੂੰ ਨਸ਼ਿਆਂ ਤੋਂ ਦੂਰ ਰਹਿਣ ਲਈ ਕਿਹਾ ਅਤੇ ਖੇਡਾਂ ਵਾਰੇ ਪ੍ਰੇਰਿਤ ਕੀਤਾ। ਇਸ ਮੌਕੇ ਤਾਰਾ ਸਿੰਘ, ਬੌਬੀ ਬੁੱਢੀ ਪਿੰਡ, ਬੱਬੀ ਜਾਜਾ, ਹਰਮੇਸ਼ ਬਸੀ, ਬੇਅੰਤ ਸਿੰਘ ਨੰਗਲ ਖੁਗਾ, ਵਿਜੇ ਪਾਲ ਬੈਂਚਾ, ਸੁਰਜੀਤ ਡੱਡੀਆ, ਕੁਲਜੀਤ ਸਲੇਮਪੁਰ, ਬਿੱਟੂ ਜਾਜਾ, ਆਦਿ ਹਾਜ਼ਰ ਸਨ।



9-JUNE-PAGE-10.qxd 6/8/2025 9:19 PM Page 1



## ਪਾਵਰਕਾਮ ਐਂਡ ਟਰਾਂਸਕੋ ਪੈਨਸ਼ਨਰ ਯੂਨੀਅਨ ਦੀ ਮੀਟਿੰਗ



**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**-ਪਾਵਰਕਾਮ ਐਂਡ ਟਰਾਂਸਕੋ ਪੈਨਸ਼ਨਰ ਯੂਨੀਅਨ ਡਵੀਜ਼ਨ ਸੁਨਾਮ ਦੀ ਮੀਟਿੰਗ ਸਾਥੀ ਸੁਰਿੰਦਰ ਸਿੰਘ ਦੀ ਪ੍ਰਧਾਨਗੀ ਹੇਠ ਜਥੇਬੰਦੀ ਦੇ ਦਫਤਰ ਵਿਖੇ ਹੋਈ। ਮੀਟਿੰਗ ਸ਼ੁਰੂ ਕਰਨ ਤੋਂ ਪਹਿਲਾਂ ਸਾਥੀ ਜਗਦੇਵ ਸਿੰਘ ਵਾਹੀਆ ਸਕੱਤਰ ਪੈਨਸ਼ਨ ਯੂਨੀਅਨ ਡਵੀਜ਼ਨ ਸੁਨਾਮ ਨੇ ਸ਼ੋਕ ਮਤਾ ਪੜ੍ਹ ਕੇ ਸੁਣਾਇਆ, ਜਿਸ ਵਿੱਚ ਸਾਥੀ ਲਖਵਿੰਦਰ ਸਿੰਘ ਲਾਈਨਮੈਨ ਤੇ ਲਛਮੀ ਦੇਵੀ ਦੇ ਪੁੱਤਰ ਵਿਜੇ ਕੁਮਾਰ ਦੀ ਬੇਵਕਤੀ ਮੌਤ ਹੋਣ ਕਰਕੇ ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ। ਇਸ ਤੋਂ ਅੱਗੇ ਸਾਥੀ ਸਕੱਤਰ ਨੇ ਮੀਟਿੰਗ ਦੇ ਅਜੰਡਿਆਂ ਬਾਰੇ ਜਾਣਕਾਰੀ ਸਾਂਝੀ ਕੀਤੀ। ਸਾਥੀ ਨੇ ਦੱਸਿਆ ਕਿ ਪਾਵਰਕਾਮ ਦੀ ਮੈਨੇਜਮੈਂਟ ਦੇ ਨਾਲ ਜਥੇਬੰਦੀ ਦੀ 22 ਮਈ 25 ਨੂੰ ਮੀਟਿੰਗ ਹੋਈ, ਜਿਸ ਵਿੱਚ ਪੈਨਸ਼ਨਰਾਂ ਦੀਆਂ ਮੰਗਾਂ ਨੂੰ ਉਠਾਇਆ ਗਿਆ। ਜਥੇਬੰਦੀ ਨੇ ਫੈਸਲਾ ਕਰਵਾਇਆ ਕਿ ਸਾਰੇ ਪੈਨਸ਼ਨਰਾਂ ਦਾ ਏਰੀਅਰ ਦਾ ਬਕਾਇਆ ਤੁਰੰਤ ਰਿਲੀਜ਼ ਕੀਤਾ ਜਾਵੇ। ਇਸ ਲਈ ਇਸ ਕਰਕੇ ਬਹੁਤੇ ਪੈਨਸ਼ਨਰਾਂ ਦਾ ਏਰੀਅਰ ਮਈ ਦੀ ਪੈਨਸ਼ਨ ਦੇ ਨਾਲ ਮਿਲਿਆ ਤੇ ਬਾਕੀ ਰਹਿੰਦਿਆਂ ਦਾ ਜੂਨ ਦੀ ਤਨਖਾਹ ਦੇ ਨਾਲ ਏਰੀਅਰ ਮਿਲੇਗਾ। ਉਪਰੰਤ ਸਾਥੀ ਸੁਰਿੰਦਰ ਸਿੰਘ ਨੇ ਅਗਲੀਆਂ ਜੋ ਮੀਟਿੰਗਾਂ ਹੋਈਆਂ, ਉਨ੍ਹਾਂ ਦਾ ਵੇਰਵਾ ਸਾਂਝਾ ਕੀਤਾ। ਇਸ ਸਮੇਂ ਸਾਥੀ ਪ੍ਰਿਤਪਾਲ ਸਿੰਘ, ਸਾਥੀ ਮੁਖਤਿਆਰ ਮਸੀ, ਸਾਥੀ ਤਜਿੰਦਰ ਸਿੰਘ, ਸਾਥੀ ਕੇ ਪੀ ਸਿੰਘ ਤੇ ਸਾਥੀ ਗੁਰਚਰਨ ਸਿੰਘ, ਸਾਥੀ ਗੱਜਣ ਸਿੰਘ ਨੇ ਵੀ ਆਪਣੇ ਵਿਚਾਰ ਸਾਂਝੇ ਕੀਤੇ। ਅਖੀਰ ਵਿੱਚ ਸਾਥੀਆਂ ਦਾ ਧੰਨਵਾਦ ਕਰਦੇ ਹੋਏ ਸਾਥੀ ਸੁਰਿੰਦਰ ਸਿੰਘ ਨੇ ਕਿਹਾ ਕਿ 14 ਜੂਨ ਨੂੰ ਲੁਧਿਆਣਾ ਵਿਖੇ ਰੈਲੀ ਵਿੱਚ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ ਜਾਵੇਗੀ। ਮੀਟਿੰਗ ਦੀ ਕਾਰਵਾਈ ਸਾਥੀ ਜਗਦੇਵ ਸਿੰਘ ਬਾਹੀਆਂ ਨੇ ਚਲਾਈ।

## ਈਦ ਉੱਲ ਅਜਹਾ ਦਾ ਤਿਉਹਾਰ ਭਾਈਚਾਰਕ ਸਾਂਝ, ਸ਼ਾਂਤੀ ਤੇ ਸਦਭਾਵਨਾ ਦਾ ਪ੍ਰਤੀਕ : ਵਿਧਾਇਕ ਰਹਿਮਾਨ

### ਵੱਡੀ ਈਦਗਾਹ 'ਚ ਵੱਡੀ ਗਿਣਤੀ ਮੁਸਲਿਮ ਭਾਈਚਾਰੇ ਨੇ ਕੀਤੀ ਨਮਾਜ ਅਦਾ



**ਮਾਲੇਰਕੋਟਲਾ (ਅਸਗਰ ਪਰਿਹਾਰ)**-ਮਾਲੇਰਕੋਟਲਾ ਵਿਖੇ ਈਦ-ਉਲ-ਅਜਹਾ (ਬਕਰੀਦ) ਦੀ ਨਮਾਜ ਬੜੀ ਅਕੀਦਤ ਤੇ ਸ਼ਰਧਾ ਨਾਲ ਅਦਾ ਕੀਤੀ ਗਈ। ਨਮਾਜ ਤੋਂ ਬਾਅਦ ਈਦਗਾਹ ਮਾਲੇਰਕੋਟਲਾ ਦੀ ਮੁੱਖ ਫ਼ਸੀਲ ਤੋਂ ਵਿਧਾਇਕ ਮਾਲੇਰਕੋਟਲਾ ਡਾ. ਜਮੀਲ ਉਰ ਰਹਿਮਾਨ ਨੇ ਮੁਸਲਿਮ ਭਾਈਚਾਰੇ ਨੂੰ ਮੁਖ਼ਾਤਬ ਕਰਦਿਆਂ ਈਦ ਦੀਆਂ ਤਹਿ ਦਿਲੋਂ ਵਧਾਈਆਂ ਦਿੱਤੀਆਂ। ਵਿਧਾਇਕ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਈਦ-ਉਲ-ਅਜਹਾ ਸਿਰਫ਼ ਤਿਉਹਾਰ ਨਹੀਂ, ਸਗੋਂ ਇਹ ਇਮਾਨ, ਭਰੋਸੇ, ਸਮਰਪਣ, ਤਿਆਗ ਤੇ ਭਾਈਚਾਰੇ ਦਾ ਪ੍ਰਤੀਕ ਹੈ। ਉਨ੍ਹਾ ਕਿਹਾ ਕਿ ਇਹ ਦਿਨ ਸਾਨੂੰ ਹਜ਼ਰਤ ਇਬਰਾਹੀਮ (ਅਲੈਹਿ ਸਲਾਮ) ਦੇ ਤਿਆਗ ਤੇ ਅਕੀਦਤ ਦੀ ਯਾਦ ਦਿਲਾਉਂਦਾ ਹੈ, ਜੋ ਸਾਡੀ ਰੂਹਾਨੀ ਮੀਰਾਸ ਦਾ ਅਹਿਮ ਹਿੱਸਾ ਹੈ। ਡਾ. ਰਹਿਮਾਨ ਨੇ ਇਸ ਮੌਕੇ 'ਰੰਗਲਾ ਪੰਜਾਬ' ਦੀ ਕਲਪਨਾ ਨੂੰ ਹਕੀਕਤ ਵਿੱਚ ਬਦਲਣ ਲਈ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਵੱਲੋਂ ਚਲਾਏ ਗਏ ਯਤਨਾਂ ਨੂੰ ਸਰਾਹੁੰਦੇ ਹੋਏ ਪੰਜਾਬ ਤੇ ਮਾਲੇਰਕੋਟਲਾ ਵਾਸੀਆਂ ਨੂੰ ਮੁੱਖ ਮੰਤਰੀ ਵੱਲੋਂ ਵੀ ਵਧਾਈਆਂ ਦਿੱਤੀਆਂ। ਉਨ੍ਹਾਂ ਪੰਜਾਬ, ਪੰਜਾਬੀਅਤ ਦੀ ਖ਼ੁਸ਼ਹਾਲੀ, ਤਰੱਕੀ, ਸਾਂਝੀ ਸੋਚ ਤੇ ਆਪਸੀ ਭਾਈਚਾਰੇ ਦੇ ਮਜ਼ਬੂਤ ਬਣੇ ਰਹਿਣ ਲਈ ਦੁਆ ਕੀਤੀ। ਵਿਧਾਇਕ ਨੇ ਕਿਹਾ ਕਿ ਮਾਲੇਰਕੋਟਲਾ ਹਮੇਸ਼ਾ ਹੀ ਭਾਈਚਾਰੇ, ਪਿਆਰ ਤੇ ਇੱਕਜੁੱਟਤਾ ਦੀ ਧਰਤੀ ਰਹੀ ਹੈ। ਇਥੇ ਹਰ ਧਰਮ, ਜਾਤ ਤੇ ਭਾਸ਼ਾ ਦੇ ਲੋਕ ਪਿਆਰ ਤੇ ਇਤਫਾਕ ਨਾਲ ਰਹਿੰਦੇ ਹਨ, ਜੋ ਇਸ ਥਾਂ ਦੀ ਸੱਭਿਆਚਾਰਕ ਵਿਲੱਖਣਤਾ ਤੇ ਸੋਹਣੀ ਵਿਰਾਸਤ ਨੂੰ ਦਰਸਾਉਂਦੇ ਹਨ।

ਮੁਫ਼ਤੀ-ਏ-ਆਜ਼ਮ ਹਜ਼ਰਤ ਮੌਲਾਨਾ ਮੁਫ਼ਤੀ ਇਰਤਕਾ ਉਲ ਹਸਨ ਸਾਹਿਬ ਨੇ ਵੀ ਨਮਾਜ ਦੀ ਅਗਵਾਈ ਕਰਦਿਆਂ ਆਪਣੇ ਖ਼ੁਤਬੇ ਰਾਹੀਂ ਅਮਨ-ਸੁਖ, ਭਾਈਚਾਰੇ ਤੇ ਰਿਆਸਤ ਦੀ ਖ਼ੁਸ਼ਹਾਲੀ ਲਈ ਦੁਆ ਕੀਤੀ। ਉਨ੍ਹਾਂ ਕਿਹਾ ਕਿ ਈਦ-ਉਲ-ਅਜਹਾ ਸਾਨੂੰ ਇਹ ਸੁਨੇਹਾ ਦਿੰਦਾ ਹੈ ਕਿ ਇਨਸਾਨੀਅਤ ਦੀ ਭਲਾਈ ਲਈ ਤਿਆਗ ਦੇ ਰਾਹੀਂ ਹੀ ਅਸਲੀ ਖ਼ੁਸ਼ੀ ਮਿਲਦੀ ਹੈ। ਇਸ ਮੌਕੇ ਇਲਾਕੇ ਦੇ ਹਜ਼ਾਰਾਂ ਲੋਕ, ਸਮਾਜ ਸੇਵਕ, ਧਾਰਮਿਕ ਆਗੂ, ਪੰਚਾਇਤੀ ਨੁਮਾਇੰਦਿਆਂ ਤੇ ਪ੍ਰਸ਼ਾਸਨਕ ਅਧਿਕਾਰੀਆਂ ਨੇ ਵੀ ਨਮਾਜ ਵਿੱਚ ਭਾਗ ਲਿਆ।

## ਸੜਕ ਹਾਦਸੇ 'ਚ ਸਾਬਕਾ ਫੌਜੀ ਦੀ ਮੌਤ

**ਮਾਨਸਾ (ਆਤਮਾ ਸਿੰਘ ਪਮਾਰ)**

ਬਰਨਾਲਾ-ਸਿਰਸਾ ਮੁੱਖ ਸੜਕ 'ਤੇ ਸਵੇਰ ਸਾਰ ਹੋਏ ਦਰਦਨਾਕ ਹਾਦਸੇ ਦੌਰਾਨ ਸਾਬਕਾ ਫੌਜੀ ਜਗਜੀਤ ਸਿੰਘ (75) ਦੀ ਘਟਨਾ ਸਥਾਨ 'ਤੇ ਹੀ ਮੌਤ ਹੋਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ।ਜਾਣਕਾਰੀ ਅਨੁਸਾਰ ਰਮਦਿੱਤਾ ਚੌਕ ਦੇ ਨਜ਼ਦੀਕ ਡੇਰਾ ਸੱਚਾ ਸੌਦਾ ਸਿਰਸਾ ਦੀ ਮਾਨਸਾ ਸਥਿਤ ਬ੍ਰਾਂਚ ਨੇੜੇ ਇੱਕ ਅਣਪਛਾਤੇ ਵਾਹਨ ਵੱਲੋਂ ਟੱਕਰ ਮਾਰੇ ਜਾਣ ਕਾਰਨ ਇੱਕ ਵਿਅਕਤੀ ਦੀ ਮੌਤ ਹੋ ਗਈ।ਪਤਾ ਲੱਗਾ ਹੈ ਕਿ ਇਸ ਮਾਮਲੇ 'ਚ ਥਾਣਾ ਸਿਟੀ 1 ਮਾਨਸਾ ਪੁਲਸ ਵੱਲੋਂ ਨਾਮਾਲੂਮ ਵਿਅਕਤੀ ਖ਼ਿਲਾਫ਼ ਮਾਮਲਾ ਦਰਜ ਕਰ ਲਿਆ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਮ੍ਰਿਤਕ ਦੇ ਬੇਟੇ ਚਰਨਜੀਤ ਸਿੰਘ ਨੇ ਕਿਹਾ ਕਿ ਉਸ ਦੇ ਪਿਤਾ ਜਗਜੀਤ ਸਿੰਘ ਰੋਜ਼ਾਨਾ ਦੀ ਤਰ੍ਹਾਂ ਹੀ ਸਵੇਰੇ 8 ਵਜੇ ਦੇ ਕਰੀਬ ਘਰੋਂ ਸਾਈਕਲ 'ਤੇ ਸਤਿਸੰਗ ਲਈ ਸਿਰਸਾ ਡੇਰਾ ਮਾਨਸਾ ਵੱਲ ਚਲੇ ਗਏ, ਪਰ ਜਦ ਉਹ ਡੇਰੇ ਤੋਂ ਕੁੱਝ ਮੀਟਰ ਦੀ ਦੂਰੀ 'ਤੇ ਹੀ ਪਹੁੰਚੇ ਤਾਂ ਇੱਕ ਅਣਪਛਾਤੇ ਤੇਜ਼ ਵਾਹਨ ਨੇ ਉਨ੍ਹਾਂ ਨੂੰ ਟੱਕਰ ਮਾਰ ਦਿੱਤੀ, ਜਿਸ ਕਾਰਨ ਉਨ੍ਹਾਂ ਦੀ ਘਟਨਾ ਸਥਾਨ 'ਤੇ ਹੀ ਮੌਤ ਹੋ ਗਈ।ਉਨ੍ਹਾਂ ਕਿਹਾ ਕਿ ਵਾਹਨ ਚਾਲਕ ਟੱਕਰ ਮਾਰਨ ਬਾਅਦ ਗੱਡੀ ਸਮੇਤ ਉਥੋਂ ਫਰਾਰ ਹੋ ਗਿਆ।ਉਨ੍ਹਾਂ ਦੀ ਮ੍ਰਿਤਕ ਦੇਹ ਨੂੰ ਪੋਸਟਮਾਰਟਮ ਲਈ ਮਾਨਸਾ ਦੇ ਸਿਵਲ ਹਸਪਤਾਲ ਵਿੱਚ ਲਿਆਂਦਾ ਗਿਆ। ਉਨ੍ਹਾਂ ਮੰਗ ਕਰਦਿਆਂ ਕਿਹਾ ਕਿ ਦੋਸ਼ੀ ਖ਼ਿਲਾਫ਼ ਸਖ਼ਤ ਤੋਂ ਸਖ਼ਤ ਕਾਰਵਾਈ ਕੀਤੀ ਜਾਵੇ। ਥਾਣਾ ਸਿਟੀ 1 ਮਾਨਸਾ ਦੇ ਹੈੱਡ ਕਾਂਸਟੇਬਲ ਰਿੰਕੂ ਨੇ ਦੱਸਿਆ ਕਿ ਇਸ ਮਾਮਲੇ 'ਚ ਨਾ ਮਾਲੂਮ ਖ਼ਿਲਾਫ਼ ਕੇਸ ਦਰਜ ਕਰ ਲਿਆ ਹੈ।



## ਕਾਂਗਰਸ ਕਮੇਟੀ ਦੇ ਦਫਤਰ 'ਚ ਈਦ ਦਾ ਤਿਉਹਾਰ ਮਨਾਇਆ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਜ਼ਿਲ੍ਹਾ ਕਾਂਗਰਸ ਕਮੇਟੀ ਘੱਟ ਗਿਣਤੀ ਸੈੱਲ ਦੇ ਚੇਅਰਮੈਨ ਅਸਲਮ ਸੈਫੀ ਵੱਲੋਂ ਜ਼ਿਲ੍ਹਾ ਕਾਂਗਰਸ ਕਮੇਟੀ ਪਟਿਆਲਾ ਦੇ ਦਫ਼ਤਰ ਵਿੱਚ ਈਦ ਉਲ ਅਜਹਾ ਦਾ ਤਿਉਹਾਰ ਮਨਾਇਆ ਗਿਆ, ਜਿਸ ਵਿੱਚ ਜ਼ਿਲ੍ਹਾ ਕਾਂਗਰਸ ਕਮੇਟੀ ਦੇ ਪ੍ਰਧਾਨ ਨਰੇਸ਼ ਦੁੱਗਲ, ਬਲਾਕ ਦਿਹਾਤੀ ਪ੍ਰਧਾਨ ਤੇ ਸ਼ਹਿਰੀ ਕਾਂਗਰਸ ਕਮੇਟੀ ਦੇ ਪ੍ਰਧਾਨ ਰਾਜੇਸ਼ ਮੰਡੋਰਾ ਤੇ ਹਰਵਿੰਦਰ ਸਿੰਘ ਨਿੱਪੀ ਮੈਂਬਰ ਪੀ ਪੀ ਸੀ ਸੀ ਨੇ ਸ਼ਿਰਕਤ ਕੀਤੀ।ਇਸ ਮੌਕੇ ਸਾਰੀ ਜ਼ਿਲ੍ਹਾ ਕਾਂਗਰਸ ਕਮੇਟੀ ਨੇ ਅਸਲਮ ਸੈਫ਼ੀ ਦਾ ਮੂੰਹ ਮਿੱਠਾ ਕਰਵਾ ਕੇ ਈਦ ਦੀਆਂ ਮੁਬਾਰਕਾਂ ਦਿੱਤੀਆਂ ਅਤੇ ਇੱਕ ਸਾਂਝੇ ਭਾਈਚਾਰੇ ਦਾ ਸੰਦੇਸ਼ ਦਿੱਤਾ।ਇਸ ਮੌਕੇ ਮਦਨ ਲਾਲ ਭਾਂਬਰੀ, ਵਿਨੋਦ ਭਟਨਾਗਰ, ਰਾਜੇਸ਼ ਬੱਗਨ, ਸੰਜਯ ਹੰਸ, ਰਾਕੇਸ਼ ਕੁਮਾਰ ਕੱਕੜੀ, ਪੰਡਿਤ ਸੁਰਿੰਦਰ ਬਾਬੂ, ਅਬਦੁਲ ਅਲੀਮ, ਮੁਹੰਮਦ ਸਲੀਮ, ਗੌਤਮ ਸਰੂਜਾ, ਅਸ਼ੋਕ ਸ਼ਰਮਾ, ਸੰਜਯ ਹੰਸ, ਵਿਨੋਦ ਮਲਹੋਤਰਾ, ਦੀਪ ਟੰਡਨ ਹੋਰ ਬਹੁਤ ਆਗੂ ਸ਼ਾਮਲ ਰਹੇ।

## ਪ੍ਰੋਪਰਟੀ ਸਲਾਹਕਾਰ ਐਸੋਸੀਏਸ਼ਨ ਦੀ ਚੋਣ, ਵਜ਼ੀਰ ਗਿੱਲ ਮੁੜ ਪ੍ਰਧਾਨ ਬਣੇ



**ਤਲਵੰਡੀ ਸਾਬੋ (ਜਗਦੀਪ ਗਿੱਲ)**-ਸ੍ਰੀ ਦਮਦਮਾ ਸਾਹਿਬ ਪ੍ਰੋਪਰਟੀ ਸਲਾਹਕਾਰ ਐਸੋਸੀਏਸ਼ਨ ਤਲਵੰਡੀ ਸਾਬੋ ਦੀ ਚੋਣ ਸਬੰਧੀ ਸ੍ਰੀ ਬਾਲਾ ਜੀ ਮਿਸ਼ਠਾਨ ਭੰਡਾਰ ਤਲਵੰਡੀ ਸਾਬੋ ਵਿਖੇ ਮੀਟਿੰਗ ਰੱਖੀ ਗਈ, ਜਿਸ ਵਿੱਚ ਪ੍ਰੋਪਰਟੀ ਸਲਾਹਕਾਰ ਐਸੋਸੀਏਸ਼ਨ ਦੇ ਮੈਂਬਰਾਂ ਨੇ ਵੱਡੀ ਗਿਣਤੀ ਵਿੱਚ ਵੱਧ ਚੜ੍ਹ ਕੇ ਭਾਗ ਲਿਆ ਤੇ ਐਸੋਸੀਏਸ਼ਨ ਦੀ ਦੂਸਰੀ ਵਾਰ ਚੋਣ ਹੋਈ, ਜਿਸ ਵਿੱਚ ਮੁੜ ਦੁਬਾਰਾ ਤੋਂ ਸਰਬਸੰਮਤੀ ਨਾਲ ਵਜ਼ੀਰ ਸਿੰਘ ਗਿੱਲ ਨੂੰ ਐਸੋਸੀਏਸ਼ਨ ਦਾ ਪ੍ਰਧਾਨ ਐਲਾਨਿਆ ਗਿਆ।ਇਸ ਦੇ ਨਾਲ ਹੀ ਸ੍ਰ. ਗੁਰਦੇਵ ਸਿੰਘ ਚਿੱਠਾ ਨੂੰ ਜਨਰਲ ਸਕੱਤਰ, ਪ੍ਰੇਮ ਕੁਮਾਰ ਗੋਗੀ ਨੰਬਰਦਾਰ ਨੂੰ ਖਜ਼ਾਨਚੀ, ਹਰਿਮੰਦਰ ਸਿੰਘ ਨੂੰ ਚੇਅਰਮੈਨ, ਗੋਰਾ ਸਿੰਘ ਨੂੰ ਮੀਤ ਪ੍ਰਧਾਨ, ਸੁਰਿੰਦਰ ਸਿੰਘ ਜਗਾ ਨੂੰ ਸੀਨੀਅਰ ਮੀਤ ਪ੍ਰਧਾਨ, ਗੁਰਮੇਲ ਸਿੰਘ ਸਹੂ ਨੂੰ ਸਹਾਇਕ ਜਨਰਲ ਸਕੱਤਰ ਤੇ ਰਾਮ ਸਿੰਘ, ਡਾਕਟਰ ਰਾਜਵੀਰ ਸਿੰਘ, ਪੋਲੋਜੀਤ ਸਿੰਘ ਭੋਲੂ, ਰਾਜੀਵ ਕੁਮਾਰ ਘੋਟਾ, ਹਰਸ਼ਵਿੰਦਰ ਸਿੰਘ, ਸੁਰਿੰਦਰ ਪਾਲ ਸ਼ਰਮਾ, ਸੇਮੀ ਸਿੰਘ, ਗੁਰਤੇਜ ਸਿੰਘ ਸਿੱਧੂ ਸਮੇਤ ਸਾਰਿਆਂ ਨੂੰ ਐਗਜ਼ੈਕਟਿਵ ਮੈਂਬਰ ਚੁਣਿਆ ਗਿਆ।ਪ੍ਰਧਾਨ ਵਜ਼ੀਰ ਸਿੰਘ ਗਿੱਲ ਨੇ ਸਮੂਹ ਅਹੁਦੇਦਾਰਾਂ ਤੇ ਮੈਂਬਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਐਸੋਸੀਏਸ਼ਨ ਵੱਲੋਂ ਮੁੜ ਦਿੱਤੀ ਜ਼ੁੰਮੇਵਾਰੀ ਨੂੰ ਉਹ ਪਹਿਲਾਂ ਦੀ ਤਰ੍ਹਾਂ ਪੂਰੀ ਤਨਦੇਹੀ ਨਾਲ ਨਿਭਾਉਣਗੇ।ਉਨ੍ਹਾਂ ਕਿਹਾ ਕਿ ਪ੍ਰੋਪਰਟੀ ਐਸੋਸੀਏਸ਼ਨ ਦੀਆਂ ਸਰਕਾਰ ਪ੍ਰਤੀ ਕੁਝ ਮੰਗਾਂ ਨੂੰ ਲਾਗੂ ਕਰਵਾਉਣ ਲਈ ਸਰਕਾਰੇ ਦਰਬਾਰੇ ਪਹੁੰਚ ਕਰਕੇ ਸਰਕਾਰ ਦੇ ਧਿਆਨ ਹਿੱਤ ਲਿਆਂਦਾ ਜਾਵੇਗਾ।

## ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਪੌਦੇ ਲਗਾਉਣ ਦੀ ਮੁਹਿੰਮ ਦੀ ਸ਼ੁਰੂਆਤ




**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਵਧ ਰਹੇ ਉਦਯੋਗੀਕਰਨ ਤੇ ਸ਼ਹਿਰੀਕਰਨ ਕਰਕੇ ਦਰੱਖਤਾਂ ਦੀ ਅੰਧਾ-ਧੁੰਦ ਕਟਾਈ ਹੋਣ ਨਾਲ ਵਿਸ਼ਵ ਪੱਧਰ 'ਤੇ ਵਧ ਰਿਹਾ ਤਾਪਮਾਨ, ਸਮੁੱਚੀ ਮਨੁੱਖਤਾ ਲਈ ਵੱਡੀ ਚੁਣੌਤੀ ਬਣ ਗਿਆ ਹੈ। ਇਸ ਲਈ ਸਾਨੂੰ ਸਾਰਿਆਂ ਨੂੰ ਵਾਤਾਵਰਨ ਨੂੰ ਹਰਿਆ ਭਰਿਆ ਬਣਾਉਣ ਵਾਸਤੇ ਵੱਧ ਤੋਂ ਵੱਧ ਰੁੱਖ ਲਗਾਉਣੇ ਚਾਹੀਦੇ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਜ਼ਿਲ੍ਹਾ ਤੇ ਸੈਸ਼ਨ ਜੱਜ ਅਤੇ ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਸ੍ਰੀ ਅਰੁਣ ਗੁਪਤਾ ਨੇ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਦਫ਼ਤਰ ਵਿਖੇ ਪੌਦਾ ਲਗਾ ਕੇ ਰੁੱਖ ਲਗਾਉਣ ਦੀ ਮੁਹਿੰਮ ਦੀ ਸ਼ੁਰੂਆਤ ਕਰਦਿਆਂ ਕੀਤਾ। ਇਸ ਉਪਰੰਤ ਸ੍ਰੀ ਅਸ਼ੋਕ ਕੁਮਾਰ ਚੌਹਾਨ ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਨੇ 'ਇੱਕ ਨਾਗਰਿਕ, ਇੱਕ ਰੁੱਖ' ਦੇ ਨਾਅਰੇ ਮੁਤਾਬਕ ਹਰੇਕ ਨਾਗਰਿਕ ਨੂੰ ਘੱਟੋ-ਘੱਟ ਇੱਕ ਰੁੱਖ ਜ਼ਰੂਰ ਲਗਾਉਣ ਅਤੇ ਉਸ ਦੀ ਸਾਂਭ-ਸੰਭਾਲ ਕਰਨ ਦੀ ਵੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਧਰਤੀ ਨੂੰ ਪ੍ਰਦੂਸ਼ਣ ਮੁਕਤ ਕਰਨਾ ਅੱਜ ਦੇ ਸਮੇਂ ਦੀ ਅਹਿਮ ਲੋੜ ਹੈ, ਕਿਉਂਕਿ ਧਰਤੀ ਤੋਂ ਬਿਨਾਂ ਮਨੁੱਖੀ ਜੀਵਨ ਦੀ ਕਲਪਨਾ ਵੀ ਨਹੀਂ ਕੀਤੀ ਜਾ ਸਕਦੀ। ਉਨ੍ਹਾਂ ਆਖਿਆ ਕਿ ਵਾਤਾਵਰਨ ਦੀ ਸੰਭਾਲ ਪ੍ਰਤੀ ਸੰਜੀਦਾ ਹੋ ਕੇ ਸਾਨੂੰ ਸਾਰਿਆਂ ਨੂੰ ਯੋਗਦਾਨ ਪਾਉਣਾ ਚਾਹੀਦਾ ਹੈ। ਇਸ ਮੌਕੇ ਸਾਰੇ ਜੱਜ ਸਾਹਿਬਾਨਾਂ ਨੇ ਜ਼ਿਲ੍ਹਾ ਕਚਹਿਰੀਆਂ ਦੇ ਪਾਰਕ ਵਿਖੇ ਪੌਦੇ ਲਗਾ ਕੇ ਵਾਤਾਵਰਨ ਨੂੰ ਹਰਿਆ ਭਰਿਆ ਬਣਾਉਣ ਦਾ ਸੁਨੇਹਾ ਦਿੱਤਾ ਤੇ 'ਇੱਕ ਨਾਗਰਿਕ, ਇੱਕ ਰੁੱਖ' ਮੁਹਿੰਮ ਨੂੰ ਸਫਲ ਬਣਾਉਣ ਦਾ ਪ੍ਰਣ ਵੀ ਲਿਆ। ਇਸ ਮੌਕੇ ਲੈਫਟੀਨੈਂਟ ਡਾ. ਪੁਸ਼ਪਿੰਦਰ ਸਿੰਘ ਤੇ ਸ੍ਰੀ ਸਰਤਾਜ ਸਿੰਘ ਸੋਢੀ ਦੀ ਅਗਵਾਈ ਹੇਠ ਐੱਨ.ਸੀ.ਸੀ. ਵਿੰਗ ਮਾਤਾ ਗੁਜਰੀ ਕਾਲਜ ਦੇ ਬੱਚਿਆਂ ਵੱਲੋਂ ਇਸ ਮੁਹਿੰਮ ਵਿੱਚ ਵਧ-ਚੜ੍ਹ ਕੇ ਹਿੱਸਾ ਲਿਆ ਗਿਆ।

## ਫਾਇਰਿੰਗ ਕਰਨ ਵਾਲਿਆਂ ਖਿਲਾਫ ਕਾਰਵਾਈ ਨਾ ਹੋਣ 'ਤੇ ਲੋਕਾਂ 'ਚ ਰੋਸ

### ਡੀ ਐੱਸ ਪੀ ਪਾਤੜਾਂ ਨੂੰ ਦਰਖਾਸਤ ਦੇ ਕੇ ਕੀਤੀ ਕਾਰਵਾਈ ਦੀ ਮੰਗ

**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**

ਬਲਾਕ ਪਾਤੜਾ ਅਧੀਨ ਆਉਂਦੇ ਪਿੰਡ ਨੂਰਪੁਰ ਦੇ ਸਾਬਕਾ ਸਰਪੰਚ ਨੇ ਜ਼ਮੀਨ ਦੀ ਨਿਸ਼ਾਨਦੇਹੀ ਕਰਵਾਏ ਜਾਣ ਦੀ ਰੰਜਿਸ਼ ਨੂੰ ਲੈ ਕੇ ਪਿੰਡ ਗੁਲਾੜ੍ਹ ਦੇ ਰਹਿਣ ਵਾਲੇ 2 ਵਿਅਕਤੀਆਂ ਤੇ ਉਸ ਦੇ ਸਾਥੀਆਂ 'ਤੇ ਫਾਇਰਿੰਗ ਕਰਨ ਦੇ ਦੋਸ਼ ਲਾਏ ਹਨ ਅਤੇ 4 ਦਿਨ ਬੀਤ ਜਾਣ 'ਤੇ ਵੀ ਇਨ੍ਹਾਂ ਖਿਲਾਫ ਕੋਈ ਕਾਰਵਾਈ ਨਾ ਕੀਤੇ ਜਾਣ 'ਤੇ ਭਾਰੀ ਰੋਸ ਜ਼ਾਹਰ ਕਰਦਿਆਂ ਡੀਐੱਸਪੀ ਪਾਤੜਾਂ ਨੂੰ ਮਿਲ ਕੇ ਫਾਇਰਿੰਗ ਕਰਨ ਵਾਲਿਆਂ ਖਿਲਾਫ ਕਾਰਵਾਈ ਕੀਤੇ ਜਾਣ ਦੀ ਮੰਗ ਕੀਤੀ ਹੈ।



ਨੂਰਪੁਰਾ ਦੇ ਸਾਬਕਾ ਸਰਪੰਚ ਮਨਦੀਪ ਸਿੰਘ ਨਾਲ ਡੀਐੱਸਪੀ ਪਾਤੜਾਂ ਨੂੰ ਮਿਲਣ ਆਏ ਕਿੱਕਰ ਸਿੰਘ ਸਰਪੰਚ, ਚਰਨਜੀਤ ਸਿੰਘ ਸਾਬਕਾ ਸਰਪੰਚ, ਅਵਤਾਰ ਸਿੰਘ, ਜੋਗਿੰਦਰ ਸਿੰਘ, ਫੂਲਾ ਸਿੰਘ ਤੇ ਮੋਹਰ ਸਿੰਘ ਨੇ ਦੱਸਿਆ ਕਿ ਸਰਕਾਰ ਦੇ ਨਿਯਮਾਂ ਅਨੁਸਾਰ ਸਰਕਾਰੀ ਫੀਸ ਦੀ ਅਦਾਇਗੀ ਕਰਕੇ ਆਪਣੀ ਜ਼ਮੀਨ ਦੀ ਨਿਸ਼ਾਨਦੇਹੀ ਲਈ ਬੇਨਤੀ ਪੱਤਰ ਦਿੱਤਾ ਸੀ, ਜਿਸ ਦੇ ਚਲਦੇ ਫੀਲਡ ਕਾਨੂੰਗੋ ਵੱਲੋਂ 3 ਜੂਨ ਨੂੰ ਮੇਰੇ ਗੁਲਾਹੜ ਅਧੀਨ ਆਉਂਦੇ ਰਕਬੇ ਦੀ ਸਮੇਤ ਕੰਪਿਊਟਰਾਈਜ਼ ਨਿਸ਼ਾਨਦੇਹੀ ਕਰਨ ਵਾਲੀ ਟੀਮ ਵੱਲੋਂ ਮੌਕੇ 'ਤੇ ਗਰਾਮ ਪੰਚਾਇਤ ਨੂਰਪੁਰਾ ਦੀ ਹਾਜ਼ਰੀ ਵਿੱਚ ਨਿਸ਼ਾਨਦੇਹੀ ਕੀਤੀ ਗਈ, ਜਿਸ ਵਿੱਚ ਮੇਰੀ ਜ਼ਮੀਨ ਨਾਲ ਲੱਗਦੇ ਜ਼ਮੀਨ ਮਾਲਿਕ ਵਜ਼ੀਰ ਰਾਮ ਤੇ ਕੁਲਵਿੰਦਰ ਉਰਫ ਕੇ ਪੀ ਸ਼ਰਮਾ ਵੀ ਮੌਜੂਦ ਸਨ।ਨਿਸ਼ਾਨਦੇਹੀ ਵਾਲੀ ਸਾਰੀ ਟੀਮ ਤੇ ਸਮੁੱਚੀ ਗਰਾਮ ਪੰਚਾਇਤ ਵਾਪਸ ਚਲੀ ਗਈ ਤਾਂ ਵਜ਼ੀਰ ਰਾਮ ਤੇ ਕੁਲਵਿੰਦਰ ਉਰਫ ਕੇ ਪੀ ਸ਼ਰਮਾ ਨੇ ਆਪਣੇ ਨਾਲ 25-30 ਦੇ ਕਰੀਬ ਹੋਰ ਵਿਅਕਤੀਆਂ ਨੂੰ ਨਾਲ ਲਿਆ ਕੇ ਨਿਸ਼ਾਨਦੇਹੀ ਦੀਆਂ ਲਗਾਈਆਂ ਬੁਰਜੀਆਂ ਪੁੱਟ ਦਿੱਤੀਆਂ ਤੇ ਲਲਕਾਰੇ ਮਾਰੇ ਅਤੇ ਜ਼ੋਰਦਾਰ ਫਾਈਰਿੰਗ ਸ਼ੁਰੂ ਕੀਤੀ। ਇਸ ਦੀ ਦਰਖਾਸਤ ਥਾਣਾ ਸ਼ੁਤਰਾਣਾ ਵਿਖੇ ਦਿੱਤੀ, ਪਰ 4 ਦਿਨ ਬੀਤ ਜਾਣ 'ਤੇ ਵੀ ਫਾਇਰਿੰਗ ਕਰਨ ਵਾਲਿਆਂ ਨੂੰ ਗ੍ਰਿਫਤਾਰ ਨਹੀਂ ਕੀਤਾ ਗਿਆ।ਇਸ ਸਬੰਧੀ ਅਸੀਂ ਡੀ.ਐੱਸ.ਪੀ. ਪਾਤੜਾਂ ਨੂੰ ਦਰਖਾਸਤ ਦੇ ਕੇ ਫਾਇਰਿੰਗ ਕਰਨ ਵਾਲਿਆਂ ਨੂੰ ਗ੍ਰਿਫਤਾਰ ਕੀਤੇ ਜਾਣ ਦੀ ਮੰਗ ਕੀਤੀ ਹੈ।ਇਸ ਦੌਰਾਨ ਡੀਐੱਸਪੀ ਇੰਦਰਪਾਲ ਸਿੰਘ ਚੌਹਾਨ ਨੇ ਕਿਹਾ ਕਿ ਪਿੰਡ ਨੂਰਪਰ ਦੇ ਸਾਬਕਾ ਸਰਪੰਚ ਵੱਲੋਂ ਦਿੱਤੀ ਗਈ ਦਰਖਾਸਤ ਦੀ ਪੜਤਾਲ ਕਰਕੇ ਸੰਬੰਧਤ ਵਿਅਕਤੀਆਂ ਖਿਲਾਫ ਬਣਦੀ ਕਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

## ਮਿਮਿਟ 'ਚ ਐੱਨ ਸੀ ਸੀ ਕੈਡਿਟਾਂ ਨੇ ਪੌਦੇ ਲਾ ਕੇ ਮਨਾਇਆ ਵਾਤਾਵਰਣ ਦਿਵਸ




**ਮਲੋਟ (ਓਮ ਪ੍ਰਕਾਸ਼ ਸ਼ੇਖੂ)**-ਪੰਜਾਬ ਸਰਕਾਰ ਦੁਆਰਾ ਸਥਾਪਤ ਮਲੋਟ ਇੰਸਟੀਚਿਊਟ ਆਫ ਮੈਨੇਜਮੈਂਟ ਐਂਡ ਇਨਫਰਮੇਸ਼ਨ ਟੈਕਨਾਲੋਜੀ (ਮਿਮਿਟ) ਮਲੋਟ ਦੇ ਐੱਨ ਸੀ ਸੀ ਆਰਮੀ ਵਿੰਗ ਵੱਲੋਂ ਡਾਇਰੈਕਟਰ ਡਾ. ਜਸਕਰਨ ਸਿੰਘ ਭੁੱਲਰ ਤੇ 6 ਪੰਜਾਬ ਬਟਾਲੀਅਨ ਐੱਨ ਸੀ ਸੀ ਯੂਨਿਟ ਮਲੋਟ ਦੇ ਕਮਾਂਡਿੰਗ ਅਫ਼ਸਰ ਕਰਨਲ ਰਣਬੀਰ ਸਿੰਘ (ਸੈਨਾ ਮੈਡਲ) ਦੇ ਦਿਸ਼ਾ ਨਿਰਦੇਸ਼ ਅਨੁਸਾਰ ਮਿਮਿਟ ਕਾਲਜ ਵਿਖੇ ਵਿਸ਼ਵ ਵਾਤਾਵਰਣ ਦਿਵਸ ਮਨਾਇਆ ਗਿਆ।ਇਸ ਮੌਕੇ ਆਰਮੀ ਐੱਨ ਸੀ ਸੀ ਵਿੰਗ ਦੇ ਕੈਡਿਟਾਂ ਵੱਲੋਂ ਪੌਦੇ ਲਗਾਏ ਗਏ।ਸੰਸਥਾ ਦੇ ਡਾਇਰੈਕਟਰ ਡਾ. ਜਸਕਰਨ ਸਿੰਘ ਭੁੱਲਰ ਵੱਲੋਂ ਹਰੇਕ ਐੱਨ ਸੀ ਸੀ ਕੈਡਿਟ ਨੂੰ ਇੱਕ-ਇੱਕ ਪੌਦੇ ਨੂੰ ਗੋਦ ਲੈ ਕੇ ਸੰਭਾਲਣ ਲਈ ਪ੍ਰੇਰਿਤ ਕੀਤਾ ਗਿਆ ਤੇ ਨਾਲ ਹੀ ਹਰ ਇਕ ਕੈਡਿਟ ਦਾ ਇੱਕ ਪੌਦੇ ਦੇ ਨਾਲ ਉਸ ਦਾ ਨਾਮ ਲਿਖ ਕੇ ਉਸ ਦੀ ਦੇਖਭਾਲ ਕਰਨ ਲਈ ਵੀ ਉਤਸ਼ਾਹਤ ਕੀਤਾ ਗਿਆ।ਇਸ ਮੌਕੇ ਸੰਸਥਾ ਦੇ ਡਾਇਰੈਕਟਰ ਡਾ. ਜਸਕਰਨ ਸਿੰਘ ਭੁੱਲਰ, ਨੇਵਲ ਵਿੰਗ ਸਬ ਲੈਫਟੀਨੈਂਟ ਸੁਰਿੰਦਰ ਕੁਮਾਰ ਐਸੋਸੀਏਟ ਐੱਨ ਸੀ ਸੀ ਅਫ਼ਸਰ, ਆਰਮੀ ਵਿੰਗ ਐੱਨ ਸੀ ਸੀ, ਸੀ ਟੀ ਓ ਮੈਡਮ ਮਮਤਾ ਗੋਇਲ, ਇੰਜ. ਜਤਿੰਦਰ ਕਟਾਰੀਆ, ਕਲਰਕ ਮੈਡਮ ਪ੍ਰੇਮਲਤਾ ਤੇ ਐੱਨ ਸੀ ਸੀ ਕੈਡਿਟਜ਼ ਹਾਜ਼ਰ ਸਨ।

## ਰਾਮਗੜ੍ਹੀਆ ਕੌਂਸਲ ਨੇ ਲੋੜਵੰਦਾਂ ਨੂੰ ਰਾਸ਼ਨ ਵੰਡਿਆ



**ਜਗਰਾਓਂ (ਅਮਿਤ ਖੰਨਾ)**-ਲੋੜਵੰਦਾਂ ਦੀਆਂ ਜ਼ਰੂਰਤਾਂ ਨੂੰ ਪੂਰਾ ਕਰਨ ਵਿੱਚ ਜੁਟੀ ਰਾਮਗੜ੍ਹੀਆ ਵੈੱਲਫੇਅਰ ਕੌਂਸਲ ਸੰਸਥਾ ਨੇ ਗੁਰਦੁਆਰਾ ਵਿਸ਼ਵਕਰਮਾ ਮੰਦਰ ਅੱਡਾ ਰਾਏਕੋਟ ਦੀ ਪ੍ਰਬੰਧਕ ਕਮੇਟੀ ਤੇ ਬਿਲਡਿੰਗ ਠੇਕੇਦਾਰ ਐਸੋਸੀਏਸ਼ਨ ਦੇ ਸਹਿਯੋਗ ਨਾਲ ਲੰਬੇ ਸਮੇਂ ਤੋਂ ਲੋੜਵੰਦ ਔਰਤਾਂ ਨੂੰ ਰਾਸ਼ਨ ਵੰਡਣ ਦੀ ਪਿਰਤ ਨੂੰ ਜਾਰੀ ਰੱਖਦਿਆਂ ਲੋੜਵੰਦ ਔਰਤਾਂ ਨੂੰ ਰਾਸ਼ਨ ਦਿੱਤਾ ਗਿਆ।ਇਸ ਮੌਕੇ ਰਾਮਗੜ੍ਹੀਆ ਵੈੱਲਫੇਅਰ ਕੌਂਸਲ ਦੇ ਸਰਪ੍ਰਸਤ ਬਾਬਾ ਮੋਹਣ ਸਿੰਘ ਸੱਗੂ ਨੇ ਆਖਿਆ ਕਿ ਭਾਵੇਂ ਸਰਕਾਰਾਂ ਦੇ ਕੰਮ ਹੁੰਦੇ ਹਨ ਕਿ ਹਰ ਮਨੁੱਖ ਦੀਆਂ ਲੋੜਾਂ ਕੁੱਲੀ, ਗੁੱਲੀ ਤੇ ਜੁੱਲੀ ਨੂੰ ਪੂਰਾ ਕਰਨ, ਪਰ ਅਜਿਹਾ ਨਹੀਂ ਹੋ ਰਿਹਾ ? ਜਿਸ ਕਰਕੇ ਕਾਫੀ ਸਮਾਜ ਸੇਵੀ ਸੰਸਥਾਵਾਂ ਹੀ ਅਜਿਹੇ ਫਰਜ਼ਾਂ ਨੂੰ ਨਿਭਾਅ ਰਹੀਆਂ ਹਨ।ਰਾਮਗੜ੍ਹੀਆ ਵੈੱਲਫੇਅਰ ਕੌਂਸਲ ਵੀ ਆਪਣੇ ਫਰਜ਼ਾਂ ਨੂੰ ਪਛਾਣਦਿਆਂ ਪਿਛਲੇ ਲੰਬੇ ਸਮੇਂ ਤੋਂ ਲੋੜਵੰਦਾਂ ਦੀਆਂ ਜ਼ਰੂਰਤਾਂ ਨੂੰ ਪੂਰਾ ਕਰਨ ਵਿੱਚ ਜੁਟੀ ਹੋਈ ਹੈ ਤੇ ਹਰ ਮਹੀਨੇ ਲੋੜਵੰਦ ਔਰਤਾਂ ਨੂੰ ਰਾਸ਼ਨ ਦੇ ਕੇ ਬਾਬੇ ਨਾਨਕ ਦੀਆਂ ਸਿੱਖਿਆਵਾਂ ਨੂੰਕਿਰਤ ਕਰੋ, ਨਾਮ ਜਪੋ, ਵੰਡ ਛਕੋ' 'ਤੇ ਅਮਲ ਕਰਨ ਦਾ ਯਤਨ ਕਰ ਰਹੀ ਹੈ।ਉਨ੍ਹਾਂ ਆਪਣੇ ਸਹਿਯੋਗੀ ਸੰਸਥਾਵਾਂ ਦੇ ਮੈਂਬਰਾਂ ਦਾ ਵੀ ਧੰਨਵਾਦ ਕੀਤਾ, ਜੋ ਹਮੇਸ਼ਾ ਇਸ ਕੰਮ ਵਿੱਚ ਵੱਧ ਚੜ੍ਹ ਕੇ ਸਹਿਯੋਗ ਦਿੰਦੇ ਆ ਰਹੇ ਹਨ।ਇਸ ਮੌਕੇ ਸਰਪ੍ਰਸਤ ਦਰਸ਼ਨ ਸਿੰਘ ਸੱਗੂ, ਸਰਪ੍ਰਸਤ ਬਲਵੰਤ ਸਿੰਘ ਪਨੇਸਰ, ਸਰਪ੍ਰਸਤ ਬਾਬਾ ਮੋਹਣ ਸਿੰਘ ਸਗੂ, ਜਨਰਲ ਸਕੱਤਰ ਰਜਿੰਦਰ ਸਿੰਘ ਮੂੰਧੜ (ਭਾਰਤ ਆਟੋਕੇਅਰ) ਸੈਕਟਰੀ ਤਰਲੋਚਨ ਸਿੰਘ ਪਨੇਸਰ, ਖਜ਼ਾਨਚੀ ਐੱਸ ਡੀ ਓ ਸੁਰਜੀਤ ਸਿੰਘ ਘਟੋੜੇ, ਮੁੱਖ ਸਲਾਹਕਾਰ ਹੈੱਡ ਮਾਸਟਰ ਹਰਜਿੰਦਰ ਸਿੰਘ ਧੰਜਲ, ਦਰਸ਼ਨ ਸਿੰਘ ਕਲਸੀ, ਮਹਿੰਦਰ ਸਿੰਘ ਕਲਸੀ, ਹਰਦਿਆਲ ਸਿੰਘ ਮੁੰਡੇ, ਜਸਵੰਤ ਸਿੰਘ ਸੱਗੂ ਪ੍ਰਧਾਨ ਗੁਰਦੁਆਰਾ ਪ੍ਰਬੰਧਕ ਕਮੇਟੀ, ਦੀਦਾਰ ਸਿੰਘ ਸੀਹਰਾ, ਰਜਿੰਦਰ ਸਿੰਘ ਰਿੰਕੂ, ਪ੍ਰਧਾਨ ਠੇਕੇਦਾਰ ਐਸੋਸੀਏਸ਼ਨ, ਸਰਪ੍ਰਸਤ ਜਗਦੇਵ ਸਿੰਘ ਮਠਾੜੂ, ਡਾਕਟਰ ਗੁਰਪ੍ਰੀਤ ਸਿੰਘ ਸੱਗੂ ਤੇ ਰਾਮਗੜ੍ਹੀਆ ਬਰਾਦਰੀ ਦੇ ਸਮੂਹ ਮੈਂਬਰ ਆਦਿ ਹਾਜ਼ਰ ਸਨ।

## ਨਸ਼ੀਲੇ ਪਦਾਰਥਾਂ ਦਾ ਸੇਵਨ ਕਰਦੇ ਪੰਜ ਗ੍ਰਿਫਤਾਰ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਬੀਤੇ 24 ਘੰਟਿਆਂ ਦੌਰਾਨ ਪੁਲਸ ਵੱਲੋਂ ਜ਼ਿਲ੍ਹੇ 'ਚ ਵੱਖ-ਵੱਖ ਥਾਵਾਂ ਤੋਂ ਪੰਜ ਵਿਅਕਤੀਆਂ ਨੂੰ ਨਸ਼ੀਲੇ ਪਦਾਰਥਾਂ ਦਾ ਸੇਵਨ ਕਰਨ ਦੇ ਦੋਸ਼ ਹੇਠ ਕਾਬੂ ਕੀਤੇ ਜਾਣ ਦਾ ਸਮਾਚਾਰ ਹੈ।ਪ੍ਰਾਪਤ ਹੋਈ ਜਾਣਕਾਰੀ ਅਨੁਸਾਰ ਥਾਣਾ ਸਰਹਿੰਦ ਦੀ ਪੁਲਸ ਵੱਲੋਂ ਅਮਿਤ ਕੁਮਾਰ ਨਾਮਕ ਵਿਅਕਤੀ ਨੂੰ ਹੈਰੋਇਨ ਪੀਂਦੇ ਹੋਏ, ਚੁੰਨੀ ਕਲਾਂ ਚੌਕੀ ਦੀ ਪੁਲਸ ਪਾਰਟੀ ਵੱਲੋਂ ਪਰਦੀਪ ਸਿੰਘ ਤੇ ਗੁਰਦੀਪ ਸਿੰਘ ਨਾਮਕ ਵਿਅਕਤੀਆਂ ਨੂੰ ਚਿੱਟੇ ਦਾ ਨਸ਼ਾ ਕਰਦੇ ਹੋਏ, ਬੁੱਗਾ ਕਲਾਂ ਚੌਂਕੀ ਦੀ ਪੁਲਸ ਪਾਰਟੀ ਵੱਲੋਂ ਲਖਵੰਤ ਸਿੰਘ ਨਾਮਕ ਵਿਅਕਤੀ ਨੂੰ ਨਸ਼ੇ ਦਾ ਸੇਵਨ ਕਰਦੇ ਹੋਏ ਅਤੇ ਥਾਣਾ ਬਸੀ ਪਠਾਣਾਂ ਦੀ ਪੁਲਸ ਪਾਰਟੀ ਵੱਲੋਂ ਸਤਨਾਮ ਸਿੰਘ ਨਾਮਕ ਵਿਅਕਤੀ ਨੂੰ ਚਿੱਟੇ ਦਾ ਸੇਵਨ ਕਰਨ ਦੇ ਦੋਸ਼ ਹੇਠ ਅ/ਧ 27 ਐਨ.ਡੀ.ਪੀ.ਐਸ. ਐਕਟ ਤਹਿਤ ਗ੍ਰਿਫਤਾਰ ਕੀਤਾ ਗਿਆ ਹੈ।

## 'ਆਪ' ਸਰਕਾਰ ਲੁਧਿਆਣਾ ਦੇ ਭਖਦੇ ਮਸਲੇ ਹੱਲ ਕਰਨ 'ਚ ਨਾਕਾਮ ਸਾਬਿਤ ਹੋਈ : ਪਰਉਪਕਾਰ ਸਿੰਘ ਘੁੰਮਣ

**ਲੁਧਿਆਣਾ (ਰੈਕਟਰ ਕਥੂਰੀਆ)**-ਸ਼੍ਰੋਮਣੀ ਅਕਾਲੀ ਦਲ ਲੁਧਿਆਣਾ ਪੱਛਮੀ ਤੋਂ ਉਮੀਦਵਾਰ ਸ੍ਰ. ਪਰਉਪਕਾਰ ਸਿੰਘ ਘੁੰਮਣ ਨੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਕਿਸਾਨਾਂ ਦੀ ਉਪਜਾਊ ਜ਼ਮੀਨ ਐਕਵਾਇਰ ਕਰ ਕੇ ਉਨ੍ਹਾਂ ਨੂੰ ਬੇਜ਼ਮੀਨੇ ਕਰਨ, ਬੁੱਢਾ ਨਾਲਾ ਸਾਫ ਕਰਨ ਵਿੱਚ ਅਸਫਲ ਰਹਿਣ ਤੇ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਠੇਕੇ 'ਤੇ ਕੰਮ ਕਰਦੇ ਮੁਲਾਜ਼ਮਾਂ ਨੂੰ ਰੈਗੂਲਰ ਕਰਨ ਤੋਂ ਇਨਕਾਰ ਕਰਨ 'ਤੇ ਉਨ੍ਹਾਂ ਦੀ ਸਖ਼ਤ ਨਿਖੇਧੀ ਕੀਤੀ ਹੈ।

ਸ੍ਰੀ ਘੁੰਮਣ ਨੇ ਹੈਰਾਨੀ ਪ੍ਰਗਟ ਕੀਤੀ ਕਿ ਮੁੱਖ ਮੰਤਰੀ ਕਿਵੇਂ ਲੁਧਿਆਣਾ ਦੇ ਭੱਖਦੇ ਮਸਲੇ ਹੱਲ ਕਰਨ ਵਿੱਚ ਨਾਕਾਮ ਸਾਬਿਤ ਹੋਏ ਹਨ।ਉਨ੍ਹਾਂ ਕਿਹਾ ਕਿ ਕਿਸਾਨਾਂ ਤੋਂ ਉਨ੍ਹਾਂ ਦੀ 24000 ਏਕੜ ਜ਼ਮੀਨ ਖੋਹੀ ਜਾ ਰਹੀ ਹੈ, ਪਰ ਮੁੱਖ ਮੰਤਰੀ ਨੂੰ ਇਸ ਗੱਲ ਦੀ ਪ੍ਰਵਾਹ ਨਹੀਂ।ਇਹ ਝੂਠੀ ਅਫਵਾਹ ਫੈਲਾਈ ਜਾ ਰਹੀ ਹੈ ਕਿ ਕਿਸਾਨਾਂ ਤੋਂ ਉਨ੍ਹਾਂ ਦੀ ਮਰਜ਼ੀ ਨਾਲ ਜ਼ਮੀਨ ਲਈ ਜਾਵੇਗੀ, ਜਦੋਂ ਕਿ ਨੋਟੀਫਿਕੇਸ਼ਨ ਵਿੱਚ ਸਪੱਸ਼ਟ ਹੈ ਕਿ ਕਿਸਾਨਾਂ ਦੀਆਂ ਚਿੰਤਾਵਾਂ ਦੀ ਪ੍ਰਵਾਹ ਕੀਤੇ ਬਗੈਰ ਜ਼ਮੀਨ ਐਕਵਾਇਰ ਕੀਤੀ ਜਾਵੇਗੀ।ਉਨ੍ਹਾਂ ਕਿਹਾ ਕਿ ਇਹ ਬਹੁਤ ਹੀ ਨਿੰਦਣਯੋਗ ਗੱਲ ਹੈ ਕਿ ਸ੍ਰੀ ਭਗਵੰਤ ਮਾਨ ਨੇ ਅੱਜ ਵੀ ਕਿਸਾਨਾਂ ਦੇ ਮਸਲੇ ਹੱਲ ਨਹੀਂ ਕੀਤੇ।ਬੁੱਢੇ ਨਾਲੇ ਦੀ ਗੱਲ ਕਰਦਿਆਂ ਸ੍ਰ. ਘੁੰਮਣ ਨੇ ਕਿਹਾ ਕਿ ਪ੍ਰਦੂਸ਼ਣ ਅਸਲ ਮਸਲਾ ਹੈ, ਪਰ ਬਜਾਏ ਇਸ ਮਸਲੇ ਨੂੰ ਹੱਲ ਕਰਨ ਦੇ ਆਮ ਆਦਮੀ ਪਾਰਟੀ (ਆਪ) ਇਸ 'ਤੇ ਰਾਜਨੀਤੀ ਕਰ ਰਹੀ ਹੈ ਤੇ ਪ੍ਰਦੂਸ਼ਣ ਦੇ ਮਾਮਲੇ 'ਤੇ ਸਿਰਫ ਡਰਾਮੇਬਾਜ਼ੀ ਕੀਤੀ ਜਾ ਰਹੀ ਹੈ, ਜਦੋਂਕਿ ਜ਼ਮੀਨੀ ਪੱਧਰ 'ਤੇ ਕੱਖ ਵੀ ਨਹੀਂ ਕੀਤਾ ਜਾ ਰਿਹਾ।ਪੀ ਏ ਯੂ ਦੇ ਠੇਕੇ 'ਤੇ ਕੰਮ ਕਰਦੇ ਮੁਲਾਜ਼ਮਾਂ ਦੀ ਗੱਲ ਕਰਦਿਆਂ ਘੁੰਮਣ ਨੇ ਕਿਹਾ ਕਿ ਬੇਸ਼ੁਮਾਰ ਧਰਨੇ ਲਾਉਣ ਤੇ ਵਾਰ-ਵਾਰ ਮੰਗ ਪੱਤਰ ਦੇਣ ਦੇ ਬਾਵਜੂਦ ਸਰਕਾਰ ਨੇ ਮੁਲਾਜ਼ਮਾਂ ਨੂੰ ਰੈਗੂਲਰ ਕਰਨ ਵਾਸਤੇ ਕੱਖ ਨਹੀਂ ਕੀਤਾ।ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਮੁੱਖ ਮੰਤਰੀ ਨੂੰ ਕਾਨੂੰਨ ਵਿਵਸਥਾ ਦੇ ਹਾਲਾਤ ਦੀ ਕੋਈ ਪ੍ਰਵਾਹ ਨਹੀਂ ਤੇ ਫਿਰੌਤੀਆਂ ਦੇ ਮਾਹੌਲ ਵਿੱਚ ਸ਼ਹਿਰ ਸਹਿਮਿਆ ਪਿਆ ਹੈ।ਉਨ੍ਹਾਂ ਕਿਹਾ ਕਿ ਉਦਯੋਗਿਕ ਸੈਕਟਰ ਲਈ ਕੋਈ ਸਹੂਲਤ ਨਹੀਂ ਦਿੱਤੀ ਜਾ ਰਹੀ, ਜਿਸ ਕਾਰਨ ਉਦਯੋਗ ਬਿਜਲੀ ਜਾਂ ਕੋਈ ਹੋਰ ਸਬਸਿਡੀ ਨਾ ਮਿਲਣ ਕਾਰਨ ਸੂਬੇ ਵਿੱਚੋਂ ਬਾਹਰ ਜਾ ਰਹੇ ਹਨ।ਉਨ੍ਹਾਂ ਸੜਕਾਂ ਜਾਮ ਕਰਨ ਤੇ ਵਾਰ-ਵਾਰ ਸੁਰੱਖਿਆ ਰੋਕਾਂ ਕਾਰਨ ਲੋਕਾਂ ਨੂੰ ਹੁੰਦੀ ਖੱਜਲ ਖੁਆਰੀ ਲਈ ਵੀ ਮੁੱਖ ਮੰਤਰੀ ਦੀ ਨਿਖੇਧੀ ਕੀਤੀ।ਉਨ੍ਹਾਂ ਕਿਹਾ ਕਿ ਅੱਜ ਸ਼ਹਿਰ ਵਿੱਚ ਮੁੱਖ ਮੰਤਰੀ ਦੇ ਦੌਰੇ ਕਾਰਨ ਸ਼ਹਿਰ ਵਿੱਚ ਸਾਰੀ ਵਿਵਸਥਾ ਠੱਪ ਹੋ ਕੇ ਰਹਿ ਗਈ ਤੇ ਉਦਯੋਗ ਤੇ ਵਪਾਰ ਵੱਖਰੇ ਪ੍ਰਭਾਵਤ ਹੋਏ।

## ਸ਼ਿਆਮ ਬਾਬਾ ਜੀ ਦਾ ਨਿਰਜਲਾ ਇਕਾਦਸ਼ੀ ਸੰਕੀਰਤਨ



**ਮਾਨਸਾ (ਆਤਮਾ ਸਿੰਘ ਪਮਾਰ)**-ਸ੍ਰੀ ਸਿਆਮ ਪਰਿਵਾਰ ਸੰਘ ਮਾਨਸਾ ਵੱਲੋਂ ਜੈ ਮਾਂ ਮੰਦਿਰ ਕਮੇਟੀ ਤੇ ਸ਼ਹਿਰ ਵਾਸੀਆਂ ਦੇ ਸਹਿਯੋਗ ਨਾਲ ਸ੍ਰੀ ਸ਼ਿਆਮ ਬਾਬਾ ਜੀ ਦਾ ਨਿਰਜਲਾ ਇਕਾਦਸ਼ੀ ਸੰਕੀਰਤਨ ਜੈ ਮਾਂ ਮੰਦਰ ਵਿਖੇ ਬਹੁਤ ਹੀ ਧੂਮ ਧਾਮ ਤੇ ਸ਼ਰਧਾ ਨਾਲ ਕੀਤਾ ਗਿਆ। ਪੂਜਨ ਦੀ ਰਸਮ ਗਗਨ ਕੁਮਾਰ ਨੇ ਪਰਿਵਾਰ ਸਮੇਤ ਤੇ ਜੋਤੀ ਦੀ ਰਸਮ ਰਾਜ ਕੁਮਾਰ ਗਰਗ ਵੱਲੋਂ ਪਰਿਵਾਰ ਸਮੇਤ ਕੀਤੀ ਗਈ। ਸੰਘ ਵੱਲੋਂ ਇਨ੍ਹਾਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ। ਸੰਕੀਰਤਨ ਦੀ ਸ਼ੁਰੂਆਤ ਸੰਘ ਵੱਲੋਂ 'ਜੋਤੀ ਵੰਦਨਾਂ' ਗਾ ਕੇ ਕੀਤੀ ਗਈ। ਇਸ ਤੋਂ ਬਾਅਦ ਮਸ਼ਹੂਰ ਗਾਇਕ ਨੈਨਾ ਰਾਜਪੂਤ ਨੇ ਆਪਣੀ ਸੁਰੀਲੀ ਆਵਾਜ਼ ਵਿੱਚ ਸ਼ਿਆਮ ਬਾਬਾ ਜੀ ਦੇ ਭਜਨ ਗਾ ਕੇ ਸਾਰੇ ਪ੍ਰੇਮੀਆਂ ਨੂੰ ਨੱਚਣ ਲਈ ਮਜਬੂਰ ਕਰ ਦਿਤਾ। ਸਾਰੇ ਭਗਤਾਂ ਲਈ ਦੁੱਧ/ਸਕੈਸ਼ ਦਾ ਲੰਗਰ ਲਗਾਇਆ ਗਿਆ।

## ਮਾਣੂੰਕੇ ਗਿੱਲ ਵਿਖੇ ਬਕਰੀਦ ਦਾ ਤਿਉਹਾਰ ਮਨਾਇਆ



**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)**-ਸਾਂਝੀਵਾਲਤਾ ਦਾ ਪ੍ਰਤੀਕ ਬਕਰੀਦ ਦਾ ਪਵਿੱਤਰ ਤਿਉਹਾਰ ਪਿੰਡ ਮਾਣੂੰਕੇ ਗਿੱਲ ਤਾਲਿਮ-ਉਲ-ਕੁਰਾਨ ਮਦਰੱਸਾ ਵਿਖੇ ਕਾਰੀ ਲੁਕਮਾਨ ਮੁਹੰਮਦ ਦੀ ਅਗਵਾਈ ਹੇਠ ਮੁਸਲਿਮ ਵੈੱਲਫੇਅਰ ਕਮੇਟੀ ਮਾਣੂੰਕੇ ਗਿੱਲ ਵੱਲੋਂ ਪਿਆਰ ਮੁਹੱਬਤ ਦਾ ਇਜ਼ਹਾਰ ਕਰਦਿਆਂ ਮਨਾਇਆ ਗਿਆ।ਇਸ ਸਮੇਂ ਆਮ ਆਦਮੀ ਪਾਰਟੀ ਤੋਂ ਜ਼ਿਲ੍ਹਾ ਮੋਗਾ ਦੇ ਪ੍ਰਧਾਨ ਤੇ ਮਾਰਕੀਟ ਕਮੇਟੀ ਨਿਹਾਲ ਸਿੰਘ ਵਾਲਾ ਦੇ ਚੇਅਰਮੈਨ ਬਰਿੰਦਰ ਕੁਮਾਰ ਸ਼ਰਮਾ, ਕਾਂਗਰਸ ਪਾਰਟੀ ਦੇ ਨਿਹਾਲ ਸਿੰਘ ਵਾਲਾ ਤੋਂ ਹਲਕਾ ਇੰਚਾਰਜ ਭੁਪਿੰਦਰ ਸਿੰਘ ਸਾਹੋਕੇ, ਨੰਬਰਦਾਰ ਐਸੋਸੀਏਸ਼ਨ ਜ਼ਿਲ੍ਹਾ ਮੋਗਾ ਦੇ ਪ੍ਰਧਾਨ ਜਗਜੀਤ ਸਿੰਘ ਖਾਈ ਨੇ ਮੁਸਲਿਮ ਭਾਈਚਾਰੇ ਨੂੰ ਈਦ ਦੀਆਂ ਮੁਬਾਰਕਾਂ ਦਿੰਦੇ ਹੋਏ ਫੁੱਲਾਂ ਦੇ ਗੁਲਦਸਤੇ ਭੇਟ ਕੀਤੇ ਅਤੇ ਮੁਸਲਿਮ ਭਾਈਚਾਰੇ ਨੂੰ ਗਲ਼ੇ ਮਿਲ ਕੇ ਵਧਾਈਆਂ ਦਿੱਤੀਆਂ। ਇਸ ਸਮੇਂ ਮੁਸਲਿਮ ਵੈੱਲਫੇਅਰ ਕਮੇਟੀ ਪੰਜਾਬ ਦੇ ਚੇਅਰਮੈਨ ਡਾ. ਫ਼ਕੀਰ ਮੁਹੰਮਦ ਨਿਹਾਲ ਸਿੰਘ ਵਾਲਾ, ਆਪ ਦੇ ਸੀਨੀਅਰ ਆਗੂ ਤੇ ਬੁਲਾਰੇ ਅੰਮ੍ਰਿਤਪਾਲ ਸਿੰਘ ਦੀਨਾ ਸਾਹਿਬ, ਟਿਮੀ ਮਧੇਕੇ, ਪ੍ਰਧਾਨ ਸੁਰਜੀਤ ਸਿੰਘ ਰਣਸੀਂਹ, ਸਰਪੰਚ ਸੁਖਦੀਪ ਸਿੰਘ ਭਾਗੀਕੇ, ਦਿਲਪ੍ਰੀਤ ਸਿੰਘ, ਕਾਂਗਰਸ ਪਾਰਟੀ ਦੇ ਆਗੂ ਪ੍ਰਧਾਨ ਹਰਫੂਲ ਸਿੰਘ, ਬਲਾਕ ਦੇ ਯੂਥ ਕਾਂਗਰਸ ਪਰਮਵੀਰ ਸਿੰਘ ਗਿੱਲ, ਸਾਬਕਾ ਸਰਪੰਚ ਰਾਮ ਸਿੰਘ, ਕੈਪਟਨ ਸੁਰਜੀਤ ਸਿੰਘ, ਸਵਰਨ ਸਿੰਘ, ਕਿਸ਼ਨ ਸਿੰਘ ਪੰਚਾਇਤ ਮੈਂਬਰ ਕਾਂਗਰਸੀ ਆਗੂ ਜਗਦੇਵ ਸਿੰਘ, ਬਲਰਾਜ ਖਾਨ, ਭਿੰਦਰ ਸਿੰਘ, ਹਰਦੀਪ ਸਿੰਘ ਪੰਚ ਸੂਬੇਦਾਰ ਕਰਨੈਲ ਸਿੰਘ, ਬੋਘਾ ਸਿੰਘ ਸਾਬਕਾ ਪੰਚ, ਸੱਜਣ ਸਿੰਘ ਪੰਚਾਇਤ ਮੈਂਬਰ, ਮੁਹੰਮਦ ਫੁਰਕਾਨ, ਮੁਸਲਿਮ ਵੈੱਲਫ਼ੇਅਰ ਕਮੇਟੀ ਮਸਜਿਦ ਪ੍ਰਧਾਨ ਸਿਕੰਦਰਦੀਨ, ਕੈਸ਼ੀਅਰ ਦਿਲਬਾਗ ਅਹਿਮਦ ਭਿੰਦਾ, ਪ੍ਰਚਾਰ ਸਕੱਤਰ ਅਬਦੁਲ ਗਫੂਰ ਬੱਗਾ, ਵਾਇਸ ਪ੍ਰਧਾਨ ਛੋਟੇ ਖਾਨ, ਵਾਈਸ ਸਕੱਤਰ ਜਗਰੂਪਦੀਨ ਰੂਪਾ, ਸਕੱਤਰ ਸਲੀਮ ਖਾਨ, ਵਾਈਸ ਕੈਸ਼ੀਅਰ ਅਸਮਾਇਲ ਤੋਂ ਇਲਾਵਾ ਵੱਡੀ ਗਿਣਤੀ ਪਿੰਡ ਵਾਸੀਆਂ ਨੇ ਮੁਸਲਮ ਭਾਈਚਾਰੇ ਨੂੰ ਈਦ ਮੁਬਾਰਕ ਕਿਹਾ।



ਬੱਧਨੀ ਕਲਾਂ ਵਿਖੇ ਪਰਮਜੀਤ ਸਿੰਘ ਭੁੱਲਰ ਚੇਅਰਮੈਨ ਮਾਰਕੀਟ ਕਮੇਟੀ ਬੱਧਨੀ ਕਲਾਂ ਦੀ ਤਾਜਪੋਸ਼ੀ ਸਮੇਂ ਉਨ੍ਹਾਂ ਨੂੰ ਫੁੱਲਾਂ ਦਾ ਗੁਲਦਸਤਾ ਭੇਟ ਕਰਦੇ ਹੋਏ ਸ਼ਹੀਦ ਸੂਬੇਦਾਰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਾਛੀਕੇ ਦੇ ਪ੍ਰਿੰਸੀਪਲ ਗੁਰਜੀਤ ਸਿੰਘ ਮਾਛੀਕੇ, ਆਪ ਆਗੂ ਬੱਬੂ ਮਾਛੀਕੇ ਤੇ ਹੋਰ ਪਤਵੰਤੇ ਸੱਜਣ। (ਫੋਟੋ ਤੇ ਵੇਰਵਾ : ਲਵਲੀ ਕੁਮਾਰ)

## ਇੰਦਰਪ੍ਰੀਤ ਸਿੰਘ ਬਡੂੰਗਰ ਇੰਸਪੈਕਟਰ ਤੋਂ ਪ੍ਰਮੋਟ ਹੋ ਕੇ ਬਣੇ ਡੀ ਐੱਸ ਪੀ

### ਪਿਤਾ ਪ੍ਰੋਫੈਸਰ ਕ੍ਰਿਪਾਲ ਸਿੰਘ ਬਡੂੰਗਰ ਤੋਂ ਲਿਆ ਆਸ਼ੀਰਵਾਦ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਸਰਕਾਰ ਦੇ ਪੁਲਸ ਵਿਭਾਗ ਵੱਲੋਂ ਮਿਹਨਤੀ ਤੇ ਅਨੁਭਵੀ ਇੰਸਪੈਕਟਰਾਂ ਨੂੰ ਪ੍ਰਮੋਟ ਕਰ ਕੇ ਡਿਪਟੀ ਸੁਪਰਡੈਂਟ ਆਫ਼ ਪੁਲਸ (ਡੀ ਐੱਸ ਪੀ) ਦੇ ਅਹੁਦੇ ਤੇ ਨਿਯੁਕਤ ਕੀਤਾ ਗਿਆ ਹੈ।ਇਸੇ ਤਹਿਤ ਸਾਬਕਾ ਐੱਸਜੀਪੀਸੀ ਪ੍ਰਧਾਨ ਪ੍ਰੋਫੈਸਰ ਕ੍ਰਿਪਾਲ ਸਿੰਘ ਬਡੂੰਗਰ ਦੇ ਸਪੁੱਤਰ ਤੇ ਪਹਿਲਾ ਤੋਂ ਹੀ ਤਾਇਨਾਤ ਡੀ ਐੱਸ ਪੀ ਹਰਦੀਪ ਸਿੰਘ ਬਡੂੰਗਰ ਦੇ ਭਰਾ ਇੰਦਰਪ੍ਰੀਤ ਸਿੰਘ ਬਡੂੰਗਰ ਨੂੰ ਡੀ ਐੱਸ ਪੀ ਵਜੋਂ ਪ੍ਰਮੋਟ ਕੀਤਾ ਗਿਆ ਹੈ।ਇਸ ਮੌਕੇ ਉਨ੍ਹਾਂ ਦੇ ਪਿਤਾ, ਭਰਾ ਤੇ ਦੋਸਤਾਂ ਨੇ ਕੇਕ ਕੱਟ ਕੇ ਖੁਸ਼ੀ ਜ਼ਾਹਰ ਕੀਤੀ।ਦੱਸਣਯੋਗ ਹੈ ਕਿ 1999 ਵਿੱਚ ਬਤੌਰ ਏ ਐੱਸ ਆਈ ਭਰਤੀ ਹੋਣ ਮਗਰੋਂ ਇੰਦਰਪ੍ਰੀਤ ਸਿੰਘ ਬਡੂੰਗਰ ਵੱਖ ਵੱਖ ਜ਼ਿਲ੍ਹਿਆਂ ਵਿੱਚ ਐੱਸ ਐੱਚ ਓ, ਵਿਜੀਲੈਂਸ ਵਿਭਾਗ, ਚੌਕੀ ਇੰਚਾਰਜ ਤੇ ਜ਼ਿਲ੍ਹਾ ਟ੍ਰੈਫਿਕ ਇੰਚਾਰਜ ਵਜੋਂ ਸੇਵਾ ਨਿਭਾਅ ਚੁੱਕੇ ਹਨ ਅਤੇ ਹੁਣ ਉਨ੍ਹਾਂ ਨੂੰ ਗੁਰੂਆਂ ਦੀ ਧਰਤੀ ਫਤਿਹਗੜ੍ਹ ਸਾਹਿਬ ਤੋਂ ਡੀਐੱਸਪੀ ਵਜੋਂ ਤਰੱਕੀ ਮਿਲੀ ਹੈ।ਅਕਾਲ ਪੁਰਖ ਦਾ ਸ਼ੁਕਰਾਨਾ ਕਰਦਿਆਂ ਇੰਦਰਪ੍ਰੀਤ ਸਿੰਘ ਬਡੂੰਗਰ ਨੇ ਕਿਹਾ ਕਿ ਉਹ ਆਪਣੇ ਪਿਤਾ ਦੇ ਫਲਸਫਿਆਂ 'ਤੇ ਚੱਲਦਿਆਂ ਪਹਿਲਾਂ ਵਾਂਗ ਹੀ ਆਪਣੀ ਨਵੀਂ ਭੂਮਿਕਾ ਵਿੱਚ ਸ਼ੁੱਧਤਾ ਤੇ ਇਮਾਨਦਾਰੀ ਨਾਲ ਕੰਮ ਕਰਨਗੇ।ਉਨ੍ਹਾਂ ਕਿਹਾ ਕਿ ਇਹ ਦਿਨ ਮੇਰੇ ਕੈਰੀਅਰ ਦਾ ਸਭ ਤੋਂ ਯਾਦਗਾਰ ਪਲ ਹੈ।ਮੈਂ ਆਪਣੀ ਟੀਮ ਨਾਲ ਪੰਜਾਬ ਦੇ ਲੋਕਾਂ ਦੀ ਸੇਵਾ ਕਰਨ ਲਈ ਹਮੇਸ਼ਾ ਤਿਆਰ ਰਹਾਂਗਾ।ਇਸ ਮੌਕੇ ਵਿਸ਼ੇਸ਼ ਤੌਰ 'ਤੇ ਪੁੱਜੇ ਉੱਘੇ ਸਮਾਜ ਸੇਵੀ ਰੁਪਿੰਦਰ ਸੋਨੂ, ਹੈਰੀ ਜੇਦਕਾ, ਹਰਪ੍ਰੀਤ ਸਿੰਘ ਤੇ ਹੋਰਨਾਂ ਦੋਸਤਾਂ ਨੇ ਵੀ ਉਨ੍ਹਾਂ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਇਹ ਤਰੱਕੀ ਉਨ੍ਹਾਂ ਦੇ ਸਮਰਪਣ ਤੇ ਸੇਵਾ ਭਾਵਨਾ ਦਾ ਸਿੱਟਾ ਹੈ।ਇਹ ਪ੍ਰਮੋਸ਼ਨ ਪੰਜਾਬ ਪੁਲਸ ਵਿੱਚ ਕਰਮਚਾਰੀਆਂ ਲਈ ਮੌਕੇ ਤੇ ਪ੍ਰੇਰਣਾ ਦਾ ਸੰਦੇਸ਼ ਦਿੰਦੀਆਂ ਹਨ।

## ਸਿਲਵਰ ਵਾਟਿਕਾ ਸਕੂਲ 'ਚ ਵਾਤਾਵਰਨ ਦਿਵਸ ਮਨਾਇਆ

**ਭੀਖੀ (ਧਰਮਵੀਰ ਸ਼ਰਮਾ)**-ਸਿਲਵਰ ਵਾਟਿਕਾ ਪਬਲਿਕ ਸਕੂਲ ਸਮਾਓਂ ਦੇ ਸਟਾਫ ਤੇ ਵਿਦਿਆਰਥੀਆਂ ਵੱਲੋਂ ਸਕੂਲ 'ਚ ਅਤੇ ਆਲੇ ਦੁਆਲੇ ਪੌਦੇ ਲਗਾ ਕੇ ਵਿਸ਼ਵ ਵਾਤਾਵਰਨ ਦਿਵਸ ਮਨਾਇਆ ਗਿਆ। ਇਸ ਮੌਕੇ ਸਕੂਲ ਸਟਾਫ ਵੱਲੋਂ ਪਲਾਸਟਿਕ ਦੀ ਵਰਤੋਂ ਨਾ ਕਰਨ ਦਾ ਵੀ ਪ੍ਰਣ ਲਿਆ ਗਿਆ।

ਸਕੂਲ ਚੇਅਰਮੈਨ ਰਿਸ਼ਵ ਸਿੰਗਲਾ ਨੇ ਕਿਹਾ ਕਿ ਪਲਾਸਟਿਕ ਨੂੰ ਪੂਰਨ ਤੌਰ 'ਤੇ ਖਤਮ ਕਰਨਾ ਯਕੀਨੀ ਬਣਾਇਆ ਜਾਵੇ, ਕਿਉਂਕਿ ਪਲਾਸਟਿਕ ਕਦੇ ਵੀ ਖਤਮ ਨਹੀਂ ਹੁੰਦਾ ਤੇ ਇਸ ਨਾਲ ਕੂੜੇ ਦੇ ਢੇਰ ਲੱਗ ਜਾਂਦੇ ਹਨ ਅਤੇ ਵਾਤਾਵਰਨ ਵੀ ਪ੍ਰਦੂਸ਼ਤ ਹੁੰਦਾ ਹੈ, ਜਿਸ ਨਾਲ ਭਿਆਨਕ ਬਿਮਾਰੀਆਂ ਫੈਲਦੀਆਂ ਹਨ। ਉਨ੍ਹਾਂ ਕਿਹਾ ਕਿ ਸਾਨੂੰ ਆਪਣਾ ਆਲਾ ਦੁਆਲਾ ਸਾਫ ਰੱਖਣਾ ਚਾਹੀਦਾ ਹੈ ਤੇ ਵਾਤਾਵਰਨ ਨੂੰ ਗੰਧਲਾ ਹੋਣ ਤੋਂ ਬਚਾਉਣ ਲਈ ਵੱਧ ਤੋਂ ਵੱਧ ਰੁੱਖ ਲਗਾਉਣੇ ਚਾਹੀਦੇ ਹਨ। ਇਸ ਮੌਕੇ ਸਕੂਲ ਪ੍ਰਿੰਸੀਪਲ ਕਿਰਨ ਰਤਨ, ਸਮੂਹ ਸਟਾਫ ਤੇ ਵਿਦਿਆਰਥੀ ਮੌਜੂਦ ਸਨ।



## ਰਾਮਪੁਰ ਸਭਾ ਦੀ ਇਕੱਤਰਤਾ 'ਚ ਰਚਨਾਵਾਂ 'ਤੇ ਹੋਈਆਂ ਵਿਚਾਰਾਂ

**ਦੋਰਾਹਾ (ਹਰਮਿੰਦਰ ਸੇਠ)**-ਪੰਜਾਬੀ ਲਿਖਾਰੀ ਸਭਾ ਰਾਮਪੁਰ (ਰਜਿ) ਦੀ ਮਹੀਨਾਵਾਰ ਇਕੱਤਰਤਾ ਪਿੰਡ ਰਾਮਪੁਰ ਦੀ ਲਾਇਬ੍ਰੇਰੀ ਦੇ ਸੈਮੀਨਾਰ ਹਾਲ ਵਿੱਚ ਸਭਾ ਦੇ ਪ੍ਰਧਾਨ ਬਲਦੇਵ ਸਿੰਘ ਝੱਜ ਦੀ ਪ੍ਰਧਾਨਗੀ ਹੋਈ।



ਚਮਕੌਰ ਸਿੰਘ ਸੱਲਣ ਪਹਿਲੀ ਵਾਰ ਸਭਾ ਵਿੱਚ ਆਏ ਤੇ ਉਨ੍ਹਾਂ ਨੂੰ ਪ੍ਰਧਾਨ ਬਲਦੇਵ ਸਿੰਘ ਝੱਜ ਨੇ ਜੀ ਆਇਆਂ ਕਿਹਾ। ਰਚਨਾਵਾਂ ਦੇ ਦੌਰ ਦੀ ਸ਼ੁਰੂਆਤ ਤਰਨਵੀਰ ਰਾਮਪੁਰ ਨੇ ਗ਼ਜ਼ਲ ਦੇ ਦੋ ਸ਼ਿਅਰ, ਰਾਮ ਕਮਲ ਨੇ ਕਵਿਤਾ 'ਮੇਰਾ ਅੱਜ ਤੇ ਬੀਤਿਆ ਕੱਲ੍ਹ', ਹਰਲੀਨ ਰਾਮਪੁਰੀ ਨੇ ਕਵਿਤਾ, 'ਧੀਆਂ', ਜ਼ੋਰਾਵਰ ਸਿੰਘ ਪੰਛੀ ਨੇ ਗ਼ਜ਼ਲ, ਜਗਦੇਵ ਮਕਸੂਦੜਾ ਕਵਿਤਾ 'ਕਿਤਾਬ', ਸੁਖਜੀਵਨ ਰਾਮਪੁਰੀ ਨੇ ਕਵਿਤਾ, ਸ਼ੇਰ ਸਿੰਘ ਰਾਮਪੁਰੀ ਨੇ ਗੀਤ 'ਤੱਤੀ ਤਵੀ ਭੁੱਬਾਂ ਮਾਰਦੀ', ਚਮਕੌਰ ਸਿੰਘ ਸੱਲਣ ਨੇ ਗੀਤ 'ਬਾਪੂ', ਕਰਨੈਲ ਸਿੰਘ ਸਿਵੀਆ ਨੇ ਗੀਤ 'ਕੱਲਾ ਸ਼ੇਰ ਗਰਜ਼ਦਾ ਹੈ', ਅਮਰਿੰਦਰ ਸੋਹਲ ਨੇ ਗ਼ਜ਼ਲ 'ਮੇਰੇ ਹੱਥਾਂ 'ਚੋਂ ਕਿਰ ਗਈ ਰੇਤ ਵਾਂਗੂ', ਜਸਵੀਰ ਝੱਜ ਨੇ ਗ਼ਜ਼ਲ 'ਜ਼ਾਲਿਮ ਅੱਤ ਜਦ ਕਰ ਜਾਂਦਾ ਹੈ', ਪ੍ਰਭਜੋਤ ਰਾਮਪੁਰ ਨੇ ਗ਼ਜ਼ਲ 'ਜ਼ਿੰਦਗੀ ਸਾਂਭੀ ਰੱਖਦੀ ਮੈਨੂੰ' ਤੇ ਬਲਦੇਵ ਸਿੰਘ ਝੱਜ ਨੇ ਕਵਿਤਾ ਪੇਸ਼ ਕੀਤੀ। ਸਾਰੀਆਂ ਹੀ ਰਚਨਾਵਾਂ ਉੱਪਰ ਬੜੇ ਸੁਚੱਜੇ ਢੰਗ ਨਾਲ ਹੋਈ ਚਰਚਾ ਵਿੱਚ ਹਾਜ਼ਰੀਨ ਨੇ ਉਸਾਰੂ ਸੁਝਾਅ ਦਿੱਤੇ। ਇਸ ਸਮੇਂ ਸੁਰਿੰਦਰ ਰਾਮਪੁਰੀ ਤੇ ਦੀਪ ਦਿਲਬਰ ਵੀ ਸ਼ਾਮਲ ਹੋਏ। ਇਕੱਤ੍ਰਤਾ ਦੀ ਕਾਰਵਾਈ ਸਕੱਤਰ ਪ੍ਰਭਜੋਤ ਰਾਮਪੁਰ ਨੇ ਬਾ-ਖੂਬੀ ਚਲਾਈ। ਅੰਤ ਵਿੱਚ ਪ੍ਰਧਾਨ ਬਲਦੇਵ ਸਿੰਘ ਝੱਜ ਨੇ ਆਏ ਲੇਖਕਾਂ ਦਾ ਧੰਨਵਾਦ ਕੀਤਾ। ਸਭਾ ਦੇ ਪ੍ਰਬੰਧਕੀ ਕੰਮਾਂ ਨੂੰ ਤਰਨਵੀਰ ਰਾਮਪੁਰ, ਅਮਰਿੰਦਰ ਸੋਹਲ, ਸੁਖਜੀਵਨ ਰਾਮਪੁਰੀ ਨੇ ਸੁਚੱਜੇ ਢੰਗ ਨਾਲ ਨਿਭਾਇਆ।

## ਇੰਸ. ਰਾਜਵਿੰਦਰ ਕੌਰ ਬਣੇ ਡੀ ਐੱਸ ਪੀ

**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**-ਸਥਾਨਕ ਸ਼ਹਿਰ ਦੇ ਨਾਲ ਲੱਗਦੇ ਪਿੰਡ ਚੱਠੇ ਨੱਕਟੇ ਦੀ ਧੀ ਰਾਜਵਿੰਦਰ ਕੌਰ ਨੂੰ ਸਰਕਾਰ ਵੱਲੋਂ ਡੀ ਐੱਸ ਪੀ ਪ੍ਰਮੋਟ ਕੀਤਾ ਗਿਆ ਹੈ। ਜ਼ਿਕਰਯੋਗ ਹੈ ਕਿ ਸ੍ਰ. ਰਣਜੀਤ ਸਿੰਘ ਦੇ ਘਰ ਪਿੰਡ ਚੱਠੇ ਨੱਕਟੇ ਵਿੱਚ ਜਨਮੇ ਰਾਜਵਿੰਦਰ ਕੌਰ ਪਤਨੀ ਗੁਰਪ੍ਰੀਤ ਸਿੰਘ ਢਿੱਲੋਂ, ਜੋ ਕਿ 2001 ਦੇ ਵਿੱਚ ਬਤੌਰ ਏਐੱਸਆਈ ਭਰਤੀ ਹੋਏ ਸਨ, ਰਾਜਵਿੰਦਰ ਕੌਰ ਇੱਕ ਇੰਟਰਨੈਸ਼ਨਲ ਪੱਧਰ ਦੇ ਖਿਡਾਰੀ ਹਨ ਤੇ ਹੈਲਥ ਥਰੋ ਵਿੱਚ ਰਾਸ਼ਟਰੀ ਪੱਧਰ 'ਤੇ 18 ਗੋਲਡ ਮੈਡਲ ਜਿੱਤ ਕੇ ਪਹਿਲਾਂ ਵੀ ਪੰਜਾਬ ਦਾ ਨਾਂ ਰੋਸ਼ਨ ਕਰ ਚੁੱਕੇ ਹਨ। ਉਹ ਪਹਿਲਾਂ ਵੀ ਕਈ ਥਾਣਿਆਂ ਵਿੱਚ ਬਤੌਰ ਥਾਣਾ ਮੁਖੀ ਸੇਵਾ ਨਿਭਾਅ ਚੁੱਕੇ ਹਨ। ਹੁਣ ਉਹ ਪਟਿਆਲਾ ਤਾਇਨਾਤ ਹਨ। ਇਸ ਮੌਕੇ ਮੈਡਮ ਰਾਜਵਿੰਦਰ ਕੌਰ ਨੇ ਗੱਲਬਾਤ ਕਰਦੇ ਕਿਹਾ ਕਿ ਉਹ ਪਹਿਲਾਂ ਵਾਂਗ ਹੀ ਪੂਰੀ ਮਿਹਨਤ ਦੇ ਤਨਦੇਹੀ ਨਾਲ ਆਪਣੀ ਡਿਊਟੀ ਨਿਭਾਉਣਗੇ।



## ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਨੇ ਗਿੱਦੜਬਾਹਾ 'ਚ ਪੌਦੇ ਲਗਾਏ

**ਮਲੋਟ (ਓਮ ਪ੍ਰਕਾਸ਼ ਸ਼ੇਖੂ)**-ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਸ੍ਰੀ ਮੁਕਤਸਰ ਸਾਹਿਬ ਦੀ ਰਹਿਨੁਮਾਈ ਹੇਠ ਕੋਰਟ ਕੰਪਲੈਕਸ ਗਿੱਦੜਬਾਹਾ ਤੇ ਸਿਵਲ ਹਸਪਤਾਲ ਗਿੱਦੜਬਾਹਾ ਵਿਖੇ ਸ੍ਰੀ ਹਿਮਾਂਸ਼ੂ ਅਰੋੜਾ, ਸਿਵਲ ਜੱਜ (ਸੀਨੀਅਰ ਡਵੀਜ਼ਨ) ਚੀਫ ਜੁਡੀਸ਼ੀਅਲ ਮੈਜਿਸਟ੍ਰੇਟ ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਵਾਤਾਵਰਨ ਨੂੰ ਬਚਾਉਣ ਲਈ ਚਲਾਈ ਜਾ ਰਹੀ ਮੁਹਿੰਮ ਦੀ ਲਗਾਤਾਰਤਾ ਵਿੱਚ ਪੌਦੇ ਲਗਾਏ ਗਏ।ਇਸ ਮੌਕੇ ਸ੍ਰੀਮਤੀ ਗਰੀਸ਼ ਪ੍ਰਿੰਸੀਪਲ ਜੱਜ ਫੈਮਿਲੀ ਕੋਰਟ ਵੱਲੋਂ ਵੀ ਕੋਰਟ ਕੰਪਲੈਕਸ ਵਿਖੇ ਪੌਦੇ ਲਗਾਏ ਗਏ।ਇਸ ਮੌਕੇ ਸ੍ਰੀ ਗੌਰਵ ਮਿੱਤਲ ਜੁਡੀਸ਼ੀਅਲ ਮੈਜਿਸਟ੍ਰੇਟ ਫਸਟ ਕਲਾਸ, ਮਿਸ ਕਿਰਨਦੀਪ ਕੌਰ, ਜੁਡੀਸ਼ੀਅਲ ਮੈਜਿਸਟ੍ਰੇਟ ਫਸਟ ਕਲਾਸ ਤੇ ਵਕੀਲ ਸਾਹਿਬਾਨ ਵੀ ਹਾਜ਼ਰ ਹੋਏ। ਇਸ ਮੌਕੇ ਮਾਨਯੋਗ ਸਕੱਤਰ ਨੇ ਦੱਸਿਆ ਕਿ ਦਰੱਖਤਾਂ ਦੀ ਕਟਾਈ ਕਾਰਨ ਸਾਨੂੰ ਮੀਂਹ ਦੀ ਘਾਟ ਤੇ ਤਾਪਮਾਨ ਵਿੱਚ ਵਾਧੇ ਵਰਗੀਆਂ ਸਮੱਸਿਆਵਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ, ਜਿਸ ਦੇ ਮੱਦੇਨਜ਼ਰ ਸਾਡਾ ਵੱਧ ਤੋਂ ਵੱਧ ਰੁੱਖ ਲਾ ਕੇ ਵਾਤਾਵਰਨ ਨੂੰ ਬਚਾਉਣ ਦਾ ਫਰਜ਼ ਬਣਦਾ ਹੈ।



ਮਾਨਯੋਗ ਸਕੱਤਰ ਸਾਹਿਬ ਨੇ ਆਪਣੇ ਹੱਥਾਂ ਨਾਲ ਕੋਰਟ ਕੰਪਲੈਕਸ ਗਿੱਦੜਬਾਹਾ ਤੇ ਸਿਵਲ ਹਸਪਤਾਲ ਗਿੱਦੜਬਾਹਾ ਵਿਖੇ ਰੁੱਖ ਲਗਾ ਕੇ ਵੱਧ ਤੋਂ ਵੱਧ ਰੁੱਖ ਲਗਾਉਣ ਦਾ ਸੁਨੇਹਾ ਦਿੱਤਾ।ਉਨ੍ਹਾਂ ਕਿਹਾ ਕਿ ਕੇਵਲ ਰੁੱਖ ਲਗਾਉਣ 'ਤੇ ਹੀ ਸਾਡੀ ਜ਼ਿੰਮੇਵਾਰੀ ਖ਼ਤਮ ਨਹੀਂ ਹੋ ਜਾਂਦੀ, ਸਗੋਂ ਉਨ੍ਹਾਂ ਦੀ ਸਹਿਜ ਸੰਭਾਲ ਤੇ ਪਰਵਰਿਸ਼ ਵੀ ਉਸ ਜ਼ਿੰਮੇਵਾਰੀ ਦਾ ਇੱਕ ਅਹਿਮ ਅੰਗ ਹੈ, ਜਿਸ ਨੂੰ ਸੁਚਾਰੂ ਤਰੀਕੇ ਨਾਲ ਨਿਭਾਉਣਾ ਸਾਡਾ ਫਰਜ਼ ਹੈ।ਇਸ ਮੌਕੇ ਸਿਵਲ ਹਸਪਤਾਲ ਗਿੱਦੜਬਾਹਾ ਵਿਖੇ ਡਾ. ਰਸ਼ਮੀ ਚਾਵਲਾ (ਐੱਸ ਐੱਮ ਓ) ਵੱਲੋਂ ਮਾਨਯੋਗ ਸਕੱਤਰ ਸਾਹਿਬ ਨੂੰ ਵਿਸ਼ਵਾਸ ਦਿਵਾਇਆ ਗਿਆ ਕਿ ਉਹ ਹਸਪਤਾਲ ਵਿੱਚ ਵੱਧ ਤੋਂ ਵੱਧ ਪੌਦੇ ਲਗਾਉਣਗੇ ਤੇ ਉਨ੍ਹਾਂ ਦੀ ਸਾਂਭ ਸੰਭਾਲ ਵੀ ਕਰਨਗੇ।ਇਸ ਮੌਕੇ ਡਾ. ਰਸ਼ਮੀ ਚਾਵਲਾ ਵੱਲੋਂ ਵੀ ਸਿਵਲ ਹਸਪਤਾਲ ਵਿੱਚ ਪੌਦੇ ਗਏ।ਇਸ ਮੌਕੇ ਡਾ. ਧਾਰਿੰਦਰ ਗਰਗ, ਗੁਰਿੰਦਰਪਾਲ ਸਿੰਘ, ਰਵੀ ਕੁਮਾਰ, ਨਿਖਲ ਕੁਮਾਰ (ਫਾਰਮੇਸੀ ਅਫ਼ਸਰ), ਜਸਵਿੰਦਰ ਸਿੰਘ, ਸ੍ਰੀਮਤੀ ਸੁਖਜਿੰਦਰ ਕੌਰ, ਨਰੇਸ਼ ਕੁਮਾਰ ਤੇ ਸਮੁੱਚਾ ਸਟਾਫ ਸ਼ਾਮਲ ਸੀ।

## ਨਸ਼ਿਆਂ ਦੇ ਮਾਮਲੇ 'ਚ ਪਰਮਿੰਦਰ ਸਿੰਘ ਦੀ ਪ੍ਰਾਪਰਟੀ ਫਰੀਜ਼

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਮਾਛੀਵਾੜਾ ਪੁਲਸ ਵੱਲੋਂ ਨਸ਼ਾ ਤਸਕਰਾਂ ਖਿਲਾਫ਼ ਵਿੱਢੀ ਗਈ ਮੁਹਿੰਮ ਤਹਿਤ ਪੁਲਸ ਜ਼ਿਲ੍ਹਾ ਖੰਨਾ ਦੇ ਐੱਸ.ਐੱਸ.ਪੀ. ਡਾ. ਜੋਤੀ ਯਾਦਵ ਦੇ ਨਿਰਦੇਸ਼ਾਂ ਤਹਿਤ ਨਸ਼ਿਆਂ ਦੇ ਮਾਮਲੇ ਵਿੱਚ ਪਰਮਿੰਦਰ ਸਿੰਘ ਦੀ ਪ੍ਰਾਪਰਟੀ ਫਰੀਜ਼ ਕਰ ਲਈ ਗਈ ਹੈ। ਡੀ.ਐੱਸ.ਪੀ. ਮੋਹਿਤ ਕੁਮਾਰ ਸਿੰਗਲਾ ਨੇ ਦੱਸਿਆ ਕਿ ਪਰਮਿੰਦਰ ਸਿੰਘ 'ਤੇ ਕੁੱਲ 17 ਪਰਚੇ ਦਰਜ ਹਨ, ਜਿਸ ਵਿੱਚ ਨਸ਼ਿਆਂ ਦੀ ਤਸਕਰੀ, ਲੜਾਈ ਝਗੜੇ ਤੇ ਨਾਜਾਇਜ਼ ਸ਼ਰਾਬ ਵੇਚਣ ਦੇ ਹਨ। ਪਰਮਿੰਦਰ ਸਿੰਘ ਤੋਂ ਭਾਰੀ ਮਾਤਰਾ ਵਿੱਚ ਹੈਰੋਇਨ ਬਰਾਮਦ ਹੋਈ ਸੀ, ਜਿਸ ਕਾਰਨ ਇਸ ਦੇ ਘਰ ਦੀ ਕੀਮਤ ਤੈਅ ਕਰ ਉੱਚ ਅਥਾਰਟੀ ਨੂੰ ਕੇਸ ਭੇਜਿਆ ਗਿਆ ਸੀ। ਉਨ੍ਹਾਂ ਦੱਸਿਆ ਕਿ ਪਰਮਿੰਦਰ ਸਿੰਘ ਇਸ ਪ੍ਰਾਪਰਟੀ ਸਬੰਧੀ ਆਪਣਾ ਕੋਈ ਮਜ਼ਬੂਤ ਪੱਖ ਪੇਸ਼ ਨਹੀਂ ਕਰ ਸਕਿਆ, ਜਿਸ ਕਾਰਨ ਉਸ ਦੀ ਪ੍ਰਾਪਰਟੀ ਨੂੰ ਫਰੀਜ਼ ਕਰ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਪਰਮਿੰਦਰ ਸਿੰਘ ਆਪਣਾ ਇਹ ਘਰ ਨਾ ਹੁਣ ਵੇਚ ਸਕਦਾ ਹੈ ਅਤੇ ਨਾ ਹੀ ਕਿਰਾਏ 'ਤੇ ਦੇ ਸਕਦਾ ਹੈ। ਡੀਐੱਸਪੀ ਨੇ ਕਿਹਾ ਕਿ ਪੁਲਸ ਜ਼ਿਲ੍ਹਾ ਖੰਨਾ ਵਿੱਚ ਆਉਣ ਵਾਲੇ ਦਿਨਾਂ 'ਚ ਹੋਰ ਵੀ ਨਸ਼ਾ ਤਸਕਰਾਂ ਦੀਆਂ ਜਾਇਦਾਦਾਂ ਫਰੀਜ਼ ਕੀਤੀਆਂ ਜਾਣਗੀਆਂ ਤੇ ਸਰਕਾਰ ਦੀਆਂ ਸਖ਼ਤ ਹਦਾਇਤਾਂ ਹਨ ਕਿ ਕੋਈ ਵੀ ਨਸ਼ਾ ਤਸਕਰ, ਜਿਸ ਨੇ ਨਸ਼ਾ ਵੇਚ ਕੇ ਜਾਇਦਾਦਾਂ ਬਣਾਈਆਂ ਹਨ, ਉਨ੍ਹਾਂ ਨੂੰ ਬਖਸ਼ਿਆ ਨਾ ਜਾਵੇ। ਇਸ ਮੌਕੇ ਥਾਣਾ ਮੁਖੀ ਇੰਸਪੈਕਟਰ ਹਰਵਿੰਦਰ ਸਿੰਘ, ਸਹਾਇਕ ਥਾਣੇਦਾਰ ਕਰਨੈਲ ਸਿੰਘ ਮੌਜੂਦ ਸਨ।



9-June--page-11-Majha-2025-C.qxd 6/8/2025 10:13 PM Page 1



# ਭਖਦੀਆਂ ਮੰਗਾਂ ਨੂੰ ਲੈ ਕੇ ਪੈਨਸ਼ਨਰਾਂ ਵੱਲੋਂ ਰੋਸ ਰੈਲੀ; ਐਕਸੀਅਨ ਖਿਲਾਫ਼ ਕੀਤੀ ਨਾਅਰੇਬਾਜ਼ੀ



ਮਜੀਠਾ (ਸੋਇਮ ਆਨੰਦ)-ਬਿਜਲੀ ਦਫਤਰ ਕੰਪਲੈਕਸ ਮਜੀਠਾ ਵਿਖੇ ਸੂਬਾ ਕਮੇਟੀ ਦੇ ਸੱਦੇ 'ਤੇ ਪੈਨਸ਼ਨਰਜ਼ ਐਸੋਸੀਏਸ਼ਨ ਸਬ-ਅਰਬਨ ਮੰਡਲ ਅੰਮ੍ਰਿਤਸਰ ਵਲੋਂ ਰੋਸ ਰੈਲੀ ਕੀਤੀ ਗਈ, ਜਿਸ ਦੀ ਪ੍ਰਧਾਨਗੀ ਮੰਡਲ ਸੀਨੀਅਰ ਮੀਤ ਪ੍ਰਧਾਨ ਰਾਮ ਲੁਭਾਇਆ ਮਜੀਠਾ ਨੇ ਕੀਤੀ। ਆਗੂਆਂ ਨੇ ਰੈਲੀ ਦੌਰਾਨ ਐਕਸੀਅਨ ਖਿਲਾਫ ਜਮ ਕੇ ਨਾਅਰੇਬਾਜ਼ੀ ਕੀਤੀ ਤੇ ਸੰਬੋਧਨ ਕਰਦਿਆਂ ਕਿਹਾ ਕਿ ਪੈਂਡਿੰਗ ਮੰਗਾਂ ਦੇ ਹੱਲ ਸਬੰਧੀ ਸੀਨੀਅਰ ਐਕਸੀਅਨ ਸਬ-ਅਰਬਨ ਮੰਡਲ ਅੰਮ੍ਰਿਤਸਰ (ਬਟਾਲਾ ਰੋਡ) ਖਿਲਾਫ ਪਹਿਲੇ ਪੜਾਅ 'ਚ ਰੋਸ ਪ੍ਰੋਟੈਸਟ ਕਰ ਚੁੱਕੇ ਹਾਂ ਤੇ ਅਗਲਾ ਸੰਘਰਸ਼ ਪ੍ਰੋਗਰਾਮ 18 ਜੂਨ ਦਿਨ ਬੁੱਧਵਾਰ ਨੂੰ ਕੀਤਾ ਜਾਵੇਗਾ। ਆਗੂਆਂ ਨੇ ਸਰਕਲ ਅੰਦਰ ਆਉਂਦੀਆਂ 5 ਡਵੀਜ਼ਨਾਂ ਵੱਲੋਂ ਰੱਖ ਰਹੇ ਘੋਲ ਦੀ ਡਟਵੀਂ ਹਮਾਇਤ ਕੀਤੀ ਤੇ ਇਸ ਪ੍ਰੋਟੈਸਟ 'ਚ ਸ਼ਾਮਿਲ ਹੋਣ ਦਾ ਫੈਸਲਾ ਕੀਤਾ ਗਿਆ। 1972 ਪੈਨਸ਼ਨ ਐਕਟ 'ਚ ਸੋਧ ਕਰਕੇ ਆਉਣ ਵਾਲੇ ਪੈਨਸ਼ਨਰਾਂ ਨੂੰ ਭਵਿੱਖ ਵਿਚ ਡੀਏ ਨਾ ਦੇਣ ਦਾ ਸਰਕਾਰ ਵੱਲੋਂ ਜੋ ਫੈਸਲਾ ਕੀਤਾ ਗਿਆ ਹੈ, ਜਥੇਬੰਦੀ ਇਸ ਨੀਤੀ ਦੀ ਨਿਖੇਧੀ ਕਰਦੀ ਹੈ। ਸੂਬਾ ਕਮੇਟੀ ਦੇ ਫੈਸਲੇ ਅਨੁਸਾਰ ਪੇਅ ਰਵੀਜ਼ਨ ਦਾ ਬਕਾਇਆ ਲੈਣ ਲਈ 2 ਜੂਨ ਤੋਂ 20 ਜੂਨ ਤੱਕ ਡਵੀਜ਼ਨ ਪੱਧਰ ਦੀਆਂ ਰੈਲੀਆਂ ਕੀਤੀਆਂ ਜਾਣਗੀਆਂ, 12-13 ਜੁਲਾਈ ਨੂੰ ਪੈਨਸ਼ਨਰਜ਼ ਐਸੋਸੀਏਸ਼ਨ ਸੂਬਾ ਕਮੇਟੀ ਦੀ ਚੋਣ ਕੀਤੀ ਜਾਵੇਗੀ। ਆਗੂਆਂ ਨੇ ਐਕਸੀਅਨ ਸਬ ਅਰਬਨ ਮੰਡਲ ਅੰਮ੍ਰਿਤਸਰ ਤੋਂ ਮੰਗ ਕੀਤੀ ਕਿ ਸਬੰਧੀ ਨੂੰ ਜਲਦ ਹੀ ਪੈਨਸ਼ਨਰਜ਼ ਦੀਆਂ ਭਖਦੀਆਂ ਮੰਗਾਂ ਦਾ ਹੱਲ ਕੀਤਾ ਜਾਵੇ। ਇਸ ਰੋਸ ਰੈਲੀ ਨੂੰ ਸਕੱਤਰ ਜੋਗਿੰਦਰ ਸਿੰਘ ਸੋਹੀ, ਸਰਕਲ ਪ੍ਰਧਾਨ ਕਰਮ ਸਿੰਘ, ਦਲਵਿੰਦਰ ਸਿੰਘ ਸਪਾਰੀਵਿੰਡ, ਬਲਵਿੰਦਰ ਸਿੰਘ ਰਾਮਦਿਵਾਲੀ, ਗੁਰਮੇਜ ਸਿੰਘ ਸੋਹੀ, ਗੁਰਨਾਮ ਸਿੰਘ ਡੱਡੀਆਂ, ਰਵੇਲ ਸਿੰਘ ਗੋਸਲ, ਸੁਭਾਸ਼ ਚੰਦਰ, ਤਰਲੋਚਨ ਸਿੰਘ ਤੇ ਬਲਦੇਵ ਸਿੰਘ ਨੇ ਰੋਸ ਰੈਲੀ ਨੂੰ ਸੰਬੋਧਨ ਕੀਤਾ।

# ਫੜੇ ਇਨਕਲਾਬੀਆਂ ਨੂੰ ਮਾਰਿਆ ਜਾ ਰਿਹੈ: ਜਮਹੂਰੀ ਫਰੰਟ

## * ਬੁੱਧੀਜੀਵੀਆਂ ਵੱਲੋਂ ਸੁਪਰੀਮ ਕੋਰਟ ਤੇ ਰਾਸ਼ਟਰਪਤੀ ਨੂੰ ਦਖਲ ਦੇਣ ਦੀ ਅਪੀਲ

ਅੰਮ੍ਰਿਤਸਰ (ਨਜ਼ਮ)-ਓਪਰੇਸ਼ਨ ਗ੍ਰੀਨ ਹੰਟ ਵਿਰੋਧੀ ਜਮਹੂਰੀ ਫਰੰਟ ਦੇ ਕਨਵੀਨਰਾਂ ਡਾ. ਪਰਮਿੰਦਰ ਸਿੰਘ, ਪ੍ਰੋਫੈਸਰ ਏ. ਕੇ. ਮਲੇਰੀ, ਬੂਟਾ ਸਿੰਘ ਮਹਿਮੂਦਪੁਰ ਅਤੇ ਯਸ਼ਪਾਲ ਨੇ ਕਿਹਾ ਹੈ ਕਿ ਕੇਂਦਰ-ਸੂਬਾਈ ਨਾਕਾਂ ਹੇਠ ਭਾਰਤੀ ਕੀਤੇ ਗੁੰਡਾਂ ਵੱਲੋਂ ਚੜ੍ਹਦੇ ਸੂਰਜ ਮਾਰ ਮੁਕਾਉਣ ਦਾ ਘਿਨੌਣਾ ਸਿਲਸਿਲਾ ਬੰਦ ਕਰਕੇ ਹਿਰਾਸਤ ਵਿਚ ਲਏ ਕਮਿਊਨਿਸਟ ਇਨਕਲਾਬੀਆਂ ਨੂੰ ਤੁਰੰਤ ਅਦਾਲਤ ਵਿਚ ਪੇਸ਼ ਕੀਤਾ ਜਾਏ। ਉਨ੍ਹਾਂ ਕਿਹਾ ਕਿ ਤੇਲੰਗਾਨਾ ਸਿਵਲ ਰਾਈਟਸ ਐਸੋਸੀਏਸ਼ਨ ਅਤੇ ਤੇਲੰਗਾਨਾ ਸਿਵਲ ਲਿਬਰਟੀਜ਼ ਕਮੇਟੀ ਦੇ ਵਿਦਵਾਨਾਂ ਵੱਲੋਂ ਜਨਤਕ ਕੀਤੀ ਜਾਣਕਾਰੀ ਅਨੁਸਾਰ ਇਨ੍ਹਾਂ ਆਗੂਆਂ ਨੂੰ ਬੀਤੇ ਕੱਲ੍ਹ ਬੀਜਾਪੁਰ ਦੇ ਇੰਦਰਾਵਤੀ ਨੈਸ਼ਨਲ ਪਾਰਕ ਖੇਤਰ ਦੇ ਇਕ ਪਿੰਡ ਤੋਂ ਗ੍ਰਿਫ਼ਤਾਰ ਕੀਤਾ ਗਿਆ ਸੀ ਅਤੇ ਇਨ੍ਹਾਂ ਉਪਰ ਬੇਤਹਾਸ਼ਾ ਤਸ਼ੱਦਦ ਢਾਅ ਕੇ, ਫਰਜ਼ੀ ਮੁੱਠ ਭੇੜ ਦਿਖਾ ਕੇ ਜਾਨੋਂ ਮਾਰਿਆ ਜਾ ਰਿਹਾ ਹੈ। ਭਾਜਪਾ ਹਕੂਮਤ ਦੇ ਗ੍ਰਹਿ ਮੰਤਰੀ ਅਮਿਤ ਸ਼ਾਹ ਵੱਲੋਂ ਉਨ੍ਹਾਂ ਨੂੰ ਸਨਮਾਨਿਤ ਕਰਕੇ ਥਾਪੜਾ ਦਿੱਤਾ ਜਾ ਰਿਹਾ ਹੈ ਜਿਹੜੇ ਹਰ ਰੋਜ਼ ਇਨਕਲਾਬੀਆਂ ਦੇ ਲਹੂ ਨਾਲ ਹੱਥ ਰੰਗ ਰਹੇ ਹਨ। ਉਨ੍ਹਾਂ ਕਿਹਾ ਕਿ ਭਾਜਪਾ ਹਕੂਮਤ ਵੱਲੋਂ 31 ਮਾਰਚ 2025 ਤੱਕ ਭਾਰਤ ਨੂੰ 'ਨਕਸਲ-ਮੁਕਤ' ਕਰਨ ਦਾ ਫਾਸ਼ੀਵਾਦੀ ਟੀਚਾ ਤੈਅ ਕਰਕੇ ਛੱਤੀਸਗੜ੍ਹ ਅਤੇ ਝਾਰਖੰਡ ਵਿਚ ਮਾਓਵਾਦੀਆਂ ਅਤੇ ਆਦਿਵਾਸੀਆਂ ਨੂੰ ਕਥਿਤ ਮੁਕਾਬਲਿਆਂ ਵਿਚ ਮਾਰਿਆ ਜਾ ਰਿਹਾ ਹੈ, ਉਸਦੇ ਮੱਦੇਨਜ਼ਰ ਇਨ੍ਹਾਂ ਫੜੇ ਹੋਏ ਆਗੂਆਂ ਨੂੰ ਵੀ 'ਮੁਕਾਬਲੇ' ਬਣਾ ਕੇ ਮਾਰ ਦਿੱਤੇ ਜਾਣ ਦਾ ਖ਼ਤਰਾ ਹੈ।

ਜਮਹੂਰੀ ਫਰੰਟ ਦੇ ਆਗੂਆਂ ਨੇ ਮੰਗ ਕੀਤੀ ਕਿ ਗ੍ਰਿਫ਼ਤਾਰ ਕੀਤੇ ਮਾਓਵਾਦੀ ਆਗੂਆਂ ਅਤੇ ਕਾਰਕੁਨਾਂ ਦੀ ਜ਼ਿੰਦਗੀ ਦੀ ਸੁਰੱਖਿਆ ਕੀਤੀ ਜਾਵੇ, ਉਨ੍ਹਾਂ ਦਾ ਤੁਰੰਤ ਮੈਡੀਕਲ ਕਰਵਾ ਕੇ ਅਦਾਲਤ ਵਿਚ ਪੇਸ਼ ਕੀਤਾ ਜਾਵੇ ਅਤੇ ਜੇਕਰ ਉਨ੍ਹਾਂ ਵਿਰੁੱਧ ਕੋਈ ਫ਼ੌਜਦਾਰੀ ਕੇਸ ਦਰਜ ਹੈ ਤਾਂ ਅਦਾਲਤੀ ਪ੍ਰਕਿਰਿਆ ਰਾਹੀਂ ਉਨ੍ਹਾਂ ਦਾ ਦੋਸ਼ ਸਾਬਤ ਕੀਤਾ ਜਾਵੇ।

ਉਨ੍ਹਾਂ ਕਿਹਾ ਕਿ ਭਾਰਤ ਦੀ ਸੁਪਰੀਮ ਕੋਰਟ ਅਤੇ ਰਾਸ਼ਟਰਪਤੀ ਇਸ ਦਾ ਤੁਰੰਤ ਨੋਟਿਸ ਲੈ ਕੇ ਛੱਤੀਸਗੜ੍ਹ ਪੁਲਸ ਨੂੰ ਕਤਲੇਆਮ ਬੰਦ ਕਰਨ ਦਾ ਆਦੇਸ਼ ਦੇਣ। ਉਨ੍ਹਾਂ ਇਹ ਵੀ ਮੰਗ ਕੀਤੀ ਕਿ ਉਪਰੇਸ਼ਨ ਕਗਾਰ ਬੰਦ ਕੀਤਾ ਜਾਵੇ, ਭਾਰਤ ਸਰਕਾਰ ਫ਼ੌਜੀ ਤਾਕਤ ਦੇ ਜ਼ੋਰ ਲੋਕ ਵਿਰੋਧੀ ਅਤੇ ਨੰਗੇ-ਚਿੱਟੇ ਤੌਰ 'ਤੇ ਕਾਰਪੋਰੇਟ ਪੱਖੀ 'ਵਿਕਾਸ' ਮਾਡਲ ਥੋਪਣਾ ਬੰਦ ਕਰੇ 'ਮੁਕਾਬਲਿਆਂ' ਰਾਹੀਂ ਕਤਲਾਂ ਦੀ ਨੀਤੀ ਬੰਦ ਕਰੇ ਅਤੇ ਲੋਕਾਂ ਦੇ ਬੁਨਿਆਦੀ ਮਸਲਿਆਂ ਦੇ ਹੱਲ ਲਈ ਸਰਕਾਰ ਵਿਰੋਧੀ ਜੁਝਾਰੂ ਲਹਿਰਾਂ ਨਾਲ ਗੱਲਬਾਤ ਦਾ ਅਮਲ ਸ਼ੁਰੂ ਕਰੇ।

# ਮਨਾਹੀ ਦੇ ਬਾਵਜੂਦ ਧੜੱਲੇ ਨਾਲ ਹੁੰਦੀ ਹੈ ਦੁਕਾਨਾਂ 'ਤੇ ਘਰੇਲੂ ਗੈਸ ਸਿਲੰਡਰਾਂ ਦੀ ਵਰਤੋਂ



ਗੁਰਦਾਸਪੁਰ (ਜਨਕ ਮਹਾਜਨ)-ਕੁਝ ਦਿਨ ਪਹਿਲਾਂ ਹੀ ਜ਼ਿਲ੍ਹਾ ਫੂਡ ਸਪਲਾਈ ਕੰਟਰੋਲਰ ਗੁਰਦਾਸਪੁਰ ਵੱਲੋਂ ਹਦਾਇਤਾਂ ਜਾਰੀ ਕੀਤੀਆਂ ਗਈਆਂ ਸਨ ਕਿ ਕੋਈ ਵੀ ਰੇਹੜੀ, ਹੋਟਲ, ਢਾਬਾ ਮਾਲਕ ਆਪਣੇ ਕਾਰੋਬਾਰ ਵਿੱਚ ਘਰੇਲੂ ਗੈਸ ਸਿਲੰਡਰ ਦੀ ਵਰਤੋਂ ਨਾ ਕਰੇ ਨਹੀਂ ਤਾਂ ਉਸ ਦੇ ਖਿਲਾਫ ਭਾਰਤੀ ਧਾਰਾ ਅਧੀਨ ਬਣਦੀ ਕਾਰਵਾਈ ਕੀਤੀ ਜਾਵੇਗੀ ਪਰ ਇੰਨੇ ਦਿਨ ਬੀਤ ਜਾਣ ਦੇ ਬਾਵਜੂਦ ਵੀ ਪ੍ਰਸ਼ਾਸਨ ਵੱਲੋਂ ਰੇਹੜੀ, ਢਾਬਿਆਂ ਵਾਲਿਆਂ ਦੇ ਖਿਲਾਫ ਘਰੇਲੂ ਗੈਸ ਸਿਲੰਡਰ ਵਰਤਣ 'ਤੇ ਕੋਈ ਵੀ ਕਾਰਵਾਈ ਨਹੀਂ ਕੀਤੀ ਗਈ ਕਿਉਂ ਜੋ ਇਨ੍ਹਾਂ ਰੇਹੜੀ ਵਾਲਿਆਂ ਨੂੰ ਪਤਾ ਹੈ ਕਿ ਪ੍ਰਸ਼ਾਸਨ ਵੱਲੋਂ ਇਹੋ ਜਿਹੇ ਹੁਕਮ ਕੇਵਲ ਖਾਨਾ ਪੂਰਤੀ ਲਈ ਹੀ ਕੀਤੇ ਜਾਂਦੇ ਹਨ ਕਦੇ ਕਿ ਇਨ੍ਹਾਂ ਹੁਕਮਾਂ ਦਾ ਜ਼ਮੀਨੀ ਪੱਧਰ 'ਤੇ ਕੋਈ ਅਸਰ ਨਹੀਂ ਹੁੰਦਾ। ਹਨੂੰਮਾਨ ਚੌਕ, ਤਿੱਬੜੀ ਰੋਡ 'ਤੇ ਅਰਜਿਨਟ ਨਿਊਡਲ ਫਾਸਟ ਫੂਡ ਦੀਆਂ ਰੇਹੜੀਆਂ 'ਤੇ ਸ਼ਰੇਆਮ ਘਰੇਲੂ ਗੈਸ ਸਿਲੰਡਰਾਂ ਦੀ ਦੁਰਵਰਤੋਂ ਹੋ ਰਹੀ ਹੈ ਜਿਸ 'ਤੇ ਕੋਈ ਕਾਰਵਾਈ ਨਹੀਂ ਹੋ ਰਹੀ।ਜ਼ਿਕਰਯੋਗ ਹੈ ਕਿ ਲਾਇਬ੍ਰੇਰੀ ਰੋਡ ਤੋਂ ਲੈ ਕੇ ਹਨੂੰਮਾਨ ਚੌਕ ਤੱਕ ਸੜਕ ਦੇ ਦੋਵੇਂ ਪਾਸੇ ਵੱਡੀ ਗਿਣਤੀ ਵਿੱਚ ਡੋਸਾ, ਨਿਊਡਲ, ਸੋਇਆਬੀਨ ਚਾਪ ਆਦਿ ਵੇਚਣ ਵਾਲਿਆਂ ਵੱਲੋਂ ਆਪਣੀਆਂ ਰੇਹੜੀਆਂ 'ਤੇ ਸ਼ਰੇਆਮ ਘਰੇਲੂ ਗੈਸ ਸਿਲੰਡਰ ਵਰਤੇ ਜਾਂਦੇ ਹਨ। ਦੂਜੇ ਪਾਸੇ ਏਜੰਸੀ ਵਾਲਿਆਂ ਦੀ ਗੱਲ ਕਰੀਏ ਤਾਂ ਉਨ੍ਹਾਂ ਦੇ ਡਲਿਵਰੀ ਵਾਲਿਆਂ ਦੀ ਵੀ ਵਰਦੀ ਵਗੈਰਾ ਨਹੀਂ ਪਾਈ ਜਾਂਦੀ ਅਤੇ ਨਾ ਹੀ ਕੋਈ ਡਲਿਵਰੀ ਰਿਕਸ਼ੇ 'ਤੇ ਤੋਲਣ ਵਾਸਤੇ ਕੰਡਾ ਹੁੰਦਾ ਹੈ।ਇਸ ਸਬੰਧੀ ਜਦੋਂ ਜ਼ਿਲ੍ਹਾ ਫੂਡ ਸਪਲਾਈ ਕੰਟਰੋਲਰ ਸੁਖਜਿੰਦਰ ਸਿੰਘ ਨਾਲ ਗੱਲਬਾਤ ਕੀਤੀ ਤਾਂ ਉਨ੍ਹਾਂ ਦੱਸਿਆ ਕਿ ਉਨ੍ਹਾਂ ਵੱਲੋਂ ਘਰੇਲੂ ਗੈਸ ਸਿਲੰਡਰਾਂ ਦੀ ਦੁਰਵਰਤੋਂ ਰੋਕਣ ਵਾਸਤੇ ਕੁਝ ਦਿਨ ਪਹਿਲਾਂ ਪਾਬੰਦੀਆਂ ਦੇ ਹੁਕਮ ਜਾਰੀ ਕੀਤੇ ਗਏ ਸਨ, ਹੁਣ ਛਾਪਾਮਾਰੀ ਕਰਕੇ ਬਣਦੀ ਕਾਰਵਾਈ ਕੀਤੀ ਜਾਵੇਗੀ।

# ਮੀਰੀ ਪੀਰੀ ਇੰਟਰਨੈਸ਼ਨਲ ਸਕੂਲ ਭਾਮ ਨੇ ਛੇ ਰੋਜ਼ਾ ਸਮਰ ਕੈਂਪ ਲਗਾਇਆ



ਧਾਰੀਵਾਲ/ਹਰਚੋਵਾਲ (ਮਨਦੀਪ ਸਿੰਘ ਵਿੱਕੀ)-ਮੀਰੀ ਪੀਰੀ ਇੰਟਰਨੈਸ਼ਨਲ ਸਕੂਲ ਭਾਮ ਵੱਲੋਂ 6 ਰੋਜ਼ਾ ਸਮਰ ਕੈਂਪ ਦਾ ਲਗਾਇਆ ਗਿਆ। ਸਕੂਲ ਦੇ ਚੇਅਰਮੈਨ ਹਰਭੇਜ ਸਿੰਘ ਅਤੇ ਪ੍ਰਿੰ. ਸਤਿੰਦਰ ਕੌਰ ਨੇ ਦੱਸਿਆ ਕਿ ਕੈਂਪ ਵਿੱਚ ਵੱਧ ਚੜ੍ਹ ਕੇ ਬੱਚਿਆਂ ਨੇ ਭਾਗ ਲਿਆ। ਸਮਰ ਕੈਂਪ ਦਾ ਮੁੱਖ ਮੰਤਵ ਬੱਚਿਆਂ ਨੂੰ ਪੜ੍ਹਾਈ ਦੇ ਨਾਲ ਨਾਲ ਉਨ੍ਹਾਂ ਦੇ ਸਰਬਪੱਖੀ ਵਿਕਾਸ ਨੂੰ ਯਕੀਨੀ ਬਣਾਉਣਾ ਸੀ।

ਇਸ ਸਮਰ ਕੈਂਪ ਦੌਰਾਨ ਬੱਚਿਆਂ ਕੋਲੋਂ ਕਈ ਅਜਿਹੀਆਂ ਗਤੀਵਿਧੀਆਂ ਕਰਵਾਈਆਂ ਗਈਆਂ ਜੋ ਸਾਡੀ ਰੋਜ਼ਮਰਾ ਦੀ ਜ਼ਿੰਦਗੀ ਵਿੱਚੋਂ ਅਲੋਪ ਹੁੰਦੀਆਂ ਜਾ ਰਹੀਆਂ ਹਨ, ਜਿਵੇਂ ਪੁਰਾਣੇ ਸਮਿਆਂ ਦੌਰਾਨ ਖੇਤੀ ਦੇ ਢੰਗ, ਚਾਦਰਾਂ ਕੱਢਣੀਆਂ, ਚੁੱਲ੍ਹੇ 'ਤੇ ਅੱਗ ਬਾਲਣੀ ਆਦਿ ਸ਼ਾਮਲ ਸਨ। ਇਸ ਤੋਂ ਇਲਾਵਾ ਬੱਚਿਆਂ ਲਈ ਆਰਟ ਕਰਾਫਟ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਬੱਚਿਆਂ ਪੇਂਟਿੰਗ ਦੇ ਵੱਖ-ਵੱਖ ਗੁਰ ਸਿੱਖੇ। ਬੱਚਿਆਂ ਨੂੰ ਯੋਗਾ ਦੀ ਸਿਖਲਾਈ ਰੋਜ਼ਾਨਾ ਦਿੱਤੀ ਗਈ ਤੇ ਨਾਲ ਹੀ ਗੁਰਬਾਣੀ ਨਾਲ ਵੀ ਜੋੜਿਆ ਗਿਆ। ਸਮਰ ਕੈਂਪ ਦੌਰਾਨ ਬੱਚਿਆਂ ਦੇ ਖਾਣ ਪੀਣ ਦਾ ਖਾਸ ਧਿਆਨ ਰੱਖਦਿਆਂ ਉਹਨਾਂ ਲਈ ਖਾਸ ਭੋਜਨ ਜਿਵੇਂ ਫਰੂਟ ਚਾਰਟ, ਸੈਂਡਵਿਚ, ਭੇਲਪੁਰੀ, ਛੋਲੇ ਪੂੜੀਆਂ ਦਾ ਉਚਿਤ ਪ੍ਰਬੰਧ ਸਕੂਲ ਵਿੱਚ ਹੀ ਕੀਤਾ ਗਿਆ। ਸਮਰ ਕੈਂਪ ਦੇ ਆਖਰੀ ਦਿਨ ਬੱਚਿਆਂ ਨੂੰ ਧਾਰਮਿਕ ਅਸਥਾਨ ਗੁਰਦੁਆਰਾ ਸ੍ਰੀ ਬਾਠ ਸਾਹਿਬ ਦੇ ਦਰਸ਼ਨਾਂ ਲਈ ਲਿਜਾਇਆ ਗਿਆ।

# ਕਰਨਬੀਰ ਸਿੰਘ ਬੁਰਜ ਨੇ ਕ੍ਰਿਕਟ ਟੂਰਨਾਮੈਂਟ ਦੌਰਾਨ ਖਿਡਾਰੀਆਂ ਨੂੰ ਨਕਦ ਇਨਾਮ ਵੰਡੇ



ਸਰਾਏ ਅਮਾਨਤ ਖਾਂ (ਮੱਖਣ ਮਨੋਜ)—ਪਿੰਡ ਚਾਹਲ ਵਿਖੇ ਸਵ. ਗੁਰਪ੍ਰੀਤ ਸਿੰਘ ਚਾਹਲ ਦੀ ਯਾਦ ਵਿਚ ਪਿੰਡ ਵਾਸੀਆਂ ਵੱਲੋਂ ਕ੍ਰਿਕਟ ਟੂਰਨਾਮੈਂਟ ਕਰਵਾਇਆ ਗਿਆ ਜਿਸ 'ਚ ਹਲਕਾ ਤਰਨ ਤਾਰਨ ਦੇ ਸੀਨੀਅਰ ਕਾਂਗਰਸੀ ਆਗੂ ਤੇ ਕਾਂਗਰਸ ਪਾਰਟੀ ਦੇ ਮੀਤ ਪ੍ਰਧਾਨ ਕਰਨਬੀਰ ਸਿੰਘ ਬੁਰਜ ਨੇ ਖਿਡਾਰੀਆਂ ਨੂੰ ਇਨਾਮਾਂ ਦੀ ਵੰਡ ਕੀਤੀ। ਇਸ ਮੌਕੇ ਕਰਨਬੀਰ ਬੁਰਜ ਨੇ ਕਿਹਾ ਕਿ ਅੱਜ ਸਮੇਂ ਦੀ ਲੋੜ ਹੈ ਕਿ ਖੇਡ ਮੈਦਾਨਾਂ ਵਿੱਚ ਖੇਡ ਰਹੇ ਨੌਜਵਾਨਾਂ ਨੂੰ ਉਤਸ਼ਾਹਤ ਕਰਨ ਦੀ ਨਾ ਕਿ ਨਸ਼ਿਆਂ ਦੀ ਬਿਮਾਰੀ ਵਿੱਚ ਪੀੜਤ ਨੌਜਵਾਨਾਂ ਦੀਆਂ ਵੀਡੀਓ ਬਣਾ ਕੇ ਸੋਸ਼ਲ ਮੀਡੀਆ 'ਤੇ ਪਾਉਣ ਦੀ। ਇਸ ਬਿਮਾਰੀ ਤੋਂ ਪੀੜਤ ਨੌਜਵਾਨਾਂ ਦਾ ਇਲਾਜ ਕਰਵਾਉਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਖੇਡ ਮੈਦਾਨ ਵਿਚ ਖੇਡਣ ਵਾਲੇ ਨੌਜਵਾਨਾਂ ਨੂੰ ਵੇਖ ਕੇ ਸਾਡੇ ਬੱਚੇ ਵੀ ਖੇਡਾਂ ਵੱਲ ਉਤਸ਼ਾਹਿਤ ਹੋਣਗੇ। ਉਨ੍ਹਾਂ ਨੇ ਪਹਿਲੇ ਤੇ ਦੂਜੇ ਨੰਬਰ 'ਤੇ ਆਉਣ ਵਾਲੀ ਟੀਮ ਨੂੰ ਆਪਣੀ ਜੇਬ 'ਚੋਂ 10-10 ਹਜ਼ਾਰ ਰੁਪਏ ਅਤੇ ਬਾਕੀ ਟੀਮਾਂ ਨੂੰ 5500-5500 ਰੁਪਏ ਨਗਦ ਦੇ ਕੇ ਉਤਸ਼ਾਹਤ ਕੀਤਾ। ਉਨ੍ਹਾਂ ਕਿਹਾ ਕਿ ਉਨ੍ਹਾਂ ਦਾ ਪਰਿਵਾਰ ਹਮੇਸ਼ਾ ਹੀ ਖੇਡਾਂ ਖੇਡਣ ਵਾਲੇ ਨੌਜਵਾਨਾਂ ਨੂੰ ਉਤਸ਼ਾਹਤ ਕਰਦਾ ਰਿਹਾ ਤੇ ਅਗਾਂਹ ਵੀ ਕਰਦਾ ਰਹੇਗਾ। ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਦੀ ਸਰਕਾਰ ਆਉਣ ਤੇ ਜਿੱਥੇ ਖਿਡਾਰੀਆਂ ਨੂੰ ਹਰ ਤਰ੍ਹਾਂ ਦੀ ਸਹੂਲਤ ਦਿੱਤੀ ਜਾਵੇਗੀ ਉਥੇ ਪਿੰਡਾਂ ਦੇ ਖੇਡ ਮੈਦਾਨ ਵੀ ਬਹੁਤ ਵਧੀਆ ਬਣਾਏ ਜਾਣਗੇ। ਇਸ ਮੌਕੇ ਗੁਰਪਾਲ ਸਿੰਘ ਜਗਤਪੁਰਾ, ਸਾਬਕਾ ਸਰਪੰਚ ਸੁੱਚਾ ਸਿੰਘ ਖੈਰਦੀਨ ਕੇ, ਜੱਜਬੀਰ ਸਿੰਘ ਜੱਜ, ਗੁਰਪ੍ਰੀਤ ਸਿੰਘ ਸੋਨੂ, ਜਸਬੀਰ ਸਿੰਘ, ਹਰਤੇਜ ਸਿੰਘ ਮੰਨਣ, ਹਰਜੀਤ ਸਿੰਘ, ਨਵਦੀਪ ਸਿੰਘ, ਸਾਬਕਾ ਸਰਪੰਚ ਪਰਮਜੀਤ ਸਿੰਘ, ਪਲਵਿੰਦਰ ਸਿੰਘ, ਪਰਮਿੰਦਰ ਸਿੰਘ,ਅੰਮ੍ਰਿਤਪਾਲ ਸਿੰਘ, ਪ੍ਰਕਾਸ਼ ਸਿੰਘ, ਲਖਵਿੰਦਰ ਸਿੰਘ, ਹੈਪੀ ਸਿੰਘਾਪੁਰ, ਕੁਲਦੀਪ ਸਿੰਘ, ਅੰਮ੍ਰਿਤਪਾਲ ਸਿੰਘ, ਜਸਕਰਨ ਸਿੰਘ, ਪ੍ਰਿੰਸ ਚਾਹਲ, ਗੱਬਰ ਗਿੱਲ, ਹੈਪੀ ਗਿੱਲ, ਆਕਾਸ਼ਦੀਪ ਸਿੰਘ, ਸ਼ਰਨਜੀਤ ਸਿੰਘ, ਗੁਰਜੀਤ ਸਿੰਘ, ਅਵਤਾਰ ਸਿੰਘ ਬੁਰਜ, ਪ੍ਰਭ, ਕੱਚੀ, ਲਵ, ਹੀਰਾ ਸਿੰਘ ਸੂਬੇਦਾਰ, ਨਿਰਮਲ ਸਿੰਘ, ਲਾਲੀ, ਅਜਮੇਰ ਸਿੰਘ, ਗੁਰਬੀਰ ਸਿੰਘ, ਪਰਮਬੀਰ ਸਿੰਘ, ਪੰਮੀ, ਦਰਸ਼ਨ ਸਿੰਘ, ਸੁਖਬੀਰ ਸਿੰਘ, ਗੁਰਦੀਪ ਸਿੰਘ, ਅਵਤਾਰ ਸਿੰਘ ਪ੍ਰਧਾਨ ,ਕੁਲਵਿੰਦਰ ਸਿੰਘ ਪਹਿਲਵਾਨ, ਲਖਬੀਰ ਸਿੰਘ, ਗੁਰਮੀਤ ਸਿੰਘ ਆਦਿ ਹਾਜ਼ਰ ਸਨ।

# ਗੁਰੂ ਨਾਨਕ ਇੰਟਰਨੈਸ਼ਨਲ ਸੇਵਾ ਮਿਸ਼ਨ ਨੇ ਮੁਫਤ ਮੈਡੀਕਲ ਜਾਂਚ ਚੈੱਕਅਪ ਕੈਂਪ ਲਗਾਇਆ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਗੁਰਦੁਆਰਾ ਸ੍ਰੀ ਚੋਲਾ ਸਾਹਿਬ ਵਿਖੇ ਗੁਰੂ ਨਾਨਕ ਇੰਟਰਨੈਸ਼ਨਲ ਸੇਵਾ ਮਿਸ਼ਨ (ਰਜਿ.) ਵੱਲੋਂ ਬਾਬਾ ਸੁਖਦੇਵ ਸਿੰਘ ਬੇਦੀ ਸੋਲਵੀਂ ਪੀੜ੍ਹੀ ਸ਼੍ਰੀ ਗੁਰੂ ਨਾਨਕ ਦੇਵ ਜੀ ਸ਼੍ਰੀ ਚੋਲਾ ਸਾਹਿਬ ਵਾਲਿਆਂ ਦੀ ਯੋਗ ਅਗਵਾਈ ਹੇਠ ਨਿਊ ਲਾਈਫ਼ ਹਸਪਤਾਲ ਮਜੀਠਾ ਰੋਡ ਅੰਮ੍ਰਿਤਸਰ ਅਤੇ ਸਰਬਸੁੱਖ ਸੁਪਰਸਪੈਸ਼ਲਿਟੀ ਹਸਪਤਾਲ ਬਟਾਲਾ ਦੇ ਵਿਸ਼ੇਸ਼ ਸਹਿਯੋਗ ਨਾਲ ਫ੍ਰੀ ਮੈਡੀਕਲ ਜਾਂਚ ਚੈੱਕਅਪ ਕੈਂਪ ਲਗਾਇਆ ਗਿਆ।ਇਸ ਮੌਕੇ ਬਾਬਾ ਸੁਖਦੇਵ ਸਿੰਘ ਬੇਦੀ ਸ਼੍ਰੀ ਚੋਲਾ ਸਾਹਿਬ ਵਾਲਿਆਂ ਅਤੇ ਡਾਕਟਰ ਸੁਖਵਿੰਦਰ ਸਿੰਘ ਬੇਦੀ ਵੱਲੋਂ ਰਿਬਨ ਕੱਟ ਕੇ ਫ੍ਰੀ ਕੈਂਪ ਦਾ ਉਦਘਾਟਨ ਕੀਤਾ ਗਿਆ।

ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਬਾਬਾ ਸੁਖਦੇਵ ਸਿੰਘ ਬੇਦੀ ਸ਼੍ਰੀ ਚੋਲਾ ਸਾਹਿਬ ਵਾਲਿਆਂ ਨੇ ਕਿਹਾ ਕਿ ਅੱਜ ਬਹੁਤ ਮੁਬਾਰਕ ਦਿਨ ਹੈ ਜੋ ਗੁਰੂ ਨਾਨਕ ਇੰਟਰਨੈਸ਼ਨਲ ਸੇਵਾ ਮਿਸ਼ਨ (ਰਜਿ.) ਵੱਲੋਂ 2 ਵੱਖ-ਵੱਖ ਨਾਮੀ ਹਸਪਤਾਲਾਂ ਦੇ ਸਹਿਯੋਗ ਨਾਲ ਡੇਰਾ ਬਾਬਾ ਨਾਨਕ ਇਲਾਕੇ ਦੇ ਲੋੜਵੰਦ ਲੋਕਾਂ ਦੀ ਸੇਵਾ ਲਈ ਗੁਰਦੁਆਰਾ ਸ੍ਰੀ ਚੋਲਾ ਸਾਹਿਬ ਡੇਰਾ ਬਾਬਾ ਨਾਨਕ ਵਿਖੇ ਪਹਿਲਾਂ ਫ੍ਰੀ ਮੈਡੀਕਲ ਜਾਂਚ ਚੈੱਕਅੱਪ ਕੈਂਪ ਲਗਾ ਕੇ ਸ਼ੁਰੂਆਤ ਕੀਤੀ ਗਈ ਹੈ।ਉਨ੍ਹਾਂ ਕਿਹਾ ਕਿ ਇਹ ਮਨੁੱਖਤਾ ਦੀ ਸੇਵਾ ਲਈ ਬਹੁਤ ਵੱਡਾ ਉਪਰਾਲਾ ਹੈ, ਅਸੀਂ ਹਮੇਸ਼ਾ ਅਜਿਹੇ ਕਾਰਜ ਕਿਤੇ ਨਾ ਕਿਤੇ ਕਰਦੇ ਹੀ ਰਹਿੰਦੇ ਹਾਂ ।ਸਾਡੇ ਵੱਲੋਂ ਇਸ ਤੋਂ ਪਹਿਲਾਂ ਹਰ ਮਹੀਨੇ ਮੈਡੀਕਲ ਕੈਂਪ ਘੁਮਾਣ ਗੁਰਦੁਆਰਾ ਗੁਰੂ ਨਾਨਕ ਦਰਬਾਰ ਅਸਥਾਨ ਬਾਬਾ ਸ਼੍ਰੀ ਚੰਦ ਜੀ ਉੜਮੁੜ (ਟਾਂਡਾ) ਵਿਖੇ ਵੀ ਲਗਾਏ ਜਾਂਦੇ ਹਨ।ਇਹ ਸਾਰੀਆਂ ਸੇਵਾਵਾਂ ਸ਼੍ਰੀ ਗੁਰੂ ਨਾਨਕ ਦੇਵ ਜੀ ਦੀ ਅਪਾਰ ਕ੍ਰਿਪਾ ਸਦਕਾ ਹੀ ਹੋ ਸਕਦੀਆਂ ਹਨ।ਉਨ੍ਹਾਂ ਕਿਹਾ ਕਿ ਅੱਜ ਦੇ ਇਸ ਕੈਂਪ ਵਿੱਚ ਡਾ. ਸੁਖਵਿੰਦਰ ਸਿੰਘ ਬੇਦੀ ਅਤੇ ਡਾ. ਸਾਗਰ ਵਰਮਾ ਵੱਲੋਂ ਦਿਮਾਗ ਦੀਆਂ ਬਿਮਾਰੀਆਂ, ਦਿਲ ਦੀਆਂ ਬਿਮਾਰੀਆਂ, ਹੱਡੀਆਂ ਅਤੇ ਜੋੜਾਂ ਦੀਆਂ ਦਰਦਾਂ ਅਤੇ ਇਸਤਰੀ ਰੋਗਾਂ ਦੇ 150 ਦੇ ਕਰੀਬ ਮਰੀਜ਼ਾਂ ਦੀ ਫ੍ਰੀ ਮੈਡੀਕਲ ਜਾਂਚ ਕੀਤੀ ਗਈ ਹੈ, ਜਾਂਚ ਦੌਰਾਨ ਲੋੜਵੰਦ ਮਰੀਜ਼ਾਂ ਨੂੰ ਲੋੜੀਂਦੀ ਫ੍ਰੀ ਦਵਾਈ ਵੀ ਦਿੱਤੀ ਗਈ। ਇਸ ਮੌਕੇ ਹਰਵਿੰਦਰ ਕੌਰ ਬੇਦੀ, ਵਿਨੇ, ਹਿਨਾ, ਏਕਨੂਰ ਕੌਰ ਬੇਦੀ ਆਦਿ ਹਾਜ਼ਰ ਸਨ।

# ਮਹਾਜਨ ਕਾਲੋਨੀ ਵਾਰਡ ਨੰਬਰ 31 ਦੀ ਗਲੀ ਦਾ ਨਿਰਮਾਣ ਕਾਰਜ ਸ਼ੁਰੂ



ਬਟਾਲਾ, (ਡਾ. ਮਲਵਿੰਦਰ ਸਿੰਘ)-ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਬਟਾਲਾ ਦੇ ਨੌਜਵਾਨ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਵਲੋਂ ਬਟਾਲਾ ਸ਼ਹਿਰ ਅੰਦਰ ਲੋਕ ਹਿੱਤ ਵਿੱਚ ਕਰਵਾਏ ਜਾ ਰਹੇ ਵਿਕਾਸ ਕਾਰਜਾਂ ਤਹਿਤ ਮਹਾਜਨ ਕਾਲੋਨੀ, ਵਾਰਡ ਨੰਬਰ 31 ਵਿਖੇ ਗਲੀ ਬਣਾਉਣ ਦਾ ਵਿਕਾਸ ਕਾਰਜ ਸ਼ੁਰੂ ਕਰਵਾਇਆ ਗਿਆ।ਇਸ ਮੌਕੇ ਵਿਧਾਇਕ ਸ਼ੈਰੀ ਕਲਸੀ ਦੇ ਭਰਾ ਅੰਮ੍ਰਿਤ ਕਲਸੀ, ਰਜਿੰਦਰ ਕੁਮਾਰ ਸਮੇਤ ਕਾਲੋਨੀ ਵਾਸੀ ਮੌਜੂਦ ਸਨ।ਗੱਲ ਕਰਦਿਆਂ ਅੰਮ੍ਰਿਤ ਕਲਸੀ ਨੇ ਦੱਸਿਆ ਕਿ ਵਿਧਾਇਕ ਸ਼ੈਰੀ ਕਲਸੀ ਵੱਲੋਂ ਉਨ੍ਹਾਂ ਦੀ ਡਿਊਟੀ ਲਗਾਈ ਗਈ ਸੀ ਅਤੇ ਉਨ੍ਹਾਂ ਵਾਰਡ ਵਾਸੀਆਂ ਦੀ ਮੌਜੂਦਗੀ ਵਿੱਚ ਗਲੀ ਬਣਾਉਣ ਦਾ ਕੰਮ ਸ਼ੁਰੂ ਕਰਵਾਇਆ ਹੈ।ਉਨ੍ਹਾਂ ਨੇ ਦੱਸਿਆ ਕਿ ਪਿਛਲੇ ਕਾਫੀ ਲੰਮੇ ਸਮੇਂ ਤੋਂ ਵਾਰਡ ਵਾਸੀਆਂ ਨੂੰ ਗਲੀ ਨਾ ਬਣਨ ਕਰਕੇ ਬਹੁਤ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਸੀ। ਇਸ ਮੌਕੇ ਵਾਰਡ ਵਾਸੀਆਂ ਨੇ ਵਿਧਾਇਕ ਸ਼ੈਰੀ ਕਲਸੀ ਦਾ ਧੰਨਵਾਦ ਕਰਦਿਆਂ ਕਿਹਾ ਕਾਫੀ ਲੰਮੇ ਸਮੇਂ ਤੋਂ ਗਲੀ ਨਾ ਬਣਨ ਕਰਕੇ ਬਹੁਤ ਮੁਸ਼ਕਿਲ ਪੇਸ਼ ਆ ਰਹੀ ਸੀ ਪਰ ਹੁਣ ਗਲੀ ਬਣਨ ਨਾਲ ਲੋਕਾਂ ਨੂੰ ਵੱਡੀ ਰਾਹਤ ਮਿਲੇਗੀ।ਅੰਮ੍ਰਿਤ ਕਲਸੀ ਨੇ ਕਿਹਾ ਕਿ ਜਦੋਂ ਦੀ ਲੋਕਾਂ ਨੇ ਵਿਧਾਇਕ ਸ਼ੈਰੀ ਕਲਸੀ ਨੂੰ ਜ਼ਿੰਮੇਵਾਰੀ ਸੌਂਪੀ ਹੈ, ਉਨ੍ਹਾਂ ਵੱਲੋਂ ਬਟਾਲਾ ਸ਼ਹਿਰ ਅੰਦਰ ਤੇਜ਼ ਗਤੀ ਨਾਲ ਵਿਕਾਸ ਕਾਰਜ ਕਰਵਾਏ ਗਏ ਹਨ। ਉਨ੍ਹਾਂ ਕਿਹਾ ਕਿ ਭਾਵੇਂ ਗੱਲ ਸੜਕਾਂ ਨੂੰ ਚੌੜਿਆਂ ਕਰਨ ਦੀ ਹੋਵੇ ਜਾਂ ਸ਼ਹਿਰ ਵਿੱਚ ਖ਼ੂਬਸੂਰਤ ਪਾਰਕ ਉਸਾਰਨ ਦੀ, ਹਲਕਾ ਵਾਸੀਆਂ ਨੂੰ ਇੱਕ ਛੱਤ ਹੇਠਾਂ ਵੱਖ-ਵੱਖ ਸਰਕਾਰੀ ਸੇਵਾਵਾਂ ਦੇਣ ਦੇ ਮੰਤਵ ਨਾਲ ਉਸਾਰੇ ਨਵੇਂ ਤਹਿਸੀਲ ਕੰਪਲੈਕਸ ਦੀ ਹੋਵੇ, ਸ਼ੈਰੀ ਕਲਸੀ ਨੇ ਜ਼ਿਕਰਯੋਗ ਤੇ ਦਿਸਣਯੋਗ ਵੱਖ-ਵੱਖ ਵਿਕਾਸ ਕੰਮ ਕਰਵਾਏ ਹਨ ਅਤੇ ਵਿਕਾਸ ਕਾਰਜਾਂ ਦੀ ਇਹ ਰਫਤਾਰ ਜਾਰੀ ਰਹੇਗੀ।

# ਲੁਧਿਆਣਾ ਪੱਛਮੀ ਦੀ ਜ਼ਿਮਨੀ ਚੋਣ 'ਚ ਕਾਂਗਰਸ ਪਾਰਟੀ ਦੀ ਇਤਿਹਾਸਕ ਜਿੱਤ ਹੋਵੇਗੀ: ਕੱਕੜ



ਚੇਤਨਪੁਰਾ (ਸੁਖਵੰਤ ਚੇਤਨਪੁਰੀ)-ਲੁਧਿਆਣਾ ਪੱਛਮੀ ਦੀ ਜ਼ਿਮਨੀ ਚੋਣ ਵਿੱਚ ਕਾਂਗਰਸ ਪਾਰਟੀ ਇਸ ਵਾਰ ਇਤਿਹਾਸ ਰਚੇਗੀ।ਕਾਂਗਰਸ ਪਾਰਟੀ ਇਤਿਹਾਸਕ ਜਿੱਤ ਦਰਜ ਕਰੇਗੀ ਅਤੇ ਵਿਰੋਧੀਆਂ ਨੂੰ ਚਾਰੋਂ ਖਾਨੇ ਚਿੱਤ ਕਰੇਗੀ। ਉਕਤ ਵਿਚਾਰਾਂ ਦਾ ਪ੍ਰਗਟਾਵਾ ਪੰਜਾਬ ਦੇ ਸਾਬਕਾ ਮੰਤਰੀ ਅਤੇ ਵਿਧਾਇਕ ਸੁਖਬਿੰਦਰ ਸਿੰਘ ਸਰਕਾਰੀਆ ਦੇ ਮੀਡੀਆ ਸਲਾਹਕਾਰ ਅਤੇ ਜ਼ਿਲ੍ਹਾ ਕਾਂਗਰਸ ਕਮੇਟੀ ਅੰਮ੍ਰਿਤਸਰ ਦਿਹਾਤੀ ਦੇ ਮੁੱਖ ਬੁਲਾਰੇ ਅਮਨਦੀਪ ਸਿੰਘ ਕੱਕੜ ਨੇ ਕਾਂਗਰਸ ਪਾਰਟੀ ਦੀ ਮੀਟਿੰਗ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਆਪਣੇ ਕਾਰਜਕਾਲ ਦੌਰਾਨ ਹਰ ਵਰਗ ਨਾਲ ਧੋਖਾ ਕੀਤਾ ਹੈ। ਕੇਂਦਰ ਵਿਚਲੀ ਭਾਜਪਾ ਸਰਕਾਰ ਨਾਲ ਮਿਲ ਕੇ ਪੰਜਾਬ ਦੇ ਅੰਨਦਾਤਾ ਕਿਸਾਨਾਂ ਦੀ ਪਿੱਠ ਵਿੱਚ ਛੁਰਾ ਮਾਰਿਆ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੀ ਜਨਤਾ ਹੁਣ ਭਲੀਭਾਂਤ ਜਾਣੂੰ ਹੋ ਗਈ ਹੈ ਕਿ ਭਾਜਪਾ ਅਤੇ ਆਮ ਆਦਮੀ ਪਾਰਟੀ ਪੂਰੀ ਤਰ੍ਹਾਂ ਇੱਕਜੁੱਟ ਹੋ ਕੇ ਪੰਜਾਬ ਦਾ ਨੁਕਸਾਨ ਕਰਨ ਤੇ ਤੁਲੀਆਂ ਹੋਈਆਂ ਹਨ। ਉਨ੍ਹਾਂ ਕਿਹਾ ਕਿ ਉੱਕਤ ਪਾਰਟੀਆਂ ਆਪਣੀਂ ਹਾਰ ਨੂੰ ਪ੍ਰਤੱਖ ਵੇਖਦਿਆਂ ਨਵੇਂ ਨਵੇਂ ਡਰਾਮੇ ਰਚ ਰਹੀਆਂ ਹਨ। ਉਨ੍ਹਾਂ ਕਿਹਾ ਕਿ ਸੰਗਰੂਰ ਦੀ ਜ਼ਿਮਨੀ ਚੋਣ ਵਿੱਚ ਵੀ ਮਾਨ ਸਰਕਾਰ ਨੇ ਮੂੰਹ ਦੀ ਖਾਧੀ ਸੀ ਅਤੇ ਇਸ ਚੋਣ ਵਿੱਚ ਵੀ ਮਾਨ ਸਰਕਾਰ ਮੂੰਹ ਦੀ ਖਾਏਗੀ। ਇਸ ਮੌਕੇ ਉਨ੍ਹਾਂ ਨਾਲ ਐਡਵੋਕੇਟ ਮਨਦੀਪ ਸਿੰਘ ਮੁਹਾਰ, ਹਰਭੇਜ ਸਿੰਘ, ਲਖਵਿੰਦਰ ਸਿੰਘ ਝੰਜੋਟੀ, ਜਸਪਾਲ ਸਿੰਘ ਭੱਟੀ, ਅਜੈਬੀਰ ਸਿੰਘ ਲੋਪੋਕੇ, ਬਲਜਿੰਦਰ ਸਿੰਘ ਧਾਰੀਵਾਲ, ਹਰਕੰਵਲਜੀਤ ਸਿੰਘ ਹੈਪੀ ਅਦਲੀਵਾਲਾ, ਕੁਲਦੀਪ ਸਿੰਘ ਔਲਖ ਚੋਗਾਵਾਂ, ਨਿਰਵੈਲ ਸਿੰਘ ਚੋਗਾਵਾਂ, ਬਲਦੇਵ ਸਿੰਘ ਮੰਝ, ਨਿਸਾਨ ਸਿੰਘ ਮੰਝ, ਗੁਰਮੇਜ ਸਿੰਘ ਬਬਲਾ ਕੋਟਲਾ, ਸਰਪੰਚ ਸੋਨਾ ਸਿੱਧੂ ਬਲੱਗਣ, ਡਾਕਟਰ ਪ੍ਰਗਟ ਸਿੰਘ ਭੁੱਲਰ, ਗੁਰਮੀਤ ਸਿੰਘ ਡਾਲਾ, ਸ਼ਮਸ਼ੇਰ ਸਿੰਘ ਸਾਰੰਗੜਾ, ਰੇਸਮ ਸਿੰਘ ਬੱਚੀਵਿੰਡ, ਜੁਰਤਪਾਲ ਸਿੰਘ ਓਡਰ, ਅਮਰਜੀਤ ਸਿੰਘ ਜੋਏਕੇ, ਸਰਪੰਚ ਬੱਬੂ ਕਾਵੇਂ, ਮੇਜਰ ਸਿੰਘ, ਬਲਜੀਤ ਸਿੰਘ ਪੰਡੋਰੀ, ਜਸਪਾਲ ਸਿੰਘ, ਸੁਖਦੇਵ ਸਿੰਘ ਨੱਥੂਪੁਰ, ਰੇਸ਼ਮ ਸਿੰਘ, ਸੂਬਾ ਸਿੰਘ, ਲਖਵਿੰਦਰ ਸਿੰਘ ਭਿੱਟੇਵੱਡ, ਦਲਬੀਰ ਸਿੰਘ ਕੋਹਾਲੀ, ਬਾਬਾ ਦਲਬੀਰ ਸਿੰਘ ਪੱਧਰੀ, ਸੁਖਦੇਵ ਸਿੰਘ ਵਣੀਏਕੇ, ਸਾਹਬੀ ਚੈਨਪੁਰ, ਸੁੱਖ ਸ਼ਾਹ ਭਿੱਟੇਵੱਡ, ਸੁਰਜੀਤ ਸਿੰਘ ਰਾਣੀਆਂ, ਗੁਰਜੰਟ ਸਿੰਘ ਮੁੱਧ ਆਦਿ ਹਾਜ਼ਰ ਸਨ।

# ਮੁੱਖ ਖੇਤੀਬਾੜੀ ਅਫਸਰ ਡਾ. ਭੁੱਲਰ ਵੱਲੋਂ ਬਲਾਕ ਮਜੀਠਾ ਦੇ ਸਮੂਹ ਡੀਲਰਾਂ ਨਾਲ ਮੀਟਿੰਗ



ਮਜੀਠਾ (ਸੋਇਮ ਆਨੰਦ)-ਡਾਇਰੈਕਟਰ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਪੰਜਾਬ ਡਾ. ਜਸਵੰਤ ਸਿੰਘ ਦੇ ਦਿਸ਼ਾ ਨਿਰਦੇਸ਼ ਤਹਿਤ ਅਨੁਸਾਰ ਮੁੱਖ ਖੇਤੀਬਾੜੀ ਅਫਸਰ ਡਾ. ਬਲਜਿੰਦਰ ਸਿੰਘ ਭੁੱਲਰ ਨੇ ਬਲਾਕ ਮਜੀਠਾ ਵਿਖੇ ਸਮੂਹ ਬੀਜ, ਕੀਟਨਾਸ਼ਕ ਅਤੇ ਖਾਦਾਂ ਦੇ ਡੀਲਰਾ ਨਾਲ਼ ਮੀਟਿੰਗ ਕਰਕੇ ਸਾਉਣੀ ਦੀਆ ਫਸਲਾ ਸਬੰਧੀ ਵਿਭਾਗ ਵੱਲੋਂ ਹਦਾਇਤਾਂ ਜਾਰੀ ਕੀਤੀਆਂ ਗਈਆਂ।ਡੀਲਰਾਂ ਨੂੰ ਕਿਹਾ ਗਿਆ ਕਿ ਝੋਨੇ ਦੇ ਹਾਈਬ੍ਰਿਡ ਬੀਜਾ, ਪੂਸਾ 44 ਦੀ ਸੇਲ ਨਾ ਕੀਤੀ ਜਾਵੇ ਅਤੇ ਖਾਦਾਂ ਸਹੀ ਰੇਟ ਉਤੇ ਕਿਸਾਨਾਂ ਨੂੰ ਸੇਲ ਕੀਤੀਆਂ ਜਾਣ ਅਤੇ ਖਾਦਾਂ ਨਾਲ ਹੋਰ ਕੋਈ ਗੈਰ ਜ਼ਰੂਰੀ ਵਸਤੂ ਦੀ ਟੈਗਿੰਗ ਨਾ ਕੀਤੀ ਜਾਵੇ ਅਤੇ ਖਾਦਾਂ ਦਾ ਸਟਾਕ ਰੋਜ਼ਾਨਾ ਸਟਾਕ ਬੋਰਡ ਤੇ ਲਿਖਿਆ ਜਾਵੇ ਅਤੇ ਪੀਓਐੱਸ ਮਸ਼ੀਨਾਂ ਦਾ ਸਟਾਕ ਨਾਲ ਦੀ ਨਾਲ ਕਲੀਅਰ ਕੀਤਾ ਜਾਵੇ। ਇਸ ਮੌਕੇ ਡਾ. ਦਿਲਬਾਗ ਸਿੰਘ ਭੱਟੀ ਖੇਤੀਬਾੜੀ ਅਫਸਰ ਮਜੀਠਾ ਨੇ ਡੀਲਰਾਂ ਨੂੰ ਹਦਾਇਤ ਦਿੱਤੀ ਕਿ ਕਿਸਾਨ ਨੂੰ ਸੇਲ ਕੀਤੀ ਦਵਾਈ ਦਾ ਪੱਕਾ ਬਿੱਲ ਜ਼ਰੂਰ ਦਿੱਤਾ ਜਾਵੇ ਅਤੇ ਦਵਾਈ ਨੂੰ ਸਹੀ ਵਿਧੀ ਨਾਲ ਸਪਰੇਅ ਕਰਨ ਲਈ ਦੱਸਿਆ ਜਾਵੇ ।ਇਸ ਮੌਕੇ ਡਾ. ਹਰਜਿੰਦਰ ਸਿੰਘ ਖੇਤਬਾੜੀ ਵਿਕਾਸ ਅਫਸਰ, ਏਈਓ ਅਮਰਦੀਪ ਸਿੰਘ ਅਤੇ ਦਵਿੰਦਰ ਸਿੰਘ, ਸਰਨਜੀਤ ਸਿੰਘ, ਕਮਲ ਕਾਹਲੋਂ, ਲਵਪ੍ਰੀਤ ਸਿੰਘ ਬੀਟੀਐੱਮ, ਤਿਲਕ ਰਾਜ, ਜਸ਼ਨਪ੍ਰੀਤ ਕੌਰ, ਰਵਨੀਤ ਸਿੰਘ, ਕਰਮਨਜੀਤ ਸਿੰਘ, ਸੁਖਵਿੰਦਰ ਸਿੰਘ, ਧਰਮਿੰਦਰ ਸਿੰਘ ਸਮੇਤ ਬਲਾਕ ਮਜੀਠਾ ਅਧੀਨ ਆਉਂਦੇ ਸਮੂਹ ਡੀਲਰ ਹਾਜ਼ਰ ਸਨ।

# 'ਸਮਾਜ ਦੀ ਲੰਮੇਰੀ ਉਮਰ ਤੇ ਸ਼ੁੱਧ ਵਾਤਾਵਰਣ ਲਈ ਪੱਤਰਕਾਰਾਂ ਸਮੇਤ ਸਮਾਜ ਸੇਵੀ ਤੇ ਧਾਰਮਿਕ ਸੰਸਥਾਵਾਂ ਅੱਗੇ ਆਉਣ'



ਅਜਨਾਲਾ (ਸੁਖਤਿੰਦਰ ਸਿੰਘ ਰਾਜੂ ਅਜਨਾਲਾ)- ਹਲਕਾ ਵਿਧਾਇਕ ਤੇ ਕੈਬਨਿਟ ਮੰਤਰੀ ਪੰਜਾਬ ਕੁਲਦੀਪ ਸਿੰਘ ਧਾਲੀਵਾਲ ਦੇ ਮੀਡੀਆ ਸਲਾਹਕਾਰ ਐੱਸ. ਪ੍ਰਸ਼ੋਤਮ ਦੀ ਅਗਵਾਈ 'ਚ ਇਤਿਹਾਸਕ ਕਸਬਾ ਰਮਦਾਸ ਵਿਖੇ ਪੱਤਰਕਾਰਾਂ ਸੰਗ ਮਿਲਣੀ, ਧੰਨਵਾਦ, ਸਨਮਾਨ ਤੇ ਵਣ ਮਹਾਂਉਤਸਵ ਸਮਾਰੋਹ ਕਰਵਾਇਆ ਗਿਆ, ਜਿਸ 'ਚ ਪੰਜਾਬ ਸਰਕਾਰ ਦੇ ਡਿਪਟੀ ਐਡਵੋਕੇਟ ਜਨਰਲ ਰਜੀਵ ਮਦਾਨ ਬਤੌਰ ਵਿਸ਼ੇਸ਼ ਮਹਿਮਾਨ ਵਜੋਂ ਮੌਜੂਦ ਸਨ, ਜਦੋਂਕਿ ਪ੍ਰਧਾਨਗੀ ਆਮ ਆਦਮੀ ਪਾਰਟੀ ਸ਼ਹਿਰੀ ਰਮਦਾਸ ਦੇ ਪ੍ਰਧਾਨ ਹਰਪਾਲ ਸਿੰਘ ਨੇ ਕੀਤੀ।ਸਮਾਰੋਹ ਦੇ ਵਣ ਮਹਾਂਉਤਸਵ ਪੜਾਅ ਦੌਰਾਨ 'ਹਰ ਮਨੁੱਖ ਲਾਵੇ ਇਕ ਰੁੱਖ' ਦੇ ਨਾਅਰੇ ਨਾਲ ਮੀਡੀਆ ਸਲਾਹਕਾਰ ਐੱਸ ਪ੍ਰਸ਼ੋਤਮ ਨੇ ਇਕ ਪੌਦਾ ਲਗਾ ਕੇ ਰੁੱਖ ਲਗਾਉਣ ਮੁਹਿੰਮ ਦੇ ਆਗਾਜ਼ ਮੌਕੇ ਪੱਤਰਕਾਰਾਂ ਸਮੇਤ ਸਮਾਜ ਸੇਵੀਆਂ ਤੇ ਧਾਰਮਿਕ ਸੰਗਠਨਾਂ ਨੂੰ ਸੱਦਾ ਦਿੱਤਾ ਕਿ ਆਪੋ ਆਪਣੇ ਖੇਤਰ 'ਚ ਬੇਹਤਰੀਨ ਸੇਵਾਵਾਂ ਦੇਣ ਦੇ ਨਾਲ ਸਮਾਜ ਦੀ ਲੰਮੇਰੀ ਉਮਰ ਤੇ ਸ਼ੁੱਧ ਵਾਤਾਵਰਣ ਦੀ ਬਹਾਲੀ ਲਈ ਰੁੱਖ ਲਗਾਉਣ ਤੇ ਰੁੱਖਾਂ ਦਾ ਪਾਲਣ ਪੋਸ਼ਣ ਦੀ ਇੱਕ ਉਚੀ ਸੁੱਚੀ ਲਹਿਰ ਉਸਾਰੀ ਲਈ ਪਹਿਲਕਦਮੀ ਕੀਤੀ ਜਾਵੇ।ਵਿਸ਼ੇਸ਼ ਮਹਿਮਾਨ ਡਿਪਟੀ ਐਡਵੋਕੇਟ ਜਨਰਲ ਰਜੀਵ ਮਦਾਨ ਨੇ ਰੁੱਖਾਂ ਦੀ ਮਨੁੱਖ ਦੇ ਜਨਮ ਤੋਂ ਅੰਤ ਤੱਕ ਦੀ ਮਹੱਤਤਾ ਤੇ ਵਿਸਥਾਰ ਨਾਲ ਚਾਨਣਾ ਪਾਉਂਦਿਆਂ ਪੰਜਾਬ 'ਚ ਲੋੜੀਂਦੇ ਹਰੇ ਭਰੇ ਜੰਗਲ ਰੱਖੇ ਜਾਣ ਦੇ ਕਾਨੂੰਨੀ ਨੁਕਤੇ ਸਾਂਝੇ ਕੀਤੇ ਤੇ ਰੁੱਖਾਂ ਦੀ ਗੈਰ ਕਾਨੂੰਨੀ ਕਟਾਈ ਮੌਕੇ ਦਰਜ ਹੁੰਦੇ ਵੱਖ-ਵੱਖ ਧਾਰਾਵਾਂ ਹੇਠ ਮੁਕੱਦਮਿਆਂ ਤੇ ਸਜ਼ਾਵਾਂ ਬਾਰੇ ਵੀ ਜਾਣਕਾਰੀ ਸਾਂਝੀ ਕੀਤੀ।ਇਸ ਤੋਂ ਪਹਿਲਾਂ ਪੱਤਰਕਾਰਾਂ ਸੰਗ ਮਿਲਣੀ ਦੌਰਾਨ ਫੀਲਡ ਪੱਤਰਕਾਰਾਂ ਨੂੰ ਦਰਪੇਸ਼ ਚੁਣੌਤੀਆਂ ਤੇ ਨਿੱਠ ਕੇ ਚਰਚਾ ਹੋਈ ਅਤੇ ਮੀਡੀਆ ਸਲਾਹਕਾਰ ਐਸ ਪ੍ਰਸ਼ੋਤਮ ਨੇ ਭਰੋਸਾ ਦਿੱਤਾ ਕਿ ਕੈਬਨਿਟ ਮੰਤਰੀ ਧਾਲੀਵਾਲ ਨਾਲ ਪੱਤਰਕਾਰਾਂ ਨੂੰ ਦਰਪੇਸ਼ ਸਥਾਨਕ ਦਿੱਕਤਾਂ ਤੋਂ ਜਾਣੂੰ ਕਰਵਾ ਕੇ ਹੱਲ ਕਰਵਾ ਦਿੱਤਾ ਜਾਵੇਗਾ। ਸਮਾਰੋਹ 'ਚ ਕੈਬਨਿਟ ਮੰਤਰੀ ਧਾਲੀਵਾਲ ਤੇ ਹਲਕਾ ਪੱਧਰੀ ਸਿੱਖਿਆ ਕੋਆਰਡੀਨੇਟਰ ਅਮਨਦੀਪ ਕੌਰ ਧਾਲੀਵਾਲ ਦੀ ਅਗਵਾਈ 'ਚ ਹੋਈਆਂ ਯੁੱਧ ਨਸ਼ਿਆਂ ਵਿਰੁੱਧ ਨਸ਼ਾ ਮੁਕਤੀ ਯਾਤਰਾਵਾਂ ਅਤੇ ਸਿੱਖਿਆ ਕ੍ਰਾਂਤੀ ਰੈਲ਼ੀਆਂ ਦੀ ਕਵਰੇਜ ਲਈ ਪੱਤਰਕਾਰਾਂ ਵੱਲੋਂ ਨਿਭਾਈਆਂ ਗਈਆਂ ਸੇਵਾਵਾਂ ਦੀ ਸ਼ਲਾਘਾ ਤੇ ਧੰਨਵਾਦ ਕਰਦਿਆਂ ਪੱਤਰਕਾਰਾਂ ਨੂੰ ਸਨਮਾਨਿਤ ਕੀਤਾ ਗਿਆ।ਇਸ ਮੌਕੇ ਪ੍ਰੈੱਸ ਕਲੱਬ ਰਮਦਾਸ ਦੇ ਪ੍ਰਧਾਨ ਜਸਵੰਤ ਸਿੰਘ ਵਾਹਲਾ, ਜਸਵਿੰਦਰ ਸੰਧੂ, ਹਰਪਾਲ ਸਿੰਘ , ਡਾ: ਸਵਿੰਦਰ ਸਿੰਘ, ਜਗਜੀਤ ਸਿੰਘ ਗੋਰੇਨੰਗਲ, ਡਾ. ਲਖਣ ਸ਼ਰਮਾ, ਬਲਜਿੰਦਰ ਆਵਾਨ, ਦਿਲਬਾਗ ਸਿੰਘ, ਸੁਰਿੰਦਰਪਾਲ ਵਿੱਕੀ, ਅਜੇ ਕੁਮਾਰ ਸ਼ਰਮਾ, ਰਣਜੀਤ ਸਿੰਘ, ਐਡਵੋਕੇਟ ਚਰਨਜੀਤ ਸਿੰਘ ਹੁੰਦਲ, ਪੰਕਜ ਸਿੰਘ ਆਦਿ ਮੌਜੂਦ ਸਨ।

# ਮੁੱਖ ਮੰਤਰੀ ਮਾਨ ਦੇ ਇਤਿਹਾਸਕ ਕਿਰਤ ਸੁਧਾਰਾਂ ਨੇ ਛੋਟੇ ਵਪਾਰੀਆਂ ਨੂੰ ਵੱਡੀ ਰਾਹਤ ਦਿੱਤੀ : ਰੰਧਾਵਾ




ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਬੀਤੇ ਦਿਨੀਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪੰਜਾਬ ਕੈਬਨਿਟ ਮੀਟਿੰਗ ਦੌਰਾਨ ਛੋਟੇ ਦੁਕਾਨਦਾਰਾਂ ਦੇ ਹੱਕ ਵਿੱਚ ਲਏ ਗਏ ਮਹੱਤਵਪੂਰਨ ਫ਼ੈਸਲਿਆਂ ਦਾ ਸਵਾਗਤ ਕਰਦਿਆਂ ਡੇਰਾ ਬਾਬਾ ਨਾਨਕ ਦੇ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਸਰਕਾਰ ਦੇ ਫ਼ੈਸਲੇ ਨੂੰ ਇਤਿਹਾਸਕ ਅਤੇ ਕਾਰੋਬਾਰ-ਅਨੁਕੂਲ ਦੱਸਿਆ ਹੈ।ਪੰਜਾਬ ਸਰਕਾਰ ਦਾ ਧੰਨਵਾਦ ਕਰਦਿਆਂ ਉਨ੍ਹਾਂ ਕਿਹਾ ਕਿ ਇਹ ਫ਼ੈਸਲੇ ਛੋਟੇ ਦੁਕਾਨਦਾਰਾਂ ਨੂੰ ਲੋੜੀਂਦੀ ਰਾਹਤ ਪ੍ਰਦਾਨ ਕਰਨਗੇ ਅਤੇ ਆਮਦਨ ਦੇ ਮੌਕੇ ਵਧਾਉਣ ਤੋਂ ਇਲਾਵਾ ਸੁਖਾਲੇ ਢੰਗ ਕਾਰੋਬਾਰ ਸਥਾਪਤ ਕਰਨ ਅਤੇ ਕਿਰਤੀ ਵਰਗ ਦੇ ਜੀਵਨ ਪੱਧਰ ਨੂੰ ਉੱਚਾ ਚੁੱਕਣ ਵਿੱਚ ਮਦਦ ਕਰਨਗੇ।ਉਨ੍ਹਾਂ ਨੇ ਕਿਹਾ ਕਿ ਪੰਜਾਬ ਦੁਕਾਨਾਂ ਅਤੇ ਵਪਾਰਕ ਸਥਾਪਨਾ ਐਕਟ, 1958 ਵਿੱਚ ਸੋਧਾਂ ਰਾਹੀਂ ਰਾਜ ਭਰ ਦੇ ਲਗਭਗ 95 ਫ਼ੀਸਦੀ ਛੋਟੇ ਦੁਕਾਨਦਾਰਾਂ ਅਤੇ ਵਪਾਰੀਆਂ ਨੂੰ ਵੱਡੀ ਰਾਹਤ ਮਿਲੇਗੀ। ਉਨ੍ਹਾਂ ਕਿਹਾ ਕਿ ਲੰਬੇ ਸਮੇਂ ਤੋਂ ਛੋਟੇ ਕਾਰੋਬਾਰਾਂ ਵਿੱਚ ਪੁਰਾਣੀਆਂ ਗੁੰਝਲਦਾਰ ਪ੍ਰਕਿਰਿਆਵਾਂ ਅਤੇ ਲਾਲ ਫੀਤਾਸ਼ਾਹੀ ਕਾਰਨ ਖੜੋਤ ਆਈ ਹੋਈ ਸੀ।ਰਾਜ ਸਰਕਾਰ ਦਾ ਫ਼ੈਸਲਾ ਵਪਾਰਕ ਕਾਰਜਾਂ ਨੂੰ ਸਰਲ ਬਣਾਉਣ, ਕਾਨੂੰਨੀ ਪੇਚੀਦਗੀਆਂ ਨੂੰ ਘਟਾਉਣ ਅਤੇ ਪੰਜਾਬ ਦੇ ਕਿਰਤੀ ਵਰਗ ਨੂੰ ਵਧੇਰੇ ਸਹਾਇਕ ਤੇ ਸਾਜ਼ਗਾਰ ਮਾਹੌਲ ਪ੍ਰਦਾਨ ਕਰਨ ਵਾਲਾ ਹੈ।ਸ ਰੰਧਾਵਾ ਨੇ ਕਿਹਾ ਕਿ ਇਹ ਸੁਧਾਰ, ਕਾਰੋਬਾਰੀ ਸੌਖ ਅਤੇ ਕਰਮਚਾਰੀ ਭਲਾਈ ਵਿਚਕਾਰ ਸਹੀ ਤੇ ਵਾਜਬ ਸੰਤੁਲਨ ਬਣਾਉਂਦੇ ਹਨ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਕਰਮਚਾਰੀਆਂ ਲਈ ਵੱਧ ਤੋਂ ਵੱਧ ਪ੍ਰਵਾਨਿਤ ਓਵਰਟਾਈਮ 50 ਘੰਟਿਆਂ ਤੋਂ ਵਧਾ ਕੇ 144 ਘੰਟੇ ਪ੍ਰਤੀ ਤਿਮਾਹੀ ਕਰ ਦਿੱਤਾ ਗਿਆ ਹੈ।ਰੋਜ਼ਾਨਾ ਕੰਮ ਕਰਨ ਦੇ ਘੰਟਿਆਂ ਨੂੰ 12 ਘੰਟੇ ਤੱਕ ਵਧਾ ਦਿੱਤਾ ਗਿਆ ਹੈ, ਜਿਸ ਵਿੱਚ ਆਰਾਮ ਦਾ ਸਮਾਂ ਵੀ ਸ਼ਾਮਲ ਹੈ ਅਤੇ ਦਿਨ ਵਿੱਚ 9 ਘੰਟੇ ਜਾਂ ਹਫ਼ਤੇ ਵਿੱਚ 48 ਘੰਟਿਆਂ ਤੋਂ ਵੱਧ ਕਿਸੇ ਵੀ ਕੰਮ ਲਈ ਨਿਯਮਤ ਦਰ ਤੋਂ ਦੁੱਗਣੀ ਦਰ 'ਤੇ ਮੁਆਵਜ਼ਾ ਦਿੱਤਾ ਜਾਣਾ ਜ਼ਰੂਰੀ ਹੈ।ਵਿਧਾਇਕ ਰੰਧਾਵਾ ਨੇ ਕਿਹਾ ਕਿ 20 ਕਰਮਚਾਰੀਆਂ ਵਾਲੇ ਵਪਾਰਕ ਅਦਾਰਿਆਂ ਨੂੰ ਹੁਣ ਕੰਮ ਸ਼ੁਰੂ ਕਰਨ ਲਈ ਕਿਸੇ ਵੀ ਸਰਕਾਰੀ ਪ੍ਰਵਾਨਗੀ ਦੀ ਲੋੜ ਨਹੀਂ ਹੋਵੇਗੀ।ਇਸ ਫ਼ੈਸਲੇ ਨਾਲ ਰਾਜ ਭਰ ਦੇ ਹਜ਼ਾਰਾਂ ਛੋਟੇ ਕਾਰੋਬਾਰਾਂ ਨੂੰ ਲਾਭ ਹੋਵੇਗਾ। 20 ਤੋਂ ਵੱਧ ਕਰਮਚਾਰੀਆਂ ਵਾਲੀਆਂ ਵਪਾਰਕ ਇਕਾਈਆਂ ਲਈ ਸਰਕਾਰ ਨੇ ਯਕੀਨੀ ਬਣਾਇਆ ਹੈ ਕਿ ਮਹਿਜ਼ 24 ਘੰਟਿਆਂ ਦੇ ਅੰਦਰ ਲੋੜੀਂਦੀ ਮਨਜ਼ੂਰੀ ਦਿੱਤੀ ਜਾਵੇਗੀ ਜਿਸ ਨਾਲ ਅਫ਼ਸਰਸ਼ਾਹੀ ਖ਼ਤਮ ਹੋਵੇਗੀ ਅਤੇ ਮਨਜ਼ੂਰੀ ਦੀ ਪ੍ਰਕਿਰਿਆ ਵਿੱਚ ਤੇਜ਼ੀ ਆਵੇਗੀ।ਉਨ੍ਹਾਂ ਕਿਹਾ ਕਿ ਇਹ ਫ਼ੈਸਲੇ ਮੁੱਖ ਮੰਤਰੀ ਮਾਨ ਦੇ ਭ੍ਰਿਸ਼ਟਾਚਾਰ-ਮੁਕਤ, ਕਾਰੋਬਾਰ-ਅਨੁਕੂਲ ਪੰਜਾਬ ਦੀ ਸਪਸ਼ਟ ਸੋਚ ਨੂੰ ਦਰਸਾਉਂਦੇ ਹਨ। ਬੇਲੋੜੀਆਂ ਰੁਕਾਵਟਾਂ ਨੂੰ ਦੂਰ ਕਰਕੇ ਅਤੇ ਛੋਟੇ ਕਾਰੋਬਾਰਾਂ ਨੂੰ ਆਜ਼ਾਦੀ ਦੇ ਕੇ, ਰਾਜ ਸਰਕਾਰ ਨੇ ਜ਼ਮੀਨੀ ਪੱਧਰ 'ਤੇ ਸੂਬੇ ਦੀ ਆਰਥਿਕਤਾ ਨੂੰ ਮਜ਼ਬੂਤ ਕਰਨ ਵੱਲ ਇੱਕ ਹੋਰ ਠੋਸ ਕਦਮ ਚੁੱਕਿਆ ਹੈ।

# 'ਆਪ' ਤੋਂ ਨਿਰਾਸ਼ ਪੰਜਾਬ ਦੇ ਲੋਕ '2027' ਦੀਆਂ ਚੋਣਾਂ ਦੀ ਉਡੀਕ 'ਚ : ਰੰਧਾਵਾ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਆਮ ਲੋਕਾਂ ਦੀਆਂ ਸਮੱਸਿਆਂਵਾਂ ਤੇ ਭਲਾਈ ਸਕੀਮਾਂ ਸਮੇਤ ਮਹਿਲਾਵਾਂ ਨੂੰ ਇੱਕ ਹਜ਼ਾਰ ਰੁਪਏ ਪ੍ਰਤੀ ਮਹੀਨਾ ਤੇ ਪੱਚੀ ਸੌ ਰੁਪਏ ਪੈਨਸ਼ਨ ਦੀ ਗਰੰਟੀ ਦੇ ਮੁਹੱਲਿਆਂ/ਵਾਰਡਾਂ ਵਿੱਚ ਬੈਠ ਕੇ ਫਾਰਮ ਭਰ ਕੇ ਬਦਲਾਅ ਲਿਆਉਣ ਦਾ ਹੋਕਾ ਦੇ ਕੇ ਸੱਤਾ ਵਿੱਚ ਆਈ ਆਮ ਆਦਮੀ ਪਾਰਟੀ ਦੀ ਸਰਕਾਰ ਹੁਣ ਖਾਸ ਪਾਰਟੀ ਬਣ ਚੁੱਕੀ ਹੈ।ਪਹਿਲੀ ਵਾਰ ਬਣੇ ਕਈ ਵਿਧਾਨ ਸਭਾ ਦੇ ਵਿਧਾਇਕਾਂ ਦੇ ਸਾਈਕਲ ਚਲਾ ਕੇ ਸੈਸ਼ਨ ਵਿੱਚ ਜਾਣਾ ਹੋਵੇ ਜਾਂ ਤਨਖਾਹ ਨਾ ਲੈਣ ਦੀ ਸ਼ੋਸ਼ੇਬਾਜ਼ੀ ਦੇ ਚਾਅ ਵੀ ਜਲਦੀ ਪੂਰੇ ਹੋ ਗਏ। ਪੰਜਾਬ ਸਰਕਾਰ ਕਦੇ ਮੁਹੱਲਾ ਕਲੀਨਿਕਾਂ, ਲੋਕ ਸਭਾ ਜ਼ਿਮਨੀ ਚੋਣਾਂ, ਕਦੇ ਸਿੱਖਿਆ ਕ੍ਰਾਂਤੀ, ਕਦੇ ਯੁੱਧ ਨਸ਼ਿਆਂ ਵਿਰੁੱਧ ਤੇ ਕਦੇ ਦੂਜੇ ਸੂਬਿਆਂ ਵਿੱਚ ਪੈਰ ਜਮਾਉਣ ਲਈ ਡੰਗ ਟਪਾਊ ਮੁਹਿੰਮਾਂ ਚਲਾਉਣ ਤੱਕ ਹੀ ਸੀਮਤ ਰਹਿ ਗਈ ਹੈ।

ਉਪਰੋਕਤ ਸ਼ਬਦਾਂ ਦਾ ਪ੍ਰਗਟਾਵਾ ਪਿੰਡ ਨਬੀਨਗਰ 'ਚ ਮੈਡਮ ਹਰਜਿੰਦਰ ਕੌਰ ਦੇ ਘਰ ਰੱਖੀ ਵਰਕਰਾਂ ਦੀ ਮੀਟਿੰਗ ਤੋਂ ਬਾਅਦ ਗੱਲਬਾਤ ਕਰਦਿਆਂ ਸੀਨੀਅਰ ਕਾਂਗਰਸੀ ਆਗੂ ਇੰਦਰਜੀਤ ਸਿੰਘ ਰੰਧਾਵਾ ਵੱਲੋਂ ਕੀਤਾ ਗਿਆ।ਇੰਦਰਜੀਤ ਰੰਧਾਵਾ ਨੇ ਕਿਹਾ ਕਿ ਇਹ ਹਕੀਕਤ ਹੈ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਪੰਜਾਬ 'ਚ ਪੂਰੀ ਤਰ੍ਹਾਂ ਫੇਲ੍ਹ ਹੋ ਚੁੱਕੀ ਹੈ।ਸੂਬੇ ਦੇ ਲੋਕ ਵਿਧਾਨ ਸਭਾ 2027 ਦੀਆਂ ਚੋਣਾਂ ਦੀ ਉਡੀਕ ਕਰ ਰਹੇ ਹਨ।ਇਸ ਮੌਕੇ ਨੌਜਵਾਨ ਕਾਂਗਰਸੀ ਆਗੂ ਰੂਪਤੇਜਿੰਦਰ ਸਿੰਘ ਨਿਕੋਸਰਾਂ, ਸਰਬਜੀਤ ਸਿੰਘ ਨਬੀਨਗਰ, ਡਾ. ਜਸਵੰਤ ਸਿੰਘ ਮੰਗੀਆਂ, ਡਾ. ਰਛਪਾਲ ਸਿੰਘ ਸ਼ਾਹਪੁਰ ਗੁਰਾਇਆ, ਸੰਤੋਖ ਸਿੰਘ ਸ਼ਾਮਪੁਰਾ ਤੇ ਹੋਰ ਕਾਂਗਰਸੀ ਵਰਕਰ ਹਾਜ਼ਰ ਸਨ।

# ਕਮਿਸ਼ਨਰ ਔਲਖ ਤੇ ਵਿਧਾਇਕਾ ਜੀਵਨਜੋਤ ਕੌਰ ਵੱਲੋਂ ਵਿਕਾਸ ਕਾਰਜਾਂ ਦਾ ਨਿਰੀਖਣ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਮਿਉਂਸਿਪਲ ਕਾਰਪੋਰੇਸ਼ਨ ਅੰਮ੍ਰਿਤਸਰ ਦੇ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਸ਼ਹਿਰ ਵਿੱਚ ਹੋ ਰਹੇ ਵਿਕਾਸ ਕਾਰਜਾਂ ਦੀ ਲਗਾਤਾਰ ਨਿਗਰਾਨੀ ਕਰ ਰਹੇ ਹਨ। ਕਮਿਸ਼ਨਰ ਅਤੇ ਹਲਕਾ ਪੂਰਬੀ ਤੋਂ ਵਿਧਾਇਕ ਮੈਡਮ ਜੀਵਨਜੋਤ ਕੌਰ ਨੇ ਗੋਲਡਨ ਗੇਟ ਖੇਤਰ ਦਾ ਸਾਂਝਾ ਦੌਰਾ ਕੀਤਾ ਅਤੇ ਉੱਥੇ ਚੱਲ ਰਹੇ ਵਿਕਾਸ ਕਾਰਜਾਂ ਦੀ ਜਾਂਚ ਕੀਤੀ। ਇਹ ਵਿਕਾਸ ਕਾਰਜ ਪਹਿਲਾਂ ਉਹਨਾਂ ਦੁਆਰਾ ਉਦਘਾਟਨ ਕੀਤੇ ਗਏ ਸਨ ਜੋ ਪੂਰਬੀ ਹਲਕੇ ਦੀਆਂ ਕਈ ਕਾਲੋਨੀਆਂ ਨੂੰ ਲਾਭ ਪਹੁੰਚਾਉਣਗੇ। ਐਸ.ਈ. ਸੰਦੀਪ ਸਿੰਘ ਅਤੇ ਹੋਰ ਅਧਿਕਾਰੀ ਵੀ ਮੌਜੂਦ ਸਨ।

ਕਮਿਸ਼ਨਰ ਗੁਲਪ੍ਰੀਤ ਸਿੰਘ ਨੇ ਪੱਤਰਕਾਰਾਂ ਨੂੰ ਦੱਸਿਆ ਕਿ ਗੋਲਡਨ ਗੇਟ ਅੰਮ੍ਰਿਤਸਰ ਸ਼ਹਿਰ ਵਿੱਚ ਪ੍ਰਵੇਸ਼ ਦਾ ਮੁੱਖ ਦਰਵਾਜ਼ਾ ਹੈ ਅਤੇ ਹਰ ਰੋਜ਼ ਹਜ਼ਾਰਾਂ ਸ਼ਰਧਾਲੂ ਗੋਲਡਨ ਟੈਂਪਲ ਅਤੇ ਦੁਰਗਿਆਣਾ ਮੰਦਰ ਵਿਖੇ ਮੱਥਾ ਟੇਕਣ ਲਈ ਆਉਂਦੇ ਹਨ। ਉਨ੍ਹਾਂ ਕਿਹਾ ਕਿ ਗੋਲਡਨ ਗੇਟ ਦੀ ਪੇਂਟਿੰਗ ਦਾ ਕੰਮ ਪਹਿਲਾਂ ਅੰਮ੍ਰਿਤਸਰ ਸਮਾਰਟ ਸਿਟੀ ਲਿਮਟਿਡ ਦੇ ਅਧੀਨ 44 ਲੱਖ ਰੁਪਏ ਦੀ ਲਾਗਤ ਨਾਲ ਸ਼ੁਰੂ ਕੀਤਾ ਗਿਆ ਸੀ। ਉਨ੍ਹਾਂ ਨੇ ਮੈਡਮ ਜੀਵਨਜੋਤ ਕੌਰ ਦੇ ਨਾਲ ਮਿਲ ਕੇ ਉਸ ਸਥਾਨ ਦਾ ਦੌਰਾ ਕਰਕੇ ਚੱਲ ਰਹੇ ਕੰਮ ਦੀ ਜਾਂਚ ਕੀਤੀ। ਉਨ੍ਹਾਂ ਗੋਲਡਨ ਗੇਟ ਤੋਂ ਲੈ ਕੇ ਅਲਫਾ ਵਨ ਮਾਲ ਤੱਕ ਦੀ ਮੁੱਖ ਸੜਕ ਅਤੇ ਸੜਕ ਦੇ ਦੋਨੋਂ ਪਾਸਿਆਂ ਦੀ ਸਫਾਈ ਅਤੇ ਘਾਹ-ਝਾੜ ਦੀ ਕਟਾਈ ਦਾ ਵੀ ਨਿਰੀਖਣ ਕੀਤਾ।

ਉਨ੍ਹਾਂ ਅਧਿਕਾਰੀਆਂ ਨੂੰ ਆਦੇਸ਼ ਦਿੱਤੇ ਕਿ ਸਾਰੇ ਰਸਤੇ ਸਾਫ-ਸੁਥਰੇ ਹੋਣ ਅਤੇ ਕਿਸੇ ਵੀ ਥਾਂ ਤੇ ਮਲਬਾ ਜਾਂ ਕੂੜਾ-ਕਰਕਟ ਨਾ ਹੋਵੇ। ਸਾਰੀਆਂ ਸਟਰੀਟ ਲਾਈਟਾਂ ਚਾਲੂ ਹੋਣੀ ਚਾਹੀਦੀਆਂ ਹਨ।

ਕਮਿਸ਼ਨਰ ਨੇ ਭਰੋਸਾ ਦਿਵਾਇਆ ਕਿ ਮਿਉਂਸੀਪਲ ਕਾਰਪੋਰੇਸ਼ਨ ਅੰਮ੍ਰਿਤਸਰ ਦੀ ਟੀਮ ਸ਼ਹਿਰ ਦੇ ਨਾਗਰਿਕਾਂ ਨੂੰ ਸਾਰੀਆਂ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣ ਲਈ ਦਿਨ-ਰਾਤ ਕੰਮ ਕਰ ਰਹੀ ਹੈ ਅਤੇ ਸ਼ਹਿਰ ਦੇ ਵਿਕਾਸ ਵਿੱਚ ਕੋਈ ਕਸਰ ਨਹੀਂ ਛੱਡੀ ਜਾਵੇਗੀ।

# ਪੰਜਾਬ ਸਰਕਾਰ ਦੀ ਵਾਅਦਾ-ਖਿਲਾਫੀ ਵਿਰੁੱਧ ਆਂਗਣਵਾੜੀ ਵਰਕਰਾਂ 'ਚ ਭਾਰੀ ਰੋਸ : ਚਾਹਲ



ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਸਰਵ ਆਂਗਣਵਾੜੀ ਵਰਕਰ ਹੈਲਪਰ ਯੂਨੀਅਨ ਪੰਜਾਬ ਵੱਲੋਂ ਪੰਜਾਬ ਸਰਕਾਰ ਦੀ ਵਾਅਦਾ ਖਿਲਾਫੀ ਵਿਰੁੱਧ 13 ਜੂਨ ਨੂੰ ਲੁਧਿਆਣਾ ਪੱਛਮੀ ਵਿਖੇ ਵਿਸ਼ਾਲ ਰੋਸ਼ ਪ੍ਰਦਰਸ਼ਨ ਕੀਤਾ ਜਾਵੇਗਾ। ਇਸ ਸਬੰਧੀ ਯੂਨੀਅਨ ਦੀ ਜ਼ਿਲ੍ਹਾ ਗੁਰਦਾਸਪੁਰ ਦੀ ਪ੍ਰਧਾਨ ਕੰਵਲਜੀਤ ਕੌਰ ਚਾਹਲ ਨੇ ਇਥੇ ਜਾਰੀ ਪ੍ਰੈੱਸ ਬਿਆਨ ਵਿੱਚ ਦੱਸਿਆ ਕਿ ਲੰਬੇ ਸਮੇਂ ਤੋਂ ਲਟਕ ਰਹੀਆਂ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਦੀਆਂ ਮੰਗਾਂ ਜਿਵੇਂ ਕਿ ਮਾਣ ਭੱਤਾ ਦੁੱਗਣਾ ਕੀਤਾ ਜਾਵੇ, ਆਂਗਣਵਾੜੀ ਵਰਕਰਾਂ ਨੂੰ ਪ੍ਰੀ ਨਰਸਰੀ ਟੀਚਰ ਦਾ ਦਰਜਾ ਦਿੱਤਾ ਜਾਵੇ, ਤਿੰਨ ਤੋਂ ਛੇ ਸਾਲ ਦੇ ਬੱਚੇ ਵਾਪਸ ਆਂਗਣਵਾੜੀ ਸੈਂਟਰਾਂ ਵਿੱਚ ਭੇਜੇ ਜਾਣ, ਸੁਪਰਵਾਈਜ਼ਰ ਦੀ ਭਰਤੀ ਵਿੱਚ ਵਿੱਦਿਅਕ ਯੋਗਤਾ ਨੂੰ ਵਿਚਾਰਿਆ ਜਾਵੇ, ਆਂਗਣਵਾੜੀ ਵਰਕਰ ਨੂੰ ਸਰਕਾਰੀ ਮੁਲਾਜ਼ਮ ਐਲਾਨਿਆ ਜਾਵੇ, ਘੱਟੋ ਘੱਟ ਉਜਰਤ ਦੇ ਦਾਇਰੇ ਅਧੀਨ ਲਿਆਂਦਾ ਜਾਵੇ, ਪੈਨਸ਼ਨ ਦਿੱਤੀ ਜਾਵੇ ਆਦਿ ਮੰਗਾਂ ਨੂੰ ਸਰਕਾਰ ਵੱਲੋਂ ਅੱਖੋਂ ਪਰੋਖੇ ਕੀਤਾ ਜਾ ਰਿਹਾ ਹੈ ਜਿਸ ਕਾਰਨ ਸੂਬੇ ਭਰ ਦੀਆਂ ਆਂਗਣਵਾੜੀ ਵਰਕਰਾਂ/ਹੈਲਪਰਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਪ੍ਰਧਾਨ ਕੰਵਲਜੀਤ ਕੌਰ ਚਾਹਲ ਨੇ ਕਿਹਾ ਆਪ ਦੀ ਪੰਜਾਬ ਸਰਕਾਰ ਨੇ ਸੱਤਾ ਵਿੱਚ ਆਉਣ ਤੋਂ ਪਹਿਲਾਂ ਚੋਣਾਂ ਦੌਰਾਨ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਨਾਲ ਕੀਤੇ ਵਾਅਦੇ ਸਾਢੇ ਤਿੰਨ ਸਾਲ ਬੀਤ ਜਾਣ ਦੇ ਬਾਵਜੂਦ ਵੀ ਪੂਰੇ ਨਹੀਂ ਕੀਤੇ। ਉਨ੍ਹਾਂ ਦੱਸਿਆ ਕਿ ਯੂਨੀਅਨ ਦੀ ਸੂਬਾ ਪ੍ਰਧਾਨ ਬਰਿੰਦਰਜੀਤ ਕੌਰ ਛੀਨਾ ਵੱਲੋਂ ਅਣਗਿਣਤ ਵਾਰ ਮੁੱਖ ਮੰਤਰੀ ਭਗਵੰਤ ਮਾਨ ਕੋਲੋਂ ਮੀਟਿੰਗ ਦੇ ਸਮੇਂ ਦੀ ਮੰਗ ਕੀਤੀ ਗਈ ਹੈ ਕਿ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਦੇ ਭੱਖਦੇ ਮਸਲਿਆਂ ਨੂੰ ਬੈਠ ਕੇ ਸੁਲਝਾਇਆ ਜਾ ਸਕੇ। ਪਰ ਪੰਜਾਬ ਸਰਕਾਰ ਦੇ ਕੰਨ 'ਤੇ ਜੂੰ ਤੱਕ ਨਹੀਂ ਸਰਕਦੀ। ਇਸ ਕਰਕੇ ਹੁਣ ਜਥੇਬੰਦੀ ਵੱਲੋਂ ਲੁਧਿਆਣਾ ਪੱਛਮੀ ਵਿਖੇ 13 ਜੂਨ ਨੂੰ ਵਿਸ਼ਾਲ ਰੋਸ ਪ੍ਰਦਰਸ਼ਨ ਕਰਨ ਦਾ ਐਲਾਨ ਕੀਤਾ ਹੈ। ਜੇ ਫਿਰ ਵੀ ਪੰਜਾਬ ਦੇ ਮੁੱਖ ਮੰਤਰੀ ਅਤੇ ਸਰਕਾਰ ਨੇ ਮੰਗਾਂ ਸੁਲਝਾਉਣ ਲਈ ਮੀਟਿੰਗ ਨਾ ਕੀਤੀ ਤਾਂ ਮਜਬੂਰਨ ਜਥੇਬੰਦੀ ਵੱਲੋਂ ਪੂਰੇ ਪੰਜਾਬ ਵਿੱਚ ਰੋਸ ਪ੍ਰਦਰਸ਼ਨ ਕੀਤੇ ਜਾਣਗੇ, ਜਿਸ ਦੀ ਜ਼ਿੰਮੇਵਾਰ ਪੰਜਾਬ ਸਰਕਾਰ ਦੀ ਹੋਵੇਗੀ।

# ਧਾਨ ਦੀ ਖੇਤੀ 'ਚ ਸਟੈੱਮ ਬੋਰਰਜ਼ ਨੂੰ ਨਿਯੰਤਰਿਤ ਕਰਨ ਲਈ ਬੇਅਰ ਵੱਲੋਂ ਬਾਇਕੋਟਾ ਲਾਂਚ

**ਬਠਿੰਡਾ** :ਖੇਤੀਬਾੜੀ ਅਤੇ ਸਿਹਤ ਸੰਬੰਧੀ ਲਾਈਫ ਸਾਇੰਸ ਦੇ ਖੇਤਰ ਵਿੱਚ ਅਗਵਾਈ ਕਰਨ ਵਾਲੀ ਗਲੋਬਲ ਕੰਪਨੀ ਬੇਅਰ ਨੇ ਬਾਇਕੋਟਾ ਲਾਂਚ ਕਰਨ ਦਾ ਐਲਾਨ ਕੀਤਾ ਹੈ।ਇਹ ਉਤਪਾਦ ਖਾਸ ਤੌਰ ਤੇ ਧਾਨ ਵਿੱਚ ਸਟੈੱਮ ਬੋਰਰ ਕੀੜਿਆਂ ਨਾਲ ਨਜਿੱਠਣ ਵਿੱਚ ਕਿਸਾਨਾਂ ਦੀ ਮਦਦ ਕਰਨ ਲਈ ਤਿਆਰ ਕੀਤਾ ਗਿਆ ਹੈ।ਇਨ੍ਹਾਂ ਨੁਕਸਾਨਦੇਹ ਕੀੜਿਆਂ ਤੋਂ ਬਚਾਅ ਦੇਣ ਲਈ 'ਬਾਇਕੋਟਾ' ਵਿੱਚ ਬੇਅਰ ਦੀ ਵਿਸ਼ੇਸ਼ ਇਨੋਵੇਸ਼ਨ ਸ਼ਾਮਿਲ ਕੀਤੀ ਗਈ ਹੈ। ਬਾਇਕੋਟਾ ਨੂੰ ਜੂਨ 2025 ਤੋਂ ਸਾਰੇ ਧਾਨ ਉਤਪਾਦਕ ਰਾਜਾਂ ਵਿੱਚ ਉਪਲਬਧ ਕਰਵਾਇਆ ਗਿਆ ਹੈ। ਸਟੇਮ ਬੋਰਰਜ਼ ਧਾਨ ਦੀ ਫ਼ਸਲ ਨੂੰ ਕਾਫ਼ੀ ਨੁਕਸਾਨ ਪਹੁੰਚਾ ਸਕਦੇ ਹਨ, ਜਿਸ ਕਾਰਨ ਪੈਦਾਵਾਰ ਘੱਟ ਹੋ ਜਾਂਦੀ ਹੈ।ਬਾਇਕੋਟਾ ਤੇਜ਼ੀ ਨਾਲ ਕੰਮ ਕਰਦਿਆਂ ਇਨ੍ਹਾਂ ਕੀੜਿਆਂ ਦੀ ਖੁਰਾਕ ਨੂੰ ਰੋਕ ਦਿੰਦਾ ਹੈ ਅਤੇ ਲੰਬੇ ਸਮੇਂ ਲਈ ਸੁਰੱਖਿਆ ਪ੍ਰਦਾਨ ਕਰਦਾ ਹੈ।ਲਾਂਚ ਮੌਕੇ ਬੇਅਰ ਦੇ ਚੀਫ ਉਪਰੇਟਿੰਗ ਅਫਸਰ-ਇੰਡੀਆ, ਕਰਾਪ ਸਾਇੰਸ ਡਿਵੀਜ਼ਨ ਮੋਹਨ ਬਾਬੂ ਨੇ ਕਿਹਾ ਕਿ ਬੇਅਰ ਆਪਣੇ ਇਨੋਵੇਸ਼ਨ ਰਾਹੀਂ ਕਿਸਾਨਾਂ ਦੀ ਜ਼ਿੰਦਗੀ ਆਸਾਨ ਬਣਾਉਣ ਲਈ ਯਤਨਸ਼ੀਲ ਹੈ।

# ਜਲਾਲਦੀਵਾਲ ਤੋਂ ਪਿੰਗਲਵਾੜਾ ਅੰਮ੍ਰਿਤਸਰ ਦੇ ਲੰਗਰਾਂ ਲਈ ਕਣਕ ਤੇ ਨਕਦੀ ਭੇਜੀ



ਰਾਏਕੋਟ (ਇਕਬਾਲ ਸਿੰਘ ਫੇਰੂਰਾਈ)-ਭਗਤ ਪੂਰਨ ਸਿੰਘ ਪਿੰਗਲਵਾੜਾ ਅੰਮ੍ਰਿਤਸਰ ਦੇ ਲੰਗਰਾਂ ਲਈ ਭਗਤ ਪੂਰਨ ਸਿੰਘ ਪਿੰਗਲਵਾੜਾ ਸੇਵਾ ਸੁਸਾਇਟੀ ਪਿੰਡ ਜਲਾਲਦੀਵਾਲ ਵੱਲੋਂ ਐਨਆਰਆਈਜ਼, ਪਿੰਡ ਵਾਸੀਆਂ ਦੇ ਸਹਿਯੋਗ ਨਾਲ ਸੁਖਬੀਰ ਸਿੰਘ ਪੂਨੀਆਂ ਦੀ ਅਗਵਾਈ 'ਚ ਇੱਕਠੀ ਕੀਤੀ ਨਕਦ ਰਾਸ਼ੀ, ਕੱਪੜੇ ਤੇ ਕਣਕ ਦਾ ਟਰੱਕ ਲੰਗਰਾਂ ਦੀ ਸੇਵਾ ਲਈ ਭੇਜਿਆ ਗਿਆ।

ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਸੁਖਬੀਰ ਸਿੰਘ ਪੂਨੀਆਂ ਨੇ ਦੱਸਿਆ ਕਿ ਉਹ ਪਿਛਲੇ ਤਕਰੀਬਨ ਪਿਛਲੇ 29 ਸਾਲਾਂ ਤੋਂ ਲਗਾਤਾਰ ਸੰਗਤ ਦੇ ਸਹਿਯੋਗ ਨਾਲ ਕਣਕ, ਕੱਪੜੇ ਅਤੇ ਨਕਦੀ ਭਗਤ ਪੂਰਨ ਸਿੰਘ ਪਿੰਗਲਵਾੜਾ ਅੰਮ੍ਰਿਤਸਰ ਲਈ ਭੇਜਦੇ ਆ ਰਹੇ ਹਨ।

ਉਨ੍ਹਾਂ ਦੱਸਿਆ ਇਸ ਸਾਲ ਵੀ ਉਨ੍ਹਾਂ ਵੱਲੋਂ 100 ਕੁਇੰਟਲ ਕਣਕ, ਕੱਪੜੇ ਤੇ 2 ਲੱਖ 50 ਹਜ਼ਾਰ ਦੀ ਨਕਦ ਰਾਸ਼ੀ ਇੱਕਠੀ ਕਰਕੇ ਦਿੱਤੀ ਗਈ ਹੈ।ਉਨ੍ਹਾਂ ਇਸ ਨੇਕ ਕਾਰਜ ਲਈ ਸਹਿਯੋਗ ਕਰਨ ਵਾਲੇ ਦਾਨੀ ਸੱਜਣਾਂ ਦਾ ਧੰਨਵਾਦ ਕੀਤਾ।ਇਸ ਮੌਕੇ ਸੁਖਵੀਰ ਸਿੰਘ, ਸੁਦਾਗਰ ਸਿੰਘ, ਦਰਸ਼ਨ ਸਿੰਘ ਢਿੱਲੋਂ, ਪ੍ਰੀਤਮ ਸਿੰਘ ਝੂੰਦ, ਗੁਰਜੰਟ ਸਿੰਘ, ਨਿਰਮਲ ਸਿੰਘ, ਚਾਂਦੀ ਰਾਮ ਵਿੱਕੀ, ਦਰਸ਼ਨ ਸਿੰਘ, ਸੁਰਜੀਤ ਸਿੰਘ, ਕੁਲਦੀਪ ਸਿੰਘ ਤਾਜਪੁਰ, ਬਲਜੀਤ ਸਿੰਘ ਤਾਜਪੁਰ, ਜਗਦੇਵ ਸਿੰਘ ਗੋਂਦਵਾਲ, ਇੰਦਰਜੀਤ ਸਿੰਘ ਮੌੜ, ਬਲਰਾਜ ਸਿੰਘ, ਕਰਨੈਲ ਸਿੰਘ ਛੀਨੀਵਾਲ, ਬਰਿੰਦਰ ਸਿੰਘ, ਗੁਰਮਹਿਬ ਸਿੰਘ, ਬਿਕਰਮਜੀਤ ਸਿੰਘ, ਰਣਦੀਪ ਸਿੰਘ, ਅਰਮਾਨ ਸਿੰਘ, ਜਸਪ੍ਰੀਤ ਸਿੰਘ, ਗੁਰਵਿੰਦਰ ਸਿੰਘ, ਮਨਪ੍ਰੀਤ ਸਿੰਘ, ਸਵਰਨ ਸਿੰਘ, ਗੁਰਦੇਵ ਸਿੰਘ, ਕਰਮ ਸਿੰਘ, ਬੱਗਾ ਸਿੰਘ, ਸੁਖਵਿੰਦਰ ਸਿੰਘ ਤਲਵੰਡੀ ਤੋਂ ਇਲਾਵਾ ਹੋਰ ਵੀ ਹਾਜ਼ਰ ਸਨ।

# ਗੁਰਮੀਤ ਸ਼ੁਗਲੀ ਦੇ ਦੇਹਾਂਤ 'ਤੇ ਸ਼ੋਕ ਪ੍ਰਗਟ



**ਲੋਹੀਆਂ ਖਾਸ (ਯੋਗੇਸ਼ਵਰ, ਰੀਨਾ ਸ਼ਰਮਾ)**- ਅੱਧੀ ਸਦੀ ਤੋਂ ਵੱਧ ਦੇ ਵਕਫੇ ਦਰਮਿਆਨ ਆਮ ਦੱਬੇ ਕੁਚਲੇ ਲੋਕਾਂ ਦੀ ਅਵਾਜ਼ ਬੁਲੰਦ ਕਰਨ ਵਾਲਾ ਅਦਾਰਾ 'ਰੋਜ਼ਾਨਾ ਨਵਾਂ ਜ਼ਮਾਨਾ' ਦੀ ਸੰਚਾਲਕ ਸੰਸਥਾ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ ਦੇ ਸਕੱਤਰ ਤੇ ਉੱਘੇ ਕਾਮਰੇਡ ਗੁਰਮੀਤ ਸ਼ੁਗਲੀ ਦੇ ਦੇਹਾਂਤ ਨੇ ਮੀਡੀਆ ਜਗਤ ਵਿੱਚ ਸੋਗ ਦੀ ਲਹਿਰ ਪੈਦਾ ਕਰ ਦਿੱਤੀ ਹੈ। ਬੀਤੀ ਰਾਤ ਐਡਵੋਕੇਟ ਗੁਰਮੀਤ ਸ਼ੁਗਲੀ ਦੇ ਦੇਹਾਂਤ ਦੀ ਖਬਰ ਫੈਲੀ ਤਾਂ ਇਸ ਖਬਰ ਨੂੰ ਸੁਣ ਕੇ ਰਾਜਸੀ, ਧਾਰਮਿਕ ਤੇ ਸੰਘਰਸ਼ਸ਼ੀਲ ਜਥੇਬੰਦੀਆਂ ਦੇ ਆਗੂਆਂ ਸਮੇਤ ਸਮੂਹ ਐਡਵੋਕੇਟ ਗੁਰਮੀਤ ਸ਼ੁਗਲੀ ਦੇ ਪਰਵਾਰ ਨੂੰ ਹਲੂਣ ਕੇ ਰੱਖ ਦਿੱਤਾ। ਇਸ ਮੌਕੇ ਗੱਲਬਾਤ ਕਰਦਿਆਂ ਲੋਹੀਆਂ ਖਾਸ ਦੇ ਫੁਲਵਾੜੀ ਪਬਲਿਕ ਸਕੂਲ ਦੇ ਐੱਮ.ਡੀ ਜਗੀਰ ਜੋਸ਼ਨ ਵੱਲੋਂ ਐਡਵੋਕੇਟ ਗੁਰਮੀਤ ਸ਼ੁਗਲੀ ਦੇ ਦੇਹਾਂਤ 'ਤੇ ਦੁੱਖ ਪ੍ਰਗਟ ਕਰਦੇ ਹੋਏ ਉਨ੍ਹਾਂ ਦੀ ਮੌਤ ਨੂੰ ਕਦੇ ਵੀ ਨਾ ਪੂਰਾ ਹੋਣ ਵਾਲਾ ਘਾਟਾ ਦੱਸਿਆ ਹੈ।ਐੱਮ.ਡੀ ਜਗੀਰ ਜੋਸ਼ਨ ਨੇ ਕਿਹਾ ਕਿ ਕਾਲੇ ਦੌਰ ਵਿੱਚ ਇਸ ਅਖਬਾਰ ਦੇ ਪਰਵਾਰ ਨੇ ਆਮ ਲੋਕਾਂ ਦੀ ਗੱਲ ਕੀਤੀ ਹੈ। ਉਨ੍ਹਾਂ ਵੱਲੋਂ ਐਡਵੋਕੇਟ ਗੁਰਮੀਤ ਸ਼ੁਗਲੀ ਦੀ ਮੌਤ ਨੂੰ ਲੈ ਕੇ ਨਵਾਂ ਜ਼ਮਾਨਾ ਤੇ ਪਰਵਾਰ ਨਾਲ ਡੂੰਘੀ ਹਮਦਰਦੀ ਦਾ ਪ੍ਰਗਟਾਵਾ ਕੀਤਾ ਹੈ। ਲੋਹੀਆਂ ਖਾਸ ਦੇ ਕਾਮਰੇਡ ਬਲਦੇਵ ਰਾਜ ਤੇ ਕਾਮਰੇਡ ਅਵਤਾਰ ਸਿੰਘ ਆਜ਼ਾਦ, ਵੱਲੋਂ ਐਡਵੋਕੇਟ ਗੁਰਮੀਤ ਸ਼ੁਗਲੀ ਜੀ ਦੇ ਦਿਹਾਂਤ 'ਤੇ ਦੁੱਖ ਪ੍ਰਗਟ ਕਰਦੇ ਹੋਏ ਉਨ੍ਹਾਂ ਦੀ ਮੌਤ ਨੂੰ ਕਦੇ ਵੀ ਨਾ ਪੂਰਾ ਹੋਣ ਵਾਲਾ ਘਾਟਾ ਦੱਸਿਆ ਗਿਆ ਹੈ। ਉਨ੍ਹਾਂ ਕਿਹਾ ਕਿ ਸੂਬੇ ਭਰ ਦੇ ਬਹੁਤੇ ਪੱਤਰਕਾਰ ਨਵਾਂ ਜ਼ਮਾਨਾ ਅਖਬਾਰ ਵਿੱਚ ਕੰਮ ਕਰ ਚੁੱਕੇ ਹਨ। ਉਨ੍ਹਾਂ ਕਿਹਾ ਕਿ ਕਾਲੇ ਦੌਰ ਵਿੱਚ ਇਸ ਅਖਬਾਰ ਦੇ ਪਰਵਾਰ ਨੇ ਆਮ ਲੋਕਾਂ ਦੀ ਗੱਲ ਕੀਤੀ ਹੈ। ਉਨ੍ਹਾਂ ਵੱਲੋਂ ਐਡਵੋਕੇਟ ਗੁਰਮੀਤ ਸ਼ੁਗਲੀ ਦੀ ਮੌਤ ਨੂੰ ਲੈ ਕੇ ਪਰਵਾਰ ਨਾਲ ਡੂੰਘੀ ਹਮਦਰਦੀ ਦਾ ਪ੍ਰਗਟਾਵਾ ਕੀਤਾ ਹੈ। ਇਸੇ ਤਰ੍ਹਾਂ ਕਾਮਰੇਡ ਸੁਖਵਿੰਦਰ ਸਿੰਘ ਨਾਗੀ ਸੂਬਾ ਪ੍ਰਧਾਨ ਭਾਰਤ ਦੀ ਜਨਵਾਦੀ ਨੌਜਵਾਨ ਸਭਾ ਡੀ ਵਾਈ ਐੱਫ ਆਈ ਤੇ ਕਾਮਰੇਡ ਸੋਨੂੰ ਲੋਹੀਆਂ ਨੌਜਵਾਨ ਭਾਰਤ ਸਭਾ ਜ਼ਿਲ੍ਹਾ ਪ੍ਰਧਾਨ ਜਲੰਧਰ ਨੇ ਉਨ੍ਹਾਂ ਦੇ ਅਚਾਨਕ ਚਲੇ ਜਾਣ 'ਤੇ ਦੁੱਖ ਦਾ ਪ੍ਰਗਟਾਵਾ ਕੀਤਾ।

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)** ਮੁਲਾਜ਼ਮਾਂ, ਮਜ਼ਦੂਰਾਂ ਦੇ ਕਨੂੰਨੀ ਰਾਹ ਦਸੇਰਾ ਸਨ ਕਾਮਰੇਡ ਸ਼ੁਗਲੀ, ਜਿੰਨਾਂ ਦੇ ਅਚਾਨਕ ਤੁਰ ਜਾਣ ਨਾਲ ਸੋਗ ਦੀ ਲਹਿਰ ਫੈਲ ਗਈ।ਨਵਾਂ ਜ਼ਮਾਨਾ ਦੀ ਸੰਚਾਲਕ ਸੰਸਥਾ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ ਦੇ ਸਕੱਤਰ ਅਤੇ ਨਵਾਂ ਜ਼ਮਾਨਾ ਦੇ ਪ੍ਰਿੰਟਰ ਤੇ ਪਬਲਿਸ਼ਰ ਐਡਵੋਕੇਟ ਗੁਰਮੀਤ ਸਿੰਘ ਸ਼ੁਗਲੀ ਦੀ ਨਿਊਯਾਰਕ 'ਚ ਅਚਾਨਕ ਦਿਲ ਦੀ ਧੜਕਣ ਰੁਕਣ ਕਾਰਨ ਹੋਈ ਮੌਤ ਤੇ ਜਿੱਥੇ ਪੱਤਰਕਾਰ ਭਾਈਚਾਰੇ ਵਿੱਚ ਭਾਰੀ ਸੋਗ ਦੀ ਲਹਿਰ ਦੌੜ ਗਈ, ਉੱਥੇ ਵੱਖ-ਵੱਖ ਸਮਾਜ ਸੇਵੀ ਜਥੇਬੰਦੀਆਂ, ਖੇਡ ਕਲੱਬਾਂ ਅਤੇ ਹੋਰ ਸੰਸਥਾਵਾਂ ਵਿੱਚ ਸੋਗ ਦੀ ਲਹਿਰ ਪਾਈ ਗਈ।ਇਸ ਦੁੱਖ ਦੀ ਘੜੀ ਵਿੱਚ ਪੰਜਾਬ ਪੈਨਸ਼ਨ ਯੂਨੀਅਨ ਜ਼ਿਲ੍ਹਾ ਜਲੰਧਰ ਵਲੋਂ ਸ਼ੁਗਲੀ ਜੀ ਦੀ ਅਚਾਨਕ ਹੋਈ ਮੌਤ 'ਤੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ।ਉਹਨਾਂ ਦੀ ਵਿਛੜੀ ਰੂਹ ਦੀ ਸ਼ਾਂਤੀ ਲਈ ਅਰਦਾਸ ਕੀਤੀ ਗਈ। ਇਸ ਮੌਕੇ ਪ੍ਰਧਾਨ ਜਗਤਾਰ ਸਿੰਘ ਭੁੰਗਰਨੀ, ਜਥੇਬੰਦਕ ਸਕੱਤਰ ਅਵਤਾਰ ਸਿੰਘ ਤਾਰੀ, ਜਨਰਲ ਸਕੱਤਰ ਵਿੱਜੇ ਸ਼ਰਮਾ, ਸੀਨੀਅਰ ਵਾਈਸ ਪ੍ਰਧਾਨ ਦਵਿੰਦਰ ਪਾਲ ਸਿੰਘ, ਕੈਸ਼ੀਅਰ ਸੰਤੋਖ ਸਿੰਘ, ਬਲਵਿੰਦਰ ਸਿੰਘ ਮੁਲਤਾਨੀ, ਜਗੀਰ ਸਿੰਘ ਬਾਜਵਾ, ਹਰਿੰਦਰ ਸਿੰਘ ਚੀਮਾ, ਮਦਨ ਲਾਲ ਚੀਮਾ, ਅੰਮ੍ਰਿਤਪਾਲ ਸਿੰਘ, ਗੁਰਮੁੱਖ ਸਿੰਘ ਗਰਦਿਆਲ ਸਿੰਘ ਜਲਵੇਹੜਾ, ਰੇਸ਼ਮ ਸਿੰਘ ਕੰਗ, ਜਗਦੇਵ ਸਿੰਘ ਕੁਕੋਵਾਲ ਆਦਿ ਸ਼ਾਮਲ ਸਨ।

**ਫ਼ਗਵਾੜਾ (ਕਮਲ ਰਾਏ)**- ਨਵਾਂ ਜ਼ਮਾਨਾ ਅਖ਼ਬਾਰ ਨੂੰ ਚਲਾਉਣ ਵਾਲੀ ਸੰਸਥਾ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ ਦੇ ਸਕੱਤਰ ਸਾਥੀ ਗੁਰਮੀਤ ਸ਼ੁਗਲੀ ਜੀ ਅਮਰੀਕਾ ਵਿੱਚ ਦਿਲ ਦਾ ਦੌਰਾ ਪੈਣ ਨਾਲ ਸਦਾ ਸਦਾ ਲਈ ਸਦੀਵੀ ਵਿਛੋੜਾ ਦੇ ਗਏ ਹਨ। ਉਹਨਾਂ ਦੇ ਸਦੀਵੀ ਵਿਛੋੜੇ ਨਾਲ ਜਿੱਥੇ ਉਹਨਾਂ ਦੇ ਆਪਣੇ ਪਰਵਾਰ ਨੂੰ ਵੱਡਾ ਘਾਟਾ ਪਿਆ ਹੈ ਉੱਥੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ ਦੇ ਸਾਥੀਆਂ ਦੇ ਪਰਵਾਰ ਨੂੰ ਵੀ ਕਦੇ ਵੀ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ। ਇਸ ਦੁੱਖ ਦੀ ਘੜੀ ਵਿੱਚ ਪੰਜਾਬ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਫ਼ਗਵਾੜਾ ਵਲੋਂ ਸਰਪ੍ਰਸਤ ਕਰਨੈਲ ਸਿੰਘ ਸੰਧੂ, ਪ੍ਰਧਾਨ ਮੋਹਣ ਸਿੰਘ ਭੱਟੀ, ਸੀਨੀਅਰ ਮੀਤ ਪ੍ਰਧਾਨ ਪ੍ਰਮੋਦ ਕੁਮਾਰ ਜੋਸ਼ੀ, ਜਨਰਲ ਸਕੱਤਰ ਕੁਲਦੀਪ ਸਿੰਘ ਕੌੜਾ, ਵਿੱਤ ਸਕੱਤਰ ਗੁਰਨਾਮ ਸਿੰਘ ਸੈਣੀ, ਪ੍ਰੈੱਸ ਸਕੱਤਰ ਸੀਤਲ ਰਾਮ ਬੰਗਾ, ਸਤਪਾਲ ਸਿੰਘ ਖੱਟਕੜ, ਕੇ ਕੇ ਪਾਂਡੇ, ਹਰਭਜਨ ਲਾਲ ਕੌਲ, ਕ੍ਰਿਸ਼ਨ ਗੋਪਾਲ ਚੋਪੜਾ, ਜਸਵਿੰਦਰ ਸਿੰਘ ਆਦਿ ਨੇ ਉਹਨਾਂ ਦੇ ਪਰਵਾਰਕ ਮੈਂਬਰਾਂ ਅਤੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ ਦੇ ਸਮੂਹ ਸਾਥੀਆਂ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ ਕਰਦੇ ਹਾਂ।

## ਸਵ. ਸ਼ੀਲੋ ਦੇਵੀ ਤੇ ਸਵ. ਕ੍ਰਿਸ਼ਨ ਦੀ ਯਾਦ 'ਚ ਠੰਢੇ ਮਿੱਠੇ ਜਲ ਦੀ ਛਬੀਲ ਲਗਾਈ

**ਫਗਵਾੜਾ (ਜਸਵਿੰਦਰ ਢੱਡਾ)**- ਪਿੰਡ ਵਜੀਦੋਵਾਲ ਵਿਖੇ ਸਵ. ਸ਼ੀਲੋ ਦੇਵੀ ਅਤੇ ਸਵ. ਸ੍ਰੀ ਕ੍ਰਿਸ਼ਨ ਦੀ ਨਿੱਘੀ ਯਾਦ 'ਚ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਵਲੋਂ ਬਿਸ਼ਨਪੁਰ ਰੋਡ ਵਿਖੇ ਠੰਢੇ ਮਿੱਠੇ ਜਲ ਦੀ ਛਬੀਲ ਲਗਾਈ ਗਈ। ਜਿਸ ਦੀ ਆਰੰਭਤਾ ਸਰਪੰਚ ਰਿਪਲ ਕੁਮਾਰ ਨੇ ਕਰਵਾਈ। ਛਬੀਲ ਦੀ ਸੇਵਾ ਧਰਮਿੰਦਰ ਕੁਮਾਰ, ਮਨੀਸ਼ ਕੁਮਾਰ, ਸੰਦੀਪ ਕੁਮਾਰ, ਵਿਕਾਸ ਕੁਮਾਰ, ਰਾਘਵ ਕੁਮਾਰ, ਸੰਜੀਵ ਕੁਮਾਰ ਪੰਚ, ਵਿਸ਼ਾਲ ਭਾਰਦਵਾਜ, ਦੇਵਾਂਸ਼, ਆਯੂਸ਼, ਨਕੁਲ, ਹਰਸ਼ਦੀਪ, ਬਲਿਹਾਰ ਲਾਲ ਅਤੇ ਜਸਵਿੰਦਰ ਕੁਮਾਰ ਨੇ ਨਿਭਾਈ। ਰਾਹਗੀਰਾਂ ਨੂੰ ਛਬੀਲ ਦੇ ਨਾਲ ਛੋਲੇ ਤੇ ਕੜਾਹ ਦਾ ਪ੍ਰਸ਼ਾਦ ਵੀ ਵਰਤਾਇਆ ਗਿਆ। ਇਸ ਮੌਕੇ ਰਵੀ ਦੱਤ, ਰਾਜਕੁਮਾਰ, ਸਤਪਾਲ, ਰੰਜੀਵ ਕੁਮਾਰ ਸਾਬਕਾ ਪੰਚ ਅਤੇ ਰਿਟਾ. ਇੰਸਪੈਕਟਰ ਰਾਮ ਕੁਮਾਰ ਆਦਿ ਹਾਜ਼ਰ ਸਨ।



## ਸੰਜੀਵ ਅਰੋੜਾ ਦੇ ਹੱਕ 'ਚ ਜਨ ਸਭਾਵਾਂ

● ਮੁੱਖ ਮੰਤਰੀ ਭਗਵੰਤ ਮਾਨ ਨਾਲ ਵਿਧਾਇਕ ਰੰਧਾਵਾ ਨੇ ਕੀਤਾ ਪ੍ਰਚਾਰ



**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੁਆਰਾ ਸੰਜੀਵ ਅਰੋੜਾ ਦੇ ਹੱਕ ਵਿਚ ਲਗਾਤਾਰ ਜਨ ਸਭਾਵਾਂ ਕੀਤੀਆਂ ਜਾ ਰਹੀਆਂ ਹਨ ਜਿਸ ਤਹਿਤ ਮੁੱਖ ਮੰਤਰੀ ਦੁਆਰਾ ਵਾਰਡ ਨੰਬਰ 63 ਜਿਥੇ ਜਿੰਮੇਵਾਰੀ ਰੰਧਾਵਾ ਦੁਆਰਾ ਪਹਿਲਾਂ ਹੀ ਆਪਣੀ ਟੀਮ ਦੇ ਮੈਂਬਰਾ ਆਮ ਸੀ ਘੁੰਮਣ ਨਾਲ ਅਣਥੱਕ ਮਿਹਨਤ ਕੀਤੀ ਜਾ ਰਹੀ ਹੈ, ਵੱਡੀ ਜਨ ਸਭਾ ਨੂੰ ਸੰਬੋਧਨ ਕੀਤਾ ਗਿਆ। ਇਸ ਮੌਕੇ ਵਿਧਾਇਕ ਰੰਧਾਵਾ ਨੇ ਮੁੱਖ ਮੰਤਰੀ ਨੂੰ ਪਾਰਟੀ ਦੀ ਜਿੱਤ 'ਤੇ ਭਰੋਸਾ ਪ੍ਰਗਟ ਕਰਦੇ ਹੋਏ ਕਿਹਾ ਹੈ ਕਿ ਲੁਧਿਆਣਾ ਪੱਛਮੀ ਵਿੱਚ ਆਪ ਲਈ ਸਮਰਥਨ ਦੀ ਲਹਿਰ ਜ਼ੋਰ ਫੜ ਰਹੀ ਹੈ। ਇਸ ਮੌਕੇ ਵਿਧਾਇਕ ਰੰਧਾਵਾ ਨੇ ਸੰਬੋਧਨ ਕਰਦੇ ਹੋਏ ਕਿਹਾ ਕਿ ਸਾਨੂੰ ਪੂਰਾ ਵਿਸ਼ਵਾਸ ਹੈ ਕਿ ਆਮ ਆਦਮੀ ਪਾਰਟੀ ਦੇ ਉਮੀਦਵਾਰ ਸੰਜੀਵ ਅਰੋੜਾ ਇਸ ਚੋਣ ਨੂੰ ਵੱਡੇ ਫਰਕ ਨਾਲ ਜਿੱਤਣਗੇ ਤੇ ਪੱਛਮੀ ਉਪ ਚੋਣ ਵਿੱਚ ਸਥਾਪਤ ਰਿਕਾਰਡ ਨੂੰ ਤੋੜ ਦੇਣਗੇ। ਲੁਧਿਆਣਾ ਪੱਛਮੀ ਦੇ ਲੋਕ ਆਪ ਨੂੰ ਭਾਰੀ ਸਮਰਥਨ ਦੇ ਰਹੇ ਹਨ। ਪਾਰਟੀ ਦੀ ਹਲਕੇ ਦੇ ਵਿਕਾਸ ਪ੍ਰਤੀ ਦ੍ਰਿਸ਼ਟੀ ਅਤੇ ਵਚਨਬੱਧਤਾ ਨੇ ਨਿਵਾਸੀਆਂ ਨੂੰ ਪ੍ਰਭਾਵਿਤ ਕੀਤਾ ਹੈ ਅਤੇ ਮੁਹਿੰਮ ਹਰ ਗੁਜ਼ਰਦੇ ਦਿਨ ਨਾਲ ਗਤੀ ਪ੍ਰਾਪਤ ਕਰ ਰਹੀ ਹੈ।

## ਕਬੀਰ ਸਾਹਿਬ ਦਾ ਜਨਮ ਦਿਹਾੜਾ 11 ਨੂੰ



**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਸੰਤ ਸ਼੍ਰੋਮਣੀ ਕਬੀਰ ਸਾਹਿਬ ਜੀ ਦਾ ਜਨਮ ਦਿਹਾੜਾ ਅਤੇ ਲੰਗਰ ਹਾਲ ਦਾ ਉਦਘਾਟਨ ਸ੍ਰੀ ਗੁਰੂ ਰਵਿਦਾਸ ਵੈਲਫੇਅਰ ਸਪੋਰਟਸ ਕਲੱਬ ਵਲੋਂ ਪਿੰਡ ਚੂਹੜ ਪੁਰ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਿਖੇ 11 ਜੂਨ ਨੂੰ ਬੜੀ ਸ਼ਰਧਾਪੂਰਵਕ ਧੂਮ ਧਾਮ ਨਾਲ ਮਨਾਇਆ ਜਾ ਰਿਹਾ ਹੈ। ਦਰਬਾਰ ਦੇ ਮੁੱਖ ਸੇਵਾਦਾਰ ਜਗਦੀਸ਼ ਸੁਮਨ ਮੈਂਬਰ ਸ੍ਰੀ ਗੁਰੂ ਰਵਿਦਾਸ ਸਾਧੂ ਸੰਪ੍ਰਦਾਇ ਸੁਸਾਇਟੀ ਰਜਿ ਪੰਜਾਬ ਨੇ ਦੱਸਿਆ ਕਿ ਸੁਖਮਨੀ ਸਾਹਿਬ ਦਾ ਪਾਠ ਸਵੇਰੇ 9:00 ਵਜੇ, ਕੀਰਤਨ 10 ਤੋਂ 12 ਵਜੇ ਤੱਕ ਕੀਤਾ ਜਾਵੇਗਾ। ਸਮੁੱਚੇ ਨਗਰ ਦੀ ਖੁਸ਼ਹਾਲੀ ਅਤੇ ਸੁੱਖ ਸ਼ਾਂਤੀ ਲਈ ਅਰਦਾਸ ਕੀਤੀ ਜਾਵੇਗੀ। ਲੰਗਰ ਅਟੁੱਟ ਵਰਤਾਇਆ ਜਾਵੇਗਾ।

## ਠੰਡਲ ਦੇ ਅਕਾਲੀ ਦਲ 'ਚ ਸ਼ਾਮਲ ਹੋਣ 'ਤੇ ਵਰਕਰਾਂ ਨੇ ਕੀਤਾ ਸਵਾਗਤ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਭਾਜਪਾ ਨੂੰ ਛੱਡ ਕੇ ਸ਼੍ਰੋਮਣੀ ਅਕਾਲੀ ਦਲ (ਬ) 'ਚ ਮੁੜ ਸ਼ਾਮਲ ਹੋਣ ਉਪਰੰਤ ਹਲਕਾ ਚੱਬੇਵਾਲ ਦੇ ਅਕਾਲੀ ਅਹੁਦੇਦਾਰਾਂ ਤੇ ਵਰਕਰਾਂ ਵਲੋਂ ਸਾਬਕਾ ਕੈਬਨਿਟ ਮੰਤਰੀ ਸੋਹਣ ਸਿੰਘ ਠੰਡਲ ਦਾ ਭਰਵਾਂ ਸਵਾਗਤ ਕੀਤਾ ਗਿਆ। ਆਗੂਆਂ ਨੇ ਕਿਹਾ ਕਿ ਠੰਡਲ ਦੇ ਮੁੜ ਪਾਰਟੀ 'ਚ ਸ਼ਾਮਲ ਹੋਣ ਨਾਲ ਵਰਕਰਾਂ 'ਚ ਨਵਾਂ ਜੋਸ਼ ਭਰ ਗਿਆ ਹੈ ਅਤੇ ਹਲਕੇ 'ਚ ਅਕਾਲੀ ਦਲ ਨੂੰ ਹੋਰ ਮਜ਼ਬੂਤੀ ਮਿਲੇਗੀ। ਇਸ ਮੌਕੇ ਠੰਡਲ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਉਨ੍ਹਾਂ ਦੀ ਮਾਂ ਪਾਰਟੀ ਹੈ, ਜਿਸ ਨੇ ਉਨ੍ਹਾਂ ਨੂੰ ਹਮੇਸ਼ਾਂ ਮਾਣ-ਸਤਿਕਾਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਸਿਰਫ਼ ਅਕਾਲੀ ਦਲ ਹੀ ਇਕ ਅਜਿਹੀ ਪਾਰਟੀ ਹੈ, ਜਿਸ ਨੇ ਪੰਜਾਬ ਦੇ ਹਿਤਾਂ ਦੀ ਰਾਖੀ ਲਈ ਪਹਿਲਕਦਮੀ ਕੀਤੀ ਹੈ ਅਤੇ ਹੁਣ ਵੀ ਇਸ ਦਾ ਸਾਥ ਦੇਣਾ ਜ਼ਰੂਰੀ ਹੈ। ਇਸ ਮੌਕੇ ਮਾ: ਰਸ਼ਪਾਲ ਸਿੰਘ ਜਲਵੇੜਾ, ਮਾ: ਹਰਭਜਨ ਸਿੰਘ, ਜਸਵਿੰਦਰ ਸਿੰਘ ਠੰਡਲ ਠੰਡਲ, ਜਰਨੈਲ ਸਿੰਘ ਖ਼ਾਲਸਾ, ਪਰਮਜੀਤ ਸਿੰਘ ਕੱਕੜ, ਤਰਲੋਚਨ ਸਿੰਘ ਟੌਂਡਰਪੁਰ, ਜਸਵੀਰ ਸਿੰਘ ਭੱਟੀ, ਗੁਰਨਾਮ ਸਿੰਘ ਟੌਂਡਰਪੁਰ, ਦਲਜੀਤ ਸਿੰਘ ਬੱਡੋਂ, ਅਮਨਦੀਪ ਸਿੰਘ ਸੈਣੀ, ਪ੍ਰਗਟ ਸਿੰਘ ਪੱਟੀ, ਦਲਜੀਤ ਸਿੰਘ ਅਜਨੋਹਾ, ਡਾ: ਜਸਵੀਰ ਸਿੰਘ ਅਜਨੋਹਾ, ਜਸਵੀਰ ਸਿੰਘ ਹੇੜੀਆਂ, ਕਮਲਜੀਤ ਸਿੰਘ ਬੱਡਲਾ, ਅਜੈ ਕੁਮਾਰ, ਤਰਲੋਚਨ ਸਿੰਘ ਪੱਟੀ, ਨਰਿੰਦਰ ਸਿੰਘ ਬੱਡੋਂ, ਜਸਵਿੰਦਰ ਸਿੰਘ ਨੰਗ, ਦਲਵੀਰ ਸਿੰਘ, ਸਰਪੰਚ ਅਵਤਾਰ ਸਿੰਘ ਸਸੋਲੀ ਆਦਿ ਹਾਜ਼ਰ ਸਨ।

## ਪਲਾਹੀ ਦੀ ਮਦੀਨਾ ਮਸਜਿਦ ਵਿਖੇ ਈਦ ਉਲ ਜੁਹਾ ਦਾ ਮੁਬਾਰਕ ਤਿਉਹਾਰ ਮਨਾਇਆ



**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)** ਈਦ ਉੱਲ ਅਜਹਾ ਦਾ ਪਵਿੱਤਰ ਤਿਉਹਾਰ ਪੂਰੇ ਦੇਸ਼ ਭਰ ਵਿੱਚ ਮਨਾਇਆ ਗਿਆ। ਮੁਸਲਿਮ ਭਾਈਚਾਰੇ ਵੱਲੋਂ ਵੱਖ ਵੱਖ ਈਦਗਾਹਾਂ ਤੇ ਮਸਜਿਦਾਂ ਵਿੱਚ ਜਾ ਕੇ ਈਦ ਦੀ ਨਮਾਜ਼ ਅਦਾ ਕੀਤੀ ਗਈ। ਇਸੇ ਤਰ੍ਹਾਂ ਪਲਾਹੀ ਦੀ ਮਦੀਨਾ ਮਸਜਿਦ ਵਿਖੇ ਈਦ ਉਲ ਜੁਹਾ ਦਾ ਮੁਬਾਰਕ ਤਿਓਹਾਰ ਮਨਾਇਆ ਗਿਆ।ਮੁਸਲਿਮ ਭਾਈਚਾਰੇ ਵਲੋਂ ਈਦ ਉੱਲ ਅਜਹਾ ਦੀ ਨਮਾਜ਼ ਮਦੀਨਾ ਮਸਜਿਦ ਪਲਾਹੀ ਵਿਖੇ ਮੌਲਾਨਾ ਨਸੀਮ ਅਹਿਮਦ ਕਾਸਮੀ ਨੇ ਅਦਾ ਕਰਵਾਈ। ਇਸ ਮੌਕੇ 'ਤੇ ਰਾਸ਼ਟਰੀਆ ਅਲਪ ਸੰਖਿਅਕ ਅਧਿਕਾਰ ਮੋਰਚਾ ਦੇ ਸੂਬਾ ਪ੍ਰਧਾਨ ਸਰਵਰ ਗੁਲਾਮ ਸੱਬਾ ਨੇ ਮੁਬਾਰਕਬਾਦ ਦਿੰਦੇ ਹੋਏ ਕਿਹਾ ਕਿ ਈਦ ਉੱਲ ਅਜਹਾ ਨਾ ਸਿਰਫ ਹਜ਼ਰਤ ਇਬਰਾਹੀਮ ਅਲੈਹ ਸਲਾਮ ਅਤੇ ਹਜ਼ਰਤ ਇਸਮਾਇਲ ਅਲੈ ਸਲਾਮ ਦੀ ਅਜੀਮ ਕੁਰਬਾਨੀ ਦੀ ਯਾਦਗਾਰ ਹੈ ਬਲਕਿ ਮੁਸਲਮਾਨਾਂ ਨੂੰ ਜਜ਼ਬਾ ਏ ਕੁਰਬਾਨੀ ਆਪਣੇ ਅੰਦਰ ਪੈਦਾ ਕਰਨ ਦਾ ਸਬਕ ਦਿੰਦਾ ਹੈ। ਸੱਬਾ ਨੇ ਅੱਲਾ ਅੱਗੇ ਦੁਆ ਕਰਦਿਆਂ ਕਿਹਾ ਕਿ ਅੱਲਾ ਤਬਾਰਕ ਤਾਲਾ ਸਾਰੇ ਇਨਸ਼ਾਨਾ ਨੂੰ ਹਰ ਪ੍ਰੇਸ਼ਾਨੀ ਤੋਂ ਮਹਿਫੂਜ ਰੱਖੇ ਅਤੇ ਦੇਸ਼ ਦੇ ਵਿੱਚ ਅਮਨੋ ਅਮਾਨ ਕਾਇਮ ਰੱਖੇ ਅਤੇ ਆਪਸੀ ਮੁਹੱਬਤ ਅਤੇ ਪਿਆਰ ਨਾਲ ਰਹਿਣ ਦੀ ਸਾਰਿਆ ਨੂੰ ਤੌਫੀਕ ਦੇਵੇ। ਸਮਗਾਮ ਦੌਰਾਨ ਲੋਕ ਗਾਇਕ ਫਿਰੋਜ ਖਾਨ ਨੇ ਸਮੁੱਚੇ ਦੇਸ਼ ਵਾਸੀਆਂ ਅਤੇ ਇਲਾਕਾ ਵਾਸੀਆਂ ਨੂੰ ਈਦ ਦੀ ਵਧਾਈ ਦਿੰਦਿਆਂ ਕਿਹਾ ਕਿ ਸਾਨੂੰ ਸਾਰਿਆ ਨੂੰ ਸਾਰੇ ਤਿਉਹਾਰ ਰਲ ਮਿਲਕੇ ਮਨਾਉਣੇ ਚਾਹੀਦੇ ਹਨ ਤਾਂ ਜੋ ਆਪਸੀ ਮੁਹੱਬਤ ਅਤੇ ਪਿਆਰ ਕਾਇਮ ਕੀਤਾ ਜਾ ਸਕੇ। ਇਸ ਮੌਕੇ 'ਤੇ ਹੋਰਨਾਂ ਤੋਂ ਇਲਾਵਾ ਲੋਕ ਗਾਇਕ ਫਿਰੋਜ਼ ਖਾਨ, ਕਾਰੀ ਗਫੂਰ ਅਹਿਮਦ, ਮੰਗਲ ਹੁਸੈਨ, ਮੁਹੰਮਦ ਕੈਸਰ, ਮੁਹੰਮਦ ਆਲਮ, ਮੁਹੰਮਦ ਸਮੀਰ, ਮੁਹੰਮਦ ਕਾਮਲ ਖਾਨ, ਇਕਰਾਮਦੀਨ, ਸ਼ੌਕਤ ਅਲੀ, ਮੁਹੰਮਦ ਸਹਿਜਾਦ, ਅਬਦੁਲ ਵਾਜ਼ਿਦ, ਸੋਚੀ ਸੁਲਤਾ, ਮੁਹੰਮਦ ਜਹਾਂਗੀਰ, ਮੁਹੰਮਦ ਫਰੀਆਦ, ਮੁਹੰਮਦ ਸਦੀਕ, ਮੁਹੰਮਦ ਜਨੇਦ, ਨਿਸ਼ਾਨ ਮੱਟੂ ਤੋਂ ਇਲਾਵਾ ਮੁਸਲਿਮ ਭਾਈਚਾਰੇ ਦੇ ਆਗੂ ਹਾਜ਼ਰ ਸਨ। ਇਸੇ ਤਰ੍ਹਾਂ ਈਦ ਦੀ ਨਮਾਜ਼ ਜਾਮਾ ਮਸਜਿਦ ਉਮਰ ਨਗਰੀਆਂ ਵਾਲਾ ਚੌਕ ਫਗਵਾੜਾ ਵਿਖੇ ਇਮਾਮ ਜੀਆ ਉਲ ਹੱਕ ਕਾਸਮੀ ਨੇ ਅਦਾ ਕਰਵਾਈ। ਇਸ ਮੌਕੇ 'ਤੇ ਵੱਖ ਵੱਖ ਰਾਜਨੀਤਿਕ, ਧਾਰਮਿਕ ਅਤੇ ਸਮਾਜਿਕ ਆਗੂਆਂ ਨੇ ਪੁੱਜ ਕੇ ਪੂਰੇ ਮੁਸਲਿਮ ਭਾਈਚਾਰੇ ਨੂੰ ਈਦ ਦੀ ਵਧਾਈ ਦਿੱਤੀ। ਇਮਾਮ ਜੀਆ ਉਲ ਹੱਕ ਕਾਸਮੀ ਨੇ ਈਦ ਉਲ ਅਜਹਾ ਦੇ ਪਵਿੱਤਰ ਤਿਉਹਾਰ ਦੀ ਜਾਣਕਾਰੀ ਦਿੰਦਿਆਂ ਕਿਹਾ ਕਿ ਕਿਸ ਤਰ੍ਹਾਂ ਹਜਰਤ ਇਬਰਾਹੀਮ ਵਾਲੇ ਅਸਲਾਮ ਰੱਬ ਦੀ ਰਜਾ ਲਈ ਆਪਣੇ ਬੇਟੇ ਦੀ ਕੁਰਬਾਨੀ ਦੇਣ ਲਈ ਤਿਆਰ ਹੋ ਗਏ, ਕਰੀਬ 4 ਹਜਾਰ ਸਾਲ ਤੋਂ ਉਨ੍ਹਾਂ ਦੀ ਯਾਦ ਨੂੰ ਤਾਜਾ ਕਰਦਿਆਂ ਇਹ ਤਿਉਹਾਰ ਮਨਾਇਆ ਜਾਂਦਾ ਹੈ। ਇਸ ਮੌਕੇ 'ਤੇ ਮੁਹੰਮਦ ਇਜਾਜ ਸਲਮਾਨੀ, ਮੁਹੰਮਦ ਤਾਜੀਮ, ਮੁਹੰਮਦ ਫੈਜਾਨ, ਮੁਹੰਮਦ ਸ਼ਾਗੀਮ, ਮੁਹੰਮਦ ਜੈਅਦ, ਮੁਹੰਮਦ ਅਮਨ, ਮੁਹੰਮਦ ਰਿਜਮਾਨ, ਹਾਫਿਜ ਇਕਰਾਮ, ਮੁਹੰਮਤ ਸ਼ਾਬੇਜ, ਅਬੂਜਰ, ਮੁਹੰਮਦ ਰਜ਼ੀ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਮੁਸਲਿਮ ਭਾਈਚਾਰੇ ਦੇ ਲੋਕ ਹਾਜਰ ਸਨ।

## ਮਹੇਸ਼ਆਣੇ ਮੰਦਰ 'ਚ ਛਾਂਦਾਰ ਬੂਟੇ ਲਗਾ ਕੇ ਦਿੱਤਾ ਹਰੇ-ਭਰੇ ਭਵਿੱਖ ਦਾ ਸੁਨੇਹਾ



**ਮਾਹਿਲਪੁਰ (ਸਰਦੀ)**- ਵਿਸ਼ਵ ਵਾਤਾਵਰਣ ਦਿਵਸ ਮੌਕੇ 'ਤੇ ਗੜ੍ਹਸ਼ੰਕਰ ਵਿਖੇ ਸਥਿਤ ਮਹੇਸ਼ਆਣੇ ਮੰਦਰ ਪ੍ਰੰਗਣ ਵਿਚ ਵਾਤਾਵਰਣ ਸੰਰਖਣ ਲਈ ਪ੍ਰੇਰਣਾਦਾਇਕ ਪਗ ਲਿਆ ਗਿਆ। ਇਸ ਸਮਾਗਮ ਦੌਰਾਨ ਛਾਂਦਾਰ ਬੂਟੇ ਲਗਾ ਕੇ ਹਰੇ-ਭਰੇ ਭਵਿੱਖ ਵੱਲ ਇੱਕ ਢੁਕਵਾਂ ਯਤਨ ਕੀਤਾ ਗਿਆ। ਇਸ ਮੌਕੇ ਚਰਨਜੀਤ ਸਿੰਘ ਚੰਨੀ ਓ ਐਸ.ਡੀ ਡਿਪਟੀ ਸਪੀਕਰ ਅਤੇ ਸਮਾਜ ਸੇਵਕ ਕ੍ਰਿਪਾਲ ਰਾਮ, ਹਰਪ੍ਰੀਤ ਸਿੰਘ, ਸੁਮਿਤ ਸੋਨੀ, ਸ਼ਾਲੂ ਸਰਬਜੀਤ ਕੌਰ, ਜਗਤਾਰ ਸਿੰਘ ਤਾਗੀ, ਗੌਰਵ, ਮੁਰਾਦ ਆਲੀ, ਹਰਵਿੰਦਰ ਸਿੰਘ ਸੈਣੀ, ਜੋਗਿੰਦਰ ਸਿੰਘ ਅਤੇ ਕੁਲਵਿੰਦਰ ਨਾਗਿਰ ਨੇ ਹਿੱਸਾ ਲੈ ਕੇ ਵਾਤਾਵਰਣ ਸੰਭਾਲ ਲਈ ਆਪਣੀ ਵਚਨਬੱਧਤਾ ਦਿਖਾਈ। ਉਨ੍ਹਾਂ ਕਿਹਾ ਕਿ ਵਾਤਾਵਰਣ ਦੀ ਸੰਭਾਲ ਸਿਰਫ ਇੱਕ ਦਿਨ ਦੀ ਜ਼ਿੰਮੇਵਾਰੀ ਨਹੀਂ, ਸਗੋਂ ਇਹ ਸਾਡੀ ਰੋਜ਼ਾਨਾ ਦੀ ਜੀਵਨ ਸ਼ੈਲੀ ਦਾ ਅਟੁੱਟ ਹਿੱਸਾ ਹੋਣਾ ਚਾਹੀਦਾ ਹੈ। ਇਸ ਤਰ੍ਹਾਂ ਦੇ ਉਪਰਾਲਿਆਂ ਰਾਹੀਂ ਸਮਾਜ ਵਿਚ ਵਾਤਾਵਰਣ ਪ੍ਰਤੀ ਜਾਗਰੂਕਤਾ ਵਧਾਈ ਜਾ ਰਹੀ ਹੈ ਅਤੇ ਅਗਲੀ ਪੀੜ੍ਹੀ ਲਈ ਇੱਕ ਸਾਫ਼-ਸੁਥਰਾ, ਹਰਾ-ਭਰਾ ਪੰਜਾਬ ਬਣਾਉਣ ਵੱਲ ਕਦਮ ਚੁੱਕੇ ਜਾ ਰਹੇ ਹਨ।

## ਨਜਾਇਜ਼ ਕਬਜ਼ੇ ਹਟਾਏ ਤੇ ਕੰਡਿਆਂ ਵਾਲੀ ਤਾਰ ਲਗਵਾਈ



**ਬਸਤੀ ਸ਼ੇਖ ਜਲੰਧਰ (ਲਖਵਿੰਦਰ ਸਿੰਘ)** ਸ਼ਹੀਦ ਕਰਮ ਸਿੰਘ ਸਟੇਡੀਅਮ ਪਿੰਡ ਆਧੀ ਜ਼ਿਲ੍ਹਾ ਜਲੰਧਰ ਦੇ ਨਾਲ ਦੁਕਾਨਾਂ ਬਣਾਉਣ ਵਾਸਤੇ ਛੱਡੇ ਥਾਂ ਸਮੇਤ ਬੈਂਕ ਅੱਗੇ 'ਤੇ ਕੀਤੇ ਨਜਾਇਜ਼ ਕਬਜ਼ੇ ਛੁਡਾਉਣ ਲਈ ਪੰਚਾਇਤ ਨੇ ਵਾਰਨਿੰਗ ਦਿੱਤੀ ਸੀ। ਕਾਫੀ ਮੁਸ਼ੱਕਤ ਤੋਂ ਬਾਅਦ ਨਵੀਂ ਪੰਚਾਇਤ ਅਤੇ ਪੁਰਾਣੀ ਪੰਚਾਇਤ ਨੇ ਮਿਲ ਕੇ ਕੁਝ ਘਰਾਂ ਦੇ ਅੱਗੇ ਤੋਂ ਕੀਤੇ ਨਜਾਇਜ਼ ਕਬਜ਼ੇ ਹਟਾਏ। ਇਸ ਜਾਣਕਾਰੀ ਦਿੰਦਿਆਂ ਬਲਦੇਵ ਕੁਮਾਰ ਨੇ ਦੱਸਿਆ ਕਿ ਬੈਂਕ ਅੱਗੇ ਦੀ ਇਮਾਰਤ ਦੀ ਰਿਪੇਅਰ ਕਰਕੇ ਸਵਾਰੀਆਂ ਦੇ ਬੈਠਨ ਯੋਗ ਬਣਾਇਆ ਜਾਵੇਗਾ ਤੇ ਬਾਕੀ ਥਾਵਾਂ 'ਤੇ ਕੰਡਿਆਂ ਵਾਲੀ ਤਾਰ ਲਗਵਾ ਕੇ ਫੁੱਲ ਬੂਟੇ ਤੇ ਦਰੱਖਤ ਲਗਾਏ ਜਾਣਗੇ। ਇਸ ਮੌਕੇ ਬਲਦੇਵ ਕੁਮਾਰ, ਸੁਖਵਿੰਦਰ ਸਿੰਘ ਸਾਬਕਾ ਸਰਪੰਚ, ਹਰਜਿੰਦਰ ਸਿੰਘ ਪਦਮ ਪੰਚ , ਪਲਵਿੰਦਰ ਸਿੰਘ, ਹਰਨੇਕ ਸਿੰਘ ਸਾਬਕਾ ਪੰਚ, ਰਸ਼ਪਾਲ ਸਿੰਘ ਪੰਚ, ਗੁਰਬਿੰਦਰ ਕੌਰ ਪੰਚ, ਅਮਰਜੀਤ ਕੌਰ ਪੰਚ, ਜਸਵਿੰਦਰ ਸਿੰਘ ਸਾਬਕਾ ਪੰਚ, ਸੁਖਦੇਵ ਸਿੰਘ ਸਾਬਕਾ ਪੰਚ, ਭਾਈ ਗੁਰਮੀਤ ਸਿੰਘ ਪਦਮ, ਲੱਖੀ ਟੇਲਰ, ਕਾਮਰੇਡ ਹਰਮੇਲ ਸਿੰਘ, ਸੰਤੋਖ ਸਿੰਘ, ਕਾਮਰੇਡ ਸਾਬੀ, ਆਦਿ ਹੋਰ ਵੀ ਮੈਂਬਰ ਹਾਜ਼ਰ ਸਨ।

## ਪਵਨ ਕੁਮਾਰ ਟੀਨੂੰ ਨੇ ਹਲਕੇ ਨੂੰ ਦਿੱਤਾ ਸੜਕਾਂ ਦਾ ਤੋਹਫਾ



**ਆਦਮਪੁਰ (ਪਰਮਜੀਤ ਸਿੰਘ)**- ਹਰ ਵੇਲੇ ਆਦਮਪੁਰ ਦੀਆਂ ਦੁੱਖ ਤਕਲੀਫਾਂ ਨਾਲ ਖੜਨ ਵਾਲੇ ਸਾਬਕਾ ਹਲਕਾ ਵਿਧਾਇਕ ਆਦਮਪੁਰ ਪਵਨ ਕੁਮਾਰ ਟੀਨੂੰ ਨੇ ਚੇਅਰਮੈਨ ਦਾ ਅਹੁਦਾ ਸੰਭਾਲਦਿਆਂ ਹੀ ਆਦਮਪੁਰ ਹਲਕੇ ਨੂੰ ਸੜਕਾਂ ਦਾ ਤੋਹਫਾ ਦਿੰਦਿਆਂ ਮੌਕੇ ਤੇ ਅਫਸਰਾਂ ਤੋਂ ਆਦਮਪੁਰ ਦੀਆਂ ਲਿੰਕ ਸੜਕਾਂ ਦੇ ਕੰਮ ਨੂੰ ਪਾਸ ਕਰਵਾਇਆ ਗਿਆ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਹਰਕੀਤ ਸਿੰਘ ਨਿੱਝਰ ਨੇ ਕੀਤਾ।ਉਹਨਾਂ ਦੱਸਿਆ ਕਿ ਇਹਨਾਂ ਸੜਕਾਂ ਵਿੱਚ ਨਾਜਕਾ ਤੋਂ ਭੇਲਾਂ ਲਿੰਕ ਸੜਕ, ਪੈਟਰੋਲ ਪੰਪ ਨਾਜਕਾ ਤੋਂ ਸੰਧਵਾਂ ਤੱਕ, ਸਾਰੋਬਾਦ ਤੋਂ ਜਲਭੇ, ਨਾਜਕਾ ਤੋਂ ਪੰਡੋਰੀ ਨਿੱਝਰਾਂ, ਸਾਰੋਬਾਦ ਤੋਂ ਗੁਰਦੁਆਰਾ ਰਾੜਾ ਸਾਹਿਬ, ਸਾਰੋਬਾਦ ਤੋਂ ਫਤਿਹਪੁਰ, ਧੁਦਿਆਲ ਤੋਂ ਸ਼ਾਮ ਚੁਰਾਸੀ, ਜਲਭੇ ਤੋਂ ਢੇਹਪੁਰ, ਕੋਟਲੇ ਤੋਂ ਸ਼ਾਮ ਚੁਰਾਸੀ, ਸਲਾਲਾ ਤੋਂ ਧੁਦਿਆਲ, ਕਠਾਰ ਖਿਆਲਾ ਰੋਡ ਤੋਂ ਦਿਅੰਤਪੁਰ, ਫਿਰਨੀ ਪਿੰਡ ਖੁਰਦਪੁਰ, ਫਿਰਨੀ ਪਿੰਡ ਡਮੁੰਡਾ, ਅਲਾਵਲਪੁਰ ਤੋਂ ਲੇਸੜੀਵਾਲ, ਆਦਮਪੁਰ ਭੋਗਪੁਰ ਰੋਡ ਤੋਂ ਦੂਹੜੇ, ਕੋਟਲੀ ਜਮੀਤ ਸਿੰਘ ਤੋਂ ਜੇਠਪੁਰ, ਫਿਰਨੀ ਪਿੰਡ ਸਗਰਾਂਵਾਲੀ, ਧੋਗੜੀ ਤੋਂ ਜੰਡੂ ਸਿੰਘਾ ਅਤੇ ਫਿਰਨੀ ਪਿੰਡ ਚੋਮੋਂ ਆਦਿ ਦਾ ਕੰਮ ਬਹੁਤ ਜਲਦ ਸ਼ੁਰੂ ਕਰ ਦਿੱਤਾ ਜਾਵੇਗਾ।ਇਸ ਇਸ ਮੌਕੇ ਹੋਰਨਾਂ ਤੋਂ ਇਲਾਵਾ ਹਰਕੀਤ ਸਿੰਘ ਭੇਲਾ, ਅਮਨਦੀਪ ਸਿੰਘ ਪੰਚ, ਸਰਪੰਚ ਲਖਵੀਰ ਸਿੰਘ, ਅਨੂਪ ਨੂਪੀ, ਜੱਸਾ ਸੰਘਵਾਲ, ਰਾਜਾ ਡਰੋਲੀ, ਪ੍ਰਿਥੀਪਾਲ, ਨਿੰਮਾ ਜਲੰਧਰ, ਚਰਨਜੀਤ ਸ਼ੇਰੀ, ਸੁਖਜੋਤ ਭੇਲਾ, ਜਸਦਿਆਲ ਭੋਗਪੁਰ ਅਤੇ ਹੋਰ ਹਾਜ਼ਰ ਸਨ।

## ਵਿਸ਼ਵ ਵਾਤਾਵਰਣ ਦਿਵਸ 'ਤੇ ਬੂਟੇ ਵੰਡੇ



**ਕਿਸ਼ਨਗੜ੍ਹ (ਸੁਖਜੀਤ ਕੁਮਾਰ)** ਬੀਤੇ ਦਿਨ ਵਿਸ਼ਵ ਵਾਤਾਵਰਣ ਦਿਵਸ ਮੌਕੇ ਡੇਰਾ ਬ੍ਰਹਮਲੀਨ ਸੰਤ ਸਰਵਣ ਦਾਸ ਮਹਾਰਾਜ ਜੀ ਸੱਚਖੰਡ ਬੱਲਾਂ ਵਿਖੇ ਡੇਰੇ ਦੇ ਮੌਜੂਦਾ ਗੱਦੀ ਨਸ਼ੀਨ ਸੰਤ ਨਿਰੰਜਣ ਦਾਸ ਮਹਾਰਾਜ ਜੀ ਚੇਅਰਮੈਨ ਸ੍ਰੀ ਗੁਰੂ ਰਵਿਦਾਸ ਜਨਮ ਅਸਥਾਨ ਮੰਦਰ ਕਾਂਸ਼ੀ ਬਨਾਰਸ ਪਬਲਿਕ ਚੈਰੀਟੇਬਲ ਟਰੱਸਟ ਯੂ ਪੀ ਵਾਲਿਆਂ ਵੱਲੋਂ ਸਤਿਗੁਰੂ ਰਵਿਦਾਸ ਵਾਤਾਵਰਨ ਬਚਾਓ ਤੇ ਸਾਂਭ ਸੰਭਾਲ ਸੁਸਾਇਟੀ ਰਾਏਪੁਰ -ਬੱਲਾਂ ਦੀ ਸਮੁੱਚੀ ਟੀਮ ਨੂੰ ਫਲਦਾਰ ਬੂਟੇ ਭੇਂਟ ਕੀਤੇ ਗਏ। ਇਸ ਮੌਕੇ 'ਤੇ ਵਿਸ਼ਵ ਦੀਆਂ ਸਮੁੱਚੀਆਂ ਸੰਗਤਾਂ ਨੂੰ ਪੁਰਜ਼ੋਰ ਪ੍ਰੇਰਿਤ ਕਰਦਿਆਂ ਸੰਤ ਨਿਰੰਜਨ ਦਾਸ ਮਹਾਰਾਜ ਨੇ ਆਖਿਆ ਕਿ ਧਰਤੀ ਤੇ ਦਿਨ ਪ੍ਰਤੀ ਦਿਨ ਦੂਸ਼ਿਤ ਹੋ ਰਹੇ ਵਾਤਾਵਰਨ ਦੀ ਸਾਂਭ ਸੰਭਾਲ ਅਤੇ ਅੱਤ ਦੀ ਗਰਮੀ ਦੇ ਵੱਧ ਰਹੇ ਪ੍ਰਕੋਪ ਤੋਂ ਬਚਾਓ ਲਈ ਹਰ ਵਿਅਕਤੀ ਨੂੰ ਆਪਣੇ ਜੀਵਨ ਕਾਲ ਵਿੱਚ ਘੱਟੋ ਘੱਟ ਇੱਕ ਬੂਟਾ ਲਗਾ ਕੇ ਉਸਦਾ ਪਾਲਣ ਪੋਸਣ ਯਕੀਨੀ ਬਣਾਉਣਾ ਚਾਹੀਦਾ ਹੈ! ਜੋ ਸਮੁੱਚੀ ਮਾਨਵਤਾ ਦੇ ਭਲੇ ਹਿੱਤ ਅਤੇ ਪਰਮਾਤਮਾ ਦੀ ਸਜਾਈ ਸੁੰਦਰ ਕਾਇਨਾਤ ਨੂੰ ਬਰਕਰਾਰ ਰੱਖਣ ਹਿਤ ਸਮੇਂ ਦੀ ਮੁੱਖ ਲੋੜ ਹੈ! ਇਸ ਮੌਕੇ ਹੋਰਾਂ ਤੋਂ ਇਲਾਵਾ ਸੇਵਾਦਾਰ ਹਰਦੇਵ ਦਾਸ, ਸੰਤ ਲੇਖਰਾਜ ਨੂਰਪੁਰ ਵਾਲੇ, ਸੇਵਾਦਾਰ ਕੈਲਾਸ ਚੰਦਰ, ਪ੍ਰਧਾਨ ਉੱਘੇ ਵਾਤਾਵਰਨ ਪ੍ਰੇਮੀ ਬਲਦੇਵ ਸਿੰਘ ਹੋਠੀ ਸੇਵਾ ਮੁਕਤ ਜੇ. ਈ., ਜਨ ਸਕੱਤਰ, ਸੁਖਵਿੰਦਰ ਬਿਰਦੀ, ਬਲਦੇਵ ਰਾਜ ਮੰਗਾ, ਸੇਵਾ ਮੁਕਤ ਇੰਸਪੈਕਟਰ ਸੋਹਣ ਲਾਲ, ਮੱਖਣ ਕੈਂਥ, ਵਰਿੰਦਰ ਕੁਮਾਰ ਜੇ. ਈ. ਸ਼ਿੰਗਾਰਾ ਰਾਮ ਮੰਨਣ, ਕਾਮਰੇਡ ਮਨੋਹਰ ਲਾਲ ਬੱਲਾਂ, ਸੰਸਾਰ ਚੰਦ ਮੰਨਣ, ਗੁਰਮੀਤ ਰਾਮ ਦੌਲਤਪੁਰ, ਮਹਿੰਦਰ ਪਾਲ ਮਡਾਰ ਰਾਏਪੁਰ ਰਸੂਲਪੁਰ, ਮਾਸਟਰ ਬਲਵੀਰ ਬੈਂਸ ਆਦਿ ਹਾਜਰ ਸਨ।

## ਪੀਰ ਬਾਬਾ ਕੱਲੂ ਸ਼ਾਹ ਜੀ ਯਾਦਗਾਰੀ ਸੱਭਿਆਚਾਰਕ ਮੇਲੇ ਨੂੰ ਲੈ ਕੇ ਵਿਸ਼ੇਸ਼ ਮੀਟਿੰਗ

**ਅੱਡਾ ਸਰਾਂ (ਜਸਵੀਰ ਕਾਜਲ)**- ਪੀਰ ਬਾਬਾ ਕੱਲੂ ਸ਼ਾਹ ਜੀ ਦੀ ਦਰਗਾਹ 'ਤੇ ਪਿੰਡ ਨੈਣੋਵਾਲ ਵੈਦ ਵਿਖੇ 19 ਜੂਨ ਨੂੰ ਕਰਵਾਏ ਜਾ ਰਹੇ ਸਲਾਨਾ 32ਵੇਂ



ਸੱਭਿਆਚਾਰਕ ਮੇਲੇ ਦੀਆਂ ਤਿਆਰੀਆਂ ਨੂੰ ਲੈ ਕੇ ਪ੍ਰਬੰਧਕ ਕਮੇਟੀ ਦੀ ਇੱਕ ਵਿਸ਼ੇਸ਼ ਮੀਟਿੰਗ ਹੋਈ। ਪੀਰ ਬਾਬਾ ਕੱਲੂ ਸ਼ਾਹ ਜੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਤਨਾਮ ਸਿੰਘ ਢਿੱਲੋਂ ਦੀ ਅਗਵਾਈ ਵਿੱਚ ਹੋਈ ਇਸ ਮੀਟਿੰਗ ਦੌਰਾਨ ਕਮੇਟੀ ਦੇ ਸੇਵਾਦਾਰਾਂ ਅਤੇ ਮੈਂਬਰਾਂ ਨੇ ਭਾਗ ਲੈਂਦੇ ਹੋਏ ਕਰਵਾਏ ਜਾਣ ਵਾਲੇ ਸੱਭਿਆਚਾਰਕ ਮੇਲੇ ਸਬੰਧੀ ਵਿਚਾਰ ਵਟਾਂਦਰਾ ਕੀਤਾ। ਇਸ ਮੌਕੇ ਕਮੇਟੀ ਪ੍ਰਧਾਨ ਸਤਨਾਮ ਸਿੰਘ ਢਿੱਲੋਂ, ਵਾਈਸ ਪ੍ਰਧਾਨ ਨੰਬਰਦਾਰ ਸੁਖਵਿੰਦਰ ਸਿੰਘ ਢਿੱਲੋਂ, ਕੈਸ਼ੀਅਰ ਸੋਮਨਾਥ ਮਹਿਮੀ, ਸਰਪੰਚ ਨਰਿੰਦਰ ਸਿੰਘ, ਗੁਰਜੀਤ ਸਿੰਘ ਡੀ.ਜੇ ਤੇ ਹੋਰਨਾਂ ਨੇ ਦੱਸਿਆ ਕਿ ਪ੍ਰਵਾਸੀ ਭਾਰਤੀਆਂ ਨਗਰ ਤੇ ਇਲਾਕੇ ਦੇ ਸਹਿਯੋਗ ਨਾਲ 19 ਜੂਨ ਨੂੰ ਕਰਵਾਏ ਜਾਣ ਵਾਲੇ ਸਲਾਨਾ ਸੱਭਿਆਚਾਰਕ ਮੇਲੇ ਦੌਰਾਨ ਸਭ ਤੋਂ ਪਹਿਲਾਂ ਪੀਰਾਂ ਦੀ ਦਰਗਾਹ 'ਤੇ ਚਾਦਰ ਤੇ ਝੰਡਾ ਚੜ੍ਹਾਉਣ ਦੀ ਰਸਮ ਅਦਾ ਕੀਤੀ ਜਾਵੇਗੀ। ਸੱਭਿਆਚਾਰਕ ਮੇਲੇ ਦੌਰਾਨ ਸਲੀਮ ਸਾਬਰੀ ਕਵਾਲ ਐਂਡ ਪਾਰਟੀ ਮਲੇਰ ਕੋਟਲਾ, ਗਾਇਕ ਕੁਲਦੀਪ ਰੰਧਾਵਾ, ਦੋਗਾਣਾ ਜੋੜੀ ਸੁਰਿੰਦਰ ਮਾਨ ਕਰਮਜੀਤ ਕੰਮੋ, ਲੱਖੀ ਸਿੱਧੂ, ਮਹਿਮੀ ਬਰਾੜ, ਗਾਇਕਾ ਮੈਂਡੀ ਕਾਲੜਾ, ਐਂਕਰ ਬਲਦੇਵ ਰਾਹੀ ਭੋਗਪੁਰ ਤੇ ਹੋਰ ਕਲਾਕਾਰ ਪਹੁੰਚ ਕਰਕੇ ਆਪਣੇ ਫਨ ਦਾ ਮੁਜ਼ਾਹਰਾ ਕਰਨਗੇ। ਪ੍ਰਬੰਧਕਾਂ ਨੇ ਦੱਸਿਆ ਕਿ ਸੱਭਿਆਚਾਰਕ ਮੇਲੇ ਦੌਰਾਨ ਅੰਤਰਰਾਸ਼ਟਰੀ ਪੰਜਾਬੀ ਗੀਤਕਾਰ ਹਰਵਿੰਦਰ ਓਹੜਪੁਰੀ, ਗੀਤਕਾਰ ਸੁਖਜੀਤ ਝਾਂਸਾਂ ਵਾਲਾ ਤੇ ਉੱਘੇ ਸਮਾਜ ਸੇਵੀ ਐਡਵੋਕੇਟ ਗੁਰਵੀਰ ਸਿੰਘ ਚੋਟਾਲਾ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਜਾਵੇਗਾ। ਇਸ ਮੌਕੇ ਬਲਜਿੰਦਰ ਸਿੰਘ ਢਿੱਲੋਂ, ਕੁਲਜਿੰਦਰ ਸਿੰਘ, ਜਸਵੰਤ ਸਿੰਘ ਢਿੱਲੋਂ, ਬਲਜੀਤ ਸਿੰਘ, ਰਵਿੰਦਰ ਬੱਬੂ, ਜਸਪ੍ਰੀਤ ਸਿੰਘ, ਮਨਵੀਰ ਸਿੰਘ, ਮਨਿੰਦਰ ਸਿੰਘ, ਅਰਸ਼ਦੀਪ ਸਿੰਘ, ਅਮਰਦੀਪ ਸਿੰਘ, ਵਿਸ਼ਾਲ, ਮਨਿੰਦਰ ਸਿੰਘ, ਸਾਹਿਲ ਲਬੀ, ਕਿੰਦਾ ਨੈਣੋਵਾਲ ਵੈਦ, ਪ੍ਰਭ ਆਦਿ ਵੀ ਮੌਜੂਦ ਸਨ।

## ਬੱਸੀ ਜਲਾਲ 'ਚ ਜੋੜ ਮੇਲਾ ਸ਼ਰਧਾ ਪੂਰਵਕ ਸੰਪੰਨ

**ਅੱਡਾ ਸਰਾਂ (ਜਸਵੀਰ ਕਾਜਲ)**- ਪਿੰਡ ਬੱਸੀ ਜਲਾਲ ਵਿਖੇ ਪੀਰ ਬਾਬਾ ਲੱਖ ਦਾਤਾ ਦਰਬਾਰ 'ਤੇ 12 ਵਾਂ ਸਲਾਨਾ ਜੋੜ ਮੇਲਾ ਨੌਜਵਾਨ ਸਭਾ ਕਲੱਬ ਵਲੋਂ ਨਗਰ ਨਿਵਾਸੀਆਂ





ਅਤੇ ਐਨ ਆਰ ਆਈ ਸੰਗਤਾਂ ਦੇ ਸਹਿਯੋਗ ਨਾਲ ਸ਼ਰਧਾਪੂਰਵਕ ਕਰਵਾਇਆ ਗਿਆ। ਇਸ ਮੌਕੇ ਪੀਰ ਬਾਬਾ ਲੱਖ ਦਾਤਾ ਦੀ ਮੁਕੱਦਸ ਦਰਗਾਹ 'ਤੇ ਝੰਡਾ, ਚਾਦਰ ਚੜ੍ਹਾਉਣ ਅਤੇ ਚਿਰਾਗ ਰੋਸ਼ਨ ਦੀ ਰਸਮ ਅਦਾ ਕਰਨ ਉਪਰੰਤ ਧਾਰਮਿਕ ਪੰਡਾਲ ਸਜਾਇਆ ਗਿਆ। ਕਵਾਲ ਜਥਾ ਦੀਪ ਸਫੀਪੁਰੀਆ ਅਤੇ ਜਾਨਵੀ ਆਰਤੀ ਨਕਾਲ ਪਾਰਟੀ ਵਲੋਂ ਆਪਣੇ ਦਾ ਮੁਜ਼ਾਹਰਾ ਕੀਤਾ। ਇਨ੍ਹਾਂ ਤੋਂ ਇਲਾਵਾ ਪੰਜਾਬ ਦੀ ਸੁਰੀਲੀ ਆਵਾਜ਼ ਅਮਰਿੰਦਰ ਬੌਬੀ ਨੇ ਵੀ ਸਰੋਤਿਆਂ ਨੂੰ ਮੰਤਰ ਮੁਗਧ ਕੀਤਾ। ਇਸ ਮੌਕੇ ਠੰਢੇ ਮਿੱਠੇ ਜਲ ਦੀਆਂ ਛਬੀਲਾਂ ਲਗਾਈਆਂ ਗਈਆਂ ਅਤੇ ਅਤੁੱਟ ਲੰਗਰ ਵੀ ਵਰਤਿਆ। ਇਸ ਮੌਕੇ ਪ੍ਰਧਾਨ ਦਿਲਬਾਗ ਸਿੰਘ, ਸੂਰਜ ਸਹੋਤਾ, ਸੇਵਾਦਾਰ ਰਣਵੀਰ ਸਿੰਘ ਮੋਖਾ,ਏ ਐਸ ਆਈ ਜੋਗਿੰਦਰ ਸਿੰਘ, ਸੂਰਜ ਸਭਰਵਾਲ, ਲਵੀ ਸਭਰਵਾਲ, ਗੋਰਾ, ਛੱਬਾ, ਕੁਲਵੀਰ ਸਿੰਘ, ਰਮਨ ਸਭਰਵਾਲ, ਨੰਬਰਦਾਰ ਚਰਨਜੀਤ ਸਿੰਘ, ਮਨਜੀਤ ਸਿੰਘ ਮਨੀ ਕਨੇਡਾ, ਪਰਮਜੀਤ ਸਿੰਘ ਬੈਂਸ ਤੋਂ ਇਲਾਵਾ ਨਗਰ ਦੀਆਂ ਸੰਗਤਾਂ ਹਾਜ਼ਰ ਸਨ।

## ਪਿਛਾਖੜੀ ਤੱਤਾਂ ਦੇ ਜੰਗ ਭੜਕਾਊ ਮਨਸੂਬੇ ਪਛਾੜੋ : ਪਾਸਲਾ

**ਜਲੰਧਰ (ਰਾਜੇਸ਼ ਥਾਪਾ)**- ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ.ਐਮ.ਪੀ.ਆਈ.), ਕੇਂਦਰੀ ਟਰੇਡ ਯੂਨੀਅਨਾਂ ਤੇ ਆਜ਼ਾਦ ਫੈਡਰੇਸ਼ਨਾਂ ਦੇ ਸੱਦੇ 'ਤੇ 9 ਜੁਲਾਈ ਨੂੰ ਕੀਤੀ ਜਾ ਰਹੀ ਇਕ ਦਿਨਾ ਦੇਸ਼ ਵਿਆਪੀ ਹੜਤਾਲ ਦੀ ਕਾਮਯਾਬੀ ਲਈ ਪਿੰਡਾਂ-ਸ਼ਹਿਰਾਂ ਅੰਦਰ ਬੱਝਵੀਂ, ਅਸਰਦਾਰ ਲੋਕ ਲਾਮਬੰਦੀ ਕਰੇਗੀ। ਉਕਤ ਫੈਸਲਾ, ਕੌਮੀ ਜਨਰਲ ਸਕੱਤਰ ਕਾਮਰੇਡ ਮੰਗਤ ਰਾਮ ਪਾਸਲਾ ਦੀ ਹਾਜ਼ਰੀ ਵਿਚ ਸਾਥੀ ਰਤਨ ਸਿੰਘ ਰੰਧਾਵਾ ਦੀ ਪ੍ਰਧਾਨਗੀ ਹੇਠ ਹੋਈ ਪੰਜਾਬ ਰਾਜ ਕਮੇਟੀ ਦੇ ਸਕੱਤਰੇਤ ਦੀ ਮੀਟਿੰਗ ਵਲੋਂ ਲਿਆ ਗਿਆ। ਇਹ ਜਾਣਕਾਰੀ ਅੱਜ ਇਥੋਂ ਇਕ ਬਿਆਨ ਜਾਰੀ ਕਰਦਿਆਂ ਸੂਬਾ ਸਕੱਤਰ ਸਾਥੀ ਪਰਗਟ ਸਿੰਘ ਜਾਮਾਰਾਏ ਨੇ ਦਿੱਤੀ। ਮੀਟਿੰਗ ਨੇ ਰਾਸ਼ਟਰੀ ਸੋਇਮ ਸੇਵਕ ਸੰਘ (ਆਰ.ਐਸ.ਐਸ.) ਦੀ ਹੱਥਠੋਕਾ ਕੇਂਦਰ ਦੀ ਮੋਦੀ ਸਰਕਾਰ ਵਲੋਂ ਕੀਤੇ ਜਾ ਰਹੇ ਸੰਵਿਧਾਨਕ ਕਦਰਾਂ-ਕੀਮਤਾਂ ਦੇ ਘਾਣ ਤੇ ਭਾਈਚਾਰਕ ਸਾਂਝ ਨੂੰ ਪਹੁੰਚਾਏ ਜਾ ਰਹੇ ਘਾਤਕ ਨੁਕਸਾਨ ਖਿਲਾਫ ਵਿਚਾਰਧਾਰਕ ਯੁੱਧ ਤੇ ਜਨਤਕ ਸਰਗਰਮੀਆਂ ਹੋਰ ਤੇਜ਼ ਕਰਨ ਦਾ ਨਿਰਣਾ ਲਿਆ। ਕੇਂਦਰੀ ਤੇ ਪ੍ਰਾਂਤਕ ਸਰਕਾਰਾਂ ਵਲੋਂ ਲੋਕ ਸਰੋਕਾਰਾਂ ਤੇ ਕੌਮੀ ਹਿਤਾਂ ਦੀ ਘੋਰ ਅਣਦੇਖੀ ਕਰਦਿਆਂ ਲਾਗੂ ਕੀਤੀਆਂ ਜਾ ਰਹੀਆਂ ਸਾਮਰਾਜ ਨਿਰਦੇਸ਼ਤ ਨਵ-ਉਦਾਰਵਾਦੀ ਨੀਤੀਆਂ ਖਿਲਾਫ਼ ਜਾਰੀ ਜਨ ਸੰਗਰਾਮ ਵੀ ਹੋਰ ਪ੍ਰਚੰਡ ਕਰਨ ਲਈ ਦੀ ਯੋਜਨਾ ਉਲੀਕੀ ਗਈ ਹੈ। ਮੀਟਿੰਗ ਨੇ ਪਹਿਲਗਾਮ ਅੱਤਵਾਦੀ ਹਮਲੇ ਤੋਂ ਪਿੱਛੋਂ ਦੇਸ਼ ਵਾਸੀਆਂ ਵਲੋਂ ਪ੍ਰਗਟਾਈ ਗਈ ਕੌਮੀ ਯਕਜਹਿਤੀ ਦੀ ਸ਼ਾਨਦਾਰ ਭਾਵਨਾ ਨੂੰ ਸੱਟ ਮਾਰਦੀਆਂ ਹਿੰਦੂਤਵੀ ਕੱਟੜਵਾਦੀਆਂ ਦੀਆਂ ਸਾਜ਼ਿਸ਼ਾਂ ਤੇ ਜੰਗ ਭੜਕਾਊ ਬਿਆਨਾਂ-ਗਤੀਵਿਧੀਆਂ ਦੀ ਨਿੰਦਾ ਕੀਤੀ ਹੈ। ਆਰ ਐਮ ਪੀ ਆਈ ਦੇਸ਼ ਵਾਸੀਆਂ ਨੂੰ ਅਪੀਲ ਕਰਦੀ ਹੈ ਕਿ ਉਹ ਸੰਘ ਪਰਵਾਰ ਦੇ ਵੰਡਵਾਦੀ ਮਨਸੂਬਿਆਂ ਤੋਂ ਸੁਚੇਤ ਹੋਣ ਤੇ ਮਨੂੰਵਾਦੀ ਚੌਖਟੇ ਵਾਲਾ, ਧਰਮ ਆਧਾਰਤ, ਪਿਛਾਖੜੀ, ਤਾਨਾਸ਼ਾਹ ਰਾਜ ਕਾਇਮ ਕਰਨ ਦੇ ਸੰਘੀ ਮਨਸੂਬੇ ਪਛਾੜਨ ਲਈ ਅੱਗੇ ਆਉਣ। ਮੀਟਿੰਗ ਨੇ ਗਰੀਬੀ-ਅਮੀਰੀ ਦੇ ਪਾੜੇ, ਮਹਿੰਗਾਈ-ਬੇਰੁਜ਼ਗਾਰੀ, ਕੁਪੋਸ਼ਣ, ਇਕਸਾਰ ਤੇ ਮਿਆਰੀ ਸਿੱਖਿਆ ਤੇ ਸਿਹਤ ਸਹੂਲਤਾਂ ਅਤੇ ਪੀਣ ਵਾਲੇ ਸਵੱਛ ਦੀ ਘਾਟ, ਸਮਾਜਿਕ ਸੁਰੱਖਿਆ ਦੀ ਅਣਹੋਂਦ, ਅਮਰ ਵੇਲ ਵਾਂਗ ਵਧ ਰਹੇ ਭ੍ਰਿਸ਼ਟਾਚਾਰ ਤੇ ਅਪਰਾਧ, ਚੌਗਿਰਦੇ ਦੇ ਘਾਤਕ ਨੁਕਸਾਨ ਆਦਿ ਮੁਸੀਬਤਾਂ ਤੋਂ ਪਿੱਛਾ ਛੁਡਾਉਣ ਲਈ ਸਰਬਸਾਂਝਾ ਲੋਕ ਘੋਲ ਵਿੱਢਣ ਦਾ ਸੱਦਾ ਦਿੱਤਾ ਹੈ।ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੇ ਨਾਂ 'ਤੇ ਬੇਲਗਾਮ ਹੋਈ ਪੁਲਸ ਹਿਰਾਸਤੀ ਕਤਲ ਅਤੇ ਨਿਰਦੋਸ਼ਾਂ ਦੀ ਵਹਿਸ਼ੀ ਕੁੱਟਮਾਰ ਕਰ ਰਹੀ ਹੈ। ਸੂਬਾ ਸਰਕਾਰ ਵਲੋਂ ਜਾਰੀ ਕਿਰਤੀ ਮਾਰੂ ਨੋਟੀਫਿਕੇਸ਼ਨ ਰੱਦ ਕਰਵਾਉਣ ਅਤੇ ਹਜ਼ਾਰਾਂ ਏਕੜ ਉਪਜਾਊ ਜ਼ਮੀਨਾਂ ਖੋਹਣ ਦੇ ਕੋਝੇ ਹੱਥਕੰਡਿਆਂ ਲਈ ਲੜ ਰਹੇ ਸੰਗਠਨਾਂ ਦੀ ਮੁਕੰਮਲ ਹਿਮਾਇਤ ਕਰਨ ਦਾ ਫੈਸਲਾ ਕੀਤਾ ਗਿਆ ਹੈ। ਸਕੱਤਰੇਤ ਨੇ ਦੇਸ਼ ਭਰ 'ਚ ਕੀਤੇ ਜਾ ਰਹੇ ਸਿਆਸੀ ਕਾਰਕੁੰਨਾਂ ਦੇ ਹਿਰਾਸਤੀ ਕਤਲਾਂ ਖਿਲਾਫ ਜਲੰਧਰ ਵਿਖੇ 10 ਜੂਨ ਨੂੰ ਕੀਤੀ ਜਾ ਰਹੀ ਸਾਂਝੀ ਸੂਬਾਈ ਕਨਵੈਨਸ਼ਨ ਵਿਚ ਨੁਮਾਇੰਦੇ ਭੇਜਣ ਦਾ ਵੀ ਫੈਸਲਾ ਕੀਤਾ ਹੈ। ਆਰੰਭ ਵਿਚ ਇਜ਼ਰਾਇਲ ਵਲੋਂ ਸਾਮਰਾਜੀ ਥਾਪੜੇ ਨਾਲ ਫਲਸਤੀਨੀਆਂ ਦੇ ਨਸਲੀ ਸਫਾਏ ਲਈ ਛੇੜੀ ਜੰਗ 'ਚ ਮਾਰੇ ਜਾ ਚੁੱਕੇ ਇਸਤਰੀਆਂ, ਮਾਸੂਮ ਬੱਚਿਆਂ, ਰਾਹਤ ਕਾਮਿਆਂ, ਡਾਕਟਰਾਂ, ਪੱਤਰਕਾਰਾਂ, ਤੇ ਨਿਰਦੋਸ਼ ਨਾਗਰਿਕਾਂ, ਨੂੰ ਸ਼ਰਧਾਂਜਲੀ ਭੇਟ ਕੀਤੀ ਗਈ।

## ਨਜਾਇਜ਼ ਸ਼ਰਾਬ ਮਾਫੀਆ ਦੇ ਖਾਤਮੇ ਲਈ ਐਕਸਾਈਜ਼ ਵਿਭਾਗ ਆਇਆ ਗ੍ਰਾਊਂਡ ਲੈਵਲ 'ਤੇ



**ਕਪੂਰਥਲਾ (ਪ੍ਰੀਤ ਸੰਗੋਜਲਾ)**- ਦੇਖਣ 'ਚ ਆ ਰਿਹਾ ਹੈ ਕਿ ਸੂਬੇ ਅੰਦਰ ਨਜਾਇਜ਼ ਸ਼ਰਾਬ ਮਾਫੀਆ ਬਾਜ਼ਾਰ ਤੋਂ ਖਾਲੀ ਬੋਤਲਾਂ ਖਰੀਦ ਕੇ ਵੱਖ ਵੱਖ ਬ੍ਰਾਂਡਾਂ ਦੀ ਨਕਲੀ ਸ਼ਰਾਬ ਭਰ ਕੇ ਆਮ ਲੋਕਾਂ ਨੂੰ ਘੱਟ ਰੇਟ 'ਤੇ ਵੇਚ ਰਹੇ ਹਨ। ਜਿਸ ਨਾਲ ਹਾਨੀਕਾਰਕ ਸ਼ਰਾਬ ਪੀਣ ਨਾਲ ਲੋਕਾਂ ਦੀ ਹੋ ਰਹੀ ਮੌਤ ਦੇ ਮਾਮਲੇ ਸਾਹਮਣੇ ਆ ਰਹੇ ਹਨ। ਪੰਜਾਬ ਸਰਕਾਰ ਅਤੇ ਆਬਕਾਰੀ ਮਹਿਕਮੇ ਨੇ ਇਸ ਗੋਰਖਧੰਦੇ ਨੂੰ ਖਤਮ ਕਰਨ ਲਈ ਅਤੇ ਲੋਕਾਂ ਦੀ ਜ਼ਿੰਦਗੀ ਨਾਲ ਖਿਲਵਾੜ ਕਰ ਨਕਲੀ ਸ਼ਰਾਬ ਬਣਾ ਕੇ ਵੇਚਣ ਵਾਲਿਆਂ ਨੂੰ ਨੱਥ ਪਾਉਣ ਲਈ ਕਪੂਰਥਲਾ ਦੇ ਐਕਸਾਈਜ਼ ਵਿਭਾਗ ਵੱਲੋਂ ਸਰਚ ਅਭਿਆਨ ਸ਼ੁਰੂ ਕੀਤਾ ਗਿਆ ਹੈ। ਜਿਸ ਤਹਿਤ ਐਕਸਾਈਜ਼ ਇੰਸਪੈਕਟਰ ਜਤਿੰਦਰ ਪਾਲ ਸਿੰਘ, ਗੋਪਾਲ ਘੇਰਾ ਅਤੇ ਸਿਮਰਨਪ੍ਰੀਤ ਸਿੰਘ ਵੱਲੋਂ ਰੋਜ਼ਾਨਾ ਜ਼ਿਲ੍ਹੇ ਭਰ ਦੇ ਸਾਰੇ ਸ਼ਹਿਰਾਂ, ਪਿੰਡ -ਪਿੰਡ ਅਤੇ ਹਰ ਗਲੀ 'ਚ ਕੱਚ ਅਤੇ ਪਲਾਸਟਿਕ ਬੋਤਲਾਂ ਦਾ ਖਾਲੀ ਬਾਰਦਾਨਾ ਨਸ਼ਟ ਕੀਤਾ ਜਾ ਰਿਹਾ ਹੈ। ਇਸੇ ਲੜੀ ਤਹਿਤ ਵੱਖ ਵੱਖ ਹੋਟਲਾਂ/ਰੈਸਟੋਰੈਂਟਾ ਆਦਿ ਦੀ ਚੈਕਿੰਗ ਕੀਤੀ ਗਈ। ਜਿਸ ਵਿੱਚ ਉਨ੍ਹਾਂ ਈਸਟਵੁੱਡ ਵਿਲੇਜ ਪਿਰਾਮਿਡ, ਸਵਾਗਤ ਅਤੇ ਬਾਬਾ ਚਿਕਨ ਵਿਖੇ ਹਾਰਡ ਬਾਰਾਂ ਦੀ ਜਾਂਚ ਵੀ ਕੀਤੀ ਗਈ ਅਤੇ ਪੈਰਾਡਾਈਜ਼ ਅਹਾਤੇ ਦੇ ਨੇੜੇ ਖਾਲੀ ਬੋਤਲਾਂ ਨੂੰ ਨਸ਼ਟ ਕਰ ਦਿੱਤਾ ਗਿਆ। ਇਸ ਦੌਰਾਨ ਜਤਿੰਦਰ ਪਾਲ ਸਿੰਘ ਨੇ ਲਾਇਸੈਂਸ-ਧਾਰਕਾਂ ਨੂੰ ਹਦਾਇਤਾਂ ਦਿੰਦਿਆਂ ਕਿਹਾ ਕਿ ਸ਼ਹਿਰ ਵਿੱਚ ਵੱਖ-ਵੱਖ ਥਾਵਾਂ 'ਤੇ ਮੈਰਿਜ ਪੈਲੇਸਾਂ/ਬੈਂਕਵੇਟ ਹਾਲਾਂ/ਹਾਰਡ ਬਾਰਾਂ ਵਿੱਚ ਆਯੋਜਿਤ ਪਾਰਟੀਆਂ ਵਿੱਚ ਵਰਤੀਆਂ ਜਾਂਦੀਆਂ ਖਾਲੀ ਸ਼ਰਾਬ ਦੀਆਂ ਬੋਤਲਾਂ ਦੀ ਦੁਰਵਰਤੋਂ ਦੇ ਮਾਮਲੇ ਸਾਹਮਣੇ ਆਏ ਹਨ। ਕੁਝ ਮਾਮਲਿਆਂ ਵਿੱਚ ਇਹਨਾਂ ਖਾਲੀ ਬੋਤਲਾਂ ਨੂੰ ਸ਼ਰਾਰਤੀ ਅਨਸਰਾਂ ਦੁਆਰਾ ਦੁਬਾਰਾ ਭਰਿਆ ਜਾ ਰਿਹਾ ਹੈ ਅਤੇ ਦੁਬਾਰਾ ਵੇਚਿਆ ਜਾ ਰਿਹਾ ਹੈ। ਇਸ ਨੂੰ ਕੰਟਰੋਲ ਕਰਨ ਲਈ ਲਾਇਸੈਂਸ-ਧਾਰਕਾਂ ਨੂੰ ਆਬਕਾਰੀ ਨੀਤੀ 2025-26 ਵਿੱਚ ਦੱਸੇ ਗਏ ਨਿਯਮਾਂ ਦੇ ਤਹਿਤ ਇਨ੍ਹਾਂ ਹਦਾਇਤਾਂ ਦੀ ਸਖਤੀ ਨਾਲ ਪਾਲਣਾ ਕਰਨੀ ਚਾਹੀਦੀ ਹੈ ਤਾਂ ਜੋ ਖਾਲੀ ਬੋਤਲਾਂ ਵਿੱਚ ਭਰੀ ਜਾਂਦੀ ਨਕਲੀ ਸ਼ਰਾਬ ਨੂੰ ਰੋਕਿਆ ਜਾ ਸਕੇ।

## ਰਾਮਗੜ੍ਹੀਆ ਚੌਕ ਵਿਖੇ ਠੰਢੇ-ਮਿੱਠੇ ਪਾਣੀ ਦੀ ਛਬੀਲ ਲਗਾਈ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**— ਰਘਬੀਰ ਸਿੰਘ, ਬਲਵਿੰਦਰ ਸਿੰਘ, ਰਾਵਿੰਦਰ ਸਿੰਘ ਦੀਪਾ ਅਤੇ ਸੰਨੀ ਵਲੋਂ ਰਾਮਗੜ੍ਹੀਆ ਚੌਕ ਹੁਸ਼ਿਆਰਪੁਰ ਵਿਖੇ ਠੰਡੇ ਮਿੱਠੇ ਪਾਣੀ ਦੀ



ਛਬੀਲ ਲਗਾਈ ਗਈ। ਇਹ ਛਬੀਲ ਰਾਮਗੜ੍ਹੀਆ ਚੌਕ ਦੇ ਸਮੂਹ ਦੁਕਾਨਦਾਰਾਂ ਦੇ ਸਹਿਯੋਗ ਨਾਲ ਲਗਾਈ ਗਈ। ਗਰਮੀ ਦੇ ਮੌਸਮ ਅਤੇ ਸਿੱਖੀ ਰਵਾਇਤਾਂ ਨੂੰ ਕਾਇਮ ਰੱਖਦਿਆ ਸ਼ਰਧਾ ਅਤੇ ਸਤਿਕਾਰ ਸਹਿਤ ਇਲਾਕਾ ਨਿਵਾਸੀਆਂ ਅਤੇ ਰਾਹੀਆਂ ਨੂੰ ਠੰਡਾ ਮਿੱਠਾ ਪਾਣੀ ਛਕਾਇਆ ਗਿਆ।ਇਸ ਮੌਕੇ ਰਾਣਾ, ਹਰਮਿੰਦਰ ਸਿੰਘ, ਭੇਲਾ, ਰੈਡ ਸਟੋਨ ਇੰਮੀਗਰੇਸ਼ਨ, ਸ਼ਕਤੀ ਸਿੰਘ, ਸਿਕੰਦਰ ਸਿੰਘ, ਗੁਰਦੀਪ ਸਿੰਘ ਆਦਿ ਨੇ ਨਿਸ਼ਕਾਮ ਸੇਵਾ ਨਿਭਾਈ। ਇਸ ਮੌਕੇ ਡੈਕ ਰਾਹੀਂ ਯੋਧਿਆਂ ਦੀ ਵਾਰਾਂ ਅਤੇ ਸ਼ਬਦ ਆਦਿ ਸੁਣਾ ਕੇ ਵੀ ਮਾਹੌਲ ਨੂੰ ਸੁਹਾਵਣਾ ਬਣਾਇਆ ਗਿਆ।

## ਖੇਤੀਬਾੜੀ ਵਿਭਾਗ ਵੱਲੋਂ ਝੋਨੇ ਦੇ ਬਦਲ ਵਜੋਂ ਸਾਉਣੀ ਦੀ ਮੱਕੀ ਦੀ ਕਾਸ਼ਤ ਦਾ ਪ੍ਰਾਜੈਕਟ ਸ਼ੁਰੂ

**ਕਪੂਰਥਲਾ (ਬਲਵੀਰ ਸ਼ਾਲ੍ਹਪੁਰੀ)**- ਪੰਜਾਬ ਦੇ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਨੇ ਖੇਤੀ ਵਿਭਿੰਨਤਾ ਨੂੰ ਉਤਸ਼ਾਹਿਤ ਕਰਨ ਤੇ ਧਰਤੀ ਹੇਠਲੇ ਪਾਣੀ ਨੂੰ ਬਚਾਉਣ ਦੇ ਨਾਲ-ਨਾਲ ਕਿਸਾਨਾਂ ਨੂੰ ਆਰਥਿਕ ਪੱਖੋਂ ਹੋਰ ਮਜ਼ਬੂਤ ਕਰਨ ਲਈ ਕਪੂਰਥਲਾ ਜ਼ਿਲ੍ਹੇ ਵਿੱਚ ਸਾਉਂਣੀ ਦੀ ਮੱਕੀ ਦੀ ਕਾਸ਼ਤ ਲਈ ਪਾਇਲਟ ਪ੍ਰਾਜੈਕਟ ਸ਼ੁਰੂ ਕੀਤਾ ਹੈ। ਇਸ ਸਬੰਧੀ ਡਿਪਟੀ ਕਮਿਸ਼ਨਰ ਅਮਿਤ ਕੁਮਾਰ ਪੰਚਾਲ ਨੇ ਦੱਸਿਆ ਕਿ ਪੰਜਾਬ ਸਰਕਾਰ ਵਲੋਂ ਜ਼ਿਲ੍ਹੇ ਵਿਚ ਝੋਨੇ ਹੇਠ ਰਕਬੇ ਨੂੰ ਘਟਾ ਕੇ ਮੱਕੀ ਹੇਠ ਲਿਆਉਂਣ ਲਈ ਪਾਇਲਟ ਪ੍ਰਾਜੈਕਟ ਸ਼ੁਰੂ ਕੀਤਾ ਗਿਆ ਹੈ। ਇਸ ਪ੍ਰਾਜੈਕਟ ਤਹਿਤ ਝੋਨੇ ਦੀ ਬਦਲ ਵਜੋਂ ਸਾਉਂਣੀ ਮੱਕੀ ਦੀ ਕਾਸ਼ਤ ਕਰਨ ਵਾਲੇ ਕਿਸਾਨਾਂ ਨੂੰ 17500 ਰੁਪਏ ਪ੍ਰਤੀ ਹੈਕਟੇਅਰ ਪ੍ਰੋਤਸ਼ਾਹਨ ਰਾਸ਼ੀ ਵਜੋਂ ਦਿੱਤੀ ਜਾਵੇਗੀ ਅਤੇ ਮੱਕੀ ਦੀ ਖਰੀਦ ਵੀ ਐੱਮ.ਐਸ.ਪੀ 'ਤੇ ਯਕੀਨੀ ਬਣਾਈ ਜਾਵੇਗੀ। ਉਹਨਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਝੋਨੇ ਦੀ ਬਜਾਏ ਸਾਉਂਣੀ ਮੱਕੀ ਦੀ ਫ਼ਸਲ ਬੀਜਣ ਨੂੰ ਪਹਿਲ ਦੇਣ, ਜਿਸ ਨਾਲ ਨਾ ਸਿਰਫ ਫਸਲੀ ਵਿਭਿੰਨਤਾ ਹੋਵੇਗੀ ਸਗੋਂ ਧਰਤ ਹੇਠਲੇ ਪਾਣੀ ਨੂੰ ਵੀ ਬਚਾਇਆ ਜਾ ਸਕੇਗਾ। ਮੁੱਖ ਖੇਤੀਬਾੜੀ ਅਫਸਰ ਐਚ.ਪੀ.ਐਸ ਭਰੋਤ ਨੇ ਦੱਸਿਆ ਕਿ ਪੰਜਾਬ ਸਰਕਾਰ ਵਲੋਂ ਪਾਇਲਟ ਪ੍ਰੋਜੈਕਟ ਅਧੀਨ ਜ਼ਿਲ੍ਹਾ ਕਪੂਰਥਲਾ ਵਿੱਚ 1500 ਹੈਕਟੇਅਰ ਝੋਨੇ ਵਾਲੇ ਰਕਬੇ ਵਿੱਚ ਮੱਕੀ ਦੀ ਖੇਤੀ ਕਰਵਾਉਂਣ ਦਾ ਟੀਚਾ ਮਿੱਥਿਆ ਗਿਆ ਹੈ। ਉਨ੍ਹਾਂ ਦੱਸਿਆ ਕਿ ਸਿਰਫ਼ ਉਨ੍ਹਾਂ ਖੇਤਾਂ ਵਿੱਚ ਹੀ ਮੱਕੀ ਦੀ ਬਿਜਾਈ ਕਰਵਾਈ ਜਾਵੇਗੀ ਜਿਥੇ ਪਹਿਲਾਂ ਝੋਨੇ ਦੀ ਲਵਾਈ ਹੁੰਦੀ ਸੀ। ਉਹਨਾਂ ਇਹ ਵੀ ਦੱਸਿਆ ਕਿ ਇਸ ਟੀਚੇ ਨੂੰ ਪ੍ਰਾਪਤ ਕਰਨ ਲਈ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵਲੋਂ ਮੱਕੀ ਬੀਜਣ ਵਾਲੇ ਕਿਸਾਨਾਂ ਦੀ ਰਜਿਸਟਰੇਸ਼ਨ ਅਤੇ ਤਕਨੀਕੀ ਸਲਾਹ ਲਈ ਸਿਖਲਾਈ ਪ੍ਰਾਪਤ ਕਿਸਾਨ ਮਿੱਤਰ ਵੀ ਨਿਯੁਕਤ ਕੀਤੇ ਗਏ ਹਨ, ਜੋ ਕਿਸਾਨਾਂ ਦੀ ਹਰ ਤਰ੍ਹਾਂ ਨਾਲ ਸਹਾਇਤਾ ਲਈ ਮੌਜੂਦ ਰਹਿਣਗੇ।

## ਮੀਟ ਤੇ ਸ਼ਰਾਬ ਦੀਆਂ ਦੁਕਾਨਾਂ ਬੰਦ ਰਹਿਣਗੀਆਂ

**ਜਲੰਧਰ (ਸੁਰਿੰਦਰ ਕੁਮਾਰ)** ਜਲੰਧਰ 'ਚ ਮੀਟ ਅਤੇ ਸ਼ਰਾਬ ਦੀਆਂ ਦੁਕਾਨਾਂ ਦੋ ਦਿਨ ਬੰਦ ਰਹਿਣਗੀਆਂ। ਸੰਤ ਸ਼੍ਰੋਮਣੀ ਭਗਤ ਕਬੀਰ ਜੀ ਦੇ ਪ੍ਰਕਾਸ਼ ਉਤਸਵ ਮੌਕੇ, ਜਲੰਧਰ ਪ੍ਰਸ਼ਾਸਨ ਨੇ ਕਾਨੂੰਨ ਵਿਵਸਥਾ ਬਣਾਈ ਰੱਖਣ ਅਤੇ ਧਾਰਮਿਕ ਭਾਵਨਾਵਾਂ ਦੀ ਮਾਣ-ਮਰਿਆਦਾ ਨੂੰ ਧਿਆਨ ਵਿੱਚ ਰੱਖਦੇ ਹੋਏ ਇਹ ਪਾਬੰਦੀ ਲਗਾਈ ਹੈ। ਇਸ ਸਮੇਂ ਦੌਰਾਨ, 10 ਅਤੇ 11 ਜੂਨ ਨੂੰ ਮਾਸ ਅਤੇ ਸ਼ਰਾਬ ਨਹੀਂ ਵੇਚੀ ਜਾਵੇਗੀ। ਉਲੰਘਣਾ ਕਰਨ 'ਤੇ ਸਖ਼ਤ ਕਾਰਵਾਈ ਕੀਤੀ ਜਾਵੇਗੀ। ਇਹ ਪਾਬੰਦੀ 10 ਜੂਨ ਨੂੰ ਭਗਤ ਕਬੀਰ ਜੀ ਦੇ ਮੰਦਰ ਦੇ ਨੇੜੇ ਅਤੇ ਸ਼ੋਭਾ ਯਾਤਰਾ ਦੇ ਸ਼ੁਰੂਆਤੀ ਰਸਤੇ 'ਤੇ ਅਤੇ 11 ਜੂਨ ਨੂੰ ਸ਼ੋਭਾ ਯਾਤਰਾ ਦੇ ਪੂਰੇ ਰਸਤੇ ਅਤੇ ਮੰਦਰ ਦੇ ਆਲੇ-ਦੁਆਲੇ ਦੇ ਖੇਤਰ 'ਤੇ ਲਾਗੂ ਹੋਵੇਗੀ। ਵਧੀਕ ਜ਼ਿਲ੍ਹਾ ਮੈਜਿਸਟਰੇਟ ਅਮਨਿੰਦਰ ਕੌਰ ਬਰਾੜ ਨੇ ਸਪੱਸ਼ਟ ਕੀਤਾ ਹੈ ਕਿ ਇਹ ਪਾਬੰਦੀ ਹਰ ਤਰ੍ਹਾਂ ਦੀਆਂ ਮੀਟ ਦੀਆਂ ਦੁਕਾਨਾਂ, ਸ਼ਰਾਬ ਦੀਆਂ ਦੁਕਾਨਾਂ ਅਤੇ ਅੰਡਿਆਂ ਦੀਆਂ ਪ੍ਰਚੂਨ ਦੁਕਾਨਾਂ 'ਤੇ ਬਰਾਬਰ ਲਾਗੂ ਹੋਵੇਗੀ। ਨਾਲ ਹੀ, ਉਲੰਘਣਾ ਕਰਨ ਵਾਲਿਆਂ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

## ਐਸ ਐਚ ਓ ਸਤਨਾਮ ਸਿੰਘ ਨੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਆ

**ਬਲਾਚੌਰ (ਜਸਵਿੰਦਰ ਬੈਂਸ)**- ਸੀਨੀਅਰ ਕਪਤਾਨ ਪੁਲਸ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਡਾ. ਮਹਿਤਾਬ ਸਿੰਘ ਦੇ ਦਿਸ਼ਾ



ਨਿਰਦੇਸ਼ਾਂ ਹੇਠ ਅਤੇ ਸ਼ਾਮ ਸੁੰਦਰ ਸ਼ਰਮਾ ਉਪ ਕਪਤਾਨ ਪੁਲਸ ਸਬ ਡਵੀਜ਼ਨ ਬਲਾਚੌਰ ਦੀ ਯੋਗ ਅਗਵਾਈ ਵਿੱਚ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਦੇ ਖਾਤਮੇ ਲਈ ਵਿੱਢੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਪਿੰਡ ਘਮੌਰ ਥਾਣਾ ਬਲਾਚੌਰ ਵਿਖੇ ਇੱਕ ਸੈਮੀਨਾਰ ਕਰਵਾਇਆ ਗਿਆ ਜਿਸ ਵਿੱਚ ਸਤਨਾਮ ਸਿੰਘ ਐਸ ਐਚ ਓ ਥਾਣਾ ਸਿਟੀ ਬਲਾਚੌਰ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਸੈਮੀਨਾਰ ਦੌਰਾਨ ਸਤਨਾਮ ਸਿੰਘ ਐਸ ਐਚ ਓ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਨਸ਼ਿਆਂ ਖਿਲਾਫ਼ ਜ਼ੀਰੋ ਟਾਲਰੈਂਸ ਦੀ ਨੀਤੀ ਅਪਣਾਉਂਦੇ ਹੋਏ ਫੈਸਲਾਕੁੰਨ ਜੰਗ ਵਿੱਢੀ ਹੋਈ ਹੈ। ਉਨ੍ਹਾਂ ਨੌਜਵਾਨਾਂ ਨੂੰ ਨਸ਼ਿਆਂ ਦੀ ਲਾਹਣਤ ਤੋਂ ਦੂਰ ਰਹਿਣ ਤੇ ਆਪਣੇ ਆਲੇ-ਦੁਆਲੇ ਦੇ ਲੋਕਾਂ ਨੂੰ ਵੀ ਇਸ ਦੇ ਮਾੜੇ ਪ੍ਰਭਾਵਾਂ ਤੋਂ ਸੁਚੇਤ ਕਰਨ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਕੋਈ ਵੀ ਲੜਾਈ ਲੋਕਾਂ ਦੇ ਸਹਿਯੋਗ ਤੋਂ ਬਿਨਾਂ ਨਹੀਂ ਜਿੱਤੀ ਜਾ ਸਕਦੀ, ਇਸ ਲਈ ਲੋਕਾਂ ਖਾਸ ਕਰ ਨੌਜਵਾਨਾਂ ਨੂੰ ਨਸ਼ਿਆਂ ਖਿਲਾਫ਼ ਅੱਗੇ ਆਉਂਦਿਆਂ ਇਸ ਲੜਾਈ 'ਚ ਪੁਲਸ ਦਾ ਸਾਥ ਦੇਣਾ ਚਾਹੀਦਾ ਸਾਰੇ ਨਸ਼ਾ ਛੁਡਾਊ ਕੇਂਦਰਾਂ 'ਚ ਨਸ਼ੇ ਦੇ ਆਦੀ ਵਿਅਕਤੀਆਂ ਦਾ ਇਲਾਜ ਮੁਫ਼ਤ ਇਲਾਜ ਕੀਤਾ ਜਾਂਦਾ ਹੈ ਤੇ ਇਸ ਤੋਂ ਇਲਾਵਾ ਇਨ੍ਹਾਂ ਨੌਜਵਾਨਾਂ ਲਈ ਕਿੱਤਾ ਮੁਖੀ ਸਿਖ਼ਲਾਈ ਦਾ ਵੀ ਪ੍ਰਬੰਧ ਹੈ ਉਨ੍ਹਾਂ ਅਪੀਲ ਕੀਤੀ ਕਿ ਜੇਕਰ ਕੋਈ ਵਿਅਕਤੀ ਨਸ਼ਾ ਛੱਡਣਾ ਚਾਹੁੰਦਾ ਹੈ ਤਾਂ 98032-00980 'ਤੇ ਸੰਪਰਕ ਕੀਤਾ ਜਾ ਸਕਦਾ ਹੈ। ਮੌਕੇ 'ਤੇ ਪਿੰਡ ਦੇ ਸਰਪੰਚ ਕੁਲਵਿੰਦਰ ਸਿੰਘ ਆਜੀਮਲ, ਮਹਿੰਦਰ ਸਿੰਘ ਸਾਬਕਾ ਸਰਪੰਚ, ਮੁਲਖ ਰਾਜ ਸਾਬਕਾ ਸਰਪੰਚ, ਕਾਬਲ ਰਾਮ ਪੰਚ, ਜਗਦੀਸ਼ ਸਿੰਘ ਸੋਢੀ ਰਿਟਾਇਰ ਏ ਐਸ ਆਈ, ਪਰਮਿੰਦਰ ਸਿੰਘ ਬੈਂਸ ਪੰਚ, ਜਸਪਾਲ ਸਿੰਘ ਰਿਟਾਇਰਡ ਇੰਸਪੈਕਟਰ ਸੀ ਆਰ ਪੀ ਹੋਰ ਪਿੰਡ ਦੇ ਨੌਜਵਾਨਾਂ ਨੇ ਨਸ਼ਾ ਮੁਕਤ ਸਮਾਜ ਤੇ ਪੰਜਾਬ ਲਈ ਇਸ ਜੰਗ 'ਚ ਆਪਣਾ ਬਣਦਾ ਯੋਗਦਾਨ ਪਾਉਣ ਤੇ ਨਸ਼ਿਆਂ ਵਿਰੁੱਧ ਕਰਨ ਦਾ ਦਾ ਪ੍ਰਣ ਲਿਆ।

## ਪਲਵਲ ਵਿੱਚ ਬਣੇਗਾ ਕੌਮਾਂਤਰੀ ਪੱਧਰ ਦਾ ਮਾਡਰਨ ਸਪੋਰਟਸ ਕੰਪਲੈਕਸ : ਨਾਇਬ ਸਿੰਘ ਸੈਣੀ

**ਚੰਡੀਗੜ੍ਹ (ਕ੍ਰਿਸ਼ਨ ਗਰਗ)** ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਪਲਵਲ ਵਾਸੀਆਂ ਨੂੰ ਵਿਕਾਸ ਪਰਿਯੋਜਨਾਵਾਂ ਦੀ ਵੱਡੀ ਸੌਗਾਤ ਦਿੰਦੇ ਹੋਏ ਵਿਧਾਨਸਭਾ ਖੇਤਰ ਲਈ ਅਨੇਕ ਐਲਾਨ ਕੀਤੇ। ਉਨ੍ਹਾਂ ਨੇ ਕਿਹਾ ਕਿ ਪਲਵਲ ਵਿੱਚ ਕੌਮਾਂਤਰੀ ਪੱਧਰ ਦਾ ਮਾਡਰਨ ਸਪੋਰਟਸ ਕੰਪਲੈਕਸ ਬਣਾਇਆ ਜਾਵੇਗਾ। ਨਾਲ ਹੀ, 55 ਲੱਖ ਰੁਪਏ ਦੀ ਲਾਗਤ ਨਾਲ ਪਲਵਲ ਵਿੱਚ ਇਨਡੋਰ ਸਟੇਡੀਅਮ ਨੂੰ ਸਾਊਂਡਪਰੂਫ ਬਣਾਇਆ ਜਾਵੇਗਾ। ਇਸ ਤੋਂ ਇਲਾਵਾ, ਸੈਕਟਰ -21 ਟ੍ਰਾਂਸਪੋਰਟ ਨਗਰ ਵਿੱਚ ਬੁਨਿਆਦੀ ਸਹੂਲਤਾਂ ਜਿਵੇਂ ਪਾਰਕਿੰਗ, ਬਰਸਾਤੀ ਪਾਣੀ ਦੀ ਨਿਕਾਸੀ, ਡ੍ਰੇਨੇਜ ਸਿਸਟਮ, ਜਲ੍ਹ ਸਪਲਾਈ ਆਦਿ ਦੇ ਵਿਕਾਸ ਲਈ 50 ਕਰੋੜ ਰੁਪਏ ਦਾ ਐਲਾਨ ਕੀਤਾ। ਸ੍ਰੀ ਨਾਇਬ ਸਿੰਘ ਸੈਣੀ ਨੇ ਐਲਾਨ ਕਰਦੇ ਹੋਏ ਕਿਹਾ ਕਿ ਪਲਵਲ ਵਿਧਾਨਸਭਾ ਖੇਤਰ ਵਿੱਚ 152 ਕਿਲੋਮੀਟਰ ਦੀ 75 ਸੜਕਾਂ, ਜੋ ਹੁਣੀ ਗਾਰੰਟੀ ਪੀਰੀਅਡ ਵਿੱਚ ਹਨ, ਸਬੰਧਿਤ ਏਜੰਸੀਆਂ ਰਾਹੀਂ ਇੰਨ੍ਹਾਂ ਸੜਕਾਂ ਦੀ ਮੁਰੰਮਤ ਕਰਵਾਈ ਜਾਵੇਗੀ। ਨਾਲ ਹੀ, 37.5 ਕਿਲੋਮੀਟਰ ਦੀ 8 ਸੜਕਾਂ ਦੀ ਮੁਰੰਮਤ ਲਈ 37 ਕਰੋੜ 57 ਲੱਖ ਰੁਪਏ ਅਤੇ 54.5 ਕਿਲੋਮੀਟਰ ਲੰਬਾਈ ਦੀ 26 ਸੜਕਾਂ ਦੇ ਨਵੀਨੀਕਰਣ ਲਈ 40 ਕਰੋੜ 18 ਲੱਖ ਰੁਪਏ ਦੇਣ ਦਾ ਐਲਾਨ ਕੀਤਾ।ਉਨ੍ਹਾਂ ਨੇ ਜਨੌਲੀ ਡਿਸਟਰੀਬਿਊਟਰੀ ਦੀ ਰਿਮਾਡਲਿੰਗ ਲਈ 50 ਲੱਖ ਰੁਪਏ ਅਤੇ 5 ਪਿੰਡਾਂ ਵਿੱਚ ਵੀਆਰ ਬ੍ਰਿਜ ਲਈ 13 ਕਰੋੜ ਰੁਪਏ ਦੇਣ ਦਾ ਐਲਾਨ ਕੀਤਾ। ਮੁੱਖ ਮੰਤਰੀ ਨੇ ਕਾਂਗਰਸ ਤੇ ਨਿਸ਼ਾਨਾ ਸਾਧਦੇ ਹੋਏ ਕਾਂਗਰਸ ਨੇਤਾ ਰਾਹੁਲ ਗਾਂਧੀ ਦੇ ਬਿਆਨ ਨੂੰ ਨਿੰਦਾਯੋਗ ਦੱਸਦੇ ਹੋਏ ਕਿਹਾ ਕਿ ਰਾਹੁਲ ਗਾਂਧੀ ਅਤੇ ਕਾਂਗਰਸ ਪਾਰਟੀ ਨੂੰ ਦੇਸ਼ ਤੋਂ ਮਾਫੀ ਮੰਗਣੀ ਚਾਹੀਦੀ ਹੈ। ਉਨ੍ਹਾਂ ਨੇ ਕਾਂਗਰਸ ਪਾਰਟੀ ਅਤੇ ਮੌਜੂਦਾ ਸਰਕਾਰ ਦੇ ਕਾਰਜਕਾਲ ਦੀ ਤੁਲਣਾ ਕਰਦੇ ਹੋਏ ਕਿਹਾ ਕਿ 2014 ਤੋਂ ਪਹਿਲਾਂ ਹਰਿਆਣਾ ਦੇ 17 ਲੱਖ ਬਜੁਰਗਾਂ ਨੂੰ ਪੈਂਸ਼ਨ ਮਿਲਦੀ ਸੀ, ਜਦੋਂ ਕਿ ਅੱਜ ਮੌਜੂਦਾ ਸਰਕਾਰ ਵੱਲੋਂ 36 ਲੱਖ ਤੋਂ ਵੱਧ ਬਜੁਰਗਾਂ ਨੂੰ 3 ਹਜਾਰ ਰੁਪਏ ਮਹੀਨਾ ਸਨਮਾਨ ਭੱਤਾ ਦਿੱਤਾ ਜਾ ਰਿਹਾ ਹੈ। ਇਸ ਮੌਕੇ ਤੇ ਕੇਂਦਰੀ ਸਹਿਕਾਰਤਾ ਰਾਜ ਮੰਤਰੀ ਸ੍ਰੀ ਕ੍ਰਿਸ਼ਣ ਲਾਲ ਗੁੱਜਰ, ਸ਼ਹਿਰੀ ਸਥਾਨਕ ਸਰਕਾਰ ਮੰਤਰੀ ਸ੍ਰੀ ਵਿਪੁਲ ਗੋਇਲ, ਰਾਜ ਮੰਤਰੀ ਸ੍ਰੀ ਰਾਜੇਸ਼ ਨਾਗਰ ਅਤੇ ਖੇਡ ਰਾਜ ਮੰਤਰੀ ਸ੍ਰੀ ਗੌਰਵ ਗੌਤਮ ਸਮੇਤ ਹੋਰ ਮਾਣਯੋਗ ਮਹਿਮਾਨ ਮੌਜੂਦ ਰਹੇ।



ਪੁਰਾਤਨ ਮਸਜਿਦ ਫਰਾਲਾ ਵਿਖੇ ਮੌਲਵੀ ਇਕਬਾਲ ਮੁਹੰਮਦ ਦੀ ਅਗਵਾਈ 'ਚ ਈਦ ਦਾ ਤਿਉਹਾਰ ਮਨਾਇਆ ਗਿਆ। ਇਸ ਮੌਕੇ ਜਮੀਲ ਅਖਤਰ, ਗੱਬਰ ਮੁਹੰਮਦ, ਗਰਾਮ ਰਸੂਲ, ਨੀਫ ਮੁਹੰਮਦ, ਮਨਸੂਰ ਅਲੀ, ਮਨਸੂਰ ਆਲਮ, ਲਾਲ ਦੀਨ, ਫਿਕਰ ਮੁਹੰਮਦ, ਸਾਬਕਾ ਸਰਪੰਚ ਹਰਭਜਨ ਸਿੰਘ, ਸਬਰਜੀਤ ਸਿੰਘ ਅਟਵਾਲ, ਰਾਮ ਮੂਰਤੀ, ਜੱਸਾ ਸਰਪੰਚ, ਹਰਬਸ ਲਾਲ ਲਾਦੀਆ, ਸੋਨੀ ਪੰਚ, ਸਾਬੀ, ਪੰਮਾ, ਜਸਵਿੰਦਰ ਸਿੰਘ ਅਟਵਾਲ, ਅਨੁਰਾਦ ਸੰਗਰ ਆਦਿ ਹਾਜ਼ਰ ਸਨ। ( ਫੋਟੋ ਤੇ ਵੇਰਵਾ : ਬੰਗਾ, ਅਵਤਾਰ ਕਲੇਰ )